DUMMY-EIRST PAGE-AJIT.qxd 4/17/2025 9:29 PM Page 1

ਸ਼ੁੱਕਰਵਾਰ, 18 ਅਪ੍ਰੈਲ, 2025
6 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 317

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 18 APRIL, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

# ਹਰ ਪਿੰਡ ਵਿੱਚ ਕਿਸਾਨ ਸੰਸਦ ਸਥਾਪਤ ਕਰਨ ਦੇ ਸੱਦੇ ਨਾਲ 30ਵੀਂ ਕਾਨਫਰੰਸ ਸਮਾਪਤ

## ਰਾਜਨ ਸੀ ਸਾਗਰ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ, ਵੈਂਕਈਆ ਜਨਰਲ ਸਕੱਤਰ, ਬਲਦੇਵ ਸਿੰਘ ਨਿਹਾਲਗੜ੍ਹ ਤੇ ਤਾਰਾ ਸਿੰਘ ਸਿੱਧੂ ਮੀਤ ਪ੍ਰਧਾਨ ਚੁਣੇ ਗਏ, ਬਲਕਰਨ ਸਿੰਘ ਬਰਾੜ ਕਾਰਜਕਾਰਨੀ ਦੇ ਮੈਂਬਰ ਬਣੇ



ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਕਾਮਰੇਡ ਰਾਜਨ ਸੀ. ਸਾਗਰ ਤੇ ਬਲਦੇਵ ਸਿੰਘ ਨਿਹਾਲਗੜ੍ਹ।

**ਨਾਗਾਪਟੀਨਮ (ਤਾਮਿਲਨਾਡੂ) (ਗਿਆਨ ਸੈਦਪੁਰੀ)**

ਤਿੰਨ ਦਿਨਾ ਤੋਂ ਕਿਸਾਨੀ ਮਸਲਿਆਂ 'ਤੇ ਮੰਥਨ, ਪੂੰਜੀਪਤੀਆਂ ਵੱਲੋਂ ਦੇਸ਼ ਦੀ ਦੌਲਤ ਦੀ ਕੀਤੀ ਜਾ ਰਹੀ ਲੁੱਟ ਨੂੰ ਰੋਕਣ ਦੀਆਂ ਤਰਕੀਬਾਂ ਬਣਾਉਣ, ਕੁਲ ਹਿੰਦ ਕਿਸਾਨ ਸਭਾ ਦੇ ਪਹਿਲੇ ਪ੍ਰਧਾਨ ਸਹਿਜਾਨੰਦ ਸਰਸਵਤੀ ਤੋਂ ਲੈ ਕੇ ਮਹਾਨ ਆਗੂ ਅਤੁਲ ਕੁਮਾਰ ਅਨਜਾਨ ਦੀਆਂ ਕਿਸਾਨੀ ਪ੍ਰਤੀ ਸਮਰਪਿਤ ਭਾਵਨਾਵਾਂ ਦਾ ਆਤਮਸ਼ਾਤ ਕਰਨ ਅਤੇ ਪਹਿਲੀ ਮਈ ਤੋਂ 20 ਮਈ ਤੱਕ ਵਿਸ਼ੇਸ਼ ਮੁਹਿੰਮ ਚਲਾਉਣ ਤੇ ਹਰ ਪਿੰਡ ਵਿੱਚ ਕਿਸਾਨ ਸੰਸਦ ਸਥਾਪਤ ਕਰਨ ਦੇ ਸੱਦੇ ਨਾਲ ਕੁਲ ਹਿੰਦ ਕਿਸਾਨ ਸਭਾ ਦੀ 30ਵੀਂ ਕੌਮੀ ਕਾਨਫਰੰਸ ਸਫਲਤਾ-ਪੂਰਵਕ ਸਮਾਪਤ ਹੋ ਗਈ।

ਇਸੇ ਦੌਰਾਨ 115 ਮੈਂਬਰੀ ਨੈਸ਼ਨਲ ਕੌਂਸਲ ਦੇ ਗਠਨ ਦੀ ਪ੍ਰਵਾਨਗੀ ਲਈ ਗਈ। ਨੈਸ਼ਨਲ ਕੌਂਸਲ ਵਿੱਚ ਕੇਂਦਰ ਵੱਲੋਂ ਬਲਦੇਵ ਸਿੰਘ ਨਿਹਾਲਗੜ੍ਹ ਪਾਏ ਗਏ। ਪੰਜਾਬ ਤੋਂ ਪੰਜ ਮੈਂਬਰ ਬਣਾਏ ਗਏ। ਇਨ੍ਹਾਂ ਵਿੱਚ ਬਲਕਰਨ ਸਿੰਘ ਬਰਾੜ, ਮਹਾਂਬੀਰ ਸਿੰਘ ਪੱਟੀ, ਕੁਲਵੰਤ ਸਿੰਘ ਮੌਲਵੀਵਾਲ, ਸੂਰਤ ਸਿੰਘ ਧਰਮਕੋਟ ਅਤੇ ਲਖਬੀਰ ਸਿੰਘ ਨਿਜ਼ਾਮਪੁਰ ਸ਼ਾਮਲ ਹਨ।

ਰਾਜਨ ਸੀ ਸਾਗਰ ਨੂੰ ਪ੍ਰਧਾਨ, ਵੈਂਕਈਆ ਨੂੰ ਜਨਰਲ ਸਕੱਤਰ, ਬਲਦੇਵ ਸਿੰਘ ਨਿਹਾਲਗੜ੍ਹ ਤੇ ਤਾਰਾ ਸਿੰਘ ਸਿੱਧੂ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਬਲਕਰਨ ਸਿੰਘ ਬਰਾੜ ਕਾਰਜਕਾਰਨੀ ਦੇ ਮੈਂਬਰ ਚੁਣੇ ਗਏ।

ਆਖਰੀ ਦਿਨ ਦਾ ਪਹਿਲਾ ਸੈਸ਼ਨ ਸੰਤ ਰਾਮ ਉਦਾਸੀ ਦੇ ਗੀਤ, ਮੇਰੀ ਮੌਤ 'ਤੇ ਨਾ ਰੋਇਓ, ਮੇਰੀ ਸੋਚ ਨੂੰ ਬਚਾਇਓ...!' ਦੇ ਗਾਇਨ ਨਾਲ ਸ਼ੁਰੂ ਹੋਇਆ ਇਹ ਗੀਤ ਹਰਿਆਣਾ ਦੇ ਡੈਲੀਗੇਟ ਭਜਨ ਲਾਲ ਨੇ ਪੇਸ਼ ਕੀਤਾ। ਗਾਇਕ ਅਨੁਸਾਰ ਉਸ ਨੇ ਇਹ ਗੀਤ ਕਾਮਰੇਡ ਅਤੁਲ ਕੁਮਾਰ ਅਨਜਾਨ ਨੂੰ ਸ਼ਰਧਾਂਜਲੀ ਭੇਟ ਕਰਨ ਵਜੋਂ ਗਾਇਆ ਹੈ। ਜਸਵੀਰ ਸਿੰਘ ਝੱਜ ਨੇ ਵੀ ਇਨਕਲਾਬੀ ਗੀਤ 'ਕਦੇ ਮੀਂਹ ਡੋਬ ਜਾਵੇ, ਕਦੇ ਸੋਕਾ ਸਾੜ ਦੇਵੇ' ਸੁਣਾਇਆ। ਇਸੇ ਦੌਰਾਨ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਪ੍ਰਧਾਨ ਪੇਰੀਆਸਾਮੀ ਨੇ ਭਰਾਤਰੀ ਸੰਦੇਸ਼ ਦਿੰਦਿਆਂ ਸਭਾ ਨੂੰ ਵਧਾਈ ਦਿੱਤੀ। ਕੁਲ ਹਿੰਦ ਕਿਸਾਨ ਸਭਾ ਦੀ ਲੀਡਰਸ਼ਿਪ ਵੱਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਖੇਤ ਮਜ਼ਦੂਰ ਅਤੇ ਕਿਸਾਨ ਏਕਤਾ ਦੇ ਨਾਹਰੇ ਵੀ ਬੁਲੰਦ ਹੋਏ। ਸਭਾ ਦੇ ਪ੍ਰਧਾਨ ਰਾਜਨ ਸੀ ਸਾਗਰ ਵੱਲੋਂ ਬੇਗੂਸਰਾਏ ਦੇ ਵਿਧਾਇਕ ਰਾਮ ਰਤਨ ਨੂੰ ਮਾਣ ਵਜੋਂ ਲੋਈ ਭੇਟ ਕੀਤੀ ਗਈ। ਇਸੇ ਦੌਰਾਨ ਕੁਲ ਹਿੰਦ ਕਿਸਾਨ ਸਭਾ ਦੀ ਪੰਜਾਬ ਇਕਾਈ ਦੇ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ ਨੇ ਘੱਟੋ-ਘੱਟ ਸਮੱਰਥਨ ਮੁੱਲ ਬਾਰੇ ਪ੍ਰਸਤਾਵ ਪੇਸ਼ ਕੀਤਾ। ਕੁਝ ਹੋਰ ਰਸਮਾਂ ਉਪਰੰਤ ਪੇਸ਼ ਕੀਤੀ ਗਈ ਜਥੇਬੰਦਕ ਰਿਪੋਰਟ ਦਾ ਵਿਸਥਾਰ ਨਾਲ ਜਵਾਬ ਜਨਰਲ ਸਕੱਤਰ ਵੇਂਕਈਆ ਨੇ ਦਿੱਤਾ। ਜਨਰਲ ਰਿਪੋਰਟ ਦੀ ਬਹਿਸ ਦੌਰਾਨ ਉੱਠੇ ਸਵਾਲਾਂ ਦਾ ਜਵਾਬ ਸਭਾ ਦੇ ਕੌਮੀ ਪ੍ਰਧਾਨ ਰਾਜਨ ਸੀ ਸਾਗਰ ਨੇ ਦਿੱਤਾ। ਉਨ੍ਹਾ ਕਿਹਾ ਕਿ ਬਹਿਸ ਦੌਰਾਨ ਬੜੇ ਮਹੱਤਵਪੂਰਨ ਸੁਝਾਅ ਆਏ, ਮੈਂ

• ਬਾਕੀ ਸਫਾ 2 'ਤੇ

## ਵਕਫ ਕੇਸ 'ਚ ਜਵਾਬ ਦੇਣ ਲਈ ਕੇਂਦਰ ਨੇ ਇੱਕ ਹਫਤੇ ਦਾ ਸਮਾਂ ਲਿਆ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਵੀਰਵਾਰ ਕੇਂਦਰ ਸਰਕਾਰ ਨੂੰ ਵਕਫ (ਸੋਧ) ਐਕਟ, 2025 ਖਿਲਾਫ ਦਾਇਰ ਪਟੀਸ਼ਨਾਂ 'ਤੇ ਇੱਕ ਹਫਤੇ ਅੰਦਰ ਆਪਣਾ ਪੱਖ ਦਾਇਰ ਕਰਨ ਦਾ ਨਿਰਦੇਸ਼ ਦਿੱਤਾ। ਉਸ ਨੇ ਇਹ ਹਦਾਇਤ ਅਜਿਹੇ ਮੌਕੇ ਕੀਤੀ ਹੈ ਜਦੋਂ ਅਜੇ ਇਕ ਦਿਨ ਪਹਿਲਾਂ ਕੇਂਦਰ ਸਰਕਾਰ ਨੇ ਭਰੋਸਾ ਦਿੱਤਾ ਸੀ ਕਿ 'ਵਰਤੋਂਕਾਰ ਵੱਲੋਂ ਵਕਫ' ਸਮੇਤ ਵਕਫ ਐਲਾਨੀਆਂ ਗਈਆਂ ਜਾਇਦਾਦਾਂ ਨੂੰ ਅਗਲੀ ਸੁਣਵਾਈ ਤੱਕ ਡੀਨੋਟੀਫਾਈ ਨਹੀਂ ਕੀਤਾ ਜਾਵੇਗਾ।

ਚੀਫ ਜਸਟਿਸ ਸੰਜੀਵ ਖੰਨਾ, ਜਸਟਿਸ ਸੰਜੇ ਕੁਮਾਰ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਸ਼ਮੂਲੀਅਤ ਵਾਲੀ ਬੈਂਚ ਨੇ ਕੇਂਦਰ ਸਰਕਾਰ ਵੱਲੋਂ ਪੇਸ਼ ਸੌਲੀਸਿਟਰ ਜਨਰਲ ਤੁਸ਼ਾਰ ਮਹਿਤਾ ਦੇ ਇਸ ਭਰੋਸੇ ਨੂੰ ਰਿਕਾਰਡ 'ਤੇ ਲਿਆ ਕਿ ਇਸ ਦੌਰਾਨ ਕੇਂਦਰੀ ਵਕਫ ਕੌਂਸਲ ਅਤੇ ਬੋਰਡਾਂ ਵਿੱਚ ਕੋਈ ਨਿਯੁਕਤੀਆਂ ਨਹੀਂ ਕੀਤੀਆਂ ਜਾਣਗੀਆਂ। ਮਹਿਤਾ ਨੇ ਕਿਹਾ ਕਿ ਸਰਕਾਰ ਅਗਲੀ ਸੁਣਵਾਈ ਤੱਕ 'ਵਕਫ ਬਾਇ ਡੀਡ' ਅਤੇ 'ਵਕਫ ਬਾਇ ਯੂਜ਼ਰ' ਜਾਇਦਾਦਾਂ ਨੂੰ ਡੀਨੋਟੀਫਾਈ ਨਹੀਂ ਕਰੇਗੀ। ਚੀਫ ਜਸਟਿਸ ਨੇ ਕਿਹਾ ਕਿ ਜੇ ਕਿਸੇ ਵੀ ਵਕਫ ਜਾਇਦਾਦ ਦੀ ਰਜਿਸਟਰੇਸ਼ਨ 1995 ਦੇ ਪੁਰਾਣੇ ਐਕਟ ਤਹਿਤ ਹੋਈ ਸੀ, ਤਾਂ ਉਨ੍ਹਾਂ ਜਾਇਦਾਦਾਂ ਨੂੰ 5 ਮਈ ਨੂੰ ਅਗਲੀ ਸੁਣਵਾਈ ਤੱਕ ਡੀਨੋਟੀਫਾਈ ਨਹੀਂ ਕੀਤਾ ਜਾ ਸਕਦਾ। ਬੈਂਚ ਨੇ ਇਹ ਹੁਕਮ ਮਹਿਤਾ ਵੱਲੋਂ ਨਵੇਂ ਸੋਧੇ ਹੋਏ ਵਕਫ ਕਾਨੂੰਨ ਵਿਰੁੱਧ ਪਟੀਸ਼ਨਾਂ 'ਤੇ ਮੁੱਢਲਾ ਜਵਾਬ ਦਾਇਰ ਕਰਨ ਲਈ ਇੱਕ ਹਫਤੇ ਦਾ ਸਮਾਂ ਮੰਗਣ ਤੋਂ ਬਾਅਦ ਦਿੱਤਾ। ਦੂਜੇ ਪਾਸੇ, ਬੈਂਚ ਨੇ ਕਿਹਾ ਕਿ ਇਸ ਮੁੱਦੇ 'ਤੇ ਕਈ ਪਟੀਸ਼ਨਾਂ ਨਾਲ ਨਜਿੱਠਣਾ ਅਸੰਭਵ ਹੈ। ਬੈਂਚ ਨੇ ਸਪੱਸ਼ਟ ਕੀਤਾ ਕਿ ਇਹ ਉਨ੍ਹਾਂ ਵਿੱਚੋਂ ਸਿਰਫ ਪੰਜ ਪਟੀਸ਼ਨਾਂ 'ਤੇ ਸੁਣਵਾਈ ਕਰੇਗੀ ਤੇ ਵਕੀਲ ਆਪਸ ਵਿੱਚ ਫੈਸਲਾ ਕਰ ਲੈਣ ਕਿ ਕੌਣ ਬਹਿਸ ਕਰੇਗਾ। ਬੈਂਚ ਨੇ ਕਿਹਾ ਕਿ ਪਟੀਸ਼ਨਰ ਸਰਕਾਰ ਵੱਲੋਂ ਆਪਣਾ ਪੱਖ ਰੱਖਣ ਦੇ ਪੰਜ ਦਿਨਾਂ ਅੰਦਰ ਆਪਣੇ ਜਵਾਬ ਦਾਅਵਾ ਦਾਇਰ ਕਰ ਸਕਦੇ ਹਨ।

## ਰਾਸ਼ਟਰਪਤੀ ਨੂੰ ਸਮੇਂ ਸਿਰ ਬਿੱਲ ਕਲੀਅਰ ਕਰਨ ਨੂੰ ਕਹਿਣਾ ਧਨਖੜ ਨੂੰ ਨਾਗਵਾਰ ਗੁਜ਼ਰਿਆ

**ਨਵੀਂ ਦਿੱਲੀ :** ਸੁਪਰੀਮ ਕੋਰਟ ਵੱਲੋਂ ਰਾਸ਼ਟਰਪਤੀ ਨੂੰ ਬਿੱਲਾਂ 'ਤੇ ਫੈਸਲਾ ਲੈਣ ਲਈ ਸਮਾਂ-ਸੀਮਾ ਨਿਰਧਾਰਤ ਕੀਤੇ ਜਾਣ ਸੰਬੰਧੀ ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਭਾਰਤ ਨੇ ਇਕ ਅਜਿਹੇ ਲੋਕਤੰਤਰ ਲਈ ਸੌਦੇਬਾਜ਼ੀ ਨਹੀਂ ਕੀਤੀ, ਜਿੱਥੇ ਜੱਜ ਕਾਨੂੰਨ ਬਣਾਉਣਗੇ, ਕਾਰਜਕਾਰੀ ਕਾਰਜ ਕਰਨਗੇ ਅਤੇ ਇੱਕ 'ਸੁਪਰ ਪਾਰਲੀਮੈਂਟ' ਵਜੋਂ ਕੰਮ ਕਰਨਗੇ। ਉਨ੍ਹਾ ਕਿਹਾ ਕਿ ਅਜਿਹੇ ਹਾਲਾਤ ਨਹੀਂ ਬਣਨੇ ਚਾਹੀਦੇ, ਜਿੱਥੇ ਨਿਆਂ ਪਾਲਿਕਾ ਰਾਸ਼ਟਰਪਤੀ ਵੱਲੋਂ ਬਿੱਲਾਂ ਨੂੰ ਪ੍ਰਵਾਨਗੀ ਲਈ ਸਮਾਂ ਨਿਰਧਾਰਤ ਕਰੇ।

ਪਿਛਲੇ ਹਫਤੇ ਸੁਪਰੀਮ ਕੋਰਟ ਨੇ ਪਹਿਲੀ ਵਾਰ ਇਹ ਨਿਰਧਾਰਤ ਕੀਤਾ ਸੀ ਕਿ ਰਾਸ਼ਟਰਪਤੀ ਨੂੰ ਰਾਜਪਾਲ ਵੱਲੋਂ ਵਿਚਾਰ ਲਈ ਘੱਲੇ ਬਿੱਲਾਂ 'ਤੇ ਸਮੇਂ ਸੀਮਾ ਵਿੱਚ ਫੈਸਲਾ ਲੈਣਾ ਚਾਹੀਦਾ ਹੈ। ਧਨਖੜ ਨੇ ਕਿਹਾ, 'ਹਾਲ ਹੀ ਦੇ ਫੈਸਲੇ ਵਿਚ ਰਾਸ਼ਟਰਪਤੀ ਨੂੰ ਇੱਕ ਨਿਰਦੇਸ਼ ਹੈ। ਅਸੀਂ ਕਿੱਥੇ ਜਾ ਰਹੇ ਹਾਂ? ਦੇਸ਼ ਵਿੱਚ ਕੀ ਹੋ ਰਿਹਾ ਹੈ? ਸਾਨੂੰ ਬਹੁਤ ਸੰਵੇਦਨਸ਼ੀਲ ਹੋਣਾ ਪਵੇਗਾ। ਇਹ ਕਿਸੇ ਦੇ ਸਮੀਖਿਆ ਦਾਇਰ ਕਰਨ ਜਾਂ ਨਾ ਕਰਨ ਦਾ ਸਵਾਲ ਨਹੀਂ। ਅਸੀਂ ਇਸ ਦਿਨ ਲਈ ਲੋਕਤੰਤਰ ਲਈ ਕਦੇ ਵੀ ਸੌਦੇਬਾਜ਼ੀ ਨਹੀਂ ਕੀਤੀ। ਰਾਸ਼ਟਰਪਤੀ ਨੂੰ ਸਮੇਂ-ਸੀਮਾ ਵਿੱਚ ਫੈਸਲਾ ਲੈਣ ਲਈ ਕਿਹਾ ਜਾ ਰਿਹਾ ਹੈ ਅਤੇ ਜੇਕਰ ਨਹੀਂ, ਤਾਂ ਇਹ ਕਾਨੂੰਨ ਬਣ ਜਾਂਦਾ ਹੈ।'

ਰਾਜ ਸਭਾ ਵਿੱਚ ਇੰਟਰਨਾਂ ਦੇ ਇਕ ਸਮੂਹ ਨੂੰ ਸੰਬੋਧਨ ਕਰਦੇ ਹੋਏ ਉਨ੍ਹਾ ਕਿਹਾ, 'ਸਾਡੇ ਕੋਲ ਅਜਿਹੇ ਜੱਜ ਹਨ, ਜੋ ਕਾਨੂੰਨ ਬਣਾਉਣਗੇ, ਜੋ ਕਾਰਜਕਾਰੀ ਕਾਰਜ ਕਰਨਗੇ, ਜੋ ਸੁਪਰ ਪਾਰਲੀਮੈਂਟ ਵਜੋਂ ਕੰਮ ਕਰਨਗੇ ਅਤੇ ਉਨ੍ਹਾਂ ਦੀ ਕੋਈ ਜਵਾਬਦੇਹੀ ਨਹੀਂ ਹੈ, ਕਿਉਂਕਿ ਦੇਸ਼ ਦਾ ਕਾਨੂੰਨ ਉਨ੍ਹਾਂ 'ਤੇ ਲਾਗੂ ਨਹੀਂ ਹੁੰਦਾ।' ਧਨਖੜ

• ਬਾਕੀ ਸਫਾ 2 'ਤੇ

## ਖੇਡ ਐਸੋਸੀਏਸ਼ਨਾਂ 'ਚ ਖੇਡਾਂ ਨੂੰ ਛੱਡ ਕੇ ਸਭ ਚੱਲ ਰਿਹਾ : ਸੁਪਰੀਮ ਕੋਰਟ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਵੀਰਵਾਰ ਦੇਸ਼ ਵਿੱਚ ਖੇਡ ਐਸੋਸੀਏਸ਼ਨਾਂ ਦੇ ਮਾਮਲਿਆਂ ਦੀ ਡੂੰਘੀ ਜਾਂਚ ਲਈ ਜਾਂਚ ਕਮਿਸ਼ਨ ਬਣਾਉਣ ਦਾ ਇਸ਼ਾਰਾ ਕੀਤਾ ਹੈ। ਉਸ ਨੇ ਵੀਰਵਾਰ ਕਿਹਾ ਕਿ ਇਨ੍ਹਾਂ ਐਸੋਸੀਏਸ਼ਨਾਂ ਵਿੱਚ ਖੇਡ ਸਰਗਰਮੀਆਂ ਨੂੰ ਛੱਡ ਕੇ 'ਹਰ ਤਰ੍ਹਾਂ ਦੀਆਂ ਚੀਜ਼ਾਂ ਹੋ ਰਹੀਆਂ ਹਨ'। ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਐਨ ਕੋਟੀਸ਼ਵਰ ਸਿੰਘ ਦੀ ਬੈਂਚ ਦੋ ਕੌਮੀ ਕਬੱਡੀ ਖਿਡਾਰੀਆਂ ਦੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ, ਜਿਸ ਵਿੱਚ ਕੋਰਟ ਨੇ ਪਹਿਲਾਂ ਐਮੇਚਿਓਰ ਕਬੱਡੀ ਫੈਡਰੇਸ਼ਨ ਆਫ ਇੰਡੀਆ ਅਤੇ ਕੌਮਾਂਤਰੀ ਕਬੱਡੀ ਫੈਡਰੇਸ਼ਨ ਦੇ ਮਾਮਲਿਆਂ ਦੀ ਸੀ ਬੀ ਆਈ ਜਾਂਚ ਲਈ ਵਿਚਾਰ ਮੰਗੇ ਸਨ।

ਬੈਂਚ ਨੇ ਕਿਹਾ, "ਅਸੀਂ ਕਬੱਡੀ ਐਸੋਸੀਏਸ਼ਨਾਂ ਦੇ ਮਾਮਲਿਆਂ ਦੀ ਡੂੰਘਾਈ ਨਾਲ ਜਾਂਚ ਲਈ ਇੱਕ ਜਾਂਚ ਕਮਿਸ਼ਨ ਨਿਯੁਕਤ ਕਰਨ ਲਈ ਤਿਆਰ ਹਾਂ, ਕਿਉਂਕਿ ਖੇਡ ਸਰਗਰਮੀਆਂ ਤੋਂ ਇਲਾਵਾ ਇਨ੍ਹਾਂ ਸੰਸਥਾਵਾਂ ਵਿੱਚ ਹਰ ਤਰ੍ਹਾਂ ਦੀਆਂ ਚੀਜ਼ਾਂ ਹੋ ਰਹੀਆਂ ਹਨ। ਅਸੀਂ ਜਾਂਚ ਕਮਿਸ਼ਨ ਦੇ ਦਾਇਰੇ ਨੂੰ ਹੋਰ ਖੇਡ ਐਸੋਸੀਏਸ਼ਨਾਂ ਤੱਕ ਵਧਾਉਣ ਦਾ ਵੀ ਇਰਾਦਾ ਰੱਖਦੇ ਹਾਂ।"

ਕੇਂਦਰ ਵੱਲੋਂ ਪੇਸ਼ ਹੋਏ ਐਡੀਸ਼ਨਲ ਸੌਲੀਸਿਟਰ ਜਨਰਲ ਕੇ ਐਮ ਨਟਰਾਜ ਨੇ ਕਿਹਾ ਕਿ ਬੈਂਚ ਦੇ 4 ਫਰਵਰੀ ਦੇ ਹੁਕਮਾਂ ਅਨੁਸਾਰ, ਖਿਡਾਰੀਆਂ ਨੂੰ ਈਰਾਨ ਵਿੱਚ ਟੂਰਨਾਮੈਂਟ ਲਈ ਭੇਜਿਆ ਗਿਆ ਸੀ, ਜਿੱਥੇ ਉਨ੍ਹਾਂ ਨੇ ਜਿੱਤ ਪ੍ਰਾਪਤ ਕੀਤੀ ਅਤੇ ਸੋਨ ਤਮਗਾ ਜਿੱਤਿਆ। ਨਟਰਾਜ ਨੇ ਕਿਹਾ ਕਿ ਜਿੱਥੋਂ ਤੱਕ ਸੀ ਬੀ ਆਈ ਜਾਂਚ ਦਾ ਸਵਾਲ ਹੈ ਤਾਂ ਇਸ ਬਾਰੇ ਰੂਪ-ਰੇਖਾ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾ ਇਸ 'ਤੇ ਕੰਮ ਕਰਨ ਲਈ ਦੋ ਹੋਰ ਹਫਤੇ ਮੰਗੇ, ਜਿਸ ਤੋਂ ਬਾਅਦ ਬੈਂਚ ਨੇ ਕਿਹਾ ਕਿ ਉਹ ਦੇਸ਼ ਦੇ ਸਾਰੇ ਰਾਜ ਅਤੇ ਅੰਤਰਰਾਸ਼ਟਰੀ ਖੇਡ ਸੰਘਾਂ ਦੇ ਮਾਮਲਿਆਂ ਦੀ ਜਾਂਚ ਕਰੇਗੀ ਅਤੇ ਜੇ ਲੋੜ ਪਈ ਤਾਂ ਉਨ੍ਹਾਂ ਨੂੰ ਭੰਗ ਕਰ ਦੇਵੇਗੀ।

### ਅਕਾਲੀ ਦਲ ਚੋਣ ਮੈਦਾਨ 'ਚ ਕੁੱਦਿਆ



**ਚੰਡੀਗੜ੍ਹ :** ਸ਼੍ਰੋਮਣੀ ਅਕਾਲੀ ਦਲ ਨੇ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਤੋਂ ਹੋਣ ਵਾਲੀ ਜ਼ਿਮਨੀ ਚੋਣ ਲਈ ਐਡਵੋਕੇਟ ਪਰਉਪਕਾਰ ਸਿੰਘ ਘੁੰਮਣ ਨੂੰ ਉਮੀਦਵਾਰ ਬਣਾਇਆ ਹੈ। ਇਹ ਐਲਾਨ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕੀਤਾ। ਐਡਵੋਕੇਟ ਘੁੰਮਣ ਲੁਧਿਆਣਾ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਹਨ।

### ਸ੍ਰੀ ਹੇਮਕੁੰਟ ਦੁਆਲਿਓਂ ਬਰਫ ਹਟਾਉਣ ਲਈ ਫੌਜੀ ਪੁੱਜੇ



**ਦੇਹਰਾਦੂਨ :** ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਆਲੇ-ਦੁਆਲੇ ਜੰਮੀ 8-10 ਫੁੱਟ ਬਰਫ ਹਟਾ ਕੇ ਰਸਤਾ ਬਣਾਉਣ ਲਈ ਫੌਜੀਆਂ ਦੀ ਟੋਲੀ ਗੁਰਦੁਆਰਾ ਗੋਬਿੰਦ ਘਾਟ ਪੁੱਜ ਗਈ ਹੈ, ਜੋ 19 ਅਪਰੈਲ ਤੋਂ ਸੇਵਾ ਆਰੰਭ ਕਰ ਦੇਵੇਗੀ। ਗੁਰਦੁਆਰਾ ਗੋਬਿੰਦ ਧਾਮ ਤੋਂ ਲੈ ਕੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਛੇ ਕਿੱਲੋਮੀਟਰ ਲੰਮੇ ਮਾਰਗ 'ਤੇ ਵੀ ਦੋ ਤੋਂ ਸੱਤ ਫੁੱਟ ਤੱਕ ਬਰਫ ਜੰਮੀ ਹੋਈ ਹੈ। ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ 25 ਮਈ ਤੋਂ ਸੰਗਤ ਲਈ ਖੋਲ੍ਹੇ ਜਾਣੇ ਹਨ।

### ਨਵੀਨ ਪ੍ਰਧਾਨਗੀ ਲਈ ਦਾਅਵੇਦਾਰ

**ਭੁਬਨੇਸ਼ਵਰ :** ਅਸੈਂਬਲੀ ਵਿੱਚ ਵਿਰੋਧੀ ਧਿਰ ਦੇ ਆਗੂ ਤੇ ਸਾਬਕਾ ਮੁੱਖ ਮੰਤਰੀ ਨਵੀਨ ਪਟਨਾਇਕ ਨੇ ਬੀਜੂ ਜਨਤਾ ਦਲ ਦੇ ਪ੍ਰਧਾਨ ਦੇ ਅਹੁਦੇ ਲਈ ਇੱਥੇ ਸੰਖਾ ਭਵਨ ਵਿੱਚ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ। ਉਹ ਇਸ ਅਹੁਦੇ ਲਈ ਇੱਕੋ-ਇੱਕ ਉਮੀਦਵਾਰ ਹਨ। ਉਹ 1997 ਵਿੱਚ ਪਾਰਟੀ ਦੀ ਸਥਾਪਨਾ ਤੋਂ ਹੁਣ ਤੱਕ ਲਗਾਤਾਰ ਅੱਠ ਵਾਰ ਪ੍ਰਧਾਨ ਚੁਣੇ ਜਾ ਚੁੱਕੇ ਹਨ।

### ਗ੍ਰਨੇਡ ਦੀ ਸਿਖਲਾਈ ਦੇਣ ਵਾਲਾ ਫੌਜੀ ਗ੍ਰਿਫਤਾਰ

**ਚੰਡੀਗੜ੍ਹ :** ਪੰਜਾਬ ਪੁਲਸ ਨੇ ਪਿਛਲੇ ਮਹੀਨੇ ਜਲੰਧਰ ਦੇ ਪਿੰਡ ਵਿੱਚ ਯੂਟਿਊਬਰ ਦੇ ਘਰ 'ਤੇ ਗ੍ਰਨੇਡ ਸੁੱਟਣ ਦੇ ਮਾਮਲੇ 'ਚ ਜੰਮੂ-ਕਸ਼ਮੀਰ ਵਿੱਚ ਤਾਇਨਾਤ ਫੌਜੀ ਜਵਾਨ ਸੁਖਚਰਨ ਸਿੰਘ ਨੂੰ ਇੱਕ ਮੁਲਜ਼ਮ ਨੂੰ ਹੱਥਗੋਲਾ ਸੁੱਟਣ ਦੀ ਔਨਲਾਈਨ ਸਿਖਲਾਈ ਦੇਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ। 15 ਅਤੇ 16 ਮਾਰਚ ਦੀ ਦਰਮਿਆਨੀ ਰਾਤ ਨੂੰ ਯੂਟਿਊਬਰ ਰੋਜ਼ਰ ਸੰਧੂ ਦੇ ਘਰ 'ਤੇ ਗ੍ਰਨੇਡ ਸੁੱਟਿਆ ਗਿਆ ਸੀ, ਹਾਲਾਂਕਿ ਉਹ ਫਟਿਆ ਨਹੀਂ। ਜਲੰਧਰ ਦੀ ਕੋਰਟ ਨੇ ਫੌਜੀ ਨੂੰ ਪੰਜ ਦਿਨਾਂ ਦੇ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਹੈ। ਗ੍ਰਨੇਡ ਹਮਲੇ ਦੇ ਸੰਬੰਧ ਵਿੱਚ ਹੁਣ ਤੱਕ ਸੱਤ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

### ਬਿਹਾਰ ਦਾ ਟੇਵਾ

**ਪਟਨਾ :** ਬਿਹਾਰ ਅਸੈਂਬਲੀ ਚੋਣਾਂ 'ਚ ਛੇ ਕੁ ਮਹੀਨੇ ਰਹਿ ਗਏ ਹਨ। ਸੀ-ਵੋਟਰ ਵੱਲੋਂ ਕੀਤੇ ਗਏ ਨਵੇਂ ਸਰਵੇ ਮੁਤਾਬਕ ਜੇ ਡੀ ਯੂ ਆਗੂ ਤੇ ਮੁੱਖ ਮੰਤਰੀ ਨਿਤੀਸ਼ ਕੁਮਾਰ ਲੋਕਾਂ ਦੀ ਪਹਿਲੀ ਪਸੰਦ ਨਹੀਂ ਰਹੇ ਹਨ। ਰਾਜਦ ਆਗੂ ਤੇਜਸਵੀ ਯਾਦਵ ਦੀ ਲੋਕਪ੍ਰਿਅਤਾ ਵੀ ਘਟੀ ਹੈ, ਜਦਕਿ ਜਨਸੁਰਾਜ ਦੇ ਪ੍ਰਸ਼ਾਂਤ ਕਿਸ਼ੋਰ ਦੀ ਲੋਕਪ੍ਰਿਅਤਾ ਵਧੀ ਹੈ। ਫਰਵਰੀ ਤੇ ਅਪ੍ਰੈਲ ਵਿੱਚ ਕੀਤੇ ਗਏ ਦੋ ਸਰਵੇ ਮੁਤਾਬਕ ਨਿਤੀਸ਼ ਦੀ ਲੋਕਪ੍ਰਿਅਤਾ 18 ਫੀਸਦੀ ਤੋਂ ਘਟ ਕੇ 15 ਫੀਸਦੀ ਰਹਿ ਗਈ ਹੈ। ਤੇਜਸਵੀ ਦੀ 40.6 ਫੀਸਦੀ ਤੋਂ ਘਟ ਕੇ 35.5 ਫੀਸਦੀ ਰਹਿ ਗਈ ਹੈ। ਪ੍ਰਸ਼ਾਂਤ ਦੀ 14.9 ਫੀਸਦੀ ਤੋਂ ਵਧ ਕੇ 17.2 ਫੀਸਦੀ ਹੋ ਗਈ ਹੈ। ਸਰਵੇ ਕਰਨ ਵਾਲੇ ਯਸ਼ਵੰਤ ਦੇਸ਼ਮੁਖ ਮੁਤਾਬਕ ਐੱਨ ਡੀ ਏ ਵੱਲੋਂ ਨਿਤੀਸ਼ ਨੂੰ ਮੁੱਖ ਮੰਤਰੀ ਦਾ ਚਿਹਰਾ ਨਾ ਐਲਾਨਣਾ, ਲੋਕਾਂ ਦੀ ਉਨ੍ਹਾ ਦੀ ਸਿਹਤ ਪ੍ਰਤੀ ਚਿੰਤਤ ਹੋਣਾ ਤੇ ਪਿਛਲੇ 10 ਸਾਲਾਂ ਵਿੱਚ ਪਲਟੀਆਂ ਮਾਰਨਾ ਨਿਤੀਸ਼ ਦੀ ਲੋਕਪ੍ਰਿਅਤਾ ਵਿੱਚ ਕਮੀ ਦੇ ਮੁੱਖ ਕਾਰਨ ਹਨ। ਤੇਜਸਵੀ ਦੀ ਲੋਕਪ੍ਰਿਅਤਾ ਵਿੱਚ ਕਮੀ ਦਾ ਕਾਰਨ ਕਾਂਗਰਸ ਵੱਲੋਂ ਸਰਗਰਮੀ ਫੜਨਾ ਹੈ। ਐਤਕੀਂ ਕਾਂਗਰਸ ਬਿਹਾਰ ਵਿੱਚ ਖੱਟੇਗੀ। ਪ੍ਰਸ਼ਾਂਤ ਦੀ ਲੋਕਪ੍ਰਿਅਤਾ ਵਿੱਚ ਵਾਧੇ ਦਾ ਕਾਰਨ ਉਸ ਵੱਲੋਂ ਨਿਤੀਸ਼ ਤੇ ਤੇਜਸਵੀ ਵਿਚਾਲੇ ਖਲਾਅ ਦਾ ਫਾਇਦਾ ਉਠਾਉਣਾ ਹੈ, ਪਰ ਇਹ ਨਹੀਂ ਕਿ ਉਹ ਵੋਟਾਂ ਵਧਾ ਲੈਣਗੇ ਤੇ ਵਧੇਰੇ ਸੀਟਾਂ ਲੈ ਜਾਣਗੇ।

### ਅੱਜ-ਨਾਮਾ

ਵਕਫ ਬਿੱਲ ਪਿਆ ਚੱਕਰ ਅਦਾਲਤੀ 'ਚ,
ਹੁੰਦੀ ਪਈ ਆ ਉਹਦੀ ਸੁਣਵਾਈ ਭਾਈ।
ਆਪਣੀ ਅੜੀ 'ਤੇ ਟਿਕੀ ਸਰਕਾਰ ਦਿੱਸੀ,
ਜ਼ਰਾ ਨਾ ਓਸ ਨੇ ਲਚਕ ਵਿਖਾਈ ਭਾਈ।
ਧਿਰ ਵਕਫ ਦੀ ਏਧਰ, ਸਰਕਾਰ ਓਧਰ,
ਤੀਸਰੀ ਧਿਰ ਕੋਈ ਨਹੀਂ ਬਣਾਈ ਭਾਈ।
ਮੁਸਲਿਮ ਹਿੰਦੂ ਦਾ ਮਾਮਲਾ ਬਣੀ ਜਾਂਦਾ,
ਏਨੀ ਨੌਬਤ ਹੀ ਕਿੱਦਾਂ ਹੈ ਆਈ ਭਾਈ।
ਭਾਂਬੜ ਮੱਚਦਾ 'ਡੀਕ ਰਹੇ ਲੋਕ ਜਿਹੜੇ,
ਚਾਬੀ ਉਹਨਾਂ ਨੇ ਚੁਸਤ ਘੁੰਮਾਈ ਭਾਈ।
ਪਾਇਆ ਕਿਸ ਕੁਰਾਹੇ ਇਹ ਦੇਸ਼ ਜਾਊ,
ਚਿਤਵਣੀ ਪਈ ਚੁਫੇਰੇ ਆ ਛਾਈ ਭਾਈ।

-ਤੀਸ ਮਾਰ ਖਾਂ

### ਮਰਜ਼ੀ ਨਾਲ ਵਿਆਹ ਕਰਾਉਣ ਵਾਲੇ ਹਰ ਜੋੜੇ ਨੂੰ ਪੁਲਸ ਸੁਰੱਖਿਆ ਨਹੀਂ

**ਪ੍ਰਯਾਗਰਾਜ :** ਅਲਾਹਾਬਾਦ ਹਾਈ ਕੋਰਟ ਨੇ ਕਿਹਾ ਹੈ ਕਿ ਮਾਪਿਆਂ ਦੀ ਇੱਛਾ ਵਿਰੁੱਧ ਆਪਣੀ ਮਰਜ਼ੀ ਨਾਲ ਵਿਆਹ ਕਰਵਾਉਣ ਵਾਲਾ ਜੋੜਾ ਪੁਲਸ ਸੁਰੱਖਿਆ ਦਾ ਦਾਅਵਾ ਨਹੀਂ ਕਰ ਸਕਦਾ, ਬਸ਼ਰਤੇ ਕਿ ਉਨ੍ਹਾਂ ਦੀ ਜ਼ਿੰਦਗੀ ਅਤੇ ਆਜ਼ਾਦੀ ਨੂੰ ਸੱਚਮੁੱਚ ਕੋਈ ਖਤਰਾ ਨਾ ਹੋਵੇ। ਅਦਾਲਤ ਨੇ ਇਹ ਫੈਸਲਾ ਇੱਕ ਜੋੜੇ ਵੱਲੋਂ ਸੁਰੱਖਿਆ ਦੀ ਮੰਗ ਵਾਲੀ ਅਰਜ਼ੀ 'ਤੇ ਫੈਸਲਾ ਸੁਣਾਉਂਦੇ ਹੋਏ ਦਿੱਤਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਅਦਾਲਤ ਇੱਕ ਜੋੜੇ ਨੂੰ ਯੋਗ ਮਾਮਲੇ ਵਿੱਚ ਸੁਰੱਖਿਆ ਪ੍ਰਦਾਨ ਕਰ ਸਕਦੀ ਹੈ, ਪਰ ਕਿਸੇ ਵੀ ਖਤਰੇ ਦੀ ਅਣਹੋਂਦ ਵਿੱਚ, ਅਜਿਹੇ ਜੋੜੇ ਨੂੰ 'ਇੱਕ-ਦੂਜੇ ਦੀ ਹਮਾਇਤ ਕਰਨਾ ਅਤੇ ਸਮਾਜ ਦਾ ਸਾਹਮਣਾ ਕਰਨਾ ਸਿੱਖਣਾ ਚਾਹੀਦਾ ਹੈ।'

• ਬਾਕੀ ਸਫਾ 2 'ਤੇ



## ਸਰਕਾਰ ਸਿੱਖਿਆ ਦੇ ਢਾਂਚੇ ਨੂੰ ਲੀਹਾਂ 'ਤੇ ਲਿਆਉਣ ਲਈ ਵਚਨਬੱਧ : ਐਡਵੋਕੇਟ ਰਾਏ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-1980 ਤੋਂ ਬਾਅਦ ਸੂਬੇ ਵਿੱਚ ਬਣੀਆਂ ਪਿਛਲੀਆਂ ਸਰਕਾਰਾਂ ਦੀ ਸਿੱਖਿਆ ਦੇ ਖੇਤਰ ਵਿੱਚ ਕਾਰਗੁਜ਼ਾਰੀ ਫੇਲ੍ਹ ਸਾਬਤ ਰਹੀ ਹੈ ਕਿਉਂਕਿ ਉਨ੍ਹਾਂ ਸਰਕਾਰੀ ਸਕੂਲਾਂ ਤੇ ਸਰਕਾਰੀ ਹਸਪਤਾਲਾਂ ਨੂੰ ਅੱਖੋਂ ਪਰੋਖੇ ਕਰਕੇ ਪ੍ਰਾਈਵੇਟ ਘਰਾਣਿਆਂ ਨੂੰ ਤਰਜੀਹ ਦਿੱਤੀ, ਪ੍ਰਾਈਵੇਟ ਸਿੱਖਿਆ ਤੇ ਸਿਹਤ ਸੰਸਥਾਵਾਂ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਈਆਂ ਸਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚਨਾਰਥਲ ਕਲਾਂ, ਸਰਕਾਰੀ ਪ੍ਰਾਇਮਰੀ ਸਕੂਲ ਚਨਾਰਥਲ ਕਲਾਂ, ਸਰਕਾਰੀ ਹਾਈ ਸਕੂਲ ਚਨਾਰਥਲ ਖੁਰਦ ਤੇ ਸਰਕਾਰੀ ਹਾਈ ਸਕੂਲ ਸੁਹਾਗਹੇੜੀ ਵਿਖੇ ਤਕਰੀਬਨ 47 ਲੱਖ ਦੀ ਲਾਗਤ ਨਾਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਵਿਧਾਇਕ ਰਾਏ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਸਿੱਖਿਆ ਤੇ ਸਿਹਤ ਸੰਸਥਾਵਾਂ ਨੂੰ ਤਰਜੀਹੀ ਖੇਤਰ ਮੰਨਦੇ ਹੋਏ ਰਿਕਾਰਡ ਵਿਕਾਸ ਕਰਵਾਇਆ, ਜਿਸ ਸਦਕਾ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਖੇਡ ਵਿੱਚ ਉੱਚੀਆਂ ਮੱਲਾਂ ਮਾਰ ਰਹੇ ਹਨ।ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ 54 ਹਜ਼ਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕਰਕੇ ਕੀਰਤੀਮਾਨ ਸਥਾਪਿਤ ਕੀਤਾ ਗਿਆ ਹੈ।ਉਨ੍ਹਾਂ ਇਸ ਮੌਕੇ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ।

## ਹਨੇਰੀ ਕਾਰਨ ਮਕਾਨ ਤੇ ਪਸ਼ੂ ਸ਼ੈੱਡ ਨੁਕਸਾਨੇ

**ਭੀਖੀ (ਧਰਮਵੀਰ ਸ਼ਰਮਾ)**-ਬੀਤੀ ਰਾਤ ਆਈ ਤੇਜ਼ ਹਨੇਰੀ ਕਾਰਨ ਪਿੰਡ ਮੋਹਰ ਸਿੰਘ ਵਾਲਾ ਦੀ ਇੱਕ ਵਿਧਵਾ ਔਰਤ ਦਾ ਰਿਹਾਇਸ਼ੀ ਮਕਾਨ ਤੇ ਇੱਕ ਕਿਸਾਨ ਦਾ ਪਸ਼ੂਆਂ ਲਈ ਬਣਾਇਆ ਸ਼ੈੱਡ ਨੁਕਸਾਨਿਆ ਗਿਆ, ਪ੍ਰੰਤੂ ਕੋਈ ਵੀ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਤੇਜ਼ ਹਨੇਰੀ ਕਾਰਨ ਸਰਬਜੀਤ ਕੌਰ ਵਿਧਵਾ ਜੰਗਾ ਸਿੰਘ ਦੇ ਰਿਹਾਇਸ਼ੀ ਚੁਬਾਰੇ ਦਾ ਵਾਧਰਾ ਡਿੱਗਣ ਕਾਰਨ ਜਿੱਥੇ ਚੁਬਾਰਾ ਨੁਕਸਾਨਿਆ ਗਿਆ, ਉਸ ਦੇ ਨਾਲ ਹੇਠਲੇ ਮਕਾਨ ਦੀ ਛੱਤ ਵੀ ਨੁਕਸਾਨੀ ਗਈ, ਪ੍ਰੰਤੂ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ।

ਉਧਰ ਦੂਸਰੇ ਪਾਸੇ ਕਿਸਾਨ ਬਿੱਟੂ ਸਿੰਘ ਵੱਲੋਂ ਪਸ਼ੂਆਂ ਲਈ ਪਾਇਆ ਗਿਆ ਸ਼ੈੱਡ ਡਿੱਗ ਗਿਆ। ਨੌਜਵਾਨ ਆਗੂ ਤੇ ਸਮਾਜ ਸੇਵੀ ਗੁਰਇਕਬਾਲ ਸਿੰਘ ਬਾਲੀ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪੀੜਤਾਂ ਨੂੰ ਯੋਗ ਮੁਆਵਜ਼ਾ ਦੇ ਕੇ ਨੁਕਸਾਨ ਦੀ ਪੂਰਤੀ ਕੀਤੀ ਜਾਵੇ।

## ਬੁੱਧ ਰਾਮ ਨੇ ਵੱਖ-ਵੱਖ ਸਕੂਲਾਂ 'ਚ ਹੋਏ ਕੰਮਾਂ ਦਾ ਕੀਤਾ ਉਦਘਾਟਨ



**ਬੁਢਲਾਡਾ (ਅਸ਼ੋਕ ਲਾਕੜਾ)**-ਸਿੱਖਿਆ ਕ੍ਰਾਂਤੀ ਸਿੱਖਿਆ ਪੱਧਤੀ ਨੂੰ ਹੋਰ ਉੱਚਾ ਚੁੱਕਣ ਵਿੱਚ ਮਦਦਗਾਰ ਸਾਬਿਤ ਹੋਵੇਗੀ ਤੇ ਸਕੂਲਾਂ ਵਿੱਚ ਸਹੂਲਤਾਂ ਮਿਲਣ ਨਾਲ ਵਿਦਿਆਰਥੀਆਂ ਦਾ ਮਨੋਬਲ ਹੋਰ ਵੀ ਉੱਚਾ ਹੋਵੇਗਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਬੁਢਲਾਡਾ ਸ੍ਰੀ ਬੁੱਧ ਰਾਮ ਨੇ ਦਾਤੇਵਾਸ ਵਿਖੇ ਵੱਖ ਵੱਖ ਸਕੂਲਾਂ ਵਿਖੇ ਹੋਏ ਕੰਮਾਂ ਦਾ ਉਦਘਾਟਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰ ਰਹੀ ਹੈ ਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਹੋਰ ਮਜ਼ਬੂਤ ਕਰ ਰਹੀ ਹੈ, ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ। ਦਾਤੇਵਾਸ ਦੌਰੇ ਦੌਰਾਨ ਹਲਕਾ ਵਿਧਾਇਕ ਪ੍ਰਿੰਸੀਪਲ ਸ੍ਰੀ ਬੁੱਧ ਰਾਮ ਵੱਲੋਂ ਕੁੱਲ 56 ਲੱਖ ਤੋਂ ਵਧੇਰੇ ਕੰਮਾਂ ਦੇ ਉਦਘਾਟਨ ਤੇ ਨੀਂਹ ਪੱਥਰ ਰੱਖੇ ਗਏ। ਉਨ੍ਹਾਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦਾਤੇਵਾਸ ਵਿਖੇ 1 ਲੱਖ 60 ਹਜ਼ਾਰ ਨਾਲ ਬਣੀ ਚਾਰਦੀਵਾਰੀ ਦੀ ਰਿਪੇਅਰ ਦੇ ਕੰਮ ਦਾ ਉਦਘਾਟਨ ਕੀਤਾ ਗਿਆ ਤੇ 2 ਲੱਖ 67 ਹਜ਼ਾਰ ਦੀ ਲਾਗਤ ਨਾਲ ਹੋਰ ਮੇਜਰ ਰਿਪੇਅਰ ਦੇ ਕੰਮ ਕਰਵਾਏ ਗਏ। ਇਸ ਤੋਂ ਇਲਾਵਾ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ 9 ਲੱਖ 55 ਹਜ਼ਾਰ ਰੁਪਏ ਦੀ ਲਾਗਤ ਨਾਲ ਐਡੀਸ਼ਨਲ ਕਲਾਸ ਰੂਮ ਦਾ ਕੰਮ ਚੱਲ ਰਿਹਾ ਹੈ, ਜੋ ਕਿ ਜਲਦ ਹੀ ਮੁਕੰਮਲ ਹੋ ਜਾਵੇਗਾ। ਉਪਰੰਤ ਉਨ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾਤੇਵਾਸ ਵਿਖੇ 4 ਲੱਖ 16 ਹਜ਼ਾਰ ਰੁਪਏ ਦੀ ਲਾਗਤ ਨਾਲ ਬਣੀ ਚਾਰਦੀਵਾਰੀ ਦਾ ਉਦਘਾਟਨ ਕੀਤਾ ਤੇ 9 ਲੱਖ 55 ਹਜ਼ਾਰ ਦੀ ਲਾਗਤ ਨਾਲ ਬਣਨ ਵਾਲੇ ਆਧੁਨਿਕ ਕਮਰੇ ਦਾ ਨੀਂਹ ਪੱਥਰ ਰੱਖ ਕੇ ਕੰਮ ਸ਼ੁਰੂ ਕਰਵਾਇਆ। ਇਸ ਤੋਂ ਬਾਅਦ ਵਿਧਾਇਕ ਵੱਲੋਂ ਸਰਕਾਰੀ ਮਾਡਲ ਸਕੂਲ ਦਾਤੇਵਾਸ ਵਿਖੇ 23 ਲੱਖ 50 ਹਜ਼ਾਰ ਰੁਪਏ ਦੀ ਮਦਦ ਨਾਲ ਬਣੀ ਚਾਰਦੀਵਾਰੀ ਦਾ ਉਦਘਾਟਨ ਕੀਤਾ ਤੇ 5 ਲੱਖ ਦੀ ਮਦਦ ਨਾਲ ਬਣੇ ਖੇਡ ਮੈਦਾਨ ਦਾ ਉਦਘਾਟਨ ਕੀਤਾ। ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਸਤੀਸ਼ ਸਿੰਗਲਾ, ਹਲਕਾ ਕੋਆਰਡੀਨੇਟਰ ਸੁਭਾਸ਼ ਨਾਗਪਾਲ, ਸਰਪੰਚ ਦਾਤੇਵਾਸ ਗੁਰਨੈਬ ਸਿੰਘ, ਪ੍ਰਿੰਸੀਪਲ ਸਪ੍ਰਸ ਹਰਵਿੰਦਰ ਸਿੰਘ, ਇੰਚਾਰਜ ਸਸਸ ਸਕੂਲ ਸੁਖਵੀਰ ਕੌਰ, ਪ੍ਰਿੰਸੀਪਲ ਸਰਕਾਰੀ ਮਾਡਲ ਸਕੂਲ ਦਾਤੇਵਾਸ ਅਰੁਣ ਕੁਮਾਰ ਗਰਗ, ਐੱਸ.ਐੱਮ.ਸੀ. ਚੇਅਰਮੈਨ ਕਮਲਜੀਤ ਸਿੰਘ ਤੇ ਡਾ. ਦਰਸ਼ਨ ਸਿੰਘ ਤੋਂ ਇਲਾਵਾ ਪਿੰਡ ਦੇ ਮੋਹਤਵਰ ਵਿਅਕਤੀ, ਸਕੂਲਾਂ ਦਾ ਸਟਾਫ ਤੇ ਵਿਦਿਆਰਥੀ ਮੌਜੂਦ ਸਨ।

## ਸਰਕਾਰ ਹਰੇਕ ਸਕੂਲ 'ਚ ਆਧੁਨਿਕ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ : ਡਾ. ਅਰੋੜਾ

### 22 ਲੱਖ ਤੋਂ ਵਧੇਰੇ ਦੇ ਵਿਕਾਸ ਕਾਰਜਾਂ ਦੀ ਕੀਤੀ ਸ਼ੁਰੂਆਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਿਲਕੁਲ ਬਦਲ ਰਹੀ ਹੈ, ਸਮਾਰਟ ਕਲਾਸ ਰੂਮ, ਕੰਪਿਊਟਰ ਲੈਬਜ਼, ਖੇਡ ਗਰਾਊਂਡ ਤੇ ਹੋਰ ਆਧੁਨਿਕ ਸਹੂਲਤਾਂ ਸਕੂਲ ਦੀ ਪੜ੍ਹਾਈ ਦੇ ਮਿਆਰ ਨੂੰ ਹੋਰ ਉੱਚਾ ਕਰ ਰਹੀਆਂ ਹਨ। ਇਸ ਸਿੱਖਿਆ ਕ੍ਰਾਂਤੀ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁੱਕਣਵਾਲਾ ਵਿਖੇ 7.1 ਲੱਖ, ਸਰਕਾਰੀ ਹਾਈ ਸਕੂਲ ਡਗਰੂ ਵਿਖੇ 11 ਲੱਖ ਰੁਪਏ ਤੇ ਸਰਕਾਰੀ ਪ੍ਰਾਇਮਰੀ ਸਕੂਲ ਡਗਰੂ ਵਿਖੇ 3.93 ਲੱਖ ਦੀ ਲਾਗਤ ਨਾਲ ਵਿਕਾਸ ਕਾਰਜਾਂ ਦਾ ਉਦਘਾਟਨ ਐਮ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ ਨੇ ਕੀਤਾ।ਇਨ੍ਹਾਂ ਵਿਕਾਸ ਕਾਰਜਾਂ ਵਿੱਚ ਸਮਾਰਟ ਕਮਰੇ, ਸਾਇੰਸ ਲੈਬ, ਚਾਰਦੀਵਾਰੀ ਦੀ ਰਿਪੇਅਰ ਆਦਿ ਮਹੱਤਵਪੂਰਨ ਕਾਰਜ ਸ਼ਾਮਲ ਹਨ।ਇਸ ਉਦਘਾਟਨ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਹੁਣ ਸੂਬੇ ਦਾ ਹਰੇਕ ਸਕੂਲ ਆਧੁਨਿਕ ਹੋ ਰਿਹਾ ਹੈ।ਆਮ ਆਦਮੀ ਪਾਰਟੀ ਆਉਣ ਨਾਲ ਸੂਬੇ ਦੇ ਸਿੱਖਿਆ ਦੇ ਮਿਆਰ ਵਿੱਚ ਵੀ ਵਾਧਾ ਹੋਇਆ ਹੈ।ਉਨ੍ਹਾਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਕੂਲ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਕਿਸੇ ਵੀ ਸਰਕਾਰੀ ਸਕੂਲ ਵਿੱਚ ਕਿਸੇ ਵੀ ਪੱਖ ਤੋਂ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਉਨ੍ਹਾਂ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਸਰਕਾਰ ਸਿੱਖਿਆ ਖੇਤਰ ਵਿੱਚ ਮਿਸਾਲੀ ਕ੍ਰਾਂਤੀਆਂ ਲਿਆ ਰਹੀ ਹੈ, ਉਹ ਵੀ ਆਪਣੀ ਨਿੱਜੀ ਜ਼ਿੰਮੇਵਾਰੀ ਸਮਝ ਕੇ ਸਿੱਖਿਆ ਦੇ ਖੇਤਰ ਨੂੰ ਹੋਰ ਬੁਲੰਦੀਆਂ ਵੱਲ ਲਿਜਾਣ ਲਈ ਪੰਜਾਬ ਸਰਕਾਰ ਦਾ ਸਾਥ ਦੇਣ।

## ਜਸਵਿੰਦਰਪਾਲ ਨੇ ਯੂ.ਪੀ.ਐੱਸ.ਸੀ. ਦੀ ਪ੍ਰੀਖਿਆ 'ਚ 4 ਰੈਂਕ ਪ੍ਰਾਪਤ ਕੀਤਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ, ਗਣਿਤ ਵਿਭਾਗ ਦੇ ਸਾਬਕਾ ਵਿਦਿਆਰਥੀ ਜਸਵਿੰਦਰਪਾਲ ਸਿੰਘ ਨੇ ਯੂ.ਪੀ.ਐੱਸ.ਸੀ. ਇੰਡੀਅਨ ਸਟੈਟਿਸਟੀਕਲ ਸਰਵਿਸ (ਆਈ.ਐੱਸ.ਐੱਸ.) ਪ੍ਰੀਖਿਆ 'ਚ ਦੇਸ਼ ਭਰ 'ਚੋਂ 4 ਰੈਂਕ ਪ੍ਰਾਪਤ ਕੀਤਾ ਹੈ।ਜਸਵਿੰਦਰਪਾਲ ਨੇ ਯੂਨੀਵਰਸਿਟੀ ਤੋਂ ਗਣਿਤ ਵਿੱਚ ਆਪਣੀ ਬੀ.ਐੱਸ.ਸੀ. (ਆਨਰਜ਼) (ਬੈਚ 2018) ਪੂਰੀ ਕੀਤੀ ਅਤੇ ਆਪਣੇ ਸਮਰਪਣ ਤੇ ਲਗਨ ਨਾਲ ਇਹ ਮੁਕਾਮ ਹਾਸਲ ਕੀਤਾ।ਯੂ.ਪੀ.ਐੱਸ.ਸੀ. ਇੰਡੀਅਨ ਸਟੈਟਿਸਟੀਕਲ ਸਰਵਿਸ ਪ੍ਰੀਖਿਆ ਇੱਕ ਬਹੁਤ ਹੀ ਉੱਚ ਪੱਧਰੀ ਰਾਸ਼ਟਰੀ ਪ੍ਰੀਖਿਆ ਹੈ।ਯੂ.ਪੀ.ਐੱਸ.ਸੀ ਦੁਆਰਾ ਭਾਰਤ ਸਰਕਾਰ ਦੀਆਂ ਕੇਂਦਰੀ ਸਿਵਲ ਸੇਵਾਵਾਂ ਅਧੀਨ ਗਰੁੱਪ ਏ ਪ੍ਰਸ਼ਾਸਕੀ ਸੇਵਾ ਵਿੱਚ ਭਰਤੀ ਲਈ ਕੀਤੀ ਜਾਂਦੀ ਹੈ।ਜਸਵਿੰਦਰਪਾਲ ਸਿੰਘ ਦੇ ਸਨਮਾਨ ਲਈ ਯੂਨੀਵਰਸਿਟੀ ਵਿੱਚ ਵਿਸ਼ੇਸ਼ ਸਮਾਗਮ ਕੀਤਾ ਗਿਆ।ਗਣਿਤ ਵਿਭਾਗ ਦੇ ਮੁਖੀ ਡਾ. ਰਿਚਾ ਬਾਂਸਲ ਨੇ ਇਸ ਸਮਾਗਮ ਵਿੱਚ ਮੌਜੂਦ ਸਾਰੇ ਪਤਵੰਤਿਆਂ, ਫੈਕਲਟੀ ਤੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਆਪਣੇ ਸਾਬਕਾ ਵਿਦਿਆਰਥੀ ਦੀਆਂ ਸ਼ਾਨਦਾਰ ਪ੍ਰਾਪਤੀਆਂ 'ਤੇ ਮਾਣ ਤੇ ਖੁਸ਼ੀ ਦੀ ਡੂੰਘੀ ਭਾਵਨਾ ਪ੍ਰਗਟ ਕੀਤੀ।ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਜਸਵਿੰਦਰਪਾਲ ਸਿੰਘ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸਮਰਪਣ ਤੇ ਲਗਨ ਦੀ ਸ਼ਲਾਘਾ ਕੀਤੀ।ਡਾ. ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵੀ ਸ਼ੁਭ-ਕਾਮਨਾਵਾਂ ਦਿੱਤੀਆਂ।

## ਉਜਾਲਾ ਸਿਗਨਸ ਗਰੁੱਪ ਆਫ਼ ਹਸਪਤਾਲ ਨੇ ਅਮਨਦੀਪ ਹਸਪਤਾਲਾਂ ਨਾਲ ਕੀਤੀ ਭਾਈਵਾਲੀ

### ਪੰਜਾਬ ਤੇ ਜੰਮੂ-ਕਸ਼ਮੀਰ 'ਚ ਸਿਹਤ ਸੇਵਾਵਾਂ ਨੂੰ ਮਿਲੇਗਾ ਹੁਲਾਰਾ

**ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)**-ਉਜਾਲਾ ਸਿਗਨਸ ਗਰੁੱਪ ਆਫ਼ ਹਸਪਤਾਲ ਨੇ ਪੰਜਾਬ ਅਤੇ ਜੰਮੂ ਅਤੇ ਕਸ਼ਮੀਰ ਵਿੱਚ ਇੱਕ ਪ੍ਰਮੁੱਖ ਸਿਹਤ ਸੰਭਾਲ ਪ੍ਰਦਾਤਾ ਅਮਨਦੀਪ ਹਸਪਤਾਲਾਂ ਨਾਲ ਭਾਈਵਾਲੀ ਕੀਤੀ ਹੈ। ਇਸ ਰਣਨੀਤਕ ਗੱਠਜੋੜ ਦਾ ਉਦੇਸ਼ ਉੱਤਰੀ ਭਾਰਤ ਵਿੱਚ ਗੁਣਵੱਤਾ ਅਤੇ ਕਿਫਾਇਤੀ ਸਿਹਤ ਸੰਭਾਲ ਲਿਆਉਣਾ ਹੈ। ਅਮਨਦੀਪ ਹਸਪਤਾਲ 800 ਤੋਂ ਵੱਧ ਬਿਸਤਰਿਆਂ ਵਾਲੇ ਪੰਜ ਮਲਟੀ-ਸਪੈਸ਼ਲਿਟੀ ਹਸਪਤਾਲ ਚਲਾਉਂਦਾ ਹੈ। ਹਸਪਤਾਲ ਦੇ ਸੁਵਿਧਾ ਨਿਰਦੇਸ਼ਕ ਡਾ. ਅਭਿਸ਼ੇਕ ਅਰੋੜਾ ਨੇ ਕਿਹਾ ਕਿ ਇਹ ਭਾਈਵਾਲੀ ਦੋਵਾਂ ਸੰਸਥਾਵਾਂ ਦੀਆਂ ਤਾਕਤਾਂ ਨੂੰ ਇਕੱਠਾ ਕਰੇਗੀ। ਉਜਾਲਾ ਸਿਗਨਸ ਦੀ ਤਕਨੀਕੀ ਅਤੇ ਪ੍ਰਬੰਧਨ ਮੁਹਾਰਤ ਅਤੇ ਅਮਨਦੀਪ ਹਸਪਤਾਲਾਂ ਦੀ ਮਜ਼ਬੂਤ ਡਾਕਟਰੀ ਸੇਵਾਵਾਂ ਅਤੇ ਭਾਈਚਾਰਕ ਵਿਸ਼ਵਾਸ। ਉਜਾਲਾ ਸਿਗਨਸ ਦੇ ਚੇਅਰਮੈਨ ਅਤੇ ਸਹਿ-ਸੰਸਥਾਪਕ ਪ੍ਰਬਲ ਘੋਸ਼ਾਲ ਨੇ ਕਿਹਾ, "ਇਹ ਭਾਈਵਾਲੀ ਸਾਂਝੇ ਮੁੱਲਾਂ ਅਤੇ ਬਿਹਤਰ ਮਰੀਜ਼ਾਂ ਦੀ ਦੇਖਭਾਲ ਪ੍ਰਦਾਨ ਕਰਨ ਦੀ ਵਚਨਬੱਧਤਾ 'ਤੇ ਅਧਾਰਤ ਹੈ। ਸਾਡਾ ਉਦੇਸ਼ ਸਿਰਫ਼ ਵਿਸਤਾਰ ਕਰਨਾ ਨਹੀਂ ਹੈ ਸਗੋਂ ਗੁਣਵੱਤਾ ਵਾਲੀਆਂ ਸੇਵਾਵਾਂ ਪ੍ਰਦਾਨ ਕਰਕੇ ਭਾਈਚਾਰਿਆਂ ਨੂੰ ਸਸ਼ਕਤ ਬਣਾਉਣਾ ਹੈ।"

ਇਸ ਗੱਠਜੋੜ ਦੇ ਤਹਿਤ, ਪ੍ਰਸਿੱਧ ਆਰਥੋਪੈਡਿਕ ਸਰਜਨ ਡਾ. ਅਵਤਾਰ ਸਿੰਘ ਉਜਾਲਾ ਸਿਗਨਸ ਅਤੇ ਅਮਨਦੀਪ ਹਸਪਤਾਲਾਂ ਵਿਖੇ ਆਰਥੋਪੈਡਿਕਸ ਸੈਂਟਰ ਆਫ਼ ਐਕਸੀਲੈਂਸ ਦੀ ਅਗਵਾਈ ਕਰਨਗੇ। ਡਾ. ਅਵਤਾਰ ਸਿੰਘ ਨੇ ਕਿਹਾ, "ਇਹ ਭਾਈਵਾਲੀ ਸਾਡੀਆਂ ਸਮਰੱਥਾਵਾਂ ਨੂੰ ਵਧਾਏਗੀ ਅਤੇ ਡਾਕਟਰੀ ਦੇਖਭਾਲ ਪ੍ਰਦਾਨ ਕਰਨ ਦੇ ਯੋਗ ਬਣਾਏਗੀ।" ਹੁਣ ਉਜਾਲਾ ਦਾ ਨੈੱਟਵਰਕ 21 ਤੋਂ ਵਧ ਕੇ 26 ਹਸਪਤਾਲਾਂ ਤੱਕ ਪਹੁੰਚ ਗਿਆ ਹੈ ਤੇ ਕੁੱਲ ਬਿਸਤਰਿਆਂ ਦੀ ਗਿਣਤੀ ਲਗਭਗ 2,000 ਤੋਂ ਵੱਧ ਕੇ 2,800 ਹੋ ਗਈ ਹੈ। ਨਵੇਂ ਹਸਪਤਾਲ ਅੰਮ੍ਰਿਤਸਰ, ਪਠਾਨਕੋਟ, ਤਰਨਤਾਰਨ, ਫਿਰੋਜ਼ਪੁਰ ਤੇ ਸ੍ਰੀਨਗਰ ਵਿੱਚ ਸਥਿਤ ਹਨ। ਉਜਾਲਾ ਸਿਗਨਸ ਦੇ ਸੰਸਥਾਪਕ ਨਿਰਦੇਸ਼ਕ ਡਾ. ਸ਼ੁਚਿਨ ਬਜਾਜ ਨੇ ਕਿਹਾ, "ਅਮਨਦੀਪ ਹਸਪਤਾਲਾਂ ਨਾਲ ਇਹ ਗੱਠਜੋੜ ਸਾਨੂੰ ਸਾਡੇ ਮਿਸ਼ਨ-ਵਿਸ਼ਵ ਪੱਧਰੀ ਸਿਹਤ ਸੰਭਾਲ ਨੂੰ ਹਰ ਕੋਨੇ ਤੱਕ ਪਹੁੰਚਾਉਣ ਵੱਲ ਅੱਗੇ ਵਧਣ ਵਿੱਚ ਮਦਦ ਕਰੇਗਾ।"

## ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਵਿਖੇ ਇਨਾਮ ਵੰਡ ਸਮਾਰੋਹ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਵਿਖੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਇਸ ਸਾਲ ਆਪਣੀ ਸੈਕਸ਼ਨ ਵਿੱਚੋਂ ਵਧੀਆ ਅੰਕ ਲੈ ਕੇ ਪਹਿਲੀ, ਦੂਸਰੀ ਤੇ ਤੀਸਰੀ ਪੁਜ਼ੀਸ਼ਨ ਹਾਸਲ ਕਰਨ ਵਾਲੇ ਕੇ ਜੀ ਤੋਂ ਨੌਵੀਂ ਤੇ 11ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕਾਂ ਵੱਲੋਂ ਇਨਾਮ ਵੰਡੇ ਗਏ।ਇਨਾਮ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਕਾਫੀ ਉਤਸ਼ਾਹ ਵੇਖਣ ਨੂੰ ਮਿਲਿਆ।ਸਕੂਲ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ ਤੇ ਵਾਈਸ ਪ੍ਰਿੰਸੀਪਲ ਸੀਮਾ ਠਾਕੁਰ ਨੇ ਵਿਦਿਆਰਥੀਆਂ ਨੂੰ ਇਨਾਮ ਵੰਡਦੇ ਹੋਏ ਸ਼ੁਭ ਇੱਛਾਵਾਂ ਦਿੱਤੀਆਂ।ਇਸ ਮੌਕੇ ਮੈਡਮ ਰਜਿੰਦਰ ਕੌਰ ਸੀਨੀਅਰ ਕੁਆਰਡੀਨੇਟਰ, ਗਤੀਵਿਧੀ ਇੰਚਾਰਜ ਮੈਡਮ ਗੀਬਾ ਪਨੇਸਰ ਅਤੇ ਜੇ.ਆਰ. ਘਟਕ ਸ਼ਾਮਲ ਸਨ।

## ਵਿਸਾਖੀ ਦਾ ਤਿਉਹਾਰ ਸਮਾਜ 'ਚ ਨਿਆਂ, ਸਮਾਨਤਾ ਤੇ ਨਿੱਡਰਤਾ ਦਾ ਸੰਦੇਸ਼ ਦੇਣ ਵਾਲਾ : ਬਾਬਾ ਗੁਰਦੀਪ ਸਿੰਘ

### ਗੁਰਦੁਆਰਾ ਚੰਦ ਪੁਰਾਣਾ 'ਚ ਵਿਸਾਖੀ ਦਾ ਤਿਉਹਾਰ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮਾਲਵੇ ਦੇ ਪ੍ਰਸਿੱਧ ਇਤਿਹਾਸਕ ਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤਪ ਅਸਥਾਨ, ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਚੰਦ ਪੁਰਾਣਾ ਵਿਖੇ ਖਾਲਸਾ ਪੰਥ ਦੇ ਸਾਜਨਾ ਦਿਵਸ ਵਿਸਾਖੀ ਨੂੰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਤਿੰਨ ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ।ਸਜਾਏ ਗਏ ਧਾਰਮਿਕ ਦੀਵਾਨ ਦੌਰਾਨ ਹਜ਼ੂਰੀ ਰਾਗੀ ਭਾਈ ਸੋਹਣ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕਰ ਕੇ ਸੰਗਤ ਨੂੰ ਨਿਹਾਲ ਕੀਤਾ।ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਚੰਦ ਪੁਰਾਣੇ ਵਾਲਿਆਂ ਨੇ ਆਪਣੇ ਪ੍ਰਵਚਨਾਂ ਦੌਰਾਨ ਸੰਗਤ ਨੂੰ ਵਿਸਾਖੀ ਦੇ ਇਤਿਹਾਸਕ ਮਹੱਤਵ ਬਾਰੇ ਵਿਸਥਾਰ ਨਾਲ ਦੱਸਿਆ।ਉਨ੍ਹਾਂ ਕਿਹਾ ਕਿ 1699 ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਨੰਦਪੁਰ ਸਾਹਿਬ ਵਿਖੇ ਖਾਲਸਾ ਪੰਥ ਦੀ ਸਥਾਪਨਾ ਕਰਕੇ ਸਿੱਖ ਕੌਮ ਨੂੰ ਨਵੀਂ ਪਛਾਣ ਤੇ ਸ਼ਕਤੀ ਪ੍ਰਦਾਨ ਕੀਤੀ।ਬਾਬਾ ਜੀ ਨੇ ਸੰਗਤ ਨੂੰ ਸਮਝਾਇਆ ਕਿ ਵਿਸਾਖੀ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਸਮਾਜ ਵਿੱਚ ਨਿਆਂ, ਸਮਾਨਤਾ ਤੇ ਨਿੱਡਰਤਾ ਦਾ ਸੁਨੇਹਾ ਦੇਣ ਵਾਲਾ ਦਿਨ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਗੁਰੂ ਸਾਹਿਬ ਦੇ ਦੱਸੇ ਮਾਰਗ 'ਤੇ ਚੱਲਦਿਆਂ ਸਾਨੂੰ ਸਦਾ ਸੱਚ, ਸੇਵਾ ਤੇ ਸਿਮਰਨ ਦੀ ਜੀਵਨ ਜਾਚ ਅਪਣਾਉਣੀ ਚਾਹੀਦੀ ਹੈ।ਬਾਬਾ ਗੁਰਦੀਪ ਸਿੰਘ ਨੇ ਇਹ ਵੀ ਕਿਹਾ ਕਿ ਖਾਲਸਾ ਪੰਥ ਦੀ ਸਿਰਜਣਾ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਮੁੱਚੇ ਸਮਾਜ ਨੂੰ ਜ਼ੁਲਮ ਤੇ ਅਨਿਆਂ ਵਿਰੁੱਧ ਲੜਨ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਅਸੀਂ ਸਾਰੇ ਗੁਰੂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਢਾਲ ਕੇ ਸਰਬੱਤ ਦੇ ਭਲੇ ਦੀ ਕਾਮਨਾ ਕਰੀਏ ਤੇ ਸਮਾਜ ਵਿੱਚ ਪਿਆਰ, ਭਾਈਚਾਰਕ ਸਾਂਝ ਤੇ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰੀਏ।ਸਮਾਗਮ ਦੌਰਾਨ ਕਵੀਸ਼ਰੀ ਜਥਾ ਬਾਬਾ ਸੁੱਚਾ ਸਿੰਘ ਦਲੇਰ ਤੇ ਹਰਦੇਵ ਸਿੰਘ ਭੱਟੀ ਦੇ ਢਾਡੀ ਜਥੇ ਨੇ ਗੁਰੂ ਇਤਿਹਾਸ ਸੁਣਾਇਆ।ਵੱਡੀ ਗਿਣਤੀ ਵਿੱਚ ਸੰਗਤ ਨੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਅਰਦਾਸ ਕੀਤੀ।ਸਮਾਗਮ ਦੌਰਾਨ ਅਟੁੱਟ ਲੰਗਰ ਵਰਤਾਇਆ ਗਿਆ।

## ਸ਼ਹੀਦ ਭਗਤ ਸਿੰਘ ਸਕੂਲ ਵੱਲੋਂ ਹੋਣਹਾਰ ਵਿਦਿਆਰਥੀ ਸਨਮਾਨਤ



**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਵੱਲੋਂ ਅੱਠਵੀਂ ਪ੍ਰੀਖਿਆ ਦੇ ਨਤੀਜਿਆਂ 'ਚੋਂ ਮੈਰਿਟ ਸੂਚੀ ਵਿੱਚ ਨਾਮ ਦਰਜ ਕਰਵਾਉਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਕੂਲ ਪ੍ਰਬੰਧਕੀ ਕਮੇਟੀ ਵੱਲੋਂ ਮੈਰਿਟ 'ਚ ਆਉਣ ਵਾਲੀਆਂ ਦੋਨੋਂ ਵਿਦਿਆਰਥਣਾਂ ਲਵਪ੍ਰੀਤ ਕੌਰ ਤੇ ਦਿਲਪ੍ਰੀਤ ਕੌਰ ਨੂੰ ਟਰਾਫ਼ੀਆਂ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ, ਜਿਨ੍ਹਾਂ ਨੇ 588/600 (98 ਪ੍ਰਤੀਸ਼ਤ) ਅੰਕ ਪ੍ਰਾਪਤ ਕਰਕੇ ਪੂਰੇ ਪੰਜਾਬ 'ਚੋਂ 13ਵਾਂ ਰੈਂਕ, ਤਹਿਸੀਲ ਸਮਰਾਲਾ 'ਚੋਂ ਪਹਿਲਾ ਸਥਾਨ ਹਾਸਲ ਕਰਨ ਦੇ ਨਾਲ-ਨਾਲ ਮੈਰਿਟ ਸੂਚੀ ਵਿੱਚ ਵੀ ਆਪਣੇ ਨਾਮ ਦਰਜ ਕਰਵਾ ਕੇ ਸੰਸਥਾ ਦਾ ਮਾਣ ਵਧਾਇਆ ਹੈ। ਇਸ ਤੋਂ ਇਲਾਵਾ ਬਾਕੀ 95 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ 'ਚ ਦ੍ਰਿਸ਼ਟੀ 586/600 (97.67 ਪ੍ਰਤੀਸ਼ਤ), ਡਾਲੀਆ 583/600 (97.17 ਪ੍ਰਤੀਸ਼ਤ), ਤਮੰਨਾ ਗੁਪਤਾ 581/600 (96.83 ਪ੍ਰਤੀਸ਼ਤ), ਤਾਨਵੀ 579/600 (96.5 ਪ੍ਰਤੀਸ਼ਤ), ਤਰਨਪ੍ਰੀਤ ਸਿੰਘ ਸੇਠੀ 579/600 (96.5 ਪ੍ਰਤੀਸ਼ਤ), ਅਨਨਿਆ 577/600 (96.17 ਪ੍ਰਤੀਸ਼ਤ), ਸ਼ਰਨਪ੍ਰੀਤ ਕੌਰ 570/600 (95 ਪ੍ਰਤੀਸ਼ਤ) ਅਤੇ ਆਯੂਸ਼ ਮਿਸ਼ਰਾ 570/600 (95 ਪ੍ਰਤੀਸ਼ਤ) ਦੇ ਨਾਮ ਸ਼ਾਮਲ ਹਨ। ਇਸ ਮੌਕੇ ਉਕਤ ਵਿਦਿਆਰਥੀਆਂ ਨੂੰ ਵੀ ਸਕੂਲ ਪ੍ਰਬੰਧਕ ਦਰਸ਼ਨ ਲਾਲ ਜੈਨ ਵੱਲੋਂ ਮੈਡਲ ਦੇ ਕੇ ਉਤਸ਼ਾਹਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਸ੍ਰੀਮਤੀ ਅਨੀਤਾ ਜੈਨ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਉਮੀਦ ਕੀਤੀ ਕਿ ਬੱਚੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਹੀ ਮਿਹਨਤ ਕਰਕੇ ਆਪਣੇ ਮਾਪਿਆਂ ਤੇ ਸਕੂਲ ਦਾ ਨਾਮ ਰੌਸ਼ਨ ਕਰਦੇ ਰਹਿਣਗੇ।

## ਹੁਣ ਤੱਕ ਦੀਆਂ ਸਰਕਾਰਾਂ ਨੇ ਐੱਸ ਸੀ ਭਾਈਚਾਰੇ ਨੂੰ ਕੇਵਲ ਵੋਟ ਬੈਂਕ ਵਜੋਂ ਵਰਤਿਆ : ਬਿਲਾਸਪੁਰ

### ਏ.ਜੀ. ਦਫ਼ਤਰ 'ਚ ਰਾਖਵਾਂਕਰਨ ਲਾਗੂ ਕਰਕੇ 'ਆਪ' ਸਰਕਾਰ ਨੇ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਕੀਤਾ ਸਾਕਾਰ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਨਿਹਾਲ ਸਿੰਘ ਵਾਲਾ ਤੋਂ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵੱਲੋਂ ਪਹਿਲੀਆਂ ਕਾਂਗਰਸ, ਸ਼੍ਰੋਮਣੀ ਅਕਾਲੀ ਦਲ-ਬੇ.ਜੀ.ਪੀ. ਦੀਆਂ ਸਰਕਾਰਾਂ ਵੱਲੋਂ ਅਨੁਸੂਚਿਤ ਜਾਤੀ (ਐੱਸ.ਸੀ.) ਭਾਈਚਾਰੇ ਨੂੰ ਆਪਣੇ ਸੌੜੇ ਰਾਜਨੀਤਕ ਹਿੱਤਾਂ ਦੀ ਪੂਰਤੀ ਲਈ ਵੋਟ ਬੈਂਕ ਵਜੋਂ ਵਰਤਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਆਪਣੇ ਦਫ਼ਤਰ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਉਨ੍ਹਾ ਕਿਹਾ ਕਿ ਇਹ ਸਿਰਫ਼ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਜਿਸ ਵੱਲੋਂ ਜਦੋਂ ਤੋਂ ਪੰਜਾਬ ਦੀ ਸੱਤਾ ਸੰਭਾਲੀ ਗਈ ਹੈ, ਉਦੋਂ ਤੋਂ ਹੀ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਲਗਨ ਤੇ ਸੁਹਿਰਦਤਾ ਨਾਲ ਕੰਮ ਕੀਤਾ ਜਾ ਰਿਹਾ ਹੈ।ਮਹੱਤਵਪੂਰਨ ਫ਼ੈਸਲਿਆਂ 'ਤੇ ਚਾਨਣਾ ਪਾਉਂਦਿਆ ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਐਡਵੋਕੇਟ ਜਨਰਲ ਦਫਤਰ ਵਿਖੇ ਪਹਿਲੀ ਵਾਰ ਰਾਖਵਾਂਕਰਨ ਲਾਗੂ ਕਰਕੇ ਇਤਿਹਾਸਕ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਵਿਖੇ 2017 ਵਿੱਚ ਆਮ ਆਦਮੀ ਪਾਰਟੀ ਵੱਲੋਂ ਇਹ ਮੁੱਦਾ ਉਠਾਇਆ ਗਿਆ ਸੀ ਤੇ ਹੁਣ ਐੱਸ.ਸੀ./ਐੱਸ.ਟੀ. ਕੋਟੇ ਦੀਆਂ 58 ਅਸਾਮੀਆਂ ਨੂੰ ਭਰਿਆ ਗਿਆ ਹੈ, ਜਦਕਿ ਪਿਛਲੀਆਂ ਸਰਕਾਰਾਂ ਵੱਲੋਂ ਇਸ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰ ਦਿੱਤਾ ਗਿਆ ਸੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਇਕ ਹੋਰ ਕਦਮ ਚੁੱਕਦਿਆਂ ਆਮਦਨ ਯੋਗਤਾ ਵਿੱਚ 50 ਫ਼ੀਸਦੀ ਰਾਹਤ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਸਹੂਲਤ ਨਾਲ ਐੱਸ.ਸੀ/ਐੱਸ.ਟੀ. ਉਮੀਦਵਾਰ ਨੂੰ ਕਾਨੂੰਨੀ ਖੇਤਰ ਵਿੱਚ ਉੱਚ-ਪਦਵੀਆਂ, ਜਿਨ੍ਹਾਂ ਵਿੱਚ ਐਡੀਸ਼ਨਲ ਐਡਵੋਕੇਟ ਜਨਰਲ, ਡਿਪਟੀ ਐਡਵੋਕੇਟ ਜਨਰਲ ਤੇ ਸਹਾਇਕ ਐਡਵੋਕੇਟ ਜਨਰਲ 'ਤੇ ਪਹੁੰਚਣ ਵਿੱਚ ਸਹੂਲਤ ਮਿਲੇਗੀ।

## ਕੌਮਾਂਤਰੀ ਮਜ਼ਦੂਰ ਦਿਵਸ ਮਨਾਉਣ ਦੀ ਤਿਆਰੀ ਲਈ ਪਿੰਡਾਂ 'ਚ ਮੀਟਿੰਗਾਂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵਿੱਚ ਸ਼ਾਮਲ ਮਨਰੇਗਾ ਰੋਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਖੁਸ਼ੀਆ ਸਿੰਘ, ਮੀਤ ਪ੍ਰਧਾਨ ਕੌਰ ਸਿੰਘ ਕਲਾਲ ਮਾਜਰਾ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਭੋਲਾ ਸਿੰਘ ਕਲਾਲ ਮਾਜਰਾ, ਜਨਰਲ ਸਕੱਤਰ ਹੈਪੀ ਸਿੰਘ ਛੀਨੀਵਾਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਕੌਮਾਂਤਰੀ ਮਜ਼ਦੂਰ ਦਿਹਾੜਾ ਇੱਕ ਮਈ ਨੂੰ ਬੀਡੀਪੀਓ ਦਫਤਰ ਮਹਿਲ ਕਲਾਂ ਕੰਪਲੈਕਸ ਵਿੱਚ ਜੋਸ਼ੋ ਖਰੋਸ਼ ਨਾਲ ਮਨਾਇਆ ਜਾਵੇਗਾ।ਇਸ ਮੌਕੇ ਬਲਾਕ ਮਹਿਲ ਕਲਾਂ ਦੇ 38 ਪਿੰਡਾਂ ਦੇ ਮਜ਼ਦੂਰਾਂ ਵੱਲੋਂ ਵਿਸ਼ਾਲ ਗਿਣਤੀ 'ਚ ਇਕੱਠ ਕਰਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਜਾਣਗੀਆਂ। ਮਜ਼ਦੂਰ ਆਗੂਆਂ ਨੇ ਕੌਮਾਂਤਰੀ ਮਜ਼ਦੂਰ ਦਿਵਸ ਸਮਾਗਮ ਨੂੰ ਸਫਲ ਬਣਾਉਣ ਲਈ ਅੱਜ ਪਿੰਡ ਮਹਿਲ ਕਲਾਂ, ਮਹਿਲ ਖੁਰਦ, ਲੋਹਗੜ੍ਹ, ਵਿਖੇ ਮਜ਼ਦੂਰਾਂ ਨੂੰ ਮਹਿਲ ਕਲਾਂ ਵਿਖੇ ਮਜ਼ਦੂਰ ਮੀਟਿੰਗਾਂ ਕਰਵਾ ਕੇ ਲਾਮਬੰਦ ਕੀਤਾ ਗਿਆ।ਮਜ਼ਦੂਰ ਆਗੂਆਂ ਨੇ ਦੱਸਿਆ ਕਿ ਬਲਾਕ ਅਧੀਨ ਪੈਂਦੇ ਸਾਰੇ ਪਿੰਡਾਂ ਵਿੱਚ ਮਜ਼ਦੂਰ ਮੀਟਿੰਗਾਂ ਸ਼ੁਰੂ ਕੀਤੀਆਂ ਗਈਆਂ ਹਨ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੀਆਂ ਵਿਧਾਨ ਸਭਾ ਚੋਣਾਂ ਵੇਲੇ ਕੀਤੇ ਵਾਅਦਿਆਂ ਨੂੰ ਪੂਰਾ ਕਰਾਉਣ ਤੇ ਮਜ਼ਦੂਰਾਂ ਦੀਆਂ ਸੰਵਿਧਾਨਕ ਹੱਕੀ ਮੰਗਾਂ ਨੂੰ ਲਾਗੂ ਕਰਵਾਉਣ, ਕੇਂਦਰ ਦੀ ਮੋਦੀ ਸਰਕਾਰ ਤੇ ਪੰਜਾਬ ਸਰਕਾਰ ਦੀਆਂ ਸਰਮਾਏਦਾਰ, ਕਾਰਪੋਰੇਟ ਘਰਾਣਿਆਂ ਦੇ ਪੱਖ ਦੀਆਂ ਨੀਤੀਆਂ ਤੇ ਗਰੀਬਾਂ, ਮਜ਼ਦੂਰਾਂ ਦੇ ਵਿਰੋਧੀ ਨੀਤੀਆਂ ਕਰਕੇ ਦੇਸ਼ ਤੇ ਸੂਬੇ ਅੰਦਰ ਬੇਰੁਜ਼ਗਾਰੀ, ਮਹਿੰਗਾਈ, ਭੁੱਖਮਰੀ ਵਧਣ ਕਾਰਨ, ਗਰੀਬੀ ਅਮੀਰੀ ਵਿੱਚ ਆਪਸੀ ਪਾੜਾ ਵਧ ਰਿਹਾ ਹੈ, ਜਿਸ ਕਾਰਨ ਗਰੀਬ ਵਰਗਾਂ ਦੇ ਬੇਜ਼ਮੀਨੇ, ਬੇਸਾਧਨੇ, ਬੇਰੋਜ਼ਗਾਰ ਗਰੀਬ ਲੋਕ ਭੁੱਖੇ ਮਰਨ ਲਈ ਮਜਬੂਰ ਹੋ ਰਹੇ ਹਨ, ਜਿਸ ਕਰਕੇ ਮਜ਼ਦੂਰਾਂ ਨੂੰ ਵਿਸ਼ਾਲ ਏਕਾ ਉਸਾਰ ਕੇ ਤਿੱਖੇ ਸੰਘਰਸ਼ ਕਰਨ ਦੀ ਲੋੜ ਹੈ।ਇਸ ਮੌਕੇ ਸੱਤਕਰਤਾਰ ਸਿੰਘ, ਬਹਾਦਰ ਸਿੰਘ, ਮੋਹਣ ਸਿੰਘ, ਛੋਟਾ ਸਿੰਘ, ਅਮਨਦੀਪ ਕੌਰ, ਲਾਭ ਕੌਰ, ਮਨਜੀਤ ਕੌਰ, ਕਰਮਜੀਤ ਕੌਰ, ਪਿਆਰਾ ਸਿੰਘ, ਕਾਲਾ ਸਿੰਘ, ਸਿੰਦਰ ਕੌਰ, ਗੁਰਦੇਵ ਕੌਰ, ਰਣਜੀਤ ਕੌਰ, ਹਰਪਾਲ ਕੌਰ ਮਹਿਲ ਕਲਾਂ, ਭੋਲਾ ਸਿੰਘ, ਸਿੰਦਰ ਸਿੰਘ, ਰਾਮ ਸਿੰਘ, ਨਿਰਪਾਲ ਸਿੰਘ, ਅਮਨਦੀਪ ਕੌਰ, ਮਨਪ੍ਰੀਤ ਕੌਰ, ਗੁਰਮੀਤ ਕੌਰ, ਸ਼ਰਨਪ੍ਰੀਤ ਕੌਰ, ਰਮਨਪ੍ਰੀਤ ਕੌਰ ਲੋਹਗੜ੍ਹ ਹਾਜ਼ਰ ਸਨ।

## ਬੀ ਕੇ ਯੂ ਡਕੌਂਦਾ ਦੀ ਟੀਮ ਵੱਲੋਂ ਅਨਾਜ ਮੰਡੀਆਂ ਦਾ ਦੌਰਾ



**ਬੋਹਾ (ਨਿਰੰਜਣ ਬੋਹਾ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਜ਼ਿਲ੍ਹਾ ਟੀਮ ਤੇ ਸੂਬਾ ਆਗੂਆਂ ਵੱਲੋਂ ਮਾਨਸਾ ਜ਼ਿਲ੍ਹੇ ਅੰਦਰ ਪਿੰਡਾਂ ਦੀਆਂ ਅਨਾਜ ਮੰਡੀਆਂ ਦਾ ਦੌਰਾ ਕੀਤਾ ਗਿਆ।ਟੀਮ ਦੇ ਬੋਹਾ ਪਹੁੰਚਣ 'ਤੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਲਛਮਣ ਸਿੰਘ ਚੱਕ ਅਲੀਸ਼ੇਰ ਨੇ ਦੱਸਿਆ ਕਿ ਅੱਜ ਚੱਕ ਅਲੀਸ਼ੇਰ, ਮਘਾਣੀਆਂ, ਰਿਉਂਦ ਕਲਾਂ, ਬੋਹਾ, ਭੱਠਲ ਆਦਿ ਪਿੰਡਾਂ ਦੀਆਂ ਮੰਡੀਆਂ ਦਾ ਦੌਰਾ ਕਰਨ 'ਤੇ ਪਤਾ ਲੱਗਿਆ ਕਿ ਮੰਡੀਆਂ ਵਿੱਚ ਕਣਕ ਦੇ ਅੰਬਾਰ ਲੱਗ ਰਹੇ ਹਨ, ਜੋ ਸਰਕਾਰ ਦੇ ਇਸ ਦਾਅਵੇ ਨੂੰ ਨਕਾਰਦੇ ਹਨ ਕਿ ਸਾਰੀਆਂ ਮੰਡੀਆਂ ਵਿੱਚ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾ ਕਿਹਾ ਕਿ ਇੱਕ ਅਪ੍ਰੈਲ ਤੋਂ ਕਣਕ ਦੀ ਖਰੀਦ ਸ਼ੁਰੂ ਹੈ, ਪਰ 17 ਅਪ੍ਰੈਲ ਤੱਕ ਨਾ-ਮਾਤਰ ਬੋਲੀ ਲੱਗੀ ਹੈ। ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਇਸੇ ਤਰ੍ਹਾਂ ਕਣਕ ਦੀ ਖਰੀਦ ਨੂੰ ਲੈ ਕੇ ਢਿੱਲ ਵਰਤੀ ਗਈ ਤਾਂ ਜਥੇਬੰਦੀ ਵੱਲੋਂ ਕੋਈ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।ਉਨ੍ਹਾ ਮੰਗ ਕੀਤੀ ਕਿ ਮਾਨਸਾ ਜ਼ਿਲ੍ਹੇ ਅੰਦਰ ਗੜ੍ਹੇਮਾਰੀ ਤੇ ਮੀਂਹ, ਝੱਖੜ ਨਾਲ ਕਣਕ, ਸਰ੍ਹੋਂ ਤੇ ਹੋਰ ਫ਼ਸਲਾਂ ਦਾ ਜਿਹੜਾ ਨੁਕਸਾਨ ਹੋਇਆ ਹੈ, ਸਰਕਾਰ ਉਸ ਦੀ ਗਿਰਦਾਵਰੀ ਕਰਵਾ ਕੇ ਕਿਸਾਨਾਂ ਨੂੰ ਛੇਤੀ ਤੋਂ ਛੇਤੀ ਮੁਆਵਜ਼ਾ ਦੇਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਭੈਣੀਬਾਘਾ, ਸੱਤਪਾਲ ਸਿੰਘ ਵਰ੍ਹੇ, ਮਨਜੀਤ ਸਿੰਘ ਉੱਲਕ, ਜਗਰਾਜ ਸਿੰਘ ਅਹਿਮਦਪੁਰ ਤੋਂ ਇਲਾਵਾ ਹੋਰ ਆਗੂ ਮੌਜੂਦ ਸਨ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਬਲਾਕ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਸਥਾਨਕ ਰੈਸਟ ਹਾਊਸ ਫਰੀਦਕੋਟ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਡਾਕਟਰ ਅੰਮ੍ਰਿਤ ਪਾਲ ਸਿੰਘ ਟਹਿਣਾ ਨੇ ਕੀਤੀ ਤੇ ਮੁੱਖ ਮਹਿਮਾਨਾਂ ਨੂੰ 'ਜੀ ਆਇਆਂ' ਕਿਹਾ।ਡਾਕਟਰ ਰਸ਼ਪਾਲ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਕੈਸ਼ੀਅਰ ਡਾਕਟਰ ਐੱਚ ਐੱਸ ਵੋਹਰਾ ਜ਼ਿਲ੍ਹਾ ਡੈਲੀਗੇਟ, ਡਾਕਟਰ ਵਿਜੇ ਪਾਲ ਕੰਮਿਆਣਾ, ਡਾਕਟਰ ਗੁਰਤੇਜ ਸਿੰਘ ਦਾਨਾ ਰੁਮਾਣਾ ਵੀ ਵਿਸ਼ੇਸ਼ ਤੌਰ 'ਤੇ ਪੁੱਜੇ।ਬਲਾਕ ਪ੍ਰਧਾਨ ਡਾਕਟਰ ਅੰਮ੍ਰਿਤਪਾਲ ਸਿੰਘ ਟਹਿਣਾ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਸ਼ੋਕ ਸਮਾਚਾਰ ਨਾਲ ਸ਼ੁਰੂਆਤ ਕੀਤੀ। ਇਹ ਸ਼ੋਕ ਸਮਾਚਾਰ ਡਾਕਟਰ ਹਰਜਿੰਦਰ ਪਾਲ ਪੱਖੀ ਦੇ ਪਿਤਾ ਪੂਜਨੀਕ ਸ੍ਰੀ ਚੇਤ ਰਾਮ ਸ਼ਰਮਾ ਤੇ ਡਾਕਟਰ ਸਿਮਰਜੀਤ ਸਿੰਘ ਦੇ ਦਾਦਾ ਮਹਿੰਦਰ ਸਿੰਘ, ਜੋ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ ਦੇ ਵਿਛੋੜੇ ਨੂੰ ਯਾਦ ਕਰਦਿਆਂ ਤੇ ਪਰਿਵਾਰ ਨੂੰ ਵਾਹਿਗੁਰੂ ਦੇ ਭਾਣੇ ਵਿੱਚ ਰਹਿਣ ਲਈ ਅਰਦਾਸ ਕੀਤੀ। ਜ਼ਿਲ੍ਹਾ ਪ੍ਰਧਾਨ ਡਾਕਟਰ ਰਸ਼ਪਾਲ ਸਿੰਘ ਸੰਧੂ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਤਜਰਬੇ ਦੇ ਆਧਾਰ 'ਤੇ ਥੋੜ੍ਹੇ ਸਮੇਂ ਦਾ ਕੋਰਸ ਕਰਵਾ ਕੇ ਪ੍ਰੈਕਟਿਸ ਦੀ ਮਾਨਤਾ ਦਿੱਤੀ ਜਾਵੇ।ਇਸ ਮੌਕੇ ਡਾਕਟਰ ਸੇਵਕ ਸਿੰਘ ਬਰਾੜ ਸੀਨੀਅਰ ਮੀਤ ਪ੍ਰਧਾਨ, ਡਾਕਟਰ ਗੁਰਮੀਤ ਸਿੰਘ ਢੁੱਡੀ ਬਲਾਕ ਕੈਸ਼ੀਅਰ, ਡਾਕਟਰ ਮੰਦਰ ਸਿੰਘ, ਡਾਕਟਰ ਜਗਦੀਸ਼ ਦੂਆ, ਡਾਕਟਰ ਧਰਮ ਪਰਵਾਨਾ ਨਵਾਂ ਕਿਲ੍ਹਾ, ਡਾਕਟਰ ਗੁਰਪ੍ਰੀਤ ਸਿੰਘ, ਡਾਕਟਰ ਭੀਮ, ਡਾਕਟਰ, ਮਨਜੀਤ ਸਿੰਘ, ਡਾਕਟਰ ਗੁਰਵਿੰਦਰ ਸਿੰਘ ਸਮੇਤ ਮੀਟਿੰਗ ਵਿੱਚ 100 ਤੋਂ ਵੱਧ ਡਾਕਟਰ ਸਾਥੀ ਸ਼ਾਮਲ ਹੋਏ।ਇਹ ਜਾਣਕਾਰੀ ਡਾਕਟਰ ਯਸ਼ਪਾਲ ਗੁਲਾਟੀ ਪ੍ਰੈੱਸ ਸਕੱਤਰ ਨੇ ਦਿੱਤੀ। ਅਖੀਰ 'ਚ ਬਲਾਕ ਪ੍ਰਧਾਨ ਡਾਕਟਰ ਅੰਮ੍ਰਿਤਪਾਲ ਸਿੰਘ ਟਹਿਣਾ ਨੇ ਆਏ ਹੋਏ ਮਹਿਮਾਨਾਂ ਤੇ ਸਾਰੇ ਡਾਕਟਰ ਸਾਥੀਆਂ ਦਾ ਧੰਨਵਾਦ ਕੀਤਾ।

## ਸਰਾਰੀ ਨੇ ਲੱਖੋ ਕੇ ਬਹਿਰਾਮ 'ਚ ਕਣਕ ਦੀ ਖਰੀਦ ਸ਼ੁਰੂ ਕਰਵਾਈ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਮਾਰਕੀਟ ਕਮੇਟੀ ਮਮਦੋਟ ਅਧੀਨ ਆਉਂਦੇ ਖਰੀਦ ਕੇਂਦਰ ਲੱਖੋ ਕਿ ਬਹਿਰਾਮ ਵਿਖੇ ਹਲਕਾ ਗੁਰੂ ਹਰਸਾਏ ਦੇ ਵਿਧਾਇਕ ਸ੍ਰ. ਫੌਜਾ ਸਿੰਘ ਸਰਾਰੀ, ਮਾਰਕੀਟ ਕਮੇਟੀ ਮਮਦੋਟ ਦੇ ਚੇਅਰਮੈਨ ਬਲਰਾਜ ਸਿੰਘ ਸੰਧੂ ਤੇ ਸਕੱਤਰ ਬਿਕਰਮਜੀਤ ਸਿੰਘ ਸੰਧੂ ਵੱਲੋਂ ਅੱਜ ਦਾਣਾ ਮੰਡੀ ਲੱਖੋ ਕੇ ਬਹਿਰਾਮ ਵਿਖੇ ਕਣਕ ਦੀ ਸਰਕਾਰੀ ਖਰੀਦ ਦੀ ਰਸਮੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਭਲਾਈ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ ਤੇ ਮੰਡੀਆਂ ਵਿੱਚ ਖਰੀਦ ਕਾਰਜ ਪੂਰੀ ਪਾਰਦਰਸ਼ਤਾ ਨਾਲ ਚਲਾਇਆ ਜਾ ਰਿਹਾ ਹੈ।

ਉਨ੍ਹਾਂ ਮੰਡੀ ਵਿੱਚ ਪਹੁੰਚ ਕੇ ਪ੍ਰਬੰਧਾਂ ਦੀ ਨਿਗਰਾਨੀ ਕੀਤੀ ਤੇ ਕਿਸਾਨਾਂ ਨਾਲ ਰੁਬਰੂ ਹੋ ਕੇ ਉਨ੍ਹਾਂ ਦੇ ਸੁਝਾਅ ਵੀ ਸੁਣੇ।ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਚੇਅਰਮੈਨ ਬਲਰਾਜ ਸਿੰਘ ਸੰਧੂ ਤੇ ਸਕੱਤਰ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਮੰਡੀ ਵਿੱਚ ਹਰ ਕਿਸਮ ਦੀ ਸਹੂਲਤ ਯਕੀਨੀ ਬਣਾਈ ਗਈ ਹੈ, ਤਾਂ ਜੋ ਕਿਸਾਨਾਂ ਨੂੰ ਕੋਈ ਦਿੱਕਤ ਨਾ ਆਵੇ।ਸਫਾਈ ਤੋਂ ਲੈ ਕੇ ਤੋਲ ਤੇ ਭੁਗਤਾਨ ਤੱਕ ਦੀ ਪ੍ਰਕਿਰਿਆ ਤੇਜ਼ ਤੇ ਪਾਰਦਰਸ਼ੀ ਬਣਾਈ ਗਈ ਹੈ।ਇਸ ਮੌਕੇ ਕੁਲਦੀਪ ਸਿੰਘ (ਸਰਪੰਚ ਜਤਾਲਾ), ਨਿਰਵੈਰ ਸਿੰਘ (ਕਿੱਲੀ), ਸੰਦੀਪ ਕੁਮਾਰ ਸੋਨੀ (ਮਮਦੋਟ) ਪੂਰਨ ਸਿੰਘ, ਸੰਦੀਪ ਸਿੰਘ, ਦਲੇਰ ਚੰਦ ਤੇ ਕਈ ਹੋਰ ਵਰਕਰ ਤੇ ਕਿਸਾਨ ਮੌਜੂਦ ਸਨ।

## ...ਸ.ਫਾ 1 ਦੇ ਬਾਕੀ

### ਹਰ ਪਿੰਡ ਵਿੱਚ ਕਿਸਾਨ...



ਕਾਨਫਰੰਸ ਵਿੱਚ ਪੰਜਾਬ ਵਿੱਚੋਂ 36 ਡੈਲੀਗੇਟਾਂ ਨੇ ਹਿੱਸਾ ਲਿਆ। ਤਸਵੀਰ ਵਿੱਚ ਬਲਦੇਵ ਸਿੰਘ ਨਿਹਾਲਗੜ੍ਹ, ਬਲਕਰਨ ਸਿੰਘ ਬਰਾੜ, ਕੁਲਵੰਤ ਸਿੰਘ ਮੌਲਵੀਵਾਲ, ਸੂਰਤ ਸਿੰਘ ਧਰਮਕੋਟ, ਕਸ਼ਮੀਰ ਸਿੰਘ ਅਰਾਈਆਂਵਾਲਾ, ਮਹਿਲ ਸਿੰਘ ਸੰਧੂ, ਰਜਿੰਦਰ ਸਿੰਘ ਰਾਣਾ, ਜਸਵੀਰ ਸਿੰਘ ਝੱਜ, ਚਮਕੌਰ ਸਿੰਘ, ਗੁਰਨਾਮ ਸਿੰਘ ਔਲਖ, ਸੁਰਿੰਦਰ ਢੰਡੀਆਂ, ਹੰਸ ਰਾਜ ਗੋਲਡਨ, ਮੁਕੰਦ ਸਿੰਘ, ਪ੍ਰੋ. ਬਲਦੇਵ ਸਿੰਘ ਵੇਰਕਾ, ਰਾਜ ਗੋਬਿੰਦ ਸਿੰਘ, ਨਿਰਮਲ ਸਿੰਘ ਬਟਰਿਆਣਾ, ਹਰਦਿਆਲ ਸਿੰਘ ਘਾਲੀ, ਮਹਾਂਵੀਰ ਸਿੰਘ ਪੱਟੀ, ਵਜ਼ੀਰ ਚੰਦ ਫਾਜ਼ਿਲਕਾ, ਅਮਰਜੀਤ ਸਿੰਘ ਟਿੱਬਾ, ਜਸਵਿੰਦਰ ਸਿੰਘ ਟਿੱਬਾ, ਸੁਖਚੈਨ ਸਿੰਘ, ਬ੍ਰਿਜ ਲਾਲ, ਜਸਬੀਰ ਸਿੰਘ, ਰੂਪ ਸਿੰਘ ਢਿੱਲੋਂ, ਕਰਨੈਲ ਸਿੰਘ ਭੀਖੀ, ਸੁਰਜੀਤ ਸਿੰਘ ਅਤੇ ਅਮਰੀਕ ਸਿੰਘ ਆਦਿ ਨਜ਼ਰ ਆ ਰਹੇ ਹਨ। (ਫੋਟੋ ਤੇ ਵੇਰਵਾ: ਗਿਆਨ ਸੈਦਪੁਰੀ)

ਉਨ੍ਹਾ ਦਾ ਸਵਾਗਤ ਕਰਦਾ ਹੈ। ਉਨ੍ਹਾ ਹਰ ਸਵਾਲ ਦਾ ਤਸੱਲੀਬਖਸ਼ ਜਵਾਬ ਦੇਣ ਦੀ ਕੋਸ਼ਿਸ਼ ਕੀਤੀ। ਇਸੇ ਦੌਰਾਨ ਉਨ੍ਹਾ ਕਿਹਾ ਕਿ ਹਾਕਮ ਧਿਰ ਵੱਲੋਂ ਸਾਇੰਸ ਅਤੇ ਤਕਨੀਕ ਦੀ ਵਰਤੋਂ ਨਾਲ ਲਾਲਚੀ ਮਾਨਸਿਕਤਾ ਅਧੀਨ ਦੇਸ਼ ਦੀ ਹਰ ਤਰ੍ਹਾਂ ਦੀ ਦੌਲਤ ਲੁੱਟੀ ਜਾ ਰਹੀ ਹੈ। ਹਾਕਮਾਂ ਦੀ ਇਸ ਲੁੱਟ ਨੂੰ ਰੋਕਣ ਲਈ ਢੰਗ ਤਰੀਕੇ ਸਾਨੂੰ ਆਪ ਤੈਅ ਕਰਨੇ ਹੋਣਗੇ। ਉਨ੍ਹਾਂ ਇਹ ਵੀ ਕਿਹਾ ਕਿ ਸਾਨੂੰ ਵੀ ਸੋਸ਼ਲ ਮੀਡੀਆ ਦੀ ਵਰਤੋਂ ਢੰਗ ਨਾਲ ਕਰਨੀ ਚਾਹੀਦੀ ਹੈ। ਕਈ ਵਾਰ ਸਾਡੇ ਬੰਦੇ ਮਾਮੂਲੀ ਜਿਹਾ ਕੋਈ ਕੰਮ ਕਰਕੇ ਉਸ ਨੂੰ ਵੱਡਾ ਦਿਖਾਉਣ ਲਈ ਵੀਡੀਓ ਵਾਇਰਲ ਕਰਨ ਲੱਗੇ ਰਹਿੰਦੇ ਹਨ। ਇਹ ਤਰੀਕਾ ਫਾਇਦਾ ਕਰਨ ਦੀ ਥਾਂ ਨੁਕਸਾਨ ਹੀ ਕਰਦਾ ਹੈ। ਰਾਜਨ ਨੇ ਕਿਸਾਨ ਆਗੂਆਂ ਨੂੰ ਵੀ ਸਲਾਹ ਦਿੱਤੀ ਕਿ ਤੜਕ-ਭੜਕ ਦੀ ਜ਼ਿੰਦਗੀ ਤੋਂ ਗੁਰੇਜ਼ ਕਰਨ। ਜ਼ਿੰਦਗੀ ਜੀਊਣ ਲਈ ਸਾਨੂੰ ਸਵਾਮੀ ਸਹਿਜਾਨੰਦ ਸਰਸਵਤੀ, ਤੇਜਾ ਸਿੰਘ ਸੁਤੰਤਰ ਵਰਗੇ ਪੁਰਾਣੇ ਆਗੂਆਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਪ੍ਰਧਾਨ ਨੇ ਨੌਜਵਾਨ ਕਿਸਾਨਾਂ ਨੂੰ ਅੱਗੇ ਆਉਣ ਦਾ ਵੀ ਸੱਦਾ ਦਿੱਤਾ।

ਕਾਮਰੇਡ ਰਾਜਨ ਸੀ ਸਾਗਰ ਨੇ ਆਖਰ ਵਿੱਚ ਸੱਦਾ ਦਿੱਤਾ ਕਿ ਪਹਿਲੀ ਮਈ ਤੋਂ 20 ਮਈ ਤੱਕ ਵਿਸ਼ੇਸ਼ ਮੁਹਿੰਮ ਚਲਾਈ ਜਾਵੇ। ਇਹ ਮੁਹਿੰਮ ਇੱਕ ਲੱਖ ਪਿੰਡਾਂ ਤੱਕ ਜਾਣੀ ਚਾਹੀਦੀ ਹੈ। ਉਨ੍ਹਾ ਹਰ ਪਿੰਡ ਵਿੱਚ ਕਿਸਾਨ ਸੰਸਦ ਬਣਾਉਣ ਦਾ ਵੀ ਸੁਝਾਅ ਦਿੱਤਾ।

### ਰਾਸ਼ਟਰਪਤੀ ਨੂੰ ਸਮੇਂ...

ਨੇ ਕਿਹਾ ਕਿ ਉਨ੍ਹਾ ਆਪਣੀ ਜ਼ਿੰਦਗੀ ਵਿੱਚ ਕਦੇ ਨਹੀਂ ਸੋਚਿਆ ਸੀ ਕਿ ਇਹ ਦੇਖਣ ਦਾ ਮੌਕਾ ਮਿਲੇਗਾ। ਉਨ੍ਹਾ ਦਰਸ਼ਕਾਂ ਨੂੰ ਯਾਦ ਦਿਵਾਇਆ ਕਿ ਭਾਰਤ ਦਾ ਰਾਸ਼ਟਰਪਤੀ ਇਕ ਬਹੁਤ ਹੀ ਉੱਚਾ ਅਹੁਦਾ ਹੈ।

ਉਨ੍ਹਾ ਕਿਹਾ, 'ਰਾਸ਼ਟਰਪਤੀ ਸੰਵਿਧਾਨ ਦੀ ਰੱਖਿਆ ਅਤੇ ਬਚਾਅ ਲਈ ਸਹੁੰ ਚੁੱਕਦੇ ਹਨ। ਮੰਤਰੀ, ਉਪ ਰਾਸ਼ਟਰਪਤੀ, ਸੰਸਦ ਮੈਂਬਰ ਅਤੇ ਜੱਜਾਂ ਸਮੇਤ ਹੋਰ ਲੋਕ ਸੰਵਿਧਾਨ ਦੀ ਪਾਲਣਾ ਕਰਨ ਦੀ ਸਹੁੰ ਚੁੱਕਦੇ ਹਨ।' ਧਨਖੜ ਨੇ ਕਿਹਾ, 'ਸਾਡੇ ਕੋਲ ਅਜਿਹੀ ਸਥਿਤੀ ਨਹੀਂ ਹੋ ਸਕਦੀ, ਜਿੱਥੇ ਤੁਸੀਂ ਭਾਰਤ ਦੇ ਰਾਸ਼ਟਰਪਤੀ ਨੂੰ ਨਿਰਦੇਸ਼ ਦਿੰਦੇ ਹੋ ਅਤੇ ਕਿਸ ਆਧਾਰ 'ਤੇ? ਸੰਵਿਧਾਨ ਦੇ ਤਹਿਤ ਤੁਹਾਡੇ ਕੋਲ ਇੱਕੋ-ਇੱਕ ਅਧਿਕਾਰ ਹੈ ਕਿ ਤੁਸੀਂ ਧਾਰਾ 145 (3) ਦੇ ਤਹਿਤ ਸੰਵਿਧਾਨ ਦੀ ਵਿਆਖਿਆ ਕਰੋ। ਉੱਥੇ ਪੰਜ ਜੱਜ ਜਾਂ ਇਸ ਤੋਂ ਵੱਧ ਹੋਣੇ ਚਾਹੀਦੇ ਹਨ।'

### ਮਰਜ਼ੀ ਨਾਲ ਵਿਆਹ...

ਜਸਟਿਸ ਸੌਰਭ ਸ੍ਰੀਵਾਸਤਵ ਨੇ ਇਹ ਟਿੱਪਣੀ ਸ਼੍ਰੇਆ ਕੇਸਰਵਾਨੀ ਅਤੇ ਉਸ ਦੇ ਪਤੀ ਵੱਲੋਂ ਪੁਲਸ ਸੁਰੱਖਿਆ ਅਤੇ ਨਿੱਜੀ ਪ੍ਰਤੀਵਾਦੀਆਂ ਨੂੰ ਉਨ੍ਹਾਂ ਦੇ ਸ਼ਾਂਤੀਪੂਰਨ ਵਿਆਹੁਤਾ ਜੀਵਨ ਵਿੱਚ ਦਖਲ ਨਾ ਦੇਣ ਦੇ ਨਿਰਦੇਸ਼ ਦੀ ਮੰਗ ਕਰਨ ਵਾਲੀ ਰਿੱਟ ਪਟੀਸ਼ਨ 'ਤੇ ਸੁਣਵਾਈ ਦੌਰਾਨ ਕੀਤੀ। ਅਦਾਲਤ ਨੇ ਪਟੀਸ਼ਨ ਵਿੱਚ ਕੀਤੀਆਂ ਗਈਆਂ ਦਲੀਲਾਂ ਨੂੰ ਦੇਖਣ ਤੋਂ ਬਾਅਦ ਅਤੇ ਇਹ ਨੋਟ ਕਰਦੇ ਹੋਏ ਕਿ ਪਟੀਸ਼ਨਰਾਂ ਨੂੰ ਕੋਈ ਗੰਭੀਰ ਖਤਰਾ ਨਹੀਂ ਸੀ, ਉਨ੍ਹਾਂ ਦੀ ਰਿੱਟ ਪਟੀਸ਼ਨ ਦਾ ਨਿਪਟਾਰਾ ਕਰ ਦਿੱਤਾ। ਅਦਾਲਤ ਨੇ ਰਿੱਟ ਪਟੀਸ਼ਨ ਦਾ ਨਿਪਟਾਰਾ ਕਰਦੇ ਹੋਏ ਕਿਹਾ, "ਲਤਾ ਸਿੰਘ ਬਨਾਮ ਯੂ ਪੀ ਰਾਜ ਅਤੇ ਇੱਕ ਹੋਰ ਮਾਮਲੇ ਵਿੱਚ ਸੁਪਰੀਮ ਕੋਰਟ ਵੱਲੋਂ ਦਿੱਤੇ ਗਏ ਫੈਸਲੇ ਦੇ ਮੱਦੇਨਜ਼ਰ ਉਨ੍ਹਾਂ ਨੂੰ ਪੁਲਸ ਸੁਰੱਖਿਆ ਪ੍ਰਦਾਨ ਕਰਨ ਲਈ ਕੋਈ ਹੁਕਮ ਪਾਸ ਕਰਨ ਦੀ ਲੋੜ ਨਹੀਂ ਹੈ, ਜਿੱਥੇ ਇਹ ਮੰਨਿਆ ਗਿਆ ਹੈ ਕਿ ਅਦਾਲਤਾਂ ਅਜਿਹੇ ਨੌਜਵਾਨਾਂ ਨੂੰ ਸੁਰੱਖਿਆ ਪ੍ਰਦਾਨ ਕਰਨ ਲਈ ਨਹੀਂ ਹਨ, ਜੋ ਆਪਣੀ ਇੱਛਾ ਅਨੁਸਾਰ ਵਿਆਹ ਕਰਨ ਲਈ ਭੱਜ ਗਏ ਹਨ।" ਅਦਾਲਤ ਨੇ ਇਹ ਵੀ ਕਿਹਾ ਕਿ ਇਹ ਸਿੱਟਾ ਕੱਢਣ ਦਾ ਕੋਈ ਠੋਸ ਕਾਰਨ ਨਹੀਂ ਹੈ ਕਿ ਪਟੀਸ਼ਨਰਾਂ ਦੀ ਜ਼ਿੰਦਗੀ ਅਤੇ ਆਜ਼ਾਦੀ ਖਤਰੇ ਵਿੱਚ ਹੈ। ਅਦਾਲਤ ਨੇ ਕਿਹਾ, "ਇਸ ਗੱਲ ਦਾ ਰਤੀ ਭਰ ਵੀ ਸਬੂਤ ਨਹੀਂ ਹੈ ਕਿ ਨਿੱਜੀ ਜਵਾਬਦੇਹ (ਕਿਸੇ ਵੀ ਪਟੀਸ਼ਨਰ ਦੇ ਰਿਸ਼ਤੇਦਾਰ) ਪਟੀਸ਼ਨਰਾਂ 'ਤੇ ਸਰੀਰਕ ਜਾਂ ਮਾਨਸਿਕ ਹਮਲਾ ਕਰਨ ਦੀ ਸੰਭਾਵਨਾ ਰੱਖਦੇ ਹਨ।"

## ਦੇਸ਼ ਭਗਤ 'ਵਰਸਿਟੀ ਦੇ ਸਕੂਲ ਆਫ਼ ਨਰਸਿੰਗ ਦਾ ਸਹੁੰ ਚੁੱਕ ਸਮਾਗਮ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਸਕੂਲ ਆਫ਼ ਨਰਸਿੰਗ ਵੱਲੋਂ ਨਵੇਂ ਨਰਸਿੰਗ ਵਿਦਿਆਰਥੀਆਂ ਦੀ ਪੇਸ਼ੇ ਪ੍ਰਤੀ ਵਚਨਬੱਧਤਾ ਦਾ ਜਸ਼ਨ ਮਨਾਉਂਦੇ ਹੋਏ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਸਮੇਤ ਕਈ ਪਤਵੰਤੇ ਸ਼ਾਮਲ ਹੋਏ, ਜਿਨ੍ਹਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਮਾਰੋਹ ਦੀ ਸ਼ੁਰੂਆਤ ਸਕੂਲ ਆਫ਼ ਨਰਸਿੰਗ ਦੀ ਪ੍ਰਿੰਸੀਪਲ ਡਾ. ਲਵਸੰਪੂਰਨਜੋਤ ਕੌਰ ਤੇ ਵਿਭਾਗ ਦੇ ਮੁਖੀ ਡਾ. ਪ੍ਰਭਜੋਤ ਸਿੰਘ ਦੁਆਰਾ ਮਹਿਮਾਨਾਂ ਦੇ ਸਵਾਗਤ ਨਾਲ ਹੋਈ। ਇਸ ਪ੍ਰੋਗਰਾਮ ਵਿੱਚ ਬੀ.ਐੱਸਸੀ. ਨਰਸਿੰਗ ਪਹਿਲੇ ਸਮੈਸਟਰ ਤੇ ਜੀ.ਐੱਨ.ਐੱਮ. ਪਹਿਲੇ ਸਾਲ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਸ ਦਾ ਪ੍ਰਬੰਧ ਐਸੋਸੀਏਟ ਪ੍ਰੋਫੈਸਰ ਸ੍ਰੀਮਤੀ ਸੁਨੈਨਾ ਸ਼ਰਮਾ ਨੇ ਫੈਕਲਟੀ ਦੇ ਨਾਲ ਕੀਤਾ। ਇਸ ਦੌਰਾਨ ਭੁਪਿੰਦਰ ਕੌਰ ਨਰਸਿੰਗ ਟਿਊਟਰ ਨੇ ਸਹੁੰ ਚੁੱਕ ਸਮਾਗਮ ਦੇ ਇਤਿਹਾਸ ਤੇ ਮਹੱਤਵ ਬਾਰੇ ਇੱਕ ਗਿਆਨਵਰਧਕ ਪੇਸ਼ਕਾਰੀ ਦਿੱਤੀ, ਜਿਸ ਵਿੱਚ ਨੈਤਿਕ ਤੇ ਹਮਦਰਦੀ ਭਰੀ ਸਿਹਤ ਸੰਭਾਲ ਨੂੰ ਉਤਸ਼ਾਹਤ ਕਰਨ ਵਿੱਚ ਇਸ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਗਿਆ।

## ਮੁੱਖ ਮੰਤਰੀ ਦੇ ਉਪਰਾਲਿਆਂ ਸਦਕਾ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ : ਖੁੱਡੀਆਂ

### ਖੇਤੀਬਾੜੀ ਮੰਤਰੀ ਨੇ ਵੱਖ-ਵੱਖ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ



**ਲੰਬੀ (ਗੁਰਮੀਤ ਸਿੰਘ ਮੱਕੜ)**-ਸਿੱਖਿਆ ਕ੍ਰਾਂਤੀ ਤਹਿਤ ਖੇਤੀਬਾੜੀ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਫਤੂਹੀ ਖੇੜਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਤੂਹੀ ਖੇੜਾ, ਸਰਕਾਰੀ ਪ੍ਰਾਇਮਰੀ ਸਕੂਲ ਸ਼ੇਰਾਂਵਾਲੀ, ਸਰਕਾਰੀ ਹਾਈ ਸਕੂਲ ਸ਼ੇਰਾਂਵਾਲੀ, ਸਰਕਾਰੀ ਪ੍ਰਾਇਮਰੀ ਸਕੂਲ ਤਰਮਾਲਾ, ਸਰਕਾਰੀ ਸਰਕਾਰੀ ਹਾਈ ਸਕੂਲ ਤਰਮਾਲਾ, ਸਰਕਾਰੀ ਪ੍ਰਾਇਮਰੀ ਸਕੂਲ ਢਾਣੀ ਤੇਲੀਆਂ ਵਾਲੀ, ਸਰਕਾਰੀ ਮਿਡਲ ਸਕੂਲ ਢਾਣੀ ਤੇਲੀਆਂ ਵਾਲੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਦੂ ਖੇੜਾ, ਸਰਕਾਰੀ ਪ੍ਰਾਇਮਰੀ ਸਕੂਲ ਭੀਟੀਵਾਲਾ ਵਿਖੇ 1 ਕਰੋੜ 42 ਲੱਖ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਤ ਕੀਤੇ ਗਏ। ਇਸ ਮੌਕੇ ਸ੍ਰ. ਖੁੱਡੀਆਂ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਤੇ ਮਾਨਯੋਗ ਸਿੱਖਿਆ ਮੰਤਰੀ ਪੰਜਾਬ ਸ੍ਰ. ਹਰਜੋਤ ਸਿੰਘ ਬੈਂਸ ਦੀ ਯੋਗ ਰਹਿਨੁਮਾਈ ਹੇਠ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ, ਜਿਸ ਨਾਲ ਸਿੱਖਿਆ ਦਾ ਪੱਧਰ ਹੋਰ ਉੱਚਾ ਹੋਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਮੋਂਗਾ ਜ਼ਿਲ੍ਹਾ ਸਿੱਖਿਆ ਅਫਸਰ, ਰਾਜਿੰਦਰ ਕੁਮਾਰ ਸੋਨੀ ਡਿਪਟੀ ਡੀ.ਈ.ਓ. ਸੈਕੰਡਰੀ, ਅਜੇ ਕੁਮਾਰ ਸ਼ਰਮਾ ਡਿਪਟੀ ਡੀ.ਈ.ਓ. ਐਲੀਮੈਂਟਰੀ, ਬੀਐੱਨਓ ਲੰਬੀ ਓਮਦੀਪ ਸਿੰਘ, ਹਰਮੀਤ ਸਿੰਘ ਹੈੱਡਮਾਸਟਰ ਤੇ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਜਸਵਿੰਦਰ ਪਾਲ ਸ਼ਰਮਾ ਹਾਜ਼ਰ ਸਨ।

## ਹਵਾਲਦਾਰ 'ਤੇ ਲੱਗੇ ਜੇਬ 'ਚੋਂ 2000 ਰੁਪਏ ਕੱਢਣ ਤੇ ਕੁੱਟਮਾਰ ਦੇ ਇਲਜ਼ਾਮ

### ਮੁੱਦਈ ਕੁਝ ਦਿਨ ਪਹਿਲਾਂ ਹੋਏ ਝਗੜੇ ਦਾ ਨਤੀਜਾ ਦੇਣ ਗਏ ਸੀ ਚੌਕੀ ਸੁਰਸਿੰਘ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਥਾਣਾ ਭਿੱਖੀਵਿੰਡ ਅਧੀਨ ਆਉਂਦੇ ਪਿੰਡ ਬੈਂਕਾਂ ਤੋਂ ਦੋ ਭਰਾਵਾਂ ਨੇ ਪੁਲਸ ਚੌਕੀ ਸੁਰਸਿੰਘ ਦੇ ਹਵਾਲਦਾਰ 'ਤੇ 2000 ਰੁਪਏ ਜਾਮਾ ਤਲਾਸ਼ੀ ਵਿੱਚ ਕੱਢਣ ਤੋਂ ਬਾਅਦ ਵਾਪਸ ਨਾ ਦੇਣ ਦੇ ਦੋਸ਼ ਲਾਉਂਦਿਆਂ ਐੱਸਐੱਸਪੀ ਤਰਨ ਤਾਰਨ ਪਾਸੋਂ ਇਨਸਾਫ਼ ਦੀ ਮੰਗ ਕੀਤੀ ਹੈ।ਇਸ ਸੰਬੰਧੀ ਐੱਸਐੱਸਪੀ ਤਰਨ ਤਾਰਨ ਨੂੰ ਦਿੱਤੀ ਦਰਖਾਸਤ ਵਿੱਚ ਅਮਰਜੀਤ ਸਿੰਘ ਤੇ ਬਲਜੀਤ ਸਿੰਘ ਪੁੱਤਰ ਸ਼ਿੰਦਾ ਸਿੰਘ ਵਾਸੀ ਪਿੰਡ ਬੈਂਕਾਂ ਨੇ ਕਿਹਾ ਕਿ ਕੁਝ ਦਿਨ ਪਹਿਲਾਂ ਘਰ ਦੇ ਬਾਹਰ ਫਲੱਸ਼ ਬਣਾਉਣ ਨੂੰ ਲੈ ਕੇ ਉਸ ਦੇ ਭਤੀਜੇ ਨੇ ਆਪਣੇ 25 ਸਾਥੀਆਂ ਸਮੇਤ ਹਮਲਾ ਕਰਕੇ ਉਨ੍ਹਾਂ ਨੂੰ ਜ਼ਖ਼ਮੀ ਕਰ ਦਿੱਤਾ।ਉਨ੍ਹਾਂ ਦੱਸਿਆ ਕਿ ਹਮਲੇ ਉਪਰੰਤ ਉਨ੍ਹਾਂ ਨੇ ਪੁਲਸ ਚੌਕੀ ਸੁਰਸਿੰਘ 'ਚ ਦਰਖ਼ਾਸਤ ਦੇ ਕੇ ਸੁਰਸਿੰਘ ਹਸਪਤਾਲ ਵਿੱਚ ਦਾਖ਼ਲ ਹੋ ਗਏ ਜਿੱਥੇ ਪੁਲਸ ਨੇ ਉਨ੍ਹਾਂ ਨੂੰ ਨਤੀਜਾ ਦੇ ਦਿੱਤਾ।ਉਨ੍ਹਾਂ ਦੱਸਿਆ ਕਿ ਮਿਤੀ 14 ਅਪ੍ਰੈਲ ਨੂੰ ਜਦੋਂ ਉਹ ਦੋਵੇਂ ਭਰਾ ਨਤੀਜਾ ਸੁਰਸਿੰਘ ਚੌਕੀ ਵਿੱਚ ਦੇਣ ਗਏ ਤਾਂ ਹਵਾਲਦਾਰ ਸਤਨਾਮ ਸਿੰਘ ਨੇ ਤਲਾਸ਼ੀ ਲੈ ਕੇ 2000 ਰੁਪਏ ਉਨ੍ਹਾਂ ਦੀ ਜੇਬ ਵਿੱਚੋਂ ਕੱਢ ਲਏ ਅਤੇ ਕਮਰੇ ਵਿੱਚ ਬੰਦ ਕਰਕੇ ਉਨ੍ਹਾਂ ਨੂੰ ਬੁਰੀ ਤਰ੍ਹਾਂ ਕੁੱਟਣ ਮਗਰੋਂ ਜ਼ਬਰਦਸਤੀ ਰਾਜ਼ੀਨਾਮੇ 'ਤੇ ਅੰਗੂਠੇ ਲਗਵਾ ਲਏ।ਅਮਰਜੀਤ ਸਿੰਘ ਅਤੇ ਬਲਜੀਤ ਸਿੰਘ ਨੇ ਅੱਗੇ ਦੱਸਿਆ ਕਿ ਉਹ ਬਹੁਤ ਹੀ ਗਰੀਬ ਘਰ ਨਾਲ ਸੰਬੰਧ ਰੱਖਦੇ ਹਨ ਤੇ ਮਿਹਨਤ-ਮਜ਼ਦੂਰੀ ਕਰਦੇ ਘਰ ਚਲਾਉਂਦੇ ਹਨ।ਉਨ੍ਹਾਂ ਦੱਸਿਆ ਕਿ ਘਰ ਵਿੱਚ ਫਲੱਸ਼ ਨਾ ਹੋਣ ਕਾਰਨ ਪਿੰਡ ਦੇ ਕੁਝ ਮੋਹਤਬਰ ਵਿਅਕਤੀ ਆਪਣੀ ਜੇਬ 'ਚੋਂ ਪੈਸੇ ਖਰਚ ਕਰਕੇ ਉਨ੍ਹਾਂ ਨੂੰ ਘਰ ਦੇ ਬਾਹਰ ਫਲੱਸ਼ ਬਣਾ ਕੇ ਦੇ ਰਹੇ ਸਨ ਪਰ ਉਨ੍ਹਾਂ ਦੇ ਭਤੀਜੇ ਨੂੰ ਇਹ ਮਨਜ਼ੂਰ ਨਹੀਂ ਸੀ ਜਿਸ ਕਰਕੇ ਉਸ ਨੇ ਉਨ੍ਹਾਂ ਦੋਵਾਂ ਭਰਾਵਾਂ ਦੀ ਕੁੱਟਮਾਰ ਕੀਤੀ। ਉਨ੍ਹਾਂ ਅੱਗੇ ਦੋਸ਼ ਲਗਾਏ ਕਿ ਪੁਲਸ ਨੇ ਉਨ੍ਹਾਂ ਨੂੰ ਇਨਸਾਫ ਤਾਂ ਕੀ ਦੇਣਾ ਸੀ ਸਗੋਂ ਕੁੱਟਮਾਰ ਕਰਕੇ ਉਨ੍ਹਾਂ ਦੀ ਜੇਬ ਵਿੱਚੋਂ ਪੈਸੇ ਕੱਢ ਲਏ।ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਐੱਸਐੱਸਪੀ ਤਰਨ ਤਾਰਨ ਪਾਸੋਂ ਇਨਸਾਫ਼ ਦੀ ਮੰਗ ਕੀਤੀ ਹੈ। ਉਧਰ ਜਦੋਂ ਦੋ ਭਰਾਵਾਂ ਵੱਲੋਂ ਲਗਾਏ ਗਏ ਇਲਜ਼ਾਮਾਂ ਸੰਬੰਧੀ ਹਵਾਲਦਾਰ ਸਤਨਾਮ ਸਿੰਘ ਨੂੰ ਪੁੱਛਿਆ ਗਿਆ ਤਾਂ ਉਨ੍ਹਾਂ ਦੋਸ਼ਾਂ ਨੂੰ ਨਕਾਰ ਦਿੱਤਾ।ਹਵਾਲਦਾਰ ਦਾ ਕਹਿਣਾ ਸੀ ਕਿ ਅਮਰਜੀਤ ਸਿੰਘ ਅਤੇ ਬਲਜੀਤ ਸਿੰਘ ਬੈਂਕਾ ਪਾਸੋਂ ਉਨ੍ਹਾਂ ਕੋਲ ਕੋਈ ਵੀ ਦਰਖ਼ਾਸਤ ਨਹੀਂ ਸੀ ਅਤੇ ਨਾ ਹੀ ਉਨ੍ਹਾਂ ਇਸ ਸੰਬੰਧੀ ਰਾਜ਼ੀਨਾਮਾ ਲਿਖਵਾਇਆ ਹੈ ਤੇ ਨਾ ਹੀ ਉਨ੍ਹਾਂ ਦੇ ਪੈਸੇ ਕੱਢੇ ਹਨ।ਸਤਨਾਮ ਸਿੰਘ ਨੇ ਕਿਹਾ ਕਿ ਉਨ੍ਹਾਂ 'ਤੇ ਲਗਾਏ ਜਾ ਰਹੇ ਦੋਸ਼ ਝੂਠੇ ਤੇ ਬੇਬੁਨਿਆਦ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

18 Apr Page-3.qxd 4/17/2025 10:52 PM Page 1



## ਗੜੇਮਾਰੀ ਤੋਂ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਦੇ ਚੈੱਕ ਵੰਡੇ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਹਲਕਾ ਡੀਨਾ ਵਿਖੇ ਉਨ੍ਹਾਂ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਦੇ ਚੈੱਕ ਵੰਡੇ, ਜਿਨ੍ਹਾਂ ਦਾ ਫਰਵਰੀ ਮਹੀਨੇ ਵਿੱਚ ਹੋਈ ਅਚਨਚੇਤ ਗੜੇਮਾਰੀ ਕਾਰਨ ਫਸਲਾਂ ਦੇ ਖਰਾਬ ਹੋਣ ਨਾਲ ਮਾਲੀ ਨੁਕਸਾਨ ਹੋ ਗਿਆ ਸੀ।ਇਸ ਮੌਕੇ ਕਿਸਾਨਾਂ ਨਾਲ ਗੱਲਬਾਤ ਕਰਦੇ ਕੈਬਨਿਟ ਮੰਤਰੀ ਨੇ ਕਿਹਾ ਕਿ ਕੁਦਰਤੀ ਆਫਤ ਅੱਗੇ ਕਿਸੇ ਦਾ ਜ਼ੋਰ ਨਹੀਂ, ਪਰ ਨੁਕਸਾਨੀ ਗਈ ਫਸਲ ਦੀ ਭਰਪਾਈ ਕਰਨਾ ਸਾਡਾ ਫਰਜ਼ ਹੈ।ਉਨ੍ਹਾਂ ਕਿਹਾ ਕਿ 28 ਫਰਵਰੀ ਨੂੰ ਫਸਲਾਂ ਦਾ ਨੁਕਸਾਨ ਗੜੇਮਾਰੀ ਕਾਰਨ ਹੋਇਆ ਸੀ ਉਸ ਸਮੇਂ ਮੈਂ ਅਤੇ ਡਿਪਟੀ ਕਮਿਸ਼ਨਰ, ਐੱਸਡੀਐੱਮ ਸਾਰੇ ਇਸ ਇਲਾਕੇ ਦਾ ਮੌਕਾ ਵੇਖਣ ਪਹੁੰਚੇ ਸੀ।ਉਸ ਵੇਲੇ ਕਿਸਾਨਾਂ ਨੂੰ ਪਸ਼ੂਆਂ ਦੇ ਚਾਰੇ ਦੀ ਲੋੜ ਸੀ ਜਿਸ ਦਾ ਪ੍ਰਬੰਧ ਕੀਤਾ ਗਿਆ ਅਤੇ ਹੁਣ ਗੜੇ ਮਾਰੀ ਦੇ ਕਰੀਬ ਡੇਢ ਮਹੀਨੇ ਦੇ ਅੰਦਰ ਅੰਦਰ ਹੀ ਕਿਸਾਨਾਂ ਨੂੰ ਮੁਆਵਜ਼ਾ ਵੰਡਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ, ਜੋ ਕਿ ਕਿਸਾਨਾਂ ਮਜ਼ਦੂਰਾਂ ਦੀ ਜ਼ਿੰਦਗੀ ਨੂੰ ਬੜੇ ਨੇੜਿਓਂ ਜਾਣਦੇ ਹਨ, ਨਾਲ ਜਦ ਮੈਂ ਇਸ ਗੜੇਮਾਰੀ ਬਾਬਤ ਗੱਲ ਕੀਤੀ ਤਾਂ ਉਨ੍ਹਾਂ ਨੇ ਤੁਰੰਤ ਹੀ ਵਿਭਾਗ ਦੇ ਅਧਿਕਾਰੀਆਂ ਨੂੰ ਗਿਰਦਾਵਰੀ ਕਰਨ ਦੇ ਨਿਰਦੇਸ਼ ਦਿੱਤੇ ਅਤੇ ਅੱਜ ਉਹਨਾਂ ਹੁਕਮਾਂ ਦਾ ਹੀ ਨਤੀਜਾ ਹੈ ਕਿ ਸਾਨੂੰ ਕਣਕ ਦੀ ਫਸਲ ਕੱਟਣ ਤੋਂ ਪਹਿਲਾਂ ਪਹਿਲਾਂ ਮੁਆਵਜ਼ਾ ਮਿਲ ਰਿਹਾ ਹੈ।ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਨਾਲ ਖੜ੍ਹੀ ਹੈ ਅਤੇ ਜਦੋਂ ਵੀ ਕਿਸੇ ਦੇ ਵਾਸੀਆਂ ਨੂੰ ਸਾਡੀ ਲੋੜ ਮਹਿਸੂਸ ਹੁੰਦੀ ਹੈ ਅਸੀਂ ਉੱਥੇ ਖੜੇ ਮਿਲਦੇ ਹਾਂ।ਇਸ ਮੌਕੇ ਚੇਅਰਮੈਨ ਪਨਗਰੇਨ ਬਲਦੇਵ ਸਿੰਘ ਮਿਆਦੀਆ, ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਢਿਲੋਂ, ਐੱਸਡੀਐੱਮ ਲੋਪੋਕੇ ਅਮਨਦੀਪ ਕੌਰ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## 'ਸਿਹਤਮੰਦ ਪੰਜਾਬ ਦੇ ਸੁਪਨੇ ਨੂੰ ਪੂਰਾ ਕਰਨ ਲਈ ਵਿਸ਼ੇਸ਼ ਯੋਗਦਾਨ ਦੇ ਰਹੀ ਹੈ ਸੀ. ਐੱਮ. ਦੀ ਯੋਗਸ਼ਾਲਾ'



**ਬਟਾਲਾ, ਅਪ੍ਰੈਲ (ਡਾ. ਮਲਵਿੰਦਰ ਸਿੰਘ)**-ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀ 'ਸੀ. ਐੱਮ. ਦੀ ਯੋਗਸ਼ਾਲਾ' ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਵਿੱਚ ਵਿਸ਼ੇਸ਼ ਯੋਗਦਾਨ ਦੇ ਰਹੀ ਹੈ। ਪੰਜਾਬ ਸਰਕਾਰ ਵਲੋਂ ਪੰਜਾਬ ਵਿੱਚ ਸੀ. ਐੱਮ. ਦੀ ਯੋਗਸ਼ਾਲਾ ਪ੍ਰੋਜੈਕਟ ਨੂੰ ਸ਼ੁਰੂ ਕੀਤਾ ਗਿਆ, ਜਿਸ ਦੇ ਅੰਤਰਗਤ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਵਿੱਚ ਸੀ. ਐੱਮ. ਦੀ ਯੋਗਸ਼ਾਲਾ ਵੱਖ-ਵੱਖ ਥਾਵਾਂ ਉਪਰ ਮੁਫਤੋਂ ਯੋਗਾ ਕਲਾਸਿਜ਼ ਚਲਾਈਆਂ ਜਾ ਰਹੀਆਂ ਹਨ। ਇਸ ਮੌਕੇ ਲਵਪ੍ਰੀਤ ਸਿੰਘ ਇੰਚਰਾਜ ਗੁਰਦਾਸਪੁਰ ਨੇ ਦੱਸਿਆ ਕਿ ਜੇਕਰ ਜਿਲਾ ਗੁਰਦਾਸਪੁਰ ਦੀ ਗੱਲ ਕੀਤੀ ਜਾਵੇ ਤਾਂ ਜ਼ਿਲ੍ਹਾ ਗੁਰਦਾਸਪੁਰ ਵਿੱਚ 124 ਕਲਾਸਾਂ ਵੱਖ ਵੱਖ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੱਗ ਰਹੀਆਂ ਹਨ। ਇਨ੍ਹਾਂ ਕਲਾਸਾਂ ਵਿੱਚ ਆਉਣ ਵਾਲੇ ਲੋਕ ਆਪਣੇ ਆਪ ਨੂੰ ਬਹੁਤ ਹੀ ਖੁਸ਼ਨਸੀਬ ਸਮਝ ਰਹੇ ਹਨ ਕਿਉਂਕਿ ਇਨ੍ਹਾਂ ਯੋਗਾ ਕਲਾਸਾਂ ਵਿੱਚ ਆਉਣ ਨਾਲ ਉਨ੍ਹਾਂ ਦੀਆਂ ਕਈ ਤਰ੍ਹਾਂ ਦੀਆਂ ਸਰੀਰਕ ਅਤੇ ਮਾਨਸਿਕ ਸਮੱਸਿਆਵਾਂ ਦੂਰ ਹੋ ਰਹੀਆਂ ਹਨ ਜਿਨ੍ਹਾਂ ਦੇ ਨਾਲ ਉਨ੍ਹਾਂ ਦਾ ਸਰੀਰਕ ਤੇ ਮਾਨਸਿਕ ਪੱਧਰ ਤਾਂ ਉੱਪਰ ਉੱਠ ਹੀ ਰਿਹਾ ਹੈ ਉਸ ਦੇ ਨਾਲ ਉਨ੍ਹਾਂ ਦਾ ਆਰਥਿਕ ਪੱਧਰ ਦੇ ਵਿੱਚ ਵੀ ਸੁਧਾਰ ਆ ਰਿਹਾ ਹੈ। ਕਿਉਂਕਿ ਪਹਿਲਾਂ ਇਹ ਲੋਕ ਆਪਣੇ ਸਰੀਰ ਦੀ ਸਾਂਭ ਸੰਭਾਲ ਲਈ ਕਈ ਤਰ੍ਹਾਂ ਦੀਆਂ ਹੋਰ ਇਲਾਜ ਵਿਧੀਆਂ ਦਾ ਸਹਾਰਾ ਲੈ ਰਹੇ ਸੀ, ਜੋ ਕਿ ਉਨ੍ਹਾਂ ਲਈ ਬਹੁਤ ਜਿਆਦਾ ਮਹਿੰਗੀਆਂ ਸਨ ਪਰ ਜਦੋਂ ਦੇ ਉਨ੍ਹਾਂ ਨੇ ਸੀ. ਐੱਮ ਦੀ ਯੋਗਸ਼ਾਲਾ ਦੀਆਂ ਯੋਗਾ ਕਲਾਸਿਜ਼ ਨੂੰ ਜੁਆਇਨ ਕੀਤਾ ਉਸ ਤੋਂ ਬਾਅਦ ਉਨ੍ਹਾਂ ਦੀ ਸਰੀਰਕ ਸਿਹਤ ਵਿੱਚ ਵੀ ਸੁਧਾਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਤੁਸੀਂ ਵੀ ਆਪਣੇ ਮੁਹੱਲੇ ਵਿੱਚ ਸੀਐੱਮ ਦੀ ਯੋਗਸ਼ਾਲਾ ਸ਼ੁਰੂ ਕਰਵਾਉਣਾ ਚਾਹੁੰਦੇ ਹੋ ਤਾਂ 76694-00500 ਨੰਬਰ ਉੱਪਰ ਇੱਕ ਮਿਸ ਕਾਲ ਕਰੋ ਤੁਹਾਡੇ ਕੋਲ ਟੀਚਰ ਸਰਕਾਰ ਵੱਲੋਂ ਭੇਜਿਆ ।

## ਚੇਅਰਮੈਨ ਬਹਿਲ ਵੱਲੋਂ ਸਕੂਲ ਆਫ਼ ਐਮੀਨੈਂਸ ਗੁਰਦਾਸਪੁਰ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਸਕੂਲ ਆਫ਼ ਐਮੀਨੈਂਸ, ਗੁਰਦਾਸਪੁਰ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਨਵੇਂ ਬਣੇ ਸਮਾਰਟ ਕਲਾਸ ਰੂਮ ਅਤੇ ਮੈਨੇਜਮੈਂਟ ਲੈਬ ਦਾ ਉਦਘਾਟਨ ਕੀਤਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਸ਼ਰਮਾ, ਪ੍ਰਿੰਸੀਪਲ ਅਨਿਲ ਭੱਲਾ, ਆਮ ਆਦਮੀ ਪਾਰਟੀ ਦੇ ਸਿੱਖਿਆ ਕੋਆਰਡੀਨੇਟਰ ਅਸ਼ਵਨੀ ਕੁਮਾਰ ਤੋਂ ਇਲਾਵਾ ਸਕੂਲ ਦਾ ਸਮੂਹ ਸਟਾਫ਼ ਅਤੇ ਹੋਰ ਮੁਹਤਬਰ ਵੀ ਹਾਜ਼ਰ ਸਨ।ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸੂਬੇ ਵਿੱਚ ਸਿੱਖਿਆ ਦੇ ਪੱਧਰ ਨੂੰ ਉਚਾ ਚੁੱਕਣ ਲਈ ਪਹਿਲੇ ਦਿਨ ਤੋਂ ਹੀ ਕਾਰਜਸ਼ੀਲ ਹੈ ਅਤੇ ਪਿਛਲੇ ਸਮੇਂ ਦੌਰਾਨ ਸਰਕਾਰ ਵੱਲੋਂ ਗੁਰਦਾਸਪੁਰ ਨੂੰ ਵੱਡੇ ਤੋਹਫ਼ੇ ਦਿੰਦਿਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, (ਲੜਕੇ) ਗੁਰਦਾਸਪੁਰ ਨੂੰ ਸਕੂਲ ਆਫ਼ ਐਮੀਨੈਂਸ ਦਾ ਦਰਜਾ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਇਸ ਸਕੂਲ ਵਿੱਚ 36 ਲੱਖ ਰੁਪਏ ਤੋਂ ਵੱਧ ਦੀ ਲਾਗਤ ਨਾਲ ਨਵੇਂ ਸਮਾਰਟ ਕਲਾਸ ਰੂਮ, ਮੈਨੇਜਮੈਂਟ ਲੈਬ, ਕੰਪਿਊਟਰ ਲੈਬ, ਲਾਇਬ੍ਰੇਰੀ ਬਣਾਈ ਗਈ ਹੈ।ਇਸ ਤੋਂ ਇਲਾਵਾ ਸਕੂਲ ਆਫ਼ ਐਮੀਨੈਂਸ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਮੁਫ਼ਤ



ਕਿਤਾਬਾਂ, ਵਰਦੀਆਂ ਅਤੇ ਆਉਣ-ਜਾਣ ਲਈ ਟਰਾਂਸਪੋਰਟ ਦੀ ਸੁਵਿਧਾ ਵੀ ਦਿੱਤੀ ਜਾ ਰਹੀ ਹੈ।ਇਸ ਸਕੂਲ ਵਿੱਚ ਵਿਦਿਆਰਥੀਆਂ ਨੂੰ ਪ੍ਰੋਫ਼ੈਸ਼ਨਲ ਪੜ੍ਹਾਈ ਕਰਵਾਈ ਜਾ ਰਹੀ ਹੈ ਅਤੇ ਇਸ ਸਕੂਲ ਵਿੱਚ ਪੜ੍ਹਨ ਵਾਲੇ ਵਿਦਿਆਰਥੀ ਭਵਿੱਖ ਵਿੱਚ ਨੌਕਰੀਆਂ ਲੈਣ ਵਾਲੇ ਨਹੀਂ ਸਗੋਂ ਨੌਕਰੀਆਂ ਦੇਣ ਵਾਲੇ ਬਣਨਗੇ।ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਆਪਣੀਆਂ ਸਰਕਾਰਾਂ ਦੌਰਾਨ ਸਿੱਖਿਆ ਨੂੰ ਪੂਰੀ ਤਰ੍ਹਾਂ ਅਣਗੌਲਿਆਂ ਕਰ ਰੱਖਿਆ, ਜਿਸਦੇ ਸਿੱਟੇ ਇਹ ਨਿਕਲੇ ਕਿ ਸੂਬਾ ਪੰਜਾਬ ਪੜ੍ਹਾਈ ਵਿੱਚ ਬਹੁਤ ਪਛੜ ਗਿਆ। ਪਿਛਲੀਆਂ ਸਰਕਾਰਾਂ ਵੱਲੋਂ ਸਰਕਾਰੀ ਸਕੂਲਾਂ ਵਿੱਚ ਜਿੱਥੇ ਬੁਨਿਆਦੀ ਸਹੂਲਤਾਂ ਦੀ ਘਾਟ ਸੀ, ਉਥੇ ਸਕੂਲ ਅਧਿਆਪਕਾਂ ਤੋਂ ਸੱਖਣੇ ਸਨ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿੱਖਿਆ ਕ੍ਰਾਂਤੀ ਨਾਲ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਹੈ ਅਤੇ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਪੜ੍ਹਾਈ ਤੇ ਸਹੂਲਤਾਂ ਵਿੱਚ ਸਰਕਾਰੀ ਸਕੂਲ ਕਿਸੇ ਵੀ ਮਹਿੰਗੇ ਪ੍ਰਾਈਵੇਟ ਸਕੂਲ ਨਾਲੋਂ ਘੱਟ ਨਹੀਂ ਹਨ।ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਸਦਕਾ ਹੀ ਹੁਣ ਸੂਬੇ ਦੇ ਲੋਕ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਹਟਾ ਕੇ ਸਰਕਾਰੀ ਸਕੂਲਾਂ ਵਿੱਚ ਦਾਖ਼ਲ ਕਰਵਾ ਰਹੇ ਹਨ ਅਤੇ ਹੁਣ ਸਹੀ ਮਾਅਨਿਆਂ ਵਿੱਚ ਸਿੱਖਿਆ ਕ੍ਰਾਂਤੀ ਦੀ ਸ਼ੁਰੂਆਤ ਹੋਈ ਹੈ ਅਤੇ ਇਸ ਲਈ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਵਧਾਈ ਦਿੱਤੀ ਹੈ।ਖੇਡਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ।

## ਨਰੇਗਾ ਵਰਕਰਾਂ ਦੀਆਂ ਮੰਗਾਂ ਬਾਬਤ ਮੁੱਖ ਮੰਤਰੀ ਪੰਜਾਬ ਦੇ ਨਾਂਅ ਭੇਜਿਆ ਮੰਗ ਪੱਤਰ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਅਤੇ ਦਿਹਾਤੀ ਮਜ਼ਦੂਰ ਸਭਾ ਵੱਲੋਂ ਮਨਰੇਗਾ ਵਰਕਰਾਂ ਦੀਆਂ ਭਖਦੀਆਂ ਮੰਗਾਂ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਦੇ ਨਾਂਅ ਤੇ ਪੰਜਾਬ ਸਰਕਾਰ ਨੂੰ ਜ਼ਿਲਾ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੀ ਮੰਗ ਪੱਤਰ ਭੇਜਿਆ ਗਿਆ ਜਿਸ ਦੀ ਅਗਵਾਈ ਬਲਦੇਵ ਸਿੰਘ ਪੰਡੋਰੀ, ਨਰਿੰਦਰ ਸਿੰਘ ਰਟੌਲ, ਕਰਮ ਸਿੰਘ ਪੰਡੋਰੀ, ਜਸਬੀਰ ਸਿੰਘ ਵੈਰੋਵਾਲ, ਚਮਨ ਲਾਲ ਦਰਾਜਕੇ, ਜਰਨੈਲ ਸਿੰਘ ਰਸੂਲਪੁਰ ਨੇ ਕੀਤੀ ।ਇਨ੍ਹਾਂ ਆਗੂਆਂ ਨੇ ਪੰਜਾਬ ਸਰਕਾਰ ਕੋਲੋਂ ਮੰਗ ਕਰਦਿਆਂ ਕਿਹਾ ਕਿ ਮਨਰੇਗਾ ਵਰਕਰਾਂ ਦੇ ਲਗਭਗ ਚਾਰ ਮਹੀਨੇ ਤੋਂ ਰੁਕੇ ਪੈਸੇ ਤੁਰੰਤ ਪਾਏ ਜਾਣ ਅਤੇ ਕਾਫੀ ਵਰਕਰਾਂ ਦੇ ਪਿਛਲੇ ਬਣਦੇ ਬੁਕਾਏ ਛੇਤੀ ਤੋਂ ਛੇਤੀ ਜਾਰੀ ਕੀਤੇ ਜਾਣ। ਮਨਰੇਗਾ ਵਰਕਰਾਂ ਦੇ ਜੌਬ ਕਾਰਡ ਬਣਾਏ ਜਾਣ ਅਤੇ ਹਾਜ਼ਰੀ ਜੌਬ ਕਾਰਡਾਂ ਤੇ ਲਾਈ ਜਾਵੇ ।ਮਨਰੇਗਾ ਵਰਕਰਾਂ ਨੂੰ100 ਦਿਨ ਕੰਮ ਯਕੀਨੀ ਬਣਾਇਆ ਜਾਵੇ ਅਤੇ ਪਿੰਡਾਂ ਦੇ ਸਰਪੰਚਾਂ ਦੀ ਦਖਲਅੰਦਾਜ਼ੀ ਬੰਦ ਕੀਤੀ ਜਾਵੇ, ਜਿਹੜਾ ਵੀ ਕੰਮ ਕਰਨਾ ਚਾਹੁੰਦਾ ਹੈ, ਹਰੇਕ ਨੂੰ ਕੰਮ ਦਿੱਤਾ ਜਾਵੇ ਅਤੇ ਮਨਰੇਗਾ ਸਕੀਮ ਨੂੰ ਪਾਰਦਰਸ਼ੀ ਢੰਗ ਨਾਲ ਚੱਲਣ ਦਿੱਤਾ ਜਾਵੇ।ਜਿਹੜੇ ਪਿੰਡਾਂ ਦੇ ਵਿਰੋਧੀ ਸਰਪੰਚ ਮਸਟਰੋਲ 'ਤੇ ਦਸਤਖਤ ਕਰਕੇ ਨਹੀਂ ਦਿੰਦੇ, ਕਰਵਾ ਕੇ ਦਿੱਤੇ ਜਾਣ, ਪਿਛਲੇ ਰਹਿੰਦੇ ਬਕਾਏ ਅਤੇ ਕੰਮ ਦੇ ਪੈਸੇ ਸਮੇਂ ਸਿਰ ਪਾਏ ਜਾਣ।ਮਨਰੇਗਾ ਸੈਕਟਰੀਆਂ ਨੂੰ ਸਖਤ ਹਦਾਇਤਾਂ



ਕੀਤੀਆਂ ਜਾਣ ਕੇ ਡਿਮਾਂਡ 'ਤੇ ਕਿਸੇ ਵੀ ਸਰਪੰਚ ਦੇ ਦਸਤਖਤ ਕਰਾਉਣ ਲਈ ਨਾ ਕਿਹਾ ਜਾਵੇ ।ਮਨਰੇਗਾ ਵਰਕਰਾਂ ਦੇ ਸਾਰੇ ਪ੍ਰਵਾਰ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ 700 ਰੁਪਏ ਕੀਤੀ ਜਾਵੇ ।ਬਲਾਕਾਂ ਦੇ ਬੀ ਡੀਪੀਓ ਅਤੇ ਬਲਾਕਾਂ ਦੇ ਮਨਰੇਗਾ ਅਫਸਰਾਂ ਨਾਲ ਯੂਨੀਅਨ ਨਾਲ ਮੀਟਿੰਗ ਕਰਾਈ ਜਾਵੇ।ਮਨਰੇਗਾ ਵਰਕਰਾਂ ਲਈ ਲੋੜੀਂਦਾ ਸਾਮਾਨ ਕਹੀ ਬੱਠਲ ਅਤੇ ਮੁੱਢਲੀ ਸਹਾਇਤਾ ਦੀ ਦਵਾਈ ਮੁਹੱਈਆ ਕਰਾਈ ਜਾਵੇ ਅਤੇ ਔਰਤਾਂ ਦੇ ਬੱਚਿਆਂ ਦੀ ਦੇਖ ਭਾਲ ਲਈ ਬਜ਼ੁਰਗ ਔਰਤਾਂ ਦਾ ਪ੍ਰਬੰਧ ਕੀਤਾ ਜਾਵੇ ।ਮਨਰੇਗਾ ਵਰਕਰਾਂ ਦਾ ਸਿਹਤ ਬੀਮਾ ਫ੍ਰੀ ਕੀਤਾ ਜਾਵੇ।ਇਨ੍ਹਾਂ ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਮਨਰੇਗਾ ਵਰਕਰਾਂ ਦੀਆਂ ਮੰਗਾ ਵੱਲ ਧਿਆਨ ਨਾ ਦਿੱਤਾ ਤਾਂ 5 ਮਈ ਨੂੰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਤਰਨ ਤਾਰਨ ਦੇ ਦਫ਼ਤਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ ।

## ਵਿਧਾਇਕ ਰੰਧਾਵਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਝੰਗੀ ਦੇ ਵਿਕਾਸ ਕਾਰਜਾਂ ਦਾ ਉਦਘਾਟਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਜਾਬ ਦੇ ਸਿੱਖਿਆ ਖੇਤਰ ਨੂੰ ਬਿਹਤਰੀਨ ਬਣਾਉਣ ਵਾਸਤੇ ਵਿੱਢੀ ਗਈ ਮੁਹਿੰਮ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਵਿੱਚ ਮਿਸਾਲੀ ਵਿਕਾਸ ਕਾਰਜ ਕੀਤੇ ਗਏ ਹਨ ਅਤੇ ਕਰਵਾਏ ਜਾ ਰਹੇ ਹਨ, ਜਿਸ ਨਾਲ ਸੂਬੇ ਦਾ ਸਿੱਖਿਆ ਢਾਂਚਾ ਦੇਸ਼ ਭਰ ਲਈ ਮਿਸਾਲ ਬਣਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਰਕਾਰੀ ਪ੍ਰਾਇਮਰੀ ਸਕੂਲ ਝੰਗੀ ਵਿੱਚ ਹੋਏ ਵਿਕਾਸ ਕਾਰਜਾਂ ਨੂੰ ਲੋਕ ਅਰਪਿਤ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸ ਸਕੂਲ ਵਿੱਚ ਇੱਕ ਸਮਾਰਟ ਕਲਾਸ ਜੋ 7 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਹੋਇਆ ਹੈ , ਜਿਸ ਵਿੱਚ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਪ੍ਰੋਜੈਕਟਰ ਰਾਹੀਂ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾਵੇਗੀ ਅਤੇ 6 ਲੱਖ 50 ਹਜ਼ਾਰ ਦੀ ਲਾਗਤ ਨਾਲ ਸਕੂਲ ਦੀ 130 ਮੀਟਰ ਚਾਰ ਦਿਵਾਰੀ ਤਿਆਰ ਕੀਤੀ ਗਈ ਹੈ, ਜਿਸ ਦਾ ਅੱਜ ਉਦਘਾਟਨ ਕੀਤਾ ਗਿਆ ਹੈ ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ



ਕਿਹਾ ਕਿ ਕੋਈ ਸਮਾਂ ਸੀ ਜਦੋਂ ਆਮ ਵਿਅਕਤੀ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਹੀ ਤਰਜੀਹ ਦਿੰਦੇ ਸਨ ਪ੍ਰੰਤੂ ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਉਪਰਾਲਿਆਂ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖ਼ਲੇ ਦੀ ਗਿਣਤੀ ਵਿੱਚ ਵੱਡਾ ਇਜ਼ਾਫਾ ਹੋਇਆ ਹੈ।ਇਸ ਮੌਕੇ ਸਕੂਲ ਇੰਚਾਰਜ ਸੈਂਟਰ ਮੁੱਖ ਅਧਿਆਪਕ ਅੰਮ੍ਰਿਤਪਾਲ ਸਿੰਘ ਰੰਧਾਵਾ ਵੱਲੋਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੂੰ ਯਾਦਗਾਰੀ ਚਿੰਨ੍ਹ ਤੇ ਦੁਸ਼ਾਲਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਸਮੂਹ ਹਾਜ਼ਰੀਨ ਦਾ ਧੰਨਵਾਦ ਵੀ ਕੀਤਾ ਗਿਆ ।ਇਸ ਮੌਕੇ ਰਣਜੇਤ ਸਿੰਘ ਬਾਠ ਚੇਅਰਮੈਨ ਮਾਰਕਿਟ ਕਮੇਟੀ ਕਲਾਨੌਰ, ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਮੁੱਖ ਅਧਿਆਪਕ ਮਨਸੂਰਕੇ ਦਲਵਿੰਦਰ ਸਿੰਘ ਗਿੱਲ, ਮਾਸਟਰ ਖੁਸ਼ਬੀਰ ਸਿੰਘ ਸਮਰਾ, ਆੜ੍ਹਤੀ ਐਸੋਸੀਏਸ਼ਨ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਘਣੀਆਂ, ਹਰਜੀਤ ਸਿੰਘ ਠੇਠਰਕੇ, ਜਗਮੋਹਨ ਸਿੰਘ ਸਰਪੰਚ ਝੰਗੀ, ਕਲਰਕ ਦਿਲਰਾਜ ਬੀਰ ਸਿੰਘ ਢਿੱਲੋਂ, ਮੈਡਮ ਰੁਪਿੰਦਰ ਕੌਰ, ਡਾਕਟਰ ਗੁਰਮੇਜ ਸਿੰਘ ਸਰਪੰਚ ਸ਼ਾਮਪੁਰਾ, ਹਰਜੋਤ ਸਿੰਘ ਰੰਧਾਵਾ, ਪ੍ਰਗਟ ਸਿੰਘ ਲੰਬੜਦਾਰ, ਅੰਮ੍ਰਿਤ ਦੀਪ ਸਿੰਘ, ਸਿਮਰਨਜੀਤ ਸਿੰਘ, ਗਗਨਦੀਪ ਸਿੰਘ, ਕੁਲਵਿੰਦਰ ਕੌਰ, ਸੁਖਬੀਰ ਕੌਰ ਪਰਾਚਾ, ਅਮਨਦੀਪ ਕੌਰ ਹਰਦਰਵਾਲ ਕਲਾਂ, ਰਜਵੰਤ ਕੌਰ ਅਵਾਣ, ਸੁਖਵਿੰਦਰ ਕੌਰ ਪੱਬਾਰਾਲੀ, ਗੁਰਪਿੰਦਰ ਸਿੰਘ ਪੱਤੀ ਹਵੇਲੀਆਂ ਸਮੇਤ ਬੱਚਿਆਂ ਦੇ ਮਾਪਿਆਂ ਤੋਂ ਇਲਾਵਾ ਤੇ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ ।

## ਚਾਂਦਪ੍ਰੀਤ ਸਿੰਘ ਦੀ 'ਖੇਲੋ ਇੰਡੀਆ ਅੰਡਰ-19 ਵਾਲੀਬਾਲ' ਲਈ ਚੋਣ



**ਝਬਾਲ (ਹਰਜਿੰਦਰ ਸਿੰਘ ਸੋਨੀ)**— ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਸਰਦਾਰ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ ਵਿਦਿਆਰਥੀ ਜਿੱਥੇ ਵਿੱਦਿਆ ਖੇਤਰ ਵਿੱਚ ਮੱਲਾਂ ਮਾਰਦੇ ਹਨ, ਉਥੇ ਖੇਡਾਂ ਵਿੱਚ ਵੀ ਵਧੀਆ ਪ੍ਰਦਰਸ਼ਨ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕਰਦੇ ਹਨ।ਸਕੂਲ ਦਾ ਵਿਦਿਆਰਥੀ ਚਾਂਦਪ੍ਰੀਤ ਸਿੰਘ ਜੋ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈ ਕੇ ਵਧੀਆ ਖੇਡ ਪ੍ਰਦਰਸ਼ਨ ਕਰ ਰਿਹਾ ਹੈ। ਇਸ ਬੱਚੇ ਨੇ ਚੀਫ਼ ਖਾਲਸਾ ਦੀਵਾਨ ਦੀਆਂ ਖੇਡਾਂ ਵਿੱਚ ਵਾਲੀਬਾਲ ਅਤੇ ਅਥਲੈਟਿਕਸ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕੀਤਾ। ਇਹ ਵਿਦਿਆਰਥੀ 2024 ਸਕੂਲ ਗੇਮਜ਼ ਜ਼ਿਲਾ ਪੱਧਰੀ ਵਾਲੀਬਾਲ ਖੇਡ ਲਈ ਚੁਣਿਆ ਗਿਆ ਸੀ ਅਤੇ ਇਸ ਖੇਡ ਵਿੱਚ ਚੰਗਾ ਪ੍ਰਦਰਸ਼ਨ ਕਰਦਿਆਂ ਇਸਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਦੋ ਸਬ ਜੂਨੀਅਰ ਨੈਸ਼ਨਲ ਅੰਡਰ -17 ਵਿੱਚ ਹਿੱਸਾ ਲਿਆ। ਹੁਣ ਇਸ ਵਿਦਿਆਰਥੀ ਨੇ ਖੇਡਾਂ ਵਿੱਚ ਆਪਣੀਆਂ ਅਗਾਂਹ ਵਧੂ ਗਤੀਵਿਧੀਆਂ ਵਿੱਚ ਖੇਲੋ ਇੰਡੀਆ ਅੰਡਰ-19 ਕੈਂਪ ਵਿੱਚ ਟਰਾਇਲ ਦਿੱਤਾ ਅਤੇ ਇਸ ਖੇਡ ਲਈ ਇਸ ਬੱਚੇ ਦਾ ਵਧੀਆ ਪ੍ਰਦਰਸ਼ਨ ਕਾਰਨ ਚੋਣ ਹੋਈ ਹੈ।ਇਹ ਕੈਂਪ ਜੋ ਕਿ ਬਿਹਾਰ ਵਿੱਚ ਲੱਗਣ ਜਾ ਰਿਹਾ ਹੈ।ਸਕੂਲ ਇਸ ਬੱਚੇ ਦੀਆਂ ਪ੍ਰਾਪਤੀਆਂ ਉੱਤੇ ਮਾਣ ਮਹਿਸੂਸ ਕਰਦਾ ਹੈ।ਸਕੂਲ ਦੇ ਸਮੂਹ ਮੈਨੇਜਮੈਂਟ ਅਤੇ ਪ੍ਰਿੰਸੀਪਲ ਅਨੂਰੀਤ ਬਾਵਾ ਨੇ ਇਸ ਬੱਚੇ ਨੂੰ ਭਵਿੱਖ ਵਿੱਚ ਇਸੇ ਤਰ੍ਹਾਂ ਬੁਲੰਦੀਆਂ ਨੂੰ ਛੂਹਣ ਦਾ ਅਸ਼ੀਰਵਾਦ ਦਿੱਤਾ।

## 3704 ਅਧਿਆਪਕ ਯੂਨੀਅਨ ਪੰਜਾਬ ਦੀ ਸਿੱਖਿਆ ਮੰਤਰੀ ਬੈਂਸ ਨਾਲ ਅਹਿਮ ਮੀਟਿੰਗ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- 3704 ਅਧਿਆਪਕ ਯੂਨੀਅਨ ਪੰਜਾਬ ਵੱਲੋਂ ਪੰਜਾਬ ਸਿਵਲ ਸਕੱਤਰੇਤ ਵਿਖੇ ਸਿੱਖਿਆ ਮੰਤਰੀ ਨਾਲ ਅਹਿਮ ਮੀਟਿੰਗ ਹੋ ਈ।ਅਧਿਆਪਕ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ ਨੇ ਡੇਰਾ ਬਾਬਾ ਨਾਨਕ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਈਵੀਐੱਸ



ਕੇਸ ਵਿੱਚ ਮਾਣਯੋਗ ਹਾਈ ਕੋਰਟ ਵੱਲੋਂ ਆਏ ਫੈਸਲੇ ਤੋਂ ਬਾਅਦ ਵਿਭਾਗ ਵੱਲੋਂ ਮੈਰਿਟ ਲਿਸਟਾਂ ਰਿਵਾਈਜ਼ ਕਰ ਦਿੱਤੀਆਂ ਗਈਆਂ ਜਿਸ ਨਾਲ ਸਾਡੀ ਭਰਤੀ ਦੇ 04 ਸਾਲ ਤੋਂ ਸੇਵਾਵਾਂ ਨਿਭਾਅ ਰਹੇ ਰੈਗੂਲਰ 117 ਅਧਿਆਪਕਾਂ ਨੂੰ ਸੇਵਾਵਾਂ ਖ਼ਤਮ ਕਰ ਦੇਣ ਸਬੰਧੀ ਨਿੱਜੀ ਸੁਣਵਾਈ ਲਈ ਬੁਲਾਇਆ ਗਿਆ ਸੀ ਜਿਸ ਨਾਲ 117 ਅਧਿਆਪਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਸਨ, ਜਦੋਂ ਕਿ ਉਨ੍ਹਾਂ ਅਧਿਆਪਕਾਂ ਦਾ ਇਸ ਵਿੱਚ ਕੋਈ ਦੋਸ਼ ਵੀ ਨਹੀਂ।ਇਸ ਦੌਰਾਨ ਸਿੱਖਿਆ ਮੰਤਰੀ ਨੇ ਮੀਟਿੰਗ ਵਿੱਚ ਭਰੋਸਾ ਦਿੱਤਾ ਹੈ ਕਿ ਕਿਸੇ ਇੱਕ ਵੀ ਅਧਿਆਪਕ ਦਾ ਨੁਕਸਾਨ ਨਹੀਂ ਹੋਵੇਗਾ ਅਤੇ ਉਨ੍ਹਾਂ ਇਸ ਮਸਲੇ ਦੇ ਹੱਲ ਵਾਸਤੇ ਤੁਰੰਤ 18 ਅਪ੍ਰੈਲ ਦੀ ਉੱਚ ਅਧਿਕਾਰੀਆਂ ਨਾਲ ਮੀਟਿੰਗ ਬੁਲਾਈ ਹੈ।ਆਗੂਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਮੀਟਿੰਗ ਵਿੱਚ ਮਿਲੇ ਭਰੋਸੇ ਤੋਂ ਬਾਅਦ ਸਾਨੂੰ ਉਮੀਦ ਹੈ ਕਿ ਵਿਭਾਗ ਇਸ ਮਸਲੇ ਦਾ ਜਲਦ ਤੋਂ ਜਲਦ ਹੱਲ ਕੱਢੇਗਾ।ਪ੍ਰੰਤੂ ਫਿਰ ਵੀ ਜੇਕਰ ਵਿਭਾਗ ਵੱਲੋਂ ਸਾਡੇ ਅਧਿਆਪਕਾਂ ਦਾ ਨੁਕਸਾਨ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਇਸ ਵਾਸਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ ਤੇ ਕਿਸੇ ਵੀ ਅਧਿਆਪਕ ਦੇ ਭਵਿੱਖ ਨਾਲ ਖਿਲਵਾੜ ਨਹੀਂ ਹੋਣ ਦਿੱਤਾ ਜਾਵੇਗਾ।ਇਸ ਮੌਕੇ ਜਗਜੀਵਨਜੋਤ ਸਿੰਘ, ਰਾਜੇਸ਼ਵਰ ਰਾਏ, ਗੁਰਪ੍ਰੀਤ ਸਿੰਘ, ਬੇਅੰਤ ਕੌਰ, ਅਮਨਪ੍ਰੀਤ ਕੌਰ, ਸੁਖਮਨੀ ਕੌਰ, ਵੀਰਕਰਨ ਸਿੰਘ ਆਦਿ ਅਧਿਆਪਕ ਮੌਜੂਦ ਸਨ।

## ਪ੍ਰਸਿੱਧ ਪਰਵਾਸੀ ਪੰਜਾਬੀ ਸਾਹਿਤਕਾਰ ਜਰਨੈਲ ਸਿੰਘ ਦੀ ਵਿਦਿਆਰਥੀਆਂ ਨਾਲ ਰੂ-ਬ-ਰੂ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ,ਕੰਵਲਜੀਤ ਸਿੰਘ)**- ਪ੍ਰਸਿੱਧ ਪਰਵਾਸੀ ਪੰਜਾਬੀ ਸਾਹਿਤਕਾਰ ਸ੍ਰੀ ਜਰਨੈਲ ਸਿੰਘ ਨਾਲ ਰੁਬਰੂ ਦਾ ਆਯੋਜਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਅਧਿਐਨ ਸਕੂਲ ਵਿਖੇ ਕੀਤਾ ਗਿਆ।ਉਪ-ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਕਰਵਾਏ ਇਸ ਪ੍ਰੋਗਰਾਮ ਦੇ ਆਰੰਭ ਵਿੱਚ ਡਾ. ਮਨਜਿੰਦਰ ਸਿੰਘ ਨੇ ਆਪਣੇ ਸਵਾਗਤੀ ਸ਼ਬਦਾਂ ਵਿਚ ਕਿਹਾ ਕਿ ਪਰਵਾਸ ਕੇਵਲ ਭੌਤਿਕ ਹੀ ਨਹੀਂ ਬਲਕਿ ਇਸ ਤੋਂ ਵੀ ਵਧੇਰੇ ਇਕ ਮਨੋਵਿਗਿਆਨਕ ਵਰਤਾਰਾ ਹੈ।ਇਸ ਲਈ ਵਰਤਮਾਨ ਸਮੇਂ ਵਿੱਚ ਇਸਦਾ ਬਹੁ-ਅਨੁਸ਼ਾਸਨੀ ਅਧਿਐਨ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਜਰਨੈਲ ਸਿੰਘ ਨਾਮਵਰ ਪਰਵਾਸੀ ਪੰਜਾਬੀ ਕਹਾਣੀਕਾਰ ਹਨ।ਉਨ੍ਹਾਂ ਦੀਆਂ ਕਹਾਣੀਆਂ ਕੈਨੇਡਾ ਵਿੱਚ ਵਸਦੇ ਪੰਜਾਬੀ ਪਰਵਾਸੀਆਂ ਦੇ ਜੀਵਨ ਅਨੁਭਵ ਦੀ ਮੌਲਿਕ ਤਸਵੀਰਕਸ਼ੀ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਨਿੱਕੀ ਕਹਾਣੀ ਦੀ ਵਿਧਾ ਮਾਨਵੀ ਸੰਵੇਦਨਾ ਨੂੰ ਅਭਿਵਿਅਕਤ ਕਰਨ ਦਾ ਬੇਹਤਰੀਨ ਮਾਧਿਅਮ ਹੈ।ਉਨ੍ਹਾਂ ਭਾਰਤ ਵਿਚ ਤਿੰਨ ਕਹਾਣੀ ਸੰਗ੍ਰਹਿ 'ਮੈਨੂੰ ਕੀ', 'ਮਨੁੱਖ ਤੇ ਮਨੁੱਖ' ਅਤੇ 'ਸਮੇਂ ਦੇ ਹਾਣੀ' ਬਾਰੇ ਜਾਣਕਾਰੀ ਦਿੰਦਿਆਂ ਅਗਲੇ ਤਿੰਨ ਸੰਗ੍ਰਹਿ 'ਦੋ ਟਾਪੂ', 'ਟਾਵਰਜ਼' ਅਤੇ 'ਕਾਲ਼ੇ ਵਰਕੇ' ਜੋ ਕੈਨੇਡਾ ਵੱਸਦਿਆਂ ਲਿਖੇ, ਬਾਰੇ ਦੱਸਿਆ।ਡਾ. ਬਲਵਿੰਦਰ ਸਿੰਘ, ਮੁਖੀ, ਪੰਜਾਬੀ ਵਿਭਾਗ, ਗੁਰੂ ਨਾਨਕ ਖ਼ਾਲਸਾ ਕਾਲਜ, ਡਰੌਲੀ ਕਲਾਂ ਨੇ ਜਰਨੈਲ ਸਿੰਘ ਦੀਆਂ ਕਹਾਣੀਆਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਡਾ. ਹਰਿੰਦਰ ਕੌਰ ਸੋਹਲ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਰਨੈਲ ਸਿੰਘ ਸੁਹਿਰਦਤਾ ਮਿਸਾਲੀ ਅਤੇ ਕਾਬਲ-ਇ-ਤਾਰੀਫ਼ ਹੈ।ਮੰਚ ਸੰਚਾਲਨ ਦੀ ਭੂਮਿਕਾ ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਡਾ. ਬਲਜੀਤ ਕੌਰ ਰਿਆੜ ਨੇ ਬਾਖ਼ੂਬੀ ਨਿਭਾਈ। ਉਹਨਾਂ ਕਿਹਾ ਕਿ ਜਰਨੈਲ ਸਿੰਘ ਅੰਤਰਰਾਸ਼ਟਰੀ ਮਸਲਿਆਂ ਨਾਲ ਸੰਬੰਧਿਤ ਅਣਛੋਹੇ ਵਿਸ਼ਿਆਂ ਨੂੰ ਕਲਾਤਮਿਕ ਬਿਰਤਾਂਤਕਾਰੀ ਵਿਚ ਢਾਲਣ ਵਾਲਾ ਅਜਿਹਾ ਪਹਿਲਾ ਕਹਾਣੀਕਾਰ ਹੈ, ਜਿਸਨੇ ਪਰਵਾਸੀ ਪੰਜਾਬੀ ਕਹਾਣੀ ਦੇ ਥੀਮਿਕ ਘੇਰੇ ਨੂੰ ਵਿਸ਼ਾਲ ਕੀਤਾ ਹੈ। ਇਸ ਸਮੇਂ ਡਾ. ਰਾਜਵਿੰਦਰ ਕੌਰ, ਸ੍ਰੀ ਪ੍ਰਵੀਨ ਪੁਰੀ (ਡਾਇਰੈਕਟਰ,ਲੋਕ ਸੰਪਰਕ) ਡਾ. ਕੰਵਲਜੀਤ ਕੌਰ, ਡਾ. ਕੰਵਲਦੀਪ ਕੌਰ, ਡਾ. ਜਸਪਾਲ ਸਿੰਘ, ਡਾ. ਹਰਿੰਦਰ ਸਿੰਘ ਤੁੜ, ਡਾ. ਅਸ਼ੋਕ ਭਗਤ, ਡਾ. ਚੰਦਨਪ੍ਰੀਤ ਸਿੰਘ ,ਡਾ. ਅੰਜੂ ਬਾਲਾ, ਪ੍ਰੋ. ਰਵਿੰਦਰ ਕੌਰ ਤੋਂ ਇਲਾਵਾ ਕਈ ਵਿਦਵਾਨ ਅਤੇ ਮਾਹਿਰ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਏ।

## ਚਿੰਤਾ ਤੇ ਜੀਵਨ ਇੱਕਠੇ ਚੱਲਦੇ ਹਨ : ਡਾ. ਯਸ਼ਪ੍ਰੀਤ ਕੌਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਡਾ: ਇੰਦਰਬੀਰ ਸਿੰਘ ਨਿੱਜਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀ ਕੇ ਡੀ ਇੰਟਰਨੈਸ਼ਨਲ ਨਰਸਿੰਗ ਕਾਲਜ ਵੱਲੋਂ ਇੰਸਟੀਚਿਊਟ ਆਫ ਮੈਂਟਲ ਹੈਲਥ, ਅੰਮ੍ਰਿਤਸਰ ਵਿਖੇ 'ਸਟਰੈਸ ਅਵੇਅਰਨੈੱਸ (ਚਿੰਤਾ ਪ੍ਰਤੀ ਜਾਗਰੂਕਤਾ) ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਡਾ. ਯਸ਼ਪ੍ਰੀਤ ਕੌਰ, ਪ੍ਰਿੰਸੀਪਲ, ਚੀਫ ਖਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ ਨੇ ਕਿਹਾ ਕਿ ਚਿੰਤਾ ਅਤੇ ਜੀਵਨ ਦੋਵੇਂ ਵੱਖ- ਵੱਖ ਨਹੀਂ ਚੱਲਦੇ, ਕਿਉਂਕਿ ਜ਼ਿੰਦਗੀ ਕਦੇ ਪੂਰੀ ਤਰ੍ਹਾਂ ਨਾਲ ਚਿੰਤਾ-ਮੁਕਤ ਨਹੀਂ ਹੋ ਸਕਦੀ।ਇਸ ਲਈ ਸਾਨੂੰ ਚਿੰਤਾ ਕਾਰਨ ਹੋਣ ਵਾਲੇ ਸਰੀਰਕ ਅਤੇ ਮਾਨਸਿਕ ਪ੍ਰਭਾਵਾਂ ਦੀ ਜਾਣਕਾਰੀ ਹੋਣਾ ਲਾਜ਼ਮੀ ਹੈ ਤਾਂ ਜੋ ਸਮੇਂ-ਸਿਰ ਇਨ੍ਹਾਂ ਦੀ ਪਛਾਣ ਹੋ ਸਕੇ ਅਤੇ ਚਿੰਤਾਜਨਕ ਕਾਰਨਾਂ ਨੂੰ ਦੂਰ ਕੀਤਾ ਜਾ ਸਕੇ। ਡਾ. ਸਯਮ, ਮੈਡੀਕਲ ਆਫੀਸਰ ਨੇ ਟੈਲੀ-ਮਾਨਸ ਐਪ ਸਬੰਧੀ ਬਹੁਤ ਹੀ ਵਿਸਥਾਰ ਸਹਿਤ ਜਾਣਕਾਰੀ ਸਾਂਝੀ




ਕੀਤੀ।ਵਿਦਿਆਰਥੀਆਂ ਵੱਲੋਂ ਚਿੰਤਾ ਦੇ ਵਿਸ਼ੇ ਅਤੇ ਇਸ ਦੇ ਬੁਰੇ ਪ੍ਰਭਾਵਾਂ ਨਾਲ ਸਬੰਧਤ ਪੋਸਟਰ ਅਤੇ ਮਾਡਲ ਤਿਆਰ ਕੀਤੇ ਗਏ, ਜੋ ਮਰੀਜ਼ਾਂ ਲਈ ਇੱਕ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇ ਰਹੇ। ਇਸ ਮੌਕੇ ਖਾਲਸਾ ਕਾਲਜ ਤੋਂ ਡਾ. ਮੋਨਿਕਾ, ਮੈਡਮ ਗਗਨਦੀਪ ਕੌਰ ਨੇ ਉਚੇਚੇ ਤੌਰ 'ਤੇ ਹਾਜ਼ਰੀ ਭਰੀ।ਚੀਫ ਖਾਲਸਾ ਦੀਵਾਨ ਨਰਸਿੰਗ ਕਾਲਜ ਤੋਂ ਮੈਡਮ ਈਵਿੰਦਰਪ੍ਰੀਤ ਕੌਰ, ਤਾਨੀਆਪ੍ਰੀਤ ਕੌਰ ਅਤੇ ਵੱਖ-ਵੱਖ ਕਾਲਜਾਂ ਤੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ।

## ਪੰਜਾਬ 'ਚ ਆਉਣ ਵਾਲੀ ਸਰਕਾਰ ਕਾਂਗਰਸ ਦੀ ਹੋਵੇਗੀ : ਹਰਪ੍ਰਤਾਪ ਅਜਨਾਲਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਦਿੱਲੀ ਵਿਖੇ ਅੰਨਾ ਹਜਾਰੇ ਦੇ ਅੰਦੋਲਨ 'ਚੋਂ ਨਿਕਲੀ ਆਮ ਆਦਮੀ ਪਾਰਟੀ ਦੀ ਪੰਜਾਬ ਵਿੱਚ ਸਰਕਾਰ ਬਣਾਉਣ ਵਿੱਚ ਭਗਵੰਤ ਮਾਨ ਨੂੰ ਮੰਨਿਆ ਜਾਂਦਾ ਹੈ। ਲੋਕ ਸਭਾ ਵਿੱਚ ਉਨ੍ਹਾਂ ਵੱਲੋਂ ਦਿੱਤੇ ਗਏ ਭਾਸ਼ਣਾਂ ਅਤੇ ਚੁੱਟਕਲਿਆਂ ਦਾ ਲੋਕਾਂ ਦੇ ਮਨਾਂ 'ਤੇ ਏਨਾ ਅਸਰ ਹੋਇਆ ਕਿ ਲੋਕ ਉਸਦੇ ਮੁਰੀਦ ਬਣ ਗਏ ਅਤੇ ਉਸ ਉੱਤੇ ਆਪਣੇ ਸੁਨਹਿਰੀ ਭਵਿੱਖ ਦੀ ਆਸ ਲਾ ਬੈਠੇ। ਸਿਆਣਿਆਂ ਦਾ ਕਥਨ ਹੈ ਹਰ ਚਮਕਣ ਵਾਲੀ ਚੀਜ਼ ਸੋਨਾ ਨਹੀਂ ਹੁੰਦੀ, ਹੁਣ ਸੱਚ ਸਾਬਤ ਹੁੰਦਾ ਜਾਪਦਾ ਹੈ, ਕਿਉਂਕਿ ਸਰਕਾਰ ਦੇ ਬੀਤੇ ਤਿੰਨਾਂ ਸਾਲਾਂ ਵਿੱਚ ਕੀਤੇ ਕੰਮਾਂ ਨੂੰ ਘੋਖਿਆਂ ਉਨ੍ਹਾਂ ਦਾ ਗਰਾਫ ਨਿਵਾਣਾਂ ਵੱਲ ਮਲੂਮ ਹੁੰਦਾ ਹੈ, ਜਿਸ ਦੇ ਚਲਦਿਆਂ ਪੰਜਾਬ ਵਿੱਚ ਆਉਣ ਵਾਲੀ ਸਰਕਾਰ ਕਾਂਗਰਸ ਦੀ ਹੋਵੇਗੀ ਅਤੇ 2027 ਵਿੱਚ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਹਾਰ ਜੋ ਯਕੀਨੀ ਹੈ, ਦਾ ਕਾਰਨ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨਾਂ ਦੀ ਜੁੰਡਲੀ ਹੋਵੇਗੀ।ਅਜਨਾਲਾ ਨੇ ਕਿਹਾ ਕਿ ਰਾਜ ਵਿੱਚ ਸੜਕਾਂ ਦਾ ਬੁਰਾ ਹਾਲ ਹੈ, ਪਰ ਸਰਕਾਰ ਵੱਲੋਂ ਇਸਤਿਹਾਰਬਾਜ਼ੀ ਤੇ ਫਜ਼ੂਲ ਖਰਚ ਕਰਕੇ ਪੈਸਾ ਬਰਬਾਦ ਕੀਤਾ ਜਾ ਰਿਹਾ ਹੈ। ਸਰਕਾਰੀ ਖਜਾਨੇ ਦੀ ਹਾਲਤ ਇੰਨੀ ਮਾੜੀ ਹੈ ਕਿ ਸਰਕਾਰੀ ਮੁਲਾਜ਼ਮਾਂ ਨੂੰ ਪੇ ਕਮਿਸਨ ਦਾ 1-1-16 ਤੋਂ 30 ਜੂਨ 21 ਤੱਕ ਦਾ ਸਾਢੇ ਪੰਜ ਸਾਲ ਦਾ ਬਕਾਇਆ ਅਤੇ ਡੀ.ਏ. ਦੀਆਂ ਕਿਸ਼ਤਾਂ ਦਾ 13 % ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਮੁਲਾਜਮ ਸਰਕਾਰ ਨੂੰ ਸਬਕ ਸਿਖਾਉਣ ਦਾ ਮਨ ਬਣਾ ਚੁੱਕੇ ਹਨ। ਬਿਜਲੀ ਬੋਰਡ ਦੇ ਮੁਲਾਜਮਾਂ ਨੇ ਵੀ ਮਹਿਕਮੇ ਦਾ ਨਿੱਜੀਕਰਨ ਕਰਨ ਦੇ ਖਿਲਾਫ ਬਿਗਲ ਵਜਾਇਆ ਹੋਇਆ ਹੈ। ਉਨਾਂ ਅੱਗੇ ਕਿਹਾ ਕਿ ਸਰਕਾਰ ਦਾ ਕਿਸਾਨਾਂ ਨਾਲ ਵੀ ਇੱਟ ਖੜਿਕਾ ਚੱਲ ਰਿਹਾ ਹੈ। ਕਿਸਾਨ 2019 ਵਿੱਚ ਚੱਲੇ ਕਿਸਾਨ ਸੰਘਰਸ਼ ਸਮੇਂ ਕਾਂਗਰਸ ਸਰਕਾਰ ਦੀ ਕਾਰਗੁਜ਼ਾਰੀ ਯਾਦ ਕਰਦਿਆਂ ਕਾਂਗਰਸ ਸਰਕਾਰ ਦੀ ਤਰੀਫ ਕਰ ਰਹੇ ਹਨ ਅਤੇ ਹੁਣ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਨੂੰ ਕੋਸ ਰਹੇ ਹਨ। ਕਿਸਾਨਾਂ ਵਿੱਚ ਸਰਕਾਰ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ, ਅਤੇ ਉਹ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਪਿੰਡਾਂ ਵਿੱਚ ਜਾਣ ਤੇ ਘੇਰ ਕੇ



ਉਨਾਂ ਦਾ ਵਿਰੋਧ ਕਰਕੇ ਉਹਨਾਂ ਨੂੰ ਸਵਾਲ ਪੁੱਛ ਰਹੇ ਹਨ। ਉਨ੍ਹਾਂ ਕਿਹਾ ਕਿ ਚੋਣਾਂ ਵੇਲੇ ਲੋਕਾਂ ਨਾਲ ਵਾਅਦੇ ਕਰਕੇ ਪੂਰੇ ਨਾ ਕਰਨ ਵਾਲੀ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ ਜਿਸ ਕਾਰਨ ਲੋਕਾਂ ਦਾ ਸਰਕਾਰ ਤੋਂ ਮੋਹ ਭੰਗ ਹੋ ਚੁੱਕਾ ਹੈ, ਪਰ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੇਲੇ ਦੀ ਨਮਾਜ਼ ਅਤੇ ਕਵੇਲੇ ਦੀਆਂ ਟੱਕਰਾਂ ਮਾਰਨ ਵਿੱਚ ਮਗਨ ਹੋ ਗਿਆ ਹੈ। ਉਹ ਬੁਖਲਾਹਟ ਵਿੱਚ ਆ ਕੇ ਕਾਂਗਰਸੀ ਆਗੂਆਂ ਉੱਤੇ ਝੂਠੇ ਮੁਕਦਮੇ ਬਣਾ ਰਿਹਾ ਹੈ। ਉਨ੍ਹਾਂ ਵਿਰੋਧੀ ਧਿਰ ਦੇ ਨੇਤਾ ਸ੍ਰੀ ਪ੍ਰਤਾਪ ਸਿੰਘ ਬਾਜਵਾ ਤੇ ਬਣਾਏ ਪਰਚੇ ਦੀ ਨਿਖੇਦੀ ਕਰਦਿਆਂ ਕਿਹਾ ਕਿ ਇਸ ਦਾ ਜਵਾਬ ਸਮਾਂ ਆਉਣ ਤੇ ਬਾਖੂਬੀ ਦਿੱਤਾ ਜਾਵੇਗਾ।

## ਨਵ-ਨਿਯੁਕਤ ਟਰੱਸਟੀ ਸੰਨੀ ਮਸੀਹ ਤੇ ਡਾ. ਜਗਦੀਸ਼ ਸਿੰਘ ਰਜਾਦਾ ਨੇ ਅਹੁਦਾ ਸੰਭਾਲਿਆ

**● ਮਿਹਨਤ ਤੇ ਲਗਨ ਨਾਲ ਕੰਮ ਕਰਨ ਵਾਲੇ ਵਲੰਟੀਅਰਾਂ ਨੂੰ ਪਾਰਟੀ ਪੂਰਾ ਮਾਣ ਸਤਿਕਾਰ ਦੇਣ ਲਈ ਵਚਨਬੱਧ : ਸ਼ੈਰੀ ਕਲਸੀ**

**ਬਟਾਲਾ (ਡਾ. ਮਲਵਿੰਦਰ ਸਿੰਘ)**- ਬਟਾਲਾ ਦੇ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਮੌਜੂਦਗੀ ਵਿੱਚ ਬਟਾਲਾ ਇੰਪਰੂਵਮੈਂਟ ਟਰੱਸਟ ਦੇ ਨਵ-ਨਿਯੁਕਤ ਟਰੱਸਟੀ ਸੰਨੀ ਮਸੀਹ ਅਤੇ ਡਾ. ਜਗਦੀਸ਼ ਸਿੰਘ ਰਜਾਦਾ ਨੇ ਅਹੁਦਾ ਸੰਭਾਲਿਆ।ਇਸ ਮੌਕੇ ਯਸ਼ਪਾਲ ਚੌਹਾਨ,



ਚੇਅਰਮੈਨ ਇੰਪਰੂਵਮੈਂਟ ਟਰੱਸਟ ਬਟਾਲਾ ਅਤੇ ਮਾਨਿਕ ਮਹਿਤਾ, ਚੇਅਰਮੈਨ ਮਾਰਕੀਟ ਕਮੇਟੀ ਬਟਾਲਾ ਵੀ ਮੌਜੂਦ ਸਨ।ਇਸ ਮੌਕੇ ਟਰੱਸਟੀ ਸੰਨੀ ਮਸੀਹ ਅਤੇ ਡਾ. ਜਗਦੀਸ਼ ਸਿੰਘ ਰਜਾਦਾ ਨੂੰ ਮੁਬਾਰਕਬਾਦ ਦਿੰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਪ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਪਾਰਟੀ ਵਿੱਚ ਮਿਹਨਤ ਤੇ ਲਗਨ ਨਾਲ ਕੰਮ ਕਰਨ ਵਾਲੇ ਵਲੰਟੀਅਰਾਂ ਨੂੰ ਮਾਣ ਸਤਿਕਾਰ ਦੇ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਪਾਰਟੀ ਵਲੰਟੀਅਰਾਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਲਗਨ ਅਨੁਸਾਰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।ਟਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਭਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਜਾ ਰਿਹਾ ਹੈ।ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਂਕਾਂ ਨੂੰ ਚੌੜਿਆਂ ਕੀਤਾ ਗਿਆ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਜਾ ਰਿਹਾ ਹੈ, ਜਿਸ ਨੂੰ ਬਹੁਤ ਜਲਦ ਲੋਕਾਂ ਦੇ ਸਮਰਪਿਤ ਕੀਤਾ ਜਾ ਰਿਹਾ ਹੈ।ਇਸ ਮੌਕੇ ਟਰੱਸਟੀ ਸੰਨੀ ਮਸੀਹ ਅਤੇ ਡਾ. ਜਗਦੀਸ਼ ਸਿੰਘ ਰਜਾਦਾ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਜੋ ਮੈਨੂੰ ਜ਼ਿੰਮੇਵਾਰੀ ਸੌਂਪੀ ਗਈ, ਉਸਨੂੰ ਪੂਰੀ ਮਿਹਨਤ ਤੇ ਲਗਨ ਨਿਭਾਵਾਂਗਾ ਤੇ ਬਟਾਲਾ ਨੂੰ ਹੋਰ ਖੂਬਸੂਰਤ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।

## ਗੁ: ਭਗਤ ਜੱਲਣ ਦਾਸ ਦੇ ਜੋੜ ਮੇਲੇ 'ਤੇ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਗੁ: ਭਗਤ ਜੱਲਣ ਦਾਸ ਦੇ ਮਨਾਏ ਗਏ ਦੋ ਰੋਜ਼ਾ ਵਿਸਾਖੀ ਸਲਾਨਾਂ ਜੋੜ ਮੇਲੇ ਤੇ ਸਹਿਯੋਗ ਦੇਣ ਵਾਲੀਆਂ ਸਭਾ ਸੁਸਾਇਟੀਆ, ਸੇਵਾਦਾਰਾਂ, ਇਲਾਕੇ ਅਤੇ ਨਗਰ ਨੌਸ਼ਿਹਰਾ ਢਾਲਾ ਦੀਆਂ ਸਮੁੱਚੀਆਂ ਸੰਗਤਾਂ ਅਤੇ ਪੁਲਸ ਪ੍ਰਸ਼ਾਸਨ ਦਾ ਕੋਟਿਨ ਕੋਟਿ ਧੰਨਵਾਦ ਕਰਦਿਆਂ ਮੁੱਖ ਸੇਵਾਦਾਰ ਬਾਬਾ ਨਿਰਮਲ ਸਿੰਘ ਸੰਧੂ ਮੈਂਬਰ ਐਸਜੀਪੀਸੀ, ਦਵਿੰਦਰ ਸਿੰਘ ਸੰਧੂ ਲਾਲੀ ਢਾਲਾ, ਜਸਮਿੰਦਰ ਸਿੰਘ ਸੰਧੂ ਅਤੇ ਪਿੰਡ ਦੇ ਸਰਪੰਚ ਮੰਗਲ ਸਿੰਘ ਨੇ ਕਿਹਾ ਕਿ ਵਿਸਾਖੀ ਮੇਲੇ ਦੌਰਾਨ ਲਗਾਏ ਗੁਰਦੁਆਰਾ ਸਾਹਿਬ, ਦੀਵਾਨ ਹਾਲ, ਗੁਰੂ ਦੇ ਲੰਗਰਾਂ, ਠੰਡੇ ਮਿੱਠੇ ਜਲ ਦੀਆ ਛਬੀਲਾਂ, ਸਾਈਕਲ, ਕਾਰ, ਮੋਟਰਸਾਈਕਲ ਵਾਹਨ ਪਾਰਕਿੰਗ, ਜੋੜਾ ਘਰ, ਆਵਾਜਾਈ ਆਦਿ ਵੱਖ-ਵੱਖ ਸੇਵਾਵਾਂ ਦੌਰਾਨ ਸੇਵਾ ਨਿਭਾਉਣ ਵਾਲੀਆਂ ਸਮੁੱਚੀਆਂ ਸੰਗਤਾਂ ਦੇ ਰੋਮ-ਰੋਮ ਰਿਣੀ ਹਨ।ਇਸ ਮੌਕੇ ਜਥੇ: ਕਸ਼ਮੀਰ ਸਿੰਘ ਗੰਡੀਵਿੰਡ ਸਾਬਕਾ ਐੱਸਜੀਪੀਸੀ ਮੈਂਬਰ, ਹਰਦੇਵ ਸਿੰਘ ਸ਼ਾਹ, ਮਨਜਿੰਦਰ ਸਿੰਘ ਮੰਨਾ ਬਾਵਾ ਢਾਲਾ, ਸੁਖਜੀਤ ਸਿੰਘ ਬਾਵਾ, ਜਥੇ: ਸੁਖਰਾਜ ਸਿੰਘ ਕਾਲਾ ਗੰਡੀਵਿੰਡ, ਸਾਬਕਾ ਸਰਪੰਚ ਕੇਹਰ ਸਿੰਘ ਆਧੀ, ਰਾਣਾ ਆਧੀ, ਸ਼ਮਸ਼ੇਰ ਸਿੰਘ ਸ਼ੇਰਾ ਢਾਲਾ, ਆੜ੍ਹਤੀ ਗੁਰਬੀਰ ਸਿੰਘ ਲਾਡੀ, ਹਰਮਨ ਸਿੰਘ ਹੰਮਾ, ਭਗਵਾਨ ਸਿੰਘ ਭਾਗਾ ਨੌਸ਼ਹਿਰਾ, ਦਵਿੰਦਰ ਸਿੰਘ ਆੜਤੀ, ਸੁਲਤਾਨ ਸੰਧੂ, ਦਵਿੰਦਰ ਢਾਲਾ, ਗੁਰਜੰਟ ਢਾਲਾ, ਸੋਨੂੰ ਬਾਵਾ, ਅਰਸ਼ ਢਾਲਾ, ਗੋਰਾ ਬਾਵਾ, ਗੋਪੀ, ਯੋਧਾ ਬਾਵਾ ਆਦਿ ਵੀ ਹਾਜ਼ਰ ਸਨ।

## ਗ੍ਰਾਮ ਪੰਚਾਇਤ ਬੁਤਾਲਾ ਨੇ ਨਿਵੇਕਲੇ ਢੰਗ ਨਾਲ ਮਨਾਇਆ ਖਾਲਸਾ ਸਾਜਨਾ ਦਿਵਸ




**ਬੁਤਾਲਾ (ਨਿਰਮਲ ਸਿੰਘ ਸੰਘਾ)**- ਇਤਿਹਾਸਕ ਪਿੰਡ ਬੁਤਾਲਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਨਿਵੇਕਲੇ ਤਰੀਕੇ ਨਾਲ ਮਨਾਉਂਦਿਆਂ ਹੋਇਆਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਨਿਨ ਸੇਵਕ ਭਾਈ ਪੱਲ੍ਹਾ ਜੀ ਦੇ ਮਾਤਾ ਬੀਬੀ ਸੰਤੀ ਜੀ ਯਾਦ ਵਿੱਚ ਪਾਰਕ ਦੀ ਸਥਾਪਨਾ ਕੀਤੀ ਗਈ, ਭਾਈ ਬਲਜੀਤ ਸਿੰਘ ਹੈੱਡ ਗ੍ਰੰਥੀ ਨੇ ਕਾਰਜ ਦੀ ਆਰੰਭਤਾ ਤੋਂ ਪਹਿਲਾਂ ਅਰਦਾਸ ਕਰ ਕੇ ਸ਼ੁਕਰਾਨਾ ਕੀਤਾ।ਇਸ ਤਰ੍ਹਾਂ ਬੁਤਾਲਾ ਵਾਸੀਆਂ ਲਈ ਖਾਲਸਾ ਸਾਜਨਾ ਦਿਵਸ 2025 ਯਾਦਗਾਰੀ ਹੋ ਨਿਬੜਿਆ।ਗ੍ਰਾਮ ਪੰਚਾਇਤ ਬੁਤਾਲਾ, ਰਾਊਂਡਗਲਾਸ ਫਾਊਂਡੇਸ਼ਨ, ਬੁਤਾਲਾ ਵੈਲਫੇਅਰ ਸੁਸਾਇਟੀ,ਬਾਬਾ ਪੱਲ੍ਹਾ ਸਪੋਰਟਸ ਕਲੱਬ, ਬਾਬਾ ਪੱਲ੍ਹਾ ਜੀ ਯਾਦਗਾਰੀ ਹਾਕੀ ਟੂਰਨਾਮੈਂਟ ਕਮੇਟੀ, ਸਮੂਹ ਐੱਨਆਰਆਈ ਵੀਰਾਂ ਤੇ ਸੰਗਤਾਂ ਦੇ ਸਾਂਝੇ ਉਦਮ ਸਦਕਾ ਇਸ ਕਾਰਜ ਦੀ ਸ਼ੁਰੂਆਤ ਕੀਤੀ ਗਈ ਜਿਸਦੀ ਇਲਾਕੇ ਭਰ ਵਿੱਚ ਸ਼ਲਾਘਾ ਹੋ ਰਹੀ ਹੈ।ਇਸ ਮੌਕੇ ਸਰਪੰਚ ਸੁਖਵਿੰਦਰ ਸਿੰਘ ਬੁਤਾਲਾ, ਬਲਤੇਜ ਸਿੰਘ ਪੰਚ, ਗੁਰਪ੍ਰੀਤ ਸਿੰਘ ਗੋਪੀ, ਚਰਨਜੀਤ ਸਿੰਘ ਪੰਚ, ਗਿਆਨ ਸਿੰਘ ਪ੍ਰਧਾਨ, ਗੁਰਮੀਤ ਸਿੰਘ ਪੰਚ, ਹੈੱਡਮਾਸਟਰ ਹਰਸ਼ਰਨ ਸਿੰਘ, ਪ੍ਰਭਜੋਤ ਸਿੰਘ ਜੋਤੀ, ਹਰਵਿੰਦਰ ਸਿੰਘ ਫੌਜੀ, ਨਿਰਵੈਰ ਸਿੰਘ ਫੌਜੀ ਸੂਬੇਦਾਰ ਅਮਨਦੀਪ ਸਿੰਘ, ਹਰਜੀਤ ਸਿੰਘ ਪੰਚ, ਸੁਖਜੀਤ ਸਿੰਘ, ਪੰਚ ਬਲਵਿੰਦਰ ਸਿੰਘ ਚੇਅਰਮੈਨ, ਸੰਦੀਪ ਸਿੰਘ ਸੋਨੀ, ਹਰਿੰਦਰ ਸਿੰਘ, ਲਖਵਿੰਦਰ ਸਿੰਘ ਪੰਚ, ਜਗਜੀਤ ਸਿੰਘ ਪੰਚ, ਗਗਨਦੀਪ ਸਿੰਘ ਬੇਰੀਆਂ ਵਾਲੇ, ਹਰਪਾਲ ਸਿੰਘ, ਅਮਨਤੇਜ ਸਿੰਘ, ਸੁਖਬੀਰ ਸਿੰਘ ਸੰਧੂ, ਬਿਕਰਮ ਸਿੰਘ, ਦਿਲਬਾਗ ਸਿੰਘ, ਜਸਵਿੰਦਰ ਸਿੰਘ, ਦਲੇਰਜੀਤ ਸਿੰਘ, ਰੋਹਿਤ ਕੁਮਾਰ, ਨਵਰਾਜ ਸਿੰਘ, ਰਵੇਲ ਸਿੰਘ ਚਾਹਲ ਆਦਿ ਹਾਜ਼ਰ ਸਨ।

## ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ : ਪਨੂੰ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋ ਕਾਇਆ ਕਲਪ ਕੀਤੀ ਗਈ ਹੈ ਅਤੇ ਵਿਦਿਆਰਥੀਆਂ ਨੂੰ ਸਕੂਲਾਂ ਵਿੱਚ ਪੜ੍ਹਨ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।ਇਹ ਪ੍ਰਗਟਾਵਾ ਬਲਬੀਰ ਸਿੰਘ ਪਨੂੰ, ਚੇਅਰਮੈਨ ਪਨਸਪ ਪੰਜਾਬ ਨੇ ਕੀਤਾ।ਚੇਅਰਮੈਨ ਪਨੂੰ ਵਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਫਤਿਹਗੜ੍ਹ ਚੂੜੀਆਂ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਕੋਟਲਾ ਸਰਫ ਵਿਖੇ 12 ਲੱਖ 75 ਹਜ਼ਾਰ ਰੁਪਏ, ਸਰੂਪਵਾਲੀ ਕਲਾਂ ਵਿਖੇ 7 ਲੱਖ 51 ਹਜ਼ਾਰ ਰੁਪਏ, ਚਿੱਥ ਵਿਖੇ 3 ਲੱਖ 75 ਹਜ਼ਾਰ ਰੁਪਏ ਅਤੇ ਬੱਜੂਮਾਨ ਵਿਖੇ 10 ਲੱਖ 31 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਪਨੂੰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਸਹੂਲਤ ਸ਼ਾਨਦਾਰ ਕਮਰੇ, ਫਰਨੀਚਰ, ਵਾਈ-ਫਾਈ ਕੁਨੈਕਸ਼ਨ



ਅਤੇ ਪੀਣ ਲਈ ਸਾਫ਼-ਸ਼ੁੱਧ ਪਾਣੀ ਅਤੇ ਸਕੂਲਾਂ ਦੀ ਚਾਰ ਦੀਵਾਰੀ ਆਦਿ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਵਿਦਿਆਰਥੀਆਂ ਨੂੰ ਸੂਕਲਾਂ ਵਿੱਚ ਪੜ੍ਹਨ ਦਾ ਵਧੀਆ ਮਾਹੌਲ ਪ੍ਰਦਾਨ ਕੀਤਾ ਗਿਆ ਹੈ।ਇਸ ਮੌਕੇ ਬੀਪੀਈਓ ਜਸਵਿੰਦਰ ਸਿੰਘ, ਜਤਿੰਦਰ ਪਾਲ ਸਿੰਘ, ਗੁਰਪ੍ਰੀਤ ਸਿੰਘ ਦੀਪਕ, ਮੈਡਮ ਜੋਤੀਕਾ, ਮੈਡਮ ਰਮਨ ਬਾਲਾ, ਹਰਪਿੰਦਰ ਕੌਰ, ਲਖਬੀਰ ਸਿੰਘ, ਮੈਡਮ ਅਮਰਜੀਤ ਕੌਰ, ਮੈਡਮ ਸ਼ਰਨਜੀਤ ਕੌਰ, ਰਾਜਵੰਤ ਕੌਰ, ਬਲਵਿੰਦਰ ਕੌਰ, ਇੰਦਰਜੀਤ ਕੌਰ, ਹਰਪ੍ਰੀਤ ਕੌਰ, ਰਾਜਵਿੰਦਰ ਕੌਰ, ਬੀਆਰਪੀ ਰਾਮ ਸਿੰਘ ਸੀਐੱਚਟੀ ਵਿਨੋਦ ਸ਼ਰਮਾ, ਸਰਪੰਚ ਕੁਲਦੀਪ ਸਿੰਘ, ਮੈਂਬਰ ਸੁਲੱਖਣ ਸਿੰਘ, ਰਾਜੂ ਕੋਟਲਾ ਸਰਫ, ਸ਼ਾਮ ਸਿੰਘ, ਮਨਦੀਪ ਸਿੰਘ, ਸਰਵਣ ਸਿੰਘ, ਦਵਿੰਦਰ ਸਿੰਘ, ਮੇਜਰ ਸਿੰਘ, ਸਰਪੰਚ ਪ੍ਰੇਮ ਸਿੰਘ ਲੱਡੂ, ਸਤਪਾਲ ਸਿੰਘ ਫੌਜੀ, ਪ੍ਰਧਾਨ ਹਰਕੀਤ ਸਿੰਘ, ਰਣਜੀਤ ਸਿੰਘ ਰਾਣਾ, ਸਰਪੰਚ ਮਨਪ੍ਰੀਤ ਕੌਰ, ਦਲਜੀਤ ਸਿੰਘ, ਹਰਦੇਵ ਸਿੰਘ, ਸਰਪੰਚ ਦਿਲਬਾਗ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਹਲਕਾ ਕੋਡੀਨੇਟਰ ਐਜੂਕੇਸ਼ਨ ਰਘਬੀਰ ਸਿੰਘ ਅਠਵਾਲ, ਬਲਾਕ ਪ੍ਰਧਾਨ ਜਗਜੀਤ ਸਿੰਘ, ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਗਗਨਦੀਪ ਸਿੰਘ ਕੋਟਲਾ ਬਾਮਾ, ਕਰਨ ਬਾਠ, ਗੁਰ ਪ੍ਰਤਾਪ ਸਿੰਘ ਅਤੇ ਗੁਰਦੇਵ ਸਿੰਘ ਔਜਲਾ ਆਦਿ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ ਲਿਬਾਸ-ਦ-ਡਿਜ਼ਾਈਨਰਜ਼ ਕ੍ਰੀਏਸ਼ਨ ਪ੍ਰਦਰਸ਼ਨੀ ਲਗਾਈ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਕਾਲਜ ਦੇ ਫ਼ੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ 'ਲਿਬਾਸ-ਦ-ਡਿਜ਼ਾਈਨਰਜ਼ ਕ੍ਰੀਏਸ਼ਨ-2025' ਪ੍ਰਦਰਸ਼ਨੀ ਲਗਾਈ ਗਈ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਅਗਵਾਈ ਹੇਠ ਉਕਤ ਪ੍ਰਦਰਸ਼ਨੀ ਦਾ ਖ਼ਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਵੱਲੋਂ ਉਦਘਾਟਨ ਕੀਤਾ ਗਿਆ।ਇਸ ਪ੍ਰਦਰਸ਼ਨੀ 'ਚ ਵਿਸਾਖੀ ਦੇ ਤਿਉਹਾਰ ਨਾਲ ਸਬੰਧਿਤ ਵਿਦਿਆਰਥੀਆਂ ਦੁਆਰਾ ਕੀਤੇ ਗਏ ਲਹਿੰਗੇ, ਫੁੱਲਕਾਰੀਆਂ, ਸੂਟ-ਦੁੱਪਟੇ, ਗੋਟੇ, ਪਰਾਂਦੇ, ਪੱਖੀਆਂ ਆਦਿ ਨੂੰ ਲਗਾਇਆ ਗਿਆ।ਇਸ ਮੌਕੇ ਡਾ. ਮਹਿਲ ਸਿੰਘ ਨੇ ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਵਧਾਈਆਂ ਦਿੰਦਿਆਂ ਵਿਦਿਆਰਥੀਆਂ ਨੂੰ ਜਿੱਥੇ ਉਕਤ ਦਿਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ, ਉਥੇ ਉਨ੍ਹਾਂ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੁਆਰਾ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਇਨਸਾਨ ਦਾ ਸਭ ਤੋਂ ਅਹਿਮ ਤੇ ਮੁੱਢਲਾ ਫ਼ਰਜ਼ ਹੁੰਦਾ ਹੈ ਕਿ ਉਹ ਆਪਣੀ ਸੱਭਿਅਤਾ ਅਤੇ ਵਿਰਸੇ ਦੀ ਰਾਖੀ 'ਤੇ ਪਹਿਰਾ ਦੇਵੇ ਅਤੇ ਆਪਣੀ ਲੋਕਚਾਰੀ ਅਤੇ ਵਿਰਾਸਤ ਨੂੰ ਸੰਭਾਲਣ ਲਈ ਯਤਨਸ਼ੀਲ ਰਹੇ ਕਿਉਂਕਿ ਅੱਜ ਦੇ ਅਤਿ-ਆਧੁਨਿਕ ਯੁੱਗ 'ਤੇ ਨੌਜਵਾਨ ਪੀੜ੍ਹੀ ਆਪਣੇ ਸੱਭਿਆਚਾਰ ਤੋਂ ਦੂਰ ਹੁੰਦੀ ਜਾ ਰਹੀ ਹੈ ਜਿਸ ਨੂੰ ਅਜੋਕੇ ਸਮੇਂ 'ਚ ਆਪਣੇ ਵਿਰਸੇ ਅਤੇ ਸੱਭਿਅਤਾ ਨਾਲ ਜੋੜਨਾ ਬਹੁਤ ਜ਼ਰੂਰੀ ਹੈ।ਇਸ ਪ੍ਰਦਰਸ਼ਨੀ 'ਚ ਬਲਾਕ ਪ੍ਰਿੰਟਿੰਗ ਤਕਨੀਕਾਂ, ਛੱਝ, ਕਣਕ ਦੀਆਂ ਪੋਸ਼ਾਕਾਂ, ਛਿੱਕੂ, ਕਢਾਈਆਂ, ਲਹਿੰਗੇ, ਫੁਲਕਾਰੀਆਂ, ਸੂਟ-ਦੁੱਪਟੇ, ਗੋਟੇ, ਪੱਖੀਆਂ, ਹੈਂਡ-ਪੇਂਟ ਆਦਿ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ।ਇਸ ਮੌਕੇ ਡਾ. ਰੰਧਾਵਾ ਨਾਲ ਮਿਲ ਕੇ ਜਸਮੀਤ ਕੌਰ ਨੇ ਡਾ. ਮਹਿਲ ਸਿੰਘ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕਰਨ ਉਪਰੰਤ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਸਬੰਧਿਤ ਵਿਭਾਗੀ ਸਟਾਫ਼ ਅਤੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਹੀ ਸਫ਼ਲ ਹੋ ਸਕਿਆ ਹੈ।

ਨਵਾਂ ਜ਼ਮਾਨਾ
ਸ਼ੁੱਕਰਵਾਰ, 18 ਅਪ੍ਰੈਲ 2025

# ਖੌਫਨਾਕ ਸੈਂਸਰਸ਼ਿਪ

*ਦਿੱਲੀ ਯੂਨੀਵਰਸਿਟੀ ਦੇ ਹਿੰਦੀ ਵਿਭਾਗ ਦੇ ਪ੍ਰੋਫੈਸਰ ਅਪੂਰਵਾਨੰਦ ਨੂੰ 23 ਅਪ੍ਰੈਲ ਤੋਂ ਇੱਕ ਮਈ ਤੱਕ ਨਿਊ ਯਾਰਕ ਸਥਿਤ ਇੰਡੀਆ-ਚਾਈਨਾ ਇੰਸਟੀਚਿਊਟ ਦੀ ਨਿਊ ਸਕੂਲ ਦੀ ਵੀਹਵੀਂ ਵਰ੍ਹੇਗੰਢ ਦੇ ਸਮਾਗਮ ਵਿੱਚ ਸੱਦਿਆ ਗਿਆ ਸੀ, ਜਿੱਥੇ ਉਨ੍ਹਾ 'ਸੰਸਾਰਕ ਸੱਤਾਵਾਦੀ ਦੌਰ ਵਿੱਚ ਯੂਨੀਵਰਸਿਟੀਆਂ' ਵਿਸ਼ੇ 'ਤੇ ਲੈਕਚਰ ਦੇਣਾ ਸੀ। ਉਨ੍ਹਾ ਇਸ ਲਈ ਆਪਣੀ ਯੂਨੀਵਰਸਿਟੀ ਨੂੰ ਛੁੱਟੀਆਂ ਲਈ ਬਕਾਇਦਾ ਅਰਜ਼ੀ ਦਿੱਤੀ ਸੀ। ਯੂਨੀਵਰਸਿਟੀ ਦੇ ਰਜਿਸਟਰਾਰ ਨੇ ਅਰਜ਼ੀ ਇੱਕ ਮਹੀਨੇ ਕੋਲ ਰੱਖੀ ਛੱਡੀ ਤੇ ਫਿਰ ਕਿਹਾ ਕਿ ਮਾਮਲਾ ਕੇਂਦਰੀ ਸਿੱਖਿਆ ਮੰਤਰਾਲੇ ਨੂੰ ਘੱਲਿਆ ਜਾਵੇਗਾ। ਇਸ ਤੋਂ ਬਾਅਦ ਯੂਨੀਵਰਸਿਟੀ ਨੇ ਉਨ੍ਹਾ ਦੇ ਲੈਕਚਰ ਦਾ ਪੂਰਾ ਪਾਠ ਮੰਗ ਲਿਆ। ਅੰਤ ਨੂੰ ਛੁੱਟੀ ਦੇਣ ਤੋਂ ਨਾਂਹ ਕਰ ਦਿੱਤੀ ਗਈ।*

*ਕਿਸੇ ਵੀ ਜਮਹੂਰੀ ਸਮਾਜ ਵਿੱਚ ਅਕਾਦਮਿਕ ਅਜ਼ਾਦੀ ਇੱਕ ਕੇਂਦਰੀ ਕਦਰ ਹੈ। ਇਹ ਉਹ ਬੁਨਿਆਦ ਹੈ, ਜਿਸ 'ਤੇ ਗਿਆਨ ਦੀ ਖੋਜ, ਅਲੋਚਨਾ ਦੀ ਸੰਸਕ੍ਰਿਤੀ ਤੇ ਨਵੇਂ ਵਿਚਾਰਾਂ ਦਾ ਵਿਕਾਸ ਟਿਕਿਆ ਹੁੰਦਾ ਹੈ। ਜੇ ਪ੍ਰੋਫੈਸਰਾਂ ਤੇ ਖੋਜੀਆਂ ਨੂੰ ਇਹ ਡਰ ਬਣਿਆ ਰਹੇ ਕਿ ਉਨ੍ਹਾਂ ਦੇ ਵਿਚਾਰਾਂ ਨੂੰ ਸਿਆਸੀ ਚਸ਼ਮੇ ਨਾਲ ਦੇਖਿਆ ਜਾਵੇਗਾ ਜਾਂ ਉਨ੍ਹਾਂ ਨੂੰ ਬੋਲਣ ਤੋਂ ਪਹਿਲਾਂ ਆਗਿਆ ਲੈਣੀ ਹੋਵੇਗੀ, ਤਾਂ ਇਹ ਨਾ ਸਿਰਫ ਉਨ੍ਹਾਂ ਦੇ ਵਿਅਕਤੀਤਵ ਦਾ ਅਪਮਾਨ ਹੈ, ਸਗੋਂ ਸਿੱਖਿਆ ਦੀ ਆਤਮਾ ਦਾ ਵੀ ਦਮਨ ਹੈ। ਅਪੂਰਵਾਨੰਦ ਦਾ ਵਿਸ਼ਾ 'ਸੰਸਾਰਕ ਸੱਤਾਵਾਦੀ ਦੌਰ ਵਿੱਚ ਯੂਨੀਵਰਸਿਟੀਆਂ' ਅੱਜ ਦੇ ਸਮੇਂ ਵਿੱਚ ਅਤਿਅੰਤ ਪ੍ਰਸੰਗਕ ਹੈ। ਵਿਡੰਬਨਾ ਇਹ ਹੈ ਕਿ ਉਨ੍ਹਾ ਨੂੰ ਇਸ ਵਿਸ਼ੇ 'ਤੇ ਬੋਲਣ ਤੋਂ ਰੋਕਣਾ ਖੁਦ ਇਸ ਗੱਲ ਦੀ ਮਿਸਾਲ ਬਣ ਜਾਂਦਾ ਹੈ ਕਿ ਕਿਵੇਂ ਸੱਤਾ ਤੇ ਸੰਸਥਾਨ ਵਿਚਾਰਾਂ ਨੂੰ ਕੰਟਰੋਲ ਕਰਨ ਦੀ ਕੋਸ਼ਿਸ਼ ਕਰਦੇ ਹਨ। ਭਾਰਤ ਦਾ ਸੰਵਿਧਾਨ ਆਰਟੀਕਲ 19 (1) (ਏ) ਤਹਿਤ ਹਰੇਕ ਨਾਗਰਿਕ ਨੂੰ ਪ੍ਰਗਟਾਵੇ ਦੀ ਅਜ਼ਾਦੀ ਦਿੰਦਾ ਹੈ। ਇਸ ਅਜ਼ਾਦੀ ਵਿੱਚ ਵਿਚਾਰ ਰੱਖਣ, ਭਾਸ਼ਣ ਦੇਣ, ਲਿਖਣ ਤੇ ਵਿਚਾਰਾਂ ਦੇ ਵਟਾਂਦਰੇ ਦਾ ਹੱਕ ਸ਼ਾਮਲ ਹੈ। ਇਹ ਅਜ਼ਾਦੀ ਸਿਰਫ ਨਾਗਰਿਕਾਂ ਤੱਕ ਸੀਮਤ ਨਹੀਂ, ਸਗੋਂ ਯੂਨੀਵਰਸਿਟੀਆਂ ਤੇ ਪ੍ਰੋਫੈਸਰਾਂ ਨੂੰ ਵੀ ਇਹ ਹੱਕ ਮਿਲਦਾ ਹੈ ਕਿ ਉਹ ਆਪਣੇ ਵਿਸ਼ਿਆਂ 'ਤੇ ਅਜ਼ਾਦੀ ਨਾਲ ਬੋਲ ਸਕਣ।*

*ਪ੍ਰੋਫੈਸਰ ਅਪੂਰਵਾਨੰਦ ਨੇ ਠੀਕ ਹੀ ਸਵਾਲ ਉਠਾਇਆ ਹੈ ਕਿ ਕਿਸੇ ਸਰਕਾਰੀ ਅਦਾਰੇ ਵਿੱਚ ਪੜ੍ਹਾਉਂਦੇ ਪ੍ਰੋਫੈਸਰ ਨੂੰ ਕਿਸੇ ਕੌਮਾਂਤਰੀ ਅਕਾਦਮਿਕ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਕੇਂਦਰ ਸਰਕਾਰ ਤੋਂ ਆਗਿਆ ਲੈਣ ਦੀ ਕੀ ਲੋੜ ਹੈ? ਰਜਿਸਟਰਾਰ ਨੇ ਵੀ ਮੰਨਿਆ ਹੈ ਕਿ ਉਨ੍ਹਾ ਦੇ ਕਾਰਜਕਾਲ ਵਿੱਚ ਅਜਿਹਾ ਕੋਈ ਨਿਯਮ ਨਹੀਂ ਰਿਹਾ, ਜਿਸ ਤੋਂ ਸਪੱਸ਼ਟ ਹੈ ਕਿ ਇਹ ਫੈਸਲਾ ਸਿਆਸੀ ਦਬਾਅ ਦਾ ਨਤੀਜਾ ਹੈ।*

*ਭਾਰਤ ਵਿੱਚ ਹਾਲੀਆ ਵਰ੍ਹਿਆਂ ਵਿੱਚ ਕਈ ਅਜਿਹੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਅਧਿਆਪਕਾਂ, ਖੋਜੀਆਂ ਤੇ ਵਿਦਿਆਰਥੀਆਂ ਨੂੰ ਸਰਕਾਰੀ ਨੀਤੀਆਂ ਦੀ ਅਲੋਚਨਾ ਕਰਨ 'ਤੇ ਸਜ਼ਾ ਦਿੱਤੀ ਗਈ ਹੈ ਜਾਂ ਉਨ੍ਹਾਂ ਦੀਆਂ ਸਰਗਰਮੀਆਂ ਨੂੰ ਕੌਮੀ ਵਿਰੋਧੀ ਕਰਾਰ ਦੇ ਕੇ ਉਨ੍ਹਾਂ ਨੂੰ ਸੰਸਥਾਨਾਂ ਵਿੱਚੋਂ ਕਢਾ ਦਿੱਤਾ ਗਿਆ। ਅਪੂਰਵਾਨੰਦ ਦਾ ਮਾਮਲਾ ਇਸੇ ਦੀ ਅਗਲੀ ਕੜੀ ਪ੍ਰਤੀਤ ਹੁੰਦਾ ਹੈ। ਅਪੂਰਵਾਨੰਦ ਤੋਂ ਲੈਕਚਰ ਦਾ ਪਾਠ ਮੰਗਣਾ ਸੈਂਸਰਸ਼ਿਪ ਹੈ, ਜਿਹੜੀ ਪ੍ਰਗਟਾਵੇ ਦੀ ਅਜ਼ਾਦੀ 'ਤੇ ਹਮਲਾ ਹੈ। ਅਪੂਰਵਾਨੰਦ ਦਾ ਮਾਮਲਾ ਵਿਕੋਲਿਤਰਾ ਨਹੀਂ, ਸਗੋਂ ਇਹ ਉਸ ਖਤਰਨਾਕ ਰਾਹ ਵੱਲ ਇਸ਼ਾਰਾ ਕਰਦਾ ਹੈ, ਜਿੱਥੇ ਵਿਚਾਰਾਂ 'ਤੇ ਕੰਟਰੋਲ ਆਮ ਗੱਲ ਬਣਾ ਦਿੱਤੀ ਗਈ ਹੈ। ਇਹ ਘਟਨਾ ਸੋਚਣ ਲਈ ਮਜਬੂਰ ਕਰਦੀ ਹੈ ਕਿ ਕੀ ਅਸੀਂ ਅਜਿਹਾ ਸਮਾਜ ਬਣਾ ਰਹੇ ਹਾਂ, ਜਿੱਥੇ ਅਸਹਿਮਤੀ ਨੂੰ ਦੁਸ਼ਮਣੀ ਮੰਨਿਆ ਜਾਵੇਗਾ? ਜੇ ਯੂਨੀਵਰਸਿਟੀਆਂ, ਜਿਹੜੀਆਂ ਵਿਚਾਰਾਂ ਦੀਆਂ ਪ੍ਰਯੋਗਸ਼ਾਲਾਵਾਂ ਹਨ, ਵਿੱਚ ਹੀ ਅਜ਼ਾਦੀ ਨਹੀਂ ਹੋਵੇਗੀ ਤਾਂ ਸਮਾਜ ਵਿੱਚ ਨਵੇਂ ਵਿਚਾਰ ਕਿੱਥੋਂ ਜਨਮ ਲੈਣਗੇ? ਇਹ ਸਵਾਲ ਅੱਜ ਸਭ ਦੇ ਸਾਹਮਣੇ ਹੈ ਅਤੇ ਇਸ ਦਾ ਜਵਾਬ ਸਿਰਫ ਅਪੂਰਵਾਨੰਦ ਵਰਗੇ ਪ੍ਰੋਫੈਸਰਾਂ ਨੂੰ ਹੀ ਨਹੀਂ, ਸਗੋਂ ਸਭ ਨੂੰ ਦੇਣਾ ਪਵੇਗਾ।*

## ਬਰਸੀ 'ਤੇ ਵਿਸ਼ੇਸ਼

# ਬੈਂਕ ਰਾਸ਼ਟਰੀਕਰਨ ਸੰਘਰਸ਼ ਦੇ ਮੋਢੀ ਕਾਮਰੇਡ ਐੱਚ ਐੱਲ ਪਰਵਾਨਾ

**ਐੱਸ ਕੇ ਗੌਤਮ, ਪ੍ਰਧਾਨ**
**ਪੰਜਾਬ ਬੈਂਕ ਇੰਪਲਾਈਜ਼ ਫੈਡਰੇਸ਼ਨ**



ਇਕ ਮਿਸ਼ਨਰੀ ਲਈ ਮਿਸ਼ਨ ਵਿੱਚ ਕਾਮਯਾਬ ਹੋਣ ਲਈ ਦ੍ਰਿੜ੍ਹਤਾ ਤੇ ਦੂਰਦਰਸ਼ਿਤਾ ਦੀ ਲੋੜ ਹੁੰਦੀ ਹੈ। ਉਨ੍ਹਾਂ ਦੀ ਨਿੱਜੀ ਜ਼ਿੰਦਗੀ ਵਿੱਚ ਇਮਾਨਦਾਰੀ ਅਤੇ ਸਾਦਗੀ ਵਰਗੇ ਗੁਣ ਉਸ ਮਿਸ਼ਨਰੀ ਨੂੰ ਵਿਸ਼ਵਾਸਯੋਗ ਬਣਾਉਣ ਵਿੱਚ ਸਹਾਇਕ ਹੁੰਦੇ ਹਨ। ਇਹ ਤਮਾਮ ਗੁਣਾਂ ਦੇ ਮਾਲਕ ਕਾਮਰੇਡ ਐੱਚ.ਐੱਲ.ਪਰਵਾਨਾ ਦਾ ਜਨਮ ਹੁਸ਼ਿਆਰਪੁਰ ਦੇ ਪਿੰਡ ਬੱਡਲਾ ਵਿਖੇ 3 ਨਵੰਬਰ 1923 ਨੂੰ ਹੋਇਆ। ਵਿਲੱਖਣ ਪ੍ਰਤਿਭਾ ਦੇ ਮਾਲਕ ਕਾਮਰੇਡ ਪਰਵਾਨਾ ਬਾਰੇ ਤੁਹਾਨੂੰ ਇਹ ਜਾਣ ਕੇ ਹੈਰਾਨੀ ਹੋਵੇਗੀ ਕਿ ਕੇਵਲ 52 ਸਾਲ ਦੀ ਛੋਟੀ ਜਿਹੀ ਜ਼ਿੰਦਗੀ ਦੌਰਾਨ ਉਹਨਾ ਨਾ ਕੇਵਲ ਏ.ਆਈ.ਬੀ.ਏ ਦੇ ਸੁਨਹਿਰੀ ਭਵਿੱਖ ਦੀ ਕਲਪਨਾ ਨੂੰ ਆਪਣੀ ਕੁਰਬਾਨੀਆਂ ਤੇ ਸੇਵਾਵਾਂ ਨਾਲ ਸਾਕਾਰ ਕੀਤਾ, ਸਗੋ ਉਹਨਾਂ ਆਪਣੀ ਦੂਰਦਰਸ਼ਿਤਾ ਨੂੰ ਸਾਬਤ ਕਰ ਕੇ ਵਿਖਾਇਆ।

1948 ਦੌਰਾਨ ਕੇਵਲ 25 ਸਾਲ ਦੀ ਉਮਰ ਵਿੱਚ ਕਾਮਰੇਡ ਪਰਵਾਨਾ ਨੇ ਭਾਰਤ ਬੈਂਕ ਇੰਪਲਾਇਜ਼ ਯੂਨੀਅਨ ਦੇ ਪ੍ਰਧਾਨ ਬਣਨ ਤੋਂ ਬਾਅਦ ਮੰਗਾ ਨੂੰ ਲੈ ਕੇ ਕਈ ਹੜਤਾਲਾਂ ਕੀਤੀਆਂ। ਕਾਮਰੇਡ ਪਰਵਾਨਾ ਨੇ ਇੱਕ ਵਿਚਾਰ ਦਿੱਤਾ ਕਿ ਮਜ਼ਦੂਰਾਂ ਦਾ ਨੁਮਾਇੰਦਾ ਮੈਨੇਜਮੈਂਟ ਅੰਦਰ ਹੋਣਾ ਚਾਹੀਦਾ ਹੈ, ਤਾਂ ਕਿ ਉਹ ਲੋਕਾਂ ਦੇ ਹਿੱਤਾਂ, ਉਨ੍ਹਾਂ ਦੀ ਬੇਸ਼ਕੀਮਤੀ ਬੱਚਤ, ਜਮ੍ਹਾਂ ਪੂੰਜੀ ਤੇ ਮੈਨੇਜਮੈਂਟ ਉਤੇ ਉਨ੍ਹਾਂ ਦੇ ਵਿਸ਼ਵਾਸ ਦੀ ਰੱਖਿਆ ਕਰ ਸਕੇ।

1951 ਦੌਰਾਨ 28 ਸਾਲ ਦੀ ਉਮਰ ਵਿੱਚ ਕਾਮਰੇਡ ਪਰਵਾਨਾ ਨੇ ਕਾਮਰੇਡ ਪੀ ਐੱਲ ਸਿਆਲ ਦੇ ਨਾਲ ਪੰਜਾਬ ਨੈਸ਼ਨਲ ਬੈਂਕ ਇੰਪਲਾਇਜ਼ ਯੂਨੀਅਨ ਦੀ ਸਥਾਪਨਾ ਕੀਤੀ। ਬਹੁਤ ਸਾਰੇ ਬੈਂਕਾਂ ਅੰਦਰ, ਖਾਸ ਤੌਰ 'ਤੇ ਭਾਰਤ ਬੈਂਕ ਅੰਦਰ ਕਾਮਰੇਡ ਪਰਵਾਨਾ ਨੇ ਬਹੁਤ ਸਾਰੀਆਂ ਖਾਮੀਆਂ ਅਤੇ ਗਲਤ ਤਰੀਕਿਆਂ ਨਾਲ ਜਮ੍ਹਾਂ ਰਾਸ਼ੀ ਦੀ ਗਲਤ ਵਰਤੋਂ ਹੁੰਦਿਆ ਵੇਖੀ। ਇਨਾਂ ਉਥੇ ਲੋਕਾਂ ਤੇ ਮੁਲਾਜ਼ਮਾਂ ਨੂੰ ਇਸ ਦੇ ਖਿਲਾਫ ਇਸ ਨੂੰ ਉਜਾਗਰ ਕਰਨ ਲਈ ਮੁਹਿੰਮ ਸ਼ੁਰੂ ਕੀਤੀ, ਤਾਂ ਜੋ ਨਕਾਰਾਤਮਕ ਤਾਕਤਾਂ ਵੱਲੋ ਜਮਾਂਕਰਤਾ ਲੋਕਾਂ ਦਾ ਵਿਸ਼ਵਾਸ ਖਤਮ ਨਾ ਹੋਵੇ। ਨਾਲ-ਨਾਲ ਉਨ੍ਹਾਂ ਨੇ ਜਨਤਕ ਮੁਹਿੰਮ ਸ਼ੁਰੂ ਕਰਣ ਦੀ ਚੇਤਾਵਨੀ ਦਿੱਤੀ। ਇਸ ਨਾਲ ਬਹੁਤ ਸਾਰੇ ਬੈਂਕ ਮਾਲਕ ਸਤਰਕ ਹੋ ਗਏ। ਭਾਰਤ ਬੈਂਕ ਦੇ ਮਾਲਕਾਂ ਨੇ ਕਾਮਰੇਡ ਪਰਵਾਨਾ ਵਿਰੁੱਧ ਮਾਣਹਾਨੀ ਦਾ ਕੇਸ ਦਾਇਰ ਕਰ ਦਿੱਤਾ, ਜੋ ਕਿ ਬਾਅਦ ਵਿੱਚ ਅਦਾਲਤ ਨੇ ਖਾਰਜ ਕਰ ਦਿੱਤਾ।

ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ ਦੀ ਦਸਵੀਂ ਬੰਗਲੌਰ ਕਾਨਫਰੰਸ ਦੌਰਾਨ ਕਾਮਰੇਡ ਪਰਵਾਨਾ ਨੇ ਪਹਿਲੀ ਵਾਰ ਸਬ-ਸਟਾਫ ਦੀ ਕੈਰੀਅਰ ਪਰੋਗਰੈਸ਼ਨ ਦੀ ਵਕਾਲਤ ਕੀਤੀ ਕਿ ਇਹ ਏ ਆਈ ਬੀ ਈ ਏ ਦੀ ਮੁੱਖ ਮੰਗ ਹੋਣੀ ਚਾਹੀਦੀ ਹੈ।

ਜੇ ਅਸੀ ਪਿੱਛੇ ਮੁੜ ਕੇ ਵੇਖਿਏ ਤਾਂ ਅੱਜ ਹਰ ਬੈਂਕ ਅੰਦਰ ਸਬ-ਸਟਾਫ ਦੀ ਪਰਮੋਸ਼ਨ ਪਾਲਿਸੀ ਹੈ। ਇਸੇ ਤਰ੍ਹਾਂ ਕਾਮਰੇਡ ਪਰਵਾਨਾ ਨੇ ਮੰਗ ਕੀਤੀ ਕਿ ਅਫਸਰਾਂ ਦੀਆ ਅਸਾਮੀਆਂ ਸਿੱਧੇ ਤੌਰ 'ਤੇ ਭਰਨ ਦੀ ਬਜਾਏ ਕਲਰਕਾਂ ਨੂੰ ਸੀਨੀਆਰਿਟੀ ਮੁਤਾਬਕ ਤਰੱਕੀ ਦਿੱਤੀ ਜਾਏ। ਕਲਰਕਾਂ ਨੂੰ ਸੀਨੀਆਰਿਟੀ ਤੇ ਪੜ੍ਹਾਈ ਦੇ ਮੁਤਾਬਕ ਤਰੱਕੀ ਦੇਣ ਦੀ ਮੰਗ ਹੋਣ ਕਾਰਣ 70 ਫੀਸਦੀ ਅਫਸਰ ਕਲਰਕਾਂ ਵਿੱਚੋਂ ਪਰੋਮੋਟ ਕੀਤੇ ਜਾਣ ਲੱਗੇ। ਬੈਂਕ ਕਰਮਚਾਰੀਆਂ ਦੀ ਵੇਤਨ ਬੜੋਤਰੀ ਲਈ ਇੰਡਸਟਰੀ ਪੱਧਰ 'ਤੇ 1949 ਤੋਂ ਲੈ ਕੇ ਕਈ ਟ੍ਰਿਬਿਊਨਲਾਂ ਰਾਹੀ ਨਿਸ਼ਚਿਤ ਹੋਣੀ ਸ਼ੁਰੂ ਹੋ ਗਈ। ਪਰ ਕਈ ਟਰੀਬਿਊਨਲਾਂ ਦੇ ਫੈਸਲੇ ਬਿਨਾਂ ਅਧਾਰ ਤੋਂ ਰੱਦ ਕਰ ਦਿੱਤੇ ਗਏ ਅਤੇ ਮੌਜੂਦਾ ਵੇਤਨ ਵੀ ਘਟਾ ਦਿੱਤੇ ਗਏ। ਕਾਮਰੇਡ ਪਰਵਾਨਾ ਨੇ ਤਿੰਨ ਪੱਖੀ ਅਦਾਲਤੀ ਕਾਰਵਾਈ ਦੇ ਵਿਰੁੱਧ ਆਵਾਜ ਬੁਲੰਦ ਕਰਕੇ ਵਿਰੋਧ ਕੀਤਾ ਅਤੇ ਇੰਡਸਟਰੀ ਪੱਧਰ 'ਤੇ ਦੋ-ਪੱਖੀ ਗੱਲਬਾਤ ਰਾਹੀ ਸਮਝੌਤੇ ਦੀ ਵਕਾਲਤ ਕੀਤੀ, ਜੋ ਕਿ 1966 ਵਿੱਚ ਅਸਲ ਰੂਪ ਵਿੱਚ ਅਮਲ ਵਿੱਚ ਆਈ।

ਏ ਆਈ ਬੀ ਈ ਏ ਦੇ ਸੰਸਥਾਪਕਾਂ ਵਿਚੋ ਇਕ ਕਾਮਰੇਡ ਪਰਵਾਨਾ ਦਾ ਉਹ ਸੁਫਨਾ 19 ਜੁਲਾਈ 1969 ਵਿੱਚ ਸਾਕਾਰ ਹੋ ਗਿਆ, ਜਦੋਂ 14 ਬੈਂਕਾ ਦਾ ਰਾਸ਼ਟਰੀਕਰਨ ਹੋਇਆ। ਬੈਂਕ ਮੁਲਾਜ਼ਮਾਂ ਦਾ ਵਿਸ਼ਾਲ ਜਲੂਸ ਸ੍ਰੀਮਤੀ ਇੰਦਰਾ ਗਾਂਧੀ ਦੇ ਨਿਵਾਸ ਉਤੇ ਉਹਨਾ ਨੂੰ ਮੁਬਾਰਕਬਾਦ ਦੇਣ ਲਈ ਕਾਮਰੇਡ ਪਰਵਾਨਾ ਦੀ ਰਹਿਨੁਮਾਈ ਵਿੱਚ ਗਿਆ ਤੇ ਬਾਅਦ ਵਿੱਚ ਉਹਨਾਂ ਕਾਮਰੇਡ ਪ੍ਰਭਾਤਕਾਰ ਤੇ ਕਾਮਰੇਡ ਪਰਵਾਨਾ ਨੂੰ ਸ਼ਿਸ਼ਟਾਚਾਰ ਵਜੋਂ ਬੁਲਾਇਆ ਅਤੇ ਦੋਵਾਂ ਲੀਡਰਾਂ ਨੇ ਧੰਨਵਾਦ ਕਰਦਿਆ ਏ ਆਈ ਬੀ ਈ ਏ ਦੇ ਸੰਥਾਪਕਾਂ ਦੀ ਮੰਗ ਨੂੰ ਦੋਹਰਾਇਆ ਕਿ ਬੈਂਕ ਹੁਣ ਜਨਤਕ ਧਰੋਹਰ ਹੋ ਗਏ ਹਨ ਤੇ ਇਹਨਾਂ ਦੇ ਵਿਸਤਾਰ ਨਾਲ ਲੋਕਾ ਦੀ ਜ਼ਿਆਦਾ ਬੱਚਤ ਬੈਂਕਾਂ ਵਿੱਚ ਆਵੇਗੀ। ਸ੍ਰੀਮਤੀ ਗਾਂਧੀ ਨੇ ਕਿਹਾ ਕਿ ਬੈਂਕ ਮੁਲਾਜ਼ਮ ਯੂਨੀਅਨਾਂ ਲੋਕਾਂ ਦੇ ਭਰੋਸੇਮੰਦ ਦੇ ਤੌਰ 'ਤੇ ਲੋਕਾਂ ਦੇ ਪੈਸੇ ਦੀ ਸੁਚੱਜੀ ਵਰਤੋਂ ਸੁਨਿਸ਼ਚਿਤ ਕਰਨ। ਕਾਮਰੇਡ ਪਰਵਾਨਾ ਨੇ ਨਿਮਰਤਾ ਸਹਿਤ ਕਿਹਾ ਕਿ ਸਾਡੀ ਮੈਨੇਜਮੈਂਟ ਪੱਧਰ 'ਤੇ ਆਵਾਜ਼ ਦੀ ਪਹੁੰਚ ਨਾ ਹੋਣ ਕਾਰਨ ਇਹ ਸੰਭਵ ਨਹੀਂ ਹੋਵੇਗਾ। ਕਾਮਰੇਡ ਪਰਵਾਨਾ ਨੇ ਇਸ਼ਾਰਾ ਕੀਤਾ ਕਿ ਜੇ ਤੁਸੀ ਚਾਹੁੰਦੇ ਹੋ ਕਿ ਰਾਸ਼ਟਰੀ ਬੈਂਕਾਂ ਦੀ ਮੈਨੇਜਮੈਂਟ ਵਿੱਚ ਮੁਲਾਜ਼ਮਾਂ ਦੀ ਨੁਮਾਇੰਦਗੀ ਉਸ ਨੂੰ ਪੂਰਾ ਕਰ ਸਕਦੀ ਹੈ। ਕਾਮਰੇਡ ਪਰਵਾਨਾ ਨੇ ਨਿਮਰਤਾ ਸਹਿਤ ਪਰ ਦ੍ਰਿੜ੍ਹ ਸ਼ਬਦਾਂ ਵਿੱਚ ਕਿਹਾ ਕਿ ਮੈਨੇਜਮੈਂਟ ਅੰਦਰ ਸਿਖਰ ਪੱਧਰ ਤੇ ਹੋਂਦ ਦੀ ਜ਼ਰੂਰਤ ਹੈ। ਜਦੋ ਬੈਂਕਿੰਗ ਕੰਪਨੀ ਐਕਟ ਲੋਕ ਸਭਾ ਵਿੱਚ ਪੇਸ਼ ਕੀਤਾ ਗਿਆ, ਇਹ ਜਾਣ ਕਿ ਖੁਸ਼ੀ ਹੋਈ ਕਿ ਜਿਹੜਾ ਪੌਦਾ ਕਾਮਰੇਡ ਨੇ ਬੀਜਿਆ ਸੀ, ਇਹ ਉਹ ਉਸ ਦਾ ਫਲ ਸੀ। ਅੱਜ ਦੀ ਸਰਕਾਰ ਸਮੇਂ ਨੂੰ ਪੁੱਠਾ ਗੇੜਾ ਦੇਣ ਦੀ ਕੋਸ਼ਿਸ ਕਰ ਰਹੀ ਹੈ ਅਤੇ ਮੁਲਾਜ਼ਮ ਡਾਇਰੈਕਟਰਾਂ ਦੀਆ ਖਾਲੀ ਅਸਾਮੀਆਂ ਨੂੰ ਭਰਿਆ ਨਹੀਂ ਜਾ ਰਿਹਾ।

ਏ ਆਈ ਬੀ ਈ ਏ ਦੀ 1973 ਵਿੱਚ ਰਾਸ਼ਟਰੀ-ਕਰਨ ਬਿੱਲ ਪਾਸ ਹੋਣ ਤੋਂ 3 ਸਾਲ ਬਾਅਦ ਮੀਟਿੰਗ ਹੋਈ। ਬੈਂਕਿਗ ਇੰਡਸ਼ਟਰੀ ਵਧ ਰਹੀ ਸੀ, ਵੱਡੇ ਪੈਮਾਨੇ 'ਤੇ ਭਰਤੀ ਹੋ ਰਹੀ ਸੀ। ਬੈਂਕਾਂ ਦੀਆ ਮੈਨੇਜਮੈਟਾਂ ਨਵੇ ਹਾਲਾਤ ਵਿੱਚ ਵਿਵਸਥਿਤ ਹੋਣ ਦੀ ਕੋਸ਼ਿਸ ਕਰ ਰਹੀਆਂ ਸਨ, ਪਰ ਬਹੁਤ ਸਾਰੇ ਅਧਿਕਾਰੀ, ਜੋ ਰਾਸ਼ਟਰੀਕਰਨ ਵਿੱਚ ਵਿਸ਼ਵਾਸ ਨਹੀ ਰੱਖਦੇ ਸਨ, ਉਹ ਬੈਂਕ ਲੋਨ ਦੇਣ ਵਿੱਚ ਗੜਵੜੀ ਕਰ ਰਹੇ ਸਨ, ਜਿਸ ਕਰਕੇ ਖੇਤੀਬਾੜੀ ਨੂੰ ਲੋਨ ਨਹੀ ਮਿਲ ਰਹੇ ਸਨ ਤੇ ਉਦਯੋਗਪਤੀ ਬੈਂਕਾਂ ਦੀ ਪੂੰਜੀ ਦਾ ਲਾਭ ਉਠਾ ਰਹੇ ਸਨ। ਕਾਮਰੇਡ ਪਰਵਾਨਾ ਨੂੰ ਇਸ ਦੀ ਭਿਣਕ ਪਈ ਤਾਂ ਇਸ ਖਤਰੇ ਦਾ ਅਹਿਸਾਸ ਹੋਇਆ। ਉਹਨਾਂ ਨੂੰ ਬੈਂਕਾਂ ਦੀ ਸਿਹਤ ਦੀ ਚਿੰਤਾ ਸੀ ਤੇ ਏ ਆਈ ਬੀ ਈ ਏ ਦੀ ਕਾਨਫਰੰਸ ਅੰਦਰ ਉਹਨਾਂ ਤਹਿਦਿਲੀ ਨਾਲ ਬੈਂਕਾਂ ਦੀ ਸਿਹਤ ਨੂੰ ਲੈ ਕੇ ਮੁਹਿੰਮ ਸ਼ੁਰੂ ਕਰਨ 'ਤੇ ਜ਼ੋਰ ਦਿੱਤਾ।

ਇਹ ਇੱਕ ਇਤਿਹਾਸਕ ਤੱਥ ਹੈ ਕਿ ਸਮੇਂ-ਸਮੇਂ 'ਤੇ ਏ.ਆਈ.ਬੀ.ਈ.ਏ ਨੇ ਇਸ ਵਿਸ਼ੇ 'ਤੇ ਮੁਹਿੰਮ ਸ਼ੁਰੂ ਕੀਤੀ ਹੈ ਅਤੇ ਡੁੱਬੇ ਬੈਂਕ ਕਰਜ਼ਿਆਂ ਦੇ ਪ੍ਰਮੁੱਖ ਦੋਸ਼ੀਆਂ ਦੇ ਨਾਂਅ ਪ੍ਰਕਾਸ਼ਿਤ ਕੀਤੇ, ਮੋਰਚੇ ਲਾਏ ਅਤੇ ਹੜਤਾਲਾਂ ਕੀਤੀਆਂ। ਅਸਲ ਵਿੱਚ ਅੱਜ ਦੇ ਸਮੇਂ ਲੋਕਾਂ ਵਿੱਚ ਜਾਗਰੂਕਤਾ ਹੋਣ ਦੇ ਬਾਵਜੂਦ ਅਣਗਿਣਤ ਰਸਤਿਆਂ ਰਾਹੀ ਬੈਂਕ ਲੋਨ ਡਿਫਾਲਟਰ ਬੈਂਕਾਂ ਨੂੰ ਚੂਨਾ ਲਾਉਦੇ ਹਨ। ਕਾਮਰੇਡ ਪਰਵਾਨਾ ਦੀ ਬੈਂਕਿੰਗ ਦੇਸ਼ ਭਗਤੀ ਦੀ ਇਸ ਤੋ ਵੱਡੀ ਮਿਸਾਲ ਹੋ ਕੀ ਸਕਦੀ ਹੈ।

ਕਾਮਰੇਡ ਪਰਵਾਨਾ ਹਮੇਸ਼ਾ ਮੁਲਾਜ਼ਮਾਂ ਦੇ ਹਿਤ ਨੂੰ ਸਮਰਪਿਤ ਰਹੇ। ਇਸ ਗੱਲ ਉਤੇ ਵਿਸ਼ਵਾਸ ਕਰਨਾ ਵੀ ਮੁਸ਼ਕਲ ਹੈ ਕਿ ਉਹ ਆਪਣੇ ਪਿਤਾ ਦੇ ਅੰਤਮ ਸੰਸਕਾਰ ਵਿੱਚ ਵੀ ਸ਼ਾਮਲ ਨਾ ਹੋ ਸਕੇ, ਕਿਉਂਕਿ ਉਸ ਦਿਨ ਇਕ ਮੁਲਾਜਮ ਦਾ ਕੇਸ ਲੜਣ ਲਈ ਉਹਨਾ ਦੀ ਕੋਰਟ ਵਿੱਚ ਹਾਜ਼ਰੀ ਜ਼ਰੂਰੀ ਸੀ ਅਤੇ ਇਹ ਗੱਲ ਉਹਨਾ ਆਪਣੀ ਡਾਇਰੀ ਵਿੱਚ ਲਿਖੀ ਸੀ-ਮੈ ਬਦਕਿਸਮਤ ਹਾਂ ਕਿ ਮੈਂ ਪਿਤਾ ਦੇ ਅੰਤਮ ਸੰਸਕਾਰ ਵਿੱਚ ਵੀ ਸ਼ਾਮਲ ਨਹੀ ਹੋ ਸਕਿਆ। ਉਹਨਾਂ ਸਾਰੀ ਉਮਰ ਸ਼ਾਦੀ ਨਹੀ ਕਰਵਾਈ, ਕਿਉਂਕਿ ਮੁਲਾਜ਼ਮਾਂ ਦੀ ਜ਼ਿੰਦਗੀ ਦੇ ਮਿਆਰ ਨੂੰ ਉਚਾ ਚੁੱਕਣਾ ਉਹਨਾ ਦੀ ਪ੍ਰਥਾਮਿਕਤਾ ਸੀ। ਉਹਨਾ ਸਾਰੀ ਉਮਰ ਦਫਤਰ ਦੇ ਇੱਕ ਕਮਰੇ ਅੰਦਰ ਹੀ ਗੁਜ਼ਾਰ ਦਿੱਤੀ, ਪਰ ਉਹਨਾਂ ਦੀਆਂ ਕੁਰਬਾਨੀਆਂ ਸਦਕਾ ਬੈਂਕ ਮੁਲਾਜ਼ਮ ਮਕਾਨ ਮਾਲਕ ਬਣ ਗਏ।

18 ਅਪ੍ਰੈਲ 1975 ਵਿੱਚ ਏ ਆਈ ਬੀ ਈ ਏ ਦੇ ਸਥਾਪਨਾ ਦਿਵਸ ਤੋਂ 2 ਦਿਨ ਪਹਿਲਾਂ ਉਹ ਇਤਿਹਾਸ ਦੇ ਪੰਨਿਆਂ ਵਿੱਚ ਖੋਹ ਗਏ। ਮਜ਼ਦੂਰ ਜਮਾਤ ਨੂੰ ਅੱਧ ਵਿਚਕਾਰ ਛੱਡ ਕੇ ਆਪਣੇ ਆਪ ਨੂੰ ਇੱਕ ਮਿਸ਼ਨਰੀ ਅਤੇ ਦੂਰਦਰਸ਼ੀ ਸਾਬਤ ਕਰਨ ਵਿੱਚ ਸਫਲਤਾ ਹਾਸਲ ਕਰ ਲਈ।

ਪੰਜਾਬ ਬੈਂਕ ਇੰਪਲਾਇਜ਼ ਫੈਡਰੇਸ਼ਨ ਤੇ ਆਲ ਇੰਡੀਆ ਬੈਂਕ ਇੰਪਲਾਇਜ਼ ਐਸੋਸੀਏਸ਼ਨ ਉਹਨਾ ਦੇ ਪਦ ਚਿੰਨਾਂ 'ਤੇ ਚੱਲਣ ਵਿੱਚ ਸਿਰ ਉਚਾ ਮਹਿਸੂਸ ਕਰਦੀ ਹੈ। ਅੱਜ ਸਾਡੀ ਸਾਰਿਆਂ ਦੀ ਜ਼ਿੰਮੇਦਾਰੀ ਹੈ ਕਿ ਉਹਨਾ ਦੇ ਵਿਖਾਏ ਰਸਤੇ 'ਤੇ ਚੱਲ ਕੇ ਉਹਨਾ ਦੀ ਸੋਚ ਨੂੰ ਨਾ ਕੇਵਲ ਅੱਗੇ ਲੈ ਕੇ ਜਾਈਏ, ਬਲਕਿ ਆਪਣੇ ਅੰਦੋਲਨ ਨੂੰ ਹੋ ਅੱਗੇ ਵਧਾਈਏ।

**# ਸੰਪਰਕ : 97800-36118**

# ਸ਼ਹੀਦ ਭਗਤ ਸਿੰਘ ਦਾ ਵਿਦਿਆਰਥੀਆਂ ਨੂੰ ਸੁਨੇਹਾ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਸ. ਭਗਤ ਸਿੰਘ ਇਕ ਸੱਚਾ ਦੇਸ਼ ਭਗਤ ਸੀ। ਉਹ ਆਪਣੇ ਨਿਸ਼ਾਨੇ ਪ੍ਰਤੀ ਪੂਰੀ ਤਰ੍ਹਾਂ ਸਪੱਸ਼ਟ ਤੇ ਦ੍ਰਿੜ੍ਹ ਸੰਕਲਪ ਸੀ। ਸ. ਭਗਤ ਸਿੰਘ ਦੇ ਅੰਦਰ ਵੀ ਮੌਤ ਦਾ ਖ਼ੌਫ਼ ਬਲਕੁਲ ਨਹੀਂ ਸੀ। ਸ. ਭਗਤ ਸਿੰਘ ਭਾਵੇਂ ਜ਼ਿਆਦਾ ਲੰਮਾ ਸਮਾਂ ਨਹੀਂ ਜੀਵਿਆ ਸੀ, ਪਰ ਜਿੰਨਾ ਵੀ ਜੀਵਿਆ ਸੀ, ਬਹਾਦਰੀ ਤੇ ਸੂਝਬੂਝ ਨਾਲ ਜੀਵਿਆ ਸੀ। ਉਹ ਕਦੇ ਵੀ ਆਪਣੇ ਆਦਰਸ਼ਾਂ ਤੋਂ ਡੋਲਿਆ ਜਾਂ ਡਿੱਗਿਆ ਨਹੀਂ ਸੀ। ਫ਼ਾਂਸੀ ਦੇ ਪਲਾਂ ਵਿਚ ਵੀ ਉਹ ਅਡੋਲ ਅਤੇ ਅਨੰਦ ਦੀ ਅਵਸਥਾ ਵਿਚ ਸੀ। ਕਿਸੇ ਤਰ੍ਹਾਂ ਦਾ ਡਰ, ਨਿਰਾਸ਼ਾ ਜਾਂ ਅਫ਼ਸੋਸ ਉਸ ਦੇ ਮਨ ਅੰਦਰ ਤੇ ਅੱਖਾਂ ਜਾਂ ਬੁੱਲ੍ਹਾਂ ਉੱਤੇ ਬਿਲਕੁਲ ਵੀ ਨਹੀਂ ਸੀ। ਉਹ ਮੁਸਕਰਾਉਂਦਾ ਹੋਇਆ ਵਤਨ ਦੀ ਆਨ, ਬਾਨ ਤੇ ਸ਼ਾਨ ਲਈ ਕੁਰਬਾਨ ਹੋ ਗਿਆ ਸੀ।

ਸ. ਭਗਤ ਸਿੰਘ ਇਕ ਸੂਝਵਾਨ ਪਾਠਕ ਅਤੇ ਇਕ ਵਿਦਵਾਨ ਲੇਖਕ ਵੀ ਸੀ। ਉਸ ਦੀਆਂ ਸਮੂਹ ਲਿਖਤਾਂ ਉਸ ਦੇ ਰੌਸ਼ਨ ਦਿਮਾਗ ਹੋਣ ਦੀ ਸ਼ਾਹਦੀ ਭਰਦੀਆਂ ਹਨ। ਉਹ ਇਕ ਸਮਰੱਥ ਲੇਖਕ ਸੀ ਤੇ ਉਸ ਦੇ ਮੱਥੇ ਅੰਦਰ ਸੋਚ ਦਾ ਦੀਵਾ ਲਟ-ਲਟ ਬਲਦਾ ਸੀ। ਉਸੇ ਦੀਵੇ 'ਚੋਂ ਰੌਸ਼ਨੀ ਦੀ ਇਕ ਕਿਰਨ ਵਿਦਿਆਰਥੀਆਂ ਨਾਲ ਸਾਂਝੀ ਕਰਨ ਲਈ 20 ਅਕਤੂਬਰ, 1929 ਨੂੰ ਵਿਦਿਆਰਥੀ ਕਾਨਫ਼ਰੰਸ ਲਈ ਇਕ ਸੁਨੇਹਾ ਦਿੰਦਿਆਂ ਉਸ ਨੇ ਲਿਖਿਆ ਸੀ :-

"ਐਸ ਮੌਕੇ ਅਸੀਂ ਨੌਜਵਾਨਾਂ ਨੂੰ ਬੰਬ ਤੇ ਪਿਸਤੌਲ ਚੁੱਕਣ ਦੀ ਸਲਾਹ ਨਹੀਂ ਦੇ ਸਕਦੇ। ਬੜੇ ਵੱਡੇ ਕੰਮ ਕਰਨ ਆਲੇ ਅਜੇ ਪਏ ਨੇ ਵਿਦਿਆਰਥੀਆਂ ਮੂਹਰੇ। ਆਉਣ ਵਾਲੇ ਲਾਹੌਰ ਸੈਸ਼ਨ 'ਚ ਕਾਂਗਰਸ, ਦੇਸ਼ ਦੀ ਆਜ਼ਾਦੀ ਲਈ ਇਕ ਜ਼ਬਰਦਸਤ ਲੜਾਈ ਦਾ ਐਲਾਨ ਕਰਨ ਵਾਲੀ ਐ। ਕੌਮੀ ਇਤਿਹਾਸ ਦੇ ਨਾਜ਼ੁਕ ਸਮੇਂ ਨੌਜਵਾਨਾਂ ਸਿਰ ਮਣਾਂ-ਮੂੰਹੀਂ ਭਾਰ ਤੇ ਮਹਾਨ ਜ਼ਿੰਮੇਵਾਰੀਆਂ ਆ ਪੈਂਦੀਆਂ ਨੇ।

ਇਹ ਸੱਚ ਐ ਕਿ ਜੰਗੇ ਆਜ਼ਾਦੀ ਦੇ ਮੂਹਰਲੇ ਮੋਰਚਿਆਂ 'ਤੇ ਲੜਦਿਆਂ, ਵਿਦਿਆਰਥੀਆਂ ਨੇ ਮੌਤ ਨਾਲ ਟੱਕਰ ਲਈ ਤੇ ਸ਼ਹਾਦਤਾਂ ਦੇ ਜਾਮ ਪੀਤੇ। ਕੀ ਇਸ ਇਮਤਿਹਾਨ ਦੀ ਘੜੀ ਵਿਚ ਉਹ ਉਸੇ ਤਰ੍ਹਾਂ ਦੀ ਦ੍ਰਿੜ੍ਹਤਾ ਤੇ ਆਤਮ-ਵਿਸ਼ਵਾਸ ਵਿਖਾਉਣ ਤੋਂ ਝਿਜਕਣਗੇ?

ਨੌਜਵਾਨਾਂ ਨੇ ਇਨਕਲਾਬ ਦਾ ਸੁਨੇਹਾ ਦੇਸ਼ ਦੇ ਕੋਨੇ-ਕੋਨੇ ਤੱਕ ਪਹੁੰਚਾਉਣਾ, ਫ਼ੈਕਟਰੀਆਂ, ਕਾਰਖ਼ਾਨਿਆਂ ਵਿਚ ਕੰਮ ਕਰਦੇ ਮਜ਼ਦੂਰਾਂ ਕੋਲ, ਗੰਦੀਆਂ ਬਸਤੀਆਂ ਤੇ ਪਿੰਡਾਂ ਦੀਆਂ ਝੌਂਪੜੀਆਂ ਵਿਚ ਰਹਿਣ ਵਾਲੇ ਕਰੋੜਾਂ ਲੋਕਾਂ ਕੋਲ ਕਿ ਇਨਕਲਾਬ ਆਵੇਗਾ, ਉਹ ਇਨਕਲਾਬ ਜਿਹੜਾ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨੂੰ ਖ਼ਤਮ ਕਰ ਦੇਵੇਗਾ।

ਪੰਜਾਬ ਨੂੰ ਸਿਆਸੀ ਪੱਖੋਂ ਪੱਛੜਿਆ ਸਮਝਿਆ ਜਾਂਦੈ, ਸੋ ਏਸ ਲਈ ਏਥੋਂ ਦੇ ਮਹਾਨ ਸ਼ਹੀਦ ਜਤਿੰਦਰ ਨਾਥ ਦਾਸ ਦੀ ਮਹਾਨ ਤੇ ਗੌਰਵਸ਼ਾਲੀ ਕੁਰਬਾਨੀ ਤੋਂ ਪ੍ਰੇਰਨਾ ਲੈ ਕੇ ਇਹ ਸਿੱਧ ਕਰ ਦੇਈਏ ਕਿ ਆਉਣ ਵਾਲੀ ਜੰਗ ਵਿਚ ਉਹ ਦ੍ਰਿੜ੍ਹਤਾ ਨਾਲ ਟੱਕਰ ਲੈ ਸਕਦੇ ਆ। ਆਓ, ਆਪਣੀ ਬਹਾਦਰੀ ਦਾ ਸਬੂਤ ਦਿਓ।

ਸ. ਭਗਤ ਸਿੰਘ ਦਾ ਇਹ ਸੁਨੇਹਾ ਇਹ ਬਿਆਨ ਕਰਦਾ ਹੈ ਕਿ ਭਗਤ ਸਿੰਘ ਨੂੰ ਭਾਰਤ ਦੇ ਵਿਦਿਆਰਥੀਆਂ ਤੇ ਨੌਜਵਾਨਾਂ ਤੋਂ ਤਵੱਕੋ ਸੀ ਕਿ ਉਹ ਦੇਸ਼ ਵਿਚ ਇਨਕਲਾਬ ਦਾ ਸੁਨੇਹਾ ਘਰ-ਘਰ ਪਹੁੰਚਾ ਦੇਣਗੇ ਤੇ ਸਮਾਜਿਕ ਤੇ ਆਰਥਿਕ ਸ਼ੋਸ਼ਣ ਨੂੰ ਖ਼ਤਮ ਕਰਕੇ ਸਮਾਜ ਵਿਚ ਬਰਾਬਰੀ ਤੇ ਖ਼ੁਸ਼ਹਾਲੀ ਲਿਆਉਣਗੇ, ਪਰ ਹੁਣ ਸੁਆਲ ਇਹ ਪੈਦਾ ਹੁੰਦਾ ਹੈ ਕਿ ਭਾਰਤ ਦੇ ਅਜੋਕੇ ਵਿਦਿਆਰਥੀ ਤੇ ਨੌਜਵਾਨ ਕੀ ਵਾਕਿਆ ਹੀ ਭਗਤ ਸਿੰਘ ਦੀ ਸੋਚ 'ਤੇ ਫੁੱਲ ਚੜ੍ਹਾਅ ਰਹੇ ਹਨ?

ਮੇਰੀ ਜਾਚੇ ਤਾਂ ਅਜਿਹਾ ਹਰਗ਼ਿਜ਼ ਵੀ ਨਹੀਂ ਹੋ ਰਿਹਾ ਹੈ। ਅਜੋਕੇ ਵਿਦਿਆਰਥੀ ਨੌਜਵਾਨਾਂ ਨੇ ਸ. ਭਗਤ ਸਿੰਘ ਨਾਲ ਸੰਬੰਧਤ ਦਿਹਾੜਿਆਂ ਨੂੰ ਪੀਲੀਆਂ ਦਸਤਾਰਾਂ ਸਜਾ ਕੇ ਮੋਟਰ ਸਾਈਕਲ ਰੈਲੀਆਂ ਕੱਢਣ ਅਤੇ ਭਗਤ ਸਿੰਘ ਦੀ ਫ਼ੋਟੋ 'ਤੇ ਫੁੱਲਮਾਲਾਵਾਂ ਚੜ੍ਹਾਉਣ ਤੱਕ ਹੀ ਸੀਮਿਤ ਕਰ ਰੱਖਿਆ ਹੈ। ਸ. ਭਗਤ ਸਿੰਘ ਉਨ੍ਹਾ ਲਈ ਇਕ ਦਰਸ਼ਨੀ ਨਾਇਕ ਤੋਂ ਵਧ ਕੇ ਹੋਰ ਕੁਝ ਨਹੀਂ ਹੈ ਤੇ ਭਗਤ ਸਿੰਘ ਦੀ ਸੋਚ, ਉਸ ਦੇ ਆਦਰਸ਼, ਉਸ ਦੇ ਸੁਫ਼ਨੇ ਅਜੋਕੇ ਨੌਜਵਾਨਾਂ ਜਾਂ ਵਿਦਿਆਰਥੀਆਂ ਦੇ ਚੇਤਿਆਂ ਵਿਚ ਬਿਲਕੁਲ ਵੀ ਨਹੀਂ ਹਨ। ਸ. ਭਗਤ ਸਿੰਘ ਦੀ ਸੋਚ ਨੂੰ ਅਪਣਾ ਕੇ ਦੇਸ਼ ਅਤੇ ਸਮਾਜ ਲਈ ਸਮਰਪਿਤ ਹੋ ਜਾਣ ਦਾ ਮਾਦਾ ਅੱਜ ਕਿਸੇ ਵੀ ਨੌਜਵਾਨ ਵਿਦਿਆਰਥੀ ਦੇ ਅੰਦਰ ਨਜ਼ਰ ਨਹੀਂ ਆਉਂਦਾ ਹੈ।

ਅੱਜ ਸਾਡੇ ਆਸਪਾਸ ਮੋਟਰ ਸਾਈਕਲਾਂ 'ਤੇ ਪਟਾਕੇ ਮਾਰਨਾ, ਲੁੱਟਾਂ-ਖੋਹਾਂ, ਬਲਾਤਕਾਰ, ਦੰਗੇ-ਫ਼ਸਾਦ, ਅਗਜ਼ਨੀ, ਪੱਥਰਬਾਜ਼ੀ, ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰਨਾ ਜਾਂ ਸ਼ਰੇਆਮ ਗੋਲੀਆਂ ਚਲਾ ਕੇ ਦਹਿਸ਼ਤ ਫ਼ੈਲਾਉਣਾ ਆਦਿ ਜਿਹੇ ਨੀਚ ਕੰਮ ਕੌਣ ਕਰ ਰਿਹਾ ਹੈ? ਕੀ ਨੌਜਵਾਨਾਂ ਹੱਥੋਂ ਅਜਿਹੇ ਕਾਰੇ ਹੁੰਦੇ ਵੇਖਣ ਲਈ ਸ. ਭਗਤ ਸਿੰਘ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਦਾ ਸੁਫ਼ਨਾ ਵੇਖਿਆ ਸੀ? ਕੀ ਸ. ਭਗਤ ਸਿੰਘ ਨੇ ਐਸਾ ਭਾਰਤ ਚਿਤਵਿਆ ਸੀ, ਜਿਸ ਵਿਚ ਕੋਈ ਵੀ ਧੀ-ਭੈਣ ਗਲੀ ਜਾਂ ਬਾਜ਼ਾਰ ਤਾਂ ਕੀ ਆਪਣੇ ਘਰ ਵਿੱਚ ਵੀ ਸੁਰੱਖਿਅਤ ਨਹੀਂ ਹੈ? ਸਾਡੇ ਬਜ਼ੁਰਗਾਂ ਨੂੰ ਬਿਰਧ ਆਸ਼ਰਮਾਂ ਦੇ ਰਾਹ ਪਾਇਆ ਜਾ ਰਿਹਾ ਹੈ, ਸਾਡੇ ਪੜ੍ਹੇ-ਲਿਖੇ ਨੌਜਵਾਨ ਦੇਸ਼ ਛੱਡ ਕੇ ਵਿਦੇਸ਼ਾਂ ਵਿਚ ਚਾਕਰੀ ਕਰ ਰਹੇ ਹਨ, ਸਾਡੇ ਗ਼ਰੀਬ ਮਜ਼ਦੂਰ ਤੇ ਕਿਸਾਨ ਕਰਜ਼ੇ ਦੀ ਮਾਰ ਝੱਲਦਿਆਂ ਹੋਇਆਂ ਖ਼ੁਦਕੁਸ਼ੀ ਦੇ ਰਾਹ ਪੈ ਰਹੇ ਹਨ ਤੇ ਸਰਕਾਰਾਂ ਉਨ੍ਹਾ ਦੇ ਨਿਗੂਣੇ ਜਿਹੇ ਕਰਜ਼ੇ ਮੁਆਫ਼ ਕਰਨ ਦੀ ਥਾਂ ਵੱਡੇ ਧਨਾਢਾਂ ਦਾ ਅਰਬਾਂ ਰੁਪਏ ਦਾ ਕਰਜ਼ਾ ਮੁਆਫ਼ ਕਰ ਰਹੀਆਂ ਹਨ, ਸਾਡੇ ਭਾਰਤੀਆਂ ਨੂੰ ਕਿਰਤੀ ਬਣਾ ਕੇ ਮਿਹਨਤ ਨਾਲ ਰੋਟੀ ਕਮਾਉਣ ਲਈ ਤਿਆਰ ਕਰਨ ਦੀ ਥਾਂ ਮੁਫ਼ਤ ਅਨਾਜ ਤੇ ਮੁਫ਼ਤ ਹੋਰ ਚੀਜ਼ਾਂ ਵੰਡ ਕੇ ਭਿਖਾਰੀ ਤੇ ਨਿਕੰਮੇ ਬਣਾਇਆ ਜਾ ਰਿਹਾ ਹੈ, ਹਰੇਕ ਪਿੰਡ ਤੇ ਸ਼ਹਿਰ ਵਿਚ ਔਰਤਾਂ ਤੋਂ ਦਿਨ-ਦਿਹਾੜੇ ਪਰਸ ਅਤੇ ਗਹਿਣੇ ਖੋਹੇ ਜਾ ਰਹੇ ਹਨ, ਸਾਈਬਰ ਕ੍ਰਾਈਮ ਰਾਹੀਂ ਲੋਕਾਂ ਦੇ ਬੈਂਕ ਖਾਤਿਆਂ 'ਚੋਂ ਰਕਮਾਂ ਉਡਾਈਆਂ ਜਾ ਰਹੀਆਂ ਹਨ, ਅਪਰਾਧੀ ਸਾਬਿਤ ਹੋ ਚੁੱਕੇ ਅਖੌਤੀ ਧਰਮ ਗੁਰੂਆਂ ਨੂੰ ਵਾਰ-ਵਾਰ ਜ਼ਮਾਨਤ ਅਤੇ ਪੈਰੋਲ ਦਿੱਤੀ ਜਾ ਰਹੀ ਹੈ ਤੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹੋਰ ਕੈਦੀਆਂ ਨੂੰ ਛੱਡਿਆ ਨਹੀਂ ਜਾ ਰਿਹਾ ਹੈ, ਸਰਕਾਰ ਦੇ ਖ਼ਿਲਾਫ਼ ਚੰਦ ਲਫ਼ਜ਼ ਬੋਲਣ ਵਾਲੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ ਤੇ ਕਿਸਾਨਾਂ ਨੂੰ 'ਅੱਤਵਾਦੀ', 'ਬਲਾਤਕਾਰੀ' ਤੇ 'ਖ਼ਾਲਿਸਤਾਨੀ' ਆਖਣ ਵਾਲਿਆਂ ਨੂੰ ਰਾਜਗੱਦੀਆਂ ਸੌਂਪੀਆਂ ਜਾ ਰਹੀਆਂ ਹਨ, ਧਰਮ ਦੇ ਨਾਂਅ 'ਤੇ ਬਲਾਤਕਾਰ ਤੇ ਹੱਤਿਆਵਾਂ ਕਰਨ ਵਾਲਿਆਂ ਦੀਆਂ ਸਜ਼ਾਵਾਂ ਮੁਆਫ਼ ਕਰਕੇ ਉਨ੍ਹਾ ਦਾ ਸੁਆਗਤ ਫੁੱਲਮਾਲਾਵਾਂ ਪਾ ਕੇ ਕੀਤਾ ਜਾ ਰਿਹਾ ਹੈ ਤੇ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਬਿਲਕੁਲ ਵੀ ਬੰਦ ਨਹੀਂ ਕੀਤੀ ਜਾ ਰਹੀ ਹੈ। ਅਜਿਹਾ ਆਜ਼ਾਦ ਭਾਰਤ ਵੇਖਣ ਦਾ ਸੁਫ਼ਨਾ ਸ. ਭਗਤ ਸਿੰਘ ਨੇ ਸ਼ਾਇਦ ਨਹੀਂ ਲਿਆ ਸੀ ਤੇ ਭਾਰਤੀ ਵਿਦਿਆਰਥੀਆਂ ਤੇ ਨੌਜਵਾਨਾਂ ਕੋਲੋਂ ਉਸ ਨੂੰ ਬੜੀਆਂ ਵੱਡੀਆਂ ਤੇ ਉੱਚੀਆਂ ਆਸਾਂ ਸਨ ਪਰ ਅਫ਼ਸੋਸ ਕਿ ਅਜੋਕੇ ਵਿਦਿਆਰਥੀ ਤੇ ਨੌਜਵਾਨ ਸ. ਭਗਤ ਸਿੰਘ ਦੇ ਸੁਫ਼ਨਿਆਂ ਦੀ ਤਾਬੀਰ ਵਾਲਾ ਭਾਰਤ ਸਿਰਜਣ ਵਿਚ ਅਸਫ਼ਲ ਰਹੇ ਹਨ। ਸ. ਭਗਤ ਸਿੰਘ ਦੇ ਅਯੋਗ ਵਾਰਿਸ ਸਾਬਿਤ ਹੋਣ ਕਰਕੇ ਭਾਰਤ ਦੇ ਸਮੂਹ ਨੌਜਵਾਨਾਂ ਤੇ ਖ਼ਾਸ ਕਰਕੇ ਵਿਦਿਆਰਥੀਆਂ ਨੂੰ ਹੱਥ ਜੋੜ ਕੇ ਤੇ ਸਿਰ ਝੁਕਾਅ ਕੇ ਸ. ਭਗਤ ਸਿੰਘ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ।

**# ਸੰਪਰਕ : 97816-46008**

# ਯਾਦਾਂ 'ਚ ਵਸਿਆ-ਮਾਸਟਰ ਭਗਤ ਰਾਮ

**ਸਰਬਜੀਤ ਕੰਗਣੀਵਾਲ**

ਮਾਸਟਰ ਭਗਤ ਰਾਮ ਯਾਦਾਂ ਵਿੱਚ ਬੁਰੀ ਤਰ੍ਹਾਂ ਵਸਿਆ ਹੋਇਆ ਹੈ। ਉਨ੍ਹਾਂ ਵੱਲੋਂ ਦਿੱਤੇ ਗਏ ਭਾਸ਼ਣਾਂ ਨਾਲ ਚੜ੍ਹਦੀ ਉਮਰੇ ਦਿਮਾਗ ਦੇ ਕਈ ਕਵਾੜ ਖੁੱਲ੍ਹੇ। ਹਾਲਾਂਕਿ ਉਹ ਢਾਈ ਦਹਾਕੇ ਪਹਿਲਾਂ ਕੈਨੇਡਾ ਚਲੇ ਗਏ ਸਨ ਅਤੇ ਉਸ ਤੋਂ ਬਾਅਦ ਉਨ੍ਹਾਂ ਨਾਲ ਕੋਈ ਖਾਸ ਰਾਬਤਾ ਨਹੀਂ ਰਿਹਾ, ਪਰ ਫਿਰ ਵੀ ਉਹ ਹਮੇਸ਼ਾ ਯਾਦਾਂ ਵਿੱਚ ਬਣੇ ਰਹੇ ਹਨ। ਉਨ੍ਹਾਂ ਨੇ 1977 ਦੀਆਂ ਲੋਕ ਸਭਾ ਚੋਣਾਂ ਵਿੱਚ 2,76,973 ਵੋਟਾਂ ਲੈ ਕੇ ਫਿਲੌਰ ਤੋਂ ਜਿੱਤ ਹਾਸਲ ਕੀਤੀ ਸੀ ਅਤੇ ਉਨ੍ਹਾਂ ਨੂੰ 61.06 ਫ਼ੀਸਦੀ ਵੋਟਾਂ ਹਾਸਲ ਹੋਈਆਂ ਸਨ, ਜਦਕਿ ਉਨ੍ਹਾਂ ਦੇ ਮੁੱਖ ਵਿਰੋਧੀ ਕਾਂਗਰਸ ਦੇ ਗੁਰਚਰਨ ਦਾਸ ਨੂੰ 1,27,942 ਵੋਟਾਂ ਪਈਆਂ ਸਨ।

ਮਾਸਟਰ ਭਗਤ ਰਾਮ ਨਾਲ ਮੇਰਾ ਸਿੱਧਾ ਵਾਹ 1980ਵਿਆਂ ਦੇ ਸ਼ੁਰੂ ਵਿੱਚ ਪਿਆ। ਉਸ ਵੇਲੇ ਮੈਂ ਡੀ.ਵਾਈ.ਐੱਫ.ਆਈ. ਵਿੱਚ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ। ਮਾਸਟਰ ਭਗਤ ਰਾਮ ਉਸ ਸਮੇਂ ਖੇਤ ਮਜ਼ਦੂਰ ਸਭਾ ਵਿੱਚ ਸਰਗਰਮ ਸਨ ਅਤੇ ਉਨ੍ਹਾਂ ਦਾ ਸਾਡੇ ਪਿੰਡ ਵਿੱਚ ਵਿਸ਼ੇਸ਼ ਦਖ਼ਲ ਸੀ। ਭਾਵੇਂ ਲੱਖ ਯਤਨਾਂ ਦੇ ਬਾਵਜੂਦ ਅਸੀਂ ਖੇਤ ਮਜ਼ਦੂਰ ਸਭਾ ਦਾ ਯੂਨਿਟ ਸਥਾਪਤ ਨਹੀਂ ਕਰ ਸਕੇ, ਪਰ ਫਿਰ ਵੀ ਉਹ ਪਾਰਟੀ ਅਤੇ ਨੌਜਵਾਨਾਂ ਦੀਆਂ ਮੀਟਿੰਗਾਂ ਨੂੰ ਸੰਬੋਧਨ ਕਰਨ ਆਉਂਦੇ ਸਨ। ਮੈਂ ਉਨ੍ਹਾਂ ਦੀਆਂ ਅਨੇਕਾਂ ਮੀਟਿੰਗਾਂ ਅਟੈਂਡ ਕੀਤੀਆਂ। ਉਹ ਦੋ-ਤਿੰਨ ਮਹੀਨੇ ਬਾਅਦ ਸਾਡੇ ਪਿੰਡ ਮੀਟਿੰਗ ਰੱਖ ਲੈਂਦੇ। ਪਾਰਟੀ ਯੂਨਿਟ ਦਾ ਸਾਡਾ ਇੰਚਾਰਜ ਕਾਮਰੇਡ ਚਰੰਜੀ ਲਾਲ ਸੁਨੇਹਾ ਦੇਣ ਆਉਂਦਾ ਅਤੇ ਆਖਦਾ, "ਮਾਸਟਰ ਭਗਤ ਰਾਮ ਨੇ ਫਲਾਣੇ ਦਿਨ ਨੂੰ ਮੀਟਿੰਗ ਲੈਣ ਆਉਣਾ। ਮੁੰਡਿਆਂ ਨੂੰ ਇਕੱਠੇ ਕਰ ਲਵੀਂ।" ਫਿਰ ਸਾਡੀ ਹੇਠਲੀ ਬੈਠਕ ਵਿੱਚ ਲੰਮੀ ਮੀਟਿੰਗ ਚੱਲ ਪੈਂਦੀ, ਜੋ 30-35 ਬੰਦਿਆਂ ਦੀ ਬੈਠਣ ਲਈ ਕਾਫ਼ੀ ਸੀ। ਇਹ ਬੈਠਕ ਸਿਰਫ਼ ਮੀਟਿੰਗਾਂ ਲਈ ਹੀ ਸੀ ਜਾਂ ਇਸ ਵਿੱਚ ਭਾਪਾ ਜੀ ਦੀਆਂ ਪੜ੍ਹਨ ਵਾਲੀਆਂ ਕਿਤਾਬਾਂ ਸਨ।

ਮਾਸਟਰ ਭਗਤ ਰਾਮ ਬਹੁਤ ਟਿਕਾਅ-ਟਿਕਾਅ ਕੇ ਗੱਲ ਕਰਦੇ। ਉਨ੍ਹਾਂ ਦੀ ਹਰੇਕ ਗੱਲ ਸਮਝ ਆਉਣ ਵਾਲੀ ਹੁੰਦੀ। ਕੋਈ, ਕਿਸੇ ਵੀ ਵੇਲੇ ਸਵਾਲ ਕਰ ਸਕਦਾ ਸੀ ਅਤੇ ਉਨ੍ਹਾਂ ਤੋਂ ਕਿਸੇ ਨੂੰ ਕੋਈ ਝਿਜਕ ਨਹੀਂ ਸੀ। ਮੇਰੇ ਲਈ ਸਭ ਤੋਂ ਅਹਿਮ ਗੱਲ ਇਹ ਸੀ ਕਿ ਉਨ੍ਹਾਂ ਦੀ ਹਾਜ਼ਰੀ ਵਿੱਚ ਕੋਈ ਸਿਗਰਟ-ਬੀੜੀ ਨਹੀਂ ਸੀ ਪੀਂਦਾ। ਇਸ ਮਾਮਲੇ ਉੱਤੇ ਹਰ ਕੋਈ ਝਿਜਕਦਾ ਸੀ। ਦਰਅਸਲ ਬੈਠਕ ਦੇ ਰੋਸ਼ਨਦਾਨ ਦਾ ਇੱਕ ਸ਼ੀਸ਼ਾ ਟੁੱਟਾ ਸੀ। ਘਰ ਦੇ ਬਾਕੀ ਜੀਅ ਉਪਰ ਰਹਿੰਦੇ ਸਨ। ਇੱਕ ਅੱਧੇ ਜਣੇ ਵੱਲੋਂ ਵੀ ਬੀੜੀ-ਸਿਗਰਟ ਲਾਉਣ ਨਾਲ ਹੀ ਬੀਬੀ ਨੂੰ ਇੱਕਦਮ ਮਹਿਕ ਆ ਜਾਂਦਾ ਸੀ। ਉਹ ਇਸ ਗੱਲ ਤੋਂ ਜ਼ਿਆਦਾ ਚਿੜ੍ਹਦੀ ਸੀ, ਪਰ ਮਾਸਟਰ ਭਗਤ ਰਾਮ ਦੀ ਮੀਟਿੰਗ ਵਿੱਚ ਤਾਂ ਕੋਈ ਵੀ ਬੀੜੀ-ਸਿਗਰਟ ਪੀਂਦਾ ਹੀ ਨਹੀਂ ਸੀ, ਜਿਸ ਕਰਕੇ ਇਹ ਵਧੀਆ ਮਹੌਲ ਵਿੱਚ ਹੋ ਜਾਂਦੀ। ਬੀਬੀ ਵੀ ਖ਼ੁਸ਼ੀ ਨਾਲ ਚਾਹ ਦੇ ਜੱਗ ਭਰ-ਭਰ ਹੇਠਾਂ ਭੇਜਦੀ ਰਹਿੰਦੀ।

ਮਾਸਟਰ ਭਗਤ ਰਾਮ ਦੀਆਂ ਦੋ ਚੋਣਾਂ ਵਿੱਚ ਮੈਂ ਜ਼ਿਆਦਾ ਸਰਗਰਮੀ ਕੀਤੀ। ਗੱਲ ਇਉਂ ਹੈ ਕਿ 1984 ਵਿੱਚ ਲੋਕ ਸਭਾ ਚੋਣਾਂ ਪੰਜਾਬ ਅਤੇ ਅਸਾਮ ਵਿੱਚ ਬਾਕੀ ਦੇਸ਼ ਦੇ ਨਾਲ ਨਾ ਹੋਈਆਂ। ਰਾਜੀਵ-ਲੌਂਗੋਵਾਲ ਸਮਝੌਤੇ ਤੋਂ ਬਾਅਦ ਲੋਕ ਸਭਾ ਅਤੇ ਵਿਧਾਨ ਸਭਾ ਦੀਆਂ ਚੋਣਾਂ ਸਤੰਬਰ 1985 ਵਿੱਚ ਇੱਕੋ ਵੇਲੇ ਹੋਈਆਂ। ਮਾਸਟਰ ਭਗਤ ਰਾਮ ਫਿਲੌਰ ਤੋਂ ਪਾਰਟੀ ਦੇ ਉਮੀਦਵਾਰ ਸਨ। ਉਸ ਵੇਲੇ ਇਹ ਸੀਟ ਬਹੁਤ ਟੇਢੀ ਸੀ। ਫਿਲੌਰ ਤੋਂ ਹਰਗੋਬਿੰਦਪੁਰ ਤੱਕ। ਇਹ ਹਲਕਾ ਸਾਡੇ ਪਿੰਡ ਤੋਂ ਸੱਤ ਕੁ ਕਿਲੋਮੀਟਰ ਚੜ੍ਹਦੇ ਵੱਲ ਤੋਂ ਸ਼ੁਰੂ ਹੁੰਦਾ ਸੀ। ਆਮ ਦੀ ਤਰ੍ਹਾਂ ਇਸ ਵਾਰ ਵੀ ਕਾਮਰੇਡ ਚਰੰਜੀ ਲਾਲ ਦੀ ਅਗਵਾਈ ਵਿੱਚ ਸਾਇਕਲ 'ਤੇ ਝੰਡਾ ਮਾਰਚ ਸ਼ੁਰੂ ਕਰ ਦਿੱਤਾ। ਪਹਿਲਾ ਪਿੰਡ ਚੂਹੜਵਾਲੀ ਸੀ ਅਤੇ ਉਸ ਤੋਂ ਬਾਅਦ ਅਰਜਨ ਵਾਲ ਹੁੰਦੇ ਹੋਏ ਅਸੀਂ ਵੱਖ-ਵੱਖ ਪਿੰਡਾਂ ਰਾਹੀਂ ਆਦਮਪੁਰ ਚੋਣ ਦਫਤਰ ਪਹੁੰਚ ਗਏ। ਉਥੇ ਪਹੁੰਚਦਿਆਂ ਸਾਰ ਹੀ ਪੰਡੋਰੀ ਨਿੱਝਰਾਂ ਵਾਲਾ ਮਾਸਟਰ ਸਰਬਜੀਤ ਸਿੰਘ ਵੀ ਆ ਗਿਆ। ਉਸ ਦੀ ਡਿਊਟੀ ਭੋਗਪੁਰ ਸੀ, ਪਰ ਉਸ ਦੇ ਨਾਲ ਕੋਈ ਵੀ ਨਹੀਂ ਸੀ। ਉਸ ਨੇ ਭੋਗਪੁਰ ਲਈ ਬੰਦਿਆਂ ਦੀ ਮੰਗ ਕਰ ਦਿੱਤੀ। ਚਰਚਾਵਾਂ ਦਾ ਦੌਰ ਸ਼ੁਰੂ ਹੋ ਗਿਆ। ਹਰ ਕੋਈ ਆਪਣੀ ਸਮੱਸਿਆ ਰੱਖ ਦੇਵੇ। ਚਾਚੇ ਚਰੰਜੀ ਨੇ ਵੀ ਫੈਕਟਰੀ ਤੋਂ ਛੁੱਟੀਆਂ ਨਾ ਮਿਲਣ ਦੀ ਆਪਣੀ ਸਮੱਸਿਆ ਦੱਸੀ। ਆਖ਼ੀਰ ਭੋਗਪੁਰ ਡਿਊਟੀ ਦੇਣ ਲਈ ਮੈਨੂੰ ਹੁਕਮ ਜਾਰੀ ਕਰ ਦਿੱਤਾ। ਦੂਸਰੇ ਹੀ ਦਿਨ ਮੈਨੂੰ ਭੋਗਪੁਰ ਪਹੁੰਚਾ ਦਿੱਤਾ ਗਿਆ, ਜਿੱਥੇ ਮੈਂ ਪੰਦਰਾਂ ਕੁ ਦਿਨ ਰਹਿਣਾ ਸੀ। ਮੇਰੇ ਰਹਿਣ ਦਾ ਪ੍ਰਬੰਧ ਭੋਗਪੁਰ



ਸ਼ਹਿਰ ਵਿੱਚ ਕਾਮਰੇਡ ਤਰਸੇਮ ਦੇ ਆਰੇ ਉੱਤੇ ਸੀ, ਜਦਕਿ ਰੋਟੀ-ਪਾਣੀ ਦਾ ਭੋਗਪੁਰ ਬੱਸ ਅੱਡੇ ਦੇ ਕੋਲ ਬਣੇ ਸੀ.ਪੀ.ਆਈ. ਦੇ ਚੋਣ ਦਫਤਰ ਵਿੱਚ ਸੀ। ਸੀ.ਪੀ.ਆਈ. ਦਾ ਏਥੇ ਵੱਡਾ ਜੁਗਾੜ ਸੀ, ਕਿਉਂਕਿ ਆਦਮਪੁਰ ਵਿਧਾਨ ਸਭਾ ਤੋਂ ਕਾਮਰੇਡ ਕੁਲਵੰਤ ਸਿੰਘ ਚੋਣ ਲੜ ਰਿਹਾ ਸੀ ਅਤੇ ਭੋਗਪੁਰ ਆਦਮਪੁਰ ਵਿਧਾਨ ਸਭਾ ਹਲਕੇ ਵਿੱਚ ਸੀ।

ਮਾਸਟਰ ਸਰਬਜੀਤ ਪੰਡੋਰੀ ਨਿੱਝਰਾਂ ਦੂਸਰੇ ਦਿਨ ਹੀ ਸਕੂਲ ਹਾਜ਼ਰੀ ਲਾਉਣ ਦੀ ਗੱਲ ਆਖ ਕੇ ਚਲਾ ਗਿਆ। ਫਿਰ ਤੀਜੇ-ਚੌਥੇ ਦਿਨ ਆਇਆ। ਦਰਅਸਲ ਜਿੱਥੇ ਪਾਰਟੀ ਦਾ ਕੋਈ ਆਧਾਰ ਨਾ ਹੋਵੇ, ਓਥੇ ਕੋਈ ਘੱਟ ਹੀ ਜਾਂਦਾ ਹੈ। ਮੁੱਕਦੀ ਗੱਲ ਇਹ ਕਿ ਮੈਂ ਸਵੇਰ ਤੋਂ ਲੈ ਕੇ ਰਾਤ ਤੱਕ ਪਿੰਡ ਅਤੇ ਸ਼ਹਿਰ ਗਾਹੁੰਦਾ ਫਿਰਦਾ। ਦਸਾਂ ਕੁ ਦਿਨਾਂ ਬਾਅਦ ਕੁਝ ਕੁ ਸਮੇਂ ਲਈ ਮਾਸਟਰ ਭਗਤ ਰਾਮ ਅਤੇ ਹੋਰ ਆਗੂ ਆਏ। ਉਨ੍ਹਾਂ ਨੇ ਮੇਰੇ ਕੋਲੋਂ ਇਲਾਕੇ ਦੀ ਸਥਿਤੀ ਬਾਰੇ ਪੁੱਛਿਆ। ਸਥਿਤੀ ਕੀ ਹੋਣੀ ਸੀ? ਜਿੱਥੇ ਮੈਂ ਇਕੱਲਾ ਇਲਾਕੇ ਵਿੱਚ ਘੁੰਮਦਾ ਅਤੇ ਕਾਮਰੇਡ ਤਰਸੇਮ ਆਰੇ ਤੇ ਫਰਨੀਚਰ ਦੇ ਸ਼ੋਅ ਰੂਮ ਉੱਤੇ ਬੈਠਾ ਲੰਘਦਿਆਂ-ਵੜਦਿਆਂ ਨੂੰ ਚਾਹ-ਪਾਣੀ ਪਿਲਾ ਛੱਡਦਾ। ਆਖ਼ੀਰ ਚੋਣ ਪ੍ਰਚਾਰ ਬੰਦ ਹੋਣ ਦਾ ਦਿਨ ਆ ਗਿਆ। ਲੌਢੇ ਵੇਲੇ ਚਾਚਾ ਚਰੰਜੀ ਅਤੇ ਕਾਮਰੇਡ ਕੇਵਲ ਸਿੰਘ ਹਜ਼ਾਰਾ ਜੀਪ ਉਤੇ ਪਹੁੰਚ ਗਏ। ਕਾਮਰੇਡ ਕੇਵਲ ਬਹੁਤ ਹੀ ਛੋਹਲਾ ਸੀ। ਉਸ ਨੇ ਆਉਂਦੇ ਹੀ ਕਿਹਾ, ਸਮਾਨ ਰੱਖ ਜੀਪ ਵਿੱਚ। ਅੱਜ ਦੀ ਰਾਤ ਹੀ ਹੈ, ਕੰਮ ਖਿੱਚ ਦਈਏ। ਆਖਰੀ ਸਮੇਂ ਮਾਰੀ ਸੱਟ ਹੀ ਜ਼ਿਆਦਾ ਕਾਰਗਰ ਹੁੰਦੀ।" ਕੰਮ ਕੀ ਖਿੱਚਣਾ ਸੀ। ਮੱਠਾ-ਮੱਠਾ ਮੀਂਹ ਪੈ ਰਿਹਾ ਸੀ। ਜੀਪ ਕਦੀ ਕਿਸੇ ਪਿੰਡ, ਕਦੀ ਕਿਸੇ ਪਿੰਡ। ਕਦੀ ਕਿਸੇ ਕਾਮਰੇਡ ਦਾ ਬੂਹਾ ਖੜਕਾਏ, ਕਦੀ ਕਿਸੇ ਦਾ। ਰਾਤ ਦੇ ਨੌਂ ਕੁ ਵੱਜ ਗਏ। ਕਾਲੇ ਬੱਕਰੇ ਜਦੋਂ ਕਿਸੇ ਕਾਮਰੇਡ ਦੇ ਘਰ ਦਾ ਬੂਹਾ ਖੜਕਾਇਆ ਤਾਂ ਇੱਕ ਬਜ਼ੁਰਗ ਔਰਤ ਕੱਚੇ ਵਿਹੜੇ ਵਿੱਚ ਦੀ ਹੌਲੀ-ਹੌਲੀ ਤੁਰ ਕੇ ਆਈ। ਕਾਮਰੇਡ ਘਰ ਵਿੱਚ ਨਹੀਂ ਸੀ। ਚਾਚੇ ਚਰੰਜੀ ਨੇ ਜੀਪ ਵਿੱਚ ਬੈਠਦਿਆਂ ਕਿਹਾ, "ਛੱਡ ਕੇਵਲ ਹੁਣ। ਐਵੇਂ ਕੋਈ ਮੀਂਹ ਵਿੱਚ ਦਰਵਾਜ਼ਾ ਖੋਲ੍ਹਦਾ ਤਿਲਕ ਕੇ ਲੱਤ-ਬਾਂਹ ਤੁੜਾ ਲਊ।" ਕੇਵਲ ਮੰਨ ਗਿਆ। ਜੀਪ ਪਿੰਡ ਵੱਲ ਨੂੰ ਦੌੜਨ ਲੱਗੀ।

ਚੋਣ ਨਤੀਜੇ ਆਏ। ਮਾਸਟਰ ਭਗਤ ਰਾਮ ਨੂੰ 97,740 ਵੋਟਾਂ ਮਿਲੀਆਂ, ਜੋ ਭੁਗਤੀਆਂ ਵੋਟਾਂ ਦਾ 17.78 ਫ਼ੀਸਦੀ ਸਨ। ਨਤੀਜੇ ਆਉਣ ਤੋਂ ਅਗਲੇ ਐਤਵਾਰ ਛੁੱਟੀ ਹੋਣ ਕਰਕੇ ਚਾਚਾ ਚਰੰਜੀ ਸਵੇਰੇ ਆ ਗਿਆ। ਕਹਿੰਦਾ, "ਚੱਲ ਸਰਬਜੀਤ, ਮਾਸਟਰ ਨੂੰ ਮਿਲ ਆਈਏ। ਬੰਦੇ ਨੂੰ ਹੌਸਲਾ ਮਿਲਦਾ।" ਬਿੰਦ ਕੁ ਵਿੱਚ ਤਿਆਰ ਹੋ ਕੇ ਅਸੀਂ ਭਾਰਦਵਾਜੀਆਂ ਪਿੰਡ ਪਹੁੰਚ ਕੇ ਮਾਸਟਰ ਜੀ ਦੇ ਘਰ ਦੇ ਬੂਹੇ ਮੋਹਰੇ ਸਕੂਟਰੀ ਲਾਈ। ਚਾਚੇ ਨੇ ਗਲੀ ਵਿੱਚੋਂ ਉੱਚੀ ਆਵਾਜ਼ ਵਿੱਚ "ਮਾਸਟਰ ਜੀ" ਆਖਿਆ। ਉਹ ਆਪਣੇ ਕੋਠੇ ਉਤੇ ਬੈਠੇ ਹੋਏ ਸਨ। ਉਨ੍ਹਾਂ ਨੇ ਆਵਾਜ਼ ਪਛਾਣੇ ਹੋਏ ਉਸੇ ਲਹਿਜੇ ਵਿੱਚ ਕਿਹਾ, "ਚਰੰਜੀ ਲਾਲ, ਉਪਰ ਆ ਜਾਓ।" ਅਸੀਂ ਵਿਹੜੇ ਵਿੱਚ ਦੀ ਹੁੰਦੇ ਹੋਏ ਭੀੜੀਆਂ ਜਹੀਆਂ ਪੌੜੀਆਂ ਰਾਹੀਂ ਕੋਠੇ 'ਤੇ ਜਾ ਚੜ੍ਹੇ। ਨਿੱਘੀ-ਨਿੱਘੀ ਧੁੱਪ ਵਿੱਚ ਮਾਸਟਰ ਜੀ ਮੰਜੇ 'ਤੇ ਬੈਠੇ ਸਨ। ਸਕਿਉਰਟੀ ਵਾਲੇ ਮੁੰਡੇ ਨੇ ਕੁਰਸੀਆਂ ਡਾਹ ਦਿੱਤੀਆਂ। ਅਸੀਂ ਬੈਠ ਗਏ। ਪਹਿਲਾਂ ਚਾਹ, ਫੇਰ ਰੋਟੀਆਂ ਅਤੇ ਫਿਰ ਲੌਢੇ ਵੇਲੇ ਦੀ ਚਾਹ ਵਿਚਕਾਰ ਢੇਰ ਸਾਰੀਆਂ ਗੱਲਾਂ ਅਤੇ ਵਿਚਾਰ-ਵਟਾਂਦਰਾ।

ਇਸ ਤੋਂ ਬਾਅਦ 1989 ਦੀਆਂ ਲੋਕ ਸਭਾ ਚੋਣਾਂ। ਫਿਰ ਮਾਸਟਰ ਭਗਤ ਰਾਮ ਫਿਲੌਰ ਤੋਂ ਉਮੀਦਵਾਰ ਅਤੇ ਫਿਰ ਚਾਚੇ ਚਰੰਜੀ ਦੀ ਅਗਵਾਈ ਵਿੱਚ ਕਈ ਦਿਨ ਪਿੰਡੋ-ਪਿੰਡ ਸਾਇਕਲ ਮਾਰਚ। ਇਸ ਵਾਰ ਮਾਸਟਰ ਭਗਤ ਰਾਮ ਨੂੰ 72,104 ਵੋਟਾਂ ਮਿਲੀਆਂ, ਜੋ ਭੁਗਤੀਆਂ ਵੋਟਾਂ ਦਾ 12.15 ਫ਼ੀਸਦੀ ਹਿੱਸਾ ਸਨ। ਇਸ ਸਮੇਂ ਧਾਰਮਿਕ ਅਤੇ ਜਾਤੀ ਫ਼ਿਰਕਾਪ੍ਰਸਤੀ ਨੇ ਸਮਾਜ ਨੂੰ ਬੁਰੀ ਤਰ੍ਹਾਂ ਲੀਰੋ-ਲੀਰ ਕਰ ਦਿੱਤਾ ਸੀ। ਗੱਲਬਾਤ ਦੌਰਾਨ ਆਮ ਲੋਕ ਆਖਦੇ ਸਨ, "ਬੰਦਾ ਤਾਂ ਤੁਹਾਡਾ ਬਹੁਤ ਵਧੀਆ, ਪਰ ਵੋਟ ਅਸੀਂ ਆਪਣੇ ਫ਼ਿਰਕੇ ਨੂੰ ਹੀ ਪਾਉਣੀ ਆ।"

ਮਾਸਟਰ ਭਗਤ ਰਾਮ ਇੱਕ ਵਧੀਆ ਨਿੱਗਰ ਮਨੁੱਖ ਸੀ। ਉਨ੍ਹਾਂ ਦੀਆਂ ਗੱਲਾਂ ਵਿੱਚ ਕੋਈ ਲੱਗ-ਲਪੇਟ ਨਹੀਂ ਸੀ। ਉਹ ਹਰ ਗੱਲ ਤਰਕ ਨਾਲ ਕਰਦੇ ਸਨ। ਅੱਸੀਵਿਆਂ ਦੇ ਸ਼ੁਰੂ ਵਿੱਚ ਉਨ੍ਹਾਂ ਨੇ ਸਾਡੇ ਪਿੰਡ ਦੇ ਚੈਰੀ ਦੀ ਰੇਡੀਓ ਸਟੇਸ਼ਨ 'ਤੇ ਨੌਕਰੀ ਲਵਾਉਣ ਲਈ ਅਹਿਮ ਭੂਮਿਕਾ ਨਿਭਾਈ ਸੀ। ਉਸ ਦਾ ਬਣਦਾ ਜਾਇਜ਼ ਹੱਕ ਦਿਵਾਉਣ ਲਈ ਮਾਸਟਰ ਭਗਤ ਰਾਮ ਨੇ ਦਿੱਲੀ ਤੱਕ ਅਨੇਕਾਂ ਗੇੜੇ ਮਾਰੇ ਅਤੇ ਪਾਰਟੀ ਦੇ ਸੰਸਦ ਮੈਂਬਰਾਂ ਦੀ ਮਦਦ ਲਈ। ਜਦੋਂ ਚੈਰੀ ਦੀ ਨੌਕਰੀ ਲੱਗੀ ਤਾਂ ਚੈਰੀ ਦੇ ਵੱਡੇ ਭਰਾ ਕਾਮਰੇਡ ਤਰਸੇਮ ਲਾਲ ਨੇ ਕਿਹਾ, "ਮਾਸਟਰ ਜੀ, ਪਰਵਾਰ ਪਾਰਟੀ ਦੀ ਮਦਦ ਕਰਨੀ ਚਾਹੁੰਦਾ, ਦੱਸੋ ਕੀ ਕਰੀਏ?" ਪਹਿਲਾਂ ਤਾਂ ਮਾਸਟਰ ਭਗਤ ਰਾਮ ਨੇ ਕੋਈ ਹੁੰਗਾਰਾ ਨਾ ਭਰਿਆ ਅਤੇ ਗੱਲ ਛੱਡਣ ਲਈ ਆਖਿਆ। ਪਰ ਜਦੋਂ ਕਾਮਰੇਡ ਤਰਸੇਮ ਖਹਿੜੇ ਹੀ ਪੈ ਗਿਆ ਤਾਂ ਮਾਸਟਰ ਜੀ ਨੇ ਕਿਹਾ, "ਜਦੋਂ ਉਸ ਨੂੰ ਪਹਿਲੀ ਤਨਖਾਹ ਮਿਲੀ ਤਾਂ ਪਿੰਡ ਦੇ ਪਾਰਟੀ ਯੂਨਿਟ ਨੂੰ ਸੌ ਰੁਪਿਆ ਦੇ ਦੇਵੇ।"

ਮਾਸਟਰ ਭਗਤ ਰਾਮ ਨੇ ਆਪਣੇ ਵਿਚਾਰਾਂ ਅਤੇ ਕਿਰਦਾਰ ਨਾਲ ਬਹੁਤ ਸਾਰਿਆਂ 'ਤੇ ਡੂੰਘਾ ਪ੍ਰਭਾਵ ਛੱਡਿਆ ਹੈ। ਉਹ ਭਾਵੇਂ ਸਰੀਰਕ ਤੌਰ 'ਤੇ ਵਿਛੋੜਾ ਦੇ ਗਏ ਹਨ, ਪਰ ਉਨ੍ਹਾਂ ਵੱਲੋਂ ਨਿਭਾਈ ਗਈ ਭੂਮਿਕਾ ਦੀ ਰਾਹੇ-ਬਗਾਹੇ ਚਰਚਾ ਚੱਲਦੀ ਹੀ ਰਹੇਗੀ।

**# ਸੰਪਰਕ : 97800-36118**

# ਉਸਾਰੀ ਕਿਰਤੀ ਲਾਭਪਾਤਰੀਆਂ ਦੇ ਫਾਰਮਾਂ 'ਤੇ ਲੱਗੇ ਇਤਰਾਜ਼ ਤੁਰੰਤ ਹਟਾਏ ਜਾਣ : ਢਾਬਾਂ, ਲਮੋਚੜ

## ਐੱਸ ਡੀ ਐੱਮ ਵੱਲੋਂ ਮਸਲੇ ਨੂੰ ਹੱਲ ਕਰਨ ਦਾ ਭਰੋਸਾ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**
ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਜ਼ਿਲ੍ਹਾ ਫਾਜ਼ਿਲਕਾ ਵੱਲੋਂ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਹੱਲ ਕਰਵਾਉਣ ਤੇ ਉਨ੍ਹਾਂ ਦੇ ਬਣਦੇ ਹੱਕ ਸਮੇਂ ਸਿਰ ਦਿਵਾਉਣ ਲਈ ਲਈ ਐੱਸ ਡੀ ਐੱਮ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ। ਐੱਸ ਡੀ ਐੱਮ ਨੂੰ ਦਿੱਤੇ ਮੰਗ ਪੱਤਰ ਬਾਰੇ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਸੂਬਾਈ ਮੀਤ ਸਕੱਤਰ ਸਾਥੀ ਪਰਮਜੀਤ ਢਾਬਾਂ ਤੇ ਆਲ ਇੰਡੀਆ ਸਟੂਡੈਂਟਸ ਦੇ ਜ਼ਿਲ੍ਹਾ ਸਕੱਤਰ ਸਾਥੀ ਸਟਾਲਿਨ ਲਮੋਚੜ ਨੇ ਦੱਸਿਆ ਕਿ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਆਪਣੇ ਹੱਕ ਪ੍ਰਾਪਤ ਕਰਨ ਲਈ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਗੂਆਂ ਨੇ ਕਿਹਾ ਕਿ ਉਸਾਰੀ ਕਿਰਤੀ ਲਾਭਪਾਤਰੀ ਆਪਣਾ ਹੱਕ ਪ੍ਰਾਪਤ ਕਰਨ ਤੇ ਉਨ੍ਹਾਂ ਦੇ ਬੱਚੇ ਵਜ਼ੀਫਾ ਪ੍ਰਾਪਤ ਕਰਨ ਲਈ ਜਦੋਂ ਫਾਰਮ ਭਰਦੇ ਹਨ ਤਾਂ ਸੇਵਾ ਕੇਂਦਰਾਂ ਤੇ ਕਿਰਤ ਵਿਭਾਗ ਵਿੱਚ ਕੰਮ ਕਰਦੇ ਕੁਝ ਮੁਲਾਜ਼ਮ ਜਾਣ ਬੁਝ ਕੇ ਗੈਰ ਵਾਜਿਬ ਇਤਰਾਜ਼ ਲਗਾ ਕੇ ਉਸਾਰੀ ਕਿਰਤੀਆਂ ਨੂੰ ਲਗਾਤਾਰ ਖੱਜਲ ਖੁਆਰ ਕਰ ਰਹੇ ਹਨ। ਉਨ੍ਹਾਂ ਦੋਸ਼ ਲਾਉਂਦਿਆਂ ਵੱਡਾ ਖੁਲਾਸਾ ਕਰਦਿਆਂ ਕਿਹਾ ਕਿ ਉਸਾਰੀ ਕਿਰਤੀਆਂ ਨੂੰ ਖੱਜਲ ਖੁਆਰ ਕਰਨ ਦਾ ਕਾਰਨ ਇਹ ਹੈ ਕਿ ਪਿੰਡਾਂ ਵਿੱਚ ਕੁਝ ਦਲਾਲ ਰਿਸ਼ਵਤ ਲੈ ਕੇ ਕਿਰਤ ਤੇ ਸੇਵਾ ਕੇਂਦਰਾਂ ਦੇ ਕੁਝ ਮੁਲਾਜ਼ਮਾਂ ਨਾਲ ਮਿਲੀਭੁਗਤ ਕਰਕੇ ਕੰਮ ਕਰਵਾਉਂਦੇ ਹਨ। ਰਿਸ਼ਵਤ ਨਾ ਦੇਣ ਵਾਲੇ ਉਸਾਰੀ ਕਿਰਤੀ ਨੂੰ ਦਰ ਦਰ ਦੀਆਂ ਠੋਕਰਾਂ ਖਾਣੀਆਂ ਪੈਂਦੀਆਂ ਹਨ। ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਮਜਬੂਰ ਹੋ ਕੇ ਰਿਸ਼ਵਤ ਦੇਣੀ ਪੈਂਦੀ ਹੈ। ਜੇਕਰ ਰਿਸ਼ਵਤ ਦੇ ਦਿੰਦਾ ਹੈ ਤਾਂ ਰਾਤ ਦੇ 12 ਵਜੇ ਵੀ ਉਸ ਦਾ ਕੰਮ ਹੋ ਜਾਂਦਾ ਹੈ। ਐੱਸ ਡੀ ਐੱਮ ਨੂੰ ਜਾਣੂ ਕਰਵਾਉਂਦਿਆਂ ਆਗੂਆਂ ਨੇ ਦੱਸਿਆ ਕਿ ਇਹ ਮਾਮਲਾ ਬਹੁਤ ਹੀ ਗੰਭੀਰ ਹੈ ਤੇ ਇਸ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਤਾਂ ਕਿ ਉਸਾਰੀ ਕਿਰਤੀਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਸਮੇਂ ਸਿਰ ਮਿਲ ਸਕਣ। ਆਗੂਆਂ ਨੇ ਦੱਸਿਆ ਕਿ ਐੱਸ ਡੀ ਐੱਮ ਸਾਹਿਬ ਵੱਲੋਂ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਗਿਆ ਹੈ ਕਿ ਉਸਾਰੀ ਕਿਰਤੀਆਂ ਦੀਆਂ ਮੰਗਾਂ ਜਾਇਜ਼ ਹਨ ਤੇ ਉਨ੍ਹਾਂ ਨੂੰ ਪਹਿਲ ਦੇ ਅਧਾਰ 'ਤੇ ਤੁਰੰਤ ਹੱਲ ਕਰਵਾਉਣ ਲਈ ਬਣਦੀ ਯੋਗ ਕਾਰਵਾਈ ਕੀਤੀ ਜਾਵੇਗੀ। ਆਗੂਆਂ ਨੇ ਰਿਸ਼ਵਤ ਖੋਰ ਮੁਲਾਜ਼ਮਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਹੁਣ ਆਪਣੀਆਂ ਹਰਕਤਾਂ ਤੋਂ ਬਾਜ਼ ਆ ਜਾਣ, ਜੇਕਰ ਹੁਣ ਇਸੇ ਤਰ੍ਹਾਂ ਹੁੰਦਾ ਰਿਹਾ ਤਾਂ ਉਹ ਬਖਸ਼ਣਗੇ ਨਹੀਂ।

ਮੰਗ ਪੱਤਰ ਦੇਣ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਖਜ਼ਾਨਚੀ ਸੁਰਿੰਦਰ ਬਾਹਮਣੀਵਾਲਾ, ਸੀ ਪੀ ਆਈ ਦੇ ਬਲਾਕ ਸਕੱਤਰ ਛਿੰਦਰ ਮਹਾਲਮ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਆਗੂ ਕਰਨੈਲ ਬੱਗੇ ਕੇ, ਗੁਲਜ਼ਾਰ ਸਿੰਘ ਜਰਨੈਲ ਸਿੰਘ, ਢਾਣੀ ਮਾਂਘ ਸਿੰਘ, ਮੰਗਤ ਸਿੰਘ ਸਬਾਜ ਕੇ, ਨੌਜਵਾਨ ਆਗੂ ਗੋਰਾ ਮਹਾਜਨ ਤੇ ਅਮਰੀਕ ਸਿੰਘ ਬੂਰ ਵਾਲਾ ਹਾਜ਼ਰ ਸਨ।

# ਆਕਸਫੋਰਡ ਦੇ ਵਿਦਿਆਰਥੀਆਂ 'ਰੁੱਖ ਲਗਾਓ, ਧਰਤੀ ਬਚਾਓ' ਦਾ ਦਿੱਤਾ ਸੁਨੇਹਾ



**ਬਠਿੰਡਾ (ਰਾਜੀਵ ਗੋਇਲ)**
ਦਿ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਇੱਕ ਅਜਿਹੀ ਵਿੱਦਿਅਕ ਸੰਸਥਾ ਹੈ, ਜਿਸ ਵਿੱਚ ਹਰ ਵਿਸ਼ੇਸ਼ ਦਿਵਸ ਨੂੰ ਵਿਲੱਖਣ ਰੂਪ ਵਿੱਚ ਮਨਾਇਆ ਜਾਂਦਾ ਹੈ। ਇਸ ਸੰਸਥਾ ਵੱਲੋਂ ਵਿਸ਼ਵ ਭੂਮੀ-ਦਿਵਸ ਨੂੰ ਇੱਕ ਨਵੇਕਲੇ ਢੰਗ ਨਾਲ ਮਨਾਇਆ ਗਿਆ। ਇਸ ਸੰਸਥਾ ਦੇ ਸੀਨੀਅਰ ਵਿਦਿਆਰਥੀ ਵੱਲੋਂ ਬੀਤੇ ਦਿਨ ਵਿਸ਼ਵ ਭੂਮੀ ਦਿਵਸ ਨੂੰ ਸਮਰਪਤ ਦੋ-ਰੋਜ਼ਾ ਰੈਲੀ ਕੱਢੀ ਗਈ, ਜਿਸ ਨੂੰ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਸਕੂਲ ਦੇ ਅਧਿਆਪਕਾਂ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੇ ਪਹਿਲੇ ਦਿਨ ਸੇਤੇ 'ਤੇ ਬਰਗਾੜੀ ਦਾ ਦੌਰਾ ਕੀਤਾ ਅਤੇ ਉੱਥੇ ਦੇ ਲੋਕਾਂ ਨੂੰ ਵਿਸ਼ਵ ਭੂਮੀ ਦਿਵਸ 'ਤੇ ਜਾਣੂ ਕਰਵਾਉਂਦੇ ਹੋਏ ਭੂਮੀ ਦੀ ਮਹੱਤਤਾ ਤੇ ਉਸ ਦੀ ਸੰਭਾਲ ਕਰਨ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਵਿਦਿਆਰਥੀਆਂ ਨੇ ਦੂਜੇ ਦਿਨ ਪਿੰਡ ਵਾਂਦਰ ਤੇ ਸੁਖਾਨੰਦ ਦੇ ਦੌਰੇ ਦੌਰਾਨ ਵਸਨੀਕਾਂ ਨਾਲ ਭੂਮੀ ਸੰਬੰਧੀ ਆਪਣੇ ਵਿਚਾਰ ਸਾਂਝੇ ਕੀਤੇ, ਜਿੱਥੇ ਉਨ੍ਹਾਂ ਨੇ ਭੂ-ਖੋਰ ਹੋਣ ਕਾਰਨ ਵਾਤਾਵਰਨ ਤੇ ਪ੍ਰਾਣੀ ਜਗਤ ਨੂੰ ਹੋਣ ਵਾਲੇ ਨੁਕਸਾਨਾਂ ਬਾਰੇ ਦੱਸਿਆ, ਉੱਥੇ ਹੀ ਭੂ-ਖੋਰ ਰੋਕਣ ਲਈ ਆਪਣੇ ਸੁਝਾਅ ਪੇਸ਼ ਕੀਤੇ, ਜਿਸ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ 'ਤੇ ਫ਼ਸਲੀ ਚੱਕਰ ਅਪਣਾਉਣ 'ਤੇ ਜ਼ੋਰ ਦਿੱਤਾ ਗਿਆ।

ਵਿਦਿਆਰਥੀਆਂ ਨੇ ਆਪਣੇ ਅਨੁਭਵ ਸਾਂਝੇ ਕਰਦੇ ਹੋਏ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਵਿਦਿਆਰਥੀਆਂ ਦੇ ਇਸ ਸ਼ਲਾਘਾਯੋਗ ਉਪਰਾਲੇ ਨੂੰ ਭਰਵਾਂ ਹੁੰਗਾਰਾ ਮਿਲਿਆ। ਇਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਤੇ ਉਨ੍ਹਾਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਕਿਹਾ ਕਿ ਇਸ ਸੰਸਥਾ ਵੱਲੋਂ ਸਮੇਂ-ਸਮੇਂ 'ਤੇ ਚੇਤਨਾ ਰੈਲੀ ਕੱਢੀ ਜਾਂਦੀ ਹੈ ਤਾਂ ਕਿ ਵਧੇਰੇ ਲੋਕਾਂ ਵਿੱਚ ਇਹ ਜਾਗਰੂਕ ਲਹਿਰ ਪੈਦਾ ਕੀਤੀ ਜਾਵੇ। ਇਸ ਮੌਕੇ ਪ੍ਰਬੰਧਕ ਕਮੇਟੀ ਮੈਂਬਰ ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਪ੍ਰੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ ਸ਼ੈਰੀ ਢਿੱਲੋਂ (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵਿਦਿਆਰਥੀਆਂ ਦੇ ਇਸ ਯਤਨ ਦੀ ਭਰਪੂਰ ਸ਼ਲਾਘਾ ਕੀਤੀ।

# ਪੁਲਸ ਨੇ ਢਾਈ ਸਾਲ ਪੁਰਾਣੇ ਅੰਨ੍ਹੇ ਕਤਲ ਦਾ ਮਾਮਲਾ ਸੁਲਝਾਇਆ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਜਾ)**
ਸ੍ਰੀ ਮੁਕਤਸਰ ਸਾਹਿਬ ਪੁਲਸ ਨੇ ਪ੍ਰਸਿੱਧ ਆਯੁਰਵੈਦਿਕ ਹਕੀਮ ਦਲੀਪ ਸਿੰਘ ਦੇ ਢਾਈ ਸਾਲ ਪੁਰਾਣੇ ਅਣਸੁਲਝੇ ਕਤਲ ਦੇ ਮਾਮਲੇ ਦੀ ਗੁੱਥੀ ਸੁਲਝਾ ਕੇ ਵੱਡੀ ਸਫਲਤਾ ਹਾਸਲ ਕੀਤੀ ਹੈ।17 ਸਤੰਬਰ 2022 ਨੂੰ 90 ਸਾਲਾ ਹਕੀਮ ਦਲੀਪ ਸਿੰਘ ਦੀ ਲਾਸ਼ ਉਨ੍ਹਾਂ ਦੀ ਰਿਹਾਇਸ਼ 'ਤੇ ਬਣੇ ਆਯੁਰਵੈਦਿਕ ਕਲੀਨਿਕ 'ਦਵਾਖਾਨਾ' ਪਿੰਡ ਸਰਾਵਾਂ ਬੋਦਲਾ ਵਿਖੇ ਮਿਲੀ।ਹਕੀਮ, ਜੋ ਗਰੀਬਾਂ ਲਈ ਮੁਫ਼ਤ ਇਲਾਜ ਕਰਕੇ ਜਾਣੇ ਜਾਂਦੇ ਸਨ, ਦੀ ਲਾਸ਼ ਸਾਫ਼ੇ ਨਾਲ ਹੱਥਾਂ ਤੇ ਪੈਰਾਂ 'ਚ ਕੱਪੜਿਆਂ ਨਾਲ ਬੰਨ੍ਹੀ ਮਿਲੀ ਸੀ।ਮੌਕੇ 'ਤੇ ਸੀਸੀਟੀਵੀ ਕੈਮਰੇ ਦੀ ਡੀ ਵੀ ਆਰ ਤੋੜੀ ਹੋਈ ਮਿਲੀ ਅਤੇ ਘਰ ਪੂਰੀ ਤਰ੍ਹਾਂ ਖੰਗਾਲਿਆ ਹੋਇਆ ਸੀ।ਥਾਣਾ ਕਾਬਰਵਾਲਾ ਵਿਖੇ ਮੁਕੱਦਮਾ ਅਧੀਨ ਧਾਰਾ 460 ਆਈ.ਪੀ.ਸੀ. ਤਹਿਤ ਅਣਪਛਾਤੇ ਵਿਅਕਤੀਆਂ ਵਿਰੁੱਧ ਦਰਜ ਕੀਤਾ ਗਿਆ।ਜਾਂਚ ਦੌਰਾਨ ਪੋਸਟਮਾਰਟਮ ਰਿਪੋਰਟ ਵਿੱਚ ਮੌਤ ਦਾ ਕਾਰਨ ਗਲਾ ਘੁੱਟ ਕੇ ਦੱਸਿਆ ਗਿਆ।ਹਾਲਾਂਕਿ, ਸੀਸੀਟੀਵੀ ਤੇ ਟਾਵਰ ਡੰਪ ਆਦਿ ਤਕਨੀਕੀ ਵਿਧੀਆਂ ਰਾਹੀਂ ਕੀਤੀ ਗਈ ਜਾਂਚ ਦੇ ਬਾਵਜੂਦ ਕੋਈ ਢਿੱਲ ਨਹੀਂ ਮਿਲੀ ਅਤੇ ਕੇਸ ਕਾਫੀ ਸਮੇਂ ਲਈ ਰੁਕ ਗਿਆ।ਫਰਵਰੀ 2025 ਵਿੱਚ ਐੱਸ ਐੱਸ ਪੀ ਸ੍ਰੀ ਮੁਕਤਸਰ ਸਾਹਿਬ ਡਾ. ਅਖਿਲ ਚੌਧਰੀ, ਆਈ.ਪੀ.ਐੱਸ. ਵੱਲੋਂ ਐੱਸ ਪੀ (ਡੀ ਪਿਆਰੀ) ਦੀ ਅਗਵਾਈ ਹੇਠ ਨਵੀਆਂ ਜਾਂਚ ਟੀਮਾਂ ਗਠਿਤ ਕੀਤੀਆਂ ਗਈਆਂ।ਟੀਮਾਂ ਨੂੰ ਪੁਰਾਣੇ ਸਬੂਤਾਂ ਦੀ ਵਿਸਥਾਰ ਨਾਲ ਸਮੀਖਿਆ ਕਰਨ, ਸ਼ੱਕੀ ਵਿਅਕਤੀਆਂ ਦੀ ਮੁੜ ਪੁੱਛਗਿੱਛ ਤੇ ਤਕਨੀਕੀ ਡਾਟੇ ਦੀ ਗਹਿਰੀ ਜਾਂਚ ਕਰਨ ਲਈ ਨਿਰਦੇਸ਼ ਦਿੱਤੇ ਗਏ।ਸਥਾਨਕ ਖੁਫੀਆ ਜਾਣਕਾਰੀ ਤੇ ਧੀਰਜ ਪੂਰਵਕ ਪੁੱਛਗਿੱਛ ਰਾਹੀਂ 5 ਸ਼ੱਕੀ ਵਿਅਕਤੀਆਂ ਦੀ ਪਛਾਣ ਹੋਈ, ਜਿਨ੍ਹਾਂ ਵਿੱਚੋਂ 2 ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਨੇ ਕਤਲ ਦੀ ਗੱਲ ਨੂੰ ਮੰਨ ਲਿਆ ਅਤੇ ਪੂਰੀ ਸਾਜ਼ਿਸ਼ ਬਿਆਨ ਕਰ ਦਿੱਤੀ, ਜਿਸ ਵਿੱਚ ਮੁਲਜ਼ਮਾਂ ਦੀ ਪਹਿਚਾਣ ਅਰਵਿੰਦਰ ਸਿੰਘ ਉਰਫ ਜਿੰਮੀ ਪੁੱਤਰ ਬੰਤ ਸਿੰਘ ਨਿਵਾਸੀ ਸਰਾਵਾਂ ਬੋਦਲਾ, ਅਮ੍ਰਿਤਪਾਲ ਸਿੰਘ ਉਰਫ ਅੰਬੀ ਪੁੱਤਰ ਜਰਨੈਲ ਸਿੰਘ ਨਿਵਾਸੀ ਸਰਾਵਾਂ ਬੋਦਲਾ, ਗੁਰਮੀਤ ਸਿੰਘ ਉਰਫ ਸ਼ੰਮੀ ਪੁੱਤਰ ਸੋਨਾ ਸਿੰਘ ਨਿਵਾਸੀ ਪਿੰਡ ਕੱਟਿਆਂ ਵਾਲੀ ਵਜੋਂ ਹੋਈ।ਇਨ੍ਹਾਂ ਨੇ ਖੁਲਾਸਾ ਕੀਤਾ ਕਿ ਉਹ ਜਾਣਦੇ ਸਨ ਕਿ ਦਲੀਪ ਸਿੰਘ ਇਕੱਲੇ ਰਹਿੰਦਾ ਹੈ ਤੇ ਉਸ ਕੋਲ ਵੱਡੀ ਰਕਮ ਹੋ ਸਕਦੀ ਹੈ।ਇਸ ਲਾਲਚ ਵਿੱਚ ਉਨ੍ਹਾਂ ਨੇ ਕਤਲ ਦੀ ਯੋਜਨਾ ਬਣਾਈ ਤਾਂ ਜੋ ਪੈਸਾ ਲੁੱਟ ਕੇ ਸ਼ਾਨਦਾਰ ਜ਼ਿੰਦਗੀ ਜੀ ਸਕਣ।ਸੰਵੇਦਨਸ਼ੀਲ ਅੰਨ੍ਹਾਂ ਕਤਲ ਮਾਮਲੇ ਦੀ ਸਫਲ ਪੜਤਾਲ ਸ੍ਰੀ ਮੁਕਤਸਰ ਸਾਹਿਬ ਪੁਲਸ ਦੀ ਲਗਾਤਾਰ, ਨਿਸ਼ਠਾਵਾਨ ਤੇ ਵਿਸ਼ੇਸ਼ ਜਾਂਚ ਦੀ ਗਵਾਹੀ ਹੈ, ਜਿਸ ਨੇ ਸਮਾਂ ਲੰਘਣ ਦੇ ਬਾਵਜੂਦ ਇਨਸਾਫ਼ ਪ੍ਰਤੀ ਆਪਣੀ ਵਚਨਬੱਧਤਾ ਸਾਬਿਤ ਕੀਤੀ ਹੈ।


ਪ੍ਰੈੱਸ ਨੂੰ ਜਾਣਕਾਰੀ ਦਿੰਦੇ ਪੁਲਸ ਅਧਿਕਾਰੀ।

## ਕਾਤਰਾਂ

### ਰਾਤ ਸਮੇਂ ਕੰਬਾਇਨਾਂ ਨਾਲ ਕਣਕ ਕੱਟਣ 'ਤੇ ਰੋਕ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹਦੂਦ ਅੰਦਰ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮ ਅਨੁਸਾਰ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਸ਼ਾਮ 7:00 ਤੋਂ ਸਵੇਰੇ 6:00 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ 'ਤੇ ਪਾਬੰਦੀ ਲਗਾਈ ਜਾਂਦੀ ਹੈ।ਹੁਕਮ ਅਨੁਸਾਰ ਜੇਕਰ ਕੋਈ ਕੰਬਾਇਨ ਇਸ ਸਮੇਂ ਦੌਰਾਨ ਕਣਕ ਦੀ ਫ਼ਸਲ ਕੱਟਦੀ ਫੜੀ ਗਈ ਤਾਂ ਉਸ ਨੂੰ ਤਰੁੰਤ ਜ਼ਬਤ ਕੀਤਾ ਜਾਵੇਗਾ।ਹੁਕਮ ਅਨੁਸਾਰ ਜ਼ਿਲ੍ਹੇ ਦੀ ਹਦੂਦ ਅੰਦਰ ਕਣਕ ਦੀ ਨਾੜ/ਪਰਾਲੀ/ਰਹਿੰਦ ਖੂੰਹਦ ਆਦਿ ਨੂੰ ਅੱਗ ਲਗਾਉਣ 'ਤੇ ਮੁਕੰਮਲ ਤੌਰ 'ਤੇ ਰੋਕ ਲਗਾਈ ਜਾਂਦੀ ਹੈ।ਹੁਕਮ 10 ਜੂਨ 2025 ਤੱਕ ਲਾਗੂ ਰਹਿਣਗੇ।

### ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਪੋਸ਼ਣ ਪਖਵਾੜਾ ਤਹਿਤ ਸਮਾਗਮ

**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਐੱਨ ਐੱਸ ਐੱਸ ਯੂਨਿਟ ਵੱਲੋਂ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ 8 ਅਪ੍ਰੈਲ ਤੋਂ 22 ਅਪ੍ਰੈਲ 2025 ਤੱਕ ਚਲਾਈ ਗਈ ਪੋਸ਼ਣ ਪਖਵਾੜਾ ਜਾਗਰੂਕਤਾ ਮੁਹਿੰਮ ਤਹਿਤ ਇੱਕ ਸਿਹਤ ਜਾਗਰੂਕਤਾ ਗਤੀਵਿਧੀ ਦਾ ਆਯੋਜਨ ਕੀਤਾ ਗਿਆ।ਇਹ ਜਾਣਕਾਰੀ ਦਿੰਦਿਆਂ ਡੀਨ ਪਾਸਾਰ ਗਤੀਵਿਧੀਆਂ ਡਾ. ਲਵਲੀਨ ਬੈਂਸ ਨੇ ਦੱਸਿਆ ਇਸ ਜਾਗਰੂਕਤਾ ਗਤੀਵਿਧੀ ਦੌਰਾਨ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਉਚੇਚੇ ਤੌਰ 'ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਬੱਚਿਆਂ ਲਈ ਸੰਤੁਲਿਤ ਭੋਜਨ ਤੇ ਸਿਹਤਮੰਦ ਜੀਵਨ ਜਾਚ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਵਲੰਟੀਅਰਾਂ ਨੂੰ ਸਮਾਜ ਵਿੱਚ ਬੱਚਿਆਂ ਦੀ ਖ਼ੁਰਾਕ ਤੇ ਕੁਪੋਸ਼ਣ ਨੂੰ ਲੈ ਕੇ ਜਾਗਰੂਕਤਾ ਪੈਦਾ ਕਰਨ ਲਈ ਪ੍ਰੇਰਿਆ।ਇਸ ਮੌਕੇ ਐੱਨ ਐੱਸ ਐੱਸ ਪ੍ਰੋਗਰਾਮ ਅਫ਼ਸਰ ਪ੍ਰੋ. ਅਮਨਦੀਪ ਕੌਰ ਚੀਮਾ ਤੇ ਡਾ. ਗੁਰਪ੍ਰੀਤ ਸਿੰਘ ਹਾਜ਼ਰ ਸਨ।ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਐੱਨ ਐੱਸ ਐੱਸ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

### 120 ਪਾਬੰਦੀਸ਼ੁਦਾ ਗੋਲੀਆਂ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮਖੂ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 120 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਸਬੰਧੀ ਮੱਲਾਂਵਾਲਾ ਰੋਡ 'ਤੇ ਤਲਵੰਡੀ ਨਿਪਾਲਾ ਨੇੜੇ ਮਖੂ ਪੁੱਜੀ ਤਾਂ ਸਾਹਮਣੇ ਤੋਂ ਇਕ ਮੋਨਾ ਨੌਜਵਾਨ ਇਕਬਾਲ ਸਿੰਘ ਪੁੱਤਰ ਡਿਪਟੀ ਸਿੰਘ ਵਾਸੀ ਮਿਸਨ ਬਸਤੀ ਮਖੂ ਪੁਲਸ ਪਾਰਟੀ ਦੀ ਗੱਡੀ ਦੇਖ ਕੇ ਆਪਣੇ ਸੱਜੇ ਪਾਸੇ ਹੱਥ ਵਿੱਚ ਫੜਿਆ ਮੋਮੀ ਲਿਫਾਫਾ ਸਾਈਡ 'ਤੇ ਸੁੱਟ ਦਿੱਤਾ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਸੁੱਟੇ ਗਏ ਮੋਮੀ ਲਿਫਾਫਾ ਵਿੱਚੋਂ 120 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਅੱਗ ਲੱਗਣ ਨਾਲ ਸਾਢੇ ਤਿੰਨ ਏਕੜ ਕਣਕ ਸੜ ਕੇ ਸਵਾਹ



**ਭੀਖੀ (ਧਰਮਵੀਰ ਸ਼ਰਮਾ)**-ਨੇੜਲੇ ਪਿੰਡ ਕੋਟੜਾ ਕਲਾਂ ਦੇ ਭੁਪਾਲ ਸੰਪਰਕ ਸੜਕ ਨੇੜੇ ਅਚਾਨਕ ਅੱਗ ਲੱਗਣ ਨਾਲ ਸਾਢੇ ਤਿੰਨ ਏਕੜ ਖੜ੍ਹੀ ਕਣਕ ਸੜ ਕੇ ਸਵਾਹ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਲੱਗੀ ਇਸ ਅੱਗ ਕਾਰਨ ਚਾਰ ਕਿਸਾਨ ਪ੍ਰਭਾਵਿਤ ਹੋਏ ਹਨ, ਜਿਨ੍ਹਾਂ ਵਿੱਚ ਜੁਗਰਾਜ ਸਿੰਘ ਦੀ ਡੇਢ ਏਕੜ, ਦਲਵੀਰ ਸਿੰਘ ਦੀ ਇੱਕ ਏਕੜ, ਸੁਖਦੇਵ ਸਿੰਘ ਦੀ ਚਾਰ ਕਨਾਲ ਤੇ ਗੁਰਪ੍ਰੀਤ ਸਿੰਘ ਦੀ ਤਿੰਨ ਕਨਾਲ ਰਕਬੇ ਵਿੱਚ ਖੜ੍ਹੀ ਕਣਕ ਸੜ ਕੇ ਸਵਾਹ ਹੋ ਗਈ। ਅੱਗ ਦੀ ਸੂਚਨਾ ਮਿਲਦੇ ਹੀ ਨਗਰ ਪੰਚਾਇਤ ਭੀਖੀ ਦੀਆਂ ਅੱਗ ਬੁਝਾਊ ਗੱਡੀਆਂ ਤੋਂ ਇਲਾਵਾ ਪਿੰਡ ਵਾਸੀਆਂ ਨੇ ਪਾਣੀ ਦੀਆਂ ਟੈਂਕੀਆਂ ਰਾਹੀ ਛਿੜਕਾਅ ਕਰਦਿਆਂ ਤੇ ਟਰੈਕਟਰਾਂ ਰਾਹੀਂ ਵਹਾਈ ਕਰਕੇ ਕੁਝ ਸਮੇਂ ਵਿੱਚ ਹੀ ਅੱਗ 'ਤੇ ਕਾਬੂ ਪਾ ਲਿਆ, ਜਿਸ ਕਾਰਨ ਵੱਡਾ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਬਲਾਕ ਭੀਖੀ ਦੇ ਸਕੱਤਰ ਰਾਵਲ ਸਿੰਘ ਕੋਟੜਾ ਨੇ ਪੀੜਤ ਕਿਸਾਨਾਂ ਲਈ ਮੁਆਵਜ਼ੇ ਦੀ ਮੰਗ ਕਰਦਿਆਂ ਕਿਹਾ ਕਿ ਪੀੜਤ ਨਿਮਨ ਕਿਸਾਨ ਨਾਲ ਸਬੰਧਤ ਹਨ। ਅੱਗ ਲੱਗਣ ਕਾਰਨ, ਜੋ ਉਨ੍ਹਾਂ ਦਾ ਨੁਕਸਾਨ ਹੋਇਆ ਹੈ, ਦੀ ਭਰਪਾਈ ਲਈ ਤੁਰੰਤ ਵਿੱਤੀ ਮਦਦ ਦਿੱਤੀ ਜਾਵੇ।

# ਵਿਧਾਇਕ ਰਹਿਮਾਨ ਨੇ 5 ਸਕੂਲਾਂ 'ਚ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਤ ਕੀਤੇ



**ਮਾਲੇਰਕੋਟਲਾ (ਅਸਗਰ ਪਰਿਹਾਰ)**
ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕੇ ਦੇ 5 ਸਕੂਲਾਂ 'ਚ 46 ਲੱਖ 30 ਹਜ਼ਾਰ 815 ਰੁਪਏ ਦੀ ਲਾਗਤ ਨਾਲ ਵਿਕਸਤ ਕੀਤੇ ਗਏ ਕਮਰਿਆਂ ਦੇ ਨਵੀਨੀਕਰਨ, ਚਾਰਦੀਵਾਰੀ ਦੀ ਉਸਾਰੀ ਦੇ ਕਾਰਜ ਵਿਦਿਆਰਥੀਆਂ ਨੂੰ ਸਮਰਪਤ ਕੀਤੇ। ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਪਿੰਡ ਮਾਣਕੀ, ਦਸੌਂਦਾ ਸਿੰਘ ਵਾਲਾ ਤੇ ਬਾਪਲਾ ਵਿਖੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਨੂੰ ਦੇਸ਼ ਦੇ ਬਿਹਤਰੀਨ ਸਕੂਲ ਬਣਾ ਦਿੱਤਾ ਹੈ। ਪੰਜਾਬ ਦੇ ਸਰਕਾਰੀ ਸਕੂਲ ਦੇਸ਼ ਦੇ ਅੱਛੇ ਪ੍ਰਾਈਵੇਟ ਸਕੂਲਾਂ ਦਾ ਮੁਕਾਬਲਾ ਹਰ ਪੱਖੋਂ ਕਰ ਰਹੇ ਹਨ, ਚਾਹੇ ਉਹ ਬੁਨਿਆਂਦੀ ਢਾਂਚਾ ਹੋਵੇ ਜਾਂ ਵਿੱਦਿਅਕ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਇਨ੍ਹਾਂ ਸਰਕਾਰੀ ਸਕੂਲਾਂ ਵਿੱਚ ਵਿਸ਼ਵ ਪੱਧਰੀ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ ਤਾਂ ਜੋ ਉਹ ਮੁਕਾਬਲੇ ਦੀ ਦੁਨੀਆ ਦੇ ਸ਼ਕਸਮ ਹੋ ਸਕਣ। ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਦਾ ਬੀੜਾ ਉਠਾਇਆ, ਜਿਸ ਲਈ ਦਿੱਲੀ 'ਚ ਸਿੱਖਿਆ ਦੀ ਕ੍ਰਾਂਤੀ ਲਿਆਉਣ ਵਾਲੇ ਮੁਨੀਸ਼ ਸਿਸੋਦੀਆ ਦੀ ਵੀ ਸਲਾਹ ਲਈ ਤੇ ਨਤੀਜਾ ਸਭ ਦੇ ਸਾਹਮਣੇ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਅਧਿਆਪਕਾਂ ਦੀ ਭਰਤੀ, ਕੱਚੇ ਅਧਿਆਪਕਾਂ ਨੂੰ ਪੱਕੇ ਕਰਨ ਸਮੇਤ ਸਕੂਲਾਂ 'ਚ ਸੁਰੱਖਿਆ ਤੇ ਪ੍ਰਬੰਧਕ ਲਾਏ, ਜਿਸ ਕਰਕੇ ਸਕੂਲਾਂ 'ਚ ਸਿੱਖਿਆ ਤੇ ਸੁਰੱਖਿਆ ਦਾ ਮਾਹੌਲ ਬਣਿਆ। ਇਸ ਮੌਕੇ ਵਿਧਾਇਕ ਮਾਲੇਰਕੋਟਲਾ ਨੇ ਪਿੰਡ ਦਸੌਂਦਾ ਸਿੰਘ ਵਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਚੌਹਤਰਫੇ ਵਿਕਾਸ ਲਈ 5 ਲੱਖ ਰੁਪਏ ਦੀ ਗਰਾਂਟ ਤੇ ਪਿੰਡ ਮਾਨਕੀ ਦੇ ਵਿਕਾਸ ਲਈ ਦੋ ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਸੰਦੌੜ ਕਰਮਜੀਤ ਸਿੰਘ ਕੁਠਾਲਾ, ਟਰੱਕ ਯੂਨੀਅਨ ਸੰਦੌੜ ਦੇ ਪ੍ਰਧਾਨ ਸੰਤੋਖ ਸਿੰਘ, ਸਰਪੰਚ ਬੀਬਾ ਪਰਮਜੀਤ ਕੌਰ, ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ ਜਗਤਾਰ ਸਿੰਘ ਜੱਸਲ ਸੰਦੌੜ, ਸੂਬਾ ਜਨਰਲ ਸਕੱਤਰ ਜਗਤਾਰ ਸਿੰਘ ਜੱਸਲ ਸੰਦੌੜ, ਸੀਨੀਅਰ ਆਪ ਆਗੂ ਸੁੱਖਾ ਮਿੱਠੇਵਾਲ, ਸਰਪੰਚ ਕੁਲਦੀਪ ਸਿੰਘ ਮਿੱਠੇਵਾਲ, ਸਰਪੰਚ ਬੀਬਾ ਰਜਿੰਦਰ ਕੌਰ ਮਾਣਕੀ, ਪ੍ਰਿੰਸੀਪਲ ਪੰਕਜ ਧੀਮਾਨ ਮਾਣਕੀ ਸਮੇਤ ਵੱਡੀ ਗਿਣਤੀ 'ਚ ਪੰਚ ਸਰਪੰਚ ਤੇ ਪੰਚਾਇਤਾਂ ਮੌਜੂਦ ਸਨ।

# ਲੋਕ ਸੇਵਾ ਸੁਸਾਇਟੀ ਨੇ ਸਰਕਾਰੀ ਸਨਮਤੀ ਕਾਲਜ ਨੂੰ ਪੰਜਵਾਂ ਏ ਸੀ ਦਿੱਤਾ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੀ ਸਭ ਤੋਂ ਵੱਡੀ ਸਮਾਜ ਸੇਵੀ ਸੰਸਥਾ ਲੋਕ ਸੇਵਾ ਸੋਸਾਇਟੀ ਜਗਰਾਉਂ ਵੱਲੋਂ ਸਰਕਾਰੀ ਸਨਮਤੀ ਸਾਇੰਸ ਤੇ ਖੋਜ ਕਾਰਜ ਜਗਰਾਉਂ ਨੂੰ ਪੰਜਵਾਂ ਏ ਸੀ ਦਿੱਤਾ ਗਿਆ। ਇਸ ਮੌਕੇ ਸੋਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਰਜਿੰਦਰ ਜੈਨ ਕਾਕਾ, ਸੈਕਟਰੀ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਨੇ ਦੱਸਿਆ ਕਿ ਸੋਸਾਇਟੀ ਵੱਲੋਂ ਇਹ ਪੰਜਵਾਂ ਏ ਸੀ ਜਗਰਾਉਂ ਦੇ ਸਾਇੰਸ ਕਾਲਜ ਨੂੰ ਉਨ੍ਹਾਂ ਦੀ ਲੋੜ ਮੁਤਾਬਕ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਜਿੱਥੇ ਜ਼ਰੂਰਤਮੰਦ ਲੋਕਾਂ ਦੀ ਮਦਦ ਲਈ ਸਮੇਂ ਸਮੇਂ ਸਮਾਜ ਸੇਵਾ ਦੇ ਪ੍ਰੋਜੈਕਟ ਲਾਏ ਜਾਂਦੇ ਹਨ, ਉੱਥੇ ਹੀ ਜਗਰਾਉਂ ਦੀਆਂ ਵਿੱਦਿਅਕ ਸੰਸਥਾਵਾਂ ਨੂੰ ਲੋੜੀਂਦਾ ਸਾਮਾਨ ਮੁਹੱਈਆ ਕਰਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸੁਸਾਇਟੀ ਵੱਲੋਂ ਜਗਰਾਉਂ ਦੇ ਸਾਇੰਸ ਕਾਲਜ ਨੂੰ ਚਾਰ ਏ ਸੀ ਸਮੇਂ ਸਮੇਂ 'ਤੇ ਦਿੱਤੇ ਜਾ ਚੁੱਕੇ ਹਨ ਅਤੇ ਅੱਜ ਪੰਜਵਾਂ ਏ ਸੀ ਕਾਲਜ ਪ੍ਰਬੰਧਕਾਂ ਦੀ ਮੰਗ ਅਨੁਸਾਰ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਾਲਜ ਪ੍ਰਬੰਧਕਾਂ ਨੂੰ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿੱਚ ਵੀ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ ਲਈ ਤਤਪਰ ਰਹਿਣਗੇ।ਇਸ ਮੌਕੇ ਸਾਇੰਸ ਕਾਲਜ ਜਗਰਾਉਂ ਦੇ ਡਾਇਰੈਕਟਰ ਡਾਕਟਰ ਰਾਜੀਵ ਸਹਿਗਲ ਵਾਇਸ ਡਾਇਰੈਕਟਰ ਨਿਧੀ ਮਹਾਜਨ, ਸਰਬਦੀਪ ਕੌਰ ਸਿੱਧੂ, ਸੁਮਿਤ ਸੋਨੀ ਤੇ ਸੁਰਿੰਦਰ ਪਾਲ ਕਾਲਾ ਸ਼ਰਮਾ ਨੇ ਸੁਸਾਇਟੀ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਜਦ ਵੀ ਸੁਸਾਇਟੀ ਕੋਲ ਕਾਲਜ ਲਈ ਕੋਈ ਵੀ ਮੰਗ ਰੱਖੀ ਜਾਂਦੀ ਹੈ ਤਾਂ ਸੁਸਾਇਟੀ ਦੇ ਅਹੁਦੇਦਾਰ ਫ਼ੌਰੀ ਤੌਰ 'ਤੇ ਉਸ ਮੰਗ ਨੂੰ ਪੂਰਾ ਕਰਦੇ ਹਨ। ਇਸ ਮੌਕੇ ਸੋਸਾਇਟੀ ਦੇ ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਸੀਨੀਅਰ ਵਾਈਸ ਪ੍ਰਧਾਨ ਮਦਨ ਨਾਲ ਅਰੋੜਾ, ਅਨਿਲ ਮਲਹੋਤਰਾ, ਕੈਪਟਨ ਨਰੇਸ਼ ਵਰਮਾ, ਵਿਨੋਦ ਬਾਂਸਲ, ਆਰ ਕੇ ਗੋਇਲ, ਪੀ ਆਰ ਓ ਸੁਖਦੇਵ ਗਰਗ ਆਦਿ ਹਾਜ਼ਰ ਸਨ।

# ਤੇਜਪਾਲ ਗੋਇਲ ਲਾਇਨਜ਼ ਕਲੱਬ ਸ਼ੇਰਪੁਰ ਦੇ ਪ੍ਰਧਾਨ ਬਣੇ



**ਸ਼ੇਰਪੁਰ (ਰਵੀ ਟਿੱਬਾ)**-ਵਿਸ਼ਵ ਪ੍ਰਸਿੱਧ ਸਮਾਜ ਸੇਵੀ ਸੰਸਥਾ ਇੰਟਰਨੈਸ਼ਨਲ ਲਾਇਨਜ਼ ਕਲੱਬ ਸ਼ੇਰਪੁਰ ਰਜਿ: 321 ਐੱਫ ਦੀ ਚੋਣ ਮੀਟਿੰਗ ਕਲੱਬ ਦੇ ਪ੍ਰਧਾਨ ਪਵਿੱਤਰ ਸਿੰਘ ਸਾਬਕਾ ਸਰਪੰਚ ਦੀਦਾਰਗੜ੍ਹ ਦੀ ਪ੍ਰਧਾਨਗੀ ਹੇਠ ਐੱਸ. ਆਰ. ਰਿਜ਼ੋਰਟ ਸ਼ੇਰਪੁਰ ਵਿਖੇ ਹੋਈ, ਜਿਸ 'ਚ ਕਲੱਬ ਵੱਲੋਂ ਸਾਲ 2024-25 ਦੌਰਾਨ ਲਗਾਏ ਗਏ ਪ੍ਰੋਜੈਕਟ ਸਬੰਧੀ ਚਰਚਾ ਕੀਤੀ ਗਈ ਤੇ ਅੱਖਾਂ ਦੇ ਲਗਾਏ ਕੈਂਪ ਦੀ ਸਫ਼ਲਤਾ ਲਈ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਗਿਆ।ਸਾਲ 2025-26 ਲਈ ਨਵੀਂ ਕਾਰਜਕਾਰਨੀ ਦੀ ਚੋਣ ਸਰਵਸੰਮਤੀ ਨਾਲ ਕੀਤੀ ਗਈ, ਜਿਸ 'ਚ ਤੇਜਪਾਲ ਗੋਇਲ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਚਹਿਲ, ਮੀਤ ਪ੍ਰਧਾਨ ਵਿਜੈ ਕੁਮਾਰ ਸਿੰਗਲਾ, ਯਸਪਾਲ ਗੋਇਲ (ਜੱਸੀ ਵੈਦ) ਤੇ ਮਨਦੀਪ ਸਿੰਘ ਸੁਲਤਾਨਪੁਰ, ਖਜ਼ਾਨਚੀ ਠੇਕੇਦਾਰ ਸੰਜੇ ਸਿੰਗਲਾ, ਸਹਾਇਕ ਖਜ਼ਾਨਚੀ ਗੁਰਮੀਤ ਪਾਲ ਸਿੰਗਲਾ, ਸੈਕਟਰੀ ਐਡ: ਹਰਪ੍ਰੀਤ ਸਿੰਘ ਖੀਪਲ, ਸਹਾਇਕ ਸੈਕਟਰੀ ਡਾ. ਸੁਰਿੰਦਰ ਗੋਇਲ, ਚੇਅਰਮੈਨ ਬਲਜਿੰਦਰ ਸਿੰਘ ਬਿੱਟੂ, ਪ੍ਰੋਜੈਕਟ ਚੇਅਰਮੈਨ ਰਕੇਸ਼ ਕੁਮਾਰ ਭੋਲਾ ਬੀ.ਕੇ.ਓ., ਪੀ.ਆਰ.ਓ. ਡਾ. ਜਗਜੀਵਨ ਸਿੰਘ, ਟੇਲ ਟਵਿੱਟਰ ਜਗਜੀਵਨ ਲਾਲ ਸਿੰਗਲਾ, ਟਾਇਮਰ ਡਾ. ਗੁਰਿੰਦਰ ਗੋਇਲ ਚੁਣੇ। ਇਸ ਤੋਂ ਇਲਾਵਾ ਕਲੱਬ ਦੇ ਮੈਂਬਰ ਦੀਪਕ ਕੁਮਾਰ, ਚਮਕੌਰ ਸਿੰਘ ਆਸ਼ਟ, ਪਵਿੱਤਰ ਸਿੰਘ, ਅਮਨਦੀਪ ਸਿੰਘ ਦਿਓਸੀ, ਡਾ. ਸੁਰਿੰਦਰ ਗਰਗ ਬਾਜਵਾ, ਗੁਰਲਾਲ ਸਿੰਘ ਲਾਲੀ ਸਲੇਮਪੁਰ, ਰਣਜੀਤ ਸਿੰਘ, ਜਗਜੀਤ ਸਿੰਘ ਮਾਡਰਨ ਗਰੁੱਪ ਧੂਰੀ, ਕਰਨ ਭੰਮ, ਦਰਸ਼ਨ ਸਿੰਘ ਭੁੱਲਰ, ਜਗਨਨਾਥ ਰਿਸ਼ੀ ਨੂੰ ਬੋਰਡ ਆਫ਼ ਡਾਇਰੈਕਟਰ ਨਿਯੁਕਤ ਕੀਤਾ ਗਿਆ।ਇਸ ਮੌਕੇ ਨਵੇਂ ਚੁਣੇ ਪ੍ਰਧਾਨ ਤੇਜਪਾਲ ਗੋਇਲ ਨੇ ਸਮੁੱਚੇ ਕਲੱਬ ਮੈਂਬਰਾਂ ਦਾ ਧੰਨਵਾਦ ਤੇ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ੁੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਸਮਾਜ ਤੇ ਸਮਾਜ ਸੇਵਾ ਦਾ ਕਾਰਜ ਨਿਰੰਤਰ ਜਾਰੀ ਰੱਖੇ ਜਾਣਗੇ।

# ਬਿਆਸ-ਹਜ਼ਰਤ ਨਿਜ਼ਾਮੂਦੀਨ ਤੇ ਬਿਆਸ ਸਹਾਰਨਪੁਰ ਵਿਚਕਾਰ ਵਿਸ਼ੇਸ਼ ਰੇਲ ਸੇਵਾਵਾਂ ਦਾ ਸੰਚਾਲਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਨੇ ਬਿਆਸ ਵਿਖੇ ਰਾਧਾ ਸਵਾਮੀ ਸਤਿਸੰਗ ਦੇ ਸ਼ਰਧਾਲੂਆਂ ਦੀ ਸਹੂਲਤ ਲਈ ਹੇਮੇਲ ਐਕਸਪ੍ਰੈੱਸ ਸਪੈਸ਼ਲ ਰੇਲਗੱਡੀ ਚਲਾਉਣ ਦਾ ਫੈਸਲਾ ਕੀਤਾ ਹੈ।ਹਜ਼ਰਤ ਨਿਜ਼ਾਮੂਦੀਨ-ਬਿਆਸ-ਹਜ਼ਰਤ ਨਿਜ਼ਾਮੂਦੀਨ ਮੇਲ ਐਕਸਪ੍ਰੈੱਸ ਸਪੈਸ਼ਲ ਟ੍ਰੇਨ ਵਿਸ਼ੇਸ਼ ਰੇਲਗੱਡੀ 04451 ਹਜ਼ਰਤ ਨਿਜ਼ਾਮੂਦੀਨ ਤੋਂ ਬਿਆਸ ਲਈ 01.05.2025 ਤੇ 15.05.2025 (02 ਟ੍ਰਿੱਪ) ਨੂੰ ਰਵਾਨਾ ਹੋਵੇਗੀ।ਇਹ ਵਿਸ਼ੇਸ਼ ਰੇਲਗੱਡੀ 04451 ਹਜ਼ਰਤ ਨਿਜ਼ਾਮੂਦੀਨ ਤੋਂ 19.40 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ 04.05 ਵਜੇ ਬਿਆਸ ਪਹੁੰਚੇਗੀ।ਵਾਪਸੀ ਦਿਸ਼ਾ ਵਿੱਚ, ਵਿਸ਼ੇਸ਼ ਰੇਲਗੱਡੀ 04452 ਬਿਆਸ ਤੋਂ ਹਜ਼ਰਤ ਨਿਜ਼ਾਮੂਦੀਨ ਲਈ 04.05.2025 ਤੇ 18.05.2025 ਨੂੰ ਰਵਾਨਾ ਹੋਵੇਗੀ (02 ਟ੍ਰਿੱਪ)।ਇਹ ਵਿਸ਼ੇਸ਼ ਰੇਲਗੱਡੀ 04452 ਬਿਆਸ ਤੋਂ 20.35 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ ਸਵੇਰੇ 04:00 ਵਜੇ ਹਜ਼ਰਤ ਨਿਜ਼ਾਮੂਦੀਨ ਪਹੁੰਚੇਗੀ।ਰਸਤੇ ਵਿੱਚ, ਇਹ ਵਿਸ਼ੇਸ਼ ਰੇਲਗੱਡੀ ਨਵੀਂ ਦਿੱਲੀ, ਸਬਜ਼ੀ ਮੰਡੀ, ਅੰਬਾਲਾ ਛਾਉਣੀ, ਲੁਧਿਆਣਾ ਤੇ ਜਲੰਧਰ ਸਿਟੀ ਰੇਲਵੇ ਸਟੇਸ਼ਨਾਂ 'ਤੇ ਦੋਵਾਂ ਦਿਸ਼ਾਵਾਂ ਵਿੱਚ ਰੁਕੇਗੀ।

ਸਹਾਰਨਪੁਰ-ਬਿਆਸ-ਸਹਾਰਨਪੁਰ ਮੇਲ ਐਕਸਪ੍ਰੈੱਸ ਸਪੈਸ਼ਲ ਟ੍ਰੇਨ 04565 02.05.2025, 09.05.2025 ਤੇ 16.05.2025 (03 ਟ੍ਰਿਪ) ਨੂੰ ਸਹਾਰਨਪੁਰ ਤੋਂ ਬਿਆਸ ਲਈ ਰਵਾਨਾ ਹੋਵੇਗੀ।ਇਹ ਵਿਸ਼ੇਸ਼ ਰੇਲਗੱਡੀ 04565 ਸਹਾਰਨਪੁਰ ਤੋਂ 20.50 ਵਜੇ ਚੱਲੇਗੀ ਤੇ ਅਗਲੇ ਦਿਨ ਸਵੇਰੇ 02.15 ਵਜੇ ਬਿਆਸ ਪਹੁੰਚੇਗੀ।ਵਾਪਸੀ ਦਿਸ਼ਾ ਵਿੱਚ, ਵਿਸ਼ੇਸ਼ ਰੇਲਗੱਡੀ 04566 ਬਿਆਸ ਤੋਂ ਸਹਾਰਨਪੁਰ ਲਈ 04.05.2025, 11.05.2025 ਤੇ 18.05.2025 (03 ਟ੍ਰਿਪ) ਨੂੰ ਰਵਾਨਾ ਹੋਵੇਗੀ।ਇਹ ਵਿਸ਼ੇਸ਼ ਰੇਲਗੱਡੀ 04566 ਬਿਆਸ ਤੋਂ 3 ਵਜੇ ਚੱਲੇਗੀ ਤੇ 20.20 ਵਜੇ ਸਹਾਰਨਪੁਰ ਪਹੁੰਚੇਗੀ।ਰਸਤੇ ਵਿੱਚ, ਇਹ ਵਿਸ਼ੇਸ਼ ਰੇਲਗੱਡੀ ਯਮੁਨਾਨਗਰ ਜਗਾਧਰੀ, ਜਗਾਧਰੀ ਵਰਕਸ਼ਾਪ, ਅੰਬਾਲਾ ਛਾਉਣੀ, ਲੁਧਿਆਣਾ ਤੇ ਜਲੰਧਰ ਸਿਟੀ ਰੇਲਵੇ ਸਟੇਸ਼ਨਾਂ 'ਤੇ ਦੋਵਾਂ ਦਿਸ਼ਾਵਾਂ ਵਿੱਚ ਰੁਕੇਗੀ।

# ਸਨਅਤੀ ਖੇਤਰ 'ਚ ਝੁੱਗੀਆਂ 'ਤੇ ਚੱਲਿਆ ਪੀਲਾ ਪੰਜਾ

## ਚੇਅਰਮੈਨ ਸਾਕਿਬ ਅਲੀ ਗਰੀਬਾਂ ਦੇ ਪੱਖ 'ਚ ਖੜੇ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਕਰੀਬ 2 ਦਹਾਕਿਆਂ ਤੋਂ ਵੀ ਵੱਧ ਸਮਾਂ ਪਹਿਲਾਂ ਬਾਹਰੀ ਸੂਬਿਆਂ ਤੋਂ ਆ ਕੇ ਇਥੇ ਸਥਾਨਕ ਇੰਡਸਟਰੀ ਏਰੀਆ 'ਚ ਝੁੱਗੀ-ਝੌਂਪੜੀਆਂ ਬਣਾ ਕੇ ਵਸੇ ਗਰੀਬ ਪਰਿਵਾਰਾਂ ਦੀਆਂ ਝੁੱਗੀਆਂ ਦਾ ਅੱਜ ਸਵੱਖਤੇ ਹੀ ਡਿਊਟੀ ਮੈਜਿਸਟ੍ਰੇਟ ਐੱਸ.ਡੀ.ਐੱਮ. ਹਰਬੰਸ ਲਾਲ ਦੀ ਅਗਵਾਈ ਹੇਠ ਭਾਰੀ ਪੁਲਸ ਫੋਰਸ ਦੇ ਨਾਲ ਕਥਿਤ ਉਜਾੜਾ ਕਰਨ ਲਈ ਪੁੱਜੇ ਪ੍ਰਸ਼ਾਸਨਕ ਅਮਲੇ ਨੂੰ ਉਸ ਸਮੇਂ ਹੱਥਾਂ ਪੈਰਾਂ ਦੀ ਪੈ ਗਈ, ਜਦੋਂ 77 ਦੇ ਕਰੀਬ ਝੁੱਗੀਆਂ ਵਾਲੇ ਪਰਿਵਾਰਾਂ ਵੱਲੋਂ ਵਿਰੋਧ ਕਰਨ ਦੇ ਬਾਵਜੂਦ ਪਾਵਰਕਾਮ ਅਧਿਕਾਰੀਆਂ ਸਮੇਤ ਪ੍ਰਸ਼ਾਸਨਕ ਅਮਲੇ ਵੱਲੋਂ ਜੇ.ਬੀ.ਸੀ. ਮਸ਼ੀਨਾਂ ਨਾਲ ਝੁੱਗੀਆਂ-ਝੌਂਪੜੀਆਂ 'ਤੇ ਚਲਾਉਣੇ ਸ਼ੁਰੂ ਕੀਤੇ ਗਏ ਪੀਲੇ ਪੰਜੇ ਦੌਰਾਨ ਅਚਾਨਕ ਹੀ ਜ਼ਿਲ੍ਹਾ ਯੋਜਨਾ ਬੋਰਡ ਮਾਲੇਰਕੋਟਲਾ ਦੇ ਚੇਅਰਮੈਨ ਸਾਕਿਬ ਅਲੀ ਰਾਜਾ ਖਾਨ ਆਪਣੀ ਹੀ ਸਰਕਾਰ ਦੇ ਪ੍ਰਸ਼ਾਸਨ ਦਾ ਵਿਰੋਧ ਕਰਦੇ ਹੋਏ ਝੁੱਗੀਆਂ ਢਾਹ ਰਹੀਆਂ ਜੇ.ਬੀ.ਸੀ. ਮਸ਼ੀਨਾਂ ਦੇ ਅੱਗੇ ਗਰੀਬ ਝੁੱਗੀਆਂ ਵਾਲਿਆਂ ਲਈ ਮਸੀਹਾ ਬਣ ਕੇ ਆ ਖੜ੍ਹੇ ਹੋਏ।

ਜੇ.ਬੀ.ਸੀ. ਚਾਲਕਾਂ ਨੂੰ ਸਖਤੀ ਨਾਲ ਰੋਕਦੇ ਹੋਏ ਚੇਅਰਮੈਨ ਰਾਜਾ ਖਾਨ ਨੇ ਪ੍ਰਸ਼ਾਸਨਕ ਅਮਲੇ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਇਨ੍ਹਾਂ ਗਰੀਬਾਂ ਦੇ ਆਸ਼ੀਆਨੇ ਢਾਹੁਣ ਤੋਂ ਪਹਿਲਾਂ ਜੇ.ਬੀ.ਸੀ. ਮੇਰੇ ਉੱਪਰ ਦੀ ਚਲਾਉਣੀ ਹੋਵੇਗੀ। ਆਪਣਾ ਢਹਿ-ਢੇਰੀ ਹੋ ਰਿਹਾ ਸਾਮਾਨ ਸਮੇਟਨ 'ਚ ਲੱਗੇ ਹੋਏ ਝੁੱਗੀਆਂ ਵਾਲੇ ਸੈਂਕੜੇ ਮਰਦ, ਔਰਤਾਂ, ਬਜ਼ੁਰਗ, ਬੱਚੇ ਸਾਰੇ ਹੀ ਚੇਅਰਮੈਨ ਰਾਜਾ ਖਾਨ ਨੂੰ ਪੁੱਜਿਆ ਦੇਖ ਤੁਰੰਤ ਆਪਣਾ ਕੰਮ ਛੱਡ ਕੇ ਪੀਲਾ ਪੰਜਾ ਚਲਾਉਣ ਦਾ ਵਿਰੋਧ ਕਰਦੇ ਹੋਏ ਚੇਅਰਮੈਨ ਰਾਜਾ ਦੇ ਪਿੱਛੇ ਚਟਾਨ ਬਣ ਕੇ ਆ ਖੜ੍ਹੇ ਹੋਏ ਅਤੇ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕਰਨ ਲੱਗੇ।



ਉਪਰੰਤ ਮੌਕੇ 'ਤੇ ਮੌਜੂਦ ਅਧਿਕਾਰੀਆਂ ਨੇ ਆਪਣੇ ਸੀਨੀਅਰ ਅਧਿਕਾਰੀਆਂ ਨੂੰ ਪੂਰੀ ਸਥਿਤੀ ਤੋਂ ਜਾਣੂ ਕਰਵਾਉਣ ਉਪਰੰਤ ਚੇਅਰਮੈਨ ਰਾਜਾ ਖਾਨ ਦੀ ਡਿਪਟੀ ਕਮਿਸ਼ਨਰ ਨਾਲ ਮੋਬਾਇਲ 'ਤੇ ਕਰਵਾਈ ਗਈ ਗੱਲਬਾਤ ਦੌਰਾਨ ਇਨ੍ਹਾਂ ਝੁੱਗੀਆਂ ਵਾਲਿਆਂ ਨੂੰ ਰਹਿਣ ਲਈ ਬਦਲਵੀਂ ਜਗ੍ਹਾ ਦਾ ਪ੍ਰਬੰਧ ਕਰਨ ਬਾਰੇ ਚਰਚਾ ਕਰਨ ਲਈ ਡੀ.ਸੀ. ਸਾਹਿਬ ਨੇ ਮੀਟਿੰਗ ਕਰਨ ਲਈ ਕਿਹਾ ਅਤੇ ਮੀਟਿੰਗ ਤੱਕ ਸਾਰਾ ਕੰਮ ਰੋਕ ਦਿੱਤਾ ਗਿਆ।

# ਮੀਡੀਆ ਕਲੱਬ ਵੱਲੋਂ ਮੇਅਰ ਕੁੰਦਨ ਗੋਗੀਆ ਨਾਲ ਰੂਬਰੂ ਸਮਾਗਮ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਮੀਡੀਆ ਕਲੱਬ ਵਿੱਚ ਅੱਜ ਕਲੱਬ ਦੇ ਨਵੇਂ ਬਣੇ ਪ੍ਰਧਾਨ ਪਰਮੀਤ ਸਿੰਘ ਦੀ ਅਗਵਾਈ ਹੇਠ ਮੇਅਰ ਕੁੰਦਨ ਗੋਗੀਆ, ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਤੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਨਾਲ ਰੂਬਰੂ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਮੇਅਰ ਨੇ ਕਿਹਾ ਕਿ ਉਨ੍ਹਾਂ ਦੇ ਤਿੰਨ ਮਹੀਨੇ ਦੇ ਕਾਰਜਕਾਲ ਦੌਰਾਨ ਸੱਤ ਸਾਲਾਂ ਬਾਅਦ ਪਹਿਲੀ ਵਾਰ ਹੋਇਆ ਹੈ ਕਿ ਜਨਵਰੀ ਤੋਂ ਮਾਰਚ ਦੌਰਾਨ ਨਿਗਮ ਨੂੰ ਆਮਦਨ ਹੋਣੀ ਸ਼ੁਰੂ ਹੋਈ ਹੈ। ਪ੍ਰਾਪਰਟੀ ਟੈਕਸ ਤੋਂ ਰਿਕਾਰਡ ਆਮਦਨ ਤੋਂ ਇਲਾਵਾ 6 ਸਾਲਾਂ ਮਗਰੋਂ ਏਸੀ ਮਾਰਕੀਟ ਦੇ ਸਾਈਕਲ ਸਟੈਂਡ ਦੇ ਠੇਕੇ ਤੋਂ ਰੋਜ਼ਾਨਾ 8 ਹਜ਼ਾਰ ਆਮਦਨ ਹੋ ਰਹੀ ਹੈ।ਟੋਰੈਂਟ ਕੰਪਨੀ ਤੋਂ ਵੀ 1.20 ਕਰੋੜ ਪ੍ਰਾਪਤ ਹੋ ਗਏ ਹਨ।ਮੇਅਰ ਨੇ ਦੱਸਿਆ ਕਿ ਐੱਲ ਐਂਡ ਟੀ ਦੇ 20 ਕਰੋੜ ਦੇ ਸੜਕਾਂ ਦੀ ਮੁਰੰਮਤ ਦੇ ਕੰਮ ਸ਼ੁਰੂ ਕਰਵਾਏ ਜਾ ਰਹੇ ਹਨ ਤੇ 30 ਕਰੋੜ ਦੇ ਹੋਰ ਵਿਕਾਸ ਕਾਰਜਾਂ 'ਤੇ ਖਰਚੇ ਜਾਣਗੇ।173 ਵਿੱਚੋਂ ਬੰਦ ਪਏ 50 ਫੀਸਦੀ ਕੈਮਰਿਆਂ ਨੂੰ ਚਾਲੂ ਕਰਵਾਇਆ ਜਾ ਰਿਹਾ ਹੈ ਤੇ 40 ਨਵੇਂ ਲਗਾਏ ਜਾ ਰਹੇ ਹਨ।ਜਲਦੀ ਹੀ ਈ ਚਲਾਨ ਦੀ ਸ਼ੁਰੂਆਤ ਵੀ ਹੋਵੇਗੀ।ਬਰਸਾਤਾਂ ਤੋਂ ਪਹਿਲਾਂ ਡੇਅਰੀਆਂ ਸ਼ਿਫਟ ਕਰਵਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ।ਸੁੰਦਰੀਕਰਨ ਕਰ ਕੇ ਰਾਜਿੰਦਰਾ ਝੀਲ ਦਾ ਸੈਲਾਨੀਆਂ ਲਈ ਖੋਲ੍ਹਣ ਦੀ ਯੋਜਨਾ ਵੀ ਹੈ।ਇਸ ਤੋਂ ਪਹਿਲਾਂ ਕਲੱਬ ਦੇ ਸਾਬਕਾ ਪ੍ਰਧਾਨ ਨਵਦੀਪ ਢੀਂਗਰਾ ਨੇ ਮੇਅਰ ਤੇ ਹੋਰਨਾਂ ਦਾ ਸਵਾਗਤ ਕੀਤਾ ਤੇ ਸਾਬਕਾ ਪ੍ਰਧਾਨ ਸਰਬਜੀਤ ਸਿੰਘ ਭੰਗੂ ਨੇ ਮੰਗ ਪੱਤਰ ਪੜ੍ਹਿਆ, ਜੋ ਬਾਅਦ 'ਚ ਸਾਬਕਾ ਪ੍ਰਧਾਨ ਗੁਰਪ੍ਰੀਤ ਸਿੰਘ ਚੱਠਾ ਤੇ ਪ੍ਰਧਾਨ ਪਰਮੀਤ ਸਿੰਘ ਨਾਲ ਰਲ ਕੇ ਮੇਅਰ ਕੁੰਦਨ ਗੋਗੀਆ ਨੂੰ ਸੌਂਪਿਆ। ਸਕੱਤਰ ਜਨਰਲ ਖੁਸ਼ਵੀਰ ਤੂਰ ਨੇ ਕਲੱਬ ਦੀਆਂ ਗਤੀਵਿਧੀਆਂ 'ਤੇ ਚਾਨਣਾ ਪਾਇਆ ਤੇ ਪ੍ਰਧਾਨ ਪਰਮੀਤ ਸਿੰਘ ਨੇ ਧੰਨਵਾਦ ਕੀਤਾ।ਮੰਚ ਸੰਚਾਲਨ ਰਾਣਾ ਰਣਧੀਰ ਨੇ ਕੀਤਾ।ਕਲੱਬ ਮੈਂਬਰਾਂ ਨੇ ਮਹਿਮਾਨਾਂ ਦਾ ਸਨਮਾਨ ਕੀਤਾ।ਸਮਾਗਮ ਵਿੱਚ ਮੋਹਿਤ ਖੰਨਾ, ਰਵੇਲ ਸਿੰਘ ਭਿੰਡਰ, ਗੁਰਵਿੰਦਰ ਔਲਖ, ਕੁਲਵੀਰ ਧਾਲੀਵਾਲ, ਜਗਤਾਰ ਸਿੰਘ, ਰਾਣਾ ਰੱਖੜਾ, ਸੁਰੇਸ਼ ਕਾਮਰਾ, ਜਤਿੰਦਰ ਗਰੋਵਰ, ਅਮਰਬੀਰ ਵਾਲੀਆ, ਅਨੂ ਅਲਬਰਟ, ਕਮਲ ਦੂਆ, ਸੁੰਦਰ ਸ਼ਰਮਾ, ਹਰਮੀਤ ਸੋਢੀ, ਮੋਹਣ ਲਾਲ, ਸੁਖਵਿੰਦਰ ਸੁੱਖੀ, ਪ੍ਰੇਮ ਵਰਮਾ, ਪਰਮਜੀਤ ਪਰਵਾਨਾ, ਕਮਰਇੰਦਰ ਸਿੰਘ ਤੇ ਰਾਮਸਰੂਪ ਪੰਜੋਲਾ ਆਦਿ ਮੌਜੂਦ ਸਨ।

# ਅਮਰੀਕਾ ਆਪਣੇ ਤੋਂ ਕਮਜ਼ੋਰ ਦੇਸ਼ਾਂ 'ਤੇ ਕਰ ਰਿਹੈ ਥਾਣੇਦਾਰੀ : ਡੱਲੇਵਾਲ

## ਅਮਰੀਕਾ ਦੇ ਦਬਾਅ ਹੇਠ ਮੋਦੀ ਸਰਕਾਰ ਨੇ ਕਿਸਾਨੀ ਉਜਾੜਨ ਦਾ ਕੋਈ ਸਮਝੌਤਾ ਕੀਤਾ ਤਾਂ ਦੇਸ਼ ਦੇ ਕਿਸਾਨ ਬਰਦਾਸ਼ਤ ਨਹੀਂ ਕਰਨਗੇ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**
ਅਸੀਂ ਰਾਜਿੰਦਰ ਸਿੰਘ ਬੇਦੀ ਪੁੱਤਰ ਹਰੀ ਰਾਮ ਬੇਦੀ ਵਾ ਸੁਨੀਤਾ ਕਪੂਰ ਪਤਨੀ ਰਾਜਿੰਦਰ ਸਿੰਘ ਬੇਦੀ ਵਾਸੀਆਨ ਮਕਾਨ ਨੰਬਰ 219/3, ਫਗਵਾੜਾ ਰੋਡ ਨੇੜੇ ਡੋਗਰਾ ਮਾਰਕੀਟ, ਫਰੈਂਡਸ ਇਨਕਲੇਵ, ਹੁਸ਼ਿਆਰਪੁਰ, ਪੰਜਾਬ ਸੂਚਿਤ ਕਰਦੇ ਹਾਂ ਕਿ ਸਾਡਾ ਪੁੱਤਰ ਦੀਕਸ਼ਿਤ ਬੇਦੀ ਵਾ ਉਸਦੀ ਪਤਨੀ ਪੂਜਾ ਅਰੋੜਾ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

18-APR-PAGE-7.qxd 4/17/2025 10:48 PM Page 1



## ਡਿਪਟੀ ਮੇਅਰ ਜੱਗਾ ਨੂੰ ਮਾਲਵਾ ਪੂਰਬੀ ਜ਼ੋਨ ਦਾ ਕੋਆਰਡੀਨੇਟਰ ਲਾਇਆ



**ਪਟਿਆਲਾ (ਰਾਜਿੰਦਰ ਥਿੰਦ)**-ਪਟਿਆਲਾ ਦੇ ਨਵ-ਨਿਯੁਕਤ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਨੂੰ ਆਮ ਆਦਮੀ ਪਾਰਟੀ ਵੱਲੋਂ ਇੱਕ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਹਨਾਂ ਨੂੰ ਯੁੱਧ ਨਸ਼ੇ ਵਿਰੁੱਧ ਮੋਰਚੇ ਤਹਿਤ ਮਾਲਵਾ ਪੂਰਬੀ ਜ਼ੋਨ ਦਾ ਕੋਆਰਡੀਨੇਟਰ ਲਗਾਇਆ ਗਿਆ ਹੈ।ਉਨ੍ਹਾਂ ਨੂੰ ਅਨੰਦਪੁਰ ਸਾਹਿਬ, ਮੋਹਾਲੀ, ਸੰਗਰੂਰ, ਮਲੇਰਕੋਟਲਾ ਤੇ ਪਟਿਆਲਾ ਆਦਿ ਜ਼ਿਲ੍ਹੇ ਦਿੱਤੇ ਗਏ ਹਨ। ਜੱਗਾ ਨੇ ਕਿਹਾ ਕਿ ਪਾਰਟੀ ਵੱਲੋਂ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ ਉਸ ਨੂੰ ਉਹ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ।ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਯੁੱਧ ਛੇੜੀ ਇਸ ਮੁਹਿੰਮ ਨੂੰ ਹਰ ਖੇਤਰ 'ਚ ਪਹੁੰਚਾ ਕੇ ਨਸ਼ਿਆਂ ਦੇ ਖਾਤਮੇ ਲਈ ਜ਼ਿਲ੍ਹਾ ਤੇ ਪੁਲਸ ਪ੍ਰਸ਼ਾਸਨ, ਹਲਕਾ ਵਿਧਾਇਕ, ਇੰਚਾਰਜਾਂ, ਪਾਰਟੀ ਆਗੂਆਂ, ਵਰਕਰਾਂ ਅਤੇ ਆਮ ਲੋਕਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਦੇ ਸਹਿਯੋਗ ਨਾਲ ਕੰਮ ਕਰਨਗੇ ਤਾਂ ਜੋ ਨਸ਼ੇ ਜੜੋਂ ਖਤਮ ਕੀਤਾ ਜਾ ਸਕੇ।ਉਹਨਾਂ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ,ਪਾਰਟੀ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ, ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਸੰਦੀਪ ਪਾਠਕ ਸਮੂਹ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।

## ਵਿਧਾਇਕ ਦੇਵ ਮਾਨ ਨੇ 3 ਸਕੂਲਾਂ 'ਚ ਕੀਤਾ ਵਿਕਾਸ ਕਾਰਜਾਂ ਦਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**-ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਤਿੰਨ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 57 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਸਿੱਖਿਆ ਹੀ ਇੱਕ ਅਜਿਹਾ ਸਾਧਨ ਹੈ, ਜੋ ਗਰੀਬੀ ਤੋੜ ਸਕਦੀ ਹੈ ਤੇ ਇਸ ਲਈ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕ੍ਰਾਂਤੀ ਲਿਆਂਦੀ ਗਈ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਇਕੱਲਾ ਨਾਭਾ ਹਲਕਾ ਹੀ ਅਜਿਹਾ ਹਲਕਾ ਹੈ, ਜਿੱਥੇ ਭਾਦਸੋਂ ਤੇ ਨਾਭਾ ਵਿਖੇ ਦੋ ਸਕੂਲ ਆਫ ਐਮੀਨੈਂਸ ਬਣੇ ਹਨ।ਇਸ ਦੌਰਾਨ ਸਰਕਾਰੀ ਹਾਈ ਸਕੂਲ ਪਿੰਡ ਰਾਮਗੜ੍ਹ ਚਾਰਦੀਵਾਰੀ 2 ਲੱਖ 40 ਹਜ਼ਾਰ, ਸਰਕਾਰੀ ਪ੍ਰਾਇਮਰੀ ਸਕੂਲ ਬੌੜਾਂ ਖੁਰਦ ਕੰਮ-ਨਵਾਂ ਕਲਾਸ ਰੂਮ 9 ਲੱਖ 55 ਹਜ਼ਾਰ ਤੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਨਵੀਂ ਬਸਤੀ ਨਾਭਾ ਵਿਖੇ ਤਕਰੀਬਨ 45 ਲੱਖ ਦੀ ਲਾਗਤ ਨਾਲ ਕਲਾਸ ਰੂਮ, ਬਾਥਰੂਮ ਫਰਨੀਚਰ, ਚਾਰਦੀਵਾਰੀ ਨਵੇਂ ਕਲਾਸ ਰੂਮ, ਸਕੂਲ ਉਸਾਰੀ ਲਈ 20 ਲੱਖ ਰੁਪਏ ਦੇ ਕੰਮਾਂ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਹਲਕਾ ਨਾਭਾ ਦੇ ਵੱਖ ਵੱਖ ਸਕੂਲਾਂ ਵਿੱਚ ਲਗਾਤਾਰ ਵਿਕਾਸ ਕੰਮ ਚੱਲ ਰਹੇ ਹਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਲਗਾਤਾਰ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਸਕੂਲਾਂ ਨੂੰ ਅੱਗੇ ਲਿਜਾਇਆ ਜਾ ਰਿਹਾ ਹੈ।ਇਸ ਮੌਕੇ ਪਿੰਡ ਦੀ ਪੰਚਾਇਤ ਅਤੇ ਸਕੂਲ ਸਟਾਫ ਵੱਲੋਂ ਵਿਧਾਇਕ ਦੇਵ ਮਾਨ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਰਾਮ ਕ੍ਰਿਸ਼ਨ ਕੋਆਰਡੀਨੇਟਰ, ਭੁਪਿੰਦਰ ਸਿੰਘ ਸਰਪੰਚ, ਵਰਿੰਦਰ ਸਿੰਘ, ਤੇਜਿੰਦਰ ਸਿੰਘ ਖਹਿਰਾ, ਕਪਿਲ ਮਾਨ, ਨਵਜੋਤ ਸਿੰਘ ਪ੍ਰਨੀਆ, ਕੁਲਦੀਪ ਸਿੰਘ ਸਰਪੰਚ ਰਾਮਗੜ੍ਹ, ਅਮਨਦੀਪ ਸਿੰਘ ਸਰਪੰਚ ਛੱਜੂਭੱਟ, ਮੇਜਰ ਸਿੰਘ ਤੁੰਗਾਂ ਬਲਾਕ ਪ੍ਰਧਾਨ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਪਿੰਡ ਵਾਸੀ ਮੌਜੂਦ ਸਨ।

## ਦੋ ਬੱਚਿਆਂ ਦੇ ਮੁਫ਼ਤ ਦਿਲ ਦੇ ਆਪ੍ਰੇਸ਼ਨ ਕਰਵਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਕਮਿਊਨਿਟੀ ਹੈਲਥ ਸੈਂਟਰ ਵੱਲੋਂ ਦੋ ਬੱਚਿਆਂ ਦਾ ਮੁਫ਼ਤ ਦਿਲ ਦਾ ਆਪ੍ਰੇਸ਼ਨ ਕਰਵਾਇਆ ਗਿਆ ਹੈ। ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਨੇ ਦੱਸਿਆ ਡਾ. ਰਘਪਾਲ ਸਿੰਘ ਤੇ ਡਾ. ਸਤਵਿੰਦਰ ਕੌਰ ਦੀ ਟੀਮ ਵੱਲੋਂ ਜਾਂਚ ਦੌਰਾਨ ਪਾਇਆ ਗਿਆ ਕਿ ਗੁਰਕੀਰਤ ਸਿੰਘ ਪੁੱਤਰ ਸਲਕੀਤ ਸਿੰਘ ਉਮਰ 3 ਸਾਲ, ਆਂਗਨਵਾੜੀ ਕੇਂਦਰ 3 ਪਿੰਡ ਮਾਣੇਵਾਲ ਤੇ ਆਰਵ ਰਾਣਾ ਪੁੱਤਰ ਹਰਮੇਸ਼ ਕੁਮਾਰ ਉਮਰ 3 ਸਾਲ, ਆਂਗਨਵਾੜੀ ਕੇਂਦਰ 2 ਪਿੰਡ ਹੇਡੋਂ ਦੇ ਦਿਲ ਵਿੱਚ ਸੁਰਾਖ਼ ਹੈ, ਜਿਨ੍ਹਾਂ ਦਾ ਇਲਾਜ ਸਿਹਤ ਸਕੀਮ ਰਾਸ਼ਟਰੀ ਬਾਲ ਸਵਾਸਥ ਕਾਰਿਆਕ੍ਰਮ ਤਹਿਤ ਮੁਫ਼ਤ ਦਿਲ ਦਾ ਆਪ੍ਰੇਸ਼ਨ ਕਰਵਾਇਆ ਗਿਆ ਅਤੇ ਹੁਣ ਦੋਵੇਂ ਬੱਚੇ ਤੰਦਰੁਸਤ ਹਨ। ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਕਿਹਾ ਕਿ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਲਾਭ ਲੈਣਾ ਚਾਹੀਦਾ ਹੈ। ਇਸ ਮੌਕੇ ਦੋਵੇਂ ਬੱਚਿਆਂ ਦੇ ਪਰਿਵਾਰਕ ਮੈਂਬਰਾਂ ਨੇ ਸਿਹਤ ਵਿਭਾਗ ਮਾਛੀਵਾੜਾ ਸਾਹਿਬ ਤੇ ਸਰਕਾਰ ਦਾ ਧੰਨਵਾਦ ਪ੍ਰਗਟਾਇਆ।

## ਗਿਆਨ ਸਾਗਰ ਸਕੂਲ ਦੇ ਬੱਚਿਆਂ ਨੇ ਜਿੱਤੇ ਗੋਲਡ ਮੈਡਲ



**ਬਰੇਟਾ (ਰੀਤਵਾਲ)**-ਪਿਛਲੇ ਦਿਨੀਂ ਹੋਈ 5ਵੀਂ ਜ਼ਿਲ੍ਹਾ ਪੱਧਰੀ ਕਿੱਕ ਬਾਕਸਿੰਗ ਚੈਂਪਅਨਸ਼ਿਪ ਵਿੱਚ ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ ਦੇ 17 ਬੱਚਿਆਂ ਨੇ ਹਿੱਸਾ ਲਿਆ।ਇਹ ਚੈਂਪੀਅਨਸ਼ਿਪ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਵਿਖੇ ਕਰਵਾਈ ਗਈ।ਇਸ ਚੈਂਪੀਅਨਸ਼ਿਪ ਵਿੱਚ ਗਿਆਨ ਸਾਗਰ ਸਕੂਲ ਦੇ ਬੱਚਿਆਂ ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ 8 ਗੋਲਡ, 7 ਸਿਲਵਰ ਤੇ 2 ਬਰਾਊਨਜ਼ ਮੈਡਲ ਆਪਣੇ ਨਾਮ ਕੀਤੇ।ਇਸ ਵਿੱਚ ਹਰਿੰਦਰ ਸਿੰਘ (+2), ਪ੍ਰਗਟ ਸਿੰਘ (10ਵੀਂ ਕਲਾਸ), ਸਹਿਜ ਸਿੰਘ (7ਵੀਂ ਕਲਾਸ), ਰੀਵਾਂਸ਼ (5ਵੀਂ ਕਲਾਸ), ਅਭੀਜੋਤ ਸਿੰਘ (5ਵੀਂ ਕਲਾਸ), ਪ੍ਰਭਜੋਤ ਸਿੰਘ (5ਵੀਂ ਕਲਾਸ), ਅਪਰਿੰਦਰ ਕੌਰ (7ਵੀਂ ਕਲਾਸ), ਵਵਿਆ (7ਵੀਂ ਕਲਾਸ) ਨੇ ਗੋਲਡ ਮੈਡਲ ਅਤੇ ਏਕਮ ਸਿੰਘ (5ਵੀਂ ਕਲਾਸ), ਜਗਜੀਤ ਸਿੰਘ (5ਵੀਂ ਕਲਾਸ), ਮਨਵੀਰ ਸਿੰਘ (5ਵੀਂ ਕਲਾਸ), ਏਕਮਜੋਤ ਸਿੰਘ (7ਵੀਂ ਕਲਾਸ), ਦੀਕਸ਼ਾ ਰਾਣੀ (7ਵੀਂ ਕਲਾਸ), ਸੱਤਿਅਪ੍ਰੀਤ ਕੌਰ (8ਵੀਂ ਕਲਾਸ), ਸੁਖਮਨਪ੍ਰੀਤ ਕੌਰ (7ਵੀਂ ਕਲਾਸ) ਨੇ ਸਿਲਵਰ ਮੈਡਲ, ਜਦਕਿ ਰਣਬੀਰ ਸਿੰਘ (5ਵੀਂ ਕਲਾਸ), ਏਕਮਦੀਪ ਸਿੰਘ (5ਵੀਂ ਕਲਾਸ) ਨੇ ਬਰਾਊਨਜ਼ ਮੈਡਲ ਪ੍ਰਾਪਤ ਕੀਤੇ।ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਤੇ ਸਕੂਲ ਚੇਅਰਮੈਨ ਰਾਮਪਾਲ ਸਿੰਘ ਸੇਖੋਂ ਨੇ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਬੱਚਿਆਂ ਦੀ ਇਸ ਵੱਡੀ ਜਿੱਤ ਦੀ ਵਧਾਈ ਦਿੱਤੀ।

## ਪੰਜਾਬ 'ਚ ਐੱਸ ਸੀ ਭਾਈਚਾਰੇ ਦੀ ਭਲਾਈ ਲਈ ਕੀਤੇ ਜਾ ਰਹੇ ਕੰਮ : ਨਰੇਸ਼ ਕਟਾਰੀਆ



**ਜ਼ੀਰਾ (ਨਰਿੰਦਰ ਅਨੇਜਾ)**-ਆਮ ਆਦਮੀ ਪਾਰਟੀ ਦੇ ਹਲਕਾ ਜ਼ੀਰਾ ਤੋਂ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਜ਼ੀਰਾ ਵਿਖੇ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਉਨ੍ਹਾਂ ਜਿਸ ਸੋਚ ਨਾਲ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਸੀ, 2022 ਵਿੱਚ ਜਦੋਂ ਆਮ ਆਦਮੀ ਪਾਰਟੀ ਪੰਜਾਬ ਵਿੱਚ ਚੋਣ ਲੜ ਰਹੀ ਸੀ, ਅਸੀਂ ਪੰਜਾਬ ਦੇ ਲੋਕਾਂ ਦੇ ਸਾਹਮਣੇ ਦੋ ਤਸਵੀਰਾਂ ਤੇ ਦੋ ਵਿਚਾਰ ਪੇਸ਼ ਕੀਤੇ ਸਨ, ਜੋ ਕਿ ਸ਼ਹੀਦ ਭਗਤ ਸਿੰਘ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਵਿਚਾਰ ਸਨ।ਉਨ੍ਹਾਂ ਕਿਹਾ ਕਿ ਦੇਸ਼ ਨੂੰ ਆਜ਼ਾਦੀ ਮਿਲੇ 75 ਸਾਲ ਹੋ ਗਏ ਹਨ, ਪਰ ਦੇਸ਼ ਭਰ ਦੀਆਂ ਸਾਰੀਆਂ ਹਾਈ ਕੋਰਟਾਂ ਵਿੱਚ ਕਿਸੇ ਵੀ ਰਾਜ ਵਿੱਚ ਵਕੀਲਾਂ ਜਾਂ ਸਰਕਾਰੀ ਵਕੀਲਾਂ ਦੀ ਭਰਤੀ ਲਈ ਐੱਸ ਸੀ, ਐੱਸ ਟੀ ਲਈ ਕੋਈ ਰਾਖਵਾਂਕਰਨ ਨਹੀਂ ਹੈ।ਇਹ 2017 ਵਿੱਚ ਸਾਡੀ ਪਾਰਟੀ ਦੀ ਮੰਗ ਸੀ, ਪਰ ਉਸ ਸਮੇਂ ਕਾਂਗਰਸ ਦੀ ਸਰਕਾਰ ਸੀ, ਜਿਸ ਨੇ ਸਾਡੀ ਮੰਗ ਵੱਲ ਕੋਈ ਧਿਆਨ ਨਹੀਂ ਦਿੱਤਾ।ਉਨ੍ਹਾ ਕਿਹਾ ਕਿ ਅੱਜ ਸਾਡੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਏ.ਜੀ. ਦਫ਼ਤਰ ਵਿੱਚ ਐੱਸ. ਸੀ. ਭਾਈਚਾਰੇ ਨੂੰ ਰਾਖਵਾਂਕਰਨ ਦੇ ਕੇ ਇਸ ਮੰਗ ਨੂੰ ਪੂਰਾ ਕਰ ਕੇ ਵਿਖਾਇਆ ਹੈ।

## ਪਾਰਟੀ ਪ੍ਰਧਾਨ ਬਣਨ ਪਿੱਛੋਂ ਬਾਦਲ ਦੀ ਸਮਰਾਲਾ ਫੇਰੀ ਨੇ ਵਰਕਰਾਂ 'ਚ ਜੋਸ਼ ਭਰਿਆ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਅਕਾਲੀ (ਬਾਦਲ) ਦੇ ਲਗਤਾਰ ਚੌਥੀ ਵਾਰ ਪ੍ਰਧਾਨ ਬਣਨ ਪਿੱਛੋਂ ਸੁਖਬੀਰ ਸਿੰਘ ਬਾਦਲ ਵੱਲੋਂ ਸਮਰਾਲਾ ਦੇ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦੇ ਗ੍ਰਹਿ ਵਿਖੇ ਪਾਈ ਪਹਿਲੀ ਫੇਰੀ ਨੇ ਹਲਕਾ ਸਮਰਾਲਾ ਦੇ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਵਿੱਚ ਨਵਾਂ ਜੋਸ਼ ਭਰ ਦਿੱਤਾ।ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਸ਼ੇਸ਼ ਤੌਰ 'ਤੇ ਸਮਰਾਲਾ ਵਿਖੇ ਪਹੁੰਚੇ ਤੇ ਹਲਕੇ ਦੇ ਇਕੱਤਰ ਹੋਏ ਅਹੁਦੇਦਾਰਾਂ ਤੇ ਵਰਕਰਾਂ ਨਾਲ ਵਾਰਤਾਲਾਪ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਮਰਾਲਾ ਹਲਕੇ ਤੋਂ ਰਿਕਾਰਡ 35 ਹਜ਼ਾਰ ਤੋਂ ਉਪਰ ਪਾਰਟੀ ਮੈਂਬਰਸ਼ਿਪ ਪ੍ਰਾਪਤ ਹੋਈ, ਜਿਸ ਲਈ ਉਨ੍ਹਾਂ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਨੂੰ ਵਧਾਈ ਦਿੱਤੀ ਤੇ 2027 ਦੀਆਂ ਚੋਣਾਂ ਲਈ ਕਮਰਕੱਸੇ ਕਰਨ ਲਈ ਕਿਹਾ ਤੇ ਪੰਜਾਬ ਅੰਦਰ ਮੁੜ ਸ਼੍ਰੋਮਣੀ ਅਕਾਲੀ ਦਲ ਸੱਤਾ ਸੰਭਾਲੇਗਾ, ਕਿਉਂਕਿ ਪੰਜਾਬ ਅੰਦਰ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਜੋ ਲੋਕਾਂ ਨੂੰ ਝੂਠੇ ਭਰਮ ਜਾਲ ਵਿੱਚ ਫਸਾ ਕੇ ਸੱਤਾ 'ਤੇ ਕਾਬਜ਼ ਹੋਈ ਸੀ, ਦਾ ਪੰਜਾਬ ਦੇ ਸਮੁੱਚੇ ਲੋਕਾਂ ਵਿੱਚੋਂ ਮੋਹ ਭੰਗ ਹੋ ਚੁੱਕਾ ਹੈ।ਸ਼੍ਰੋਮਣੀ ਅਕਾਲੀ ਦਲ ਹੀ ਇੱਕੋ ਇੱਕ ਅਜਿਹੀ ਖੇਤਰੀ ਪਾਰਟੀ ਹੈ, ਜੋ ਸਦਾ ਪੰਜਾਬ ਦਾ ਭਲਾ ਲੋਚਦੀ ਰਹੀ ਹੈ ਤੇ ਪੰਜਾਬ ਦੇ ਹਿੱਤਾਂ ਪ੍ਰਤੀ ਕੰਮ ਕਰਦੀ ਹੈ।ਉਨ੍ਹਾਂ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦੁਆਰਾ ਸਮਰਾਲਾ ਹਲਕੇ ਅੰਦਰ ਪਾਰਟੀ ਪ੍ਰਤੀ ਕੀਤੇ ਜਾ ਰਹੇ ਕਾਰਜਾਂ ਦੀ ਸਰਾਹਨਾ ਕੀਤੀ।ਇਸ ਮੌਕੇ ਪਰਮਜੀਤ ਸਿੰਘ ਢਿੱਲੋਂ ਨੇ ਸੁਖਬੀਰ ਸਿੰਘ ਬਾਦਲ ਨੂੰ ਪ੍ਰਧਾਨ ਬਣਨ ਦੀ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਸਮਰਾਲਾ ਸੀਟ ਜੋ ਪੰਥਕ ਸੀਟ ਹੈ, ਮੁੜ ਸ਼੍ਰੋਮਣੀ ਅਕਾਲੀ ਦਲ ਕੋਲ ਹੀ ਆਵੇਗੀ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਹੋਰ ਮਜ਼ਬੂਤੀ ਨਾਲ ਕੰਮ ਕਰੇਗਾ, ਜੋ ਪੰਜਾਬ ਨੂੰ ਸਹੀ ਦਿਸ਼ਾ ਪ੍ਰਦਾਨ ਕਰਨ ਦੇ ਨਾਲ ਨਾਲ ਸਹੀ ਦਸ਼ਾ ਵੱਲ ਤੋਰੇਗਾ।

## ਗਾਂਧੀ ਪਰਵਾਰ ਨਾਲ ਸਿਆਸੀ ਬਦਲਾਖੋਰੀ ਕਰ ਰਹੀ ਭਾਜਪਾ ਸਰਕਾਰ : ਦੌਲਤਪੁਰ

**ਧੂਰੀ (ਮਹਿੰਤ ਗਰਗ, ਬਿੰਨੀ ਗਰਗ)**-ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਪਿਛਲੇ ਦਿਨੀਂ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਵੱਲੋਂ ਸੀਨੀਅਰ ਕਾਂਗਰਸੀ ਆਗੂ ਸੋਨੀਆ ਗਾਂਧੀ, ਰਾਹੁਲ ਗਾਂਧੀ ਤੇ ਹੋਰਨਾਂ ਖ਼ਿਲਾਫ ਦਾਖ਼ਲ ਕੀਤੀ ਚਾਰਜਸ਼ੀਟ ਨੂੰ ਸਿਆਸੀ ਬਦਲਾਖੋਰੀ ਦੱਸਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪਹਿਲੇ ਦਿਨ ਤੋਂ ਕੇਂਦਰੀ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਕੇ ਵਿਰੋਧੀ ਧਿਰ ਦੇ ਆਗੂਆਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਕੇਂਦਰ ਸਰਕਾਰ ਨੂੰ ਯੂਪੀਏ ਸਰਕਾਰ ਦੇ 10 ਸਾਲਾਂ ਦੇ ਕਾਰਜਕਾਲ ਦੌਰਾਨ ਇਕ ਵੀ ਮੁੱਦਾ ਨਾ ਮਿਲਿਆ ਤਾਂ ਹੁਣ ਨੈਸ਼ਨਲ ਹੈਰਾਲਡ ਦੇ ਮੁੱਦੇ ਵਿੱਚ ਸੀਨੀਅਰ ਕਾਂਗਰਸੀ ਆਗੂ ਸੋਨੀਆ ਗਾਂਧੀ, ਰਾਹੁਲ ਗਾਂਧੀ ਤੇ ਹੋਰਨਾਂ ਵਿਰੁੱਧ ਈ ਡੀ ਰਾਹੀਂ ਚਾਰਜਸ਼ੀਟ ਦਾਇਰ ਕਰਵਾ ਦਿੱਤੀ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਕਾਂਗਰਸ ਪਾਰਟੀ ਲਗਾਤਾਰ ਮਜ਼ਬੂਤ ਹੁੰਦੀ ਜਾ ਰਹੀ ਹੈ ਤੇ ਭਾਜਪਾ ਤੋਂ ਲੋਕਾਂ ਦਾ ਮੋਹ ਭੰਗ ਹੋ ਰਿਹਾ ਹੈ। ਅਜਿਹੇ ਹਾਲਾਤ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਇਸ ਕਰਕੇ ਗਾਂਧੀ ਪਰਿਵਾਰ ਨੂੰ ਬਦਨਾਮ ਕਰਨ ਲਈ ਅਜਿਹੀਆਂ ਕਾਰਵਾਈਆਂ ਕਰਨ ਲੱਗੇ ਹੋਏ ਹਨ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਭਾਜਪਾ ਦੀਆਂ ਧੱਕੇਸ਼ਾਹੀਆਂ ਤੋਂ ਡਰਨ ਵਾਲੀ ਨਹੀਂ ਹੈ। ਉਹ ਕੇਂਦਰ ਸਰਕਾਰ ਵੱਲੋਂ ਵਿਰੋਧੀਆਂ 'ਤੇ ਕੀਤੀ ਜਾ ਰਹੀ ਧੱਕੇਸ਼ਾਹੀ ਦਾ ਡੱਟ ਕੇ ਸਾਹਮਣਾ ਕਰੇਗੀ। ਉਨ੍ਹਾਂ ਈ ਡੀ ਵੱਲੋਂ ਸੋਨੀਆ ਗਾਂਧੀ ਤੇ ਰਾਹੁਲ ਗਾਂਧੀ 'ਤੇ ਦਾਖਲ ਕੀਤੀ ਚਾਰਜਸ਼ੀਟ ਨੂੰ 'ਰਾਜਸੀ ਬਦਲਾਖੋਰੀ' ਕਰਾਰ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਵਿਰੋਧੀਆਂ ਦੀ ਆਵਾਜ਼ ਦਬਾਉਣ ਲਈ ਕੇਂਦਰੀ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਨਾ ਮੰਦਭਾਗੀ ਗੱਲ ਹੈ।

## ਬਹੁ-ਵਿਧਾਵੀ ਲੇਖਕ ਵਰਿਆਮ ਸੰਧੂ ਦਾ ਭਾਸ਼ਾ ਵਿਭਾਗ ਵੱਲੋਂ ਸਨਮਾਨ

■ ਸੰਧੂ ਪੰਜਾਬੀ ਸਾਹਿਤ ਦਾ ਵੱਡਾ ਸਰਮਾਇਆ : ਡਾਇਰੈਕਟਰ ਜ਼ਫ਼ਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੈਨੇਡਾ ਵਸਦੇ ਬਹੁ-ਵਿਧਾਵੀ ਪੰਜਾਬੀ ਲੇਖਕ ਸ. ਵਰਿਆਮ ਸਿੰਘ ਸੰਧੂ ਨੇ ਅੱਜ ਭਾਸ਼ਾ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਪਟਿਆਲਾ ਵਿਖੇ ਫੇਰੀ ਪਾਈ। ਭਾਸ਼ਾ ਵਿਭਾਗ ਵੱਲੋਂ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਵਿਭਾਗ ਦੇ ਅਧਿਕਾਰੀਆਂ ਨੇ ਸ. ਸੰਧੂ ਦਾ ਸਵਾਗਤ ਕੀਤਾ। ਇਸ ਮੌਕੇ ਡਾ. ਕੁਲਵੰਤ ਸਿੰਘ ਸੰਧੂ ਜਲੰਧਰ, ਡਾ. ਬਲਵਿੰਦਰ ਸਿੰਘ ਗਰੇਵਾਲ ਖੰਨਾ, ਡਾ. ਬਲਦੇਵ ਸਿੰਘ ਧਾਲੀਵਾਲ ਪਟਿਆਲਾ, ਡਾ. ਸੁਰਜੀਤ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਭਾਸ਼ਾ ਵਿਭਾਗ ਦੇ ਡਿਪਟੀ ਡਾਇਰੈਕਟਰ ਸ. ਸਤਨਾਮ ਸਿੰਘ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਤੇ ਹਰਪ੍ਰੀਤ ਸਿੰਘ ਖੋਜ ਸਹਾਇਕ ਹਾਜ਼ਰ ਸਨ।ਇਸ ਮੌਕੇ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਸ. ਵਰਿਆਮ ਸਿੰਘ ਸੰਧੂ ਨੇ ਕਹਾਣੀ, ਕਵਿਤਾ, ਸਫ਼ਰਨਾਮਾ, ਜੀਵਨੀ, ਸੰਪਾਦਨ ਤੇ ਆਲੋਚਨਾ ਦੇ ਖੇਤਰ 'ਚ ਵੱਡਮੁੱਲੀਆਂ ਰਚਨਾਵਾਂ ਸਿਰਜੀਆਂ ਹਨ, ਜਿਸ ਕਰਕੇ ਉਨ੍ਹਾਂ ਨੂੰ ਹਮੇਸ਼ਾ ਹੀ ਪੰਜਾਬੀ ਸਾਹਿਤ ਦਾ ਅਨਮੋਲ ਸਰਮਾਇਆ ਮੰਨੇ ਜਾਂਦੇ ਲੇਖਕਾਂ 'ਚ ਸ਼ਾਮਲ ਕੀਤਾ ਜਾਂਦਾ ਹੈ। ਸ. ਜ਼ਫ਼ਰ ਨੇ ਕਿਹਾ ਸ. ਸੰਧੂ ਨੇ ਜਿਸ ਵੀ ਵਿਧਾ 'ਚ ਵੀ ਲਿਖਿਆ ਹੈ, ਕਦੇ ਵੀ ਯਥਾਰਥਕਤਾ ਤੇ ਸੰਜੀਦਗੀ ਦਾ ਪੱਲਾ ਨਹੀਂ ਛੱਡਿਆ।ਸ. ਸੰਧੂ ਭਾਵੇਂ ਮਾਝੇ ਦੇ ਪਿੰਡ ਸੁਰ ਸਿੰਘ ਦੇ ਜੰਮਪਲ ਹਨ, ਪਰ ਉਨ੍ਹਾਂ ਨੇ ਹਰ ਮਨੁੱਖੀ ਜਜ਼ਬਾਤ ਦੇ ਹਰ ਪੱਖਾਂ ਨਾਲ ਸਬੰਧਤ ਸਾਹਿਤ ਸਿਰਜਿਆ ਹੈ। ਇਸ ਮੌਕੇ ਸ. ਵਰਿਆਮ ਸਿੰਘ ਸੰਧੂ ਨੇ ਭਾਸ਼ਾ ਵਿਭਾਗ ਪੰਜਾਬ ਦੀ ਅਮੀਰ ਸਾਹਿਤਕ ਵਿਰਾਸਤ ਦੀ ਸ਼ਲਾਘਾ ਕਰਦਿਆਂ ਆਪਣੀਆਂ ਵਿਭਾਗ ਨਾਲ ਜੁੜੀਆਂ ਯਾਦਾਂ ਸਾਂਝੀਆਂ ਕੀਤੀਆਂ।ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿੱਚ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਸੰਸਥਾਵਾਂ 'ਚ ਭਾਸ਼ਾ ਵਿਭਾਗ ਦਾ ਨਾਮ ਮਾਣ ਨਾਲ ਲਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਉਹ ਭਾਵੇਂ ਵਿਦੇਸ਼ 'ਚ ਵਸਦੇ ਹਨ ਪਰ ਉਨ੍ਹਾਂ ਦੀਆਂ ਸਾਹਿਤਕ ਕਿਰਤਾਂ 'ਚੋਂ ਸਦਾ ਹੀ ਪੰਜਾਬ ਦੀ ਖੁਸ਼ਬੋ ਆਉਂਦੀ ਰਹੇਗੀ।ਉਨ੍ਹਾਂ ਆਪਣੀ ਹਾਲ ਹੀ ਵਿੱਚ ਪ੍ਰਕਾਸ਼ਿਤ ਹੋਈ ਕਾਵਿ-ਪੁਸਤਕ 'ਵਰ੍ਹਿਆਂ ਪਿੱਛੋਂ' 'ਚੋਂ ਕੁਝ ਰਚਨਾਵਾਂ ਵੀ ਸੁਣਾਈਆਂ।ਵਿਭਾਗ ਵੱਲੋਂ ਡਾ. ਜਸਵੰਤ ਸਿੰਘ ਜ਼ਫ਼ਰ ਨੇ ਸ. ਸੰਧੂ ਨੂੰ ਵਿਭਾਗੀ ਸ਼ਾਲ ਤੇ ਉਨ੍ਹਾਂ ਦੇ ਪਿੰਡ ਦੀ ਸਰਵੇ ਪੁਸਤਕ 'ਸੁਰ ਸਿੰਘ' ਭੇਟ ਕਰਕੇ ਸਤਿਕਾਰ ਦਿੱਤਾ। ਡਿਪਟੀ ਡਾਇਰੈਕਟਰ ਸਤਨਾਮ ਸਿੰਘ ਨੇ ਸਭ ਦਾ ਧੰਨਵਾਦ ਕੀਤਾ।

## ਚੇਅਰਮੈਨ ਦੀਦਾਰੇਵਾਲਾ ਨੇ ਹਲਕੇ 'ਚ ਲਿਆਂਦੀ ਵਿਕਾਸ ਦੀ ਹਨੇਰੀ

### ਦੌਲੂਵਾਲਾ ਵਿਖੇ ਜਿੰਮ ਲਈ ਦਿੱਤੀ 4 ਲੱਖ ਦੀ ਗ੍ਰਾਂਟ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਜ਼ਿਲ੍ਹਾ ਯੋਜਨਾ ਬੋਰਡ ਮੋਗਾ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਮਨਜੀਤ ਸਿੰਘ ਦੀਦਾਰੇਵਾਲਾ ਵੱਲੋਂ ਜ਼ਿਲ੍ਹਾ ਮੋਗਾ ਦੇ ਪਿੰਡਾਂ ਨੂੰ ਵਿਕਾਸ ਪੱਖੋਂ ਸਮੇਂ ਦੇ ਹਾਣੀ ਬਣਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹੱਥ ਵਿੱਚ ਆਉਂਦੇ ਹੀ ਘੜੀਆਂ ਗਈਆਂ ਯੋਜਨਾਵਾਂ ਨੂੰ ਹੁਣ ਬੂਰ ਪੈਣ ਲੱਗਾ ਹੈ, ਕਿਉਂਕਿ ਉਨ੍ਹਾਂ ਵੱਲੋਂ ਪਾਰਟੀ ਵਲੰਟੀਅਰਾਂ ਦੀ ਮੰਗ ਅਨੁਸਾਰ ਪਿੰਡਾਂ ਨੂੰ ਜ਼ਿਲ੍ਹਾ ਯੋਜਨਾ ਬੋਰਡ ਦੀ ਤਰਫੋਂ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਮੁਹੱਈਆ ਕਰਵਾਉਣੀਆਂ ਸ਼ੁਰੂ ਕਰ ਦਿੱਤੀਆਂ ਹਨ, ਜਿਨ੍ਹਾਂ ਨਾਲ ਪਿੰਡਾਂ ਦੀ ਕਾਇਆ ਕਲਪ ਹੋਣ ਲੱਗੀ ਹੈ। ਚੇਅਰਮੈਨ ਦੀਦਾਰੇਵਾਲਾ ਵੱਲੋਂ ਜ਼ਿਲ੍ਹੇ ਦੇ ਵਿਕਾਸ ਕਾਰਜਾਂ ਲਈ ਲਿਆਂਦੀ ਜਾ ਰਹੀ ਹਨੇਰੀ ਤਹਿਤ ਅੱਜ ਪਿੰਡ ਦੌਲੂਵਾਲਾ ਵਿਖੇ ਜਿੰਮ ਲਈ ਪਿੰਡ ਵਾਸੀਆਂ ਨੂੰ 4 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ।ਇਸ ਮੌਕੇ ਨਗਰ ਸੁਧਾਰ ਟਰੱਸਟ ਮੋਗਾ ਦੇ ਚੇਅਰਮੈਨ ਰਮਨ ਮਿੱਤਲ ਰਿੰਪੀ ਤੇ ਮਾਰਕੀਟ ਕਮੇਟੀ ਕੋਟ ਈਸੇ ਖਾਂ ਦੇ ਚੇਅਰਮੈਨ ਅਮਨ ਪੰਡੋਰੀ ਨਾਲ ਪ੍ਰਬੰਧਕਾਂ ਨੂੰ ਗ੍ਰਾਂਟ ਦਾ ਚੈੱਕ ਭੇਟ ਕਰਦਿਆਂ ਚੇਅਰਮੈਨ ਦੀਦਾਰੇਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਯੋਜਨਾਬੰਦ ਪਲਾਨ ਤਿਆਰ ਕੀਤਾ ਸੀ, ਜਿਸ ਤਹਿਤ ਹੀ ਪਿੰਡਾਂ ਦਾ ਵਿਕਾਸ ਕੀਤਾ ਜਾ ਰਿਹਾ ਹੈ।ਇਸ ਮੌਕੇ ਸਰਪੰਚ ਜਸਪ੍ਰੀਤ ਸਿੰਘ ਜੱਸੂ, ਹਰਮਨਦੀਪ ਸਿੰਘ, ਗੁਣਦੀਪ ਸਿੰਘ ਬਰਾੜ, ਜਗਸੀਰ ਸਿੰਘ ਬਰਾੜ, ਖੁਸ਼ਦੀਪ ਸਿੰਘ ਬਰਾੜ, ਇਕਬਾਲ ਸਿੰਘ ਧਨੋਆ ਹਾਜ਼ਰ ਸਨ।

## ਭਾਜਪਾ ਆਗੂ ਗੁਰਤੇਜ ਢਿੱਲੋਂ ਨੇ ਨਿਤਿਨ ਗਡਕਰੀ ਅੱਗੇ ਪਟਿਆਲਾ ਲੋਕ ਸਭਾ ਖੇਤਰ ਦੇ ਰੱਖੇ ਮੁੱਦੇ

**ਕੇਂਦਰੀ ਮੰਤਰੀ ਨੇ ਸਾਰੀਆਂ ਮੰਗਾਂ ਨੂੰ ਜਲਦ ਪੂਰਾ ਕਰਨ ਦਾ ਦਿੱਤਾ ਭਰੋਸਾ**



**ਨਾਭਾ (ਵਰਿੰਦਰ ਵਰਮਾ)**-ਭਾਰਤੀ ਜਨਤਾ ਪਾਰਟੀ, ਪੰਜਾਬ ਦੇ ਸੂਬਾ ਕਾਰਜਕਾਰਨੀ ਮੈਂਬਰ ਤੇ ਇਮਪਰੂਵਮੈਂਟ ਟਰੱਸਟ ਨਾਭਾ ਦੇ ਸਾਬਕਾ ਚੇਅਰਮੈਨ ਸ. ਗੁਰਤੇਜ ਸਿੰਘ ਢਿੱਲੋਂ ਨੇ ਹਮੇਸ਼ਾ ਪਟਿਆਲਾ ਲੋਕ ਸਭਾ ਖੇਤਰ ਦੇ ਲੋਕਾਂ ਦੇ ਮੁੱਦਿਆਂ ਨੂੰ ਤਵੱਜੋਂ ਦਿੱਤੀ ਹੈ।ਇਸ ਲੜੀ ਤਹਿਤ ਸ. ਗੁਰਤੇਜ ਸਿੰਘ ਢਿੱਲੋਂ ਨੇ ਕੇਂਦਰੀ ਸੜਕ ਆਵਾਜਾਈ ਤੇ ਰਾਜਮਾਰਗ ਮੰਤਰੀ ਸ੍ਰੀ ਨਿਤਿਨ ਗਡਕਰੀ ਨਾਲ ਪਟਿਆਲਾ ਤੋਂ ਸਮਾਣਾ-ਪਾਤੜਾਂ-ਮੂਨਕ ਸੜਕ ਤੇ ਪਟਿਆਲਾ ਤੋਂ ਦੇਵੀਗੜ੍ਹ-ਪਿਹੋਵਾ-ਇਸਮਾਈਲਾਬਾਦ ਸੜਕ ਨੂੰ ਫੋਰਲੇਨ ਕਰਨ, ਅੰਬਾਲਾ-ਮੋਹਾਲੀ (ਰਾਜ ਪੰਜਾਬ) ਗ੍ਰੀਨ ਫੀਲਡ ਐਕਸਪ੍ਰੈੱਸ ਵੇਅ ਅਧੀਨ ਬਣਾਈ ਜਾ ਰਹੀ ਸੜਕ ਤੇ ਪਿਲਰਾਂ 'ਤੇ ਪੁਲ ਬਣਾਉਣ ਸਬੰਧੀ ਮੁਲਾਕਾਤ ਕੀਤੀ ਅਤੇ ਇਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਪਟਿਆਲਾ ਤੋਂ ਸਮਾਣਾ-ਪਤਾੜਾ-ਮੂਨਕ ਰੋਡ (ਸਟੇਟ ਹਾਈਵੇ-10 ਤੇ ਨੈਸ਼ਨਲ ਹਾਈਵੇ-ਐਨਐਚ 148ਬੀ) ਅਤੇ ਪਟਿਆਲਾ ਦੀ ਛੋਟੀ ਨਦੀ ਤੋਂ ਦੇਵੀਗੜ੍ਹ-ਪਿਹੋਵਾ-ਇਸਮਾਈਲਾਬਾਦ ਰੋਡ (ਜੋ ਕਿ ਨੈਸ਼ਨਲ ਹਾਈਵੇ 152 ਨਾਲ ਮਿਲਦੀ ਹੈ) 'ਤੇ ਜ਼ਿਆਦਾ ਟ੍ਰੈਫਿਕ ਹੋਣ ਕਰਕੇ ਵੱਡੇ ਵਾਹਨਾਂ ਨੂੰ ਉੱਥੋਂ ਲੰਘਣ ਵਿੱਚ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਸ. ਗੁਰਤੇਜ ਸਿੰਘ ਢਿੱਲੋਂ ਨੇ ਕੇਂਦਰੀ ਮੰਤਰੀ ਅੱਗੇ ਪਟਿਆਲਾ ਤੋਂ ਸਮਾਣਾ-ਪਤਾੜਾ-ਮੂਨਕ ਸੜਕ ਤੇ ਪਟਿਆਲਾ ਦੀ ਛੋਟੀ ਨਦੀ ਤੋਂ ਦੇਵੀਗੜ੍ਹ-ਪੇਹਵਾ-ਇਸਮਾਈਲਾਬਾਦ ਤੱਕ ਦੀ ਸੜਕ ਨੂੰ ਕੇਂਦਰ ਸਰਕਾਰ ਦੀ ਮਦਦ ਨਾਲ ਸੀ.ਆਰ.ਆਈ.ਐੱਫ. ਰਾਹੀਂ ਫੋਰਲੇਨ ਕਰਵਾਉਣ ਦੀ ਮੰਗ ਤੋਂ ਇਲਾਵਾ ਹੋਰ ਵੀ ਮੰਗਾਂ ਰੱਖੀਆਂ।

ਸੂਬਾ ਕਾਰਜਕਾਰਨੀ ਮੈਂਬਰ ਨੇ ਦੱਸਿਆ ਕਿ ਕੇਂਦਰੀ ਮੰਤਰੀ ਸ੍ਰੀ ਨਿਤਿਨ ਗਡਕਰੀ ਨੇ ਭਰੋਸਾ ਦਿਵਾਇਆ ਕਿ ਉਪਰੋਕਤ ਮੰਗਾਂ ਨੂੰ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਕੇਂਦਰੀ ਮੰਤਰੀ ਨੇ ਕਿਹਾ ਕਿ ਸੀ.ਆਰ.ਆਈ.ਐੱਫ. ਸਬੰਧੀ ਡੀ.ਪੀ.ਆਰ. ਪੰਜਾਬ ਸਰਕਾਰ ਵੱਲੋਂ ਤਿਆਰ ਕਰਕੇ ਭੇਜੀ ਜਾਣੀ ਚਾਹੀਦੀ ਹੈ, ਪਰ ਪੰਜਾਬ ਸਰਕਾਰ ਅਜਿਹਾ ਨਹੀਂ ਕਰ ਰਹੀ, ਜੋ ਬਹੁਤ ਹੀ ਮੰਦਭਾਗੀ ਗੱਲ ਹੈ।ਸ. ਗੁਰਤੇਜ ਸਿੰਘ ਢਿੱਲੋਂ ਨੇ ਕਿਹਾ ਕਿ ਸਾਡਾ ਉਦੇਸ਼ ਸਿਰਫ਼ ਤੇ ਸਿਰਫ਼ ਵਿਕਾਸ ਹੈ ਤੇ ਲੋਕਾਂ ਦੀ ਹਰ ਤਰ੍ਹਾਂ ਦੀ ਮਦਦ ਲਈ ਉਹ ਹਮੇਸ਼ਾ ਤਿਆਰ ਹਨ।

## ਮੋਟਰਸਾਈਕਲਾਂ ਦੀ ਟੱਕਰ 'ਚ 1 ਮੌਤ, 2 ਜ਼ਖਮੀ

**ਭੀਖੀ (ਧਰਮਵੀਰ ਸ਼ਰਮਾ)**-ਨਜ਼ਦੀਕੀ ਪਿੰਡ ਕਿਸ਼ਨਗੜ੍ਹ ਫਰਮਾਹੀ ਵਿਖੇ 2 ਮੋਟਰਸਾਈਕਲਾਂ ਦੀ ਹੋਈ ਸਿੱਧੀ ਟੱਕਰ ਵਿੱਚ ਇੱਕ ਵਿਅਕਤੀ ਦੀ ਮੌਤ ਅਤੇ ਦੋ ਦੇ ਗੰਭੀਰ ਜ਼ਖਮੀ ਹੋ ਗਏ। ਇਕੱਤਰ ਜਾਣਕਾਰੀ ਅਨੁਸਾਰ ਬੀਤੀ ਸ਼ਾਮ ਪਿੰਡ ਕਿਸ਼ਨਗੜ੍ਹ ਫਰਮਾਹੀ ਦਾ ਰਹਿਣ ਵਾਲਾ ਜਗਸੀਰ ਸਿੰਘ ਪੁੱਤਰ ਸੁਖਦੇਵ ਸਿੰਘ ਆਪਣੀ ਪਤਨੀ ਨਾਲ ਨਜ਼ਦੀਕੀ ਪਿੰਡ ਵਿਖੇ ਦਵਾਈ ਲੈਣ ਜਾ ਰਿਹਾ ਸੀ ਤਾਂ ਸਾਹਮਣੇ ਤੋਂ ਆ ਰਹੇ ਮੋਟਰਸਾਈਕਲ ਨੇ ਉਸ ਨੂੰ ਟੱਕਰ ਮਾਰ ਦਿੱਤੀ, ਜਿਸ ਦੌਰਾਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਉਸ ਦੀ ਪਤਨੀ ਸੁਖਜੀਤ ਕੌਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ। ਦੂਸਰਾ ਮੋਟਰਸਾਈਕਲ ਚਾਲਕ ਮੁਹੰਮਦ ਮੁਸ਼ਰਿਗਨ, ਜੋ ਕਿ ਪਿੰਡ ਦੇ ਨੇੜੇ ਹੀ ਇੱਕ ਢਾਬੇ 'ਤੇ ਕੰਮ ਕਰਦਾ ਸੀ, ਵੀ ਗੰਭੀਰ ਜ਼ਖਮੀ ਹੋ ਗਿਆ, ਜਿਸ ਨੂੰ ਇਲਾਜ ਲਈ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫਰ ਕਰ ਦਿੱਤਾ ਗਿਆ ਹੈ।

ਇਸ ਸਬੰਧੀ ਸਹਾਇਕ ਥਾਣੇਦਾਰ ਗੁਰਚਰਨ ਸਿੰਘ ਨੇ ਦੱਸਿਆ ਕਿ ਭੀਖੀ ਪੁਲਸ ਵੱਲੋਂ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਮ੍ਰਿਤਕ ਆਪਣੇ ਪਿੱਛੇ ਪਤਨੀ, ਪੁੱਤਰ ਤੇ ਪੁੱਤਰੀ ਛੱਡ ਗਿਆ ਹੈ।

## ਝਾੜ ਸਾਹਿਬ ਕਾਲਜ ਵਿਖੇ ਫੈਸ਼ਨ ਡਿਜ਼ਾਇਨਿੰਗ ਵਿਭਾਗ ਵੱਲੋਂ ਵਰਕਸ਼ਾਪ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੇ ਨਿਰਦੇਸ਼ਾਂ ਹੇਠ ਫੈਸ਼ਨ ਡਿਜ਼ਾਇਨਿੰਗ ਵਿਭਾਗ ਤੇ ਯੂਥ ਕਲਚਰਲ ਕਲੱਬ ਵੱਲੋਂ ਵਿਦਿਆਰਥਣਾਂ ਲਈ ਇੱਕ ਰੋਜ਼ਾ ਵਰਕਸ਼ਾਪ 'ਲੋਕ ਕਲਾ ਫੁਲਕਾਰੀ ਤੇ ਬਾਗ' ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਕਾਲਜ ਦੇ ਅਸਿ. ਪ੍ਰੋ. ਸੁਖਨਪ੍ਰੀਤ ਕੌਰ ਨੇ ਫੁਲਕਾਰੀ ਦੇ ਇਤਿਹਾਸ ਤੇ ਮਹੱਤਤਾ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਫੁਲਕਾਰੀ ਤੇ ਬਾਗ ਦੀ ਕਢਾਈ ਲਈ ਖੱਦਰ ਦਾ ਕੱਪੜਾ ਤੇ ਰੇਸ਼ਮੀ ਧਾਗਾ (ਪਟ) ਵਰਤਿਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਰੀਤੀ ਰਿਵਾਜਾਂ ਤੇ ਰਸਮਾਂ ਨੂੰ ਨਿਭਾਉਣ ਲਈ ਫੁਲਕਾਰੀ ਨੂੰ ਸ਼ੁੱਭ ਮੰਨਿਆ ਜਾਂਦਾ ਹੈ।ਫੁਲਕਾਰੀ ਸਹਿਜਤਾ ਤੇ ਸਬਰ ਦਾ ਪ੍ਰਤੀਕ ਹੈ, ਕਿਉਂਕਿ ਇਹ ਕਢਾਈ ਨੂੰ ਕਰਨ ਵਿੱਚ ਲੰਮਾ ਸਮਾਂ ਲੱਗਦਾ ਹੈ।ਇਸ ਮੌਕੇ ਯੂਥ ਫੈਸਟੀਵਲ ਵਿੱਚ ਫੁਲਕਾਰੀ ਪ੍ਰਤੀਯੋਗਤਾ ਵਿੱਚ ਲਗਾਤਾਰ ਤਿੰਨ ਸਾਲਾਂ ਤੋਂ ਪਹਿਲਾ ਸਥਾਨ ਹਾਸਲ ਕਰਨ ਵਾਲੀ ਜਸ਼ਨਪ੍ਰੀਤ ਕੌਰ ਬੀ.ਐੱਸ.ਸੀ.ਐੱਫ.ਡੀ. (ਭਾਗ ਤੀਜਾ) ਦੀ ਵਿਦਿਆਰਥਣ ਨੇ ਫੁਲਕਾਰੀ ਕਢਾਈ ਕਰਨ ਦੇ ਆਪਣੇ ਤਜਰਬੇ ਸਾਂਝੇ ਕੀਤੇ।ਇਸ ਵਰਕਸ਼ਾਪ ਰਾਹੀਂ ਕਾਲਜ ਦੀਆਂ ਵਿਦਿਆਰਥਣਾਂ ਨੇ ਭਰਪੂਰ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਪ੍ਰਸੰਸਾ ਕਰਦਿਆਂ ਕਿਹਾ ਕਿ ਇਹੋ ਜਿਹੀਆਂ ਵਰਕਸ਼ਾਪ ਵਿਦਿਆਰਥਣਾਂ ਨੂੰ ਨਿਪੁੰਨ ਕਰਨ ਤੇ ਕਿੱਤੇ ਨੂੰ ਅਪਣਾਉਣ ਵਿੱਚ ਸਹਾਈ ਹੋਣ ਦੇ ਨਾਲ-ਨਾਲ ਸਾਡੇ ਸੱਭਿਆਚਾਰ ਬਾਰੇ ਵੀ ਜਾਗਰੂਕ ਕਰਦੀਆਂ ਹਨ।ਇਸ ਮੌਕੇ ਯੂਥ ਕਲਚਰਲ ਕਲੱਬ ਦੇ ਇੰਚਾਰਜ ਡਾ. ਸੁਨੀਤਾ ਕੌਸ਼ਲ ਤੇ ਡਾ. ਅਮਨਪ੍ਰੀਤ ਕੌਰ ਕੰਗ ਹਾਜ਼ਰ ਸਨ।

## 18 ਕਿਲੋ ਭੁੱਕੀ ਸਮੇਤ ਦੋ ਗ੍ਰਿਫ਼ਤਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)**

ਐਂਟੀ-ਨਾਰਕੋਟਿਕਸ ਸੱਲ ਨੇ ਐਲਨਾਬਾਦ ਹੁੱਡਾ ਸੈਕਟਰ ਤੋਂ ਰਾਜਸਥਾਨ ਦੇ ਵਸਨੀਕ ਦੋ ਨੌਜਵਾਨਾਂ ਨੂੰ 18 ਕਿੱਲੋ 98 ਗ੍ਰਾਮ ਭੁੱਕੀ ਸਮੇਤ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਰਾਜਸਥਾਨ ਦੇ ਹਨੂੰਮਾਨਗੜ੍ਹ ਜ਼ਿਲ੍ਹੇ ਦੇ ਪ੍ਰਵੀਨ ਸਿੰਘ ਤੇ ਗੁਰਦੇਵ ਸਿੰਘ ਵਜੋਂ ਹੋਈ ਹੈ।ਸੈੱਲ ਇੰਚਾਰਜ ਐੱਸ ਆਈ ਰਾਜਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਟੀਮ ਜਦੋਂ ਨੌਹਰ ਰੋਡ ਰਾਹੀਂ ਢਾਣੀ ਸ਼ੇਰਾਂਵਾਲੀ ਵੱਲ ਜਾ ਰਹੀ ਸੀ ਤਾਂ ਇਸ ਦੌਰਾਨ ਹੁੱਡਾ ਸੈਕਟਰ ਨੇੜੇ ਦੋ ਸ਼ੱਕੀ ਨੌਜਵਾਨ ਦੇਖੇ ਗਏ।

ਦੋਵਾਂ ਕੋਲ ਦੋ ਪਲਾਸਟਿਕ ਦੇ ਥੈਲੇ ਸਨ।ਸ਼ੱਕ ਦੇ ਆਧਾਰ 'ਤੇ ਪੁਲਸ ਨੇ ਦੋਵਾਂ ਨੌਜਵਾਨਾਂ ਨੂੰ ਹਿਰਾਸਤ ਵਿੱਚ ਲੈ ਕੇ ਉਨ੍ਹਾਂ ਦੇ ਪਲਾਸਟਿਕ ਦੇ ਥੈਲਿਆਂ ਦੀ ਤਲਾਸ਼ੀ ਲਈ ਤਾਂ ਉਨ੍ਹਾਂ ਵਿੱਚੋਂ 8 ਕਿਲੋ 98 ਗ੍ਰਾਮ ਭੁੱਕੀ ਬਰਾਮਦ ਹੋਈ।ਇਸ ਤੋਂ ਬਾਅਦ ਪੁਲਸ ਨੇ ਐਲਨਾਬਾਦ ਥਾਣੇ ਵਿੱਚ ਮਾਮਲਾ ਦਰਜ ਕਰਕੇ ਦੋਵਾਂ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਵਿਧਾਇਕ ਨੇ ਵੱਖ-ਵੱਖ ਸਕੂਲਾਂ 'ਚ ਵਿਕਾਸ ਪ੍ਰੋਜੈਕਟਾਂ ਦਾ ਕੀਤੇ ਉਦਘਾਟਨ

■ ਸਿੱਖਿਆ ਕ੍ਰਾਂਤੀ ਮੁਹਿੰਮ ਨੇ ਸੂਬੇ 'ਚ ਸਿੱਖਿਆ ਨੂੰ ਨਵੀਂ ਦਿਸ਼ਾ ਦਿੱਤੀ : ਡਿੰਪੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਏ ਜਾ ਰਹੀ ਸਿੱਖਿਆ ਕ੍ਰਾਂਤੀ ਮੁਹਿੰਮ ਨੇ ਸੂਬੇ ਭਰ ਵਿੱਚ ਸਿੱਖਿਆ ਨੂੰ ਨਵੀਂ ਦਿਸ਼ਾ ਦਿੱਤੀ ਹੈ।ਜਿੱਥੇ ਵਿਦਿਆਰਥੀਆਂ ਲਈ ਨਵੀਆਂ ਇਮਾਰਤਾਂ ਬਣਾਈ ਜਾ ਰਹੀਆਂ ਹਨ, ਉੱਥੇ ਨਾਲ ਹੀ ਪੁਰਾਣੀ ਖ਼ਰਾਬ ਹੋਈਆਂ ਇਮਾਰਤਾਂ ਦੀ ਵੀ ਮੁਰੰਮਤ ਕੀਤੀ ਜਾ ਰਹੀ ਹੈ।ਸ੍. ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਵੱਖ ਵੱਖ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਿੱਦੜਬਾਹਾ (ਮੁੰਡੇ) ਵਿਖੇ ਕੁੱਲ 8.13 ਲੱਖ ਦੇ ਕੰਮ ਕਰਵਾਏ ਗਏ।ਇਸ ਤਹਿਤ ਸਕੂਲੀ ਕਮਰਿਆਂ ਦੀ ਸੁੰਦਰਤਾ ਵਿੱਚ ਵਾਧਾ ਤੇ ਪਖਾਨੇ ਬਣਾਉਣ ਦਾ ਕੰਮ ਕਰਵਾਇਆ ਗਿਆ।ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਕੋਟਭਾਈ-2 ਵਿਖੇ 3.68 ਲੱਖ ਰੁਪਏ ਦੇ ਕੰਮ ਕਰਵਾਏ ਗਏ, ਜਿਸ ਤਹਿਤ ਬਾਥਰੂਮ ਤੇ ਚਾਰਦੀਵਾਰੀ ਦੇ ਕੰਮ ਕਰਵਾਏ ਗਏ।ਸਰਕਾਰੀ ਪ੍ਰਾਇਮਰੀ ਸਕੂਲ ਚੋਟੀਆਂ ਵਿਖੇ 8.64 ਲੱਖ ਦੀ ਲਾਗਤ ਨਾਲ ਕਲਾਸ ਰੂਮ ਤੇ ਬਾਥਰੂਮ ਬਣਾਏ ਗਏ।ਸਰਕਾਰੀ ਪ੍ਰਾਇਮਰੀ ਸਕੂਲ ਸਾਹਿਬ ਚੰਦ ਵਿਖੇ 1.60 ਲੱਖ ਰੁਪਏ ਦੀ ਲਾਗਤ ਨਾਲ ਇਕ ਸਪੋਰਟਸ ਟਰੈਕ ਬਣਾਇਆ ਗਿਆ।ਇਸੇ ਤਰ੍ਹਾਂ ਸਰਕਾਰੀ ਹਾਈ ਸਕੂਲ ਸਾਹਿਬ ਚੰਦ ਵਿਖੇ 7.51 ਲੱਖ ਦੀ ਲਾਗਤ ਨਾਲ ਇੱਕ ਕਲਾਸ ਰੂਮ ਦਾ ਕੰਮ ਕਰਵਾਇਆ ਗਿਆ।ਸਰਕਾਰੀ ਪ੍ਰਾਇਮਰੀ ਸਕੂਲ ਕੋਠੇ ਭਾਗ ਸਿੰਘ ਵਿਖੇ 41.80 ਲੱਖ ਰੁਪਏ ਦੀ ਲਾਗਤ ਨਾਲ ਪੰਜ ਕਲਾਸ ਰੂਮ, ਸਕੂਲ ਦੀ ਚਾਰਦੀਵਾਰੀ ਅਤੇ ਬਾਥਰੂਮ ਦਾ ਕੰਮ ਕਰਵਾਇਆ ਗਿਆ।ਸਰਕਾਰੀ ਹਾਈ ਸਕੂਲ ਧੂਲਕੋਟ 20 ਲੱਖ ਦੀ ਲਾਗਤ ਨਾਲ ਸਕੂਲ ਦੀ ਚਾਰਦੀਵਾਰੀ ਤੇ ਕਮਰਿਆਂ ਦੀ ਮੁਰੰਮਤ ਕਰਵਾਈ ਗਈ। ਡਿੰਪੀ ਢਿੱਲੋਂ ਨੇ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਗੂੜੀ ਸੰਘਰ ਦੇ ਦੋ ਕਲਾਸ ਰੂਮ, ਰਿਪੇਅਰ ਤੇ ਚਾਰਦੀਵਾਰੀ 'ਤੇ 28.84 ਲੱਖ ਰੁਪਏ ਖਰਚ ਕੀਤੇ ਗਏ।ਇਸੇ ਤਰ੍ਹਾਂ ਸਰਕਾਰੀ ਹਾਈ ਸਕੂਲ ਗੂੜੀ ਸੰਘਰ ਵਿਖੇ 26.32 ਲੱਖ ਦੀ ਲਾਗਤ ਨਾਲ ਸਾਇੰਸ ਲੈਬ, ਇੱਕ ਕਲਾਸ ਰੂਮ, ਚਾਰਦੀਵਾਰੀ ਤੇ ਬਾਥਰੂਮ ਬਣਾਏ ਗਏ।ਇਸ ਮੌਕੇ ਸ਼ਵਿੰਦਰ ਸਿੰਘ ਕੋਟਲੀ ਕੁਆਰਡੀਨੇਟਰ, ਗੁਰਪ੍ਰੀਤ ਸਿੰਘ ਕੁਆਰਡੀਨੇਟਰ, ਡੀ.ਪੀ.ਈ.ਓ ਬਲਵਿੰਦਰ ਸਿੰਘ ਤੇ ਮਨੋਜ ਕੁਮਾਰ ਬੇਦੀ ਹਾਜ਼ਰ ਸਨ।

## ਮਾਤਾ ਤ੍ਰਿਪਤਾ ਲਾਇਬ੍ਰੇਰੀ ਵੱਲੋਂ ਬੁੱਕ ਰੀਵਿਊ ਸੈਸ਼ਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ ਪ੍ਰਿੰਸੀਪਲ ਡਾ. ਸਰਬਜੀਤ ਕੌਰ ਦੀ ਯੋਗ ਅਗਵਾਈ ਵਿੱਚ ਮੈਡਮ ਅਮਨਦੀਪ ਕੌਰ ਲਾਇਬ੍ਰੇਰੀਅਨ ਦੁਆਰਾ ਬੁੱਕ ਰੀਵਿਊ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਡਾ. ਜਗਦੀਸ਼ ਕੁਮਾਰ ਹੈੱਡ ਡਿਪਾਰਟਮੈਂਟ ਆਫ ਹਿਸਟਰੀ ਵੱਲੋਂ ਯੁਵਲ ਨੂਆ ਹਰਾਰੀ ਦੀ ਪੁਸਤਕ 'ਨੈਕਸਸ' ਦਾ ਰੀਵਿਊ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਆਰਟੀਫਿਸ਼ੀਅਲ ਇੰਟੈਲੀਜੈਂਸ ਦੇ ਸੰਕਲਪ ਨੂੰ ਵੀ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਲਾਇਬ੍ਰੇਰੀਅਨ ਮੈਡਮ ਅਮਨਦੀਪ ਕੌਰ ਵੱਲੋਂ ਵਿਦਿਆਰਥੀਆਂ ਨੂੰ ਆਧੁਨਿਕ ਟੈਕਨੋਲੋਜੀ ਦੇ ਨਾਲ ਨਾਲ ਕਿਤਾਬਾਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ ਤੇ ਕਾਲਜ ਦੀ ਲਾਇਬ੍ਰੇਰੀ ਦੀ ਸੁਯੋਗ ਵਰਤੋਂ ਕਰਨ ਵਾਲੇ ਦੋ ਵਿਦਿਆਰਥੀਆਂ ਸ਼ਿਵਜੀਤ ਸਿੰਘ ਤੇ ਜਸਪ੍ਰੀਤ ਕੌਰ ਨੂੰ ਮਾਰਚ ਮਹੀਨੇ ਦੇ 'ਬੈਸਟ ਰੀਡਰ' ਚੁਣਿਆ ਗਿਆ। ਸਮਾਗਮ ਦੇ ਅੰਤ ਵਿੱਚ ਕਾਲਜ ਦੇ ਵਧੀਕ ਸਕੱਤਰ ਮਨਜੀਤ ਸਿੰਘ ਬਰਕੰਦੀ ਤੇ ਪ੍ਰਿੰਸੀਪਲ ਡਾ. ਸਰਬਜੀਤ ਕੌਰ ਵੱਲੋਂ ਚੁਣੇ ਹੋਏ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਮੈਡਮ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਨਾਲ ਜੁੜੇ ਰਹਿਣ ਤੇ ਕਿਤਾਬਾਂ ਦੇ ਮਹੱਤਵ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਕਾਮਯਾਬੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਜੇਲ੍ਹ 'ਚੋਂ ਰਿਹਾਅ ਹੋਣ 'ਤੇ ਧਰਮਸੋਤ ਦਾ ਭਰਵਾਂ ਸਵਾਗਤ



**ਨਾਭਾ (ਵਰਿੰਦਰ ਵਰਮਾ)**-ਪਿਛਲੇ ਲੰਮੇ ਸਮੇਂ ਤੋਂ ਨਾਭਾ ਦੀ ਨਵੀਂ ਜ਼ਿਲ੍ਹਾ ਜੇਲ੍ਹ 'ਚ ਬੰਦ ਆਮਦਨ ਤੋਂ ਵੱਧ ਜਾਇਦਾਦ ਮਾਮਲੇ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਸਾਬਕਾ ਕੈਬਨਿਟ ਮੰਤਰੀ ਮੰਤਰੀ ਸਾਧੂ ਸਿੰਘ ਧਰਮਸੋਤ ਨੂੰ ਪਿਛਲੇ ਦਿਨ ਅੰਤ੍ਰਿਮ ਜਮਾਨਤ ਦੇ ਦਿੱਤੀ ਗਈ ਸੀ, ਜੋ ਅੱਜ ਦੇਰ ਸ਼ਾਮ 6 ਵਜੇ 10 ਮਿੰਟ ਤੇ ਜੇਲ੍ਹ ਤੋਂ ਬਾਹਰ ਆ ਗਏ ਹਨ। ਜੇਲ੍ਹ ਦੇ ਬਾਹਰ ਕਾਂਗਰਸੀ ਵਰਕਰਾਂ ਵੱਲੋਂ ਇਕੱਠੇ ਹੋ ਕੇ ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ ਦਾ ਭਰਵਾਂ ਸਵਾਗਤ ਕੀਤਾ ਗਿਆ। ਜੇਲ੍ਹ ਦੇ ਬਾਹਰ ਖੜੇ ਕਾਂਗਰਸੀ ਵਰਕਰਾਂ ਦਾ ਧੰਨਵਾਦ ਕਰਦੇ ਹੋਏ ਸਾਧੂ ਸਿੰਘ ਧਰਮਸੋਤ ਨੇ ਕਿਹਾ ਕਿ ਉਨ੍ਹਾਂ ਨੂੰ ਦੇਸ਼ ਦੇ ਕਾਨੂੰਨ ਉਪਰ ਪੂਰਨ ਭਰੋਸਾ ਹੈ ਤੇ ਉਹ ਪਾਕ ਸਾਫ ਹੋ ਕੇ ਹੀ ਇਸ ਕੇਸ 'ਚੋਂ ਬਰੀ ਹੋਣਗੇ। ਇਸ ਮੌਕੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਦੁਲੱਦੀ, ਸਾਬਕਾ ਚੇਅਰਮੈਨ ਇੱਛੀਆਮਾਨ ਸਿੰਘ ਭੋਜੋਮਾਜਰੀ, ਗੌਰਵ ਗਾਬਾ ਸੀਈਓ ਹੀਰਾ ਆਟੋ ਮੋਬਾਈਲਜ਼, ਸਾਬਕਾ ਚੇਅਰਮੈਨ ਹਰਦੇਵ ਸਿੰਘ ਅਗੇਤੀ, ਸਾਬਕਾ ਪ੍ਰਧਾਨ ਗੁਰਬਖਸੀਸ ਸਿੰਘ ਭੱਟੀ, ਸਾਬਕਾ ਪ੍ਰਧਾਨ ਚੁੰਨੀ ਲਾਲ, ਮਨਜਿੰਦਰ ਸਿੰਘ ਜਿੰਦਰੀ, ਸਰਪੰਚ ਗੁਰਜੰਟ ਸਿੰਘ ਦੁਲੱਦੀ ਤੋਂ ਇਲਾਵਾ ਹੋਰ ਕਾਂਗਰਸੀ ਆਗੂ ਤੇ ਅਹੁਦੇਦਾਰ ਮੌਜੂਦ ਸਨ।

## ਰੋਟਰੀ ਕਲੱਬ ਰੋਇਲ ਨੇ ਦਿੱਤੀ ਦੋ ਵਿਦਿਆਰਥਣਾਂ ਦੀ ਫੀਸ

**ਪਾਤੜਾਂ (ਨਿਸਾਨ ਸਿੰਘ ਬਣਵਾਲਾ)**-ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਰੋਇਲ ਵੱਲੋਂ ਪਬਲਿਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀਆਂ ਦੋ ਵਿਦਿਆਰਥਣਾਂ ਦੀ ਸਾਲਾਨਾ ਫੀਸ ਤੇ ਕਾਪੀ ਕਿਤਾਬਾਂ ਦੀ ਸਟੇਸ਼ਨਰੀ ਦਿੱਤੀ ਗਈ। ਇਸ ਦੌਰਾਨ ਰੋਟਰੀ ਕਲੱਬ ਰੋਇਲ ਪਾਤੜਾਂ ਦੇ ਪ੍ਰਧਾਨ ਕਪਿਲ ਕੌਸ਼ਲ ਮਲਿਕ ਨੇ ਦੱਸਿਆ ਕਿ ਰੋਟਰੀ ਇੰਟਰਨੈਸ਼ਨਲ ਦੇ ਮੁੱਖ ਉਦੇਸ਼ਾਂ ਵਿੱਚੋਂ ਇੱਕ ਮੁੱਖ ਉਦੇਸ਼ ਬੁਨਿਆਦੀ ਸਿੱਖਿਆ ਤੇ ਸਾਖਰਤਾ ਦੇ ਤਹਿਤ ਅੱਜ ਸਾਡੇ ਕਲੱਬ ਵੱਲੋਂ ਪਬਲਿਕ ਗਰਲਜ਼ ਸਕੂਲ ਪਾਤੜਾਂ ਵਿਖੇ ਦੋ ਵਿਦਿਆਰਥਣਾਂ ਦੀ ਸਾਲਾਨਾ ਫੀਸ ਦਿੱਤੀ ਗਈ ਅਤੇ ਕਿਹਾ ਕਿ ਰੋਟਰੀ ਕਲੱਬ ਰੋਇਲ ਹਰ ਸਮੇਂ ਸਮਾਜ ਭਲਾਈ ਦੇ ਕੰਮਾਂ ਲਈ ਤਿਆਰ ਰਹਿੰਦਾ ਹੈ। ਇਸ ਮੌਕੇ ਕੁਨਾਲ ਗੋਇਲ ਸੈਕਟਰੀ, ਅਰੁਣ ਸਿੰਗਲਾ ਕੈਸ਼ੀਅਰ, ਰਾਕੇਸ਼ ਗਰਗ ਚੇਅਰਮੈਨ ਮਦਰ ਇੰਡੀਆ, ਨਾਰਾਇਣ ਗਰਗ, ਅਸ਼ੋਕ ਗਰਗ, ਹਰਮੇਸ਼ ਮੇਸ਼ੀ, ਨਾਰਾਇਣ ਦਾਸ, ਭਾਰਤ ਭੂਸ਼ਣ, ਰਾਜਿੰਦਰ ਬੰਸਲ,



ਅਮਿਤ ਗੁਪਤਾ, ਰਾਕੇਸ਼ ਸਿੰਗਲਾ ਚੇਅਰਮੈਨ ਗੁਰੂਕੁਲ ਸਕੂਲ, ਡਾ. ਅਮਨ ਸ਼ਰਮਾ, ਰਕੇਸ਼ ਬੱਬਲ, ਗੋਬਿੰਦ ਸਿੰਘ ਵਿਰਦੀ, ਬ੍ਰਿਜ ਲਾਲ, ਵਿਸ਼ਾਲ ਗੋਇਲ, ਸੁਨੀਲ ਮਿੱਤਲ, ਦੀਪਕ ਕੁਮਾਰ, ਮਿੰਕਲ ਗਰਗ, ਯੋਗੇਸ਼ ਗਰਗ ਆਦਿ ਮੈਂਬਰ ਹਾਜ਼ਰ ਸਨ।

## ਹੈਰੋਇਨ ਸਮੇਤ 3 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਵੱਖ ਵੱਖ ਥਾਵਾਂ ਤੋਂ ਤਿੰਨ ਵਿਅਕਤੀਆਂ ਨੂੰ 13 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲੇ ਦਰਜ ਕੀਤੇ ਹਨ।

ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਪਰਮਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਸਬੰਧੀ ਟੀ ਬੀ ਹਸਪਤਾਲ ਦੀ ਬੈਕਸਾਈਡ ਪੁੱਜੀ ਤਾਂ ਸਾਹਮਣੇ ਤੋਂ ਦੋ ਮੋਨੇ ਨੌਜਵਾਨ ਸਚਿਨ ਪੁੱਤਰ ਰਾਜੇਸ਼ ਵਾਲੀ ਗਲੀ ਨੰਬਰ 3 ਭਾਰਤ ਨਗਰ ਫਿਰੋਜ਼ਪੁਰ ਸ਼ਹਿਰ ਤੇ ਰੋਹਿਤ ਪੁੱਤਰ ਜੋਗਿੰਦਰ ਵਾਸੀ ਬਸਤੀ ਸ਼ੇਖਾਂ ਵਾਲੀ ਫਿਰੋਜ਼ਪੁਰ ਸ਼ਹਿਰ ਪੈਦਲ ਆਉਂਦੇ ਵਿਖਾਈ ਦਿੱਤੇ, ਜੋ ਪੁਲਸ ਪਾਰਟੀ ਨੂੰ ਵੇਖ ਕੇ ਹੱਥ ਵਿੱਚ ਫੜਿਆ ਮੋਮੀ ਲਿਫਾਫਾ ਸੁੱਟ ਦਿੱਤਾ। ਪੁਲਸ ਨੇ ਦੱਸਿਆ ਕਿ ਦੋਸ਼ੀਆਨ ਨੂੰ ਕਾਬੂ ਕਰਕੇ ਸੁੱਟੇ ਗਏ ਮੋਮੀ ਲਿਫਾਫਾ ਨੂੰ ਚੈੱਕ ਕੀਤਾ, ਜਿਸ ਵਿੱਚ ਸਮੇਤ ਪਾਰਦਰਸ਼ੀ ਲਿਫਾਫਾ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸੇ ਹੀ ਥਾਣੇ ਦੇ ਇੰਸਪੈਕਟਰ ਹਰਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਨਜ਼ਦੀਕ ਜ਼ੀਰਾ ਗੇਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਜੋਗਿੰਦਰ ਸਿੰਘ ਉਰਫ ਲਾਲੂ ਪੁੱਤਰ ਬਾਜ ਸਿੰਘ ਵਾਸੀ ਹੀਰਾ ਨਗਰ ਫਿਰੋਜ਼ਪੁਰ ਸ਼ਹਿਰ ਜੋ ਹੈਰੋਇਨ ਪੀਣ ਤੇ ਵੇਚਣ ਦਾ ਆਦੀ ਹੈ, ਅੱਜ ਵੀ ਬਾਹਰੋਂ ਹੈਰੋਇਨ ਲਿਆ ਕੇ ਜ਼ਿਲ੍ਹਾ ਸਿੱਖਿਆ ਸਿਖਲਾਈ ਸੰਸਥਾ ਦੁਲਚੀ ਕੇ ਰੋਡ ਫਿਰੋਜ਼ਪੁਰ ਸ਼ਹਿਰ ਦੀ ਕੰਧ ਨਾਲ ਬੈਠ ਕੇ ਵੇਚ ਰਿਹਾ ਹੈ। ਪੁਲਸ ਪਾਰਟੀ ਨੇ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀ ਜੋਗਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 9 ਗ੍ਰਾਮ ਹੈਰੋਇਨ ਬਰਾਮਦ ਕੀਤੀ।

## ਗਰਮੀਆਂ 'ਚ ਘਰੇਲੂ ਖਪਤਕਾਰਾਂ ਨੂੰ ਵੀ ਮਿਲੇਗੀ ਨਿਰਵਿਘਨ ਬਿਜਲੀ : ਬਿਜਲੀ ਮੰਤਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐਸ ਪੀ ਸੀ ਐੱਲ) ਵੱਲੋਂ ਇਸ ਸਾਲ ਦੇ ਝੋਨੇ ਦੇ ਸੀਜ਼ਨ ਲਈ ਬਿਜਲੀ ਦੀ ਮੰਗ ਤੇ ਸਪਲਾਈ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈ ਹਨ।ਇਹ ਜਾਣਕਾਰੀ ਇੱਥੇ ਪੀ.ਐੱਸ.ਪੀ.ਸੀ.ਐੱਲ. ਦੇ ਸੀ.ਐੱਮ.ਡੀ. ਸ੍ਰੀ ਅਜੋਏ ਸਿਨਹਾ ਤੇ ਸਾਰੇ ਡਾਇਰੈਕਟਰਜ਼ ਤੇ ਚੀਫ਼ ਇੰਜੀਨੀਅਰਾਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਉਪਰੰਤ ਸੂਬੇ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ. ਟੀ. ਓ. ਵੱਲੋਂ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਝੋਨੇ ਦੇ ਇਸ ਸੀਜ਼ਨ ਦੌਰਾਨ ਲਗਭਗ 17 ਹਜ਼ਾਰ ਮੈਗਾਵਾਟ ਬਿਜਲੀ ਦੀ ਜ਼ਰੂਰਤ ਪਵੇਗੀ, ਜਿਸ ਲਈ ਪੀ.ਐੱਸ.ਪੀ.ਸੀ.ਐੱਲ. ਵੱਲੋਂ ਅਗਾਊਂ ਪ੍ਰਬੰਧ ਕਰ ਲਏ ਹਨ।ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਗਰਮੀ ਦੇ ਮੌਸਮ ਦੌਰਾਨ ਘਰੇਲੂ ਖਪਤਕਾਰਾਂ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਸਾਰੇ ਪ੍ਰਬੰਧ ਕਰ ਲਏ ਗਏ ਹਨ।ਸ੍. ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਜਿਵੇਂ ਬੀਤੇ ਤਿੰਨ ਸਾਲਾਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ



ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਬਿਜਲੀ ਖਪਤਕਾਰਾਂ ਨੂੰ ਨਿਰਵਿਘਨ ਸਪਲਾਈ ਮੁੱਹਈਆ ਕਰਵਾਈ ਹੈ, ਉਸੇ ਤਰ੍ਹਾਂ ਇਸ ਵਰ੍ਹੇ ਵੀ ਸਪਲਾਈ ਮੁਹੱਈਆ ਕਰਵਾਈ ਜਾਵੇਗੀ।ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਪੀ ਐੱਸ ਪੀ ਸੀ ਐੱਲ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਠਿੰਡਾ ਥਰਮਲ ਪਲਾਂਟ ਤੇ ਗੁਰੂ ਅਮਰਦਾਸ ਥਰਮਲ ਪਲਾਂਟ, ਜਿਸ ਦਾ ਪਹਿਲਾਂ ਨਾਮ ਜੀ.ਵੀ.ਕੇ. ਥਰਮਲ ਪਲਾਂਟ ਸੀ, ਦਾ ਸਰਵੇ ਕਰਵਾਇਆ ਜਾਵੇ। ਇਸ ਤੋਂ ਇਲਾਵਾ ਪੀ.ਐੱਸ.ਪੀ.ਸੀ.ਐੱਲ. ਕੋਲ ਪਈ ਸਰਪਲੱਸ ਜ਼ਮੀਨ 'ਤੇ ਸੋਲਰ ਪਾਵਰ ਪਲਾਂਟ ਲਗਾਉਣ ਲਈ ਸੰਭਾਵਨਾਵਾਂ ਤਲਾਸ਼ਣ ਦੇ ਵੀ ਹੁਕਮ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਸੂਬੇ ਵਿੱਚ ਕਿਸੇ ਵੀ ਟਰਾਂਸਫਾਰਮਰ ਨੂੰ ਓਵਰਲੋਡ ਨਾ ਰਹਿਣ ਦਿੱਤਾ ਜਾਵੇ।ਸ੍. ਹਰਭਜਨ ਸਿੰਘ ਈ ਟੀ ਓ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਸੂਬੇ ਵਿੱਚ ਅਗਲੇ 10 ਸਾਲਾਂ ਵਿੱਚ ਪੈਦਾ ਹੋਣ ਵਾਲੀ ਬਿਜਲੀ ਦੀ ਮੰਗ ਦੀ ਪੂਰਤੀ ਲਈ ਹੁਣ ਤੋਂ ਹੀ ਤਿਆਰੀਆਂ ਸ਼ੁਰੂ ਕੀਤੀਆਂ ਜਾਣ ਤੋਂ ਜੋ ਉਸ ਮੰਗ ਅਨੁਸਾਰ ਸਮਾਂ ਰਹਿੰਦਿਆਂ ਪ੍ਰਬੰਧ ਕਰ ਲਏ ਜਾਣ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੀ ਐੱਸ ਪੀ ਸੀ ਐੱਲ ਦੇ ਕਰਮਚਾਰੀਆਂ ਦੀਆਂ ਬਦਲੀਆਂ ਸਬੰਧੀ ਵੀ ਪਾਲਿਸੀ ਤਿਆਰ ਕੀਤੀ ਜਾਵੇ।

## ਦਾਸ ਐਂਡ ਬ੍ਰਾਊਨ ਸਕੂਲ ਵਿਖੇ ਅੱਖਾਂ ਦਾ ਚੈੱਕਅੱਪ ਕੈਂਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕਮਿਊਨਿਟੀ ਆਊਟਰੀਚ ਪ੍ਰੋਗਰਾਮ ਦੇ ਤਹਿ, ਦਾਸ ਐਂਡ ਬ੍ਰਾਊਨ ਵਰਲਡ ਸਕੂਲ ਵਿਖੇ ਅੱਖਾਂ ਦੀ ਜਾਂਚ ਕੈਂਪ ਲਗਾਇਆ ਗਿਆ, ਜਿਸ ਵਿੱਚ 200 ਤੋਂ ਵੱਧ ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ।ਰਾਧੇ-ਰਾਧੇ ਵੈੱਲਫੇਅਰ ਸੋਸਾਇਟੀ ਦੇ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਵਿੱਚ, ਸ਼ੰਕਰਾ ਹਸਪਤਾਲ ਦੀ ਟੀਮ ਦੇ ਮੈਂਬਰ ਡਾ. ਮੋਨਿਕਾ ਸਿੰਘ ਤੇ ਡਾ. ਸ਼ਿਵਮ ਨੇ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਦੇ ਹੋਏ ਸਾਰਿਆਂ ਨੂੰ ਅੱਖਾਂ ਦੀ ਦੇਖ-ਭਾਲ ਦਾ ਸੰਦੇਸ਼ ਵੀ ਦਿੱਤਾ।ਉਨ੍ਹਾਂ ਕਿਹਾ ਕਿ ਅੱਖਾਂ ਰਾਹੀਂ ਅਸੀਂ ਪੂਰੀ ਦੁਨੀਆਂ ਨੂੰ ਦੇਖ ਸਕਦੇ ਹਾਂ।ਧੁੱਪ ਵਿੱਚ ਧੁੱਪ ਵਾਲੇ ਗਲਾਸ ਦੀ ਵਰਤੋਂ ਕਰਨ ਤੋਂ ਇਲਾਵਾ, ਸਾਰਿਆਂ ਨੂੰ ਸਵੇਰੇ-ਸ਼ਾਮ ਅੱਖਾਂ ਵਿੱਚ ਤਾਜ਼ੇ ਪਾਣੀ ਦੇ ਛਿੱਟੇ ਮਾਰਨੇ ਚਾਹੀਦੇ ਹਨ।ਕੈਂਪ ਦਾ ਉਦਘਾਟਨ ਪ੍ਰਿੰਸੀਪਲ ਡਾ. ਰਾਜੇਸ਼ ਚੰਦੇਲ ਤੇ ਚੰਦਰ ਮੋਹਨ ਹਾਂਡਾ ਸਮੇਤ ਹੋਰ ਅਧਿਕਾਰੀਆਂ ਨੇ ਦੀਪ ਜਗਾ ਕੇ ਕੀਤਾ ਤੇ ਸਾਰੇ ਮਰੀਜ਼ਾਂ ਦੀ ਜਲਦੀ ਸਿਹਤਯਾਬੀ ਦੀ ਕਾਮਨਾ ਕੀਤੀ ਗਈ।ਰਾਧੇ-ਰਾਧੇ ਵੈੱਲਫੇਅਰ ਸੋਸਾਇਟੀ ਦੇ ਅਧਿਕਾਰੀ ਚੰਦਰ



ਮੋਹਨ ਹਾਂਡਾ ਉਰਫ਼ ਲਾਲੋ ਨੇ ਕਿਹਾ ਕਿ ਉਨ੍ਹਾਂ ਦੀ ਸੋਸਾਇਟੀ ਸਿਹਤ ਦੇ ਖੇਤਰ ਵਿੱਚ ਕੰਮ ਕਰਦੀ ਹੈ।ਉਨ੍ਹਾਂ ਕਿਹਾ ਕਿ ਕੈਂਪ ਵਿੱਚ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦੇਣ ਤੋਂ ਇਲਾਵਾ, 32 ਮਰੀਜ਼ਾਂ ਨੂੰ ਆਪ੍ਰੇਸ਼ਨ ਲਈ ਚੁਣਿਆ ਗਿਆ ਹੈ, ਜਿਨ੍ਹਾਂ ਦਾ ਆਪ੍ਰੇਸ਼ਨ ਸੁਸਾਇਟੀ ਵੱਲੋਂ ਬਿਲਕੁਲ ਮੁਫ਼ਤ ਕੀਤਾ ਜਾਵੇਗਾ।ਪ੍ਰਿੰਸੀਪਲ ਰਾਜੇਸ਼ ਚੰਦੇਲ ਨੇ ਕਿਹਾ ਕਿ ਸਕੂਲ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਸਮਾਜ ਸੇਵਾ ਗਤੀਵਿਧੀਆਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ ਤਾਂ ਜੋ ਲੋੜਵੰਦਾਂ ਦੀ ਮਦਦ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਵਿੱਚ ਸਮਾਜ ਸੇਵਾ ਦੀ ਭਾਵਨਾ ਵੀ ਭਰੀ ਜਾ ਸਕੇ।ਇਸ ਮੌਕੇ ਚੰਦਰ ਮੋਹਨ ਹਾਂਡਾ, ਸੁਭਾਸ਼ ਬਜਾਜ, ਜੋਗਿੰਦਰ ਸਿੰਘ, ਵਿਨੋਦ ਮਲਹੋਤਰਾ, ਰਾਧੇ-ਰਾਧੇ ਵੈੱਲਫੇਅਰ ਸੁਸਾਇਟੀ ਦੇ ਵਿਕਾਸ ਤੋਂ ਇਲਾਵਾ ਸ਼ੰਕਰਾ ਹਸਪਤਾਲ ਦੇ ਸਟਾਫ ਮੈਂਬਰ ਦਿਲਰਾਜ ਸਿੰਘ, ਗੁਰਪ੍ਰੀਤ ਸਿੰਘ, ਅਰਪਿਤਾ, ਆਦਰਸ਼ ਆਦਿ ਹਾਜ਼ਰ ਸਨ।

## ਦਾਣਾ ਮੰਡੀ ਟਾਂਡਾ 'ਚ ਕਣਕ ਦੀ ਖਰੀਦ ਦਾ ਉਦਘਾਟਨ



ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)- ਪੰਜਾਬ ਦੇ ਕਿਸਾਨਾਂ ਨੂੰ ਪਿਛਲੇ ਸਾਲ ਦੀ ਤਰ੍ਹਾਂ ਮੰਡੀਆਂ ਵਿੱਚ ਕਣਕ ਦੀ ਖਰੀਦ ਦੌਰਾਨ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਕਰਨਾ ਨਹੀਂ ਪਵੇਗਾ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪੰਜਾਬ ਮੰਡੀ ਬੋਰਡ ਅਧੀਨ ਆਉਂਦੀ ਦਾਣਾ ਮੰਡੀ ਟਾਂਡਾ ਵਿਖੇ ਕਣਕ ਦੀ ਸਰਕਾਰੀ ਖਰੀਦ ਦਾ ਉਦਘਾਟਨ ਕਰਨ ਸਮੇਂ ਕੀਤਾ। ਇਸ ਮੌਕੇ ਉਹਨਾਂ ਨਾਲ ਆਮ ਆਦਮੀ ਪਾਰਟੀ ਦੇ ਸੂਬਾ ਸੰਯੁਕਤ ਸਕੱਤਰ ਰਾਜਾ ਸੁਖਵਿੰਦਰ ਸਿੰਘ ਕੋਟਲਾ, ਸੈਕਟਰੀ ਮਾਰਕੀਟ ਕਮੇਟੀ ਟਾਂਡਾ ਹਰਪ੍ਰੀਤ ਸਿੰਘ ਜੌਹਲ, ਸਰਪੰਚ ਮਨਪ੍ਰੀਤ ਸਿੰਘ ਨਰਵਾਲ, ਆੜਤੀ ਐਸੋਸੀਏਸਨ ਟਾਂਡਾ ਦੇ ਪ੍ਰਧਾਨ ਅਵਤਾਰ ਸਿੰਘ ਸੈਣੀ ਵੀ ਮੌਜੂਦ ਸਨ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਇਸ ਸੀਜਨ ਕਣਕ ਦੀ ਖਰੀਦ ਵਾਸਤੇ ਸਮੁੱਚੇ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ। ਮਾਰਕੀਟ ਕਮੇਟੀ ਟਾਂਡਾ ਦੇ ਸੈਕਟਰੀ ਹਰਪ੍ਰੀਤ ਸਿੰਘ ਜੌਹਰ ਨੇ ਦੱਸਿਆ ਕਿ ਦਾਣਾ ਮੰਡੀ ਟਾਂਡਾ ਤੋਂ ਇਲਾਵਾ ਇਸ ਦੀਆਂ ਸਹਾਇਕ ਮੰਡੀਆਂ ਜਿਵੇਂ ਕਿ ਨੱਥੂਪੁਰ, ਜਲਾਲਪੁਰ ਘੋੜਾਵਾਹਾ, ਖੋਖਰ,ਕੰਧਾਲਾ ਜੱਟਾਂ, ਕੰਧਾਲਾ ਸੇਖਾਂ, ਮਿਆਣੀ ਵਿੱਚ ਅਜੇ ਤੱਕ ਕਣਕ ਦੀ ਆਮਦ ਰਫਤਾਰ ਵਿੱਚ ਹੈ ਆਉਣ ਵਾਲੇ ਦਿਨਾਂ ਵਿੱਚ ਇਹ ਰਫਤਾਰ ਤੇਜ ਹੋਣ ਦੀ ਉਮੀਦ ਹੈ। ਮੰਡੀ ਸੁਪਰਵਾਈਜਰ ਅਮਰਜੀਤ ਸਿੰਘ ਜੋਨੀ ਨੇ ਦੱਸਿਆ ਕਿ ਕਣਕ ਦੇ ਇਸ ਸੀਜਨ ਦੌਰਾਨ ਪਨਸਪ ਪਨਗਰੇਨ ਮਾਰਕਫੈਡ ਅਤੇ ਐਫ.ਸੀ.ਆਈ ਏਜੰਸੀਆਂ ਖਰੀਦ ਕਰ ਰਹੀਆਂ ਹਨ । ਇਸ ਮੌਕੇ ਸੁਖਵਿੰਦਰਜੀਤ ਸਿੰਘ ਬੀਰਾ, ਅੰਕੁਸ਼ ਗੌਤਮ ਨਿਸ਼ਾਂਤ ਬਹਲ ਸੈਂਟੀ ਕਲਿਆਨ, ਇੰਸਪੈਕਟਰ ਨਵਨੀਤ ਸਿੰਘ, ਇੰਸਪੈਕਟਰ ਹਰਮੀਤ ਸਿੰਘ, ਇੰਸਪੈਕਟਰ ਗੁਰਜੀਤ ਸਿੰਘ, ਇੰਸਪੈਕਟਰ ਸਤਪਾਲ ਸਿੰਘ, ਇੰਸਪੈਕਟਰ ਬਲਦੇਵ ਸਿੰਘ , ਪ੍ਰੇਮ ਪਡਵਾਲ, ਸੁਰਿੰਦਰਜੀਤ ਭਾਟੀਆ, ਬਲਜੀਤ ਸੈਣੀ, ਬੋਬੀ ਬਹਿਲ, ਨਰੇਸ਼ ਜੈਨ, ਰਾਕੇਸ਼ ਕੁਮਾਰ ਵੀ ਮੌਜੂਦ ਸਨ।

## ਸ਼੍ਰੀ ਹਨੂੰਮਾਨ ਇੰਸਟੀਚਿਊਟ ਵਿਖੇ ਮਨਾਇਆ ਅੱਗ ਸੁਰੱਖਿਆ ਹਫ਼ਤਾ

ਗੁਰਾਇਆ (ਬਿੰਦਰ ਸੁਮਨ) ਸ਼੍ਰੀ ਹਨੂੰਮਾਨ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਵਿਖੇ ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਦੀ ਨਿਗਰਾਨੀ ਹੇਠ ਅੱਗ ਸੁਰੱਖਿਆ (ਫਾਇਰ ਸੇਫਟੀ) ਹਫ਼ਤੇ ਦੇ ਸਬੰਧ 'ਚ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਦੌਰਾਨ ਸੁਖਵਿੰਦਰ ਸਿੰਘ, ਫਾਇਰ ਐਂਡ ਸੇਫਟੀ ਅਫਸਰ, ਫਗਵਾੜਾ ਮੁੱਖ ਬੁਲਾਰੇ ਵਜੋਂ ਮੌਜੂਦ ਰਹੇ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਵਿਦਿਆਰਥੀਆਂ ਅਤੇ ਕਾਲਜ ਸਟਾਫ਼ ਨੂੰ ਦੱਸਿਆ ਕਿ ਅੱਗ ਸੁਰੱਖਿਆ ਤੋਂ ਭਾਵ ਅੱਗ ਲੱਗਣ ਨੂੰ ਰੋਕਣ, ਅੱਗ ਨਾਲ ਸਬੰਧਤ ਹਾਦਸਿਆਂ ਦੇ ਜੋਖਮ ਨੂੰ ਘਟਾਉਣ ਅਤੇ ਅੱਗ ਲੱਗਣ ਦੀ ਸਥਿਤੀ ਵਿੱਚ ਵਿਅਕਤੀਆਂ ਅਤੇ ਜਾਇਦਾਦ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਰਤੀਆਂ ਜਾਂਦੀਆਂ ਸਾਵਧਾਨੀਆਂ, ਪ੍ਰਕਿਰਿਆਵਾਂ ਅਤੇ ਉਪਾਅ ਹੈ। ਉਨ੍ਹਾਂ ਘਰਾਂ, ਫੈਕਟਰੀਆਂ, ਵੱਡੀਆਂ ਕਾਰੋਬਾਰੀ ਇਮਾਰਤਾਂ, ਸਕੂਲਾਂ, ਕਾਲਜਾਂ ਅਤੇ ਦਫ਼ਤਰਾਂ ਵਿੱਚ ਸਮੋਕ (ਧੂਆਂ) ਡਿਟੈਕਟਰ ਲਗਾਉਣ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਸੁਰੱਖਿਆ ਉਪਾਅ ਕਰਨਾ ਹਮੇਸ਼ਾ ਬਿਹਤਰ ਹੁੰਦਾ ਹੈ। ਇਸ ਲਈ, ਇਮਾਰਤ ਵਿੱਚ ਲਗਾਏ ਗਏ ਅੱਗ ਬੁਝਾਊ ਯੰਤਰਾਂ, ਧੂੰਏਂ ਦੇ ਅਲਾਰਮ, ਪਾਣੀ ਦੇ ਸਰੋਤ, ਜਨਤਕ ਘੋਸ਼ਣਾ ਪ੍ਰਣਾਲੀ ਅਤੇ ਅੱਗ ਬੁਝਾਉਣ ਵਾਲੇ ਯੰਤਰਾਂ ਦੀ ਨਿਯਮਤ ਅੰਤਰਾਲਾਂ 'ਤੇ ਜਾਂਚ ਕੀਤੀ ਜਾਣੀ ਚਾਹੀਦੀ ਹੈ। ਬਿਜਲੀ ਦੇ ਉਪਕਰਨਾਂ, ਖਾਣਾ ਪਕਾਉਣ ਦੇ ਉਪਕਰਣਾਂ ਅਤੇ ਹੋਰ ਅਜਿਹੇ ਯੰਤਰਾਂ ਦੀ ਵਰਤੋਂ ਕਰਦੇ ਸਮੇਂ ਸੁਰੱਖਿਆ ਸੁਝਾਵਾਂ ਅਤੇ ਪ੍ਰੋਟੋਕੋਲ ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ ਜੋ ਅੱਗ ਦਾ ਖ਼ਤਰਾ ਪੈਦਾ ਕਰ ਸਕਦੇ ਹਨ। ਨੁਕਸਦਾਰ ਤਾਰਾਂ, ਓਵਰਲੋਡ ਸਰਕਟ, ਖਰਾਬ ਬਿਜਲੀ ਦੀਆਂ ਤਾਰਾਂ ਅਤੇ ਨੁਕਸਦਾਰ ਬਿਜਲੀ ਉਪਕਰਣ ਭਿਆਨਕ ਅੱਗ ਦਾ ਕਾਰਨ ਬਣ ਸਕਦੇ ਹਨ। ਅਜਿਹੀ ਐਮਰਜੈਂਸੀ ਸਥਿਤੀ ਵਿੱਚ, ਪਹਿਲਾਂ ਦੂਜਿਆਂ ਨੂੰ ਸੁਚੇਤ ਕਰੋ ਅਤੇ ਸੁਰੱਖਿਅਤ ਬਾਹਰ ਨਿਕਲੋ। ਜੇਕਰ ਦਰਵਾਜ਼ਾ ਗਰਮ ਮਹਿਸੂਸ ਹੁੰਦਾ ਹੈ, ਤਾਂ ਇਸਨੂੰ ਨਾ ਖੋਲ੍ਹੋ ਕਿਉਂਕਿ ਇਹ ਦੂਜੇ ਪਾਸੇ ਅੱਗ ਲੱਗਣ ਦਾ ਸੰਕੇਤ ਹੋ ਸਕਦਾ ਹੈ। ਜੇ ਜ਼ਰੂਰੀ ਹੋਵੇ, ਤਾਂ ਹੇਠਾਂ ਰੇਂਗੋ ਅਤੇ ਜ਼ਮੀਨ ਦੇ ਨੇੜੇ ਰਹੋ ਜਿੱਥੇ ਹਵਾ ਘੱਟ ਜ਼ਹਿਰੀਲੀ ਹੋਵੇ। ਧੂੰਏਂ ਅਤੇ ਜ਼ਹਿਰੀਲੀਆਂ ਗੈਸਾਂ ਤੋਂ ਬਚਣ ਲਈ ਆਪਣੇ ਹੱਥਾਂ ਅਤੇ ਗੋਡਿਆਂ ਦੇ ਭਾਰ ਰੇਂਗੋ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ, ਤੁਰੰਤ ਫਾਇਰ ਵਿਭਾਗ ਨੂੰ ਵੀ ਸੂਚਿਤ ਕੀਤਾ ਜਾਣਾ ਚਾਹੀਦਾ ਹੈ।





## ਅਖੌਤੀ ਸਿੱਖਿਆ ਕ੍ਰਾਂਤੀ ਵਿਰੁੱਧ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਪ੍ਰਦਰਸ਼ਨ




ਗੁਰਾਇਆ, ਫਿਲੌਰ (ਬਿੰਦਰ ਸੁਮਨ, ਨਿਰਮਲ) ਸੂਬੇ ਭਰ ਦੇ ਸਕੂਲਾਂ ਵਿੱਚ ਅਖੌਤੀ ਸਿੱਖਿਆ ਕ੍ਰਾਂਤੀ ਦੇ ਨਾਂਅ ਹੇਠ ਨੀਂਹ ਪੱਥਰਾਂ ਅਤੇ ਉਦਘਾਟਨੀ ਸਮਾਰੋਹਾਂ ਦੀ ਝੜੀ ਲਾਉਣ ਵਾਲੀ ਆਪ ਸਰਕਾਰ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਖ਼ਿਲਾਫ਼ ਅਧਿਆਪਕ ਜੱਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਦੇ ਆਗੂਆਂ ਵੱਲੋਂ ਪੰਜਾਬ ਸਰਕਾਰ 'ਤੇ ਵਾਅਦਾ ਖਿਲਾਫੀ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਕੰਪਿਊਟਰ ਅਧਿਆਪਕ, ਵਲੰਟੀਅਰ ਕੈਟਾਗਰੀ ਦੇ ਅਧਿਆਪਕ ਅਤੇ ਐਨ.ਐੱਸ. ਕਿਉ.ਐੱਫ. ਅਧਿਆਪਕਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਤੋਂ ਲਗਾਤਾਰ ਆਨਾ ਕਾਨੀ ਕੀਤੀ ਜਾ ਰਹੀ ਹੈ । ਡੈਮੋਕ੍ਰੈਟਿਕ ਟੀਚਰਜ਼ ਫਰੰਟ ਦੇ ਜ਼ਿਲ੍ਹਾ ਸਕੱਤਰ ਅਵਤਾਰ ਲਾਲ ਅਤੇ ਬਲਾਕ ਸਕੱਤਰ ਵਿਜੇ ਕੁਮਾਰ ਨੇ ਆਪਣੇ ਸੰਬੋਧਨ ਦੌਰਾਨ ਪੁਰਾਣੀ ਪੈਨਸ਼ਨ ਬਹਾਲੀ ਦਾ ਮੁੱਦਾ ਠੰਡੇ ਬਸਤੇ ਪਾਉਣ ਅਤੇ ਅਧੂਰਾ ਨੋਟੀਫਿਕੇਸ਼ਨ ਜਾਰੀ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਵਾਲੀ ਸਰਕਾਰ ਹਾਲੇ ਤੱਕ ਅਧਿਆਪਕਾਂ ਨੂੰ ਮਾਰਚ ਮਹੀਨੇ ਦੀ ਤਨਖਾਹ ਜਾਰੀ ਨਹੀਂ ਕਰ ਸਕੀ। ਪੇਂਡੂ ਭੱਤੇ ਸਮੇਤ 37 ਤਰ੍ਹਾਂ ਦੇ ਕੱਟੇ ਹੋਏ ਭੱਤਿਆਂ ਨੂੰ ਬਹਾਲ ਕਰਨ ਏ.ਸੀ.ਪੀ. ਸਕੀਮ ਨੂੰ ਲਾਗੂ ਕਰਨ ਆਦਿ ਤੋਂ ਇਨਕਾਰੀ ਹੋ ਚੁੱਕੀ ਹੈ। ਵਲੰਟੀਅਰ ਕੈਟਾਗਰੀ ਸਮੇਤ ਵੱਡੀ ਗਿਣਤੀ ਵਿਚ ਅਧਿਆਪਕ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਨ ਲਈ ਮਜਬੂਰ ਹਨ। ਅਧਿਆਪਕ ਆਗੂਆਂ ਨੇ ਈ.ਟੀ.ਟੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ ਅਤੇ ਮਾਸਟਰ ਤੋਂ ਲੈਕਚਰਾਰ ਕਾਡਰ ਦੀਆਂ ਤਰੱਕੀਆਂ ਸਮੇਂ ਸਟੇਸ਼ਨ ਚੋਣ ਦਾ ਹੱਕ ਖੋਹਣ ਨੂੰ ਜਮੂਹਰੀਅਤ ਦਾ ਘਾਣ ਦਸਦਿਆਂ ਇਹ ਹੱਕ ਤੁਰੰਤ ਬਹਾਲ ਕਰਨ ਦੀ ਮੰਗ ਕੀਤੀ। ਇਸ ਸਮੇਂ ਪਰਦੀਪ ਸਿੰਘ, ਗੁਰਜਿੰਦਰ ਕੌਰ, ਹਰਪ੍ਰੀਤ ਕੌਰ, ਰੇਖਾ ਮਹਿਤਾ, ਸੁਰਜੀਤ ਕੁਮਾਰ, ਜਸਪ੍ਰੀਤ ਸਿੰਘ, ਹਰਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਅਧਿਆਪਕ ਆਗੂ ਹਾਜ਼ਰ ਸਨ।

## ਨਗਰ ਨਿਗਮ ਵਿਖੇ ਕੁਲੈਕਸ਼ਨ ਸ਼ੁਰੂ : ਕਮਿਸ਼ਨਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)— ਕਮਿਸ਼ਨਰ ਨਗਰ ਨਿਗਮ ਡਾ.ਅਮਨਦੀਪ ਕੌਰ ਨੇ ਦੱਸਿਆ ਕਿ ਵਿੱਤੀ ਸਾਲ 2025-26 ਸ਼ੁਰੂ ਹੋ ਚੁੱਕਾ ਹੈ। ਸ਼ਹਿਰ ਵਾਸੀਆਂ ਵਲੋਂ ਹਰ ਸਾਲ ਦੀ ਤਰ੍ਹਾਂ ਪ੍ਰਾਪਰਟੀ ਟੈਕਸ, ਪਾਣੀ/ਸੀਵਰੇਜ ਦੇ ਬਿੱਲ,ਰੈਂਟ/ਤਹਿਬਜ਼ਾਰੀ ਅਤੇ ਟਰੇਡ ਲਾਇਸੈਂਸ ਬਣਵਾਏ ਜਾਣੇ ਹਨ ਅਤੇ ਇਸ ਦੇ ਨਾਲ ਹੀ ਪ੍ਰਾਪਰਟੀ ਟੈਕਸ ਦਾ ਪੋਰਟਲ ਵੀ ਚਾਲੂ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਵਾਸੀਆਂ ਦੀ ਸਹੂਲਤ ਲਈ ਦਫ਼ਤਰ ਨਗਰਨਿਗਮ ਵਿਖੇ ਕਮਰਾ ਨੰਬਰ 10 ਪ੍ਰਾਪਰਟੀ ਟੈਕਸ ਕਮਰਾ ਨੰਬਰ 23 ਵਾਟਰ ਸਪਲਾਈ ਤੇ ਸੀਵਰੇਜ, ਕਮਰਾ ਨੰਬਰ 5 ਟਰੇਡ ਲਾਇਸੈਂਸ ਅਤੇ ਰੈਂਟ/ਤਹਿਬਜ਼ਾਰੀ ਦੇ ਕੁਲੈਕਸ਼ਨ ਕਾਊਂਟਰ ਸਥਾਪਿਤ ਕੀਤੇ ਗਏ ਹਨ ਜਿਥੇ ਸ਼ਹਿਰ ਵਾਸੀ ਆਪਣਾ ਪ੍ਰਾਪਰਟੀ ਟੈਕਸ, ਪਾਣੀ/ਸੀਵਰੇਜ ਦੇ ਬਿੱਲ, ਰੈਂਟ/ਤਹਿਬਜ਼ਾਰੀ ਅਤੇ ਟਰੇਡ ਲਾਇਸੈਂਸ ਬਣਵਾ ਸਕਦੇ ਹਨ ਉਹਨਾਂ ਦੱਸਿਆ ਕਿ ਸ਼ਹਿਰ ਵਾਸੀ ਸਰਕਾਰ ਦੀਆਂ ਹਦਾਇਤਾ ਮੁਤਾਬਿਕ ਸਮੇਂ ਸਿਰ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ 'ਤੇ 10 ਫੀਸਦੀ ਰਿਬੇਟ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਰਿਹਾਇਸ਼ੀ ਪ੍ਰਾਪਰਟੀਆਂ ਦੇ ਮਾਲਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਆਪਣਾ ਟੈਕਸ ਸਮੇਂ ਸਿਰ ਜਮ੍ਹਾਂ ਕਰਵਾਉਣ ਅਤੇ ਰਿਬੇਟ ਦਾ ਲਾਭ ਉਠਾਉਣ।

## ਸੀਚੇਵਾਲ ਨੇ ਮਲੇਸ਼ੀਆ ਦੀ ਜੇਲ੍ਹ 'ਚੋਂ ਵਾਪਸ ਲਿਆਂਦਾ ਵਿਧਵਾ ਮਾਂ ਦਾ ਪੁੱਤ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)— ਮਲੇਸ਼ੀਆ ਦੀ ਜੇਲ੍ਹ ਵਿੱਚ ਕੈਦ ਲੁਧਿਆਣਾ ਜ਼ਿਲ੍ਹੇ ਦੇ ਰਹਿਣ ਵਾਲੇ ਜਗਦੀਪ ਸਿੰਘ ਦੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾ ਸਦਕਾ ਘਰ ਵਾਪਸੀ ਹੋਈ ਹੈ। ਸੰਤ ਸੀਚੇਵਾਲ ਦਾ ਧੰਨਵਾਦ ਕਰਨ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਪਹੁੰਚੇ ਜਗਦੀਪ ਨੇ ਹੱਡ ਬੀਤੀ ਸੁਣਾਉਂਦਿਆਂ ਕਿਹਾ ਕਿ ਜਿਸ ਵੇਲੇ ਉੱਥੇ ਪੁਲਸ ਨੇ ਉਸਨੂੰ ਫੜ ਲਿਆ ਉਸ ਲਈ ਇਹ ਹਲਾਤ ਅਜਿਹੇ ਸੀ ਕਿ ਉਸਨੂੰ ਇੱਕ ਵਾਰ ਤਾਂ ਲੱਗਾ ਕਿ ਉਸਦਾ ਸਭ ਕੁੱਝ ਖਤਮ ਹੋ ਗਿਆ ਹੈ।ਕੰਪਨੀ ਵਿੱਚ ਪਏ ਛਾਪੇ ਦੌਰਾਨ ਉਸਨੂੰ ਸਾਥੀਆਂ ਸਮੇਤ ਫੜ ਲਿਆ ਸੀ। ਜਦੋਂ ਥਾਣੇ ਲਿਜਾਇਆ ਗਿਆ ਤਾਂ ਉਸਨੂੰ ਪਤਾ ਲੱਗਾ ਕਿ ਏਜੰਟ ਨੇ ਉਸਦਾ ਵੀਜ਼ਾ ਹੀ ਨਹੀਂ ਵਧਾਇਆ ਸੀ। ਜਿਸ ਕਾਰਨ ਉਸਨੂੰ ਛੇ ਮਹੀਨੇ ਦੀ ਸਜ਼ਾ ਸੁਣਾਈ ਗਈ ਤੇ ਕੈਂਪ ਵਿੱਚ ਭੇਜ ਦਿੱਤਾ ਗਿਆ। ਜਦੋਂ ਉਸਨੇ ਜੇਲ੍ਹ ਵਿੱਚ ਲੋਕਾਂ ਤੋਂ ਉੱਥੇ ਹਲਾਤ ਸੁਣੇ ਅਤੇ ਖੁਦ ਤੇ ਹੰਢਾਏ ਤਾਂ ਉਹ ਆਪਣੀ ਵਾਪਸੀ ਦੀ ਉਮੀਦਾਂ ਛੱਡ ਚੁੱਕਾ ਸੀ। ਉਸ ਲਈ ਉਹ ਜ਼ੇਲ੍ਹ ਨਰਕ ਤੋਂ ਵੀ ਬਦਤਰ ਸੀ। ਜਗਦੀਪ ਨੇ ਦੱਸਿਆ ਕਿ ਸਾਲ 2019 ਦੌਰਾਨ ਉਹ ਮਲੇਸ਼ੀਆ ਘੁੰਮਣ ਲਈ ਗਿਆ ਸੀ। ਇਸੇ ਦੌਰਾਨ ਪੰਜਾਬ ਵਿੱਚ ਹੋਏ ਸੜਕ ਹਾਦਸੇ ਵਿੱਚ ਉਸਦੇ ਪਿਤਾ ਦੀ ਮੌਤ ਹੋ ਗਈ ਤੇ ਭਰਾ ਦੀ ਲੱਤ ਟੁੱਟ ਗਈ ਸੀ। ਘਰ ਦੇ ਹਲਾਤਾਂ ਨੂੰ ਦੇਖਦਿਆਂ ਉਸਨੇ ਮਲੇਸ਼ੀਆ ਰਹਿਣ ਦਾ ਫੈਸਲਾ ਕੀਤਾ। ਜਿਸ ਤੋਂ ਬਾਅਦ ਉਸਨੇ ਆਪਣਾ ਵੀਜ਼ਾ ਵਧਾਉਣ ਲਈ ਉੱਥੇ ਦੇ ਏਜੰਟ ਨੂੰ 2000 ਮਲੇਸ਼ੀਅਨ ਰਿੰਗਿਟ (38000 ਰੁਪੈ) ਦਿੱਤੇ ਸਨ। ਏਜੰਟ ਨੇ ਪੈਸੇ ਲੈਣ ਦੇ ਬਾਵਜੂਦ ਉਸਦਾ ਵੀਜ਼ਾ ਨਹੀ ਵਧਾਇਆ।ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਪਹੁੰਚੇ ਉਸਦੇ ਭਰਾ ਨੇ ਵੀ ਦੱਸਿਆ ਕਿ ਉਨ੍ਹਾਂ ਨੂੰ ਜਦੋਂ ਪਤਾ ਲੱਗਾ ਕਿ ਜਗਦੀਪ ਜੇਲ੍ਹ ਵਿੱਚ ਹੈ ਤਾਂ ਉਨ੍ਹਾਂ ਨੂੰ ਹੱਥਾਂ ਪੈਰਾਂ ਦੀ ਪੈ ਗਈ ਕਿ ਹੁਣ ਕੀ ਕੀਤਾ ਜਾਵੇ। ਇਸ ਮਾਮਲੇ ਨੂੰ ਪ੍ਰਦੀਪ ਸਿੰਘ ਖਾਲਸਾ ਅਤੇ ਅਰਸ਼ਦੀਪ ਸਿੰਘ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ 02 ਅਪ੍ਰੈਲ ਨੂੰ ਸੰਪਰਕ ਕੀਤਾ। ਸੰਤ ਸੀਚੇਵਾਲ ਵੱਲੋਂ ਕੀਤੀ ਗਈ ਤੁਰੰਤ ਕਾਰਵਾਈ ਸਦਕਾ ਜਗਦੀਪ 10 ਅਪ੍ਰੈਲ ਨੂੰ ਸਹੀ ਸਲਾਮਤ ਘਰ ਵਾਪਸ ਆ ਗਿਆ।

## 42.51 ਲੱਖ ਰੁਪਏ ਦੀ ਲਾਗਤ ਨਾਲ ਪੂਰੇ ਹੋਏ ਨਿਰਮਾਣ ਕਾਰਜ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਨੇ "ਸਿੱਖਿਆ ਕ੍ਰਾਂਤੀ - ਬਦਲਦਾ ਪੰਜਾਬ" ਮੁਹਿੰਮ ਦੇ ਤਹਿਤ ਪਿੰਡ ਖੰਨੀ, ਲਲਵਾਂਣ , ਮੈਲੀ, ਚੱਕ ਮੱਲਾਂ ਅਤੇ ਮੁਖੋਮਜਾਰਾ 'ਚ ਪੂਰੇ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਰਿਵਾਇਤੀ ਢੰਗ ਨਾਲ ਉਦਘਾਟਨ ਕੀਤਾ। ਇਹਨਾਂ ਪਿੰਡਾਂ ਵਿੱਚ ਸਿੱਖਿਆ ਨਾਲ ਸਬੰਧਤ ਆਧਾਰਭੂਤ ਢਾਂਚੇ ਦੇ ਨਿਰਮਾਣ 'ਤੇ ਕੁੱਲ 42.51 ਲੱਖ ਰੁਪਏ ਖਰਚ ਕੀਤੇ ਗਏ। ਪਿੰਡ ਖੰਨੀ ਵਿੱਚ ਚਾਰਦੀਵਾਰੀ ਦੇ ਨਿਰਮਾਣ 'ਤੇ 4 ਲੱਖ ਰੁਪਏ, ਲਲਵਾਂਣ ਵਿੱਚ 14.21 ਲੱਖ, ਮੈਲੀ ਵਿੱਚ 2.84 ਲੱਖ, ਚੱਕ ਮੱਲਾਂ ਵਿੱਚ 7.51 ਲੱਖ ਅਤੇ ਮੁਖੋਮਜਾਰਾ ਵਿੱਚ 6.50 ਲੱਖ ਰੁਪਏ ਦੀ ਲਾਗਤ ਨਾਲ ਇਹ ਕੰਮ ਮੁਕੰਮਲ ਹੋਏ ਹਨ। ਡਾ. ਇਸ਼ਾਂਕ ਨੇ ਕਿਹਾ ਕਿ ਪੰਜਾਬ ਵਿੱਚ ਸਿੱਖਿਆ ਦੇ ਖੇਤਰ ਵਿੱਚ ਇਤਿਹਾਸਕ ਬਦਲਾਅ ਲਿਆਂਦਾ ਜਾ ਰਿਹਾ ਹੈ। "ਬਦਲਦਾ ਪੰਜਾਬ" ਹੁਣ ਸਿਰਫ ਇੱਕ ਨਾਅਰਾ ਨਹੀਂ, ਸਗੋਂ ਇੱਕ ਵਿਸ਼ਾਲ ਜਨ ਆਂਦੋਲਨ ਬਣ ਚੁੱਕਾ ਹੈ ਜਿਸ ਵਿੱਚ ਸਮਾਜ ਦੇ ਹਰ ਵਰਗ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਈ ਜਾ ਰਹੀ ਹੈ। ਸਿੱਖਿਆ ਨੂੰ ਸਮਾਜ ਵਿੱਚ ਥਿਰ ਬਦਲਾਅ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਦਿਸ਼ਾ ਵਿੱਚ ਲਗਾਤਾਰ ਯਤਨਸ਼ੀਲ ਹੈ। ਇਸ ਮੌਕੇ ਸਰਪੰਚ ਪਰਵਿੰਦਰ ਕੌਰ, ਰਮਨ ਕੁਮਾਰ, ਦਾਰਾ ਸਿੰਘ, ਹਰਦੇਵ ਚੰਦ, ਲਲਿਤਾ ਦੇਵੀ, ਮੀਨਾ ਦੇਵੀ, ਸੁਮਨ ਦੇਵੀ, ਤਿਲਕ ਰਾਜ, ਰਵਿੰਦਰ ਸਿੰਘ, ਸਾਬਕਾ ਸੂੰਪਚ ਰਾਜਕੁਮਾਰੀ, ਹਰਵਿੰਦਰ ਸਿੰਘ ਬੰਗਾ, ਮਨੋਜ ਕੁਮਾਰ, ਸੂੰਪਚ ਰਾਜਿੰਦਰ ਸਿੰਘ, ਕੋਆਰਡੀਨੇਟਰ ਸਤੀਸ ਕੁਮਾਰ, ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ ਸਮੇਤ ਕਈ ਹੋਰ ਪਤਵੰਤੇ ਹਾਜਰ ਰਹੇ।



## ਘਰ 'ਚੋਂ ਸੋਨੇ ਦੇ ਗਹਿਣੇ, ਨਗਦੀ ਤੇ ਹੋਰ ਸਮਾਨ ਚੋਰੀ

ਨਵਾਂਸ਼ਹਿਰ (ਮਨੋਜ ਲਾਡੀ) ਪੁਲਸ ਥਾਣਾ ਸਿਟੀ ਦੇ ਅਧੀਨ ਆਉਂਦੇ ਵਿਕਾਸ ਨਗਰ ਵਿਖੇ ਜਸਵਿੰਦਰ ਸਿੰਘ ਦੇ ਘਰ 'ਚੋਂ ਅਣਪਛਾਤੇ ਚੋਰ ਵੱਲੋਂ ਘਰ ਵਿਚੋਂ ਕੀਮਤੀ ਗਹਿਣੇ , ਨਗਦੀ ਅਤੇ ਹੋਰ ਸਮਾਨ ਚੋਰੀ ਕੀਤਾ ਗਿਆ ਹੈ। ਪੁਲਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਜਸਵਿੰਦਰ ਸਿੰਘ ਆਪਣੇ ਪਰਵਾਰਕ ਮੈਂਬਰਾਂ ਨਾਲ ਕਿਸੇ ਜਰੂਰੀ ਕੰਮ ਲਈ ਘਰੋਂ ਬਾਹਰ ਗਏ ਹੋਏ ਸਨ। ਉਨ੍ਹਾਂ ਵੱਲੋਂ ਸਾਰੇ ਕਮਰਿਆਂ ਨੂੰ ਜਿੰਦਰੇ ਅਤੇ ਬਾਹਰਲੇ ਗੇਟ ਨੂੰ ਵੀ ਤਾਲਾ ਲਗਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਜਦੋਂ ਉਹ ਵਾਪਸ ਘਰ ਆਏ ਤਾਂ ਦੇਖਿਆ ਕਿ ਘਰ ਦੇ ਬਾਹਰ ਮੇਨ ਗੇਟ 'ਤੇ ਤਾਲਾ ਲੱਗਿਆ ਹੋਇਆ ਸੀ। ਜਦਕਿ ਘਰ ਦੇ ਅੰਦਰਲੇ ਦਰਵਾਜੇ ਖੁਲ੍ਹੇ ਹੋਏ ਸਨ ਅਤੇ ਘਰ ਵਿਚ ਰੱਖਿਆ ਸਾਰਾ ਸਮਾਨ ਖਿਲਰਿਆ ਪਿਆ ਸੀ। ਉਨ੍ਹਾਂ ਦੱਸਿਆ ਕਿ ਅਣਪਛਾਤਾ ਚੋਰ ਘਰ ਦਾ ਗੇਟ ਫਾਂਦ ਕੇ ਅੰਦਰ ਦਾਖਲ ਹੋਇਆ। ਪੁਲਸ ਨੇ ਮਾਮਲਾ ਦਰਜ ਕਰਕੇ ਕੀਤੀ ਅਗਲੀ ਕਾਰਵਾਈ ਸ਼ੁਰੂ ਕੀਤੀ ਤੇ ਦੇਖਿਆ ਕਿ ਚੋਰ ਕਮਰੇ ਦੀ ਗਿੱਲ ਤੇ ਜਾਲੀ ਨੂੰ ਤੋੜ ਕੇ ਕਮਰੇ 'ਚ ਦਾਖਲ ਹੋਇਆ ਸੀ। ਜਸਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਵਿਚੋਂ 7 ਤੋਲੇ ਸੋਨੇ ਦੇ ਗਹਿਣੇ, ਢਾਈ ਲੱਖ ਦੀ ਵਿਦੇਸ਼ੀ ਕਰੰਸੀ, 15000 ਦੀ ਭਾਰਤੀ ਕਰੰਸੀ, 2 ਲੈਪਟਾਪ ਅਤੇ ਹੋਰ ਜਰੂਰੀ ਸਮਾਨ ਚੋਰੀ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਸੀਸੀਟੀਵੀ ਕੈਮਰੇ ਦੀ ਫੁਟੇਜ ਪੁਲਸ ਨੂੰ ਦੇ ਦਿੱਤੀ ਗਈ ਹੈ। ਪੁਲਸ ਥਾਣਾ ਸਿਟੀ ਨਵਾਂਸ਼ਹਿਰ ਦੇ ਐੱਸਐੱਚਓ ਅਵਤਾਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਚੋਰ ਦੀ ਪਹਿਚਾਣ ਕਰ ਲਈ ਹੈ। ਜਿਸ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਵਿਦਿਆਰਥੀ ਅਸਾਨੀ ਨਾਲ ਪ੍ਰਾਪਤ ਕਰ ਰਹੇ ਨੇ ਸਕਾਲਰਸ਼ਿਪ ਦੀ ਸਹੂਲਤ : ਮਹਿੰਦਰ ਭਗਤ

ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)- ਪੰਜਾਬ ਦੇ ਬਾਗ਼ਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਪਹਿਲੀਆਂ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਤੇ ਭਾਰਤੀ ਜਨਤਾ ਪਾਰਟੀ ਦੀਆਂ ਸਰਕਾਰਾਂ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਇਨ੍ਹਾਂ ਸਰਕਾਰਾਂ ਵਲੋਂ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ ਦੇ ਵਿਦਿਆਰਥੀਆਂ ਦੇ ਸਕਾਲਰਸ਼ਿਪ ਦੀ ਦੁਰਵਰਤੋਂ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਵਿਦਿਆਰਥੀਆਂ ਨੂੰ ਆਪਣੇ ਹੱਕਾਂ ਲਈ ਵਿਰੋਧ ਪ੍ਰਦਰਸ਼ਨ ਕਰਨਾ ਪੈਂਦਾ ਸੀ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਹਰ ਯੋਗ ਵਿਦਿਆਰਥੀਆਂ ਲਈ ਸਕਾਲਰਸ਼ਿਪ ਦਾ ਲਾਭ ਬਿਨ੍ਹਾਂ ਕਿਸੇ ਦੇਰੀ ਦੇ ਯਕੀਨੀ ਬਣਾਇਆ ਗਿਆ ਹੈ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼੍ਰੀ ਭਗਤ ਨੇ ਕਿਹਾ ਕਿ ਐਸ.ਸੀ./ਐਸ.ਟੀ. ਦੇ ਵਿਦਿਆਰਥੀਆਂ ਲਈ ਸਕਾਲਰਸ਼ਿਪ ਨੂੰ ਨਿਰਵਿਘਨ ਯਕੀਨੀ ਬਣਾਇਆ ਗਿਆ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਲਏ ਗਏ ਇਤਿਹਾਸਿਕ ਫ਼ੈਸਲਿਆਂ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ ਦੇ ਐਡਵੋਕੇਟ ਜਨਰਲ ਦਫਤਰ ਵਿਖੇ ਰਾਖਵੇਂਕਰਨ ਨੂੰ ਲਾਗੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਐਸ.ਸੀ./ਐਸ.ਟੀ.ਕੋਟੇ ਦੀਆਂ 58 ਅਸਾਮੀਆਂ ਨੂੰ ਭਰਿਆ ਗਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿੱਖਿਆ ਨੂੰ ਉੱਚਾ ਚੁੱਕਣ ਤੋਂ ਇਲਾਵਾ ਅਨੁਸੂਚਿਤ ਜਾਤੀ ਭਾਈਚਾਰੇ ਨੂੰ ਸਮਰੱਥ ਬਣਾਉਣ ਲਈ ਹਮੇਸ਼ਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਜੀ ਦੇ ਸਮਾਜਿਕ ਨਿਆਂ ਅਤੇ ਸਮਾਨਤਾ ਦੇ ਸਿਧਾਂਤ ਤੇ ਚੱਲਦਿਆਂ ਪੰਜਾਬ ਕੈਬਨਿਟ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ 6 ਅਨੁਸੂਚਿਤ ਜਾਤੀ ਨਾਲ ਸਬੰਧਿਤ ਮੰਤਰੀਆਂ ਨੂੰ ਸ਼ਾਮਿਲ ਕਰਕੇ ਚੰਗੇ ਪ੍ਰਸ਼ਾਸਨ ਦਾ ਸਬੂਤ ਪੇਸ਼ ਕੀਤਾ ਗਿਆ ਹੈ।ਇਸ ਮੌਕੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ।




## ਮਹਾਰਾਣਾ ਪ੍ਰਤਾਪ ਸਰਕਾਰੀ ਕਾਲਜ ਢੋਲਵਾਹਾ ਵਿਖੇ ਲਗਾਇਆ ਰੋਜ਼ਗਾਰ ਮੇਲਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)— ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ/ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵਲੋਂ ਮਹਾਰਾਣਾ ਪ੍ਰਤਾਪ ਸਰਕਾਰੀ ਕਾਲਜ ਢੋਲਵਾਹਾ ਵਿਖੇ ਰੋਜ਼ਗਾਰ ਮੇਲਾ ਲਗਾਇਆ ਗਿਆ। ਇਸ ਰੋਜ਼ਗਾਰ ਮੇਲੇ ਵਿੱਚ ਕਰੀਬ 9 ਉਦਯੋਗਿਕ ਇਕਾਈਆਂ ਜਿਵੇਂ ਕਿ ਸੋਨਾਲਿਕਾ ਟ੍ਰੈਕਟਰ ਕੰਪਨੀ ਹੁਸ਼ਿਆਰਪੁਰ, ਵਰਧਮਾਨ ਟੈਕਸਟਾਈਲ ਲੁਧਿਆਣਾ, ਰੈਕਸਾ ਸਕਿਊਰਟੀ, ਐਸ.ਆਈ.ਐਸ. ਸਕਿਊਰਟੀ, ਐਕਸਿਸ ਬੈਂਕ (ਐਨ.ਆਈ.ਆਈ.ਟੀ.), ਪੁੱਖਰਾਜ ਹੈੱਲਥ ਕੇਅਰ, ਕੋਕਾ ਕੋਲਾ (ਲੁਧਿਆਣਾ ਬੇਵਰੇਜ਼ਸ) ਹੁਸ਼ਿਆਰਪੁਰ, ਐਚ.ਡੀ.ਐਫ.ਸੀ. ਬੈਂਕ ਅਤੇ ਸਵਿੱਤਰੀ ਪਲਾਈਵੁੱਡ ਆਦਿ ਨਾਮੀ ਕੰਪਨੀਆਂ ਵੱਲੋਂ ਵੱਖ-ਵੱਖ ਅਸਾਮੀਆਂ ਲਈ ਇੰਟਰਵਿਊ ਦੀ ਪ੍ਰਕਿਰਿਆ ਹੋਣ ਉਪਰੰਤ ਯੋਗ ਉਮੀਦਵਾਰਾਂ ਨੂੰ ਸ਼ਾਰਟਲਿਸਟਿਡ ਕੀਤਾ ਗਿਆ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਇਸ ਮੇਲੇ ਵਿੱਚ 18 ਤੋਂ 40 ਸਾਲ ਤੱਕ ਦੇ ਅੱਠਵੀਂ, 10ਵੀਂ, 12ਵੀਂ, ਆਈ.ਟੀ.ਆਈ, ਡਿਪਲੋਮਾ ਅਤੇ ਗ੍ਰੈਜੂਏਸ਼ਨ ਵਿਦਿਅਕ ਯੋਗਤਾ ਵਾਲੇ ਪ੍ਰਾਰਥੀ (ਲੜਕੇ ਅਤੇ ਲੜਕੀਆਂ ਦੋਵੇਂ) ਸ਼ਾਮਿਲ ਹੋਏ। ਇਸ ਕੈਂਪ ਵਿੱਚ ਲਗਭਗ 70 ਪ੍ਰਾਰਥੀਆਂ ਵਲੋਂ ਭਾਗ ਲਿਆ ਗਿਆ ਅਤੇ ਜਿਸ ਵਿਚੋਂ 38 ਯੋਗ ਪ੍ਰਾਰਥੀਆਂ ਨੂੰ ਕੰਪਨੀਆਂ ਵਲੋਂ ਸ਼ਾਰਟ ਲਿਸਟਿਡ ਕੀਤਾ ਗਿਆ।ਇਸ ਮੌਕੇ ਸਰਕਾਰੀ ਕਾਲਜ ਢੋਲਵਾਹਾ ਪ੍ਰਿੰਸੀਪਲ ਗੁਰਮੀਤ ਸਿੰਘ ਨੇ ਜ਼ਿਲ੍ਹਾ ਰੋਜ਼ਗਾਰ ਦਫਤਰ ਦੀਪੂਰੀ ਟੀਮ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਰੋਜ਼ਗਾਰ ਮੇਲੇ ਲਗਾਉਣ ਲਈ ਕਿਹਾ। ਇਸ ਰੋਜ਼ਗਾਰ ਮੇਲੇ ਵਿੱਚ ਜ਼ਿਲ੍ਹਾ ਰੋਜ਼ਗਾਰ ਦਫਤਰ ਤੋਂ ਪਲੇਸਮੈਂਟ ਅਫਸਰ ਰਾਕੇਸ਼ ਕੁਮਾਰ, ਯੰਗ ਪ੍ਰੋਫ਼ੈਸ਼ਨਲ ਵਿਕਰਮ ਸਿੰਘ, ਵਰਿੰਦਰ ਕੁਮਾਰ ਅਤੇ ਸਰਕਾਰੀ ਕਾਲਜ ਢੋਲਵਾਹਾ ਦਾ ਸਮੂਹ ਸਟਾਫ਼ ਮੌਜੂਦ ਸੀ।



## ਕੰਧਾਲਾ ਜੱਟਾਂ ਵਿਖੇ ਫ੍ਰੀ ਆਯੁਰਵੈਦਿਕ ਮੈਡੀਕਲ ਚੈੱਕਅੱਪ ਕੈਂਪ




ਅੱਡਾ ਸਰਾਂ (ਜਸਵੀਰ ਕਾਜਲ)- ਨਜਦੀਕੀ ਪਿੰਡ ਕੰਧਾਲਾ ਜੱਟਾਂ ਵਿਖੇ ਪੰਜਾਬ ਸਰਕਾਰ ਡਾਇਰੈਕਟਰ ਆਯੁਰਵੈਦਿਕ ਚੰਡੀਗੜ੍ਹ ਦੇ ਡਾ. ਰਵੀ ਕੁਮਾਰ ਡੂਮਰਾ ਦੇ ਹੁਕਮਾਂ ਤਹਿਤ ਅਤੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ, ਆਯੁਰਵੈਦਿਕ ਮੈਡੀਕਲ ਅਫ਼ਸਰ ਕੰਧਾਲਾ ਜੱਟਾਂ ਡਾ ਹਰੀਸ਼ ਭਾਟੀਆ ਦੀ ਅਗਵਾਈ ਹੇਠ ਬਾਬਾ ਬਿਸ਼ਨ ਸਿੰਘ ਗੁਰਦੁਆਰਾ ਸਾਹਿਬ ਵਿਖੇ ਫ੍ਰੀ ਆਯੁਰਵੈਦਿਕ ਮੈਡੀਕਲ ਚੈੱਕ ਅੱਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾ. ਪ੍ਰਦੀਪ ਸਿੰਘ ਜ਼ਿਲਾ ਹੁਸ਼ਿਆਰਪੁਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਉਦਘਾਟਨ ਕੀਤਾ। ਇਹ ਕੈਂਪ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਮ੍ਰਿਤਪਾਲ ਸਿੰਘ ਅਤੇ ਲਾਇਨ ਕਲੱਬ ਟਾਂਡਾ ਫਤਿਹ ਟਾਂਡਾ ਉੜਮੁੜ ਦੇ ਪ੍ਰਧਾਨ ਅਵਤਾਰ ਸਿੰਘ ਮਾਲਵਾ ਬੋਬੀ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਡਾ. ਰੁਪਿੰਦਰ ਪ੍ਰੀਤ ਸਿੰਘ,ਡਾ. ਸ਼ਿਵ ਦੀਪ ਸਿੰਘ ਤੇ ਡਾ. ਕਾਮਿਨੀ ਤੋਂ ਇਲਾਵਾ ਕਰਮਜੋਤ ਲੈਬੋਰੇਟਰੀ ਟਾਂਡਾ ਦੇ ਕਮਲਦੀਪ ਸਿੰਘ ਅਤੇ ਪ੍ਰਦੀਪ ਸਿੰਘ ਅਤੇ ਫਾਰਮਾਸਿਸਟ ਮੰਨੂ ਬਾਂਸਲ ਮੁਨੀਸ਼ ਕੁਮਾਰ ਵਲੋਂ ਫ੍ਰੀ ਚੈੱਕ ਅੱਪ, ਫ੍ਰੀ ਟੈਸਟ ਅਤੇ ਫ੍ਰੀ ਦਵਾਈਆਂ ਮਰੀਜਾਂ ਨੂੰ ਦਿੱਤੀਆਂ ਗਈਆਂ। ਇਹ ਕੈਂਪ 9 ਵਜੇ ਤੋਂ 2 ਵਜੇ ਤੱਕ ਲਗਾਇਆ ਗਿਆ, 250 ਮਰੀਜ਼ਾਂ ਨੂੰ ਚੈੱਕ ਅੱਪ ਕੀਤਾ ਗਿਆ। ਇਸ ਮੌਕੇ ਸਟਾਫ ਮੈਂਬਰ ਸੁਨੀਤਾ ਦੇਵੀ, ਸੰਦੀਪ ਕੁਮਾਰ, ਗੁਰਪ੍ਰੀਤ ਸਿੰਘ ਤੋਂ ਇਲਾਵਾ ਬਾਬਾ ਬਿਸ਼ਨ ਸਿੰਘ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਅਮ੍ਰਿਤਪਾਲ ਸਿੰਘ , ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ, ਇੰਦਰਜੀਤ ਸਿੰਘ, ਸੁਰਿੰਦਰ ਸਿੰਘ, ਤਜਿੰਦਰ ਸਿੰਘ, ਦਰਸ਼ਨ ਸਿੰਘ, ਅਜੀਤ ਸਿੰਘ, ਸੁਖਨਿੰਦਰ ਸਿੰਘ, ਭੁਪਿੰਦਰ ਸਿੰਘ ਨੰਬਰਦਾਰ, ਇੰਦਰਜੀਤ ਸਿੰਘ, ਹਰਦੀਪ ਸਿੰਘ, ਸਰਪੰਚ ਹਰਪ੍ਰੀਤ ਕੌਰ ਤੋਂ ਇਲਾਵਾ ਡਾ. ਰਮਨਦੀਪ ਸਿੰਘ, ਰਵੀ ਲਖਨ ਪਾਲ, ਜਸਦੇਵ ਸਿੰਘ, ਪ੍ਰਭ ਜੋਤ ਸਿੰਘ, ਰੁਪਿੰਦਰ ਸਿੰਘ, ਸੁਰਿੰਦਰ ਅਰੋੜਾ,ਪ੍ਰਭ ਸਿੰਘ,ਡਾ. ਅਮੋਲਿਕ ਸਿੰਘ,ਸੰਨੀ ਗੁਲਾਟੀ, ਕਮਲਦੀਪ ਸਿੰਘ ਕੁਲਾਰ, ਰਾਜੇਸ਼ ਮਲਹੋਤਰਾ, ਗਗਨ ਵੈਦ ਆਦਿ ਹਾਜ਼ਰ ਸਨ।

## ਸਰਕਾਰੀ ਸਕੂਲ ਮਹਿਸਮਪੁਰ ਵਿਖੇ ਏ ਸੀ ਟੀ ਰੂਮ ਦਾ ਉਦਘਾਟਨ

ਗੁਰਾਇਆ (ਬਿੰਦਰ ਸੁਮਨ)- ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ ਮੁਹਿੰਮ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਮਹਿਸਮਪੁਰ ਵਿਖੇ ਸੱਤ ਲੱਖ ਇੰਕਵੰਜਾ ਹਜਾਰ ਰੁਪਏ ਦੀ ਲਾਗਤ ਨਾਲ ਬਣੇ ਏ ਸੀ ਟੀ ਰੂਮ ਦਾ ਉਦਘਾਟਨ ਪ੍ਰਿੰਸੀਪਲ ਪਰੇਮ ਕੁਮਾਰ ਵਲੋਂ ਪਰਦਾ ਹਟਾ ਕੇ ਅਤੇ ਰੀਬਨ ਕੱਟ ਕੇ ਕੀਤਾ ਗਿਆ। ਸਕੂਲ ਵਿਚ ਪਹੁੰਚਣ 'ਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਦਾ ਫੁੱਲਾਂ ਦੇ ਹਾਰ ਪਾ ਕੇ ਅਤੇ ਬੁਕੇ ਦੇ ਕੇ ਸਵਾਗਤ ਕੀਤਾ ਗਿਆ। ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸਿਖਿਆ ਦੇ ਮਿਆਰ ਨੂੰ ਉਪਰ ਚੁੱਕਣ ਲਈ ਉਪਰਾਲਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆ ਸਰਕਾਰਾਂ ਨੇ ਵਿਦਿਆ ਦੇ ਖੇਤਰ ਵੱਲ ਕੋਈ ਧਿਆਨ ਨਹੀਂ ਦਿੱਤਾ। ਇਸ ਮੌਕੇ ਸਰਪੰਚ ਜਗਜੀਵਨ ਰਾਮ, ਚੇਅਰਮੈਨ ਇਕਬਾਲ ਚੰਦ, ਪ੍ਰਿੰਸੀਪਲ ਧਰਮਪਾਲ, ਅਮਰਜੀਤ ਸਿੰਘ ਮਹਿਮੀ, ਮੈਡਮ ਹਰਪ੍ਰੀਤ ਕੌਰ, ਸੁਖਵੀਰ ਕੌਰ, ਲਖਵਿੰਦਰ ਕੌਰ. ਰਵੀਨਾ, ਪ੍ਰਵੀਨ, ਮਨਜੀਤ ਕੌਰ, ਸਿਮਰਨਜੀਤ ਸਰਮਾ, ਰਾਮ ਅਵਧ, ਜਸਵਿੰਦਰ ਕੁਮਾਰ, ਰਮਨ ਕੁਮਾਰ, ਅਮਰਿੰਦਰ ਸਿੰਘ ਮਾਨ ਪੰਚ, ਵਿਜੇ ਕੁਮਾਰ ਪੰਚ, ਸਰਬਜੀਤ ਕੌਰ ਸਾਬਕਾ ਸਰਪੰਚ, ਚਰਨਜੀਤ ਸਿੰਘ, ਰਣਜੀਤ ਸਿੰਘ, ਹਰਕਮਲ ਸਿੰਘ ਸਰਪੰਚ, ਜਗਦੀਸ਼ ਮਹਿਮੀ, ਪਰਮਜੀਤ ਕੌਰ ਸਰਪੰਚ, ਰਾਜੇਸ਼ ਨਾਗਰਾ, ਸੌਖਾ ਪੰਚ ਤੋ ਇਲਾਵਾ ਸਕੂਲ ਸਟਾਫ ਅਤੇ ਵਿਦਿਆਰਥੀ ਹਾਜਰ ਸਨ।



## ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ 'ਵਰਸਿਟੀ ਪ੍ਰੀਖਿਆਵਾਂ 'ਚੋਂ ਮਾਰੀਆਂ ਮੱਲਾਂ

ਜਲੰਧਰ (ਸ਼ੈਲੀ ਐਲਬਰਟ) ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐਮ ਏ ਹਿਸਟਰੀ ਤੀਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ।ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਅਰਸ਼ਪ੍ਰੀਤ ਕੌਰ ਨੇ 10 ਵਿੱਚੋਂ 8.60 ਐਸ ਜੀ ਪੀ ਏ ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿੱਚੋਂ ਪਹਿਲਾ ਸਥਾਨ, ਵਿਦਿਆਰਥੀ ਮੰਗਲਜੀਤ ਨੇ 7.60 ਐਸ ਜੀ ਪੀ ਏ ਪ੍ਰਾਪਤ ਕਰਕੇ ਪੰਜਵਾਂ ਸਥਾਨ ਅਤੇ ਦੀਪਕ ਬੈਂਸ ਨੇ 7.20 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਸਤਵਾਂ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ।



## ਕਿਸਾਨਾਂ ਦੀ ਫਸਲ ਦਾ ਇਕ-ਇਕ ਦਾਣਾ ਖਰੀਦਿਆ ਜਾਵੇਗਾ : ਅੰਕੁਰਜੀਤ ਸਿੰਘ



ਨਵਾਂਸ਼ਹਿਰ (ਮਨੋਜ ਲਾਡੀ)- ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿਚ ਕਣਕ ਦੀ ਖਰੀਦ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ, ਆੜ੍ਹਤੀਆਂ ਅਤੇ ਲੇਬਰ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦਾਣਾ ਮੰਡੀ ਨਵਾਂਸਹਿਰ ਵਿਖੇ ਕਣਕ ਦੀ ਖਰੀਦ ਸੁਰੂ ਕਰਵਾਉਣ ਉਪਰੰਤ ਕਿਸਾਨਾਂ, ਆੜ੍ਹਤੀਆਂ ਤੇ ਅਧਿਕਾਰੀਆਂ ਨਾਲ ਗੱਲਬਾਤ ਦੌਰਾਨ ਕੀਤਾ। ਇਸ ਮੌਕੇ ਪੰਜਾਬ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਬੋਰਡ ਦੇ ਉੱਪ ਚੇਅਰਮੈਨ ਲਲਿਤ ਮੋਹਨ ਪਾਠਕ (ਬੱਲੂ), ਮਾਰਕੀਟ ਕਮੇਟੀ ਨਵਾਂਸਹਿਰ ਦੇ ਚੇਅਰਮੈਨ ਗਗਨ ਅਗਨੀਹੋਤਰੀ ਅਤੇ ਨਗਰ ਕੌਂਸਲ ਪ੍ਰਧਾਨ ਬਲਵਿੰਦਰ ਕੌਰ ਵੀ ਉਨ੍ਹਾਂ ਦੇ ਨਾਲ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਦੀ ਫਸਲ ਦਾ ਇਕ-ਇਕ ਦਾਣਾ ਖਰੀਦਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਕਣਕ ਦੀ ਖਰੀਦ ਜਾਂ ਲਿਫਟਿੰਗ ਸਬੰਧੀ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਨਾਲ ਹੀ ਕਿਸਾਨ ਭਰਾਵਾਂ ਨੂੰ ਕਣਕ ਦੀ ਖਰੀਦ ਦੀ ਅਦਾਇਗੀ ਵੀ ਨਾਲੋ-ਨਾਲ ਕੀਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਮਨਜਿੰਦਰ ਸਿੰਘ, ਜ਼ਿਲ੍ਹਾ ਮੰਡੀ ਅਫਸਰ ਜਸਨਦੀਪ ਸਿੰਘ ਨੈਣੋਂਵਾਲ, ਸਕੱਤਰ ਮਾਰਕੀਟ ਕਮੇਟੀ ਹਰਪ੍ਰੀਤ ਸਿੰਘ, ਐਮ.ਸੀ ਕਮਲਜੀਤ ਲਾਲ, ਵਨੀਤ ਰਾਣਾ, ਬਲਵਿੰਦਰ ਕੁਮਾਰ, ਤੇਜਿੰਦਰਪਾਲ ਸਿੰਘ ਤੇਜਾ, ਲੱਡੂ ਮੁਹਾਲੋ, ਸਾਬਕਾ ਡੀ.ਐਸ.ਪੀ ਮਹਿੰਦਰ ਸਿੰਘ, ਮੱਖਣ ਸਿੰਘ ਚੂਹੜਪੁਰ, ਆੜ੍ਹਤੀਆ ਯੂਨੀਅਨ ਦੇ ਪ੍ਰਧਾਨ ਮਨਜਿੰਦਰ ਸਿੰਘ, ਮੋਂਟੀ ਮੈਹਨ, ਪੁਨੀਤ ਸਰਮਾ, ਅਸ਼ੋਕ ਕੁਮਾਰ, ਕੁਲਦੀਪ ਕੁਮਾਰ ਤੋਂ ਇਲਾਵਾ ਖਰੀਦ ਏਜੰਸੀਆਂ ਦੇ ਅਧਿਕਾਰੀ, ਆੜ੍ਹਤੀਏ ਅਤੇ ਕਿਸਾਨ ਵੱਡੀ ਗਿਣਤੀ ਵਿਚ ਹਾਜਰ ਸਨ।

## ਵਧੀਕ ਮੁੱਖ ਚੋਣ ਅਫ਼ਸਰ ਵੱਲੋਂ ਜ਼ਿਲ੍ਹਾ ਚੋਣ ਅਫ਼ਸਰ ਨਾਲ ਮੀਟਿੰਗ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)— ਪੰਜਾਬ ਦੇ ਵਧੀਕ ਮੁੱਖ ਚੋਣ ਅਫ਼ਸਰ ਹਰੀਸ਼ ਨਈਅਰ ਵਲੋਂ ਇਥੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਜ਼ਿਲ੍ਹੇ ਵਿਚ ਚੱਲ ਰਹੀ ਵੋਟਰ ਸੂਚੀ ਦੀ ਸੁਧਾਈ ਦੌਰਾਨ ਪ੍ਰਾਪਤ ਫਾਰਮਾਂ ਸਬੰਧੀ ਕਿਹਾ ਕਿ ਫਾਰਮਾਂ ਦਾ ਨਿਪਟਾਰਾ ਸਮੇਂ ਸਿਰ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨੂੰ ਉਨ੍ਹਾਂ ਦੇ ਅਧੀਨ ਬੀ.ਐਲ.ਓਜ਼ ਅਤੇ ਸੁਪਰਵਾਈਜ਼ਰਾਂ ਨੂੰ ਖਾਸ ਟ੍ਰੇਨਿੰਗ ਦੇਣ ਅਤੇ ਵੋਟਰ ਸੂਚੀ ਨੂੰ ਤਰੁੱਟੀ ਮੁਕਤ ਕਰਨ ਲਈ ਵੱਖ-ਵੱਖ ਉਪਰਾਲੇ ਕਰਨ ਲਈ ਕਿਹਾ ਗਿਆ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸਮੇਂ-ਸਮੇਂ ਸਿਰ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਬੂਥ ਲੈਵਲ ਏਜੰਟ ਨਿਯੁਕਤ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਇਸ ਉਪਰੰਤ ਉਨ੍ਹਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਮੌਜੂਦ ਈ.ਵੀ.ਐਮ. ਵੇਅਰ ਹਾਊਸ ਦਾ ਵੀ ਨਿਰੀਖਣ ਕੀਤਾ ਗਿਆ। ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ-ਕਮ-ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ-43 ਸੰਜੀਵ ਸ਼ਰਮਾ, ਚੋਣ ਤਹਿਸੀਲਦਾਰ ਸਰਬਜੀਤ ਸਿੰਘ, ਨੋਡਲ ਅਫ਼ਸਰ ਫਾਰ ਈ.ਵੀ.ਐਮ/ਵੀ.ਵੀ.ਪੈਟ. ਬਲਵਿੰਦਰ ਸਿੰਘ, ਸਹਾਇਕ ਨੋਡਲ ਅਫ਼ਸਰ ਫਾਰ ਈ.ਵੀ.ਐਮ./ਵੀ.ਵੀ.ਪੈਟ ਰੁਪਿੰਦਰਪਾਲ ਸਿੰਘ, ਚੋਣ ਕਾਨੂੰਗੋ ਦੀਪਕ ਕੁਮਾਰ, ਚੋਣ ਕਾਨੂੰਗੋ ਲਵਬੀਰ ਸਿੰਘ, ਚੋਣ ਕਾਨੂੰਗੋ ਮੇਘਾ ਮਹਿਤਾ, ਰਾਜਨ ਮੋਂਗਾ, ਪ੍ਰਦੀਪ ਸਿੰਘ ਵੀ ਮੌਜੂਦ ਸਨ।



## ਬਲੱਡ ਬੈਂਕ ਵਿਖੇ ਕਰਵਾਇਆ 196ਵਾਂ ਮਾਸਿਕ ਰਾਸ਼ਨ ਵੰਡ ਸਮਾਗਮ



ਫਗਵਾੜਾ (ਡਾ. ਰਮਨ, ਢੱਡਾ) ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ 196ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਨਿਗਰਾਨੀ ਹੇਠ ਕਰਵਾਇਆ ਗਿਆ। ਜਿਸ ਵਿੱਚ ਡਰੈੱਸ ਡਿਜਾਇਨਰ ਮੀਤ ਕੋਛੜ (ਮੀਤ ਕੋਛੜ ਵੈੱਡਿੰਗ ਮਾਲ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸਮਾਜ ਸੇਵਕ ਰਾਜਿੰਦਰ ਜਸਵਾਲ ਮੌਜੂਦ ਰਹੇ। ਜਿਹਨਾਂ ਨੇ ਆਪਣੀ ਸਵਰਗਵਾਸੀ ਦਾਦੀ ਦੀ ਨਿੱਘੀ ਯਾਦ 'ਚ ਆਰਥਕ ਸਹਿਯੋਗ ਦਿੱਤਾ। ਮੁੱਖ ਮਹਿਮਾਨ ਨੇ ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਿਆ ਅਤੇ ਬਲੱਡ ਬੈਂਕ ਵੱਲੋਂ ਸਮਾਜ ਸੇਵਾ ਵਿੱਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ। ਮਲਕੀਅਤ ਸਿੰਘ ਰਘਬੋਤਰਾ ਨੇ ਜਸਵਾਲ ਪਰਵਾਰ ਦਾ ਵਿੱਤੀ ਸਹਾਇਤਾ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਇਹ ਰਾਸ਼ਨ ਵੰਡ ਸੇਵਾ ਲਗਭਗ 16 ਸਾਲਾਂ ਤੋਂ ਨਿਰੰਤਰ ਜਾਰੀ ਹੈ। ਜਿਸ ਵਿੱਚ ਸਮਾਜ ਸੇਵਕ ਰਜਿੰਦਰ ਸਿੰਘ ਕੋਚਰ (ਖੰਡ ਵਾਲੇ), ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਅਵਤਾਰ ਸਿੰਘ ਕੋਛੜ, ਰਾਜੀਵ ਕੁਮਰਾ, ਐਨ.ਆਰ.ਆਈ. ਸਤਪਾਲ ਵਰਮਾ, ਹਰਸ਼ ਵੀਰਜੀ ਛਾਬੜਾ, ਰਮਨ ਨਹਿਰਾ, ਸੋਨੀ ਦੁੱਗਲ, ਐਡਵੋਕੇਟ ਅੰਕਿਤ ਢੀਂਗਰਾ ਆਦਿ ਵਲੋਂ ਵਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਮੌਕੇ ਵਿਪਨ ਖੁਰਾਣਾ ਪ੍ਰਧਾਨ ਜਨਤਾ ਸੇਵਾ ਸੰਮਤੀ, ਮਨਜਿੰਦਰ ਕੌਰ, ਰਮੇਸ਼ ਗਾਬਾ, ਤਾਰਾ ਚੰਦ ਚੁੰਬਰ, ਸੁਧਾ ਬੇਦੀ, ਮੋਹਨ ਲਾਲ ਤਨੇਜਾ ਆਦਿ ਮੌਜੂਦ ਸਨ।

## ਸੰਗ ਢੇਸੀਆਂ ਵਿਖੇ ਕਰਵਾਏ ਦਸਤਾਰ ਤੇ ਦੁਮਾਲਾ ਸਜਾਉਣ ਦੇ ਮੁਕਾਬਲੇ

ਗੁਰਾਇਆ (ਬਿੰਦਰ ਸੁਮਨ)- ਬਾਬਾ ਸੰਗ ਦਸਤਾਰ ਕਲੱਬ ਪਿੰਡ ਸੰਗ ਢੇਸੀਆਂ ਵਲੋਂ ਵਿਸਾਖੀ ਪੁਰਬ ਦੇ ਸਬੰਧ ਵਿੱਚ ਇਤਿਹਾਸਕ ਗੁਰਦੁਆਰਾ ਬਾਬਾ ਸੰਗ ਢੇਸੀਆਂ ਵਿਖੇ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਪੰਜ ਤੋਂ ਬਾਰਾਂ ਅਤੇ ਤੇਰਾਂ ਤੋਂ ਵੀਹ ਉਮਰ ਵਰਗ ਦੇ ਮੁਕਾਬਲੇ ਕਰਵਾਏ ਗਏ। ਪੰਜ ਤੋਂ ਬਾਰਾਂ ਉਮਰ ਵਰਗ ਵਿਚ ਸਾਹਿਜਪ੍ਰੀਤ ਨੇ ਪਹਿਲਾ, ਤਨਵੀਰ ਸਿੰਘ ਕੰਗ ਰਾਈਆ ਅਤੇ ਹਰਕਰਨ ਸਿੰਘ ਘੁੜਕਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ । ਪੰਦਰਾਂ ਤੋਂ ਵੀਹ ਉਮਰ ਵਰਗ 'ਚ ਗੁਰਜੋਤ ਸਿੰਘ ਸੰਗ ਢੇਸੀਆਂ ਨੇ ਪਹਿਲਾ, ਅਸ਼ਦੀਪ ਸਿੰਘ ਨੇ ਦੂਜਾ ਅਤੇ ਜਸਰਾਜ ਸਿੰਘ ਰੁੜਕੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਦੁਮਾਲਾ ਸਜਾਉਣ ਦੇ ਮੁਕਾਬਲੇ ਵਿੱਚ ਅੰਮ੍ਰਿਤ ਸਿੰਘ ਨੇ ਪਹਿਲਾ, ਗੁਰਦੀਪ ਸਿੰਘ ਨੇ ਦੂਜਾ ਅਤੇ ਮਨਰਾਜ ਸਿੰਘ ਰੁੜਕੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਨਗਦ ਇਨਾਮ ਅਤੇ ਭਾਗ ਲੈਣ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਮਰਜੀਤ ਸਿੰਘ ਢੇਸੀ ਨੇ ਕਿਹਾ ਬੱਚਿਆਂ ਨੂੰ ਗੁਰਬਾਣੀ ਅਤੇ ਸਿੱਖੀ ਨਾਲ ਜੋੜਨ ਦੇ ਮਕਸਦ ਨਾਲ ਹਰੇਕ ਸਾਲ ਇਹ ਮੁਕਾਬਲੇ ਕਰਵਾਏ ਜਾਂਦੇ ਹਨ, ਉਨਾਂ ਸਹਿਯੋਗੀਆ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਅਮਰਜੀਤ ਸਿੰਘ ਕੈਂਥ, ਮੈਨੇਜਰ ਮੋਹਣ ਸਿੰਘ, ਸਤਭਾਗ ਸਿੰਘ ਪ੍ਰਚਾਰਕ, ਸਰਪੰਚ ਪਰਮਜੀਤ ਕੌਰ, ਸਰਬਜੀਤ ਸਿੰਘ, ਜੋਗਾ ਸਿੰਘ, ਕੁਲਦੀਪ ਸਿੰਘ, ਰਣਜੀਤ ਸਿੰਘ ਵਿਰਦੀ, ਸੁਰਿੰਦਰ ਸਿੰਘ ਥਾਂਦੀ, ਅਵਤਾਰ ਸਿੰਘ ਢੀਡਸਾ, ਦਲਵੀਰ ਸਿੰਘ ਸੱਗੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



## ਦੁਨੀਆ 'ਚ ਸਰਵੋਤਮ ਦਾਨਾਂ 'ਚੋਂ ਦਾਨ ਖ਼ੂਨਦਾਨ : ਡਾ. ਕੇਵਲ




ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)- ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਪਵਿੱਤਰ ਪਾਵਨ ਦਿਹਾੜੇ ਨੂੰ ਸਮਰਪਿਤ ਭਗਵਾਨ ਵਾਲਮੀਕਿ ਯੂਥ ਕਮੇਟੀ ਪੰਜਾਬ ਦੇ ਪ੍ਰਧਾਨ ਰਾਜਨ ਮਲਹੋਤਰਾ ਅਤੇ ਵਾਲਮੀਕਿ ਸੰਘਰਸ਼ ਮੋਰਚਾ ਭਾਰਤ ਦੇ ਪ੍ਰਧਾਨ ਮੋਨੂੰ ਤੇਜ਼ੀ ਦੀ ਅਗਵਾਈ ਵਿੱਚ ਸ਼ਿਮਲਾ ਪਹਾੜੀ ਉੜਮੁੜ ਵਿਖ਼ੇ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸਦਾ ਉਦਘਾਟਨ ਡਾ. ਕੇਵਲ ਸਿੰਘ ਕਾਜਲ ਅਤੇ ਡਾ. ਲਵਪ੍ਰੀਤ ਸਿੰਘ ਪਾਵਲਾ ਨੇ ਸਾਂਝੇ ਤੌਰ 'ਤੇ ਕੀਤਾ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਭਾਜਪਾ ਲੋਕ ਸਭਾ ਹਲਕਾ ਇੰਚਾਰਜ ਅਨੀਤਾ ਸੋਮ ਪ੍ਰਕਾਸ਼, ਇਮਪਰੂਵਮੈਂਟ ਟਰੱਸਟ ਹੁਸ਼ਿਆਰਪੁਰ ਸਾਬਕਾ ਚੇਅਰਮੈਨ ਹਰਮੀਤ ਸਿੰਘ ਔਲਖ, ਭਾਵਾਧਸ ਪੰਜਾਬ ਪ੍ਰਧਾਨ ਸੇਠ ਰਾਮ ਸੇਠੀ, ਸ਼ਿਵ ਸੇਨਾ ਹਿੰਦੁਸਤਾਨ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ, ਐਸ.ਐਮ.ਓ ਟਾਂਡਾ ਡਾ. ਕਰਨ ਸੈਣੀ, ਡਾ. ਅਮਿਤ ਪਾਠਕ, ਡਾ. ਸੰਦੀਪ, ਸ਼ੁਭਮ ਸਹੋਤਾ ਗੜ੍ਹਦੀਵਾਲ, ਵਿਨੋਦ ਕਲਿਆਣ, ਅਮਨ ਬੱਸੀ ਲੁਧਿਆਣਾ ਅਤੇ ਅਮਨ ਸਿੱਧੂ ਹੁਸ਼ਿਆਰਪੁਰ ਸ਼ਾਮਿਲ ਹੋਏ।ਕੈਂਪ 'ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਡਾ. ਕੇਵਲ ਸਿੰਘ ਕਾਜਲ ਨੇ ਕਿਹਾ ਕਿ ਦੁਨੀਆਂ 'ਚ ਕਿਸੇ ਵੀ ਧਰਮ ਜਾਤੀ ਦੇ ਗੁਰੂਆਂ, ਪੀਰਾਂ ਤੇ ਫਕੀਰਾਂ ਦੇ ਜਨਮ ਦਿਹਾੜੇ ਦੇ ਮੌਕੇ 'ਤੇ ਖ਼ੂਨਦਾਨ ਕੈਂਪ ਲਗਾਉਣਾ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਦੇਣਾ ਹੈ। ਉਨ੍ਹਾਂ ਕਿਹਾ ਕਿ ਹਰ ਸੰਤ ਮਹਾਂਪੁਰਸ਼ ਨੇ ਇਹ ਹੀ ਸੰਦੇਸ਼ ਦਿੱਤਾ ਹੈ ਕਿ ਸਾਰੇ ਦਾਨਾਂ ਚੋਂ ਦਾਨ ਸਰਵੋਤਮ ਦਾਨ ਖ਼ੂਨਦਾਨ ਹੈ, ਕਿਉਂਕਿ ਖ਼ੂਨਦਾਨ ਕਰਨ ਨਾਲ ਮੌਤ ਨਾਲ ਜੂਝ ਰਹੇ ਹਸਪਤਾਲਾਂ 'ਚ ਦਾਖਲ ਕਈ ਮਰੀਜ਼ਾਂ ਦੀਆਂ ਕੀਮਤੀ ਜਿੰਦਗੀਆਂ ਬਚਾਈਆਂ ਜਾ ਸਕਦੀਆਂ ਹਨ।ਸਾਈਂ ਬਲੱਡ ਸੇਵਾ ਟਾਂਡਾ ਅਤੇ ਸੰਤ ਬਾਬਾ ਰੰਗੀ ਰਾਮ ਜੀ ਬਲੱਡ ਬੈਂਕ ਜਾਜਾ ਦੇ ਸਹਿਯੋਗ ਨਾਲ ਇਸ ਕੈਂਪ ਵਿੱਚ ਨੌਜਵਾਨਾਂ ਨੇ 60 ਯੂਨਿਟ ਖ਼ੂਨਦਾਨ ਕੀਤਾ।ਇਸ ਮੌਕੇ 'ਤੇ ਗਣੇਸ਼ ਵੈਦ, ਪੰਜਾਬ ਵਾਈਸ ਪ੍ਰਧਾਨ ਕੀਮਤੀ ਲਾਲ, ਸਤਪਾਲ ਸੰਧੂ, ਪੰਜਾਬ ਸਕੱਤਰ ਵਿਜੇ ਮੱਟੂ, ਪੰਜਾਬ ਕੈਸ਼ੀਅਰ ਮੋਹਿਤ ਧੀਰ, ਪੰਜਾਬ ਚੇਅਰਮੈਨ ਗੁਰਦੀਪ ਦੀਪਾ, ਡਾ. ਭੱਟੀ, ਹਰਪ੍ਰੀਤ ਹੈਪੀ ਸੱਭਰਵਾਲ, ਬੰਟੀ ਚੌਹਾਨ, ਬੇਟ ਏਰੀਆ ਪ੍ਰਧਾਨ ਕਾਕਾ ਮਾਨਪੁਰ, ਸੱਲਾਂ ਬਲਾਕ ਪ੍ਰਧਾਨ ਮੋਹਨ ਲਾਲ, ਦਮਨ ਸੱਭਰਵਾਲ, ਕਰਨ ਸੱਭਰਵਾਲ, ਰਜਤ ਢਡਿਆਲਾ ਅਤੇ ਹੋਰ ਹਾਜ਼ਰ ਸਨ।

## ਡੀਬਾਰ ਲੈਕਚਰਾਰਾਂ ਨੂੰ ਮੁੜ ਸਟੇਸ਼ਨ ਚੁਆਇਸ ਦਾ ਮੌਕਾ ਮਿਲੇ : ਗੌਰਮਿੰਟ ਟੀਚਰਜ਼ ਯੂਨੀਅਨ




ਜਲੰਧਰ (ਰਾਜੇਸ਼ ਥਾਪਾ) ਪਿਛਲੇ ਸੈਸ਼ਨ ਦੌਰਾਨ ਪੰਜਾਬ ਦੇ ਸਕੂਲਾਂ ਅੰਦਰ ਸੈਂਕੜੇ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਸਾਰੀਆਂ ਖਾਲੀ ਪੋਸਟਾਂ ਨਹੀਂ ਵਿਖਾਈਆਂ ਗਈਆਂ ਸਨ। ਜਿਸ ਕਾਰਨ ਮਾਸਟਰ ਕੇਡਰ ਤੋਂ ਲੈਕਚਰਾਰ ਬਣੇ ਅਧਿਆਪਕਾਂ ਨੇ ਦੂਰ ਦੁਰਾਡੇ ਸਟੇਸ਼ਨਾਂ ਤੇ ਜੁਆਇੰਨ ਨਹੀਂ ਕੀਤਾ ਸੀ। ਜਿਸ ਕਾਰਨ ਉਹਨਾਂ ਨੂੰ ਡੀ ਬਾਰ ਕਰ ਦਿੱਤਾ ਗਿਆ ਪਰ ਬਾਅਦ ਵਿੱਚ ਸਿੱਖਿਆ ਮੰਤਰੀ ਪੰਜਾਬ ਵਲੋਂ ਕੀਤੀ ਗਈ ਸਾਂਝੇ ਅਧਿਆਪਕ ਮੋਰਚੇ ਨਾਲ ਮੀਟਿੰਗ ਸਮੇਂ ਇਹਨਾਂ ਨੂੰ ਜਲਦੀ ਹੀ ਸਾਰੀਆਂ ਖਾਲੀ ਪੋਸਟਾਂ ਦਿਖਾ ਕੇ ਦੁਬਾਰਾ ਸਟੇਸ਼ਨ ਚੋਣ ਕਰਨ ਦਾ ਵਾਅਦਾ ਕੀਤਾ ਸੀ ਪਰ ਹਾਲੇ ਤੱਕ ਇਸ ਸਬੰਧੀ ਕੋਈ ਪ੍ਰਕਿਰਿਆ ਨਹੀਂ ਹੋਈ। ਇਸ ਸਬੰਧੀ ਬਿਆਨ ਜਾਰੀ ਕਰਦਿਆਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ , ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਗੁਰਿੰਦਰ ਸਿੰਘ ਆਦਮਪੁਰ , ਸਕੱਤਰ ਸੁਖਵਿੰਦਰ ਸਿੰਘ ਮੱਕੜ ਪ੍ਰੈਸ ਸਕੱਤਰ ਵੇਦ ਰਾਜ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਮੰਗ ਕੀਤੀ ਕਿ ਸਿੱਖਿਆ ਮੰਤਰੀ ਪੰਜਾਬ ਆਪਣੇ ਵਾਅਦੇ ਅਨੁਸਾਰ ਡੀਬਾਰ ਕੀਤੇ ਗਏ ਇਹਨਾਂ ਲੈਕਚਰਾਰਾਂ ਨੂੰ ਦੁਬਾਰਾ ਸਟੇਸ਼ਨ ਚੋਣ ਕਰਨ ਦੇਣ ਦੀ ਪ੍ਰਕਿਰਿਆ ਸ਼ੁਰੂ ਕਰਨ । ਉਪਰੋਕਤ ਆਗੂਆਂ ਨੇ ਕਿਹਾ ਕਿ ਜਿਸ ਨਾਲ ਜਿੱਥੇ ਅਧਿਆਪਕਾਂ ਨੂੰ ਲੰਬੇ ਸਮੇਂ ਤੋਂ ਬਾਅਦ ਹੋਈਆਂ ਪ੍ਰਮੋਸ਼ਨਾਂ ਦਾ ਲਾਭ ਮਿਲ ਸਕੇਗਾ ,ਉੱਥੇ ਸਿੱਖਿਆ ਵਿਭਾਗ ਵਿੱਚ ਖਾਲੀ ਪੋਸਟਾਂ ਭਰਨ ਨਾਲ ਸਕੂਲਾਂ ਅੰਦਰ ਲੈਕਚਰਾਰਾਂ ਦੀਆਂ ਖਾਲੀ ਪੋਸਟਾਂ ਵੀ ਭਰੀਆਂ ਜਾ ਸਕਦੀਆਂ।

## 124 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ : ਕਟਾਰੂਚੱਕ

ਬੰਗਾ (ਅਵਤਾਰ ਕਲੇਰ) ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਬੰਗਾ ਅਨਾਜ ਮੰਡੀ ਵਿਚ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਖ਼ਰੀਦਿਆ ਜਾਵੇਗਾ ਅਤੇ ਸਮੁੱਚੇ ਸੀਜ਼ਨ ਦੌਰਾਨ ਕਿਸੇ ਵੀ ਅਨਾਜ ਮੰਡੀ ਵਿਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਸਮੇਤ ਕਣਕ ਦੇ ਖ਼ਰੀਦ ਪ੍ਰਬੰਧਾਂ ਨਾਲ ਜੁੜੇ ਕਿਸੇ ਵੀ ਵਰਗ ਨੂੰ ਕੋਈ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਖ਼ਰੀਦ, ਲਿਫਟਿੰਗ, ਬਾਰਦਾਨੇ, ਕਰੇਟਾਂ ਅਤੇ ਅਦਾਇਗੀ ਸਬੰਧੀ ਸਾਰੇ ਲੋੜੀਂਦੇ ਪ੍ਰਬੰਧਾਂ ਤੋਂ ਇਲਾਵਾ ਪੀਣ ਵਾਲੇ ਪਾਣੀ, ਸਾਫ਼-ਸਫਾਈ, ਰੋਸ਼ਨੀ, ਗੁਸਲਖਾਨਿਆਂ ਆਦਿ ਦੇ ਵੀ ਢੁਕਵੇਂ ਇੰਤਜ਼ਾਮ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਸਾਲ ਕਣਕ ਦੀ ਬੰਪਰ ਫ਼ਸਲ ਹੋਣ ਦੀ ਸੰਭਾਵਨਾ ਹੈ ਅਤੇ 124 ਲੱਖ ਮੀਟ੍ਰਿਕ ਟਨ ਕਣਕ ਖ਼ਰੀਦਣ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਪੰਜਾਬ ਦੀਆਂ ਮੰਡੀਆਂ ਵਿਚ 4 ਲੱਖ 16 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿਚੋਂ 3 ਲੱਖ 26 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਕਿਸਾਨਾਂ ਦੀ ਖ਼ਰੀਦ ਕੀਤੀ ਜਿਣਸ ਦਾ 151 ਕਰੋੜ ਰੁਪਿਆ ਉਨ੍ਹਾਂ ਦੇ ਖਾਤਿਆਂ ਵਿਚ ਪਾਇਆ ਜਾ ਚੁੱਕਾ ਹੈ।ਇਸ ਦੌਰਾਨ ਉਨ੍ਹਾਂ ਕਿਸਾਨ ਰਾਜਵੀਰ ਸਿੰਘ, ਪਿੰਡ ਮਾਹਿਲ ਗਹਿਲਾਂ ਦੀ ਢੇਰੀ ਦੀ ਖ਼ਰੀਦ ਕਰਵਾ ਕੇ ਖ਼ਰੀਦ ਦਾ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਉਨ੍ਹਾਂ ਹਾਜ਼ਰ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਗੱਲਬਾਤ ਵੀ ਕੀਤੀ। ਇਸ ਮੌਕੇ ਪੰਜਾਬ ਕੰਟੇਨਰ ਤੇ ਵੇਅਰ ਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਤੇ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ, ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ, ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਬੋਰਡ ਦੇ ਉੱਪ ਚੇਅਰਮੈਨ ਕੁਲਜੀਤ ਸਿੰਘ ਸਰਹਾਲ, ਐਸ.ਡੀ.ਐਮ ਬੰਗਾ ਵਿਪਨ ਭੰਡਾਰੀ, ਮਾਰਕੀਟ ਕਮੇਟੀ ਬੰਗਾ ਦੇ ਚੇਅਰਮੈਨ ਬਲਬੀਰ ਕਰਨਾਣਾ, ਨਗਰ ਸੁਧਾਰ ਟਰੱਸਟ ਨਵਾਂਸ਼ਹਿਰ ਦੇ ਟਰੱਸਟੀ ਹਰਜੋਤ ਕੌਰ ਲੋਹਟੀਆ, ਖ਼ੁਰਾਕ ਤੇ ਸਿਵਲ ਸਪਲਾਈ ਮਹਿਕਮੇ ਦੇ ਡਿਪਟੀ ਡਾਇਰੈਕਟਰ ਰਜਨੀਸ਼ ਕੌਰ, ਡੀ.ਐਫ.ਐਸ.ਸੀ ਮਨਜਿੰਦਰ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਜਸ਼ਨਦੀਪ ਸਿੰਘ ਨੈਣੋਵਾਲ, ਮਾਰਕੀਟ ਕਮੇਟੀ ਬੰਗਾ ਦੇ ਸਕੱਤਰ ਵਰਿੰਦਰ ਕੁਮਾਰ ਤੋਂ ਇਲਾਵਾ ਵੱਖ-ਵੱਖ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।



# 490 ਗ੍ਰਾਮ ਹੈਰੋਇਨ ਬਰਾਮਦ

**ਬਿਲਗਾ (ਵਿਜੇ ਕੁਮਾਰ)**- ਹਰਵਿੰਦਰ ਸਿੰਘ ਵਿਰਕ, ਸੀਨੀਅਰ ਪੁਲਸ ਕਪਤਾਨ ਜਲੰਧਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਬਜੀਤ ਰਾਏ ਪੁਲਸ ਕਪਤਾਨ, ਇਨਵੈਸਟੀਗੇਸ਼ਨ, ਜਲੰਧਰ ਦਿਹਾਤੀ ਅਤੇ ਸਰਵਣ ਸਿੰਘ ਬੱਲ ਉਪ ਪੁਲਸ ਕਪਤਾਨ ਸਬ ਡਵੀਜ਼ਨ ਫਿਲੌਰ ਦੀ ਅਗਵਾਈ ਹੇਠ ਥਾਣਾ ਬਿਲਗਾ ਦੇ ਇੰਸਪੈਕਟਰ ਪਲਵਿੰਦਰ ਸਿੰਘ ਮੁੱਖ ਅਫਸਰ ਥਾਣਾ ਬਿਲਗਾ ਦੀ ਟੀਮ ਵੱਲੋਂ ਦੌਰਾਨੇ ਤਫਤੀਸ਼ ਦੋਸ਼ੀ ਪਾਸੋਂ 490 ਗ੍ਰਾਮ ਹੈਰੋਇਨ ਬਰਾਮਦ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ।ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵਣ ਸਿੰਘ ਬੱਲ, ਉਪ ਪੁਲਸ ਕਪਤਾਨ ਨੇ ਦੱਸਿਆ ਕਿ 2 ਮੁਲਜ਼ਮਾਂ ਕੁਲਵਿੰਦਰ ਕੌਰ ਪਤਨੀ ਲੇਟ ਮੇਜਰ ਸਿੰਘ ਅਤੇ ਲਖਵੀਰ ਸਿੰਘ ਉਰਫ ਗੋਰਾ ਪੁੱਤਰ ਮੋਹਣ ਸਿੰਘ ਵਾਸੀਆਨ ਪਿੰਡ ਕੰਦੋਲਾ ਖੁਰਦ ਪਾਸੋਂ ਕੁੱਲ 112 ਗ੍ਰਾਮ ਹੈਰੋਇਨ ਬਰਾਮਦ ਹੋਈ ਸੀ। ਇਨ੍ਹਾਂ ਨੇ ਪੁੱਛਗਿੱਛ ਵਿੱਚ ਦੱਸਿਆ ਸੀ ਕਿ ਇਹ ਨਸ਼ਾ ਉਹ ਵਿਜੇ ਕੁਮਾਰ ਉਰਫ ਲੱਡੂ ਪੁੱਤਰ ਜਗਦੀਸ਼ ਕੁਮਾਰ ਉਰਫ ਜਗਦੇਵ ਸਿੰਘ ਵਾਸੀ ਮਕਾਨ ਨੰਬਰ 50 ਗਲੀ ਨੰਬਰ 02 ਹਰਦਿਆਲ ਨਗਰ ਥਾਣਾ ਡਵੀਜ਼ਨ ਨੰਬਰ 8 ਜਲੰਧਰ ਪਾਸੋਂ ਲੈ ਕੇ ਆਏ ਸਨ। ਉਕਤ ਵਿਜੇ ਕੁਮਾਰ ਕੇਂਦਰੀ ਜੇਲ੍ਹ ਕਪੂਰਥਲਾ ਵਿਖੇ ਬੰਦ ਸੀ। ਜਿਸ 'ਤੇ ਇੰਸਪੈਕਟਰ ਪਲਵਿੰਦਰ ਸਿੰਘ ਮੁੱਖ ਅਫਸਰ ਥਾਣਾ ਬਿਲਗਾ ਦੀ ਟੀਮ ਵੱਲੋਂ ਉਕਤ ਵਿਜੇ ਕੁਮਾਰ ਦੋਸ਼ੀ ਨੂੰ ਪ੍ਰੋਡਕਸ਼ਨ ਵਰੰਟ 'ਤੇ ਕੇਂਦਰੀ ਜੇਲ੍ਹ ਕਪੂਰਥਲਾ ਤੋਂ ਲਿਆ ਕੇ 15 ਅਪ੍ਰੈਲ 2025 ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਜਿਸ ਨੇ ਪੁੱਛਗਿੱਛ ਵਿੱਚ ਦੱਸਿਆ ਕਿ ਜੋ ਹੈਰੋਇਨ ਕੁਲਵਿੰਦਰ ਕੌਰ ਜਿਸ ਦੀ ਹੁਣ ਉਸ ਨਾਲ ਸ਼ਾਦੀ ਹੋ ਚੁੱਕੀ ਹੈ ਅਤੇ ਉਸ ਦਾ ਸਾਂਢੂ ਲਖਵੀਰ ਸਿੰਘ ਉਰਫ ਗੋਰਾ ਪੁੱਤਰ ਮੋਹਣ ਸਿੰਘ ਵਾਸੀ ਕੰਦੋਲਾ ਖੁਰਦ ਥਾਣਾ ਬਿਲਗਾ ਪਾਸੋਂ ਬਰਾਮਦ ਹੋਈ ਸੀ ਉਹ ਉਸ ਨੇ ਹੀ ਉਨ੍ਹਾਂ ਨੂੰ ਵੇਚਣ ਲਈ ਦਿੱਤੀ ਸੀ ਅਤੇ ਬਾਕੀ ਦੀ ਹੈਰੋਇਨ ਉਹ ਆਪਣੇ ਸਾਂਢੂ ਲਖਵੀਰ ਸਿੰਘ ਦੇ ਘਰ ਤੋਂ ਬਰਾਮਦ ਕਰਵਾ ਸਕਦਾ ਹੈ। ਜਿਸ 'ਤੇ ਇੰਸਪੈਕਟਰ ਪਲਵਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਮੁਲਜ਼ਮ ਵਿਜੈ ਕੁਮਾਰ ਉਰਫ ਲੱਡੂ ਦੀ ਨਿਸ਼ਾਨਦੇਹੀ 'ਤੇ ਉਸ ਦੇ ਸਾਂਢੂ ਲਖਵੀਰ ਸਿੰਘ ਦੇ ਘਰ ਤੋਂ 490 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।

# ਜ਼ਿਲ੍ਹੇ ਦੇ ਸਰਕਾਰੀ ਸਕੂਲਾਂ 'ਚ 2.02 ਕਰੋੜ ਰੁਪਏ ਦੇ ਵਿਕਾਸ ਕਾਰਜ ਸਮਰਪਤ

**ਜਲੰਧਰ, 17 ਅਪ੍ਰੈਲ (ਸ਼ੈਲੀ ਐਲਬਰਟ)**- ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੇ ਮੰਤਵ ਨਾਲ ਰਾਜ ਸਰਕਾਰ ਵੱਲੋਂ ਸ਼ੁਰੂ ਕੀਤੀ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਅੱਜ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 2.02 ਕਰੋੜ ਰੁਪਏ ਦੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ, ਜਿਨ੍ਹਾਂ ਵਿੱਚ ਪ੍ਰਾਇਮਰੀ ਅਤੇ ਅਪਰ ਪ੍ਰਾਇਮਰੀ ਸਕੂਲਾਂ ਵਿਚ ਕ੍ਰਮਵਾਰ 63.36 ਲੱਖ ਅਤੇ 1.39 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟ ਸ਼ਾਮਲ ਹਨ। ਇਸੇ ਮੁਹਿੰਮ ਤਹਿਤ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਬਸਤੀ ਸ਼ੇਖ (ਲੜਕੀਆਂ) ਵਿਖੇ 2.65 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ, ਜਿਨ੍ਹਾਂ ਵਿੱਚ ਇਕ ਆਧੁਨਿਕ ਕਲਾਸ ਰੂਮ ਅਤੇ ਫਲੋਰਿੰਗ ਸ਼ਾਮਲ ਹੈ।ਇਸ ਮੌਕੇ ਸਕੂਲ ਵਿਖੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਵਿਕਸਿਤ ਕਰਨ ਅਤੇ ਵਿਦਿਆਰਥੀਆਂ ਨੂੰ ਮਿਆਰੀ ਤੇ ਸਮੇਂ ਦੇ ਹਾਣ ਦੀ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣ ਲਈ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਬਿਹਤਰ ਅਤੇ ਪੰਜਾਬ ਦੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਤੇ ਰੌਸ਼ਨ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਦਾ ਆਗਾਜ਼ ਕੀਤਾ ਗਿਆ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਇਸ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜ ਸਮਰਪਤ ਕੀਤੇ ਜਾਣਗੇ।ਇਸੇ ਤਰ੍ਹਾਂ ਵਿਧਾਨ ਸਭਾ ਹਲਕਾ ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦਿੱਤੂ ਨੰਗਲ, ਬਿਸਰਾਮਪੁਰ, ਨਾਹਰਪੁਰ ਤੇ ਪੱਤੜ ਕਲਾਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਤੜ ਕਲਾਂ ਅਤੇ ਸਰਕਾਰੀ ਮਿਡਲ ਸਕੂਲ ਫਾਜ਼ਿਲਪੁਰ ਵਿਖੇ 45.77 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਸ ਤੋਂ ਇਲਾਵਾ ਜ਼ਿਲ੍ਹੇ ਹੋਰਨਾਂ ਸਕੂਲਾਂ ਵਿੱਚ ਵੀ ਵਿਕਾਸ ਕਾਰਜ ਸਮਰਪਤ ਕੀਤੇ ਗਏ, ਜਿਨ੍ਹਾਂ ਵਿੱਚ ਕਲਾਸਰੂਮ, ਲੈਬੋਰੇਟਰੀ, ਚਾਰਦਿਵਾਰੀ, ਸਾਇੰਸ ਲੈਬ, ਲਾਇਬ੍ਰੇਰੀ ਰੂਮ ਅਤੇ ਜ਼ਰੂਰੀ ਮੁਰੰਮਤ ਦੇ ਕੰਮ ਸ਼ਾਮਲ ਹਨ।



# ਲੁਹਾਰਾਂ ਚਾੜ੍ਹਕੇ 'ਚ ਖਾਲਸਾ ਸਾਜਨਾ ਦਿਵਸ ਮਨਾਇਆ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਗੁਰੂ ਨਾਨਕ ਖਾਲਸਾ ਸਕੂਲ ਤੇ ਗੁਰੂ ਨਾਨਕ ਮਿਸ਼ਨਰੀ ਐਜੂਕੇਸ਼ਨਲ ਟਰੱਸਟ ਲੁਹਾਰਾਂ ਚਾੜ੍ਹਕੇ ਭੋਗਪੁਰ 'ਚ ਵਿਸਾਖੀ ਤੇ ਖਾਲਸਾ ਦੇ ਸਾਜਨਾ ਦਿਹਾੜਾ ਮਨਾਇਆ ਗਿਆ। ਸੰਸਥਾਪਕ ਤੇ ਚੇਅਰਮੈਨ ਗਿਆਨੀ ਸਵਰਨ ਸਿੰਘ (ਕੈਨੇਡਾ), ਡਾਇਰੈਕਟਰ ਕੁਲਵੰਤ ਸਿੰਘ ਜੰਮੂ, ਪ੍ਰਧਾਨ ਮਨਦੀਪ ਸਿੰਘ ਖਾਲਸਾ, ਸਕੱਤਰ ਮਨਿੰਦਰ ਸਿੰਘ, ਟਰੱਸਟੀ ਅਮਰਜੀਤ ਸਿੰਘ ਜੰਮੂ, ਟਰੱਸਟੀ ਸਰਦਾਰਨੀ ਰਮਨਦੀਪ ਕੌਰ, ਪ੍ਰਿੰਸੀਪਲ, ਡਾ. ਕਮਲਜੀਤ ਕੌਰ, ਸਕੂਲ ਪ੍ਰਿੰਸੀਪਲ ਮਨਦੀਪ ਸਿੰਘ ਤੇ ਦੋਨੋਂ ਸੰਸਥਾਵਾਂ ਦੇ ਸਮੂਹ ਸਟਾਫ਼ ਵੱਲੋਂ ਖਾਲਸਾ ਸਾਜਨਾ ਦਿਨ ਮਨਾਇਆ ਗਿਆ। ਗੁਰੂ ਨਾਨਕ ਖਾਲਸਾ ਸਕੂਲ ਵਿੱਚ ਬੱਚਿਆਂ ਦੁਆਰਾ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ, ਉਪਰੰਤ ਸਕੂਲ ਤੇ ਇੰਸਟੀਚਿਊਟ ਦੇ ਬੱਚਿਆਂ ਵੱਲੋਂ ਕਵੀਸ਼ਰੀ, ਸ਼ਬਦ, ਲੈਕਚਰ ਤੇ ਕਵਿਤਾ ਵਿੱਚ ਭਾਗ ਲਿਆ। ਇਸ ਮੌਕੇ ਡਾਇਰੈਕਟਰ ਕੁਲਵੰਤ ਸਿੰਘ ਜੰਮੂ ਨੇ ਬੱਚਿਆਂ ਨੂੰ ਖਾਲਸਾ ਸ਼ਬਦ ਦੀ ਅਹਿਮੀਅਤ ਦੱਸੀ। ਪ੍ਰਧਾਨ ਮਨਦੀਪ ਸਿੰਘ ਭੋਗਪੁਰ ਨੇ ਬੱਚਿਆਂ ਦੇ ਸ਼ਾਨਦਾਰ ਨਤੀਜਿਆਂ 'ਤੇ ਮੁਬਾਰਕਾਂ ਦਿੱਤੀਆਂ। ਸਕੂਲ ਪ੍ਰਿੰਸੀਪਲ ਮਨਦੀਪ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਦੋਨੋਂ ਸੰਸਥਾਵਾਂ ਦੇ ਟਰੱਸਟੀ ਅਮਰਜੀਤ ਸਿੰਘ ਜੰਮੂ ਵੀ ਮੌਜੂਦ ਸਨ। ਹਰਭਜਨ ਸਿੰਘ ਯੂ.ਐਸ.ਏ. ਉੜਾਪੜ ਤੇ ਉਨ੍ਹਾਂ ਦੇ ਨਾਲ ਉਨਾਂ ਦੇ ਸਕੂਲ ਦੇ ਮੈਨੇਜਮੈਂਟ ਅਤੇ ਗੁਰਦੁਆਰੇ ਦੇ ਪ੍ਰਧਾਨ ਤੇ ਸਰਪੰਚ ਵੀ ਵਿਸ਼ੇਸ਼ ਤੌਰ 'ਤੇ ਸਕੂਲ ਦਾ ਮਾਡਲ ਦੇਖਣ ਵਾਸਤੇ ਆਏ। ਇਸ ਤੋਂ ਇਲਾਵਾ ਬੱਚਿਆਂ ਦਾ ਸਲਾਨਾ ਇਨਾਮ ਵੰਡ ਸਮਾਰੋਹ ਵੀ ਹੋਇਆ, ਜਿਸ ਵਿੱਚ ਬੱਚਿਆਂ ਨੂੰ ਅਕਾਦਮਿਕ ਦੇ ਨਾਲ-ਨਾਲ ਖੇਡਾਂ ਤੇ ਪ੍ਰਸ਼ਨੋਤਰੀ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਵੰਡੇ ਗਏ। ਇਸੇ ਤਰ੍ਹਾਂ ਇੰਸਟੀਚਿਊਟ ਪ੍ਰਿੰਸੀਪਲ ਤੇ ਸਿੱਖ ਮਿਸ਼ਨਰੀ ਸਰਕਲ ਇੰਚਾਰਜ ਡਾ. ਕਮਲਜੀਤ ਕੌਰ ਨੇ ਅਕਾਦਮਿਕ ਤੇ ਗੁਰਮਤਿ ਪ੍ਰੀਖਿਆ ਵਿੱਚੋਂ ਅੱਵਲ ਰਹੀਆਂ ਵਿਦਿਆਰਥਣਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਤੇ ਜੇਤੂ ਵਿਦਿਆਰਥਣਾਂ ਨੂੰ ਸਨਮਾਨ ਵੀ ਪ੍ਰਦਾਨ ਕੀਤੇ ਗਏ। ਸਿੱਖ ਮਿਸ਼ਨਰੀ ਲੁਧਿਆਣਾ ਵੱਲੋਂ ਲਈ ਗਈ ਧਾਰਮਿਕ ਪ੍ਰੀਖਿਆ ਵਿਚ ਦੂਜੇ ਦਰਜੇ ਤੇ ਚੌਥੇ ਦਰਜੇ ਦੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਵੀ ਦਿੱਤੇ ਗਏ। ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਗੁਰੂ ਕੇ ਲੰਗਰ ਵੀ ਅਤੁੱਟ ਵਰਤਾਏ ਗਏ।



# ਚੇਅਰਮੈਨ ਜਲਾਲਪੁਰ ਨੇ ਹੈਡੋਂ ਬੇਟ ਵਾਸੀਆਂ ਨੂੰ ਦਿੱਤੀ ਡੇਢ ਲੱਖ ਦੀ ਗਰਾਂਟ

**ਬਲਾਚੌਰ (ਜਸਵਿੰਦਰ ਬੈਂਸ)**-ਜ਼ਿਲਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਨੇ ਆਪਣੇ ਅਖਤਿਆਰੀ ਕੋਟੇ ਵਿੱਚੋਂ ਡੇਢ ਲੱਖ ਦੀ ਗ੍ਰਾਂਟ ਬਲਾਚੌਰ ਸਬ ਡਵੀਜ਼ਨ ਦੇ ਪਿੰਡ ਹੈਡੋਂ ਬੇਟ ਦੀ ਪੰਚਾਇਤ ਨੂੰ ਦਿੱਤੀ। ਇਹ ਗਰਾਂਟ ਸ਼ਮਸ਼ਾਨ ਘਾਟ ਦੀ ਉਸਾਰੀ ਲਈ ਦਿੱਤੀ ਗਈ ਹੈ।ਅੱਜ ਗ੍ਰਾਮ ਪੰਚਾਇਤ ਹੈਡੋ ਬੇਟ ਦੇ ਮੈਂਬਰਾਂ ਨੇ ਜਲਾਲਪੁਰ ਦੇ ਦਫਤਰ ਜਾ ਕੇ ਇਹ ਗ੍ਰਾਂਟ ਪ੍ਰਾਪਤ ਕੀਤੀ। ਇਸ ਸਮੇਂ ਦਾਰਾ ਸਿੰਘ ਸਰਪੰਚ, ਰਾਜਕੁਮਾਰ ਸਾਬਕਾ ਪੰਚ, ਪਵਨ ਕੁਮਾਰ ਪ੍ਰਧਾਨ, ਅਮਰਜੀਤ ਸੋਨੂੰ, ਜਗਦੀਸ਼ ਕੁਮਾਰ, ਪ੍ਰੇਮ ਜਮਸ਼ੇਰ, ਜਗਤਾਰ ਸਿੰਘ ਪੰਚ, ਜਤਿੰਦਰ ਸੇਠੀ, ਮੇਜਰ ਚੌਹਾਨ, ਅਮਰੀਕ ਸਿੰਘ, ਚਰਨ ਦਾਸ ਸਾਬਕਾ ਪੰਚ, ਆਦੀ ਨੇ ਇਹ ਗ੍ਰਾਂਟ ਦਾ ਚੈੱਕ ਪ੍ਰਾਪਤ ਕੀਤਾ। ਸਾਰੀ ਪੰਚਾਇਤ ਨੇ ਸਤਨਾਮ ਜਲਾਲਪੁਰ ਦਾ ਗ੍ਰਾਂਟ ਦੇਣ ਲਈ ਧੰਨਵਾਦ ਕੀਤਾ। ਪਿੰਡ ਵਾਸੀਆਂ ਨੇ ਦੱਸਿਆ ਕਿ ਅਜੇ ਪਿੰਡ ਵਿੱਚ ਬਹੁਤ ਸਾਰੇ ਕੰਮ ਹੋਣ ਵਾਲੇ ਹਨ ਜਿਨ੍ਹਾਂ ਲਈ ਹੋਰ ਗਰਾਂਟ ਦੀ ਜ਼ਰੂਰਤ ਹੈ ਅਤੇ ਚੇਅਰਮੈਨ ਸਤਨਾਮ ਜਲਾਲਪੁਰ ਨੇ ਉਹਨਾਂ ਨੂੰ ਵਿਸ਼ਵਾਸ ਦਿਵਾਇਆ ਕੀ ਤੁਹਾਡੇ ਬਾਕੀ ਰਹਿੰਦੇ ਕੰਮ ਵੀ ਪੰਜਾਬ ਸਰਕਾਰ ਜਲਦੀ ਤੋਂ ਜਲਦੀ ਕਰੇਗੀ।



# ਗੁਰਾਇਆ ਦਾਣਾ ਮੰਡੀ 'ਚ ਸਮੱਸਿਆਵਾਂ ਵੱਲ ਧਿਆਨ ਨਾ ਦਿੱਤਾ ਤਾਂ ਲੱਗੇਗਾ ਧਰਨਾ : ਢਿੱਲੋਂ






**ਗੁਰਾਇਆ (ਬਿੰਦਰ ਸੁੰਮਨ)**- ਪੰਜਾਬ ਸਰਕਾਰ ਵਲੋਂ ਕਣਕ ਦੀ ਖ੍ਰੀਦ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਵੱਡੇ ਵੱਡੇ ਐਲਾਨ ਕੀਤੇ ਗਏ ਹਨ ਕਿ ਮੰਡੀਆਂ 'ਚ ਹਰੇਕ ਤਰ੍ਹਾਂ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਪਰ ਮਾਰਕਿਟ ਕਮੇਟੀ ਗੁਰਾਇਆ ਦੀ ਦਾਣਾ ਮੰਡੀ 'ਚ ਕਈ ਸਹੂਲਤਾਂ ਦੀ ਘਾਟ ਹੈ, ਇਸ ਸੰਬੰਧੀ ਜਾਣਕਾਰੀ ਦਿੰਦਿਆ ਤਰਸੇਮ ਸਿੰਘ ਢਿੱਲੋਂ ਜਿਲਾ ਸਕੱਤਰ ਭਾਰਤੀ ਕਿਸਾਨ ਯੂਨੀਅਨ ਦੁਆਬਾ, ਰਣਜੀਤ ਸਿੰਘ ਖੇਲਾ ਸਰਕਲ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਦੁਆਬਾ, ਬਲਵਿੰਦਰ ਸਿੰਘ ਸਰਕਲ ਸਕੱਤਰ ਗੁਰਾਇਆ ਅਤੇ ਗੁਦਾਵਰ ਸਿੰਘ ਨੇ ਦੱਸਿਆ ਕਿ ਗੁਰਾਇਆ ਦਾਣਾ ਮੰਡੀ 'ਚ ਦੋ ਬਾਥਰੂਮ ਹਨ ਜਿੰਨਾਂ ਨੂੰ ਮਾਰਕਿਟ ਕਮੇਟੀ ਵੱਲੋਂ ਜਿੰਦਰੇ ਲਾ ਕੇ ਬੰਦ ਕੀਤਾ ਹੋਇਆ ਹੈ, ਜਿਸ ਨਾਲ ਕਿਸਾਨ ਅਤੇ ਮਜਦੂਰਾਂ ਨੂੰ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੀਣ ਵਾਲੇ ਪਾਣੀ ਦੀਆਂ ਟੈਂਕੀਆਂ ਜੋ ਬਿਨਾ ਡੱਕਣਾ ਤੋਂ ਹਨ ਪਾਣੀ ਗੰਦਾ ਹੈ ਕਿ ਪੀਣ ਯੋਗ ਪਾਣੀ ਨਹੀਂ ਹੈ, ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾ ਭਾਰਤੀ ਕਿਸਾਨ ਯੂਨੀਅਨ ਦੁਆਬਾ ਵੱਲੋਂ ਮਾਰਕਿਟ ਕਮੇਟੀ ਗੁਰਾਇਆ ਦੇ ਚੇਅਰਮੈਨ ਪ੍ਰਦੀਪ ਦੁੱਗਲ ਨੂੰ ਮੰਗ ਪੱਤਰ ਦਿੱਤਾ ਸੀ, ਜਿਸ 'ਚ ਮੰਗ ਕੀਤੀ ਸੀ ਕਿ ਮੰਡੀ 'ਚ ਕਿਸਾਨ ਅਤੇ ਮਜ਼ਦੂਰਾਂ ਵਾਸਤੇ ਪਾਣੀ ਅਤੇ ਬਾਥਰੂਮ ਵਾਸਤੇ ਮੁਕੰਮਲ ਪ੍ਰਬੰਧ ਕੀਤੇ ਜਾਣ, ਮੰਡੀ 'ਚ ਲਾਈਟਾਂ ਦਾ ਪੂਰਾ ਪ੍ਰਬੰਧ ਕੀਤਾ ਜਾਵੇ, ਮੰਡੀ 'ਚ ਲੱਗੇ ਸਰਕਾਰੀ ਕੱਡੇ ਤੋਂ ਕਿਸਾਨਾਂ ਦੀ ਫਸਲ ਨੂੰ ਤੋਲਣ ਦਾ ਕੋਈ ਮੁੱਲ ਨਾ ਲਿਆ ਜਾਵੇ, ਜਿਸ ਆੜ੍ਹਤੀਏ ਦੇ ਫੜ 'ਚ ਫਸਲ ਹੋਵੇਗੀ। ਮੰਡੀ ਵਿੱਚ ਫਸਲ ਲਿਆਉਣ ਵਕਤ ਬੜਾ ਪਿੰਡ ਰੋਡ ਦੀ ਆਵਾਜਾਈ ਸੁਖਾਲੀ ਬਣਾਈ ਜਾਵੇ ਤਾਂ ਜੋ ਫਸਲ ਲਿਆਉਣ ਵਿੱਚ ਕੋਈ ਮੁਸ਼ਕਲ ਨਾ ਆ ਸਕੇ। ਉਨ੍ਹਾਂ ਕਿਹਾ ਕਿ ਜੇਕਰ ਦੋ ਦਿਨਾਂ ਦੇ ਅੰਦਰ ਇੰਨ੍ਹਾਂ ਸਮੱਸਿਆਵਾਂ ਦਾ ਹੱਲ ਨਾ ਕੀਤਾ ਤਾਂ ਕਿਸਾਨ ਯੂਨੀਅਨ ਦੁਆਬਾ ਵੱਲੋਂ ਮਾਰਕਿਟ ਕਮੇਟੀ ਗੁਰਾਇਆ ਦੇ ਦਫਤਰ ਅੱਗੇ ਧਰਨਾ ਲਾਇਆ ਜਾਵੇਗਾ।

# ਕੇਂਦਰ ਤੇ ਪੰਜਾਬ ਸਰਕਾਰ ਨਰੇਗਾ ਮਜ਼ਦੂਰਾਂ ਨੂੰ ਸਾਰਾ ਸਾਲ ਕੰਮ ਦੇਣ : ਦਰਾਜਕੇ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਦਿਹਾਤੀ ਮਜ਼ਦੂਰ ਸਭਾ ਵੱਲੋਂ ਬ੍ਰਾਂਚ ਰਾਜੋਕੇ ਦੀ ਭਰਵੀਂ ਮੀਟਿੰਗ ਕੀਤੀ ਗਈ। ਮੀਟਿੰਗ ਗੁਰਬੀਰ ਭੱਟੀ ਰਾਜੋਕੇ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਮਜ਼ਦੂਰ ਔਰਤਾਂ ਤੇ ਮਰਦਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਚਮਨ ਲਾਲ ਦਰਾਜਕੇ, ਜਸਵੰਤ ਸਿੰਘ ਭਿੱਖੀਵਿੰਡ, ਲਾਜ਼ਰ ਲਾਖਣਾ ਨੇ ਕਿਹਾ ਕਿ ਪੰਜਾਬ ਅਤੇ ਕੇਂਦਰ ਦੀ ਸਰਕਾਰ ਮਜ਼ਦੂਰਾਂ ਨੂੰ ਮਨਰੇਗਾ ਸਕੀਮ ਤਹਿਤ ਮਜ਼ਦੂਰ ਵਰਗ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ ਸੱਤ ਸੌ ਰੁਪਏ ਕੀਤੀ ਜਾਵੇ, ਬੁਢਾਪਾ, ਵਿਧਵਾ, ਅੰਗਹੀਣ ਪੈਨਸ਼ਨ ਘੱਟੋ-ਘੱਟ ਪੰਜ ਹਜ਼ਾਰ ਕੀਤੀ ਜਾਵੇ।ਪੰਚਾਇਤੀ ਜ਼ਮੀਨ ਵਿੱਚੋਂ ਦਸ-ਦਸ ਮਰਲੇ ਦੇ ਪਲਾਟ ਦਿੱਤੇ ਜਾਣ ਅਤੇ ਘਰ ਬਣਾਉਣ ਲਈ ਪੰਜ ਲੱਖ ਦੀ ਗ੍ਰਾਂਟ ਦਿੱਤੀ ਜਾਵੇ। ਇਨ੍ਹਾਂ ਮੰਗਾਂ ਦੀ ਪ੍ਰਾਪਤੀ ਲਈ ਪਿੰਡਾਂ ਵਿੱਚ ਦਿਹਾਤੀ ਮਜ਼ਦੂਰ ਸਭਾ ਦੀਆਂ ਕਮੇਟੀਆਂ ਬਣਾ ਕੇ ਪੰਜਾਬ ਸਰਕਾਰ ਦੇ ਖਿਲਾਫ ਸੰਘਰਸ਼ ਵਿੱਢਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਤੇ ਕੇਂਦਰ ਸਰਕਾਰ ਦਾ ਪੂਰਾ ਜ਼ੋਰ ਲੱਗਿਆ ਹੋਇਆ ਹੈ ਕਿ ਮਜ਼ਦੂਰ ਵਰਗ ਦਾ ਖ਼ੂਨ ਨਿਚੋੜਿਆ ਜਾਵੇ ਤੇ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੀ ਬਜਾਏ ਘਰ ਬੈਠਿਆਂ ਨੂੰ ਪਰਚਿਆਂ ਨਾਲ ਨਿਵਾਜ ਰਹੀ ਹੈ। ਸਾਡੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਇਹ ਕਦੀ ਵੀ ਬਰਦਾਸ਼ਤ ਨਹੀਂ ਕਰਨਗੀਆਂ। ਮੀਟਿੰਗ ਦੇ ਅੰਤ ਵਿੱਚ ਦਿਹਾਤੀ ਮਜ਼ਦੂਰ ਸਭਾ ਬ੍ਰਾਂਚ ਰਾਜੋਕੇ ਦੀ ਚੋਣ ਕੀਤੀ ਗਈ ਜਿਸ ਵਿੱਚ ਪ੍ਰਧਾਨ ਭੋਲਾ ਸਿੰਘ, ਮੀਤ ਪ੍ਰਧਾਨ ਲਖਵਿੰਦਰ ਸਿੰਘ, ਸਕੱਤਰ ਸੁਖਦੇਵ ਸਿੰਘ ਚੁਣੇ ਜਾਣ ਤੋਂ ਇਲਾਵਾ ਬਾਕੀ ਕਮੇਟੀ ਮੈਂਬਰ ਵੀ ਚੁਣੇ ਗਏ। ਇਸ ਮੌਕੇ ਬਖਸ਼ੀਸ਼ ਸਿੰਘ, ਦਿਲਬਾਗ ਸਿੰਘ, ਸਰਵਣ ਸਿੰਘ, ਬਲਦੇਵ ਸਿੰਘ, ਸੁਖਰਾਜ ਸਿੰਘ, ਬਲਜਿੰਦਰ ਸਿੰਘ, ਬੋਹੜ ਸਿੰਘ, ਸਤਨਾਮ ਸਿੰਘ ਅਤੇ ਗੁਰਜੰਟ ਸਿੰਘ ਹਾਜ਼ਰ ਸਨ।



# ਨੌਜਵਾਨ ਵੱਲੋਂ ਜ਼ਹਿਰ ਖਾ ਕੇ ਜੀਵਨ ਲੀਲ੍ਹਾ ਖਤਮ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਸ਼ਹਿਰ ਦੇ ਨਜ਼ਦੀਕ ਪੈਂਦੇ ਪਿੰਡ ਪਾਹੜਾ ਦੇ ਇਕ 26 ਸਾਲ ਦੇ ਨੌਜਵਾਨ ਨੇ ਜ਼ਹਿਰ ਖਾ ਕੇ ਜੀਵਨ ਲੀਲ੍ਹਾ ਸਮਾਪਤ ਕਰ ਲੈਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਦੇ ਪਿਤਾ ਸਰਜੀਤ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਪ੍ਰਾਈਵੇਟ ਨੌਕਰੀ ਕਰਦਾ ਹੈ ਅਤੇ ਉਸ ਦੀਆਂ ਚਾਰ ਲੜਕੀਆਂ ਅਤੇ ਇਕ ਲੜਕਾ ਸੀ। ਉਨ੍ਹਾਂ ਕਿਹਾ ਲੜਕੇ ਸਰਵਣ ਦੀ ਪਿੰਡ ਦੀ ਹੀ ਇਕ ਲੜਕੀ ਨਾਲ ਦੋਸਤੀ ਸੀ। ਉਨ੍ਹਾਂ ਦੱਸਿਆ ਕਿ ਉਕਤ ਲੜਕੀ ਦੀ ਭੈਣ ਅਤੇ ਜੀਜਾ ਸਾਡੇ ਘਰ ਆਏ ਅਤੇ ਸਾਡੇ ਲੜਕੇ ਸਰਵਣ ਦੀ ਕੁੱਟਮਾਰ ਕੀਤੀ ਅਤੇ ਧਮਕੀ ਦਿੱਤੀ ਕਿ ਤੈਨੂੰ ਅਤੇ ਤੇਰੇ ਪਰਿਵਾਰ ਨੂੰ ਮਰਵਾ ਦੇਣਗੇ। ਉਨ੍ਹਾਂ ਕਿਹਾ ਇਸ ਡਰ ਕਾਰਨ ਮੇਰੇ ਲੜਕੇ ਸਰਵਣ ਨੇ ਜ਼ਹਿਰ ਖਾ ਕੇ ਆਪਣੀ ਜ਼ਿੰਦਗੀ ਖਤਮ ਕਰ ਲਈ ਹੈ। ਇਸ ਘਟਨਾ ਤੋਂ ਬਾਅਦ ਪੂਰੇ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਸੀ। ਪੀੜਤ ਪਰਿਵਾਰ ਨੇ ਜਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਉਨ੍ਹਾਂ ਦੇ ਲੜਕੇ ਨੂੰ ਆਤਮ ਹੱਤਿਆ ਕਰਨ ਲਈ ਉਕਸਾਉਣ ਵਾਲਿਆਂ ਖ਼ਿਲਾਫ਼ ਸਖਤ ਤੋਂ ਸਖਤ ਕਾਰਵਾਈ ਕਰਕੇ ਸਾਨੂੰ ਇਨਸਾਫ਼ ਦਿਵਾਇਆ ਜਾਵੇ।

# ਅਖੌਤੀ ਸਿੱਖਿਆ ਕ੍ਰਾਂਤੀ ਖਿਲਾਫ ਡੀ ਟੀ ਐੱਫ ਨੇ ਲਗਾਇਆ ਧਰਨਾ

**ਸ਼ਾਹਕੋਟ (ਗਿਆਨ ਸੈਦਪੁਰੀ)**- ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੱਦੇ 'ਤੇ ਫਰੰਟ ਦੇ ਬਲਾਕ ਸ਼ਾਹਕੋਟ ਇਕ ਤੇ ਦੋ ਦੇ ਅਧਿਆਪਕਾਂ ਨੇ ਪੰਜਾਬ ਸਰਕਾਰ ਵੱਲੋਂ ਸਕੂਲਾਂ ਵਿਚ ਚਲਾਈ ਅਖੌਤੀ ਸਿੱਖਿਆ ਕ੍ਰਾਂਤੀ ਦੇ ਖਿਲਾਫ ਸਥਾਨਕ ਤਹਿਸੀਲ ਕੰਪਲੈਕਸ ਵਿਚ ਧਰਨਾ ਦੇ ਕੇ ਇਸ ਦਾ ਜ਼ੋਰਦਾਰ ਵਿਰੋਧ ਕੀਤਾ। ਫਰੰਟ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ ਅਤੇ ਸਾਬਕਾ ਪ੍ਰਧਾਨ ਗੁਰਮੀਤ ਸਿੰਘ ਕੋਟਲੀ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਦਿੱਲੀ ਦੇ ਫੇਲ੍ਹ ਹੋਏ ਸਿੱਖਿਆ ਮਾਡਲ ਨੂੰ ਪੰਜਾਬ ਵਿਚ ਲਾਗੂ ਕਰਕੇ ਸਿੱਖਿਆ ਨੂੰ ਨਿਘਾਰ ਵੱਲ ਧੱਕ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਬੁਨਿਆਦੀ ਢਾਂਚੇ ਵਿਚ ਤਬਦੀਲੀ ਕਰਨ ਦੀ ਬਾਜਾਏ ਸਰਕਾਰ ਸਕੂਲਾਂ ਵਿਚ ਪਹਿਲਾਂ ਬਣੀਆਂ ਹੋਈਆਂ ਇਮਾਰਤਾਂ ਦੇ ਉਦਘਾਟਨ ਕਰਕੇ ਫੋਕੀ-ਫੋਕੀ ਵਾਹ-ਵਾਹ ਖੱਟਣ ਦੇ ਰਾਹ ਪਈ ਹੋਈ ਹੈ। ਉਨ੍ਹਾਂ ਕਿਹਾ ਕਿ ਅਪਰੈਲ ਤੇ ਮਈ 2 ਮਹੀਨੇ ਅਧਿਆਪਕਾਂ ਲਈ ਬਹੁਤ ਅਹਿਮ ਹੁੰਦੇ ਹਨ। ਇਨ੍ਹਾਂ ਮਹੀਨਿਆਂ ਵਿਚ ਹੀ ਅਧਿਆਪਕਾਂ ਨੇ ਵਿਦਿਆਰਥੀਆਂ ਦੇ ਨਵੇਂ ਦਾਖਲੇ ਕਰਨੇ ਹੁੰਦੇ ਹਨ। ਪਰ ਇਨ੍ਹਾਂ ਅਖੌਤੀ ਸਿੱਖਿਆ ਕ੍ਰਾਂਤੀ ਵਾਲਿਆਂ ਨੇ ਅਧਿਆਪਕਾਂ ਨੂੰ ਉਦਘਾਟਨਾ ਵਿਚ ਉਲਝਾ ਕੇ ਸਕੂਲਾਂ ਵਿਚ ਵਿਦਿਆਰਥੀਆਂ ਦੀ ਗਿਣਤੀ ਘਟਾਉਣ ਵੱਲ ਵੀ ਕਦਮ ਪੁੱਟਿਆ ਹੈ। ਇਸ ਤੋਂ ਪਤਾ ਲਗਦਾ ਹੈ ਕਿ ਸਰਕਾਰ ਨਿੱਜੀਕਰਨ ਦੀਆਂ ਨੀਤੀਆਂ ਨੂੰ ਲਾਗੂ ਕਰਕੇ ਸਰਕਾਰੀ ਸਿੱਖਿਆ ਦਾ ਮੁਕੰਮਲ ਭੋਗ ਪਾ ਦੇਣਾ ਚਾਹੁੰਦੀ ਹੈ। ਸੀਨੀਅਰ ਮੀਤ ਪ੍ਰਧਾਨ ਵਿਸ਼ਵ ਭਾਨੂੰ ਸ਼ਰਮਾ, ਅਮਨਦੀਪ ਸਿੰਘ ਅਤੇ ਭੁਪਿੰਦਰ ਸਿੰਘ ਨੇ ਮੰਗ ਕੀਤੀ ਕਿ ਸਿੱਖਿਆ ਵਿਭਾਗ ਵਿਚ ਕੰਮ ਕਰਦੇ ਕੰਪਿਊਟਰ ਅਧਿਆਪਕਾਂ, ਵਲੰਟੀਅਰ ਅਤੇ ਐਨ.ਐਸ.ਕਿਊ.ਐਫ ਦੇ ਅਧਿਆਪਕਾਂ ਨੂੰ ਵਿਭਾਗ ਵਿਚ ਲਿਆ ਕੇ ਉਨ੍ਹਾਂ ਦੀਆਂ ਸੇਵਾਵਾਂ ਰੈਗੂਲਰ ਕੀਤੀਆਂ ਜਾਣ। ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਬੰਦ ਕੀਤੇ ਭੱਤੇ ਤੁਰੰਤ ਚਾਲੂ ਕੀਤੇ ਜਾਣ ਅਤੇ ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸਤਾਂ ਤੇ ਬਕਾਏ ਦਿਤੇ ਜਾਣ। ਅੰਮ੍ਰਿਤਪਾਲ ਸਿੰਘ, ਰਾਜਨ ਰਾਜਾ ਅਤੇ ਕੁਲਵਿੰਦਰ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਨੇ ਉਕਤ ਮੰਗਾਂ ਜਲਦ ਨਾ ਮੰਨੀਆਂ ਅਤੇ ਸੀ ਐਂਡ.ਵੀ ਦੇ ਅਧਿਆਪਕਾਂ ਦੀ ਰੀਫਿਕਸੇਸ਼ਨ ਕਰਨ ਦੇ ਬਹਾਨੇ ਤਨਖਾਹ ਗ੍ਰੇਡ ਘਟਾਉਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਦੀ ਯੂਨੀਅਨ ਤਿੱਖਾ ਸੰਘਰਸ਼ ਕਰਨ ਤੋਂ ਗੁਰੇਜ਼ ਨਹੀ ਕਰੇਗੀ। ਇਸ ਮੌਕੇ ਨਰਿੰਦਰ ਪਾਲ, ਗੁਰਦਿੱਤਾ, ਗੁਰਦੀਪ ਸਿੰਘ, ਪ੍ਰਤਾਪ ਸਿੰਘ,ਮਨਜਿੰਦਰ ਸਿੰਘ, ਇਕਬਾਲ ਸਿੰਘ,ਬਲਜੀਤ ਸਿੰਘ ਅਤੇ ਕਈ ਹੋਰ ਅਧਿਆਪਕ ਹਾਜ਼ਰ ਸਨ।



# ਪੱਕੇ ਰੋਜ਼ਗਾਰ ਦਾ ਪ੍ਰਬੰਧ ਕਰੇ ਸਰਕਾਰ : ਵਿਜੇ ਕੁਮਾਰ, ਮਾਣਕ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਜ਼ਿਲ੍ਹਾ ਜਲੰਧਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਿੰਘ ਮਾਣਕ, ਜ਼ਿਲ੍ਹਾ ਜਨਰਲ ਸਕੱਤਰ ਸੁੱਚਾ ਸਿੰਘ ਨੂਰਮਹਿਲ ਦੀ ਅਗਵਾਈ ਹੇਠ ਉਪ ਮੰਡਲ ਇੰਜੀਨੀਅਰ ਉਪ ਮੰਡਲ ਨੰ.1 ਜਲੰਧਰ ਨਾਲ ਹੋਈ।ਜਿਸ ਉਪਰੰਤ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਵਿਜੇ ਕੁਮਾਰ ਰੁੜਕਾ, ਬ੍ਰਾਂਚ ਪ੍ਰਧਾਨ ਰਣਜੀਤ ਸਿੰਘ ਪੁਆਦੜਾ ਨੂਰਮਹਿਲ, ਫਿਲੌਰ ਤੇ ਰੁੜਕਾ ਕਲਾਂ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਧਿਕਾਰੀ ਵੱਲੋਂ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ, ਨਿੱਜੀਕਰਨ ਅਤੇ ਸਕਾਡਾ ਸਿਸਟਮ ਲਗਾਉਣ ਲਈ ਜ਼ੋਰ ਦਿੱਤਾ ਗਿਆ ਅਤੇ ਜਿਸ 'ਤੇ ਆਗੂਆਂ ਵੱਲੋਂ ਇਨ੍ਹਾਂ ਲੋਕ ਅਤੇ ਵਰਕਰ ਵਿਰੋਧੀ ਨੀਤੀਆਂ ਦੇ ਖਿਲਾਫ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕਰਦਿਆਂ ਆਗੂਆਂ ਨੇ ਕਿਹਾ ਕਿ ਮੌਜੂਦ ਸਰਕਾਰ ਵੱਲੋਂ ਲੋਕਾਂ ਨੂੰ ਨਹਿਰੀ ਸ਼ੁੱਧ ਪਾਣੀ ਦੇਣ ਦੇ ਬਹਾਨੇ ਆਟੋਮੈਟਿਕ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ ਕਿਉਂਕਿ ਇਹ ਪ੍ਰੋਜੈਕਟ ਸਰਕਾਰ ਲਗਾਉਣ ਦੇ ਬਾਅਦ ਚਲਾਉਣ ਦੀ ਜ਼ਿੰਮੇਵਾਰੀ ਨਿੱਜੀ ਹੱਥਾਂ ਵਿੱਚ ਚਲੀ ਜਾਵੇਗੀ, ਜਿਸ ਦੇ ਬਾਅਦ ਪੀਣ ਵਾਲਾ ਪਾਣੀ ਲੋਕਾਂ ਨੂੰ ਮਹਿੰਗੇ ਮੁੱਲ ਵਿੱਚ ਮਿਲੇਗਾ ਅਤੇ ਪੇਂਡੂ ਲੋਕਾਂ 'ਤੇ ਵਾਧੂ ਬੋਝ ਵਧੇਗਾ। ਇਸ ਲਈ ਲੋਕਾਂ ਦੇ ਪੀਣ ਵਾਲਾ ਪਾਣੀ ਦੀ ਸੁਵਿਧਾ ਦਾ ਪ੍ਰਬੰਧ ਖੁਦ ਸਰਕਾਰ ਨੂੰ ਕਰਨਾ ਚਾਹੀਦਾ ਹੈ।ਸਬ ਡਵੀਜ਼ਨ ਅਧੀਨ ਵਾਟਰ ਸਪਲਾਈ ਸਕੀਮਾਂ ਤੇ ਪਿਛਲੇ ਲੰਮੇ ਸਮੇਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਦੇ ਵਰਕਰ, ਜੋ ਉਪਰੋਕਤ ਯੂਨੀਅਨ ਦੇ ਸੰਘਰਸ਼ ਪ੍ਰੋਗਰਾਮ ਲਾਗੂ ਕਰਦੇ ਹਨ, ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਇਨ੍ਹਾਂ ਵਰਕਰਾਂ ਦਾ ਰੁਜ਼ਗਾਰ ਪੱਕਾ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਸਥਾਈ ਸੇਵਾ ਦੀ ਲੋੜ ਦੇ ਅਧਾਰ ਤੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪੱਕੇ ਰੁਜ਼ਗਾਰ ਦੀ ਗਾਰੰਟੀ ਕੀਤੀ ਜਾਵੇ। ਇਸੇ ਅਧਾਰ ਤੇ ਸਰਕਾਰੀ ਵਿਭਾਗਾਂ ਵਿਚ ਤੈਨਾਤ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗਾਂ ਵਿਚ ਲਿਆ ਕੇ ਤਜਰਬੇ ਦੇ ਅਧਾਰ ਤੇ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ। ਸਰਕਾਰੀ ਵਿਭਾਗਾਂ ਦੇ ਨਿੱਜੀਕਰਨ/ ਪੰਚਾਇਤੀਕਰਨ ਅਤੇ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾਉਣ ਦੀਆਂ ਨੀਤੀਆਂ ਨੂੰ ਤੁਰੰਤ ਰੱਦ ਕੀਤਾ ਜਾਵੇ। ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਅਤੇ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਅਧਾਰ ਮੰਨ ਕੇ ਇਨਲਿਸਟਮੈਂਟ ਅਤੇ ਆਊਟਸੋਰਸ ਮੁਲਾਜ਼ਮਾਂ ਦੀ ਤਨਖਾਹ ਤੈਅ ਕੀਤੀ ਜਾਵੇ। ਇਨਲਿਸਟਮੈਂਟ/ ਆਊਟਸੋਰਸ ਮੁਲਾਜ਼ਮਾਂ ਦੀਆਂ ਉਜਰਤਾਂ ਵਿਚ ਕਿਰਤ ਕਮਿਸ਼ਨਰ, ਪੰਜਾਬ ਸਰਕਾਰ ਤਹਿਤ ਬਣਦਾ ਵਾਧਾ ਅਤੇ ਈ.ਪੀ.ਐਫ. ਅਤੇ ਈ.ਐਸ.ਆਈ. ਲਾਗੂ ਕੀਤਾ ਜਾਵੇ। ਲੇਬਰ ਅਤੇ ਟਰੇਡ ਯੂਨੀਅਨ ਕਾਨੂੰਨਾਂ ਵਿੱਚ ਕੀਤੀਆਂ ਕਾਮਾ ਵਿਰੋਧੀ ਤਬਦੀਲੀਆਂ ਰੱਦ ਕੀਤੀਆਂ ਜਾਣ। ਆਊਟਸੋਰਸ ਅਤੇ ਇਨਲਿਸਟਮੈਂਟ ਮੁਲਾਜ਼ਮਾਂ ਨੂੰ 8.33% ਬੋਨਸ ਦਿੱਤਾ ਜਾਵੇ।



# ਯੁੱਧ ਨਸ਼ਿਆਂ ਵਿਰੁੱਧ ਤਹਿਤ ਸੈਮੀਨਾਰ ਤੇ ਜਾਗਰੂਕਤਾ ਰੈਲੀ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿਮ 'ਯੁੱਧ ਨਸਿਆਂ ਵਿਰੁੱਧ' ਤਹਿਤ ਜ਼ਿਲ੍ਹਾ ਟ੍ਰੇਨਿੰਗ ਸੈਂਟਰ, ਸਿਵਲ ਸਰਜਨ ਦਫਤਰ ਕਪੂਰਥਲਾ ਵਿਖੇ ਮਾਹਿਰ ਡਾਕਟਰਾਂ ਵਲੋਂ ਜਾਗਰੂਕਤਾ ਸੈਮੀਨਾਰ ਕਰਨ ਉਪਰੰਤ ਜੀ.ਬੀ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਨੂੰ ਨਾਲ ਲੈ ਕੇ ਸਿਵਲ ਹਸਪਤਾਲ ਵਿਖੇ ਗੇਟ ਰੈਲੀ ਕੀਤੀ ਗਈ। ਇਸ ਮੌਕੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਕਪੂਰਥਲਾ ਡਾਕਟਰ ਰਾਜੀਵ ਪਰਾਸ਼ਰ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਦੇ ਚੰਗੇ ਨਤੀਜੇ ਮਿਲ ਰਹੇ ਹਨ ਅਤੇ ਲੋਕਾਂ ਨੂੰ ਇਸ ਮੁਹਿੰਮ ਵਿੱਚ ਸਹਿਯੋਗ ਦੇਣਾ ਚਾਹੀਦਾ ਹੈ। ਉਨ੍ਹਾ ਨਸ਼ੇ ਦੇ ਸਰੀਰ 'ਤੇ ਪੈਂਦੇ ਮਾੜੇ ਪ੍ਰਭਾਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ।ਸੈਮੀਨਾਰ ਦੌਰਾਨ ਸੰਬੋਧਨ ਕਰਦਿਆਂ ਡਿਪਟੀ ਮੈਡੀਕਲ ਕਮਿਸ਼ਨਰ ਡਾਕਟਰ ਸੰਦੀਪ ਭੋਲ੍ਹਾ ਨੇ ਕਿਹਾ ਕਿ ਕੁਝ ਲੋਕ ਮਾੜੀ ਸੰਗਤ ਵਿੱਚ ਪੈ ਕੇ ਨਸ਼ੇ ਦੀ ਦਲਦਲ ਵਿੱਚ ਫਸ ਕੇ ਆਪਣੀ ਜ਼ਿੰਦਗੀ ਨੂੰ ਬਰਬਾਦ ਕਰ ਲੈਂਦੇ ਹਨ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਕਪੂਰਥਲਾ ਦੇ ਨਸ਼ਾ ਛੁਡਾਊ ਕੇਂਦਰ ਵਿਖੇ ਮਰੀਜ਼ਾਂ ਨੂੰ ਮੁਫਤ ਨਸ਼ਾ ਛੱਡਣ ਲਈ ਦਵਾਈ ਦਿੱਤੀ ਜਾਂਦੀ ਹੈ ਅਤੇ ਦਵਾਈ ਲੈਣ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਂਦੀ। ਸੈਮੀਨਾਰ ਉਪਰੰਤ ਜੀ.ਬੀ ਨਰਸਿੰਗ ਇੰਸਟੀਚਿਊਟ ਦੇ ਵਿਦਿਆਰਥੀਆਂ ਵਲੋਂ ਸਿਵਲ ਹਸਪਤਾਲ ਵਿਖੇ ਗੇਟ ਰੈਲੀ ਵੀ ਕੀਤੀ ਗਈ। ਇਸ ਮੌਕੇ ਡਾ. ਭਰਮਿੰਦਰ ਬੈਂਸ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ, ਬੀ ਈ ਈ ਰਵਿੰਦਰ ਜੱਸਲ, ਨਰਸਿੰਗ ਟਿਊਟਰ ਮੋਨਿਕਾ ਮੈਡਮ ਅਤੇ ਵੱਡੀ ਗਿਣਤੀ ਵਿਚ ਨਰਸਿੰਗ ਦੇ ਵਿਦਿਆਰਥੀ ਅਤੇ ਵਿਦਿਆਰਥਣਾਂ ਆਦਿ ਵੀ ਹਾਜ਼ਰ ਸਨ।




# 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ 'ਚ ਅਤਿ-ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ : ਪਨੂੰ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਬਲਬੀਰ ਸਿੰਘ ਪਨੂੰ ਚੇਅਰਮੈਨ ਪਨਸਪ ਪੰਜਾਬ ਨੇ ਕਿਹਾ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਵਿੱਚ ਅਤਿ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਵਿਦਿਆਰਥੀਆਂ ਨੂੰ ਪੜ੍ਹਨ ਦਾ ਸ਼ਾਨਦਾਰ ਮਾਹੌਲ ਪ੍ਰਾਦਨ ਕੀਤਾ ਗਿਆ ਹੈ।ਚੇਅਰਮੈਨ ਬਲਬੀਰ ਸਿੰਘ ਪਨੂੰ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਚਿਤੌੜਗੜ੍ਹ ਵਿਖੇ 27 ਲੱਖ 37 ਹਜ਼ਾਰ ਰੁਪਏ, ਫਤਿਹਗੜ੍ਹ ਚੂੜੀਆਂ-1 ਵਿਖੇ 9 ਲੱਖ 55 ਹਜ਼ਾਰ ਰੁਪਏ ਅਤੇ 2 ਵਿਖੇ 10 ਲੱਖ 68 ਹਜ਼ਾਰ ਰੁਪਏ ਅਤੇ ਫਤਿਹਗੜ੍ਹ ਚੂੜੀਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਕੁੱਲ ਲਾਗਤ 18 ਲੱਖ, ਫਤਿਹਗੜ੍ਹ ਚੂੜੀਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁੜੀਆਂ) ਕੁੱਲ ਲਾਗਤ 27 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਪਨੂੰ ਨੇ ਕਿਹਾ ਕਿ ਸਾਡੀ ਸਰਕਾਰ ਬਜਟ ਦਾ ਵੱਡਾ ਹਿੱਸਾ ਸਿੱਖਿਆ 'ਤੇ ਖਰਚ ਕਰਦੀ ਰਹੇਗੀ ਅਤੇ ਹੁਣ ਸਰਕਾਰੀ ਸਕੂਲਾਂ ਵਿੱਚ ਕੰਪਿਊਟਰ ਲੈਬਾਂ, ਡਿਜੀਟਲ ਬਲੈਕ ਬੋਰਡ, ਅਤਿ-ਆਧੁਨਿਕ ਸਾਇੰਸ ਲੈਬਾਂ, ਬਿਹਤਰ ਬੁਨਿਆਦੀ ਢਾਂਚਾ ਆਦਿ ਵਰਗੀਆਂ ਹੋਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ੀ ਸੰਸਥਾਵਾਂ ਤੋਂ ਸਿਖਲਾਈ ਦਿੱਤੀ ਜਾ ਰਹੀ ਹੈ ਤਾਂ ਜੋ ਉਹ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰ ਸਕਣ।ਇਸ ਮੌਕੇ ਚੇਅਰਮੈਨ ਰਾਜੀਵ ਸ਼ਰਮਾ, ਪਰਮਜੀਤ ਕੌਰ ਜ਼ਿਲ੍ਹਾ ਸਿੱਖਿਆ ਅਫਸਰ (ਅ), ਜਸਵਿੰਦਰ ਸਿੰਘ ਬੀਪੀਈਓ, ਪ੍ਰਿੰਸੀਪਲ ਨੀਨਾ (ਲੜਕੇ), ਪ੍ਰਿੰਸੀਪਲ ਅਨੀਤਾ ਅਰੋੜਾ (ਲੜਕੀਆਂ), ਤੇਜਵਿੰਦਰ ਸਿੰਘ ਸ਼ਹਿਰੀ ਯੂਥ ਪ੍ਰਧਾਨ, ਮਾਧਵ ਬੇਦੀ, ਨਵੀਸ਼ ਨੰਦਾ, ਡਾਕਟਰ ਸੋਨੀ, ਡਾਕਟਰ ਮੰਗਲ ਸਿੰਘ, ਰਾਮ ਸਿੰਘ, ਮੁਖਵਿੰਦਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਹਲਕਾ ਯੂਥ ਪ੍ਰਧਾਨ ਗੁਰਬਿੰਦਰ ਸਿੰਘ ਕਾਦੀਆਂ ਦੇ ਹਲਕਾ ਕੋਆਰਡੀਨੇਟਰ ਐਜੂਕੇਸ਼ਨ ਰਘਬੀਰ ਸਿੰਘ ਅਠਵਾਲ, ਬਲਾਕ ਪ੍ਰਧਾਨ ਜਗਜੀਤ ਸਿੰਘ, ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਗਗਨਦੀਪ ਸਿੰਘ ਕੋਟਲਾ ਬਾਮਾ, ਕਰਨ ਬਾਠ, ਗੁਰ ਪ੍ਰਤਾਪ ਸਿੰਘ ਅਤੇ ਗੁਰਦੇਵ ਸਿੰਘ ਔਜਲਾ ਆਦਿ ਹਾਜ਼ਰ ਸਨ।



# ਬਾਬਾ ਸਿੱਧ ਭੋਇ ਵਿਖੇ ਤੇਰਸ ਮਨਾਉਣ ਸਮੇਂ ਅਖੰਡ ਪਾਠ ਦੇ ਭੋਗ ਪਾਏ

**ਮਾਨਸਾ (ਆਤਮਾ ਸਿੰਘ ਪਮਾਰ)**- ਮਾਨਸਾ ਜ਼ਿਲ੍ਹੇ ਦੇ ਪਿੰਡ ਕੋਟਲੱਲੂ ਵਿਖੇ ਇੱਕ ਪ੍ਰਸਿੱਧ ਸਥਾਨ ਬਾਬਾ ਸਿੱਧ ਭੋਇ ਦਾ ਹੈ ਜੋ ਕਿ ਦੁਨੀਆ ਭਰ ਵਿੱਚ ਮਸ਼ਹੂਰ ਹੈ। ਇਹ ਸਥਾਨ ਧਾਲੀਵਾਲ ਭਾਈਚਾਰੇ ਨਾਲ ਸਬੰਧ ਰੱਖਦਾ ਹੈ। ਕਹਿੰਦੇ ਹਨ ਕਿ ਇੱਥੇ ਜੋ ਵੀ ਕੋਈ ਸਰਧਾ ਨਾਲ ਆਪਣੀਆਂ ਮਨੋਕਾਮਨਾਵਾਂ ਅਤੇ ਸੁੱਖਾਂ ਲੈ ਕੇ ਆਉਂਦਾ ਹੈ ਉਹ ਬਾਬਾ ਸਿੱਧ ਭੋਇ 'ਤੇ ਪੂਰੀਆਂ ਹੁੰਦੀਆਂ ਹਨ। ਇੱਥੇ ਸਾਲ ਵਿੱਚ ਇੱਕ ਵਾਰ ਸਲਾਨਾ ਮੇਲੇ ਦਾ ਪ੍ਰੋਗਰਾਮ ਕਰਵਾਇਆ ਜਾਂਦਾ ਹੈ ਅਤੇ ਦੇਸ਼ਾਂ ਵਿਦੇਸ਼ਾਂ ਤੋਂ ਲੱਖਾਂ ਲੋਕ ਸ਼ਿਰਕਤ ਕਰਦੇ ਹਨ। ਪਿੰਡ ਦੀ ਪੰਚਾਇਤ ਤੇ ਨਵੀਂ ਕਮੇਟੀ ਵੱਲੋਂ ਇਸ ਵਾਰ ਤੇਰਸ ਤੇ ਪ੍ਰੋਗਰਾਮ ਕਰਵਾਇਆ ਗਿਆ ਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਜਗ੍ਹਾ 'ਤੇ ਗੰਢ ਜੋੜਿਆਂ ਨੇ ਵੀ ਮੱਥਾ ਟੇਕਿਆ। ਇੱਥੇ ਢਾਡੀ ਜਥਿਆਂ ਅਤੇ ਰਾਗੀ ਸਿੰਘਾਂ ਨੇ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਬਾਹਰੋਂ ਆਏ ਹੋਏ ਸ਼ਰਧਾਲੂਆਂ ਦੇ ਰਹਿਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਹੋਏ ਸਨ। ਇਸ ਮੌਕੇ ਪ੍ਰਧਾਨ ਬੁੱਧ ਸਿੰਘ, ਮੀਤ ਪ੍ਰਧਾਨ ਸਰਪੰਚ ਗੁਰਦੇਵ ਸਿੰਘ ਗੋਰਾ, ਸਕੱਤਰ ਸੁਖਦੇਵ ਸਿੰਘ ਕੁੱਬੇ, ਖਜ਼ਾਨਚੀ ਵੀਰ ਇੰਦਰਪਾਲ ਸਿੰਘ, ਮੈਂਬਰ ਜਗਸੀਰ ਸਿੰਘ, ਜਸਵੰਤ ਸਿੰਘ ਮਿੰਟੂ, ਹਰਿਮੰਦਰ ਸਿੰਘ ਖੁਸ਼ਵੰਤ ਸਿੰਘ ਮੈਂਬਰ ਵਸਾਖਾ ਸਿੰਘ ਮਲਕੀਤ ਸਿੰਘ ਆਦਿ ਵੀ ਹਾਜ਼ਰ ਸਨ।



# ਸਰਕਾਰੀ ਮਿਡਲ ਸਕੂਲ ਸ਼ਹਿਜ਼ਾਦਾ ਵੱਲੋਂ ਵਿਧਾਇਕ ਸਨਮਾਨਤ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਸ਼ਹਿਜ਼ਾਦਾ ਦੇ ਸਰਕਾਰੀ ਮਿਡਲ ਸਕੂਲ ਦੇ ਸਟਾਫ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦਾ ਸਕੂਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਮਾਨ ਸਨਮਾਨ ਕੀਤਾ ਗਿਆ ।ਇਸ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦੇ ਸਿੱਖਿਆ ਖੇਤਰ ਨੂੰ ਬਿਹਤਰੀਨ ਬਣਾਉਣ ਵਾਸਤੇ ਵਿੱਢੀ ਗਈ ਮੁਹਿੰਮ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਅੱਜ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਸਰਕਾਰੀ ਮਿਡਲ ਸਕੂਲ ਸ਼ਹਿਜ਼ਾਦਾ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਸ਼ਹਿਜ਼ਾਦਾ ਵਿਖੇ ਨਵੇਂ ਬਣੇ ਕਮਰਿਆਂ ਅਤੇ ਚਾਰ ਦਿਵਾਰੀ ਦਾ ਉਦਘਾਟਨ ਕਰਨ ਲਈ ਪੁੱਜੇ ਸਨ ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਅੱਜ ਉਹ ਪਿੰਡ ਸ਼ਹਿਜ਼ਾਦਾ ਦੇ ਸਰਕਾਰੀ ਮਿਡਲ ਸਕੂਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਨਵੇਂ ਬਣੇ ਸਮਾਰਟ ਕਲਾਸ ਰੂਮ ਜੋ ਕਰੀਬ 15 ਲੱਖ 2 ਹਜ਼ਾਰ ਦੀ ਗ੍ਰਾਂਟ ਨਾਲ ਤਿਆਰ ਹੋਏ ਹਨ ਅਤੇ ਚਾਰਦੀਵਾਰੀ ਦੀ ਮੁਰੰਮਤ ਲਈ ਕਰੀਬ 70 ਹਜ਼ਾਰ ਦੀ ਗ੍ਰਾਂਟ ਖਰਚ ਕੀਤੀ ਗਈ ਹੈ, ਉਨ੍ਹਾਂ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਪੁੱਜੇ ਹਨ ।ਉਨ੍ਹਾਂ ਕਿਹਾ ਕਿ ਸਰਕਾਰੀ ਮਿਡਲ ਸਕੂਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਜੋ ਨਵੇਂ ਸਮਾਰਟ ਕਲਾਸ ਰੂਮ ਬਣਾਏ ਗਏ ਹਨ, ਉਨ੍ਹਾਂ ਸਮਾਰਟ ਕਲਾਸ ਰੂਮਾਂ ਵਿੱਚ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਪ੍ਰੋਜੈਕਟਰ ਵੀ ਲਗਾਏ ਗਏ ਹਨ ।ਇਸ ਮੌਕੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੂੰ ਸਕੂਲ ਦੇ ਸਮੂਹ ਸਟਾਫ਼ ਵੱਲੋਂ ਯਾਦਗਾਰੀ ਤਸਵੀਰ ਅਤੇ ਦੁਸ਼ਾਲਾ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਚੇਅਰਮੈਨ ਰਣਜੇਤ ਸਿੰਘ ਬਾਠ ਮਾਰਕੀਟ ਕਮੇਟੀ ਕਲਾਨੌਰ, ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹੁਰਵਾਲ, ਲੈਕਚਰਾਰ ਪਰਮਿੰਦਰ ਸਿੰਘ ਬੇਦੀ, ਮੁੱਖ ਅਧਿਆਪਕ ਗੁਰਮਿੰਦਰ ਸਿੰਘ, ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਮੈਡਮ ਅਨੀਤਾ ਰਾਣੀ, ਰਜਿੰਦਰ ਕੁਮਾਰ, ਵਾਰਸ ਮਸੀਹ, ਪ੍ਰਾਇਮਰੀ ਸਕੂਲ ਇੰਚਾਰਜ ਨਿਰਮਲ ਜੋਤੀ, ਹਰਜੀਤ ਸਿੰਘ ਠੇਠਰਕੇ, ਸੁਖਜੀਤ ਸਿੰਘ ਮੱਲੀ, ਮੇਜਰ ਸਿੰਘ ਠੇਠਰਕੇ, ਪਰਵਿੰਦਰ ਸਿੰਘ ਘਣੀਆ, ਤੇਜਿੰਦਰ ਸਿੰਘ ਪੂੰਨੀ ਅਤੇ ਮੰਗਲ ਸਿੰਘ ਆਦਿ ਹਾਜ਼ਰ ਸਨ ।



# ਨਸ਼ਿਆਂ ਦੇ ਮੁਕੰਮਲ ਸਫ਼ਾਏ ਲਈ ਪਿੰਡਾਂ ਦੇ ਪਤਵੰਤਿਆਂ ਦਾ ਸਹਿਯੋਗ ਲਿਆ ਜਾਵੇ : ਅਨਮਜੋਤ ਕੌਰ

**ਨੰਗਲ (ਸੁਰਜੀਤ ਸਿੰਘ)**- ਅਨਮਜੋਤ ਕੌਰ ਉਪ ਮੰਡਲ ਮੈਜਿਸਟ੍ਰੇਟ ਨੰਗਲ ਨੇ ਉਪ ਮੰਡਲ ਦੇ ਪਿੰਡਾਂ ਤੇ ਖਾਸਕਰ ਨੌਜਵਾਨ ਵਰਗ ਨੂੰ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਨਸ਼ਿਆਂ ਦੇ ਕੋਹੜ ਦਾ ਮੁਕੰਮਲ ਤੌਰ 'ਤੇ ਸਫਾਇਆ ਕਰਨ ਲਈ ਹਰੇਕ ਨਾਗਰਿਕ ਦਾ ਯੋਗਦਾਨ ਮਹੱਤਵਪੂਰਨ ਸਾਬਤ ਹੋ ਸਕਦਾ ਹੈ।ਉਹ ਉਪ ਮੰਡਲ ਦੇ ਡੈਪੋ ਕਲਸਟਰ ਕੁਆਰਡੀਨੇਟਰ/ ਅਧਿਕਾਰੀਆਂ ਨਾਲ ਇਸ ਸਬੰਧ ਵਿਚ ਇਕ ਵਿਸ਼ੇਸ਼ ਮੀਟਿੰਗ ਕਰ ਰਹੇ ਸਨ, ਜਿਨ੍ਹਾਂ ਨੂੰ ਯੁੱਧ ਨਸ਼ਿਆਂ ਵਿਰੁੱਧ ਪੰਜਾਬ ਸਰਕਾਰ ਦੀ ਮੁਹਿਮ ਵਿਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਤੇ ਜਾਗਰੂਕਤਾ ਅਭਿਆਨ ਚਲਾਉਣ ਲਈ ਕਿਹਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਦਿੰਦੇ ਹੋਏ ਕਿਹਾ ਕਿ ਅਧਿਕਾਰੀ ਸਮਾਜਸੇਵੀ ਸੰਗਠਨਾਂ ਦੇ ਪਤਵੰਤਿਆਂ ਤੇ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਕਿ ਨਸ਼ਿਆਂ ਦਾ ਖਾਤਮਾ ਕਰਨਾ ਸਮੇਂ ਦੀ ਅਹਿਮ ਲੋੜ ਹੈ ਅਤੇ ਇਹ ਤਾਂ ਹੀ ਸੰਭਵ ਹੋ ਸਕਦਾ ਹੈ ਜੇ ਨਸ਼ਿਆਂ ਖਿਲਾਫ਼ ਜੰਗ ਵਿੱਚ ਹਰੇਕ ਨਾਗਰਿਕ ਆਪਣੇ ਤਨ ਤੇ ਮਨ ਨਾਲ ਯੋਗਦਾਨ ਪਾਵੇ।ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਹਰ ਵਰਗ ਦੇ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਪਹੁੰਚ ਕਰਕੇ ਜਾਗਰੂਕ ਕੀਤਾ ਜਾਵੇ। ਉਹਨਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਮਾਜ ਸੇਵੀ ਸੰਗਠਨਾਂ ਦੇ ਸਹਿਯੋਗ ਨਾਲ ਨੌਜਵਾਨਾਂ ਨੂੰ ਜਾਗਰੂਕ ਕਰਨ ਕਿ ਨਸ਼ਾ ਕਰਨ ਵਾਲੇ ਵਿਅਕਤੀ ਦੀ ਪੂਰੀ ਸਮਰਪਤ ਭਾਵਨਾ ਅਤੇ ਆਪਣਾ ਫਰਜ਼ ਸਮਝ ਕੇ ਸਹਾਇਤਾ ਕੀਤੀ ਜਾਵੇ। ਕੁਲਵੀਰ ਸਿੰਘ ਡੀ.ਐਸ.ਪੀ ਨੇ ਅਧਿਕਾਰੀਆਂ ਅਤੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਆਲੇ-ਦੁਆਲੇ ਵਿੱਚ ਨਸ਼ਾ ਕਰਨ ਵਾਲੇ ਨੌਜਵਾਨਾਂ ਅਤੇ ਲੋਕਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਸਰਕਾਰ ਵਲੋਂ ਸਥਾਪਿਤ ਕੀਤੇ ਸੈਂਟਰਾਂ ਵਿਖੇ ਇਲਾਜ ਲਈ ਲੈ ਕੇ ਆਉਣ ਲਈ ਪ੍ਰੇਰਿਤ ਕਰਨ। ਉਹਨਾਂ ਕਿਹਾ ਕਿ ਅਧਿਕਾਰੀ ਪਿੰਡਾਂ ਵਿਚ ਜਾਂ ਕੇ ਕੈਂਪ ਲਗਾਉਣ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਤਹਿਤ ਨਸ਼ਿਆ ਖਿਲਾਫ ਇੱਕ ਜਾਗਰੂਕਤਾ ਲਿਆਉਣ ਦੀ ਲੋੜ ਹੈ। ਸਿਵਲ ਅਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀ ਮੈਡੀਕਲ ਸਹੂਲਤਾਂ ਦੇਣ ਵਾਲੀਆਂ ਸੰਸਥਾਵਾਂ, ਸਮਾਜ ਸੇਵੀ ਸੰਗਠਨ, ਜਥੇਬੰਦੀਆਂ, ਜਾਗਰੂਕਤਾ ਰੈਲੀਆਂ, ਸਾਈਕਲ ਰੈਲੀਆਂ ਦਾ ਆਯੋਜਨ ਕਰਨ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਗੁਲਨੀਤ ਸਿੰਘ ਖੁਰਾਨਾ ਵੱਲੋਂ ਅਪ੍ਰੇਸ਼ਨ ਸੀਲ ਤਹਿਤ ਅੰਤਰਰਾਜੀ ਨਾਕਿਆਂ 'ਤੇ ਚੈਕਿੰਗ ਲਗਾਤਾਰ ਕੀਤੀ ਜਾਂਦੀ ਹੈ ਤੇ ਹੁਣ ਨਸ਼ਿਆਂ ਦੇ ਸੌਦਾਗਰ ਭੱਜ ਰਹੇ ਹਨ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਗੋਲਡੀ ਵੱਲੋਂ 2 ਕਰੋੜ 10 ਲੱਖ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ





**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**- ਪੰਜਾਬ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਦੇ ਤਹਿਤ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਅੱਜ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਸਰਕਾਰੀ ਸਕੂਲਾਂ ਵਿੱਚ ਦੋ ਕਰੋੜ 9 ਲੱਖ 81 ਹਜ਼ਾਰ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਇਸ ਦੌਰਾਨ ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਵੈਰੋਕੇ ਵਿਖੇ ਇੱਕ ਕਰੋੜ 25 ਲੱਖ 49 ਹਜ਼ਾਰ ਰੁਪਏ ਦੇ ਪ੍ਰੋਜੈਕਟ ਲੋਕ ਸਮਰਪਿਤ ਕੀਤੇ। ਇਸੇ ਤਰ੍ਹਾਂ ਪਿੰਡ ਕਾਠਗੜ੍ਹ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ 53 ਲੱਖ 66 ਹਜ਼ਾਰ ਰੁਪਏ ਅਤੇ ਸਰਕਾਰੀ ਹਾਈ ਸਕੂਲ ਵਿੱਚ 30 ਲੱਖ 66 ਹਜ਼ਾਰ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ। ਇਸ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਵੱਡਾ ਸੁਧਾਰ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਰਾਜ ਦੇ 17 ਹਜ਼ਾਰ ਸਕੂਲਾਂ ਵਿੱਚ ਵਾਈਫਾਈ ਇੰਟਰਨੈਟ ਕਨੈਕਟੀਵਿਟੀ ਦਿੱਤੀ ਗਈ ਹੈ। ਉਹਨਾਂ ਨੇ ਕਿਹਾ ਕਿ ਪਹਿਲੀ ਵਾਰ ਹੈ ਕਿ ਸਾਰੇ ਸਕੂਲਾਂ ਵਿੱਚ ਚਾਰ ਦੁਆਰੀਆਂ ਕੀਤੀਆਂ ਗਈਆਂ ਹਨ ਤਾਂ ਜੋ ਸਕੂਲਾਂ ਵਿੱਚ ਵਧੀਆ ਵਿਦਿਅਕ ਮਾਹੌਲ ਸਿਰਜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਦੋ ਸਕੂਲ ਆਫ ਐਮੀਨੈਂਸ ਬਣਾਏ ਗਏ ਹਨ ।ਇਸ ਮੌਕੇ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਕੋਆਰਡੀਨੇਟਰ ਦੇਵਰਾਜ ਸ਼ਰਮਾ ਅਤੇ ਸਿੱਖਿਆ ਵਿਭਾਗ ਦੇ ਨੁਮਾਇੰਦੇ ਵੀ ਹਾਜ਼ਰ ਸਨ। ਇਸ ਮੌਕੇ ਵਿਦਿਆਰਥੀਆਂ ਨੂੰ ਖੇਡ ਕਿੱਟ ਵੀ ਦਿੱਤੀ ਗਈ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।

**ਬਾ-ਅਦਾਲਤ ਸ਼੍ਰੀ ਜਗਤਾਰ ਸਿੰਘ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਜਲੰਧਰ-2 ਜਿਲ੍ਹਾ ਜਲੰਧਰ**

**ਵਿਸ਼ਾ:- ਨਾਮ ਦੀ ਦਰੁਸਤੀ ਕਰਨ ਸਬੰਧੀ**

ਹਰ ਆਮ ਤੇ ਖਾਸ ਨੂੰ ਇਸ ਨੋਟਿਸ ਰਾਹੀ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ-ਹਸਤਾਖਰ ਦੀ ਅਦਾਲਤ ਵਿੱਚ ਸ਼੍ਰੀ ਗੁਰਦੇਵ ਸਿੰਘ ਪੁੱਤਰ ਆਤਮਾ ਸਿੰਘ ਵਾਸੀ ਪਿੰਡ ਹੀਰਾਪੁਰ ਤਹਿਸੀਲ ਵਾ ਜਿਲ੍ਹਾ ਜਲੰਧਰ ਵਲੋਂ ਮਾਲ ਰਿਕਾਰਡ ਪਿੰਡ ਹੀਰਾਪੁਰ ਵਿੱਚ ਦਰਜ ਆਪਣਾ ਨਾਮ ਦੀ ਦਰੁਸਤੀ ਬਾਬਤ ਬਲਦੇਵ ਸਿੰਘ ਉਰਫ ਗੁਰਦੇਵ ਸਿੰਘ ਅਤੇ ਆਪਣੇ ਸਕੇ ਭਰਾ ਦਾ ਨਾਮ ਬਿੰਦਰ ਸਿੰਘ ਉਰਫ ਜਸਵਿੰਦਰ ਸਿੰਘ ਉਰਫ ਸੁਖਵਿੰਦਰ ਸਿੰਘ ਕਰਨ ਲਈ ਦਰਖਾਸਤ ਪੇਸ਼ ਕੀਤੀ ਹੈ । ਜੇਕਰ ਕਿਸੇ ਨੂੰ ਕਿਸੇ ਵੀ ਪ੍ਰਕਾਰ ਦਾ ਇਤਾਰਜ ਹੋਵੇ ਤਾਂ ਉਹ ਆਪਣਾ ਇਤਰਾਜ ਇਸ਼ਤਿਹਾਰ/ ਨੋਟਿਸ ਦੇ ਅਖਬਾਰ ਵਿੱਚ ਛੱਪਣ ਦੀ ਮਿਤੀ ਤੇ 30 ਦਿਨਾਂ ਦੇ ਅੰਦਰ-ਅੰਦਰ ਵਕਾਲਤਨ, ਅਸਾਲਤਨ ਨਿਮਨ ਹਸਤਾਖਰ ਦੇ ਪੇਸ਼ ਹੋ ਕੇ ਦੇ ਸਕਦਾ ਹੈ । ਮਿੱਥੀ ਗਈ ਮਿਤੀ ਤੋ ਬਾਅਦ ਪ੍ਰਾਪਤ ਹੋਏ ਇਤਰਾਜਾਂ ਤੇ ਕੋਈ ਕਾਰਵਾਈ ਨਹੀ ਕੀਤੀ ਜਾਵੇਗੀ ਅਤੇ ਨਿਯਮਾਂ/ ਕਾਨੂੰਨ ਅਨੁਸਾਰ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ| ਅੱਜ ਮਿਤੀ 16/04/2025 ਨੂੰ ਨਿਮਨਹਸਤਾਖਰ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ|

**ਤਹਿਸੀਲਦਾਰ ਜਲੰਧਰ-2**

**ਨੰਬਰ 620/ ਰੀਡਰ**
**ਮਿਤੀ 16.04.2025**

**ਉੱਤਰ ਰੇਲਵੇ**

**ਫ਼ਿਰੋਜ਼ਪੁਰ ਮੰਡਲ ਵਿਚ ਅਨੁਬੰਧ ਦੇ ਆਧਾਰ ਉਤੇ ਮੇਡਿਕਲ ਪ੍ਰੈਕਿਟਸ਼ਨਰਾਂ ਦੇ ਲਈ ਵਾਕ-ਇਨ-ਇੰਟਰਵਿਊ**

ਫ਼ਿਰੋਜ਼ਪੁਰ ਮੰਡਲ ਵਿਚ ਅਨੁਬੰਧ ਦੇ ਆਧਾਰ ਉਤੇ 05 ਮੇਡਿਕਲ ਪ੍ਰੈਕਿਟਸ਼ਨਰਾਂ ਦੀ ਨਿਯੁਕਤੀ ਦੇ ਲਈ ਵਾਕ-ਇਨ-ਇੰਟਰਵਿਊ 14.05.2025 ਨੂੰ ਕਮੇਟੀ ਹਾਰਅ, ਮੰਡਲ ਰੇਲ ਪ੍ਰਬੰਧਕ ਦਫਤਰ, ਫ਼ਿਰੋਜ਼ਪੁਰ ਵਿਚ ਆਯੋਜਿਤ ਕੀਤਾ ਜਾਵੇਗਾ । ਉਮੀਦਵਾਰ ਵਾਕ-ਇਨ-ਇੰਟਰਵਿਊ ਫਾਰਮ ਅਤੇ ਅਧਿਸੂਚਨਾ ਵੇਬਸਾਈਟ https://nr.indianrailways.gov.in/> News&recruitmentinfo>Recruitm entinfo> ਤੋਂ ਡਾਊਨਲੋਡ ਕਰ ਸਕਦੇ ਹਨ ਕਿਸੀ ਵੀ ਪ੍ਰਸ਼ਨ ਦੇ ਲਈ 9878823457, 9540096053 ਉਤੇ ਸੰਪਰਕ ਕਰੋ ਜਾਂ srdpofzr@gmail.com ਉਤੇ ਈਮੇਲ ਕਰ ਸਕਦੇ ਹੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1163/25

**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ./ ਉਤਰ ਰੇਲਵੇ, ਜੰਮੂ ਤਵੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।
ਟੈਂਡਰ ਨੰਬਰ : ਨੰ. 251-J-ਬਿਜਲੀ- T-01-2025-26 ਕੰਮਾਂ ਦਾ ਵੇਰਵਾ: ਜੰਮੂ ਸੰਭਾਗ ਵਿਚ 2 ਸਾਲ ਦੇ ਸਮੇਂ ਦੇ ਲਈ ਵਖ-ਵਖ ਸਟੇਸ਼ਨਾਂ ਅਤੇ ਸੇਵਾ ਭਵਨਾਂ ਤੇ ਵਖ-ਵਖ ਪ੍ਰਕਾਰ ਦੇ ਵਿੰਡੋ/ ਸਪਿਲਟ ਏਸੀ ਅਤੇ ਵਾਟਰ ਕੂਲਰਾਂ ਦੇ ਲਈ ਸੀਏਐਮਸੀ ਦੇ ਬ੍ਰੇਕਡਾਊਨ ਰਖਰਖਾਅ ਕਾਂਟਰੈਕਟ। ਅੰਦਾਜਨ ਲਾਗਤ (ਰੁ) :Rs. 1,02,34,099.73 ਬਿਆਨਾ ਰਾਸ਼ੀ (ਰੁ): 2,01,200.00 ਕੰਮ ਦਾ ਸਮਾਂ: 24 ਮਹੀਨੇ ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ : 09.05.2025 15:00 ਵਜੇ ਦੇ ਬਾਅਦ ਵੈਬਸਾਈਟ : www.ireps.gov.in
ਨੰ.251-J-ਬਿਜਲੀ/ਬਿਜਲੀ-ਟੈਂਡਰ ਨੋਟਿਸ ਨੰ./01/2025-26
ਮਿਤੀ:- 17.04.2025

1154/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀ. ਮੰਡਲ ਵਿਦ੍ਯੁਤ ਇੰਜੀਨੀਅਰ/ਸਾਮਨਯ, ਉੱਤਰ ਰੇਲਵੇ ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ (www.ireps.gov.in) ਮੰਗ ਕੀਤੀ ਜਾਂਦੀ ਹੈ । ਟੈਂਡਰਕਾਰ ਅਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (ਰੁ:) | ਬਿਆਨਾ ਰਾਸ਼ੀ (ਰੁ:) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|
| 251-ਵਿਦੁਤ/ ਟੀ-02- 2025-26 | ਫ਼ਿਰੋਜ਼ਪੁਰ ਮੰਡਲ ਦੇ ਵੱਖ-ਵੱਖ ਮੇਕ ਦੇ ਵਾਰੰਟੀ ਤੋਂ ਬਾਹਰ ਦੋਸ਼ਪੂਰਣ 6.5 ਕਿਲੋਵਾਟ ਅਤੇ 4.5 ਕਿਲੋਵਾਟ ਵਿਨਿਯਮਿਤ ਬੈਟਰੀ ਚਾਰਜਰਸ ਦੀ ਮੁਰੰਮਤ/ਪੁਨਰਸਰਚਨਾ ਦੇ ਸਬੰਧ ਵਿਚ ਵਿਦੁਤ ਕੰਮ । | Rs. 42,81,695.62p | Rs. 85600.00/- | 12 ਮਹੀਨੇ | 08.05.2025 15:00 ਵਜੇ ਦੇ ਬਾਦ | www.ireps.gov.in |

ਨੰਬਰ 251-ਵਿਦੁਤ-ਟੈਂਡਰ ਨੋਟਿਸ ਨੰ: 02-ਵਿਦੁਤ/2025-26 ਮਿਤੀ : 17.04.2025 1144/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

18-APR-PAGE-10.qxd 4/17/2025 10:46 PM Page 1



## ਬੱਸ ਸਟੈਂਡ 'ਤੇ ਬੱਸਾਂ ਰੋਕਣ ਲਈ ਜੀ ਐੱਮ ਨੂੰ ਦਿੱਤਾ ਮੰਗ ਪੱਤਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਲਹਿਰਾ ਮੁਹੱਬਤ ਵਾਸੀਆਂ ਦੇ ਵਫਦ ਵੱਲੋਂ ਜੀ ਐੱਮ ਬਠਿੰਡਾ ਨੂੰ ਲਿਖਤੀ ਮੰਗ ਪੱਤਰ ਦੇ ਕੇ ਲਹਿਰਾ ਮੁਹੱਬਤ ਬੱਸ ਸਟੈਂਡ 'ਤੇ ਸਰਕਾਰੀ ਬੱਸਾਂ ਦਾ ਰੁਕਣਾ ਯਕੀਨੀ ਬਣਾਉਣ ਦੀ ਮੰਗ ਕੀਤੀ। 'ਆਪ' ਪ੍ਰਧਾਨ ਗੁਰਪ੍ਰੀਤ ਸਿੰਘ ਦਾਉਕਾ, ਸਹਿਕਾਰੀ ਸਭਾ ਦੇ ਪ੍ਰਧਾਨ ਅਵਤਾਰ ਸਿੰਘ ਤੇ ਜਗਸੀਰ ਸਿੰਘ ਦੀ ਅਗਵਾਈ ਹੇਠ ਵਫਦ ਵੱਲੋਂ ਮੰਗ ਪੱਤਰ ਰਾਹੀਂ ਦੱਸਿਆ ਗਿਆ ਕਿ ਥਰਮਲ ਮਾਰਕੀਟ ਬੱਸ ਸਟੈਂਡ 'ਤੇ ਸਰਕਾਰੀ ਬੱਸਾਂ ਨਾ ਰੁਕਣ ਕਾਰਨ ਨਗਰਵਾਸੀਆਂ, ਨੇੜਲੇ ਪਿੰਡਾਂ ਦੇ ਵਾਸੀਆਂ ਤੇ ਵਿਦਿਆਰਥੀਆਂ ਨੂੰ ਬਹੁਤ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਵਫਦ ਆਗੂਆਂ ਨੇ ਦੱਸਿਆ ਕਿ ਪਿਛਲੇ ਦੋ ਦਿਨਾਂ ਤੋਂ ਲਗਾਤਾਰ ਦੇਖ ਰਹੇ ਹਾਂ ਕਿ ਸਵੇਰੇ 7:30 ਵਜੇ ਤੋਂ 8:25 ਵਜੇ ਤੱਕ ਰਾਮਪੁਰਾ ਤੋਂ ਬਠਿੰਡਾ ਜਾਣ ਵਾਲੀ ਕੋਈ ਵੀ ਬੱਸ ਇਸ ਅੱਡੇ 'ਤੇ ਨਹੀਂ ਰੁਕ ਰਹੀ ਤੇ ਕੁੱਝ ਬੱਸਾਂ, ਬੱਸ ਸਟੈਂਡ ਤੋਂ ਬਹੁਤ ਪਿੱਛੇ ਰੁਕਦੀਆਂ ਹਨ, ਜਿਸ ਕਾਰਨ ਪੜ੍ਹਾਈ ਵਾਲੇ ਵਿਦਿਆਰਥੀਆਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ, ਕਿਉਂਕਿ ਵਿਦਿਆਰਥੀ ਸਕੂਲ/ਕਾਲਜ ਵਿਖੇ ਪਹੁੰਚਣ ਤੋਂ ਲੇਟ ਹੋ ਜਾਂਦੇ ਹਨ। ਵਫਦ ਨੇ ਮੰਗ ਕੀਤੀ ਕਿ ਸਰਕਾਰੀ ਬੱਸਾਂ ਨੂੰ ਰੁਕਵਾਉਣ ਲਈ ਪ੍ਰਭਾਵੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

## ਰਾਇਟਵੇ ਨੇ ਲਵਾਇਆ ਆਸਟ੍ਰੇਲੀਆ ਸਟੂਡੈਂਟ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਏਅਰਲਿੰਕਸ ਇਮੀਗ੍ਰੇਸ਼ਨ ਤੇ ਆਈਲਟਸ ਸੰਸਥਾ, ਜੋ ਪੰਜਾਬ ਦੇ ਇਲਾਵਾ ਪੂਰੇ ਭਾਰਤ ਵਿੱਚ ਕੰਮ ਕਰ ਰਹੀ ਹੈ।ਇਸ ਸੰਸਥਾ ਨੇ ਹਜ਼ਾਰਾਂ ਹੀ ਵਿਦਿਆਰਥੀਆਂ ਦੇ ਵਿਦੇਸ਼ 'ਚ ਪੜ੍ਹਾਈ ਕਰਨ ਦੇ ਸੁਪਨਿਆਂ ਨੂੰ ਪੂਰਾ ਕੀਤਾ ਹੈ।ਅੱਜ ਸੰਸਥਾ ਨੇ ਦਵਿੰਦਰ ਸਿੰਘ ਪੁੱਤਰ ਭੁਪਿੰਦਰ ਸਿੰਘ ਵਾਸੀ, ਬਰਨਾਲਾ ਦਾ ਆਸਟ੍ਰੇਲੀਆ ਦੇ ਮੈਟਰੋਪੋਲੀਟਨ ਕਾਲਜ ਦਾ ਸਟੂਡੈਂਟ ਵੀਜ਼ਾ ਲਗਵਾ ਕੇ ਦਿੱਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਕਿਹਾ ਕਿ ਅਫਵਾਹਾਂ ਤੇ ਧਿਆਨ ਨਾ ਦਿਉ, ਉਨ੍ਹਾਂ ਨੇ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਕੈਨੇਡਾ ਤੇ ਯੂ ਕੇ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹੈ ਉਹ ਆਸਟ੍ਰੇਲੀਆ ਲਈ ਅਪਲਾਈ ਕਰ ਸਕਦੇ ਹੈ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ ਤੇ ਯੂ ਕੇ, ਕੈਨੇਡਾ ਜਾਂ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਦੀ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹੈ।ਰਾਇਟਵੇ ਏਅਰਲਿੰਕਸ ਬੈਂਕ ਦੇ ਜ਼ਰੀਏ ਬੱਚਿਆਂ ਨੂੰ ਐਜੂਕੇਸ਼ਨ ਲੋਨ ਦੀ ਸੁਵਿਧਾ ਲੈ ਕੇ ਦਿੰਦਾ ਹੈ, ਜਿਨ੍ਹਾਂ ਪੈਸਿਆਂ ਨੂੰ ਬੱਚੇ ਅਪਣੇ ਖਰਚੇ ਲਈ ਵਰਤ ਸਕਦੇ ਹਨ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਦਵਿੰਦਰ ਸਿੰਘ ਨੂੰ ਵਧਾਈ ਦਿੱਤੀ।

## ਘਨੌਰ ਵੱਲੋਂ ਨੌਗਾਵਾਂ, ਸੰਧਾਰਸੀ ਤੇ ਮਰਦਾਂਪੁਰ ਸਕੂਲਾਂ 'ਚ ਵਿਕਾਸ ਕਾਰਜ ਲੋਕ ਅਰਪਿਤ



**ਰਾਜਪੁਰਾ (ਰਮੇਸ਼ ਕਟਾਰੀਆ)**-ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕਾ ਘਨੌਰ 'ਚ ਪੈਂਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਗਾਵਾਂ ਵਿਖੇ 60 ਲੱਖ ਰੁਪਏ ਦੀਆਂ ਗ੍ਰਾਂਟਾਂ ਨਾਲ ਹੋਏ ਵਿਕਾਸ ਕਾਰਜਾਂ ਦਾ ਲੋਕ ਅਰਪਣ ਕਰਦੇ ਹੋਏ ਕਬੱਡੀ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਤੇ ਵਿਧਾਇਕ ਗੁਰਲਾਲ ਘਨੌਰ ਨੇ ਪੰਜਾਬ ਸਰਕਾਰ ਦੀਆਂ ਸਿੱਖਿਆ ਖੇਤਰ ਵਿੱਚ ਹੋਈਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਇਸੇ ਲੜੀ ਤਹਿਤ ਵਿਧਾਇਕ ਗੁਰਲਾਲ ਘਨੌਰ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਸੰਧਾਰਸੀ ਤੇ ਸਕੂਲ ਆਫ ਐਮੀਨੈਂਸ ਪਿੰਡ ਮਰਦਾਂਪੁਰ ਦੇ ਸਰਕਾਰੀ ਸਕੂਲ ਵਿੱਚ ਵੀ ਵਿਕਾਸ ਦੇ ਕੰਮਾਂ ਦੇ ਉਦਘਾਟਨ ਕੀਤੇ। ਇਸ ਮੌਕੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਜਦਕਿ ਸਕੂਲ ਮੁਖੀ ਨੇ ਵਿਧਾਇਕ ਗੁਰਲਾਲ ਘਨੌਰ ਦਾ ਯਾਦਗਾਰੀ ਚਿੰਨ੍ਹ ਨਾਲ ਸਨਮਾਨ ਕੀਤਾ। ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਵਧਦਾ ਪੰਜਾਬ ਬਦਲਦਾ ਪੰਜਾਬ ਸਿੱਖਿਆ ਕ੍ਰਾਂਤੀ ਅਭਿਆਨ ਤਹਿਤ ਕਰੋੜਾਂ ਰੁਪਏ ਦੀ ਲਾਗਤ ਨਾਲ ਸਰਕਾਰੀ ਸਕੂਲਾਂ ਨੂੰ ਵਾਈ-ਫਾਈ ਇੰਟਰਨੈੱਟ ਕੁਨੈਕਸ਼ਨ, ਫਰਨੀਚਰ, ਪੀਣ ਵਾਲਾ ਸਾਫ ਪਾਣੀ, ਕਲਾਸ ਰੂਮ, ਲੜਕੀਆਂ ਅਤੇ ਲੜਕਿਆਂ ਲਈ ਵੱਖਰੇ ਪਖਾਨੇ ਸਮੇਤ ਸਾਰੀਆਂ ਜ਼ਰੂਰੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ।ਉਨ੍ਹਾਂ ਨੇ ਪੰਜਵੀਂ ਅਤੇ ਅੱਠਵੀਂ ਜਮਾਤ ਦੇ ਚੰਗੇ ਨਤੀਜੇ ਲੈ ਕੇ ਆਏ ਵਿਦਿਆਰਥੀਆਂ ਦੀ ਸ਼ਲਾਘਾ ਕਰਦੇ ਹੋਏ ਸਨਮਾਨਤ ਵੀ ਕੀਤਾ। ਇਸ ਮੌਕੇ ਹਲਕਾ ਸਿੱਖਿਆ ਕੋਆਰਡੀਨੇਟਰ ਦੌਲਤ ਰਾਮ ਲੈਕਚਰਾਰ ਫਿਜ਼ਿਕਸ, ਬੀ ਪੀ ਈ ਓ ਸੁਰਜੀਤ ਸਿੰਘ, ਸਕੂਲ ਮੁਖੀ ਰਾਜਕੁਮਾਰ, ਕੁਲਵੀਰ ਕੌਰ, ਸਰਪੰਚ ਜਗਬੀਰ ਸਿੰਘ ਜੱਗੀ, ਇੰਦਰਜੀਤ ਸਿਆਲੂ, ਗੁਰਤਾਜ ਸਿੰਘ ਸੰਧੂ ਸਮੇਤ ਅਧਿਆਪਕ, ਸਕੂਲ ਮੈਨੇਜਮੈਂਟ ਕਮੇਟੀ ਮੈਂਬਰ, ਇਲਾਕੇ ਦੇ ਪਤਵੰਤੇ ਸੱਜਣ ਤੇ ਸਕੂਲੀ ਬੱਚਿਆਂ ਦੇ ਮਾਪੇ ਮੌਜੂਦ ਸਨ।

## ਪੰਜਾਬ ਸਰਕਾਰ ਅਣਗੌਲੇ ਲੋਕਾਂ ਦੀ ਭਲਾਈ ਲਈ ਵਚਨਬੱਧ : ਡਾ. ਬਲਜੀਤ ਕੌਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਅੰਦਰ ਸਮਾਜ ਦੇ ਅਣਗੌਲੇ ਲੋਕਾਂ ਦੀ ਭਲਾਈ ਲਈ ਕੰਮ ਕਰਨ ਵਾਲੀਆਂ ਐਨ.ਜੀ.ਓਜ਼ ਦੀ ਹਰ ਸੰਭਵ ਸਹਾਇਤਾ ਕਰਨ ਲਈ ਵਚਨਬੱਧ ਹੈ। ਇਹ ਪ੍ਰਗਟਾਵਾ ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ, ਘੱਟ ਗਿਣਤੀ ਤੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗਾਂ ਦੇ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਉਹ ਅੱਜ ਸੁਸਾਇਟੀ ਫਾਰ ਵੈਲਫੇਅਰ ਆਫ ਹੈਂਡੀਕੈਪਡ ਦੇ 58ਵੇਂ ਸਥਾਪਨਾ ਦਿਵਸ ਮੌਕੇ ਡੈਫ ਐਂਡ ਬਲਾਇੰਡ ਸਕੂਲ, ਪਿੰਡ ਸੈਫਦੀਪੁਰ ਵਿਖੇ ਕਰਵਾਏ ਸਮਾਗਮ ਦੌਰਾਨ ਸ਼ਿਰਕਤ ਕਰਨ ਪੁੱਜੇ ਹੋਏ ਸਨ।ਉਨ੍ਹਾਂ ਕਿਹਾ ਕਿ ਦਿਵਿਆਂਗ ਬੱਚਿਆਂ ਦੀ ਅਵਾਜ਼ ਤੇ ਸੋਚ ਨੂੰ ਅਜਿਹੀਆਂ ਸੰਸਥਾਵਾਂ ਦੀ ਮਦਦ ਨਾਲ ਬਹੁਤ ਦੂਰ ਤੱਕ ਪਹੁੰਚਾਇਆ ਜਾਵੇਗਾ, ਜਿੱਥੇ ਤੱਕ ਇਹ ਪਹੁੰਚਣ ਦੀ ਹੱਕਦਾਰ ਹੈ।ਇਸ ਮੌਕੇ ਡਾ. ਬਲਜੀਤ ਕੌਰ ਨੇ ਸੁਸਾਇਟੀ ਫਾਰ ਵੈਲਫੇਅਰ ਆਫ਼ ਹੈਂਡੀਕੈਪਡ ਵੱਲੋਂ ਬੋਲਣ, ਸੁਣਨ ਤੇ ਦੇਖਣ ਤੋਂ ਅਸਮਰੱਥ ਬੱਚਿਆਂ ਦੀ ਭਲਾਈ ਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਸੁਸਾਇਟੀ ਨੂੰ ਸਕੂਲ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਪੰਜ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ।ਇਸ ਸਮਾਗਮ ਵਿੱਚ ਪਟਿਆਲਾ ਸਕੂਲ ਫਾਰ ਦੀ ਡੈੱਫ਼, ਸਕੂਲ ਫਾਰ ਦੀ ਬਲਾਇੰਡ ਤੇ ਪਟਿਆਲਾ ਸਕੂਲ ਫਾਰ ਦੀ ਡੈੱਫ਼ ਬਲਾਇੰਡ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਪੇਸ਼ਕਾਰੀਆਂ ਦੀ ਡਾ. ਬਲਜੀਤ ਕੌਰ ਨ ਪ੍ਰਸੰਸਾ ਕੀਤੀ।ਸੁਸਾਇਟੀ ਫਾਰ ਵੈਲਫੇਅਰ ਆਫ਼ ਹੈਂਡੀਕੈਪਡ ਦੇ ਸਕੱਤਰ ਕਰਨਲ ਕਰਮਿੰਦਰ ਸਿੰਘ ਨੇ ਦੱਸਿਆ ਕਿ ਇਸ ਸਕੂਲ ਵਿੱਚ ਪੰਜਾਬ ਸਮੇਤ 13 ਰਾਜਾਂ ਦੇ 450 ਤੋਂ ਵੱਧ ਦਿਵਿਆਂਗ ਵਿਦਿਆਰਥੀ ਪੜ੍ਹਦੇ ਹਨ ਤੇ ਉਨ੍ਹਾਂ ਨੂੰ ਸਮਰੱਥ ਬਣਾਉਣਾ ਸਾਡੇ ਲਈ ਚੁਣੌਤੀ ਭਰਿਆ ਹੁੰਦਾ ਹੈ।ਉਨ੍ਹਾਂ ਕਿਹਾ ਕਿ ਇਹ ਸੁਸਾਇਟੀ 58 ਸਾਲਾਂ ਤੋਂ ਅਜਿਹੇ ਵਿਦਿਆਰਥੀਆਂ ਨੂੰ ਮੁਫ਼ਤ ਸਿੱਖਿਆ ਪ੍ਰਦਾਨ ਕਰ ਰਹੀ ਹੈ।

## ਪ੍ਰਧਾਨ ਕੁੰਦਰਾ ਨੇ ਮੰਡੀ 'ਚੋਂ ਕਣਕ ਦੀ ਲਿਫਟਿੰਗ ਸ਼ੁਰੂ ਕਰਵਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਅਨਾਜ ਮੰਡੀ ਵਿੱਚ ਕਣਕ ਦੀ ਆਮਦ ਤੇਜ਼ ਹੋ ਗਈ ਹੈ ਤੇ ਖਰੀਦ ਏਜੰਸੀਆਂ ਵੱਲੋਂ ਜਿੱਥੇ ਖਰੀਦ ਦਾ ਕੰਮ ਬੜੇ ਸੁਚਾਰੂ ਢੰਗ ਨਾਲ ਚਲਾਇਆ ਜਾ ਰਿਹਾ ਹੈ, ਉੱਥੇ ਫਸਲ ਦੀ ਲਿਫਟਿੰਗ ਵੀ ਸ਼ੁਰੂ ਹੋ ਗਈ। ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਮਾਛੀਵਾੜਾ ਅਨਾਜ ਮੰਡੀ ਵਿੱਚ ਲਿਫਟਿੰਗ ਦਾ ਕੰਮ ਸ਼ੁਰੂ ਕਰਵਾਇਆ। ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੀ ਅਗਵਾਈ ਹੇਠ ਮਾਛੀਵਾੜਾ ਮੰਡੀ ਵਿੱਚ ਖਰੀਦ ਤੇ ਲਿਫਟਿੰਗ ਦਾ ਕੰਮ ਬੜੀ ਤੇਜ਼ੀ ਨਾਲ ਹੋ ਰਿਹਾ ਹੈ ਅਤੇ ਜਿਹੜਾ ਵੀ ਕਿਸਾਨ ਸੁੱਕੀ ਫਸਲ ਲਿਆ ਰਿਹਾ ਹੈ, ਉਸ ਦੀ ਤੁਰੰਤ ਖਰੀਦ ਕੀਤੀ ਜਾ ਰਹੀ ਹੈ। ਮਾਰਕੀਟ ਕਮੇਟੀ ਤੋਂ ਪ੍ਰਾਪਤ ਅੰਕੜਿਆਂ ਅਨੁਸਾਰ ਮਾਛੀਵਾੜਾ ਤੇ ਲੱਖੋਵਾਲ ਕਲਾਂ ਅਨਾਜ ਮੰਡੀ ਵਿੱਚ ਹੁਣ ਤੱਕ ਖਰੀਦ ਏਜੰਸੀਆਂ ਵੱਲੋਂ ਕਰੀਬ 10,000 ਕੁਇੰਟਲ ਤੋਂ ਵੱਧ ਫਸਲ ਖਰੀਦ ਕੀਤੀ ਜਾ ਚੁੱਕੀ ਹੈ, ਜਿਸ 'ਚੋਂ ਕਰੀਬ 2000 ਕੁਇੰਟਲ ਫਸਲ ਦੀ ਲਿਫਟਿੰਗ ਵੀ ਹੋ ਗਈ ਹੈ। ਇਸ ਮੌਕੇ ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਰੁਪਿੰਦਰ ਸਿੰਘ ਬੈਨੀਪਾਲ, ਜਗਨ ਨਾਥ, ਸ਼ਸ਼ੀ ਭਾਟੀਆ, ਹੈਪੀ ਬਾਂਸਲ, ਇੰਸਪੈਕਟਰ ਅਮਰਿੰਦਰ ਸਿੰਘ ਹੈਪੀ, ਇੰਸਪੈਕਟਰ ਯਾਦਵਿੰਦਰ ਸਿੰਘ, ਮੰਗਤ ਰਾਮ ਮੌਜੂਦ ਸਨ।

## ਪਾਣੀ ਦੀ ਨਿਕਾਸੀ ਲਈ ਪੁਲੀਆਂ ਪਾਈਆਂ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕਾਰਜਾਂ ਨੂੰ ਦੇਖਦੇ ਹੋਏ ਤੇ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰੂ ਗੋਬਿੰਦ ਸਿੰਘ ਜੀ ਮਾਰਗ ਗੁਰਦੁਆਰਾ ਪਾਕੇ ਸਾਹਿਬ ਜੀ ਨੂੰ ਜਾਂਦੇ ਰਸਤੇ 'ਤੇ ਘਰਾਂ ਦਾ ਵੇਸਟ ਪਾਣੀ ਦਾ ਨਿਕਾਸ ਚਾਲੂ ਕਰਨ ਲਈ ਪੁਲੀਆਂ ਪਾਈਆਂ ਗਈਆਂ ਸਨ।ਇਸ ਮੌਕੇ ਬਰਿੰਦਰ ਕੁਮਾਰ ਸ਼ਰਮਾ ਮਾਰਕੀਟ ਕਮੇਟੀ ਚੇਅਰਮੈਨ ਨਿਹਾਲ ਸਿੰਘ ਵਾਲਾ, ਜਸਵੰਤ ਸਿੰਘ ਮਧੇਕੇ ਕੋਆਰਡੀਨੇਟਰ ਐੱਸ ਸੀ ਵਿੰਗ ਹਲਕਾ ਨਿਹਾਲ ਸਿੰਘ ਵਾਲਾ, ਮੈਂਬਰ ਸਤਨਾਮ ਸਿੰਘ, ਮੈਂਬਰ ਕੁਲਵੰਤ ਸਿੰਘ, ਮੈਂਬਰ ਸਤਪਾਲ ਸਿੰਘ, ਪ੍ਰਦੀਪ ਸਿੰਘ, ਸਿਮਰਨ ਸਿੰਘ, ਬਲਦੀਪ ਸਿੰਘ ਗੋਗੀ, ਮੈਂਬਰ ਕਰਮ ਸਿੰਘ ਕਾਹਨਾ ਤੇ ਹੋਰ ਪਤਵੰਤੇ ਹਾਜ਼ਰ ਸਨ।

## ਸਿਕੰਦਰ ਸਿੰਘ ਚੀਮਾ ਨੇ ਡੀ ਐੱਸ ਪੀ ਦਾ ਅਹੁਦਾ ਸੰਭਾਲਿਆ



**ਬੁਢਲਾਡਾ (ਅਸ਼ੋਕ ਲਾਕੜਾ)**-ਪੁਲਸ ਜ਼ਿਲ੍ਹਾ ਖੰਨਾ ਤੋਂ ਬਦਲ ਕੇ ਆਏ ਸਬ ਡਵੀਜ਼ਨ ਬੁਢਲਾਡਾ ਦੇ ਨਵੇਂ ਡੀ. ਐੱਸ. ਪੀ. ਸਿਕੰਦਰ ਸਿੰਘ ਚੀਮਾ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ।ਇਥੇ ਪੁੱਜਣ 'ਤੇ ਦਫਤਰੀ ਸਟਾਫ ਤੇ ਸਮੂਹ ਥਾਣਾ ਮੁਖੀਆਂ ਨੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ।ਪੰਜਾਬ ਪੁਲਸ ਦੇ ਰਾਸ਼ਟਰੀ ਗੋਲਡ ਮੈਡਲਿਸਟ ਖਿਡਾਰੀ ਸ: ਚੀਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਸ ਦਾ ਕੰਮ ਲੋਕਾਂ ਨੂੰ ਇਨਸਾਫ ਦੇਣਾ ਹੈ ਤੇ ਸਬ-ਡਵੀਜ਼ਨ ਦੇ ਸਮੁੱਚੇ ਥਣਿਆਂ ਅੰਦਰ ਹਰ ਪੀੜਤ ਨੂੰ ਸਹੀ ਤੇ ਸਮੇਂ ਸਿਰ ਬਿਨਾਂ ਕਿਸੇ ਭੇਦ ਭਾਵ ਦੇ ਇਹ ਇਨਸਾਫ ਦਿੱਤਾ ਜਾਵੇਗਾ।

ਉਨ੍ਹਾਂ ਸਮੂਹ ਪੁਲਸ ਥਾਣਾ ਅਫਸਰਾਂ ਤੇ ਮੁਲਾਜ਼ਮਾਂ ਨੂੰ ਤਾਲਮੇਲ ਨਾਲ ਕੰਮ ਕਰਨ ਦੀ ਹਦਾਇਤ ਕਰਦਿਆਂ ਕਿਹਾ ਕਿ ਉਹ ਜਨਤਾ ਦੇ ਸੇਵਕ ਬਣ ਕੇ ਹੀ ਕੰਮ ਕਰਨ ਤੇ ਚੰਗੇ ਸਮਾਜ ਦੀ ਸਿਰਜਣਾ ਲਈ ਥਾਣਿਆਂ ਅੰਦਰ ਬਿਨਾਂ ਵਜ੍ਹਾ ਕਿਸੇ ਵੀ ਔਰਤ, ਬਜ਼ੁਰਗ ਜਾਂ ਬੱਚੇ ਨੂੰ ਪੁੱਛ ਪੜਤਾਲ ਲਈ ਨਾ ਸੱਦਣ।ਇਸ ਮੌਕੇ ਰੀਡਰ ਟੂ ਡੀ.ਐੱਸ.ਪੀ ਤੇ ਹੋਰ ਮੁਲਾਜ਼ਮ ਮੌਜੂਦ ਸਨ।

# ਅਧਿਆਪਕਾਂ ਨੇ ਸਰਕਾਰ ਦੀ ਫੋਕੀ ਸਿੱਖਿਆ ਕ੍ਰਾਂਤੀ ਦਾ ਭਾਂਡਾ ਭੰਨਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੀ ਸੂਬਾ ਕਮੇਟੀ ਤੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪਟਿਆਲਾ ਵਿਖੇ ਮੈਰੀਟੋਰੀਅਸ ਸਕੂਲ ਦੇ ਗੇਟ ਸਾਹਮਣੇ ਸਰਕਾਰ ਦੀ ਫੋਕੀ ਸਿੱਖਿਆ ਕ੍ਰਾਂਤੀ ਦਾ ਭਾਂਡਾ ਭੰਨਿਆ ਗਿਆ।ਅਧਿਆਪਕਾਂ ਵੱਲੋਂ ਸਰਕਾਰ ਦੀ ਸਿੱਖਿਆ ਕ੍ਰਾਂਤੀ ਦੀ ਸਖ਼ਤ ਆਲੋਚਨਾ ਕੀਤੀ ਗਈ।ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਪਟਿਆਲਾ ਜ਼ਿਲ੍ਹੇ ਤੋਂ ਕਨਵੀਨਰ ਤਲਵਿੰਦਰ ਸਿੰਘ ਨੇ ਕਿਹਾ ਕਿ ਸਰਕਾਰ ਕੇਵਲ ਪੱਥਰ ਲਾ ਕੇ ਝੂਠ ਪ੍ਰਚਾਰ ਰਹੀ ਹੈ। ਪੰਜਾਬ ਵਿੱਚ ਪ੍ਰਿੰਸੀਪਲਾਂ, ਹੈੱਡਮਾਸਟਰਾਂ, ਪ੍ਰਾਇਮਰੀ ਅਧਿਆਪਕਾਂ ਸਮੇਤ ਵੱਖ ਵੱਖ ਵਰਗਾਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਪਈਆਂ ਹਨ।ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ ਦੇ ਸੂਬਾ ਆਗੂ ਰਣਜੀਤ ਸਿੰਘ ਤੇ ਬਲਜੀਤ ਨੇ ਕਿਹਾ ਕਿ ਪਿੰਡਾਂ ਵਿੱਚੋਂ ਚੱਲਣ ਵਾਲੀ ਸਰਕਾਰ ਨੂੰ ਸੰਗਰੂਰ ਵਿਖੇ ਪੋਹ ਮਾਘ ਦੀਆਂ ਰਾਤਾਂ ਵਿੱਚ ਸੰਘਰਸ਼ ਕਰਦੇ ਅਧਿਆਪਕ ਨਹੀਂ ਦਿਖਾਈ ਦਿੱਤੇ।ਸਗੋਂ ਮੰਗਾਂ ਹੱਲ ਕਰਨ ਦੀ ਥਾਂ ਕੰਪਿਊਟਰ ਅਧਿਆਪਕਾਂ 'ਤੇ ਜਬਰ ਕੀਤਾ ਗਿਆ।ਮੈਰੀਟੋਰੀਅਸ ਟੀਚਰਜ਼ ਯੂਨੀਅਨ ਤੋਂ ਮੋਹੀ ਪੂਨੀਆ ਨੇ ਕਿਹਾ ਕਿ ਪੰਜਾਬ ਦੇ ਸਭ ਤੋਂ ਹੋਣਹਾਰ ਵਿਦਿਆਰਥੀ ਇਨ੍ਹਾਂ ਸਕੂਲਾਂ ਵਿੱਚ ਪੜ੍ਹਦੇ ਹਨ, ਇਨ੍ਹਾਂ ਸਕੂਲਾਂ ਦੇ ਅਧਿਆਪਕਾਂ ਵੱਲੋਂ ਪੜ੍ਹਾਏ ਵਿਦਿਆਰਥੀ ਅੱਜ ਵੱਡੇ ਅਹੁਦਿਆਂ 'ਤੇ ਕੰਮ ਕਰ ਹਨ, ਪਰ ਇਨ੍ਹਾਂ ਨੂੰ ਪੜ੍ਹਾਉਣ ਵਾਲੇ ਅਧਿਆਪਕ ਹਾਲੇ ਵੀ ਕੱਚੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਨ੍ਹਾਂ ਅਧਿਆਪਕਾਂ ਦੀਆਂ ਮੰਗਾਂ ਵੱਲ ਧਿਆਨ ਦੇਣਾ ਚਾਹੀਦਾ ਹੈ।ਐਸੋਸੀਏਟ ਪ੍ਰੀ ਪ੍ਰਾਇਮਰੀ ਅਧਿਆਪਕ ਯੂਨੀਅਨ ਤੋਂ ਹਰਮੀਤ ਕੌਰ ਨੇ ਦੱਸਿਆ ਕਿ ਫੋਕੀ ਲਿਫਾਫੇਬਾਜ਼ੀ ਕਰਨ ਵਾਲੀ ਸਰਕਾਰ ਤੋਂ ਅੱਧਾ ਮਹੀਨਾ ਬੀਤ ਜਾਣ 'ਤੇ ਵੀ ਤਨਖਾਹਾਂ ਜਾਰੀ ਨਹੀਂ ਹੋਈਆਂ।

ਆਗੂਆਂ ਨੇ ਦੱਸਿਆ ਕਿ ਹਾਲੇ ਤੱਕ ਵਿਦਿਆਰਥੀਆਂ ਨੂੰ ਪੂਰੀਆਂ ਕਿਤਾਬਾਂ ਨਹੀਂ ਮਿਲੀਆਂ ਤੇ ਨਾ ਹੀਂ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਵਰਦੀਆਂ ਦੇਣ ਸੰਬੰਧੀ ਕੋਈ ਸੁਹਿਰਦਤਾ ਦਿਖਾਈ ਗਈ ਹੈ।ਆਗੂਆਂ ਵੱਲੋਂ ਮੰਗ ਕੀਤੀ ਗਈ ਕਿ ਸਾਰੇ ਤਰ੍ਹਾਂ ਦੇ ਅਧਿਆਪਕ ਜਿਨ੍ਹਾਂ ਵਿੱਚ ਕੰਪਿਊਟਰ ਅਧਿਆਪਕ, ਮੈਰੀਟੋਰੀਅਸ ਤੇ ਆਦਰਸ਼ ਸਕੂਲਾਂ ਦੇ ਅਧਿਆਪਕ, ਐੱਨ ਐੱਸ ਕਿਊ ਐੱਫ਼ ਅਧਿਆਪਕ, ਹੋਰ ਕੱਚੇ ਅਧਿਆਪਕ ਤੁਰੰਤ ਸਿੱਖਿਆ ਵਿਭਾਗ ਵਿੱਚ ਪੂਰੇ ਸਕੇਲਾਂ 'ਤੇ ਪੱਕੇ ਕੀਤੇ ਜਾਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, 8886 ਅਧਿਆਪਕਾਂ ਦੀ ਤਨਖਾਹ ਕਟੌਤੀ ਵਾਪਸ ਕੀਤੀ ਜਾਵੇ, ਪੁਰਸ਼ ਅਧਿਆਪਕਾਂ ਦਾ ਪਿਛਲਾ ਸੇਵਾ ਕਾਲ ਗਿਣਦਿਆਂ ਰੂਲਾਂ ਮੁਤਾਬਿਕ ਬਣਦੀਆਂ ਛੁੱਟੀਆਂ ਦਿੱਤੀਆਂ ਜਾਣ।ਇਨ੍ਹਾਂ ਤੋਂ ਇਲਾਵਾ ਵਿਜੇ ਕੁਮਾਰ, ਰਾਕੇਸ਼ ਕੁਮਾਰ ਘਨੌਰ, ਪਰਮਜੀਤ ਸਿੰਘ ਡਾਰੀਆਂ, ਵਿਪਨੀਤ ਕੌਰ, ਜਸਵਿੰਦਰ ਸਿੰਘ, ਮਨਦੀਪ ਸਿੰਘ, ਪਰਮਜੀਤ ਕੌਰ, ਮਿਨਾਕਸ਼ੀ ਸਮੇਤ ਹੋਰ ਅਧਿਆਪਕ ਸ਼ਾਮਲ ਹੋਏ।

# ਰੇਲਵੇ ਪ੍ਰੋਜੈਕਟ ਨੂੰ ਲੈ ਕੇ ਉਪ ਮੰਡਲ ਮੈਜਿਸਟਰੇਟ ਦੇ ਦਫਤਰ 'ਚ ਨਹੀਂ ਚੱਲ ਰਹੀ ਕੋਈ ਕਾਰਵਾਈ !

- ਆਰ ਟੀ ਆਈ ਐਕਟ ਰਾਹੀਂ ਮੰਗੀ ਜਾਣਕਾਰੀ ਤੋਂ ਹੋਇਆ ਖੁਲਾਸਾ
- ਸਿੱਖਾਂ ਦੇ ਪੰਜਵੇਂ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਲਾਈਨ ਨਾਲ ਜੋੜਨ ਦੇ ਚਰਚੇ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਬਾਜਾਂ ਵਾਲੇ ਗੁਰੂ ਦੀ ਚਰਨ ਛੋਹ ਇਤਿਹਾਸਕ ਧਰਤੀ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਰੇਲਵੇ ਲਾਈਨ ਨਾਲ ਜੋੜਨ ਲਈ ਇਸ ਸਮੇਂ ਕੋਈ ਵੀ ਰੇਲਵੇ ਪ੍ਰੋਜੈਕਟ ਸਥਾਨਕ ਉਪ ਮੰਡਲ ਮੈਜਿਸਟਰੇਟ-ਕਮ-ਐੱਸ ਡੀ ਐੱਮ ਤਲਵੰਡੀ ਸਾਬੋ ਦੇ ਦਫਤਰ ਵਿੱਚ ਵਿਚਾਰ ਅਧੀਨ ਨਹੀਂ ਹੈ।ਇਸ ਤੱਥ ਦਾ ਖੁਲਾਸਾ ਆਰ ਟੀ ਆਈ ਐਕਟ 2005 ਤਹਿਤ ਮੰਗੀ ਗਈ ਸੂਚਨਾ ਦੀ ਜਾਣਕਾਰੀ ਦੇਣ ਲਈ ਉਕਤ ਦਫਤਰ ਤੋਂ ਜਾਰੀ ਇੱਕ ਚਿੱਠੀ ਤੋਂ ਹੋਇਆ ਹੈ।ਜ਼ਿਕਰਯੋਗ ਹੈ ਕਿ ਇਹ ਅਹਿਮ ਜਾਣਕਾਰੀ ਤਲਵੰਡੀ ਸਾਬੋ ਦੇ ਹੀ ਇੱਕ ਸ਼ਖਸ ਸ੍ਰੀ ਪ੍ਰਵੀਨ ਕੁਮਾਰ ਗਰਗ ਵੱਲੋਂ ਉਕਤ ਦਫਤਰ ਤੋਂ ਮੰਗੀ ਗਈ ਸੀ।ਇੱਥੇ ਇਸ ਗੱਲ ਦਾ ਜ਼ਿਕਰ ਕਰਨਾ ਵੀ ਕੁਥਾ ਨਹੀਂ ਹੋਵੇਗਾ ਕਿ ਬੜੇ ਲੰਬੇ ਸਮੇਂ ਤੋਂ ਸਿੱਖਾਂ ਦੇ ਪੰਜਵੇਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਰੇਲਵੇ ਲਾਈਨ ਨਾਲ ਜੋੜਨ ਲਈ ਨਾ ਸਿਰਫ ਚਰਚੇ ਚੱਲ ਰਹੇ ਹਨ, ਸਗੋਂ ਕਈ ਵਾਰ ਇਸ ਸਥਾਨ ਦੇ ਇਰਦ-ਗਿਰਦ ਇਸ ਪ੍ਰੋਜੈਕਟ ਨੂੰ ਅਮਲੀ ਜਾਮਾ ਪਹਿਨਾਉਣ ਲਈ ਤਿਆਰ ਹੁੰਦੀਆਂ ਮੁਢਲੀਆਂ ਪ੍ਰਪੋਜਲਾਂ ਨੂੰ ਵੀ ਲੋਕ ਆਪਣੇ ਕੰਨਾਂ ਨਾਲ ਸੁਣਦੇ ਤੇ ਅੱਖੀਂ ਵੇਖਦੇ ਆ ਰਹੇ ਹਨ।ਇੱਕ ਹੋਰ ਜਾਣਕਾਰੀ, ਜਿਸ ਦੀ ਚਰਚਾ ਆਮ ਲੋਕਾਂ ਦੀ ਪੱਧਰ 'ਤੇ ਵਰ੍ਹਿਆਂ ਤੋਂ ਚੱਲ ਰਹੀ ਹੈ ਕਿ ਉਕਤ ਰੇਲਵੇ ਟਰੈਕ ਵਿਛਾਉਣ ਲਈ ਵੱਖ ਵੱਖ ਪੈਨਲ ਤਿਆਰ ਹੋਣ ਪਿੱਛੋਂ ਸ਼ਾਇਦ ਇੱਕ ਸਭ ਤੋਂ ਢੁੱਕਵੇਂ ਪੈਨਲ, ਜਿਸ ਅਨੁਸਾਰ ਇੱਥੇ ਸਥਿਤ ਅਕਾਲ ਯੂਨੀਵਰਸਿਟੀ ਦੇ ਕਿਤੇ ਲਾਗੇ ਤਾਗੇ ਰੇਲਵੇ ਸਟੇਸ਼ਨ ਦੀ ਪ੍ਰਪੋਜਲ ਵੀ ਲਗਭਗ ਬਣ ਕੇ ਤਿਆਰ ਹੋ ਗਈ, ਜਿਸ ਨੂੰ ਅੰਤਿਮ ਮਨਜ਼ੂਰੀ ਵੀ ਮਿਲ ਗਈ ਸੁਣਨ ਵਿੱਚ ਆ ਰਹੀ ਹੈ।ਉਧਰ ਫਿਲਹਾਲ ਹਵਾ ਵਿੱਚ ਲਟਕ ਰਹੇ ਇਸ ਪ੍ਰੋਜੈਕਟ ਨੂੰ ਲੈ ਕੇ ਜਿਨ੍ਹਾਂ ਕਿਸਾਨਾਂ ਦੀਆਂ ਜ਼ਮੀਨਾਂ ਵਿੱਚੋਂ ਇਹ ਰੇਲਵੇ ਲਾਈਨ ਵਿਛਾਈ ਜਾਣੀ ਹੈ, ਉਨ੍ਹਾਂ ਕਿਸਾਨਾਂ ਦੇ ਸਾਹ ਸੂਤੇ ਪਏ ਹਨ, ਕਿਉਂਕਿ ਇੱਕ ਤੋਂ ਵੱਧ ਵਾਰ ਤਲਵੰਡੀ ਸਾਬੋ ਲਾਗਲੇ ਸਬੰਧਤ ਕਈ ਪਿੰਡਾਂ ਦੇ ਉਕਤ ਕਿਸਾਨ ਆਪੋ ਆਪਣੀਆਂ ਜ਼ਮੀਨਾਂ ਵਿੱਚ ਝੰਡੀਆਂ ਲਗਾ ਕੇ ਉਕਤ ਪ੍ਰੋਜੈਕਟ ਦੀ ਹੁੰਦੀ ਤਿਆਰੀ ਨੂੰ ਆਪਣੀਆਂ ਅੱਖਾਂ ਨਾਲ ਵੇਖ ਚੁੱਕੇ ਹਨ।ਕੁਝ ਲੋਕਾਂ ਦਾ ਮੰਨਣਾ ਹੈ ਕਿ ਇਹ ਤਲਵੰਡੀ ਸਾਬੋ ਤੇ ਆਲੇ ਦੁਆਲੇ ਦੇ ਲੋਕਾਂ ਲਈ ਇੱਕ ਬੇਲੋੜਾ ਪ੍ਰੋਜੈਕਟ ਹੈ, ਜਿਸ ਨੇ ਲੋਕਾਂ ਦਾ ਕੁਝ ਨਹੀਂ ਸਵਾਰਨਾ, ਜਦੋਂਕਿ ਕੁਝ ਇਲਾਕਾਈ ਵਿਕਾਸ ਦੇ ਪੱਖ ਤੋਂ ਇਸ ਪ੍ਰੋਜੈਕਟ ਨੂੰ ਅਤਿਅੰਤ ਅਹਿਮ ਵੀ ਦੱਸ ਰਹੇ ਹਨ।ਉਧਰ ਹੁਣ ਤਾਜ਼ਾ ਜਾਣਕਾਰੀ ਅਨੁਸਾਰ ਜੇਕਰ ਇਸ ਬਹੁ-ਚਰਚਿਤ ਰੇਲਵੇ ਪ੍ਰੋਜੈਕਟ ਨੂੰ ਲੈ ਕੇ ਸਥਾਨਕ ਸਬ ਡਵੀਜ਼ਨਲ ਉੱਪ ਮੰਡਲ ਮੈਜਿਸਟਰੇਟ ਦੇ ਦਫਤਰ ਵਿੱਚ ਵੀ ਕੋਈ ਪ੍ਰਕਿਰਿਆ ਨਹੀਂ ਚੱਲ ਰਹੀ ਤਾਂ ਹੋ ਸਕਦਾ ਹੈ ਕਿ ਫਿਲਹਾਲ ਇਸ ਪ੍ਰੋਜੈਕਟ ਨੂੰ ਵਿਸ਼ਰਾਮ ਹੀ ਲੱਗ ਗਿਆ ਹੋਵੇ।ਫਿਲਹਾਲ ਇਸ ਪ੍ਰੋਜੈਕਟ ਨੂੰ ਲੈ ਕੇ ਆਮ ਲੋਕਾਂ ਵਿੱਚ ਜਿੰਨੇ ਮੂੰਹ ਓਨੀਆਂ ਗੱਲਾਂ ਵਾਲੀ ਹਾਲਤ ਬਣੀ ਹੋਈ ਹੈ।

## ਸੁਖਵਿੰਦਰ ਗਿੱਲ ਦਾ ਤਾਜਪੋਸ਼ੀ ਸਮਾਗਮ ਅੱਜ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਮਾਰਕੀਟ ਕਮੇਟੀ ਦੇ ਨਵ-ਨਿਯੁਕਤ ਚੇਅਰਮੈਨ ਸੁਖਵਿੰਦਰ ਸਿੰਘ ਦਾ ਤਾਜਪੋਸ਼ੀ ਸਮਾਗਮ 18 ਅਪ੍ਰੈਲ ਨੂੰ ਹੋਵੇਗਾ। 'ਆਪ' ਬਲਾਕ ਪ੍ਰਧਾਨ ਪ੍ਰਵੀਨ ਮੱਕੜ ਨੇ ਦੱਸਿਆ ਕਿ ਮਾਰਕੀਟ ਕਮੇਟੀ ਦਫ਼ਤਰ ਵਿਖੇ ਸਵੇਰੇ 10 ਵਜੇ ਸੁਖਵਿੰਦਰ ਗਿੱਲ ਚੇਅਰਮੈਨ ਵਜੋਂ ਅਹੁਦਾ ਸੰਭਾਲਣਗੇ ਤੇ ਇਸ ਸਮਾਰੋਹ ਵਿੱਚ ਵਿਸ਼ੇਸ਼ ਤੌਰ 'ਤੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ, ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਤੇ ਇਲਾਕੇ ਦੀ ਲੀਡਰਸ਼ਿਪ ਸ਼ਮੂਲੀਅਤ ਕਰੇਗੀ। ਪ੍ਰਵੀਨ ਮੱਕੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਨਿਮਾਣੇ ਵਰਕਰ ਨੂੰ ਵੱਡਾ ਮਾਣ ਬਖਸ਼ਿਆ ਹੈ, ਜਿਸ ਨਾਲ ਵਰਕਰਾਂ ਦੇ ਹੌਂਸਲੇ ਬੁਲੰਦ ਹੋਏ ਹਨ।

## ਪਲਾਸਟਿਕ ਦੀ ਫੈਕਟਰੀ 'ਚ ਲੱਗੀ ਅੱਗ

**ਪਟਿਆਲਾ (ਥਿੰਦ)**-ਪਟਿਆਲਾ ਦੇ ਬਲਵੇੜਾ ਇਲਾਕੇ ਵਿੱਚ ਇੱਕ ਪਲਾਸਟਿਕ ਪਾਈਪ ਫੈਕਟਰੀ ਵਿੱਚ ਭਿਆਨਕ ਅੱਗ ਲੱਗਣ ਦੀ ਘਟਨਾ ਸਾਹਮਣੇ ਆਈ ਹੈ।ਮਿਲੀ ਜਾਣਕਾਰੀ ਮੁਤਾਬਕ, ਇਹ ਅੱਗ ਸਵੇਰੇ ਲਗਭਗ 3 ਵਜੇ ਲੱਗੀ, ਜਿਸ ਨੇ ਥੋੜ੍ਹੀ ਹੀ ਦੇਰ ਵਿੱਚ ਪੂਰੀ ਫੈਕਟਰੀ ਨੂੰ ਆਪਣੀ ਲਪੇਟ ਵਿੱਚ ਲੈ ਲਿਆ।ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਦਮਕਲ ਵਿਭਾਗ ਤੇ ਪੁਲਸ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਕਈ ਘੰਟਿਆਂ ਦੀ ਸਖ਼ਤ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।ਇਸ ਅੱਗ ਕਾਰਨ ਫੈਕਟਰੀ ਵਿੱਚ ਰੱਖਿਆ ਲਗਭਗ 2 ਕਰੋੜ ਰੁਪਏ ਦਾ ਪਲਾਸਟਿਕ ਤੇ ਹੋਰ ਸਾਮਾਨ ਸੜ ਕੇ ਸੁਆਹ ਹੋ ਗਿਆ।ਇਸ ਭਿਆਨਕ ਅੱਗ ਦੇ ਚਲਦੇ ਫੈਕਟਰੀ ਦਾ ਵੱਡਾ ਹਿੱਸਾ ਨੁਕਸਾਨ ਦਾ ਸ਼ਿਕਾਰ ਹੋਇਆ। ਹਾਲਾਂਕਿ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ, ਪਰ ਆਰਥਿਕ ਤੌਰ 'ਤੇ ਭਾਰੀ ਨੁਕਸਾਨ ਹੋਇਆ ਹੈ।

# ਸ਼ਹਿਰ ਦੇ ਬਾਜ਼ਾਰਾਂ 'ਚ ਪਹਿਲਾਂ ਦੀ ਤਰ੍ਹਾਂ ਆਵਾਜਾਈ ਜਾਮ !

- ਟ੍ਰੈਫਿਕ ਪੁਲਸ ਨੇ ਨਜਾਇਜ਼ ਕਬਜ਼ੇ ਹਟਵਾਏ



**ਮਲੋਟ (ਗੁਰਮੀਤ ਸਿੰਘ ਮੱਕੜ)**

ਪਿਛਲੇ ਸਮੇਂ ਤੋਂ ਸ਼ਹਿਰ ਵਾਸੀਆਂ ਦੀ ਅਕਸਰ ਹੀ ਸ਼ਿਕਾਇਤ ਹੁੰਦੀ ਸੀ ਕਿ ਮਲੋਟ ਦੇ ਬਾਜ਼ਾਰਾਂ ਵਿੱਚ ਦੁਕਾਨਦਾਰਾਂ ਵੱਲੋਂ ਨਜਾਇਜ਼ ਤੌਰ 'ਤੇ ਰੱਖਿਆ ਸਾਮਾਨ ਤੇ ਗਾਹਕਾਂ ਦੇ ਗਲਤ ਤਰੀਕੇ ਨਾਲ ਖੜ੍ਹੇ ਕੀਤੇ ਜਾਂਦੇ ਵਹੀਕਲਾਂ ਨਾਲ ਆਵਾਜਾਈ ਦੀ ਕਾਫੀ ਸਮੱਸਿਆ ਆਉਂਦੀ ਸੀ, ਜਿਸ ਦੇ ਹੱਲ ਲਈ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਅੱਜ ਉੱਪ ਕਪਤਾਨ ਆਵਾਜਾਈ ਅਮਨਦੀਪ ਸਿੰਘ ਤੇ ਜ਼ਿਲ੍ਹਾ ਇੰਚਾਰਜ ਸੁਖਦੇਵ ਸਿੰਘ ਮਾਨ ਨੇ ਆਵਾਜਾਈ ਮੁਲਾਜ਼ਮਾਂ ਦੀ ਟੀਮ ਨੂੰ ਨਾਲ ਲੈ ਕੇ ਖੁਦ ਬਾਜ਼ਾਰਾਂ ਦਾ ਚੱਕਰ ਲਗਾਇਆ ਅਤੇ ਦੁਕਾਨਦਾਰਾਂ ਵੱਲੋਂ ਗਲਤ ਤਰੀਕੇ ਨਾਲ ਦੁਕਾਨਾਂ ਦੇ ਬਾਹਰ ਰੱਖਿਆ ਸਾਮਾਨ ਚੁੱਕਵਾਇਆ ਅਤੇ ਗਲਤ ਤਰੀਕੇ ਨਾਲ ਖੜ੍ਹੇ ਕੀਤੇ ਵਹੀਕਲਾਂ ਦੇ ਚਲਾਨ ਕੀਤੇ। ਇਸ ਮੌਕੇ ਉਪ ਕਪਤਾਨ ਅਮਨਦੀਪ ਸਿੰਘ ਨੇ ਗੱਲਬਾਤ ਕਰਦੇ ਦੱਸਿਆ ਕਿ ਆਵਾਜਾਈ ਦੀ ਸਮੱਸਿਆ ਗੰਭੀਰ ਹੁੰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਵਾਜਾਈ ਨਿਯਮਾਂ ਦੀ ਪੂਰੀ ਪਾਲਣਾ ਨਾ ਕਰਨਾ ਤੇ ਵਹੀਕਲਾਂ ਦੀ ਲੋੜੋਂ ਵੱਧ 'ਤੇ ਸੀਮਾ ਤੋਂ ਵੱਧ ਰਫਤਾਰ ਅਤੇ ਅਜਿਹੇ ਹੋਰ ਕਾਰਨ ਹਨ, ਜਿਨ੍ਹਾਂ ਕਰਕੇ ਅਸੀਂ ਕੀਮਤੀ ਜਾਨਾਂ ਵੀ ਗਵਾ ਰਹੇ ਹਾਂ ਅਤੇ ਜ਼ਖਮੀਆਂ ਦੀ ਗਿਣਤੀ ਵੀ ਵੱਧ ਰਹੀ ਹੈ। ਉਨ੍ਹਾਂ ਕਿਹਾ ਕਿ ਟ੍ਰੈਫਿਕ ਪੁਲਸ ਚਲਾਨ ਵੀ ਕੱਟ ਰਹੀ ਹੈ ਤੇ ਵਹੀਕਲਾਂ ਨੂੰ ਰਿਕਵਰੀ ਵੈਨ ਰਾਹੀਂ ਸੜਕਾਂ ਤੋਂ ਚੁੱਕਿਆ ਵੀ ਜਾ ਰਿਹਾ ਹੈ, ਪਰ ਫਿਰ ਵੀ ਜ਼ਰੂਰਤ ਹੈ ਕਿ ਹਰ ਮਨੁੱਖ ਆਪਣੀ ਜ਼ਿੰਮੇਵਾਰੀ ਨੂੰ ਸਮਝਦਾ ਹੋਇਆ ਆਵਾਜਾਈ ਨਿਯਮਾਂ ਦੀ ਪਾਲਣਾ ਕਰੇ ਤਾਂ ਜੋ ਅਸੀਂ ਖੁਦ ਵੀ ਸੁਰੱਖਿਅਤ ਰਹੀਏ ਤੇ ਦੂਸਰੇ ਵੀ ਸੁਰੱਖਿਅਤ ਰਹਿਣ। ਉਨ੍ਹਾਂ ਲੋਕਾਂ ਤੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਸਾਮਾਨ ਆਪਣੇ ਦਾਇਰੇ ਵਿੱਚ ਰੱਖੋ ਅਤੇ ਵਹੀਕਲ ਸਹੀ ਤਰੀਕੇ ਨਾਲ ਖੜ੍ਹੇ ਕੀਤੇ ਜਾਣ ਤਾਂ ਜੋ ਕਿਸੇ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ।

# ਵਿਧਾਇਕ ਵੱਲੋਂ ਵੱਖ-ਵੱਖ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ

### ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਨਾਲ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ : ਭੁੱਲਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਸੂਬਾ ਜਦੀਦ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰੀਆਂ ਪਹਿਲਵਾਨ ਵਿਖੇ ਸਮਾਗਮਾਂ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ) ਫ਼ਿਰੋਜ਼ਪੁਰ ਸੁਨੀਤਾ ਰਾਣੀ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਫ਼ਿਰੋਜ਼ਪੁਰ ਸਤਿੰਦਰ ਸਿੰਘ ਮੌਜੂਦ ਸਨ।ਇਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਸਰਬੋਤਮ ਸਹੂਲਤਾਂ ਪ੍ਰਦਾਨ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਉੱਚ ਪੱਧਰੀ ਤੇ ਆਧੁਨਿਕ ਸਿੱਖਿਆ ਪ੍ਰਦਾਨ ਕਰਕੇ ਸਮੇਂ ਦਾ ਹਾਣੀ ਬਣਾਉਣਾ ਹੈ ਤਾਂ ਜੋ ਉਹ ਭਵਿੱਖ ਵਿੱਚ ਮੁਕਾਬਲੇ ਦੀਆਂ ਔਖੀਆਂ ਪ੍ਰੀਖਿਆਵਾਂ ਨੂੰ ਸੁਖਾਲੇ ਢੰਗ ਨਾਲ ਪਾਸ ਕਰਨ ਦੇ ਸਮਰੱਥ ਬਣ ਸਕਣ ਅਤੇ ਆਪਣੀ ਮਿਹਨਤ ਤੇ ਲਗਨ ਨਾਲ ਅਜਿਹੀਆਂ ਬੁਲੰਦੀਆਂ ਨੂੰ ਹਾਸਲ ਕਰਕੇ ਨਾਮਣਾ ਖੱਟ ਸਕਣ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਰਾਜ ਦੇ ਸਾਰੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਪੱਧਰ ਨੂੰ ਮਜ਼ਬੂਤ ਕਰਨ ਦੇ ਟੀਚੇ ਨੂੰ ਹਾਸਲ ਕਰਨ ਲਈ ਹਲਕੇ ਦੇ ਸਾਰੇ ਹੀ ਪ੍ਰਾਇਮਰੀ, ਮਿਡਲ, ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਰਾਜ ਬਹਾਦਰ ਸਿੰਘ ਗਿੱਲ ਸਿੱਖਿਆ ਕੋਆਰਡੀਨੇਟਰ, ਨੇਕ ਪ੍ਰਤਾਪ ਸਿੰਘ, ਹਿਮਾਂਸ਼ੂ ਠੱਕਰ, ਗੁਰਜੀਤ ਸਿੰਘ ਚੀਮਾ, ਜਸਪਾਲ ਸਿੰਘ, ਸੁਰਿੰਦਰ ਸਿੰਘ ਗਿੱਲ, ਰਜਨੀਸ਼ ਸ਼ਰਮਾ, ਅਮਰਿੰਦਰ ਸਿੰਘ ਬਰਾੜ, ਹਰਮੀਤ ਸਿੰਘ ਖਾਈ, ਬਲਕਾਰ ਸਿੰਘ ਗਿੱਲ, ਜਸਵੰਤ ਸਿੰਘ ਸੈਣੀ ਕੋਆਰਡੀਨੇਟਰ ਸਮਾਰਟ ਸਕੂਲ, ਸੁਮਿਤ ਪੁੱਗਲ, ਸੁਖਵਿੰਦਰ ਕੌਰ ਸਰਪੰਚ, ਸੁਰਜੀਤ ਸਿੰਘ ਇੰਕਵਾਨ, ਰਾਜੀਵ ਕੁਮਾਰ ਗੋਲਡੀ ਹਾਜ਼ਰ ਸਨ।

## ਸ੍ਰੀਮਦ ਭਾਗਵਤ ਕਥਾ ਗਿਆਨ ਯੱਗ 20 ਤੋਂ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਪ੍ਰਾਚੀਨ ਸ੍ਰੀ ਸ਼ਿਵ ਮੰਦਰ ਮੁਹੱਲਾ ਮਲਕਾਂ (ਬੱਲੀ ਵਾਲੀ ਰਾਮਲੀਲ੍ਹਾ ਗਰਾਉਂਡ) ਵਿਖੇ ਸ੍ਰੀ ਸ਼ਿਵ ਮੰਦਰ ਧਰਮਸ਼ਾਲਾ ਕਮੇਟੀ, ਸ੍ਰੀ ਸ਼ਿਵ ਮੰਦਰ ਕਾਵੜ ਸੰਘ ਤੇ ਮਹਿਲਾ ਸੰਕੀਰਤਨ ਮੰਡਲ ਸੁਨਾਮ ਵੱਲੋਂ 28ਵੀਂ ਸ਼੍ਰੀਮਦ ਭਾਗਵਤ ਕਥਾ ਗਿਆਨ ਯੱਗ 20 ਤੋਂ 27 ਅਪ੍ਰੈਲ ਤੱਕ ਕੀਤਾ ਜਾ ਰਿਹਾ ਹੈ।ਜਾਣਕਾਰੀ ਦਿੰਦਿਆਂ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਇਸ ਕਥਾ ਸੰਬੰਧੀ 20 ਅਪ੍ਰੈਲ ਨੂੰ ਰੋਜ਼ਾਨਾ ਸਵੇਰੇ 7:15 ਵਜੇ ਪੰਡਤ ਪ੍ਰਦੀਪ ਸ਼ਾਸਤਰੀ (ਲਹਿਰੇ ਵਾਲੇ) ਵੱਲੋਂ ਮੂਲ ਪਾਠ ਆਰੰਭ ਕਰਵਾਏ ਜਾਣਗੇ ਤੇ ਸਵੇਰੇ 7:30 ਵਜੇ ਸ਼੍ਰੀ ਸ਼੍ਰੀ 1008 ਸਵਾਮੀ ਚੰਦਰ ਮੁਨੀ ਜੀ ਮਹਾਰਾਜ (ਸ਼ੇਰੋਂ ਵਾਲੇ) ਝੰਡਾ ਰਸਮ ਅਦਾ ਕਰਨਗੇ, ਜਦਕਿ ਪਰਮੇਸ਼ਵਰਦਾਸ ਪੰਕਜ ਤ੍ਰਿਪਾਠੀ (ਚਿੱਤਰਕੂਟ ਧਾਮ) ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ 20 ਅਪ੍ਰੈਲ ਤੋਂ 26 ਅਪ੍ਰੈਲ ਤੱਕ ਦੁਪਹਿਰ 3 ਵਜੇ ਤੋਂ 5:30 ਵਜੇ ਤੱਕ ਅਤੇ ਰਾਤ 8 ਵਜੇ ਤੋਂ 10:30 ਵਜੇ ਤੱਕ ਰੋਜ਼ਾਨਾ ਕਥਾ ਕਰਨਗੇ ਤੇ 27 ਅਪ੍ਰੈਲ ਨੂੰ ਸਵੇਰੇ 9:15 ਵਜੇ ਹਵਨ ਹੋਵੇਗਾ, 10:15 ਵਜੇ ਪੂਰਨਾਹੂਤੀ ਹੋਵੇਗੀ ਅਤੇ ਸਵੇਰੇ 10:30 ਵਜੇ ਤੋਂ 12 ਵਜੇ ਤੱਕ ਕਥਾ ਪ੍ਰਵਚਨ ਹੋਣਗੇ ਅਤੇ ਦੁਪਹਿਰ 12:15 ਵਜੇ ਤੋਂ ਅਟੁੱਟ ਭੰਡਾਰਾ ਵਰਤੇਗਾ।ਉਨ੍ਹਾਂ ਦੱਸਿਆ ਕਿ ਇਸ ਕਥਾ ਦੌਰਾਨ ਸ਼ਸ਼ੀ ਬਾਲਾ ਪਤਨੀ ਪਵਨ ਸਿੰਗਲਾ (ਧਰਮਗੜ੍ਹ ਵਾਲੇ) ਮੁੱਖ ਯਜਮਾਨ ਵਜੋਂ ਸ਼ਿਰਕਤ ਕਰਨਗੇ।

## ਡਾ. ਅੰਬੇਡਕਰ ਤੇ ਸ਼ਹੀਦ ਭਗਤ ਸਿੰਘ ਦੀ ਸੋਚ ਤਹਿਤ ਕੀਤਾ ਜਾ ਰਿਹੈ ਪੰਜਾਬ ਦਾ ਵਿਕਾਸ : ਸਰਾਰੀ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਹਲਕਾ ਗੁਰੂ ਹਰਸਹਾਏ ਦੇ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਦੱਸਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ 2022 ਵਿੱਚ ਚੋਣਾਂ ਤੋਂ ਪਹਿਲਾਂ ਡਾ. ਭੀਮ ਰਾਓ ਅੰਬੇਡਕਰ ਤੇ ਸ਼ਹੀਦ ਭਗਤ ਸਿੰਘ ਦੀ ਸੋਚ ਤਹਿਤ ਕੰਮ ਕਰਨ ਦੇ ਆਧਾਰ 'ਤੇ ਲੋਕਾਂ ਦੇ ਘਰ-ਘਰ ਤੱਕ ਪਹੁੰਚੀ ਸੀ ਤੇ ਪੰਜਾਬ ਵਾਸੀਆਂ ਨੇ ਵੱਡੀ ਜਿੱਤ ਨਾਲ ਆਮ ਆਦਮੀ ਪਾਰਟੀ ਦੀ ਪੰਜਾਬ ਵਿੱਚ ਸਰਕਾਰ ਬਣਾਈ ਸੀ। ਉਨ੍ਹਾ ਕਿਹਾ ਕਿ ਪਹਿਲੇ ਦਿਨ ਤੋਂ ਹੀ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਨ੍ਹਾਂ ਮਹਾਨ ਸ਼ਖਸੀਅਤਾਂ ਦੀ ਵਿਚਾਰਧਾਰਾ 'ਤੇ ਕੰਮ ਕਰ ਰਹੀ ਹੈ। ਉਨ੍ਹਾ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਸਮੇਂ ਆਮ ਆਦਮੀ ਪਾਰਟੀ ਨੇ ਇੱਕ ਗੱਲ ਨੋਟਿਸ ਕੀਤੀ ਸੀ ਕਿ ਹਾਈ ਕੋਰਟ ਵਿੱਚ ਸਰਕਾਰੀ ਵਕੀਲਾਂ ਦੀਆਂ ਪੋਸਟਾਂ 'ਤੇ ਅਨੁਸੂਚਿਤ ਜਾਤੀਆਂ ਲਈ ਕੋਈ ਰਾਖਵਾਂਕਰਨ ਨਹੀਂ ਸੀ ਅਤੇ ਸਾਡੀ ਪਾਰਟੀ ਨੇ ਕਿਹਾ ਸੀ ਕਿ ਐੱਸ.ਸੀ. ਭਾਈਚਾਰੇ ਨੂੰ ਇਸ ਸਬੰਧੀ ਰਾਖਵਾਂਕਰਨ ਦਿੱਤਾ ਜਾਵੇਗਾ, ਜੋ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਰ ਵਿਖਾਇਆ ਹੈ। ਉਨ੍ਹਾ ਕਿਹਾ ਕਿ ਏ.ਜੀ. ਦਫ਼ਤਰ ਵਿੱਚ ਵਕੀਲਾਂ ਦੀਆਂ ਪੋਸਟਾਂ ਲਈ ਰਾਖਵਾਂਕਰਨ ਦਿੱਤਾ ਗਿਆ ਹੈ, ਜੋ ਵਕੀਲਾਂ ਦੀਆਂ ਪੋਸਟਾਂ ਵਾਸਤੇ ਬਹੁਤ ਵੱਡੀ ਪ੍ਰਾਪਤੀ ਹੈ। ਉਨ੍ਹਾ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਇਸ ਵਿਸ਼ੇਸ਼ ਕੰਮ ਲਈ ਧੰਨਵਾਦ ਕੀਤਾ।

# ਵਿਧਾਇਕ ਸਵਨਾ ਨੇ ਸਕੂਲਾਂ ਦੇ ਵਿਕਾਸ ਕਾਰਜ ਪ੍ਰੋਜੈਕਟਾਂ ਦੇ ਕੀਤੇ ਉਦਘਾਟਨ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਉਲੀਕੇ ਗਏ ਪੰਜਾਬ ਸਿੱਖਿਆ ਕ੍ਰਾਂਤੀ ਪ੍ਰੋਜੈਕਟ ਤਹਿਤ ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਪਿੰਡ ਹਸਤਾ ਕਲਾਂ, ਨਵਾਂ ਹਸਤਾ ਤੇ ਅਬਦੁਲਾ ਖਾਲਿਕ ਦੇ ਸਕੂਲਾਂ ਅੰਦਰ 1 ਕਰੋੜ 47 ਲੱਖ 5 ਹਜ਼ਾਰ 580 ਰੁਪਏ ਦੇ ਵਿਕਾਸ ਕਾਰਜ ਪ੍ਰੋਜੈਕਟਾਂ ਦੇ ਉਦਘਾਟਨ ਕੀਤੇ। ਸੰਬੋਧਨ ਦੌਰਾਨ ਵਿਧਾਇਕ ਸਵਨਾ ਨੇ ਕਿਹਾ ਕਿ ਪੰਜਾਬ ਸਰਕਾਰ 3 ਸਾਲ ਪਹਿਲਾਂ ਸੱਤਾ ਵਿਚ ਆਈ ਸੀ ਤੇ ਉਸ ਦੇ ਪ੍ਰਮੁੱਖ ਖੇਤਰ ਸਿੱਖਿਆ ਤੇ ਸਿਹਤ ਸੀ, ਜਿਸ ਦੇ ਵਿਕਾਸ ਵਿਚ ਮੁੱਖ ਮੰਤਰੀ ਪੰਜਾਬ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪੂਰਨ ਤੌਰ'ਤੇ ਸਫਲ ਰਹੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਤੇ ਚੰਗੀ ਸੇਧ ਦੇਣਾ ਹੀ ਪੰਜਾਬ ਸਿੱਖਿਆ ਕ੍ਰਾਂਤੀ ਪ੍ਰੋਜੈਕਟ ਦਾ ਅਸਲ ਉਦੇਸ਼ ਹੈ। ਨਰਿੰਦਰ ਪਾਲ ਸਿੰਘ ਨੇ ਕਿਹਾ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਸਤਾ ਕਲਾਂ ਵਿਖੇ 3 ਕਲਾਸ ਰੂਮ 22 ਲੱਖ 53 ਹਜ਼ਾਰ ਦੀ ਲਾਗਤ ਨਾਲ, ਇੰਟਰਲਾਕ ਟਾਇਲ ਦਾ ਕਾਰਜ 23 ਲੱਖ ਦੀ ਲਾਗਤ ਨਾਲ ਅਤੇ ਹੋਰ ਵੱਖ-ਵੱਖ ਕਾਰਜਾਂ ਨੂੰ 23 ਲੱਖ 57 ਹਜ਼ਾਰ 42 ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਗਿਆ ਹੈ। ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਹਸਤਾ ਕਲਾਂ ਵਿਖੇ 1 ਕਲਾਸ ਰੂਮ 7 ਲੱਖ 51 ਹਜ਼ਾਰ ਨਾਲ ਅਤੇ ਹੋਰ ਕਾਰਜਾਂ ਲਈ 10 ਲੱਖ 45 ਹਜ਼ਾਰ 799 ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ।ਉਨ੍ਹਾਂ ਕਿਹਾ ਕਿ ਸਰਕਾਰੀ ਪ੍ਰਾਇਮਰੀ ਸਕੂਲ ਨਵਾਂ ਹਸਤਾ-2 ਵਿਖੇ 2 ਕਲਾਸ ਰੂਮ 15 ਲੱਖ 2 ਹਜ਼ਾਰ ਰੁਪਏ ਅਤੇ 5 ਲੱਖ 28 ਹਜ਼ਾਰ 5 ਰੁਪਏ ਦੀ ਗ੍ਰਾਂਟ ਨਾਲ ਵੱਖ-ਵੱਖ ਵਿਕਾਸ ਕਾਰਜ ਨੇਪਰੇ ਚਾੜ੍ਹੇ ਗਏ।ਇਸ ਦੇ ਨਾਲ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਨਵਾ ਹਸਤਾ ਵਿਖੇ 5 ਲੱਖ 73 ਹਜ਼ਾਰ 457 ਰਿਪੇਟਰ ਦੇ ਕੰਮ ਮੁਕੰਮਲ ਕੀਤੇ ਗਏ ਹਨ। ਸਰਕਾਰੀ ਪ੍ਰਾਇਮਰੀ ਸਕੂਲ ਅਬਦੁਲ ਖਾਲਿਕ ਵਿਖੇ ਵੀ 4 ਲੱਖ 58 ਹਜ਼ਾਰ ਰੁਪਏ ਨਾਲ ਕਿਚਨ ਸ਼ੈਡ, ਲਗਭਗ 4 ਲੱਖ ਨਾਲ ਲਾਕਿੰਗ ਟਾਇਲ ਅਤੇ 9 ਲੱਖ 23 ਹਜ਼ਾਰ 504 ਰੁਪਏ ਦੀ ਹੋਰ ਗ੍ਰਾਂਟ ਮੁਹੱਈਆ ਕਰਵਾਈ ਗਈ ਹੈ। ਸਰਕਾਰੀ ਮਿਡਲ ਸਕੂਲ ਅਬਦੁਲ ਖਾਲਿਕ ਸਕੂਲ ਦੀ ਚਾਰਦੀਵਾਰੀ 3 ਲੱਖ 20 ਹਜ਼ਾਰ ਰੁਪਏ ਨਾਲ, ਕਿਚਨ ਸ਼ੈਡ 4 ਲੱਖ 58 ਹਜ਼ਾਰ ਅਤੇ 8 ਲੱਖ 5 ਹਜ਼ਾਰ 773 ਰੁਪਏ ਨਾਲ ਹੋਰ ਰਿਪੇਅਰਿੰਗ ਦੇ ਕਾਰਜ ਮੁਕੰਮਲ ਕੀਤੇ ਗਏ ਹਨ।

ਇਸ ਦੌਰਾਨ ਵਿਧਾਇਕ ਫਾਜ਼ਿਲਕਾ ਨੇ ਸਰਕਾਰੀ ਪ੍ਰਾਇਮਰੀ ਹਸਤਾ ਕਲਾਂ ਵਿਖੇ ਅਭਿਜੋਤ ਨਾਂਅ ਦੇ ਵਿਦਿਆਰਥੀ ਦਾ ਦਾਖਲਾ ਵੀ ਕੀਤਾ।ਇਸ ਮੌਕੇ ਸਿੱਖਿਆ ਕੋਆਰਡੀਨੇਟਰ ਸੁਰਿੰਦਰ ਕੰਬੋਜ, ਚੇਅਰਮੈਨ ਪਰਮਜੀਤ ਸਿੰਘ ਨੂਰਸ਼ਾਹ, ਹਰਮੰਦਰ ਸਿੰਘ ਬਰਾੜ, ਵੱਖ-ਵੱਖ ਪਿੰਡਾਂ ਤੇ ਸਰਪੰਚ ਤੇ ਮੈਂਬਰ ਸਾਹਿਬਾਨ, ਸਕੂਲ ਮੁਖੀ ਤੇ ਸਕੂਲ ਸਟਾਫ ਮੌਜੂਦ ਸੀ।

## ਬੀ ਕੇ ਯੂ ਲੱਖੋਵਾਲ ਵੱਲੋਂ ਸਾਬਕਾ ਡਿਪਟੀ ਡਾਇਰੈਕਟਰ ਦਾ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਨੇ ਭਗਤ ਧੰਨਾ ਜੱਟ ਜੀ ਤੇ ਖ਼ਾਲਸਾ ਪੰਥ ਦੇ ਜਨਮ ਦਿਨ-ਦਿਹਾੜਾ ਨੂੰ ਸਮਰਪਤ ਯੂਨੀਅਨ ਦੇ ਦਫ਼ਤਰ ਵਿਖੇ ਸੁਖਮਨੀ ਸਾਹਿਬ ਜੀ ਪਾਠ ਤੇ ਕਥਾ ਵਿਚਾਰਾਂ ਕਰਦਿਆਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਇਸ ਮੌਕੇ ਬੋਲਦਿਆਂ ਸਟੇਟ ਐਵਾਰਡੀ ਡਾ. ਜਸਵਿੰਦਰ ਸਿੰਘ ਬਰਾੜ ਖੇਤੀਬਾੜੀ ਵਿਭਾਗ ਮੋਗਾ ਦੇ ਸਾਬਕਾ ਮੁੱਖ ਖੇਤੀਬਾੜੀ ਅਫ਼ਸਰ ਤੇ ਡਿਪਟੀ ਡਾਇਰੈਕਟਰ ਪੰਜਾਬ ਨੇ ਕਿਹਾ ਕਿ ਸਾਨੂੰ ਗੁਰੂਆਂ ਤੇ ਭਗਤਾਂ ਨੇ ਸਾਦਗੀ ਤੇ ਸਦਭਾਵਨਾ ਨਾਲ ਜੀਵਨ ਜਿਉਣ ਦੀ ਪ੍ਰੇਰਨਾ ਦਿੱਤੀ ਹੈ।ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖਾਂ ਦੀ ਵੱਖਰੀ ਪਛਾਣ ਬਣਾਈ ਹੈ।ਗੁਰੂ ਨਾਨਕ ਦੇਵ ਜੀ ਨੇ ਖੇਤੀ ਨੂੰ ਉੱਤਮ ਦਰਜਾ ਦਿੱਤਾ ਤੇ ਭਗਤ ਧੰਨਾ ਜੀ ਜੱਟ ਬਰਾਦਰੀ ਨਾਲ ਸਬੰਧਤ ਸਨ, ਨੇ ਮਿਹਨਤ, ਲਗਨ ਤੇ ਸ਼ਰਧਾ ਨਾਲ ਗੁਰੂ ਨੂੰ ਸਮਰਪਤ ਹੋ ਕੇ ਉੱਚ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਡਾ. ਜਸਵਿੰਦਰ ਸਿੰਘ ਬਰਾੜ ਨੇ ਕਿਹਾ ਕਿ ਖੇਤੀ ਖੇਤਰ ਵਿੱਚ ਆ ਰਹੀਆਂ ਸਮੱਸਿਆਵਾਂ ਨੂੰ ਗੁਰੂ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਸਹਿਣਸ਼ੀਲਤਾ, ਤਨਦੇਹੀ ਤੇ ਕੁਦਰਤੀ ਸੁਮੇਲ ਨਾਲ ਹਲ ਕੀਤਾ ਜਾ ਸਕਦਾ ਹੈ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਸਮੂਹ ਆਗੂਆਂ ਨੇ ਡਾ. ਜਸਵਿੰਦਰ ਸਿੰਘ ਬਰਾੜ ਸਾਬਕਾ ਮੁੱਖ ਖੇਤੀਬਾੜੀ ਅਫਸਰ-ਕਮ-ਡਿਪਟੀ ਡਾਇਰੈਕਟਰ ਪੰਜਾਬ ਵੱਲੋਂ ਖੇਤੀਬਾੜੀ ਵਿਭਾਗ ਵਿੱਚ ਦਿਤੀਆਂ ਸ਼ਾਨਦਾਰ ਸੇਵਾਵਾਂ ਤੇ ਕਿਸਾਨਾਂ ਦੀ ਭਲਾਈ ਲਈ ਕੀਤੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਹਾਜ਼ਰ ਡਾ. ਕੁਲਦੀਪ ਸਿੰਘ ਬੁੱਟਰ ਸਾਬਕਾ ਖੇਤੀਬਾੜੀ ਅਫਸਰ ਮੋਗਾ ਦਾ ਵੀ ਸਨਮਾਨ ਕੀਤਾ ਗਿਆ।

## ਵਿਧਾਇਕ ਸਰਾਰੀ ਨੇ ਸਕੂਲ 'ਚ ਵਿਕਾਸ ਕਾਰਜਾਂ ਦਾ ਰੱਖਿਆ ਨੀਂਹ ਪੱਥਰ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੰਜਾਬ ਸਰਕਾਰ ਦੇ ਮੁੱਖ ਮੰਤਰੀ ਵੱਲੋਂ ਰੰਗਲਾ ਪੰਜਾਬ ਬਣਾਉਣ ਤੇ ਸਿੱਖਿਆ ਕ੍ਰਾਂਤੀ ਵੱਲ ਚਲਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਸਰਕਾਰੀ ਸਕੂਲਾਂ ਦੇ ਵੱਡੇ ਪੱਧਰ 'ਤੇ ਸੁਧਾਰ ਕੀਤੇ ਜਾ ਰਹੇ ਹਨ, ਜਿਸ ਨਾਲ ਜਲਦ ਹੀ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਇੱਕ ਮੋਹਰੀ ਸੂਬਾ ਬਣੇਗਾ ਤੇ ਇੱਥੋਂ ਦੇ ਵਿਦਿਆਰਥੀ ਦੇਸ਼ ਵਿਦੇਸ਼ ਵਿੱਚ ਮੱਲਾਂ ਮਾਰਨਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਗੁਰੂ ਹਰਸਹਾਏ ਨੇ ਸਰਕਾਰੀ ਪ੍ਰਾਇਮਰੀ ਸਕੂਲ ਨਿਊ ਰੇਲਵੇ ਬਸਤੀ ਵਿਖੇ ਵਿਕਾਸ ਕਾਰਜਾਂ ਦੇ ਉਦਘਾਟਨ ਸਮਰੋਹ ਦੌਰਾਨ ਕੀਤਾ।ਇਸ ਮੌਕੇ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਸਰਕਾਰੀ ਸਕੂਲ ਸਿੱਖਿਆ ਦੇ ਨਾਲ ਨਾਲ ਸਹੂਲਤਾਂ ਵਿੱਚ ਵੀ ਪ੍ਰਾਈਵੇਟ ਸਕੂਲਾਂ ਨੂੰ ਮਾਤ ਪਾਉਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕਰਕੇ ਸੂਬੇ ਦੇ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕ ਰਾਹੀਂ ਪੜ੍ਹਾਈ ਕਰਵਾਈ ਜਾਂਦੀ ਹੈ, ਜਿਸ ਨਾਲ ਬੱਚਿਆਂ ਦਾ ਭਵਿੱਖ ਨਿਖਰ ਰਿਹਾ ਹੈ ਅਤੇ ਮਾਪੇ ਸਰਕਾਰੀ ਸਕੂਲਾਂ 'ਤੇ ਭਰੋਸਾ ਕਰਨ ਲੱਗ ਪਏ ਹਨ।ਇਸ ਮੌਕੇ ਮੁੱਖ ਅਧਿਆਪਕ ਸ੍ਰੀਮਤੀ ਨੀਤੀ ਗੁਲਾਟੀ ਨੇ ਹਲਕਾ ਵਿਧਾਇਕ ਫੌਜਾ ਸਿੰਘ ਸਰਾਰੀ, ਐੱਸ ਐੱਮ ਸੀ ਮੈਂਬਰਾਂ ਤੇ ਮਾਪਿਆਂ ਦਾ ਨਿੱਘਾ ਸਵਾਗਤ ਕੀਤਾ।ਸਮੂਹ ਸਟਾਫ ਵੱਲੋਂ ਹਲਕਾ ਵਿਧਾਇਕ ਫੌਜਾ ਸਿੰਘ ਸਰਾਰੀ ਤੇ ਪਹੁੰਚੇ ਲੋਕਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸੁਰਿੰਦਰ ਪਾਲ ਸਿੰਘ ਬੀਪੀਓ, ਰਜਿੰਦਰ ਸਿੰਘ ਸੀ ਐੱਚ ਟੀ, ਵਿਨੇ ਸ਼ਰਮਾ ਸੀ ਐੱਚ ਟੀ, ਬਚਿੱਤਰ ਸਿੰਘ ਲਾਡੀ ਸਿੱਖਿਆ ਕੋਆਰਡੀਨੇਟਰ, ਸਤਨਾਮ ਚਾਂਦੀ ਸਿੱਖਿਆ ਕੋਆਰਡੀਨੇਟਰ ਸਿੱਖਿਆ ਵਿਭਾਗ ਤੇ ਸਮੂਹ ਐੱਸ ਐੱਮ ਸੀ ਕਮੇਟੀ ਹਾਜ਼ਰ ਸਨ।

## ਵਿਧਾਇਕ ਭੁੱਲਰ ਨੇ ਖਾਈ ਫੇਮੇ ਕੀ 'ਚ ਕਣਕ ਦੀ ਖਰੀਦ ਸ਼ੁਰੂ ਕਰਵਾਈ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਸ਼ਹਿਰੀ ਹਲਕੇ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਅਨਾਜ ਮੰਡੀ ਖਾਈ ਫੇਮੇ ਕੀ ਵਿਖੇ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਗਈ।ਇਸ ਮੌਕੇ ਉਨ੍ਹਾਂ ਨਾਲ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਹਾਜ਼ਰ ਸਨ। ਖ਼ਰੀਦ ਸ਼ੁਰੂ ਕਰਾਉਣ ਉਪਰੰਤ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕਣਕ ਦੀ ਖ਼ਰੀਦ ਲਈ ਮੰਡੀਆਂ ਵਿੱਚ ਸਾਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਮੰਡੀਆਂ ਵਿੱਚ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾ ਕਿਹਾ ਕਿ ਕਿਸਾਨਾਂ ਦੀ ਕਣਕ ਦਾ ਇੱਕ-ਇੱਕ ਦਾਣਾ ਚੁੱਕਿਆ ਜਾਵੇਗਾ ਤੇ ਉਨ੍ਹਾਂ ਨੂੰ ਜ਼ਿਆਦਾ ਦੇਰ ਤੱਕ ਮੰਡੀਆਂ ਵਿੱਚ ਨਹੀਂ ਰੁਕਣਾ ਪਵੇਗਾ ਅਤੇ ਨਾਲ ਹੀ ਖਰੀਦੀ ਗਈ ਕਣਕ ਦੀ ਅਦਾਇਗੀ ਵੀ 24 ਘੰਟਿਆਂ ਦੇ ਅੰਦਰ ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਕੀਤੀ ਜਾਵੇਗੀ।ਉਨ੍ਹਾ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਫ਼ਸਲ ਨੂੰ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਕਿ ਉਨ੍ਹਾਂ ਨੂੰ ਫ਼ਸਲ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਨੇਕ ਪ੍ਰਤਾਪ ਸਿੰਘ, ਹਿਮਾਂਸ਼ੂ ਠੱਕਰ, ਗੁਰਜੀਤ ਸਿੰਘ ਚੀਮਾ, ਹਰਮੀਤ ਸਿੰਘ ਖਾਈ, ਨਿਸ਼ਾਨ ਸਿੰਘ ਸਰਪੰਚ, ਗਗਨਦੀਪ ਸਿੰਘ, ਮਨਜੀਤ ਸਿੰਘ ਸਰਪੰਚ, ਸੰਦੀਪ ਸਿੰਘ ਸਰਪੰਚ, ਸੁਖਦੇਵ ਸਿੰਘ ਸਰਪੰਚ, ਸੁਖਚੈਨ ਸਿੰਘ, ਸੱਜਣ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।

## ਬਾਬਾ ਸਾਹਿਬ ਦਾ ਜਨਮ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਮੰਚ ਲੌਂਗੋਵਾਲ ਵੱਲੋਂ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਡਾ. ਭੀਮ ਰਾਓ ਅੰਬੇਡਕਰ ਯਾਦਗਾਰੀ ਭਵਨ ਲੌਂਗੋਵਾਲ ਵਿਖੇ ਮਨਾਇਆ ਗਿਆ।ਇਸ ਮੌਕੇ ਕਸਬਾ ਲੌਂਗੋਵਾਲ ਵਿਖੇ ਵਿਸ਼ਾਲ ਮੋਟਰਸਾਈਕਲ ਮਾਰਚ ਕੱਢਿਆ ਗਿਆ ਤੇ ਬਾਬਾ ਸਾਹਿਬ ਦੀ ਜੀਵਨੀ ਦੇ ਅਧਾਰਤ ਫਿਲਮ ਵੀ ਦਿਖਾਈ ਗਏ। ਸ਼ਾਮ ਦੇ ਸਮੇਂ ਪ੍ਰੋਗਰਾਮ ਦੌਰਾਨ ਨਗਰ ਕੌਂਸਲ ਲੌਂਗੋਵਾਲ ਦੇ ਪ੍ਰਧਾਨ ਪਰਮਿੰਦਰ ਕੌਰ ਬਰਾੜ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਮਲ ਬਰਾੜ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਮੇਲਾ ਸਿੰਘ ਸੂਬੇਦਾਰ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਵਿੱਕੀ ਵਸ਼ਿਸ਼ਟ ਅਤੇ ਹੋਰ ਆਗੂਆਂ ਦਾ ਮੰਚ ਅਹੁਦੇਦਾਰਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਮੰਚ ਲੌਂਗੋਵਾਲ ਦੇ ਪ੍ਰਧਾਨ ਨੱਛਤਰ ਸਿੰਘ, ਮੀਤ ਪ੍ਰਧਾਨ ਹਰਪ੍ਰੀਤ ਸਿੰਘ ਦੁੱਲਟ, ਖਜ਼ਾਨਚੀ ਯਸ਼ਪਾਲ ਸਿੰਘ, ਸਹਾਇਕ ਖ਼ਜ਼ਾਨਚੀ ਜੀਵਨ ਸਿੰਘ, ਸਟੇਜ ਸੈਕਟਰੀ ਪ੍ਰਿਥੀ ਸਿੰਘ, ਮੁੱਖ ਸਲਾਹਕਾਰ ਸੁਮਿੰਦਰ ਸਿੰਘ (ਸਿਹਤ ਵਿਭਾਗ), ਸੁਖਵਿੰਦਰ ਸਿੰਘ ਬਿਜਲੀ ਮੁਲਾਜ਼ਮ, ਪ੍ਰੈਸ ਕਲੱਬ ਲੌਂਗੋਵਾਲ (ਰਜਿ:) ਦੇ ਪ੍ਰਧਾਨ ਜਗਸੀਰ ਸਿੰਘ ਆਦਿ ਮੌਜੂਦ ਸਨ।

## ਅਲਾਇੰਸ ਇੰਟਰਨੈਸ਼ਨਲ ਸਕੂਲ ਨੇ 10ਵਾਂ ਸਥਾਪਨਾ ਦਿਵਸ ਮਨਾਇਆ




**ਰਾਜਪੁਰਾ (ਰਮੇਸ਼ ਕਟਾਰੀਆ)**-ਅਲਾਇੰਸ ਇੰਟਰਨੈਸ਼ਨਲ ਸਕੂਲ ਨੇ ਸਿੱਖਿਆ ਅਤੇ ਸੰਪੂਰਨ ਵਿਕਾਸ ਵਿੱਚ ਉੱਤਮਤਾ ਦੇ ਇੱਕ ਦਹਾਕੇ ਨੂੰ ਯਾਦ ਕਰਦੇ ਹੋਏ ਆਪਣੇ 10ਵੇਂ ਸਥਾਪਨਾ ਦਿਵਸ ਨੂੰ ਮਾਣ ਨਾਲ ਮਨਾਇਆ।ਇਸ ਸ਼ਾਨਦਾਰ ਜਸ਼ਨ ਵਿੱਚ ਵਿਦਿਆਰਥੀਆਂ, ਸਟਾਫ਼ ਅਤੇ ਵਿਸ਼ੇਸ਼ ਮਹਿਮਾਨਾਂ ਨੇ ਸ਼ਿਰਕਤ ਕੀਤੀ।ਸਕੂਲ ਦੇ ਪ੍ਰਬੰਧ ਨਿਰਦੇਸ਼ਕ ਸਾਹਿਲ ਗਰਗ ਨੇ ਇਸ ਮੌਕੇ ਦੀ ਸ਼ੋਭਾ ਵਧਾਈ ਅਤੇ ਸੰਸਥਾ ਨਾਲ ਆਪਣੀ ਪ੍ਰੇਰਨਾਦਾਇਕ 10 ਸਾਲਾਂ ਦੀ ਯਾਤਰਾ ਸਾਂਝੀ ਕੀਤੀ।ਸਾਹਿਲ ਗਰਗ ਨੇ ਸਾਰਿਆਂ ਨੂੰ ਆਉਣ ਵਾਲੇ ਸਾਲਾਂ ਵਿੱਚ ਨਿਰੰਤਰ ਵਿਕਾਸ, ਨਵੀਨਤਾ ਅਤੇ ਸਫਲਤਾ ਲਈ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ।ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਸ੍ਰੀਮਤੀ ਨਲਿਨੀ ਗਰਗ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਉਤਸ਼ਾਹੀ ਅਤੇ ਟੀਚਾ-ਮੁਖੀ ਰਹਿਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਹਾਜ਼ਰੀਨ ਨੂੰ ਯਾਦ ਦਿਵਾਇਆ ਕਿ ਸਕੂਲ ਸਿਰਫ਼ ਇੱਕ ਸੰਸਥਾ ਨਹੀਂ, ਸਗੋਂ ਇੱਕ ਮਾਰਗਦਰਸ਼ਕ ਹੈ, ਜੋ ਆਪਣੇ ਵਿਦਿਆਰਥੀਆਂ ਦੇ ਭਵਿੱਖ ਨੂੰ ਆਕਾਰ ਦਿੰਦੀ ਹੈ ਅਤੇ ਹਰ ਕਦਮ 'ਤੇ ਉਨ੍ਹਾਂ ਦਾ ਸਮਰਥਨ ਕਰਦੀ ਹੈ।ਸਮਾਗਮ ਸੱਭਿਆਚਾਰਕ ਪ੍ਰਦਰਸ਼ਨਾਂ, ਸਕੂਲ ਦੀ ਯਾਤਰਾ 'ਤੇ ਵਿਚਾਰ ਅਤੇ ਅਲਾਇੰਸ ਇੰਟਰਨੈਸ਼ਨਲ ਸਕੂਲ ਦੇ ਮੁੱਲਾਂ ਤੇ ਦ੍ਰਿਸ਼ਟੀਕੋਣ ਨੂੰ ਬਰਕਰਾਰ ਰੱਖਣ ਲਈ ਇੱਕ ਨਵੀਂ ਵਚਨਬੱਧਤਾ ਨਾਲ ਸਮਾਪਤ ਹੋਇਆ।

# ਚੇਅਰਮੈਨ ਸੇਖਵਾਂ ਵੱਲੋਂ ਹਲਕੇ ਦੇ ਅੱਧੀ ਦਰਜਨ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਦਾ ਮੁੱਖ ਮੰਤਵ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਸਕੂਲਾਂ ਨੂੰ ਹਰ ਪੱਖੋਂ ਸਰਵੋਤਮ ਸੁਵਿਧਾਵਾਂ ਪ੍ਰਦਾਨ ਕਰਨਾ ਹੈ ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦੇ ਕੇ ਸਮੇਂ ਦਾ ਹਾਣੀ ਬਣਾਇਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਰਣੀਆਂ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਬਲਵਿੰਦਰ ਸਿੰਘ ਗਿੱਲ, ਸਕੂਲ ਮੁਖੀ ਜਸਵਿੰਦਰ ਕੌਰ, ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ, ਗੁਰਬਚਨ ਸਿੰਘ ਜ਼ਿਲ੍ਹੇਦਾਰ, ਭੁਪਿੰਦਰ ਸਿੰਘ ਸਾਬੀ ਰਣੀਆ, ਸਰਪੰਚ ਗੁਰਸਰਨ ਸਿੰਘ ਸਹਾਰੀ, ਪੀਏ ਲਖਵਿੰਦਰ ਸਿੰਘ ਭਿੰਡਰ ਤੋਂ ਇਲਾਵਾ ਸਕੂਲ ਅਧਿਆਪਕ ਅਤੇ ਪਤਵੰਤੇ ਮੌਜੂਦ ਸਨ।ਚੇਅਰਮੈਨ ਸੇਖਵਾਂ ਵੱਲੋਂ ਉਪਰੋਕਤ ਸਕੂਲ ਤੋਂ ਇਲਾਵਾ ਵੀ ਹਲਕੇ ਕਾਦੀਆਂ ਦੇ ਪ੍ਰਾਇਮਰੀ ਸਕੂਲ ਜਫਰਵਾਲ, ਪ੍ਰਾਇਮਰੀ ਸਕੂਲ ਫਤਿਹ ਨੰਗਲ, ਪ੍ਰਾਇਮਰੀ ਸਕੂਲ ਸੋਹਲ, ਪ੍ਰਾਇਮਰੀ



ਸਕੂਲ ਬਦੇਸ਼, ਪ੍ਰਾਇਮਰੀ ਸਕੂਲ ਜੋਗੋਵਾਲ ਜੱਟਾਂ ਵਿਖੇ ਵੀ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।

ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਬਦਤਰ ਹਾਲ ਵਿੱਚ ਪਹੁੰਚੇ ਸਰਕਾਰੀ ਸਕੂਲਾਂ ਤੇ ਸਿਹਤ ਸੰਸਥਾਵਾਂ ਨੂੰ ਤਰਜੀਹੀ ਖੇਤਰ ਮੰਨਦੇ ਹੋਏ ਰਿਕਾਰਡ ਵਿਕਾਸ ਕਰਵਾਇਆ, ਜਿਸ ਸਦਕਾ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹਰੇਕ ਖੇਤਰ ਵਿੱਚ ਉੱਚੀਆਂ ਮੱਲਾਂ ਮਾਰ ਰਹੇ ਹਨ।ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਸਾਡੇ ਸੂਬੇ ਦੀ ਤਰੱਕੀ ਦਾ ਆਧਾਰ ਬਣੇਗੀ ਅਤੇ ਸਰਕਾਰੀ ਸਕੂਲਾਂ ਵਿਚੋਂ ਪੜ੍ਹ ਕੇ ਆਮ ਘਰਾਂ ਦੇ ਬੱਚੇ ਵੱਡੀਆਂ ਉੱਚਾਈਆਂ ਨੂੰ ਛੂਹਣਗੇ।

ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦਾ ਵਿਕਾਸ ਹੋਣ ਨਾਲ ਸਕੂਲਾਂ ਦੀ ਕਾਇਆ ਕਲਪ ਹੋ ਗਈ ਹੈ।ਚੇਅਰਮੈਨ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ 54 ਹਜ਼ਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕਰਕੇ ਕੀਰਤੀਮਾਨ ਸਥਾਪਿਤ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ ਕੇ ਦਿਲਚਸਪੀ ਮੁਤਾਬਿਕ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਉਹ ਬਾਰ੍ਹਵੀਂ ਪਾਸ ਕਰਨ ਮਗਰੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਹਿੱਸਾ ਲੈਣ ਦੇ ਯੋਗ ਬਣਨ ਅਤੇ ਮਨਪਸੰਦ ਦੇ ਅਹੁਦਿਆਂ ਉਤੇ ਸੇਵਾਵਾਂ ਨਿਭਾਉਣ।ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰੀ ਵਿਭਾਗਾਂ ਨੂੰ ਮੁਕੰਮਲ ਤੌਰ ਤੇ ਭ੍ਰਿਸ਼ਟਾਚਾਰ ਮੁਕਤ ਕਰਨ ਦੀ ਮੁਹਿੰਮ ਵੀ ਸਾਰਥਿਕ ਨਤੀਜੇ ਸਾਹਮਣੇ ਲਿਆ ਰਹੀ ਹੈ।

## ਨਸ਼ਾ ਤਸਕਰਾਂ ਖ਼ਿਲਾਫ਼ ਵੱਖ-ਵੱਖ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਦੀਨਾਨਗਰ ਪੁਲਸ ਦੇ ਏ. ਐੱਸ. ਆਈ. ਜਸਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਮੁੱਖਬਰ ਦੀ ਇਤਲਾਹ 'ਤੇ ਸੁਖਵੰਤ ਕੌਰ ਪਤਨੀ ਲੇਟ ਅਸ਼ੋਕ ਕੁਮਾਰ ਵਾਸੀ ਪਨਿਆੜ ਦੇ ਘਰ ਰੇਡ ਕਰਕੇ ਉਸ ਨੂੰ 7500 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਇਸੇ ਤਰ੍ਹਾਂ ਥਾਣਾ ਦੀਨਾਨਗਰ ਦੇ ਏ. ਐੱਸ. ਆਈ. ਬਲਦੇਵ ਸਿੰਘ ਨੇ ਸਮੇਤ ਪੁਲਿਸ ਪਾਰਟੀ ਮੁੱਖਬਰ ਦੀ ਇਤਲਾਹ 'ਤੇ ਪਿੰਡ ਪਨਿਆੜ ਦੀਆਂ ਮੜੀਆਂ ਵਿੱਚ ਰੇਡ ਕਰਕੇ ਉਸ ਨੂੰ 15 ਹਜ਼ਾਰ ਐੱਮ. ਐੱਲ. ਸ਼ਰਾਬ ਨਜਾਇਜ਼ ਸਮੇਤ ਕਾਬੂ ਕੀਤਾ ਹੈ। ਥਾਣਾ ਕਲਾਨੌਰ ਦੇ ਏ. ਐੱਸ. ਆਈ. ਸੁਖਦੇਵ ਸਿੰਘ ਨੇ ਸਮੇਤ ਪੁਲਸ ਪਾਰਟੀ ਦਾਣਾ ਮੰਡੀ ਕਲਾਨੌਰ ਤੋਂ ਨੀਰਜ ਕੁਮਾਰ ਪੁੱਤਰ ਪਵਨ ਕੁਮਾਰ ਵਾਸੀ ਆਲੋਵਾਲ ਥਾਣਾ ਧਾਰੀਵਾਲ, ਰਾਹੁਲ ਮਸੀਹ ਪੁੱਤਰ ਦਲਜੀਤ ਮਸੀਹ ਵਾਸੀ ਕਲਾਨੌਰ ਨੂੰ ਦੋ ਕੈਨ ਪਲਾਸਟਿਕ ਸਮੇਤ ਕਾਬੂ ਕਰਕੇ ਕੈਨ ਪਲਾਸਟਿਕਾਂ ਨੂੰ ਚੈਕ ਕੀਤਾ ਜਿਨ੍ਹਾਂ ਵਿਚੋਂ 26250 ਐੱਮ. ਐੱਲ. ਨਜਾਇਜ਼ ਸ਼ਰਾਬ ਬਰਾਮਦ ਹੋਈ ਹੈ।

ਥਾਣਾ ਸਿਟੀ ਗੁਰਦਾਸਪੁਰ ਐੱਸ. ਆਈ. ਬਨਾਰਸੀ ਦਾਸ ਨੇ ਸਮੇਤ ਪੁਲਸ ਪਾਰਟੀ ਨਵਾ ਬੱਸ ਸਟੈਡ ਗੁਰਦਾਸਪੁਰ ਦੇ ਪਿਛਲੇ ਪਾਸੇ ਤੋਂ ਦਲਜੀਤ ਸਿੰਘ ਪੁੱਤਰ ਦਲਬੀਰ ਸਿੰਘ ਵਾਸੀ ਗੋਸਲ ਹਾਲ ਵਾਸੀ ਬਹਿਰਾਮਪੁਰ ਰੋਡ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਸਕੂਟਰੀ ਐਕਟਿਵਾ ਸਮੇਤ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫ਼ਾਫ਼ੇ ਨੂੰ ਚੈੱਕ ਕੀਤਾ ਜਿਸ ਵਿਚੋਂ 2 ਗਰਾਮ ਹੈਰੋਇਨ ਬਰਾਮਦ ਹੋਈ ਹੈ।

# ਮੰਡੀ ਸੁਪਰਵਾਈਜ਼ਰ 7,000 ਰੁਪਏ ਰਿਸ਼ਵਤ ਲੈਂਦਾ ਗ੍ਰਿਫ਼ਤਾਰ

ਧਾਰੀਵਾਲ/ਕਾਹਨੂੰਵਾਨ,(ਮਨਦੀਪ ਸਿੰਘ ਵਿੱਕੀ)-ਗੁਰਦਾਸਪੁਰ ਜ਼ਿਲ੍ਹੇ ਦੀ ਮਾਰਕੀਟ ਕਮੇਟੀ, ਕਾਹਨੂੰਵਾਨ ਵਿਖੇ ਤਾਇਨਾਤ ਮੰਡੀ ਸੁਪਰਵਾਈਜ਼ਰ ਰਸ਼ਪਾਲ ਸਿੰਘ ਨੂੰ 7,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਉਪਰੋਕਤ ਮੁਲਜ਼ਮ ਨੂੰ ਅਨਾਜ ਮੰਡੀ, ਕਾਹਨੂੰਵਾਨ ਦੇ ਇੱਕ ਆੜ੍ਹਤੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਮਾਰਕੀਟ ਕਮੇਟੀ ਕਾਹਨੂੰਵਾਨ ਨੇ ਦਸੰਬਰ 2024 ਵਿੱਚ ਉਸਦੀ ਫਰਮ ਤੇ ਗਲਤ ਤਰੀਕੇ ਨਾਲ 18,610 ਰੁਪਏ ਦਾ ਜੁਰਮਾਨਾ ਲਗਾ ਦਿੱਤਾ ਸੀ।ਇਸ ਮਾਮਲੇ ਨੂੰ ਹੱਲ ਕਰਨ ਦੀਆਂ ਵਾਰ-ਵਾਰ ਕੋਸ਼ਿਸ਼ਾਂ ਦੇ ਬਾਵਜੂਦ, ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੇ ਜੁਰਮਾਨਾ ਵਾਪਸ ਲੈਣ ਤੋਂ ਇਨਕਾਰ ਕਰ ਦਿੱਤਾ।ਕਣਕ ਦੀ ਖਰੀਦ ਦਾ ਸੀਜ਼ਨ ਨੇੜੇ ਆ ਰਿਹਾ ਸੀ ਜਿਸ ਕਾਰਨ ਸ਼ਿਕਾਇਤਕਰਤਾ ਨੂੰ ਆਪਣੀ ਦੂਜੀ ਫਰਮ, ਜੋ ਉਸਦੀ ਮਾਤਾ ਦੇ ਨਾਮ ਤੇ ਰਜਿਸਟਰਡ ਹੈ, ਦੇ ਮਿਆਦ ਪੁੱਗ ਚੁੱਕੇ ਲਾਇਸੈਂਸ ਨੂੰ ਰੀਨਿਊ ਕਰਨ ਦੀ ਲੋੜ ਸੀ।ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਜਦੋਂ ਉਸਨੇ ਦੋਵਾਂ ਮਾਮਲਿਆਂ ਨੂੰ ਸੁਲਝਾਉਣ ਲਈ ਉਕਤ ਮੁਲਜ਼ਮ ਰਸ਼ਪਾਲ ਸਿੰਘ ਕੋਲ ਪਹੁੰਚ ਕੀਤੀ, ਤਾਂ ਇਸ ਮੰਡੀ ਸੁਪਰਵਾਈਜ਼ਰ ਨੇ ਰਿਸ਼ਵਤ ਵਜੋਂ 8,000 ਰੁਪਏ ਦੀ ਮੰਗ ਕੀਤੀ ਪਰ ਉਸਦੇ ਜ਼ੋਰ ਪਾਉਣ ਤੋਂ ਬਾਅਦ ਰਿਸ਼ਵਤ ਦੀ ਰਕਮ ਘਟਾ ਕੇ 7,000 ਰੁਪਏ ਕਰ ਦਿੱਤੀ ਗਈ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ



ਮੁੱਢਲੀ ਤਸਦੀਕ ਤੋਂ ਬਾਅਦ ਅੰਮ੍ਰਿਤਸਰ ਰੇਂਜ ਦੀ ਵਿਜੀਲੈਂਸ ਬਿਊਰੋ ਦੀ ਇੱਕ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਰਸ਼ਪਾਲ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 7,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਉਕਤ ਮੁਲਜ਼ਮ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮੁਕੱਦਮੇ ਦੀ ਅਗਲੇਰੀ ਜਾਂਚ ਜਾਰੀ ਹੈ।

## ਗੱਤਕਾ ਤੇ ਸੁੰਦਰ ਦਸਤਾਰ ਸਜਾਉਣ ਮੁਕਾਬਲਿਆਂ 'ਚ ਅੱਵਲ ਰਹੇ ਵਿਦਿਆਰਥੀ

ਝਬਾਲ (ਹਰਜਿੰਦਰ ਸਿੰਘ ਸੋਨੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਗਏ ਗੱਤਕਾ ਤੇ ਸੁੰਦਰ ਦਸਤਾਰ ਮੁਕਾਬਲੇ ਵਿੱਚ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਦੀ ਟੀਮ ਵੱਲੋਂ



ਫਰੀ ਸੋਟੀ ਜੂਨੀਅਰ ਗੱਤਕਾ ਮੁਕਾਬਲੇ ਵਿਚ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਡਾ. ਤਰਨਜੀਤ ਸਿੰਘ ਵੱਲੋਂ ਜੇਤੂ ਟੀਮ ਵਿਦਿਆਰਥੀਆਂ ਅਭੀਜੋਤ ਸਿੰਘ, ਬਲਵਿੰਦਰ ਸਿੰਘ, ਸਿਮਰਨਜੀਤ ਸਿੰਘ, ਗੁਰਸੇਵਕ ਸਿੰਘ ਤੇ ਕੋਚ ਗੁਰਦੇਵ ਸਿੰਘ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਵਿਦਿਆਰਥੀਆਂ ਵੱਲੋਂ ਗੱਤਕਾ, ਖੇਡਾਂ, ਧਾਰਮਿਕ ਮੁਕਾਬਲਿਆਂ ਵਿੱਚ ਮੱਲਾਂ ਮਾਰ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਜਾਂ ਰਿਹਾ ਹੈ। ਇਸ ਮੌਕੇ ਡੀਪੀਈ ਗੁਰਮੀਤ ਸਿੰਘ, ਦਵਿੰਦਰਪਾਲ ਕੌਰ, ਕੁਲਜਿੰਦਰ ਕੌਰ, ਜਸਵਿੰਦਰ ਕੌਰ ਆਦਿ ਹਾਜ਼ਰ ਸਨ।

## ਬਲਵਿੰਦਰ ਸਿੰਘ ਦੀ ਹੌਲਦਾਰ ਵਜੋਂ ਤਰੱਕੀ

ਝਬਾਲ (ਹਰਜਿੰਦਰ ਸਿੰਘ ਸੋਨੀ)-ਬਲਵਿੰਦਰ ਸਿੰਘ ਹੈੱਡ ਕਾਂਸਟੇਬਲ ਪਿਛਲੇ ਲੰਮੇ ਸਮੇਂ ਤੋਂ ਪੁਲਸ ਕਮਿਸ਼ਨਰ ਅੰਮ੍ਰਿਤਸਰ ਦੀ ਸਕਿਉਰਟੀ ਵਜੋਂ ਤਾਇਨਾਤ ਆਪਣੀਆਂ ਸੇਵਾਵਾਂ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਅ ਰਹੇ ਹਨ।ਉਨ੍ਹਾਂ ਨੂੰ ਪੁਲਸ ਅਫਸਰਾਂ ਵੱਲੋਂ ਤਰੱਕੀ ਦੇ ਕੇ ਨਿਵਾਜਿਆ ਗਿਆ ਹੈ ਜਿਸ ਤਹਿਤ ਬਲਵਿੰਦਰ ਸਿੰਘ ਕਾਂਸਟੇਬਲ ਤੋਂ ਪਦਉਨਤ ਹੋ ਕੇ ਹੌਲਦਾਰ ਬਣੇ ਹਨ। ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਵੱਲੋਂ



ਜਿੱਥੇ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਉਥੇ ਹੀ ਉਨ੍ਹਾਂ ਬਲਵਿੰਦਰ ਸਿੰਘ ਦੇ ਮੋਢਿਆਂ ਉੱਪਰ ਹੌਲਦਾਰ ਦੀਆਂ ਫੀਤੀਆਂ ਲਗਾਈਆਂ।ਹੌਲਦਾਰ ਬਲਵਿੰਦਰ ਸਿੰਘ ਨੇ ਆਪਣੇ ਅਫਸਰਾਂ ਧੰਨਵਾਦ ਕੀਤਾ।ਉਨ੍ਹਾਂ ਆਪਣੀ ਡਿਊਟੀ ਅੱਗੇ ਤੋਂ ਹੋਰ ਵੀ ਇਮਾਨਦਾਰੀ, ਮਿਹਨਤ ਤੇ ਲਗਨ ਨਾਲ ਕਰਨ ਦਾ ਵਿਸ਼ਵਾਸ ਦਿਵਾਇਆ।

## ਸਾਢੇ ਅੱਠ ਲੱਖ ਦੀ ਠੱਗੀ ਮਾਰਨ ਵਾਲੇ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਭੈਣੀ ਮੀਆਂ ਖਾਂ ਪੁਲਸ ਨੂੰ ਦਿੱਤੀ ਸ਼ਿਕਾਇਤ 'ਤੇ ਇਨਕੁਆਰੀ ਉਪ ਕਪਤਾਨ ਪੁਲਸ ਦਿਹਾਤੀ ਗੁਰਦਾਸਪੁਰ ਨੇ ਜਾਂਚ ਪੜਤਾਲ ਦੌਰਾਨ ਪਾਇਆ ਕਿ ਮਨਜਿੰਦਰ ਸਿੰਘ ਪੁੱਤਰ ਰਣਬੀਰ ਸਿੰਘ ਵਾਸੀ ਹਮਜਾ ਥਾਣਾ ਦਸੂਹਾ ਜ਼ਿਲਾ ਹੁਸ਼ਿਆਰਪੁਰ, ਜਗਜੀਤ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਅਵੀਪੁਰ ਇਮਲੀਆ ਡਾਕ. ਕਾਲੀਨਗਰ ਜ਼ਿਲ੍ਹਾ ਭੀਲੀਪੀਤ ਉੱਤਰ ਪ੍ਰਦੇਸ਼ ਨੇ ਸੁਖਦੇਵ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਦਾਰਾਪੁਰ ਦੇ ਲੜਕੇ ਕਰਮਿੰਦਰ ਸਿੰਘ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 8 ਲੱਖ 50 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ।

ਪੁਲਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਅਲਟਰਾਸਾਊਂਡ ਸਕੈਨ ਸੈਂਟਰਾਂ ਨੂੰ ਰਿਕਾਰਡ ਪੂਰਾ ਰੱਖਣ ਦੀ ਹਦਾਇਤ

ਗੁਰਦਾਸਪੁਰ (ਜਨਕ ਮਹਾਜਨ)—ਸਿਵਲ ਸਰਜਨ ਗੁਰਦਾਸਪੁਰ ਡਾਕਟਰ ਪ੍ਰਭਜੋਤ ਕੌਰ ਕਲਸੀ ਜੀ ਦੀ ਅਗਵਾਈ ਹੇਠ ਜਿਲਾ ਸਲਾਹਕਾਰ ਕਮੇਟੀ ਪੀਐੱਨਡੀਟੀ ਦੀ ਮੀਟਿੰਗ ਦਫਤਰ ਸਿਵਲ ਸਰਜਨ ਗੁਰਦਾਸਪੁਰ ਵਿਖੇ ਹੋਈ। ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਡਾ. ਪ੍ਰਭਜੋਤ ਕੌਰ ਕਲਸੀ ਨੇ ਕਿਹਾ ਕਿ ਪੀਐੱਨਡੀਟੀ ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਸਮੂਹ ਅਲਟਰਾਸਾਊਂਡ



ਸਕੈਨ ਸੈਂਟਰਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਸਮੂਹ ਸੈਂਟਰ ਆਪਣਾ ਰਿਕਾਰਡ ਪੂਰਾ ਰੱਖਣ। ਗਰਭਵਤੀ ਮਾਵਾਂ ਦੇ ਸਕੈਨਿੰਗ ਦਾ ਪੂਰਾ ਰਿਕਾਰਡ ਰੱਖਿਆ ਜਾਵੇ। ਕੋਈ ਵੀ ਕੋਤਾਹੀ ਹੋਣ ਤੇ ਸਖਤ ਕਾਰਵਾਈ ਕੀਤੀ ਜਾਵੇਗੀ। ਸਮੂਹ ਅਲਟਰਾਸਾਊਂਡਡ ਸਕੈਨ ਸੈਂਟਰ ਸਰਕਾਰ ਵੱਲੋਂ ਤੈਅ ਨੀਤੀ ਅਨੁਸਾਰ ਮੁਫਤ ਸਕੈਨ ਕਰਨ ਜਿਸ ਦੀ ਬਣਦੀ ਅਦਾਇਗੀ ਵਿਭਾਗ ਕਰੇਗਾ।

ਜ਼ਿਲਾ ਪਰਿਵਾਰ ਭਲਾਈ ਅਫਸਰ ਡਾ. ਤੇਜਿੰਦਰ ਕੌਰ ਨੇ ਕਿਹਾ ਕਿ ਗਰਭਵਤੀ ਮਾਵਾਂ ਦੀ ਰਜਿਸਟ੍ਰੇਸ਼ਨ 100ਫੀਸਦੀ ਕੀਤੀ ਜਾਵੇ। ਮਰੀਜ਼ਾਂ ਦੀ ਸਹੂਲੀਅਤ ਨੂੰ ਤਰਜੀਹ ਦਿੱਤੀ ਜਾਵੇ। ਇਸ ਮੌਕੇ ਜ਼ਿਲਾ ਟੀਕਾਕਰਨ ਅਫਸਰ ਡਾ. ਮਮਤਾ, ਜ਼ਿਲਾ ਸਿਹਤ ਅਫਸਰ ਡਾ. ਅੰਕੁਰ, ਮੈਡੀਕਲ ਅਫਸਰ ਡਾ. ਸਮੀਤਾ, ਡਾ. ਪ੍ਰੇਰਣਾ ਮਹਾਜਨ, ਡਾ. ਪ੍ਰੇਮ ਜੋਤੀ, ਮਾਸ ਮੀਡੀਆ ਅਫਸਰ ਰੁਪਿੰਦਰਜੀਤ ਕੌਰ ਅਤੇ ਪਰਮਿੰਦਰ ਸਿੰਘ ਆਦਿ ਹਾਜ਼ਰ ਸਨ।

## ਗੁਰੂ ਨਾਨਕ ਪਬਲਿਕ ਸਕੂਲ ਵਡਾਲਾ ਜੌਹਲ ਵਿਖੇ ਨਵੀਂ ਬਿਲਡਿੰਗ ਦਾ ਕੰਮ ਸ਼ੁਰੂ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਹਲਕਾ ਜੰਡਿਆਲਾ ਗੁਰੂ ਦੇ ਅਧੀਨ ਪੈਂਦਾ ਪਿੰਡ ਵਡਾਲਾ ਜੌਹਲ ਵਿਖੇ ਗੁਰੂ ਨਾਨਕ ਪਬਲਿਕ ਸਕੂਲ ਪਿੰਡ ਵਡਾਲਾ ਜੌਹਲ ਵਿਖੇ ਐਮ ਡੀ ਪਰਮਜੀਤ ਕੌਰ ਨਿਜ਼ਰ ਅਤੇ ਡਾਕਟਰ ਰਣਜੀਤ ਸਿੰਘ ਨਿਜ਼ਰ ਦੀ ਅਗਵਾਈ ਹੇਠ ਸਕੂਲ ਦੀ ਨਵੀ ਉਸਾਰੀ ਸ਼ੁਰੂ ਕੀਤੀ ਅਤੇ ਸਭ ਤੋਂ ਪਹਿਲਾਂ ਗੁਰਦਵਾਰੇ ਦੇ ਗ੍ਰੰਥੀ ਬਾਬਾ ਭੁਪਿੰਦਰ ਸਿੰਘ, ਅਰਦਾਸ ਕੀਤੀ ਵਾਹਿਗੁਰੂ ਨੂੰ ਬੇਨਤੀ ਕੀਤੀ ਫਿਰ ਸਕੂਲ ਦੀ ਉਸਾਰੀ ਤੇ ਕੰਮ ਸ਼ੁਰੂ ਕੀਤਾ ਗਿਆ ਆਤੇ ਇਸ ਮੌਕੇ ਪ੍ਰਿੰਸੀਪਲ ਬਲਜੀਤ ਕੁਮਾਰ ਨੇ ਕਿਹਾ ਕਿ ਸਾਡੇ ਸਕੂਲ ਆਉਣ ਵਾਲੇ ਸਮੇ ਵਿੱਚ ਜਲਦੀ ਤੋਂ ਜਲਦੀ ਬੱਚਿਆਂ ਲਈ ਸਹੂਲਤਾਂ ਮਿਲਣ ਗਈ ਜਿਵੇਂ ਕਿ ਛੋਟੇ ਛੋਟੇ ਬੱਚਿਆਂ ਖੇਡਣ ਵਾਸਤੇ ਗਰਾਉਂਡ ਬਣਾਈ ਜਾਵੇਗੀ ਅਤੇ ਬੱਚਿਆਂ ਲਈ ਗਰਮੀ ਵਿੱਚ ਠੰਡਾ ਪਾਣੀ ਕੰਡੀ ਕੂਲਰ, ਲੱਗਿਆ ਜਾਵੇਗਾ ਤੇ ਸਕੂਲ ਦਾ ਸਟਾਫ ਵੱਖ ਵੱਖ ਵਿਭਾਗ ਲਈ ਬੱਚਿਆਂ ਨੂੰ ਪੜ੍ਹਾਉਣ ਲਈ ਵੱਧਿਆਂ ਸਟਾਫ ਲਾਇਆ ਜਾਵੇਗਾ ਅਤੇ ਦੂਰੋਂ-ਦੂਰੋਂ ਪਿੰਡਾਂ ਬੱਚਿਆਂ ਆਉਦਾ ਹੈ, ਉਨਾਂ ਬੱਸਾਂ ਹੋਰ ਵਹਕੀਲਾਂ ਦਾ ਖਾਸ ਪ੍ਰਬੰਧ ਕੀਤਾ ਜਾਣਗੇ ਅਤੇ ਹਰ ਇੱਕ ਸਹੂਲਤਾਂ ਮਿਲਣ ਗਈਆਂ ਅਤੇ ਇਸ ਮੌਕੇ ਪਿੰਡ ਵਡਾਲਾ ਜੌਹਲ ਦੇ ਮੈਂਬਰ ਸਵਿੰਦਰ ਸਿੰਘ ਸਿੰਦਾ ਸੇਠ ਨੇ ਕਿਹਾ ਕਿ ਸਾਨੂੰ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਾਡੇ ਪਿੰਡ ਵਡਾਲਾ ਜੌਹਲ ਵਿਖੇ, ਡਾਕਟਰ ਰਣਜੀਤ ਸਿੰਘ ਨਿੱਜਰ ਪਰਿਵਾਰ ਵੱਲੋਂ ਜੋ ਪ੍ਰਾਈਵੇਟ ਸਕੂਲ ਗੁਰੂ ਨਾਨਕ ਪਬਲਿਕ ਸਕੂਲ ਖੁੱਲ ਗਿਆ ਹੈ, ਕਾਫੀ ਬੱਚਿਆਂ ਸਹੂਲਤਾਂ ਮਿਲਣਗੀਆਂ। ਇਲਾਕੇ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚੇ ਇਸ ਸਕੂਲ ਵਿੱਚ ਦਾਖਲ ਕਰਵਾਉਣ। ਇਸ ਸਕੂਲ ਵਿੱਚ ਕਾਫੀ ਸਹੂਲਤਾਂ ਮਿਲਣਗੀਆਂ। ਇਸ ਮੌਕੇ ਦਲਬੀਰ ਕੌਰ ਨਿੱਜਰ, ਵਾਇਸ ਪ੍ਰਿੰਸੀਪਲ ਗੁਰਪ੍ਰੀਤ ਕੌਰ, ਸੁਮਨ ਨਿੱਜਰ, ਗੁਲਕਮਲ ਸਿੰਘ, ਵਿਰਸਾ ਸਿੰਘ ਜੌਹਲ, ਦੀਪ ਜੌਹਲ, ਮਲਕੀਤ ਸਿੰਘ, ਬਾਬਾ ਭੁਪਿੰਦਰ ਸਿੰਘ, ਰੋਬਨਪ੍ਰੀਤ ਕੌਰ, ਜਪਨੂਰ ਨਿੱਜਰ, ਮਨਮੀਤ ਨਿੱਜਰ, ਰਣਜੀਤ ਸਿੰਘ, ਰਾਣਾ ਖਲਹਿਰਾ ਅਤੇ ਮੱਸਾ ਸਿੰਘ ਆਦਿ ਹਾਜ਼ਰ ਸਨ!

## ਸੁਖਬੀਰ ਬਾਦਲ ਦੇ ਪ੍ਰਧਾਨ ਬਣਨ ਨਾਲ ਯੂਰਪੀਅਨ ਅਕਾਲੀ ਨੇਤਾਵਾਂ 'ਚ ਖੁਸ਼ੀ ਦੀ ਲਹਿਰ: ਭੱਟੀ ਫਰਾਂਸ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਗੀ ਅਕਾਲੀ ਆਗੂਆਂ ਅਤੇ ਵਿਰੋਧੀ ਪਾਰਟੀਆਂ ਦੇ ਭੰਡੀ ਪ੍ਰਚਾਰ ਦੇ ਬਾਵਜੂਦ ਵੀ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਅਤੇ ਸਪੋਰਟਰਾਂ ਦੇ ਸਲਾਹ ਮਸ਼ਵਰੇ ਨਾਲ ਅਕਾਲੀ ਦਲ ਦੇ ਡੈਲੀਗੇਟਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਮੁੜ ਦੁਬਾਰਾ ਪ੍ਰਧਾਨ ਨਾਮਜਦ ਕਰਕੇ ਸ਼ਲਾਘਾਯੋਗ ਫ਼ੈਸਲਾ



ਕੀਤਾ ਹੈ। ਇਸ ਫੈਸਲੇ ਦੀ ਸ਼੍ਰੋਮਣੀ ਅਕਾਲੀ ਦਲ ਯੂਰਪ ਦੇ ਮੁਖੀ ਇਕਬਾਲ ਸਿੰਘ ਭੱਟੀ, ਇਟਲੀ ਯੂਨਿਟ ਦੇ ਪ੍ਰਧਾਨ ਜਗਵੰਤ ਸਿੰਘ ਲਹਿਰਾ, ਨਾਰਵੇ ਯੂਨਿਟ ਦੇ ਪ੍ਰਧਾਨ ਮਸਤਾਨ ਸਿੰਘ ਨੌਰਾ, ਸਪੇਨ ਯੂਨਿਟ ਦੇ ਪ੍ਰਧਾਨ ਲਾਭ ਸਿੰਘ ਭੰਗੂ, ਇਟਲੀ ਯੂਨਿਟ ਦੇ ਸਕੱਤਰ ਜਨਰਲ ਲਖਵਿੰਦਰ ਸਿੰਘ ਡੋਗਰਾਂਵਾਲ, ਸੀਨੀਅਰ ਮੀਤ ਪ੍ਰਧਾਨ ਜਥੇਦਾਰ ਗੁਰਚਰਨ ਸਿੰਘ ਭੁੰਗਰਨੀ, ਜਨਰਲ ਸਕੱਤਰ ਜਗਜੀਤ ਸਿੰਘ ਫ਼ਤਿਹਗੜ੍ਹ, ਜਨਰਲ ਸਕੱਤਰ ਹਰਦੀਪ ਸਿੰਘ ਬੋਦਲ, ਯੂਥ ਵਿੰਗ ਦੇ ਮੁਖੀ ਜਸਪ੍ਰੀਤ ਸਿੰਘ ਅਟਵਾਲ, ਫਰਾਂਸ ਤੋਂ ਸੈਕਟਰੀ ਸੁਰਜੀਤ ਸਿੰਘ ਮਾਣਾ, ਸੁਖਜਿੰਦਰ ਸਿੰਘ ਕਾਲੜੂ, ਇਟਲੀ ਯੂਨਿਟ ਦੇ ਸੀਨੀਅਰ ਮੈਂਬਰ ਮਾਸ਼ਟਰ ਅਵਤਾਰ ਸਿੰਘ ਆਦਿ ਨੇ ਭਰਪੂਰ ਸ਼ਲਾਘਾ ਕੀਤੀ ਹੈ। ਸ਼੍ਰੋਮਣੀ ਅਕਾਲੀ ਦਲ ਯੂਰਪੀਅਨ ਨੇਤਾਵਾਂ ਦਾ ਸਾਂਝਾ ਪ੍ਰੈੱਸ ਬਿਆਨ ਪਾਰਟੀ ਦੇ ਯੂਰਪ ਮੁਖੀ ਇਕਬਾਲ ਸਿੰਘ ਭੱਟੀ ਦੁਆਰਾ ਜਾਰੀ ਕੀਤਾ ਗਿਆ। ਯੂਰਪੀਅਨ ਨੇਤਾਵਾਂ ਨੇ ਕਿਹਾ ਕਿ ਗਹੁ ਨਾਲ ਦੇਖਿਆ ਜਾਵੇ ਤਾਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਸਿਆਸਤ ਪੱਖੋਂ ਸੁਖਬੀਰ ਸਿੰਘ ਬਾਦਲ ਦੇ ਬਰਾਬਰ ਦਾ ਕੋਈ ਨੇਤਾ ਨਜ਼ਰ ਨਹੀਂ ਆਉਂਦਾ। ਇਸ ਪਾਰਟੀ ਦੇ ਡੈਲੀਗੇਟਾਂ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਮੁੜ ਪ੍ਰਧਾਨ ਨਾਮਜ਼ਦ ਕਰਕੇ ਅਕਾਲੀ ਦਲ ਦੀ ਮਜ਼ਬੂਤੀ ਹਿੱਤ ਫੈਸਲਾ ਲੈਣ ਨਾਲ ਹੁਣ ਸ਼੍ਰੋਮਣੀ ਅਕਾਲੀ ਦਾ ਦਿਨੋਂ ਦਿਨ ਵਧੇਗਾ।

# ਆਰ ਐੱਮ ਪੀ ਆਈ ਨੇ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ

### * ਲੋਕਾਂ ਨੂੰ ਸਰਕਾਰਾਂ ਦੀਆਂ ਤਾਨਾਸ਼ਾਹੀ ਰੁਚੀਆਂ ਦੇ ਖਿਲਾਫ ਜਥੇਬੰਦ ਹੋਣ ਦਾ ਦਿੱਤਾ ਸੱਦਾ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਮਹਾਨ ਦਾਰਸ਼ਨਿਕ ਡਾ. ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਨ ਆਰਐੱਮਪੀਆਈ ਵੱਲੋਂ ਸਾਥੀ ਫੌਜਾ ਸਿੰਘ ਭੁੱਲਰ ਹਾਲ ਵਿਖੇ ਵਿਸ਼ੇਸ਼ ਮਹਿਮਾਨ ਉਘੇ ਆਰਥਿਕ ਮਾਹਰ ਰਾਜਬਲਬੀਰ ਸਿੰਘ, ਜਗਤਾਰ ਸਿੰਘ ਕਰਮਪੁਰਾ ਅਤੇ ਬਾਬਾ ਅਰਜੁਨ ਸਿੰਘ ਦੀ ਅਗਵਾਈ ਹੇਠ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਜ਼ਿਲ੍ਹੇ ਭਰ ਦੀਆਂ ਕਿਸਾਨ, ਮਜ਼ਦੂਰ, ਨੌਜਵਾਨ ਅਤੇ ਔਰਤ ਅਤੇ ਮੁਲਾਜ਼ਮ ਜਥੇਬੰਦੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ।ਇਸ ਸਮਾਗਮ ਵਿੱਚ ਬੋਲਦਿਆਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਪ੍ਰਧਾਨ ਸਾਥੀ ਸਤਿਨਾਮ ਸਿੰਘ ਅਜਨਾਲਾ ਨੇ ਡਾਕਟਰ ਅੰਬੇਦਕਰ ਦੇ ਸੰਘਰਸ਼ਮਈ ਜੀਵਨ ਤੇ ਚਾਨਣਾ ਪਾਉਂਦਿਆਂ ਉਨਾਂ ਵਲੋਂ ਭਾਰਤ ਦੇ ਗਰੀਬ ਲੋਕਾਂ ਲਈ ਵੋਟ ਦਾ ਅਧਿਕਾਰ, ਔਰਤਾਂ ਲਈ ਸਮਾਨਤਾ ਦਾ ਅਧਿਕਾਰ, ਘੱਟ ਗਿਣਤੀਆਂ ਦੀ ਸੁਰੱਖਿਆ, ਭਾਰਤੀ ਸਮਾਜ ਵਿੱਚ ਬਰਾਬਰਤਾ ਲਿਆਉਣ, ਬੋਲਣ ਦੀ ਆਜ਼ਾਦੀ ਦਿਵਾਉਣ ਜਿਹੇ ਅਹਿਮ ਕੰਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੀ ਭਾਰਤੀ ਸਮਾਜ ਨੂੰ ਵਡਮੁੱਲੀ ਦੇਣ ਦੀ ਚਰਚਾ ਕੀਤੀ।ਮੌਜੂਦਾ ਮੋਦੀ ਸਰਕਾਰ ਵੱਲੋਂ ਕਾਰਪੋਰੇਟਾਂ ਦੀ ਸੇਵਾ ਹਿੱਤ ਅਤੇ ਆਮ ਲੋਕਾਂ ਦੀ ਬੇਹਤਰੀ ਲਈ ਬਣਾਏ ਕਾਨੂੰਨਾਂ ਨੂੰ ਮਨਮਰਜ਼ੀ ਨਾਲ ਤੋੜਨ ਦੀ ਨਿਖੇਧੀ ਕਰਦਿਆਂ ਸਾਥੀ ਅਜਨਾਲਾ ਨੇ ਸਮੂਹ ਦੇਸ਼ ਭਗਤ, ਕਿਸਾਨਾਂ, ਮਜ਼ਦੂਰਾਂ ਅਤੇ ਸਮਾਜ ਦੇ ਹਰ ਵਰਗ



ਦੇ ਲੋਕਾਂ ਨੂੰ ਇਨ੍ਹਾਂ ਤਾਨਾਸ਼ਾਹੀ ਰੁਚੀਆਂ ਦੇ ਖਿਲਾਫ ਜਥੇਬੰਦ ਹੋਣ ਦਾ ਸੱਦਾ ਦਿੱਤਾ।ਵਿਸ਼ੇਸ਼ ਮਹਿਮਾਨ ਉੱਘੇ ਆਰਥਿਕ ਮਾਹਰ ਰਾਜਬਲਬੀਰ ਨੇ ਡਾਕਟਰ ਅੰਬੇਡਕਰ ਵਲੋਂ ਗਰੀਬ ਲੋਕਾਂ ਨੂੰ ਪੜ੍ਹੋ, ਜੁੜੋ ਅਤੇ ਸੰਘਰਸ਼ ਕਰੋ ਦੇ ਦਿੱਤੇ ਉਪਦੇਸ਼ ਰੂਪੀ ਪ੍ਰਵਚਨ ਦੀ ਵਿਆਖਿਆ ਕਰਦਿਆਂ ਦੱਸਿਆ ਕਿ ਅੱਜ ਦੱਬੇ ਕੁੱਚਲੇ ਅਤੇ ਖਾਸ ਤੌਰ ਤੇ ਹਾਸ਼ੀਏ ਤੇ ਧੱਕੇ ਲੋਕਾਂ ਨੂੰ ਡਾ. ਅੰਬੇਡਕਰ ਦੀਆਂ ਸਿੱਖਿਆਵਾਂ ਤੇ ਚੱਲ ਕੇ ਹੀ ਉਨ੍ਹਾਂ ਵੱਲੋਂ ਮਿਲੇ ਅਧਿਕਾਰਾਂ ਅਤੇ ਹੱਕਾਂ ਦੀ ਰਾਖੀ ਕੀਤੀ ਜਾ ਸਕਦੀ ਹੈ।ਉਨ੍ਹਾਂ ਵਲੋਂ ਬਣਾਏ ਭਾਰਤੀ ਸੰਵਿਧਾਨ ਨੂੰ ਫਾਸ਼ੀਵਾਦੀ ਤਾਕਤਾਂ ਆਪਣੇ ਢੰਗ ਨਾਲ ਬਦਲ ਕੇ ਗਰੀਬ ਅਤੇ ਪੱਛੜੇ ਵਰਗਾਂ ਨੂੰ ਮਿਲੇ ਅਧਿਕਾਰਾਂ ਨੂੰ ਖੋਹ ਲੈਣਾ ਚਾਹੁੰਦੀਆਂ ਹਨ ਅਤੇ ਭਾਰਤੀ ਸਮਾਜ ਨੂੰ ਮੁੜ ਮੱਧ ਯੁੱਗ ਵੱਲ ਲੈ ਜਾਣਾ ਚਾਹੁੰਦੀਆਂ ਹਨ ਜਿਸਨੂੰ ਰੋਕਣਾ ਸਮੇਂ ਦੀ ਮੁੱਖ ਲੋੜ।ਸਾਥੀ ਰਤਨ ਸਿੰਘ ਰੰਧਾਵਾ ਨੇ ਡਾਕਟਰ ਅੰਬੇਡਕਰ ਜੀ ਦੇ ਵਿਚਾਰਾਂ ਦੀ ਮੌਜੂਦਾ ਸਮੇਂ ਵਿੱਚ ਪ੍ਰਸੰਗਿਕਤਾ ਦੀ ਗੱਲ ਕਰਦਿਆਂ ਭਾਰਤੀ ਲੋਕਤੰਤਰ ਨੂੰ ਬਚਾਉਣ ਅਤੇ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਹੋਰ ਵੀ ਵਿਸ਼ਾਲ ਅਤੇ ਤਿੱਖੇ ਕਰਨ ਦਾ ਸੱਦਾ ਦਿੱਤਾ।ਸੀ. ਟੀ. ਯੂ. ਦੇ ਆਗੂ ਸਾਥੀ ਜਗਤਾਰ ਸਿੰਘ ਕਰਮਪੁਰਾ ਨੇ ਡਾਕਟਰ ਅੰਬੇਡਕਰ ਵੱਲੋਂ ਮਜ਼ਦੂਰ ਜਮਾਤ ਨੂੰ ਭਾਰਤੀ ਸੰਵਿਧਾਨ ਦੁਆਰਾ ਲੈ ਕੇ ਦਿੱਤੇ ਟਰੇਡ ਯੂਨੀਅਨ ਅਧਿਕਾਰਾਂ ਨੂੰ ਖਤਮ ਕਰਨ ਲਈ ਮੌਜੂਦਾ ਸਰਕਾਰ ਦੀ ਨਿਖੇਧੀ ਕਰਦਿਆਂ ਮਜ਼ਦੂਰ ਜਮਾਤ ਨੂੰ ਜਥੇਬੰਦ ਹੋਣ ਦਾ ਸੱਦਾ ਦਿੱਤਾ।ਸਮਾਗਮ ਵਿੱਚ ਸਾਥੀ ਕੁਲਵੰਤ ਸਿੰਘ ਮੱਲੂਨੰਗਲ, ਰਕੇਸ਼ ਯੂਪੀ, ਮੰਗਲ ਸਿੰਘ ਟਾਂਡਾ, ਲੱਖਾ ਸਿੰਘ, ਸੁੱਚਾ ਸਿੰਘ ਟਰਪਈ, ਸੁਖਰਾਜ ਸਿੰਘ ਮਾਹਲ, ਕਰਮਜੀਤ ਸਿੰਘ ਕੇਪੀ ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਰੱਖੇ। ਅਖੀਰ ਵਿੱਚ ਸਾਥੀ ਹੀਰਾ ਸਿੰਘ ਭੱਟੀ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ।

## ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਦੇ ਮਿਥੇ ਟੀਚੇ ਸਿੱਖਿਆ ਦੇ ਖੇਤਰ ਲਈ ਵਰਦਾਨ ਸਾਬਿਤ ਹੋ ਰਹੇ : ਸ਼ੈਰੀ ਕਲਸੀ

ਬਟਾਲਾ (ਡਾ. ਮਲਵਿੰਦਰ ਸਿੰਘ)-ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੀ ਸੁਚੱਜੀ ਅਗਵਾਈ ਵਿੱਚ 'ਪੰਜਾਬ ਸਿੱਖਿਆ ਕ੍ਰਾਂਤੀ' ਨਾਲ ਬਦਲਦਾ ਪੰਜਾਬ ਮੁਹਿੰਮ ਤਹਿਤ ਰਾਜ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਦੇ ਮਿਥੇ ਟੀਚੇ ਨਾਲ ਜਿੱਥੇ ਸਿੱਖਿਆ ਦੇ ਖੇਤਰ ਨੂੰ ਨਵੀਂ ਦਿਸ਼ਾ ਪ੍ਰਦਾਨ ਹੋਵੇਗੀ, ਉਥੇ ਸਮੂਹ ਸਰਕਾਰੀ ਸਕੂਲਾਂ ਨੂੰ ਸਿੱਖਿਆ



ਦੇ ਮਿਆਰਾਂ ਦੇ ਅਨੁਕੂਲ ਅਪਗ੍ਰੇਡ ਕੀਤਾ ਜਾ ਰਿਹਾ ਹੈ।ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਬਟਾਲਾ ਦੇ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਪੰਜਾਬ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸਰਕਾਰੀ ਪ੍ਰਾਇਮਰੀ ਸਕੂਲ ਸ਼ੇਰਪੁਰ ਵਿਖੇ 67 ਹਜ਼ਾਰ ਰੁਪਏ ਅਤੇ ਤਲਵੰਡੀ ਝੁੰਗਲਾਂ ਵਿਖੇ 1 ਲੱਖ 70 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਸਰਕਾਰੀ ਮਿਡਲ ਸਕੂਲ ਤਲਵੰਡੀ ਝੁੰਗਲਾਂ ਵਿਖੇ ਵੀ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਜੱਥੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚੋਂ ਟਰੇਨਿੰਗ ਕਰਵਾਈ ਗਈ ਹੈ, ਉਥੇ ਸਕੂਲੀ ਵਿਦਿਆਰਥੀਆਂ ਨੂੰ ਆਈਏਐੱਸ/ਆਈਪੀਐੱਸ ਅਫਸਰ ਆ ਕੇ ਪੜ੍ਹਾਉਣਗੇ ਅਤੇ ਟਰੇਨਿੰਗ ਦੇ ਕੇ ਚੰਗੇ ਭਵਿੱਖ ਲਈ ਰਾਹ ਦਸੇਰਾ ਬਣਨਗੇ ਜਿਸ ਨਾਲ ਬੱਚਿਆਂ ਦੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

ਇਸ ਮੌਕੇ ਪਰਮਜੀਤ ਕੌਰ, ਜ਼ਿਲ੍ਹਾ ਸਿੱਖਿਆ ਅਫਸਰ (ਐ), ਅਨਿਲ ਸ਼ਰਮਾ ਡਿਪਟੀ ਡੀਈਓ (ਐ), ਸੀਨੀਅਰ ਆਗੂ ਮੈਨੇਜਰ ਅਤਰ ਸਿੰਘ, ਮਨਦੀਪ ਸਿੰਘ ਗਿੱਲ, ਵਿੱਕੀ ਚੌਹਾਨ, ਨਵਦੀਪ ਸਿੰਘ ਪਨੇਸਰ, ਮਲਕੀਤ ਸਿੰਘ, ਗਗਨਦੀਪ ਸਿੰਘ, ਮਨਦੀਪ ਸਿੰਘ, ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਸਮੇਤ ਪਿੰਡ ਵਾਸੀ ਅਤੇ ਪਾਰਟੀ ਦੇ ਅਹੁਦੇਦਾਰ ਮੌਜੂਦ ਸਨ।

## ਸ਼ਹੀਦੀ ਦਿਹਾੜੇ 'ਤੇ ਪਾਕਿ ਜਾਣ ਵਾਲੇ ਸ਼ਰਧਾਲੂ ਆਪਣੇ ਪਾਸਪੋਰਟ 10 ਮਈ ਤੱਕ ਜਮ੍ਹਾ ਕਰਵਾਉਣ

**ਸਰਾਏ ਅਮਾਨਤ ਖਾਂ (ਮੱਖਣ ਮਨੋਜ )**-ਖਾਲੜਾ ਮਿਸ਼ਨ ਕਮੇਟੀ ਦੇ ਚੇਅਰਮੈਨ ਜਥੇਦਾਰ ਬਲਵਿੰਦਰ ਸਿੰਘ ਝਬਾਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਲਾਹੌਰ ਵਿਖੇ ਗੁਰਦੁਆਰਾ ਡੇਹਰਾ ਸਾਹਿਬ ਵਿਖੇ ਮਨਾਇਆ ਜਾ ਰਿਹਾ ਹੈ।ਜਿਹੜੇ ਸ਼ਰਧਾਵਾਨ ਪਾਕਿਸਤਾਨ ਵਿਖੇ ਜਾਣਾ ਚਾਹੁੰਦੇ ਹਨ ਉਹ ਆਪਣੇ ਪਾਸਪੋਰਟ ਖਾਲੜਾ ਮਿਸ਼ਨ ਕਮੇਟੀ ਦੇ ਦਫਤਰ ਝਬਾਲ ਵਿਖੇ 10 ਮਈ 2025 ਤੱਕ ਜਮ੍ਹਾ ਕਰਾਉਣ।

ਚੇਅਰਮੈਨ ਬਲਵਿੰਦਰ ਸਿੰਘ ਝਬਾਲ ਨੇ ਕਿਹਾ ਕੀ ਜਥਾ 8 ਜੂਨ 2025 ਨੂੰ ਪਾਕਿਸਤਾਨ ਜਾਵੇਗਾ ਜੋ ਵੱਖ-ਵੱਖ ਧਾਰਮਿਕ ਸਥਾਨਾਂ ਨਨਕਾਣਾ ਸਾਹਿਬ, ਗੁਰਦੁਆਰਾ ਪੰਜਾ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ, ਗੁਰਦੁਆਰਾ ਸੱਚਾ ਸੌਦਾ ਸਾਹਿਬ ਵਿਖੇ ਦਰਸ਼ਨ ਦੀਦਾਰੇ ਕਰਨ ਉਪਰੰਤ 16 ਜੂਨ ਨੂੰ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿਖੇ ਸ਼ਹੀਦੀ ਸਮਾਗਮ ਵਿੱਚ ਸ਼ਾਮਿਲ ਹੋਵੇਗਾ।ਉਪਰੰਤ 17 ਜੂਨ ਨੂੰ ਸੜਕ ਰਸਤੇ ਵਾਪਸ ਭਾਰਤ ਪਰਤੇਗਾ।

# ਛੱਪੜਾਂ ਦੀ ਸਫਾਈ ਦੇ ਪਾਇਲਟ ਪ੍ਰੋਜੈਕਟ ਨੂੰ ਧਾਲੀਵਾਲ ਵੱਲੋਂ ਹਰੀ ਝੰਡੀ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਆਪਣੇ ਹਲਕੇ ਵਿੱਚ ਪਿੰਡਾਂ ਦੇ ਛੱਪੜਾਂ ਦੀ ਸਫਾਈ ਲਈ ਜਿਲਾ ਪ੍ਰਸ਼ਾਸਨ ਵੱਲੋਂ ਮੁਹੱਈਆ ਕਰਵਾਇਆ ਗਿਆ ਵਿਸ਼ੇਸ਼ ਟੈਂਕਰ ਤੋਰਦੇ ਹੋਏ ਕਿਹਾ ਕਿ ਇਸ ਵਰ੍ਹੇ ਪਿੰਡਾਂ ਦੀ ਸਾਫ ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਹੈ ਕਿ ਸਾਡਾ ਦੇਸ਼ ਪਿੰਡਾਂ ਦਾ ਦੇਸ਼ ਹੈ ਅਤੇ ਪਿੰਡਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਹਰ ਤਰ੍ਹਾਂ ਦੀ ਸਹੂਲਤ



ਦਿੱਤੀ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਇਸੇ ਉਪਰਾਲੇ ਸਦਕਾ ਇਸ ਵਾਰ ਦੇ ਬਜਟ ਵਿੱਚ ਪਿੰਡਾਂ ਲਈ ਵਿਸ਼ੇਸ਼ ਫੰਡ ਰੱਖੇ ਗਏ ਹਨ ਤਾਂ ਜੋ ਪਿੰਡਾਂ ਦੇ ਛੱਪੜਾਂ ਦੀ ਸਫਾਈ ਕਰਵਾ ਕੇ ਉਨ੍ਹਾਂ ਨੂੰ ਥਾਪਰ ਮਾਡਲ ਵਜੋਂ ਵਿਕਸਿਤ ਕੀਤਾ ਜਾ ਸਕੇ ਅਤੇ ਛੱਪੜਾਂ ਦਾ ਪਾਣੀ ਅੱਗੇ ਖੇਤੀ ਲਈ ਵਰਤਿਆ ਜਾਵੇ। ਉਨ੍ਹਾਂ ਕਿਹਾ ਕਿ ਇਹ ਕੰਮ ਇਸ ਵਾਢੀ ਦੇ ਸੀਜ਼ਨ ਤੋਂ ਤੁਰੰਤ ਬਾਅਦ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦੌਰਾਨ ਅਜਿਹੇ ਪਿੰਡ ਜਿਨ੍ਹਾਂ ਦੇ ਛੱਪੜਾਂ ਵਿੱਚੋਂ ਪਾਣੀ ਕੱਢਣ ਦਾ ਸਿੱਧਾ ਕੋਈ ਪ੍ਰਬੰਧ ਨਹੀਂ ਹੈ ਵਿਖੇ ਅਜਿਹੇ ਟੈਂਕਰ ਵਰਤੇ ਜਾਣਗੇ, ਜਿੱਥੋਂ ਪਾਣੀ ਚੁੱਕ ਕੇ ਅੱਗੇ ਖੇਤਾਂ ਜਾਂ ਦਰਖਤਾਂ ਨੂੰ ਲਗਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਟੈਂਕਰ ਦੇ ਨਾਲ ਸਾਡੇ ਛੋਟੇ ਪਿੰਡਾਂ ਦੇ ਵਿੱਚ ਸਫਾਈ ਆਸਾਨੀ ਨਾਲ ਹੋਵੇਗੀ।ਉਨ੍ਹਾਂ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਵੱਲੋਂ ਇਹ ਦੋ ਟੈਂਕਰ ਅਜਨਾਲਾ ਅਤੇ ਜੰਡਿਆਲਾ ਬਲਾਕ ਵਿੱਚ ਮੁਹਈਆ ਕਰਵਾਏ ਗਏ ਹਨ ਅਤੇ ਜੇਕਰ ਇਹ ਪਾਇਲਟ ਪ੍ਰੋਜੈਕਟ ਤਸੱਲੀ ਬਖਸ਼ ਰਹਿੰਦਾ ਹੈ ਤਾਂ ਇਨ੍ਹਾਂ ਨੂੰ ਹੋਰ ਵਧਾ ਕੇ ਸਾਰੇ ਪੰਜਾਬ ਦੇ ਵਿੱਚ ਲਾਗੂ ਕੀਤਾ ਜਾਵੇਗਾ।ਇਸ ਮੌਕੇ ਬੀਡੀਪੀਓ ਸਿਤਾਰਾ ਸਿੰਘ ਵਿਰਕ, ਐੱਸਡੀਓ ਪਰਮਜੀਤ ਸਿੰਘ ਗਰੇਵਾਲ, ਜੇਈ ਨਵਮੀਤ ਸਿੰਘ, ਬਲਵਿੰਦਰ ਸਿੰਘ ਪਟਵਾਰੀ, ਅਮੋਲਕ ਸਿੰਘ, ਭਗਵੰਤ ਸਿੰਘ, ਅਮਰਬੀਰ ਸਿੰਘ, ਹਰਮਨ ਪ੍ਰੀਤ ਸਿੰਘ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

## 35 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ

ਗੁਰਦਾਸਪੁਰ (ਜਨਕ ਮਹਾਜਨ)-ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਵਿੱਚ ਗੁਰਦੁਆਰਾ ਸੰਤ ਬਾਬਾ ਟਹਿਲ ਸਿੰਘ ਵਿਖੇ ਕਥਾ ਰਾਹੀਂ ਪ੍ਰੇਰਨਾ ਕਰਨ 'ਤੇ 35 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਗੁਰਨਾਮ ਸਿੰਘ ਪ੍ਰਚਾਰਕ ਕੰਮ ਨਿਗਰਾਨ ਜ਼ਿਲ੍ਹਾ ਗੁਰਦਾਸਪੁਰ ਨੇ ਦਸਿਆ ਕਿ ਖਾਲਸਾ ਪੰਥ ਦੇ ਸਾਜਨਾ ਦਿਵਸ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਸੀ, ਇਸ ਅੰਮ੍ਰਿਤ ਸੰਚਾਰ ਵਿਚ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤ ਅਭਿਲਾਖੀਆ ਨੂੰ ਕਕਾਰ ਭੇਟਾ ਰਹਿਤ ਦਿੱਤੇ ਗਏ।

ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਸਬੀਰ ਸਿੰਘ ਨੇ ਕਿਹਾ ਕਿ ਧਰਮ ਦੇ ਪ੍ਰਚਾਰ ਪਸਾਰ ਲਈ ਜਿੱਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਡਾ ਯੋਗਦਾਨ ਪਾ ਰਹੀਂ ਹੈ ਉਥੇ ਲੋਕਲ ਪ੍ਰਬੰਧਕ ਕਮੇਟੀਆਂ ਨੂੰ ਵੀ ਧਰਮ ਦੇ ਪ੍ਰਸਾਰ ਲਈ ਯਤਨਸ਼ੀਲ ਹੋਣ।

## ਵਰਜਿੰਦਰ ਸਿੰਘ ਭੁੱਲਰ ਦਾ ਗੀਤ 'ਬਾਬਾ ਤੇਰਾ ਹੁਕਮ' ਲੋਕ ਅਰਪਿਤ



ਬਟਾਲਾ (ਤਰਲੋਕ ਬੱਗਾ)-ਮਾਂ ਬੋਲੀ ਪੰਜਾਬੀ ਵਿਕਾਸ ਮੰਚ ਬਟਾਲਾ ਵੱਲੋਂ ਪ੍ਰਧਾਨ ਕੁਲਦੀਪ ਸਿੰਘ ਹੰਸਪਾਲ, ਜਨਰਲ ਸਕੱਤਰ ਨਿਸ਼ਾਨ ਸਿੰਘ ਜੋੜਾਸੰਘਾ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਕਾਜਕਰਨੀ ਮੈਂਬਰ ਗੁਰਪ੍ਰੀਤ ਸਿੰਘ ਰੰਗੀਲਪੁਰ ਦੀ ਅਗਵਾਈ ਵਿੱਚ ਨੌਜਵਾਨ ਲੇਖਕ ਅਤੇ ਗਾਇਕ ਵਰਜਿੰਦਰ ਸਿੰਘ ਭੁੱਲਰ ਦਾ ਗੀਤ 'ਬਾਬਾ ਤੇਰਾ ਹੁਕਮ' ਲੋਕ ਅਰਪਿਤ ਕੀਤਾ ਗਿਆ ।ਇਸ ਗੀਤ ਨੂੰ 'ਬੀਟ ਵੇਵਸ' ਕੰਪਨੀ ਨੇ ਸੰਗੀਤ ਦਿੱਤਾ ਹੈ ।

ਇਸ ਮੌਕੇ ਆਗੂਆਂ ਸਮੇਤ ਸ਼ਾਇਰ ਰਵੀ ਸਨਮ, ਗੁਰਵਿੰਦਰ ਸਿੰਘ, ਸੁਖਵਿੰਦਰ ਸਿੰਘ, ਈਸ਼ਾਨ ਅਤੇ ਰਮੇਸ਼ ਤਾਲੋਤਰਾ ਆਦਿ ਸਭ ਨੇ ਵਰਜਿੰਦਰ ਸਿੰਘ ਭੁੱਲਰ ਦੇ ਗੀਤ ਦੀ ਉਨ੍ਹਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜੋਕੇ ਸਮੇਂ ਵਿੱਚ ਚੰਗੇ ਗੀਤਾਂ ਦੀ ਬੜੀ ਜ਼ਿਆਦਾ ਲੋੜ ਹੈ ।

ਇਹ ਗੀਤ ਚੰਗਾ ਲਿਖਣ ਅਤੇ ਚੰਗਾ ਗਾਉਣ ਵਾਲਿਆਂ ਨੂੰ ਉਤਸ਼ਾਹਿਤ ਕਰਦਾ ਹੈ ।ਅੰਤ ਵਿੱਚ ਮੰਚ ਪ੍ਰਧਾਨ, ਸਕੱਤਰ ਅਤੇ ਮੰਚ ਦੀ ਕੋਰ ਕਮੇਟੀ ਦੀ ਸਹਿਮਤੀ ਨਾਲ ਵਰਜਿੰਦਰ ਸਿੰਘ ਭੁੱਲਰ ਅਤੇ ਸ਼ਾਇਰ ਗੁਰਵਿੰਦਰ ਸਿੰਘ ਨੂੰ ਮਾਂ ਬੋਲੀ ਪੰਜਾਬੀ ਵਿਕਾਸ ਮੰਚ ਬਟਾਲਾ ਦੇ ਕ੍ਰਮਵਾਰ ਸਹਾਇਕ ਵਿੱਤ ਸਕੱਤਰ ਅਤੇ ਸਹਾਇਕ ਪ੍ਰੈੱਸ ਸਕੱਤਰ ਨਿਯੁਕਤ ਕੀਤਾ ਗਿਆ ।

## ਐੱਚ ਡੀ ਐੱਫ ਸੀ ਬੈਂਕ ਨੇ 298 ਸਰਹੱਦੀ ਪਿੰਡਾਂ ਨੂੰ ਕਵਰ ਕੀਤਾ

ਜਲੰਧਰ : ਭਾਰਤ ਦੇ ਸਭ ਤੋਂ ਵੱਡੇ ਨਿੱਜੀ ਖੇਤਰ ਦੇ ਬੈਂਕ ਐੱਚਡੀਐੱਫਸੀ ਬੈਂਕ ਨੇ ਆਪਣੀ ਸੀਐੱਸਆਰ ਸ਼ਾਖਾ ਪਰਿਵਰਤਨ ਦੇ ਤਹਿਤ ਆਪਣੀ ਪੇਂਡੂ ਵਿਕਾਸ ਪਹਿਲਕਦਮੀ ਦੇ ਹਿੱਸੇ ਵਜੋਂ ਦੇਸ਼ ਭਰ ਦੇ 298 ਸਰਹੱਦੀ ਪਿੰਡਾਂ ਨੂੰ ਕਵਰ ਕੀਤਾ ਹੈ।ਪਿੰਡਾਂ ਦੇ ਇਹ ਸਮੂਹ ਅਸਾਮ, ਅਰੁਣਾਚਲ ਪ੍ਰਦੇਸ਼, ਬਿਹਾਰ, ਗੁਜਰਾਤ, ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ, ਲੱਦਾਖ, ਰਾਜਸਥਾਨ, ਸਿੱਕਮ, ਉਤਰ ਪ੍ਰਦੇਸ਼ ਅਤੇ ਉੱਤਰਾਖੰਡ ਦੇ ਸਰਹੱਦੀ ਖੇਤਰਾਂ ਵਿੱਚ ਸਥਿਤ ਹਨ।ਨੁਸਰਤ ਪਠਾਨ ਮੁਖੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ, ਐੱਚਡੀਐੱਫਸੀ ਬੈਂਕ ਨੇ ਕਿਹਾ ਕਿ ਪੇਂਡੂ ਵਿਕਾਸ ਲਈ ਇੱਕ ਸੰਪੂਰਨ ਪਹੁੰਚ ਨਾ ਸਿਰਫ਼ ਫਾਇਦੇਮੰਦ ਹੈ, ਸਗੋਂ ਜ਼ਰੂਰੀ ਵੀ ਹੈ, ਖਾਸ ਕਰਕੇ ਸਰਹੱਦੀ ਖੇਤਰਾਂ ਵਿੱਚ। ਇਸ ਪਹਿਲਕਦਮੀ ਬਾਰੇ ਬੋਲਦਿਆਂ ਐੱਚਡੀਐੱਫਸੀ ਬੈਂਕ ਦੇ ਡੀਐੱਮਡੀ ਕੈਜ਼ਾਦ ਭਰੂਚਾ ਨੇ ਕਿਹਾ ਕਿ ਅਸੀਂ ਭਾਰਤ ਦੇ ਸਰਹੱਦੀ ਪਿੰਡਾਂ ਵਿੱਚ ਤਕਨਾਲੋਜੀ-ਯੋਗ ਸਿੱਖਿਆ, ਬਿਹਤਰ ਖੇਤੀਬਾੜੀ ਉਤਪਾਦਕਤਾ, ਨਵਿਆਉਣਯੋਗ ਊਰਜਾ ਅਤੇ ਰੋਜ਼ੀ-ਰੋਟੀ ਦੇ ਮੌਕੇ ਪ੍ਰਦਾਨ ਕਰਕੇ ਇੱਕ ਸਾਰਥਕ ਪ੍ਰਭਾਵ ਪੈਦਾ ਕਰਨ ਲਈ ਵਚਨਬੱਧ ਹਾਂ।

## 2 ਡਰੋਨ, ਡੇਢ ਕਿੱਲੋ ਹੈਰੋਇਨ ਤੇ ਮੈਗਜ਼ੀਨ ਸਮੇਤ ਪਿਸਤੌਲ ਬਰਾਮਦ

**ਭਿੱਖੀਵਿੰਡ/ ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਬੀਐੱਸਐੱਫ਼ ਤੇ ਖਾਲੜਾ ਪੁਲਸ ਵੱਲੋਂ ਚਲਾਏ ਗਏ ਵੱਖ-ਵੱਖ ਸਾਂਝੇ ਸਰਚ ਅਭਿਆਨਾਂ ਦੌਰਾਨ ਸਰਹੱਦ ਨੇੜਿਓਂ ਦੋ ਡਰੋਨ, ਡੇਢ ਕਿੱਲੋ ਹੈਰੋਇਨ ਅਤੇ ਮੈਗਜ਼ੀਨ ਸਮੇਤ ਪਿਸਤੌਲ ਬਰਾਮਦ ਕਰਨ ਦੀ ਖ਼ਬਰ ਹੈ।ਇਸ ਸੰਬੰਧੀ



ਅਣਪਛਾਤੇ ਤਸਕਰਾਂ ਖ਼ਿਲਾਫ਼ ਥਾਣਾ ਖਾਲੜਾ ਵਿੱਚ ਵੱਖ-ਵੱਖ ਮਾਮਲੇ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਸੂਤਰਾਂ ਪਾਸੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਬੀਐੱਸਐੱਫ਼ ਤੇ ਖਾਲੜਾ ਪੁਲਸ ਵੱਲੋਂ ਪਿੰਡ ਵਾਂ ਤਾਰਾ ਸਿੰਘ ਦੇ ਖੇਤਾਂ ਵਿੱਚ ਚਲਾਏ ਸਰਚ ਅਪ੍ਰੇਸ਼ਨ ਦੌਰਾਨ ਇੱਕ ਡਰੋਨ ਬਰਾਮਦ ਕੀਤਾ ਗਿਆ। ਅਗਲੇ ਦਿਨ ਉਸੇ ਜਗ੍ਹਾ ਦੇ ਆਸ-ਪਾਸ ਚਲਾਏ ਸਰਚ ਅਭਿਆਨ ਦੌਰਾਨ ਟੇਪ ਨਾਲ ਲਪੇਟੇ ਮੋਮੀ ਲਿਫ਼ਾਫ਼ੇ ਵਿੱਚੋਂ ਇੱਕ ਕਿੱਲੋ ਹੈਰੋਇਨ ਬਰਾਮਦ ਕੀਤੀ ਗਈ।ਇਸੇ ਤਰ੍ਹਾਂ ਸਰਹੱਦੀ ਪਿੰਡ ਡੱਲ ਦੇ ਖੇਤਾਂ ਵਿੱਚੋਂ ਮਿਲੇ ਪੈਕੇਟ ਵਿੱਚੋਂ ਮੈਗਜ਼ੀਨ ਸਮੇਤ ਪਿਸਤੌਲ ਤੇ ਅੱਧਾ ਕਿੱਲੋ ਹੈਰੋਇਨ ਬਰਾਮਦ ਕੀਤੀ ਗਈ।ਇਸ ਤੋਂ ਇਲਾਵਾ ਖਾਲੜਾ ਪੁਲਸ ਵੱਲੋਂ ਬੀਓਪੀ ਖਾਲੜਾ ਦੇ ਖੇਤਾਂ ਵਿੱਚੋਂ ਇੱਕ ਡਰੋਨ ਬਰਾਮਦ ਕਰਨ ਮਗਰੋਂ ਅਣਪਛਾਤੇ ਤਸਕਰਾਂ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

# ਪੰਜਾਬ ਸਰਕਾਰ ਗੈਂਗਸਟਰਾਂ ਤੇ ਨਸ਼ਾ ਤਸਕਰਾਂ 'ਤੇ ਪਰਚੇ ਕਦੋਂ ਦਰਜ ਕਰੇਗੀ : ਬੁਰਜ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਕਾਂਗਰਸ ਪਾਰਟੀ ਦੇ ਦਿੱਗਜ ਆਗੂ ਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ 'ਤੇ ਮੁੱਖ ਮੰਤਰੀ ਵੱਲੋਂ ਕਰਵਾਏ ਗਏ ਪਰਚੇ ਤੋਂ ਇਹ ਸਾਬਤ ਹੁੰਦਾ ਹੈ ਕਿ ਪੰਜਾਬ ਸਰਕਾਰ ਦੇ ਵਿਰੋਧੀਆਂ 'ਤੇ ਪਰਚੇ ਦਰਜ ਕਰਨ ਲਈ ਪੁਲਸ ਤਾਂ ਕਹਿਣੇ ਵਿਚ ਹੈ ਪਰ ਪੰਜਾਬ ਵਿਚੋਂ ਗੈਂਗਸਟਰਾਂ ਤੇ ਨਸ਼ਿਆਂ ਦੇ ਸੁਦਾਗਰਾਂ 'ਤੇ ਪਰਚੇ ਦਰਜ ਕਦੋਂ ਕਰੇਗੀ? ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੀਤ ਪ੍ਰਧਾਨ ਕਰਨਬੀਰ ਸਿੰਘ ਬੁਰਜ ਨੇ ਆਪਣੇ ਫਾਰਮ ਤੇ ਮੀਟਿੰਗ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀਆਂ ਇਹੋ ਜਿਹੀਆਂ ਗਿੱਦੜ ਭਬਕੀਆਂ ਤੋਂ ਕਾਂਗਰਸ ਦਾ ਹਰ ਇਕ ਸਿਪਾਹੀ ਡਰਨ ਤੇ ਝੁਕਣ ਵਾਲਾ ਨਹੀਂ। ਉਨ੍ਹਾਂ ਕਿਹਾ ਕਿ ਜੇ ਪੁਲਸ ਨੇ ਪ੍ਰਤਾਪ ਸਿੰਘ ਬਾਜਵਾ 'ਤੇ ਕੀਤਾ ਪਰਚਾ ਰੱਦ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਇਸਦੇ ਸਿੱਟੇ ਹੋਰ ਵੀ ਮਾੜੇ ਸਾਬਤ ਹੋਣਗੇ। ਇਸ ਮੌਕੇ ਗੁਰਪਾਲ ਸਿੰਘ ਜਗਤਪੁਰ, ਸਰਪੰਚ ਸੁੱਚਾ ਸਿੰਘ ਖੈਰਦੀਨਕੇ, ਸਰਪੰਚ ਗੁਰਚਰਨ ਸਿੰਘ, ਜੱਜਬੀਰ ਸਿੰਘ ਖੈਰਦੀਨਕੇ, ਮਿੱਤਰ ਸਿੰਘ, ਸੋਨੂੰ ਪਨੇਸਰ ਖੈਰਦੀਨਕੇ, ਕੁਲਦੀਪ ਸਿੰਘ ਪਹਿਲਵਾਨ, ਲਾਭ ਸਿੰਘ, ਹਰਜੀਤ ਸਿੰਘ, ਸੱਬਾ ਖੋਏ ਵਾਲਾ, ਹਰਪ੍ਰੀਤ ਸਿੰਘ, ਧਰਮਬੀਰ ਸਿੰਘ, ਜਸਕਰਨ ਸਿੰਘ, ਵਿੱਕੀ ਮੈਂਬਰ, ਜੋਰਾਵਰ ਸਿੰਘ, ਗਿਆਨ ਸਿੰਘ, ਤਰਲੋਕ ਸਿੰਘ, ਸਲਵੰਤ ਸਿੰਘ, ਰਣਜੀਤ ਸਿੰਘ ਜੱਗਾ, ਕਰਨ ਖੈਰ ਦੀਨ ਕੇ, ਦਿਵਾਨ ਸਿੰਘ ਮੈਂਬਰ, ਹਰਜਿੰਦਰ ਸਿੰਘ ਮੈਂਬਰ, ਸਰਵਣ ਸਿੰਘ ਮੈਂਬਰ, ਹਰਜੀਤ ਸਿੰਘ ਜੀਤਾ ਝਬਾਲ ਆਦਿ ਹਾਜ਼ਰ ਸਨ।

# ਮਿੱਟੀ ਦੀ ਉਪਜਾਊ ਸ਼ਕਤੀ ਲਈ ਫਸਲਾਂ ਦੀ ਰਹਿੰਦ-ਖੂੰਹਦ ਦੀ ਖਾਸ ਮਹੱਤਤਾ : ਡਾ. ਭੁਪਿੰਦਰ ਸਿੰਘ ਏ ਓ

ਪੱਟੀ (ਸ਼ਮਸ਼ੇਰ ਸਿੰਘ ਯੋਧਾ/ਬਲਦੇਵ ਸਿੰਘ ਸੰਧੂ)-ਫਸਲ ਦੇ ਚੰਗੇ ਝਾੜ ਅਤੇ ਮਿਆਰ ਲਈ ਜਿੱਥੇ ਮੌਸਮ ਅਨੁਸਾਰ ਉਚਿਤ ਸਮੇਂ ਤੇ ਬਿਜਾਈ ਮਹੱਤਵਪੂਰਨ ਹੈ ਉਥੇ ਜ਼ਮੀਨ ਦਾ ਉਪਜਾਊ ਹੋਣਾ ਬਹੁਤ ਜ਼ਰੂਰੀ ਹੈ।ਇਸ ਲਈ ਜ਼ਮੀਨ ਵਿੱਚ ਜੈਵਿਕ ਮਾਦਾ ਪਾ ਕੇ, ਖੇਤ ਨੂੰ ਘੱਟੋ ਘੱਟ ਵਾਹ ਕੇ, ਰਸਾਇਣਿਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਘਟਾ ਕੇ, ਜ਼ਮੀਨ ਨੂੰ ਵੱਧ ਤੋਂ ਵੱਧ ਸਮੇਂ ਲਈ ਢੱਕਿਆ ਰੱਖ ਕੇ ਅਤੇ ਜੈਵਿਕ ਵਿਭਿੰਨਤਾ ਬਣਾਈ ਰੱਖ ਕੇ ਜ਼ਮੀਨ ਦੀ ਉਪਜਾਊ ਸ਼ਕਤੀ ਬਣੀ ਰਹਿ ਸਕਦੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾ ਭੁਪਿੰਦਰ ਸਿੰਘ ਏਓ, ਪੱਟੀ ਨੇ ਪਿੰਡ ਕਿਰਤੋਵਾਲ ਖੁਰਦ ਦੇ ਸੂਝਵਾਨ ਕਿਸਾਨਾਂ ਨਾਲ ਕੀਤਾ। ਲਗਭਗ ਪਿਛਲੇ ਸੱਤ ਸਾਲ ਤੋਂ ਫਸਲਾਂ ਦੀ ਰਹਿੰਦ ਖੂੰਹਦ ਨੂੰ ਹੈਪੀ ਸੀਡਰ ਅਤੇ ਸਰਫੇਸ ਸੀਡਰ ਆਦਿ ਤਕਨੀਕ ਨਾਲ ਖੇਤ ਵਿੱਚ ਹੀ ਰੱਖ ਕੇ ਕਣਕ ਬਿਜਾਈ ਕਰ ਰਹੇ ਜਗਜੀਤ ਸਿੰਘ, ਗੁਰਪਿੰਦਰ ਸਿੰਘ (40 ਏਕੜ), ਗੁਰਪ੍ਰੀਤ ਸਿੰਘ (60 ਏਕੜ) ਅਤੇ ਸਰਵਣ ਸਿੰਘ (4 ਏਕੜ) ਨੇ ਦੱਸਿਆ ਕਿ ਫਸਲਾਂ ਦੀ ਰਹਿੰਦ ਖੂੰਹਦ ਨੂੰ ਖੇਤ ਵਿੱਚ ਹੀ ਰੱਖਣ ਨਾਲ ਪਹਿਲਾਂ ਦੇ ਮੁਕਾਬਲੇ ਜਿੱਥੇ ਖਾਦ ਦੀ ਵਰਤੋਂ ਅੱਧੀ ਰਹਿ ਗਈ ਹੈ ਉਥੇ ਇਸ ਵਾਰ ਕਣਕ ਵਿੱਚ ਕਿਸੇ ਕੀਟ ਨਾਸ਼ਕ ਜਾਂ ਉਲੀ ਨਾਸ਼ਕ ਦੀ



ਵੀ ਵਰਤੋਂ ਨਹੀਂ ਕਰਨੀ ਪਈ।ਉਨ੍ਹਾਂ ਜਾਣਕਾਰੀ ਸਾਂਝੀ ਕੀਤੀ ਕਿ ਹੈਪੀ ਸੀਡਰ ਅਤੇ ਸਰਫੇਸ ਸੀਡਰ ਤਕਨੀਕ ਨਾਲ ਬਿਜਾਈ ਦਾ ਖਰਚ ਘੱਟ ਹੋਇਆਂ ਹੈ।ਦਾਨਿਆਂ ਦੀ ਕੁਆਲਿਟੀ ਵੀ ਚੰਗੀ ਹੈ ਅਤੇ ਕਟਾਈ ਦੌਰਾਨ ਮੁੱਢਲੇ ਤੌਰ ਤੇ ਪਹਿਲਾਂ ਦੀ ਤਰ੍ਹਾਂ ਚੰਗਾ ਝਾੜ ਹੋਣ ਦੀ ਉਮੀਦ ਹੈ।ਮੁੱਖ ਖੇਤੀਬਾੜੀ ਅਫਸਰ ਤਰਨ ਤਰਨ ਡਾ. ਹਰਪਾਲ ਸਿੰਘ ਪੰਨੂ ਦੇ ਦਿਸ਼ਾ ਨਿਰਦੇਸ਼ ਤਹਿਤ ਫਸਲਾਂ ਦੀ ਰਹਿੰਦ ਖੂੰਹਦ ਪ੍ਰਬੰਧਨ ਨਾਲ ਕੀਤੀ ਖੇਤੀ ਦਾ ਨਿਰੀਖਣ ਕਰਨ ਮੌਕੇ ਡਾ. ਭੁਪਿੰਦਰ ਸਿੰਘ ਏਓ, ਦਇਆਪ੍ਰੀਤ ਸਿੰਘ ਏਈਓ, ਗੁਰਸਿਮਰਨ ਸਿੰਘ, ਬਲਰਾਜ ਸਿੰਘ ਅਤੇ ਰਣਜੀਤ ਸਿੰਘ ਖੇਤੀ ਉਪ ਨਿਰੀਖਕ ਨੇ ਜਾਣਕਾਰੀ ਸਾਂਝੀ ਕੀਤੀ ਕਿ ਮਿੱਟੀ ਦੀ ਉਪਜਾਊ ਸ਼ਕਤੀ ਲਈ ਫਸਲਾਂ ਦੀ ਰਹਿੰਦ-ਖੂੰਹਦ ਦੀ ਮਹੱਤਤਾ ਬਹੁਤ ਹੈ ਕਿਉਂ ਜੋ ਅਨਾਜ ਵਾਲੀਆਂ ਫਸਲਾਂ ਦੁਆਰਾ ਮਿੱਟੀ ਤੋਂ ਲਏ ਖੁਰਾਕੀ ਤੱਤਾਂ ਵਿੱਚੋਂ ਕ੍ਰਮਵਾਰ 25 ਪ੍ਰਤੀਸ਼ਤ ਨਾਈਟਰੋਜਨ ਅਤੇ ਫਾਸਫੋਰਸ, 50 ਪ੍ਰਤੀਸ਼ਤ ਸਲਫਰ ਅਤੇ 75 ਪ੍ਰਤੀਸ਼ਤ ਪੋਟਾਸ਼ ਫਸਲੀ ਰਹਿੰਦ ਖੂੰਹਦ ਵਿੱਚ ਹੀ ਰਹਿ ਜਾਂਦੇ ਹਨ।ਨਾਲ ਹੀ ਨਾਲ ਫਸਲਾਂ ਦੀ ਰਹਿੰਦ ਖੂੰਹਦ ਜਿੱਥੇ ਜੈਵਿਕ ਮਾਦੇ ਨੂੰ ਵਧਾਉਂਦੀ ਹੈ ਉੱਥੇ ਜ਼ਮੀਨ ਨੂੰ ਨਰਮ ਕਰਦੀ ਹੈ।ਇਸਦੇ ਨਾਲ ਮਿੱਟੀ ਦੀ ਪਾਣੀ ਜਜ਼ਬ ਕਰਨ ਦੀ ਸ਼ਕਤੀ ਵੀ ਵੱਧਦੀ ਹੈ ਅਤੇ ਮਿੱਟੀ ਵਿੱਚ ਜੀਵਾਣੂਆਂ ਦੇ ਵਾਧੇ ਲਈ ਖੁਰਾਕ ਦਿੰਦੀ ਹੈ।ਇਸ ਮੌਕੇ ਸਰਪੰਚ ਤਰਸੇਮ ਸਿੰਘ ਸੋਨੂ ਭੁੱਲਰ ਅਤੇ ਹਾਜ਼ਰੀਨ ਨੇ ਮੌਸਮ ਤਬਦੀਲੀ ਕਾਰਨ ਫਸਲਾਂ ਵਿੱਚ ਆਈ ਮੁਸ਼ਕਲ ਸਬੰਧੀ ਗੱਲਬਾਤ ਕੀਤੀ ।ਉਨ੍ਹਾਂ ਦੱਸਿਆ ਕਿ ਸਮੇਂ ਸਮੇਂ ਤੇ ਖੇਤੀ ਪ੍ਰਸਾਰ ਸੇਵਾਵਾਂ ਮਿਲਣ ਨਾਲ ਖੇਤੀ ਖਰਚੇ ਘੱਟ ਰਹੇ ਹਨ।

18 Apr PAGE-12.qxd 4/17/2025 10:58 PM Page 1



# ਐੱਲ ਪੀ ਯੂ ਨੇ ਆਈ ਆਈ ਟੀ ਮੰਡੀ ਦੇ ਨੈਸ਼ਨਲ ਟੈਕ ਫੈਸਟ 'ਚ 13 ਚੋਟੀ ਦੇ ਪੁਰਸਕਾਰ ਜਿੱਤੇ

**ਜਲੰਧਰ (ਸ਼ੈਲੀ ਐਲਬਰਟ)**

ਆਈ ਆਈ ਟੀ ਮੰਡੀ ਦੁਆਰਾ ਆਯੋਜਿਤ ਸਾਲਾਨਾ ਤਕਨੀਕੀ ਉਤਸਵ, ਐਕਸਪੈਕਟੋ-25 ਵਿੱਚ ਨਵੀਨਤਾ ਅਤੇ ਤਕਨਾਲੋਜੀ ਨੇ ਕੇਂਦਰ ਦਾ ਸਥਾਨ ਪ੍ਰਾਪਤ ਕੀਤਾ, ਜਿੱਥੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਇੱਕ ਮੋਹਰੀ ਯੂਨੀਵਰਸਿਟੀ ਵਜੋਂ ਉੱਭਰੀ। ਭਾਰਤ ਭਰ ਦੇ 70 ਤੋਂ ਵੱਧ ਕਾਲਜਾਂ ਦੇ 500 ਤੋਂ ਵੱਧ ਭਾਗੀਦਾਰਾਂ ਨਾਲ ਮੁਕਾਬਲਾ ਕਰਦੇ ਹੋਏ, ਐਲਪੀਯੂ ਦੇ ਵਿਦਿਆਰਥੀਆਂ ਨੇ ਵਿਭਿੰਨ ਅਤੇ ਚੁਣੌਤੀਪੂਰਨ ਤਕਨੀਕੀ ਪ੍ਰੋਗਰਾਮਾਂ ਵਿੱਚ 13 ਚੋਟੀ ਦੇ ਸਥਾਨ ਪ੍ਰਾਪਤ ਕੀਤੇ। ਵੈਬ.ਈਆਈ ਦੁਆਰਾ ਇਨੋਵੇਸ਼ਨ ਲੈਬਜ਼ ਦੁਆਰਾ ਸੰਚਾਲਿਤ ਅਤੇ ਬੈਸਟਨ ਸਾਇੰਟਿਫਿਕ, ਮਸਾਈ, ਅਤੇ ਐੱਚਪੀਡੀਟੀ ਦੁਆਰਾ ਸਹਿ-ਸੰਚਾਲਿਤ, ਤਿੰਨ-ਦਿਨਾਂ ਈਵੈਂਟ ਨੇ ਦੇਸ਼ ਦੇ ਕੁਝ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਮੁਕਾਬਲਾ ਕਰਨ, ਸਹਿਯੋਗ ਕਰਨ ਅਤੇ ਭਵਿੱਖ ਲਈ ਹੱਲ ਬਣਾਉਣ ਲਈ ਇਕੱਠਾ ਕੀਤਾ। ਫਲੈਗਸ਼ਿਪ ਈਵੈਂਟ ਪਿੱਚ ਪਰਫੈਕਟ ਵਿੱਚ, ਐਲਪੀਯੂ ਦੇ ਵਿਦਿਆਰਥੀ ਇੱਕ ਸਕੇਲੇਬਲ, ਤਕਨੀਕੀ-ਸੰਚਾਲਿਤ ਸਟਾਰਟਅੱਪ ਵਿਚਾਰ ਦੇ ਨਾਲ ਜੇਤੂ ਬਣ ਕੇ ਉਭਰੇ ਜਿਸ ਨੇ ਨਵੀਨਤਾ ਨੂੰ ਅਸਲ-ਸੰਸਾਰ ਪ੍ਰਭਾਵ ਨਾਲ ਕੁਸ਼ਲਤਾ ਨਾਲ ਮਿਲਾਇਆ। ਸਕਾਈ ਬ੍ਰੇਕ ਮਾਡਲ ਰਾਕੇਟ ਮੁਕਾਬਲੇ ਵਿੱਚ, ਐਲਪੀਯੂ ਦੀਆਂ ਟੀਮਾਂ ਜੇਤੂ ਬਣੀਆਂ, ਸਟੀਕ ਟਰੈਕਿੰਗ ਸਮਰੱਥਾਵਾਂ ਵਾਲੇ ਏਅਰੋਡਾਇਨਾਮਿਕਲੀ ਅਨੁਕੂਲਿਤ ਰਾਕੇਟ ਪੇਸ਼ ਕਰਕੇ ਜੇਤੂ ਅਤੇ ਪਹਿਲੇ ਰਨਰ-ਅੱਪ ਦੋਵੇਂ ਖਿਤਾਬ ਜਿੱਤੇ। ਆਪਣੀ ਜਿੱਤ ਦੀ ਲੜੀ ਨੂੰ ਜਾਰੀ ਰੱਖਦੇ ਹੋਏ, ਉਨ੍ਹਾਂ ਨੇ ਸਤਹੀ ਕਿਸ਼ਤੀ ਦੌੜ 'ਤੇ ਦਬਦਬਾ ਬਣਾਇਆ, ਹਲਕੇ ਕੁਸ਼ਲਤਾ ਅਤੇ ਊਰਜਾ ਸੰਭਾਲ ਲਈ ਤਿਆਰ ਕੀਤੇ ਗਏ ਉੱਨਤ ਆਟੋਨੋਮਸ ਅਤੇ ਗਿਮਟ-ਨਿਯੰਤਰਿਤ ਵਾਟਰਕ੍ਰਾਫਟ ਨਾਲ ਚੋਟੀ ਦੇ ਦੋ ਸਥਾਨ ਹਾਸਲ ਕੀਤੇ। ਵਾਲ ਮੇਜ਼ ਸੋਲਵਰ ਰੋਬੋਟਿਕਸ ਚੈਲੇਂਜ ਵਿੱਚ, ਐਲਪੀਯੂ ਦੀਆਂ ਟੀਮਾਂ ਨੇ ਪੋਡੀਅਮ 'ਤੇ ਕਬਜ਼ਾ ਕੀਤਾ, ਬੁੱਧੀਮਾਨ ਨੈਵੀਗੇਸ਼ਨ ਐਲਗੋਰਿਦਮ ਅਤੇ ਉੱਚ-ਸ਼ੁੱਧਤਾ ਸੈਂਸਰਾਂ ਨਾਲ ਲੈਸ ਬੋਟਸ ਨਾਲ ਚੋਟੀ ਦੇ ਤਿੰਨ ਸਥਾਨ ਪ੍ਰਾਪਤ ਕੀਤੇ। ਯੂਨੀਵਰਸਿਟੀ ਰੋਬੋ ਸੌਕਰ ਵਿੱਚ ਵੀ ਜੇਤੂ ਰਹੀ, ਜਿੱਥੇ ਉਨ੍ਹਾਂ ਦੇ ਚੁਸਤ, ਏਆਈ-ਸੰਚਾਲਿਤ ਰੋਬੋਟਾਂ ਨੇ ਰਣਨੀਤਕ ਗੇਮਪਲੇ ਪ੍ਰਦਾਨ ਕਰਕੇ ਜੇਤੂ ਅਤੇ ਪਹਿਲੇ ਰਨਰ-ਅੱਪ ਦੋਵੇਂ ਖਿਤਾਬ ਜਿੱਤੇ। ਅੰਤ ਵਿੱਚ, ਆਰਸੀ ਐਮਸੀ ਮੇਨੀਆ, ਇੱਕ ਹਾਈ-ਸਪੀਡ ਰਿਮੋਟ-ਕੰਟਰੋਲ ਕਾਰ ਰੇਸ ਵਿੱਚ, ਐਲਪੀਯੂ ਰੇਸਰਾਂ ਨੇ ਅਤਿਅੰਤ ਚੁਸਤੀ ਅਤੇ ਨਿਯੰਤਰਣ ਲਈ ਤਿਆਰ ਕੀਤੀਆਂ ਟਿਕਾਊ, ਉੱਚ-ਪ੍ਰਦਰਸ਼ਨ ਵਾਲੀਆਂ ਮਸ਼ੀਨਾਂ ਨਾਲ ਤਿੰਨੋਂ ਚੋਟੀ ਦੇ ਸਥਾਨ ਹਾਸਲ ਕੀਤੇ। ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ, "ਐਲਪੀਯੂ ਦੇ ਵਿਦਿਆਰਥੀ ਤਕਨੀਕੀ ਉੱਤਮਤਾ ਦਾ ਪ੍ਰਦਰਸ਼ਨ ਕਰ ਰਹੇ ਹਨ।"



# ਪਾਵਰਕਾਮ ਮੈਨੇਜਮੈਂਟ ਤੇ ਠੇਕੇਦਾਰੀ ਵਿਰੁੱਧ ਲਗਾਇਆ ਧਰਨਾ

**ਕਾਲਾ ਸੰਘਿਆਂ (ਮਨਜੀਤ ਮਾਨ)**

ਸਬ ਡਵੀਜਨ ਕਾਲਾ ਸੰਘਿਆਂ ਵਿਖੇ ਪਾਵਰਕੌਮ, ਟ੍ਰਾਂਸਕੋ ਠੇਕਾ ਮੁਲਾਜਮ ਯੂਨੀਅਨ ਪੰਜਾਬ ਟੀ ਐਸ ਯੂ ਅਤੇ ਇੰਪਲਾਈਜ ਫੈਡਰੇਸ਼ਨ ਦੀਆਂ ਸਾਂਝੀਆਂ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਅਤੇ ਠੇਕੇਦਾਰੀ ਸਿਸਟਮ ਦੇ ਵਿਰੁੱਧ ਧਰਨਾ ਲਗਾ ਕੇ ਪੰਜਾਬ ਸਰਕਾਰ ਤੇ ਠੇਕੇਦਾਰੀ ਸਿਸਟਮ ਦੇ ਖਿਲਾਫ ਜੰਮ ਕੇ ਨਾਅਰੇਬਾਜੀ ਕੀਤੀ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਸਬ ਡਵੀਜਨ ਪ੍ਰਧਾਨ ਗੁਲਜਾਰ ਸਿੰਘ,ਸੀ ਐਚ ਬੀ ਪ੍ਰਧਾਨ ਪਾਵਰਕੌਮ ਅਤੇ ਟ੍ਰਾਂਸਕੋ ਠੇਕਾ ਮੁਲਾਜਮ ਯੂਨੀਅਨ ਸਬ ਡਵੀਜਨ ਕਾਲਾ ਸੰਘਿਆਂ ਨੇ ਬਾਰੀ ਵਿਸਥਾਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੀ ਐਚ ਬੀ ਠੇਕਾ ਕਾਮਿਆਂ ਨੂੰ ਪੰਜਾਬ ਸਰਕਾਰ ਠੇਕਾ ਕਾਮਿਆਂ ਨੂੰ ਤਨਖਾਹਾਂ ਸਮੇਂ ਸਿਰ ਜਾਰੀ ਨਹੀਂ ਕੀਤੀਆਂ ਜਾ ਰਹੀਆਂ ਸਰਕਾਰ ਠੇਕੇਦਾਰੀ ਸਿਸਟਮ ਨੂੰ ਬੰਦ ਕਰਕੇ ਪੱਕੇ ਰੁਜਗਾਰ ਦਿੱਤੇ ਜਾਣ ਉਨ੍ਹਾਂ ਕਿਹਾ ਮੌਜੂਦਾ ਸਰਕਾਰ ਠੇਕੇਦਾਰੀ ਸਿਸਟਮ ਨੂੰ ਬੰਦ ਕਰਕੇ ਸਰਕਾਰ ਖੁਦ ਤਨਖਾਹਾਂ ਦੇਵੇ ਉਕਤ ਆਗੂਆਂ ਨੇ ਮੌਜੂਦਾ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਆਊਟਸੋਰਸ ਨੀਤੀ ਨੂੰ ਬੰਦ ਕਰਕੇ ਪੱਕੇ ਰੁਜਗਾਰ ਦਿੱਤੇ ਜਾਣ ਠੇਕੇ ਕਾਮਿਆਂ ਨੂੰ ਰੈਗੂਲਰ ਤਨਖਾਹਾਂ ਦਿੱਤੀਆਂ ਜਾਣ ਉਨ੍ਹਾਂ ਕਿਹਾ ਕਿ ਇਹ ਤਨਖਾਹਾਂ ਮਹਿਕਮੇ ਵੱਲੋਂ ਹੀ ਦਿੱਤੀਆਂ ਜਾਣ ਉਕਤ ਆਗੂਆਂ ਨੇ ਮੌਜੂਦਾ ਸਰਕਾਰ ਤੇ ਪਾਵਰਕੌਮ ਮੈਨੇਜਮੈਂਟ ਕਮੇਟੀ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਤਨਖਾਹਾਂ ਸਮੇਂ ਸਿਰ ਨਾ ਮਿਲਿਆ ਤਾਂ ਉਹ ਪੂਰ ਪੰਜਾਬ ਅੰਦਰ ਵੱਡੇ ਪੱਧਰ 'ਤੇ ਸੰਘਰਸ਼ ਨੂੰ ਤਿੱਖਾ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਸੁਮਨ ਕੁਮਾਰ ਸਤਨਾਮ ਸਿੰਘ ਏ ਐਲ ਐਮ , ਗੁਰਦੇਵ ਸਿੰਘ ਸੀ ਐਚ ਬੀ, ਜਸਵਿੰਦਰ ਸੰਨੀ ਸੀ ਐਚ ਬੀ,ਸਵਰਨ ਸਿੰਘ ਸੀ ਐਚ ਬੀ ਅਤੇ ਹੋਰਨਾਂ ਤੋਂ ਇਲਾਵਾ ਸੀ ਐਚ ਬੀ ਕਾਮਿਆਂ ਨੇ ਸੰਬੋਧਨ ਕੀਤਾ।



# ਸੀ ਟੀ ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀਆਂ ਪਹਿਲਾ ਸਥਾਨ ਹਾਸਲ ਕੀਤਾ

**ਜਲੰਧਰ (ਸ਼ੈਲੀ ਐਲਬਰਟ)**-ਮਕਸੂਦਾਂ, ਜਲੰਧਰ: ਸੀ.ਟੀ. ਗਰੁੱਪ ਦੇ ਤਹਿਤ ਚਲ ਰਹੇ ਸੀ.ਟੀ. ਕਾਲਜ ਆਫ ਐਜੂਕੇਸ਼ਨ, ਨੌਰਥ ਕੈਂਪਸ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ (ਜੀ.ਐਨ.ਡੀ.ਯੂ.) ਦੀਆਂ ਐਮ.ਐਡ. ਸੈਮੈਸਟਰ 999 ਦੀਆਂ ਪ੍ਰੀਖਿਆਵਾਂ ਵਿੱਚ ਆਪਣੀ ਅਕਾਦਮਿਕ ਸ਼ਾਨ ਦਿਖਾਈ ਹੈ। ਦਿਨਾਕਸ਼ੀ ਮਹਿੰਦ੍ਰੂ ਨੇ 8.90 ਨਾਲ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ ਹਾਸਿਲ ਕਰਕੇ ਕਾਲਜ ਨੂੰ ਮਾਣ ਦਿਵਾਇਆ ਹੈ। ਹੋਰ ਮੇਧਾਵੀ ਵਿਦਿਆਰਥੀਆਂ ਵਿੱਚ ਆਇਸ਼ਾ ਅਨੀਸ (6ਵਾਂ ਸਥਾਨ, 8.20), ਸਵਾਤੀ (8ਵਾਂ ਸਥਾਨ, ਅਤੇ ਅਜੂ ਸ਼ਰਮਾ (10ਵਾਂ ਸਥਾਨ, ) ਸ਼ਾਮਲ ਹਨ। ਸੀ.ਟੀ. ਗਰੁੱਪ, ਨੌਰਥ ਕੈਂਪਸ ਦੇ ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਕਿਹਾ, ਇਹ ਪ੍ਰਾਪਤੀ ਸਾਡੇ ਕੈਂਪਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਾਂਝੇ ਪ੍ਰਯਾਸਾਂ ਅਤੇ ਸ਼ਾਨਦਾਰ ਸਿੱਖਿਆ ਮਾਹੌਲ ਨੂੰ ਦਰਸਾਉਂਦੀ ਹੈ। ਪ੍ਰਿੰਸੀਪਲ ਡਾ. ਅੰਜੂ ਸ਼ਰਮਾ ਨੇ ਵੀ ਸਫਲ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ।



# ਅਣਪਛਾਤੇ ਖਿਲਾਫ਼ ਧਾਰਾ 331 (8) ਬੀ ਐੱਨ ਐੱਸ ਤਹਿਤ ਕੇਸ ਦਰਜ

**ਫਗਵਾੜਾ (ਇੰਦਰਜੀਤ ਸਿੰਘ ਮਠਾਰੂ)**-ਪਿੰਡ ਹਰਦਾਸਪੁਰ ਵਿਖੇ ਇੱਕ ਮਹਿਲਾ ਦੀ ਹੋਈ ਮੌਤ ਦੇ ਸਬੰਧ 'ਚ ਸਤਨਾਮਪੁਰਾ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ਼ ਧਾਰਾ 331(8) ਬੀਐਨਐਸ ਤਹਿਤ ਕੇਸ ਦਰਜ ਕੀਤਾ ਹੈ।ਐਸ.ਪੀ. ਰੁਪਿੰਦਰ ਭੱਟੀ ਨੇ ਦੱਸਿਆ ਕਿ ਪੁਲਸ ਵੱਲੋਂ ਇਹ ਸ਼ਿਕਾਇਤ ਮਨਦੀਪ ਕੌਰ ਪਤਨੀ ਰਿੰਕੂ ਝੱਲੀ ਵਾਸੀ ਪਿੰਡ ਹਰਦਾਸਪੁਰ ਦੇ ਬਿਆਨਾ 'ਤੇ ਦਰਜ ਕੀਤਾ ਗਿਆ ਹੈ।ਜਿਸ 'ਚ ਉਸਨੇ ਦੱਸਿਆ ਕਿ ਉਹ ਕਰੀਬ ਦੋ ਮਹੀਨੇ ਤੋਂ ਆਪਣੇ ਪੇਕੇ ਪਿੰਡ ਭਾਗ ਸਿੰਘਪੁਰਾ ਜਲੰਧਰ ਗਈ ਹੋਈ ਸੀ ਤੇ 14 ਅਪ੍ਰੈਲ ਨੂੰ ਉਸਦੇ ਪਤੀ ਰਿੰਕੂ ਦੀ ਵਿਦੇਸ਼ ਪੁਰਤਗਾਲ ਤੋਂ ਫ਼ੋਨ ਆਇਆ ਕਿ ਹਰਦਾਸਪੁਰ ਵਿਖੇ ਮਾਤਾ ਫ਼ੋਨ ਨਹੀਂ ਚੁੱਕ ਰਹੇ। ਜਦੋਂ ਉਨ੍ਹਾਂ ਜਾਂਚ ਕੀਤੀ ਤਾਂ ਪਤਾ ਲੱਗਾ ਕਿ ਉਨ੍ਹਾਂ ਦੀ ਮੌਤ ਹੋ ਚੁੱਕੀ ਹੈ ਤੇ ਅੰਦਰ ਦੇਖਿਆ ਤਾਂ ਸਾਮਾਨ ਖਿਲਰਿਆ ਹੋਇਆ ਸੀ ਤੇ ਅੰਦਰੋਂ ਸੋਨਾ, ਨਕਦੀ, ਵਿਦੇਸ਼ ਕਰੰਸੀ ਗਾਇਬ ਸੀ ਤੇ ਤਾਲੇ ਟੁੱਟੇ ਹੋਏ ਸਨ। ਜਿਸ ਸਬੰਧ 'ਚ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ਼ ਕੇਸ ਦਰਜ ਕੀਤਾ ਹੈ।

# ਸੂਬਾ ਸਰਕਾਰ ਵੱਲੋਂ ਸਿੱਖਿਆ ਲਈ ਖਰਚ ਕੀਤੇ ਜਾ ਰਹੇ ਕਰੋੜਾਂ ਰੁਪਏ : ਰਾਜਾ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਪੰਜਾਬ ਸਰਕਾਰ ਵੱਲੋਂ ਸਿੱਖਿਆ ਨੂੰ ਉੱਚ ਪੱਧਰ ਦਾ ਬਣਾਉਣ ਵਾਸਤੇ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਸਰਕਾਰੀ ਐਲੀਮੈਂਟਰੀ ਸਕੂਲ ਜਲਾਲਪੁਰ ਵਿਖੇ ਹੋਏ ਇੱਕ ਸਮਾਗਮ ਵਿੱਚ ਕੀਤਾ। ਇਸ ਮੌਕੇ ਉਨਾਂ ਨਾਲ ਸਰਪੰਚ ਜਸਵੰਤ ਸਿੰਘ ਬਿੱਟੂ ਜਲਾਲਪੁਰ, ਬਲਾਕ ਪ੍ਰਧਾਨ ਲਖਵਿੰਦਰ ਸਿੰਘ ਸੇਠੀ, ਪ੍ਰਿੰਸੀਪਲ ਹਰਦੀਪ ਸਿੰਘ, ਪ੍ਰਿੰਸੀਪਲ ਰਾਜੇਸ਼ ਕੁਮਾਰ ਤੁਰੇਹਨ, ਬੀ.ਪੀ.ਈ.ਓ ਜਸਵਿੰਦਰ ਬਾਂਸਲ ਵੀ ਹਾਜ਼ਰ ਸਨ। ਰਾਜਾ ਨੇ ਪੰਜਾਬ ਸਕੂਲ ਸਿੱਖਿਆ ਕ੍ਰਾਂਤੀ ਬਦਲ ਦਾ ਪੰਜਾਬ ਤਹਿਤ 7.51 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਨਵੇਂ ਕਮਰੇ ਦਾ ਉਦਘਾਟਨ ਕੀਤਾ। ਇਸ ਸਮੇਂ ਉਹਨਾਂ ਪੰਜਾਬ ਸਰਕਾਰ ਦੀਆਂ ਪ੍ਰਤੀ ਨੀਤੀਆਂ ਦਾ ਜ਼ਿਕਰ ਕਰਦਿਆਂ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੌਜੂਦਾ ਬਜਟ ਦੇ ਵਿੱਚ ਸਿੱਖਿਆ ਵਾਸਤੇ 18 ਹਜਾਰ ਕਰੋੜ ਰੁਪਏ ਦੀ ਤਜਵੀਜ ਪਾਸ ਕੀਤੀ ਗਈ ਹੈ। ਉਨਾਂ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਹਲਕਾ ਟਾਂਡਾ ਨੂੰ ਇੱਕ ਸਕੂਲ ਆਫ ਐਮੀਨੈਂਸ ਅਤੇ ਚਾਰ ਸਕੂਲ ਆਫ ਹੈਪੀਨੈਸ ਬਣਾ ਕੇ ਦਿੱਤੇ ਹਨ । ਸਰਪੰਚ ਜਸਵੰਤ ਸਿੰਘ ਬਿੱਟੂ ਨੇ ਵਿਧਾਇਕ ਜਸਵੀਰ ਸਿੰਘ ਰਾਜਾ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਲੈਕਚਰਾਰ ਸੁਖਵਿੰਦਰ ਸਿੰਘ, ਸਤਵਿੰਦਰ ਸਿੰਘ, ਨੀਰਜ ਭਾਰਦਵਾਜ, ਰਮਨ ਕੁਮਾਰ, ਸੁਖਵੰਤ ਕੌਰ, ਸੁਖਵਿੰਦਰ ਕੌਰ,ਹਰਪ੍ਰੀਤ ਕੌਰ, ਸ਼ਬਨਮ ਜਰਿਆਲ, ਨੇਹਾ, ਅੰਮ੍ਰਿਤ ਕੌਰ, ਪਰਦੀਪ ਪਾਲ ਸਿੰਘ, ਅਮਰਜੀਤ ਕੌਰ, ਕੁਲਜੀਤ ਕੌਰ, ਮੈਨੇਜਰ ਤੀਰਥ ਸਿੰਘ, ਆੜਤੀ ਅਮਰੀਕ ਸਿੰਘ, ਪੰਚ ਪ੍ਰੀਤਮ ਸਿੰਘ, ਹਰਭਜਨ ਸਿੰਘ, ਰਣਜੀਤ ਸਿੰਘ, ਕੁਲਦੀਪ ਸਿੰਘ, ਹਰਮੇਸ ਸਿੰਘ ਬੇਦੀ, ਕੁਲਵੰਤ ਸਿੰਘ,ਸੁਰਜੀਤ ਸਿੰਘ, ਕੁਲਵੰਤ ਸਿੰਘ, ਸਿਕੰਦਰ ਸਿੰਘ ਸਰਪੰਚ ਬਲਕਾਰ ਸਿੰਘ ਗੁਰਮੀਤ ਸਿੰਘ, ਜਵਿੰਦ ਸਿੰਘ, ਇੰਸਪੈਕਟਰ ਪਰਮਜੀਤ ਸਿੰਘ, ਪੰਚ ਸੁਰਜੀਤ ਰਾਮ ਵੀ ਹਾਜ਼ਰ ਸਨ।



# ਸਰਕਾਰੀ ਪ੍ਰਾਇਮਰੀ ਸਕੂਲ ਰਸੂਲਪੁਰ ਵਿਖੇ ਬੱਚਿਆਂ ਨੂੰ ਸਟੇਸ਼ਨਰੀ ਵੰਡੀ

**ਮਹਿਤਪੁਰ (ਰਾਜਾ)**- ਸਰਕਾਰੀ ਪ੍ਰਾਇਮਰੀ ਸਕੂਲ ਰਸੂਲਪੁਰ ਵਿਖੇ ਡਾਕਟਰ ਭੀਮ ਰਾਓ ਅੰਬੇਦਕਰ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਰਸ਼ੋਤਮ ਲਾਲ ,ਵਿਜੇ ਕੁਮਾਰ ਮਿਡਾਸ ਅਤੇ ਰਾਜਕੁਮਾਰ ਨੇ ਭੂਮਿਕਾ ਨਿਭਾਈ। ਸਟੇਜ ਦੀ ਭੂਮਿਕਾ ਸਕੂਲ ਮੁਖੀ ਜਗਜੀਤ ਸਿੰਘ ਨੇ ਨਿਭਾਈ ਤੇ ਵੱਖ-ਵੱਖ ਬੁਲਾਰਿਆਂ ਨੂੰ ਬੋਲਣ ਦਾ ਸਮਾਂ ਦਿੱਤਾ। ਇਸ ਮੌਕੇ ਮੇਜਰ ਲਾਲ ਨੇ ਬਾਬਾ ਸਾਹਿਬ ਜੀ ਜੀਵਨੀ 'ਤੇ ਚਾਨਣਾ ਪਾਇਆ। ਉਪਰੰਤ ਮਿਡਾਸ ਨੇ ਬਾਬਾ ਸਾਹਿਬ ਦੀ ਜੀ ਸੋਚ 'ਤੇ ਪਹਿਰਾ ਦੇਣ ਲਈ ਸੰਦੇਸ਼ ਦਿੱਤਾ ਅਤੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈ ਕਰਨ ਲਈ ਪ੍ਰੇਰਨਾ ਦਿੱਤੀ। ਰਾਜ ਕੁਮਾਰ ਨੇ ਦੱਸਿਆ ਕਿ ਉਹਨਾਂ ਦੀ ਪੁੱਤਰੀ ਵੱਲੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ ਹਾਸਿਲ ਕਰਨ ਵਾਲੇ ਬੱਚਿਆਂ ਲਈ ਇਨਾਮ ਵਜੋਂ ਸਟੇਸ਼ਨਰੀ ਅਤੇ ਬਾਕੀ ਬੱਚਿਆਂ ਲਈ ਵੀ ਸਟੇਸ਼ਨਰੀ ਦਿੱਤੀ ਗਈ। ਵਿਜੇ ਮਿਡਾਸ, ਪਰਸ਼ੋਤਮ ਲਾਲ, ਰਾਜਕੁਮਾਰ ਅਤੇ ਮੇਜਰ ਲਾਲ ਵੱਲੋਂ ਸਕੂਲ ਵਾਸਤੇ ਭੇਟਾ ਦਿੱਤੀ ਗਈ।ਇਸ ਮੌਕੇ ਸ਼੍ਰੀਮਤੀ ਹਰਪਾਲ ਕੌਰ, ਸਰਬਜੀਤ, ਨਰਿੰਦਰ ਕੁਮਾਰ, ਆਸ਼ਾ ਰਾਣੀ, ਸੰਦੀਪ ਕੌਰ, ਕ੍ਰਿਸ਼ਨਾ ਅਤੇ ਸੰਜਨਾ ਹਾਜ਼ਰ ਸਨ।



# ਮੰਡੀ 'ਚ ਆਈ ਕਣਕ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ : ਪ੍ਰਿੰ. ਪ੍ਰੇਮ ਕੁਮਾਰ

**ਫਿਲੌਰ (ਨਿਰਮਲ)**

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਾਈਸ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਹਲਕਾ ਫਿਲੌਰ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਹਲਕਾ ਫਿਲੌਰ ਦੀਆਂ ਵੱਖ-ਵੱਖ ਮੰਡੀਆਂ 'ਚ ਕਣਕ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਵਾਈ। ਖ਼ਰੀਦ ਏਜੰਸੀਆਂ ਨੂੰ ਮੰਡੀਆਂ 'ਚ ਕਣਕ ਦੀ ਸੁਚਾਰੂ ਤੇ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਸਾਨਾਂ ਦੀ ਮਿਹਨਤ ਨਾਲ ਪੈਦਾ ਕੀਤੇ ਅਨਾਜ ਦੇ ਹਰੇਕ ਦਾਣੇ ਨੂੰ ਖਰੀਦਣ ਸਬੰਧੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਵੀ ਦੁਹਰਾਇਆ। ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਵੱਲੋਂ ਸਪੱਸ਼ਟ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਸਮੁੱਚੇ ਸੀਜਨ ਦੌਰਾਨ ਕਿਸੇ ਵੀ ਅਨਾਜ ਮੰਡੀ 'ਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਸਮੇਤ ਕਣਕ ਦੇ ਖਰੀਦ ਪ੍ਰਬੰਧਾਂ ਨਾਲ ਜੁੜੇ ਕਿਸੇ ਵੀ ਵਰਗ ਨੂੰ ਕੋਈ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਮੰਡੀਆਂ 'ਚ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਮੰਡੀ ਵਿੱਚ ਆਈ ਕਣਕ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ। ਇਸ ਮੌਕੇ 'ਤੇ ਮਾਰਕੀਟ ਕਮੇਟੀ ਫਿਲੌਰ ਦੇ ਚੇਅਰਮੈਨ ਸੁਖਦੀਪ ਅੱਪਰਾ, ਨਾਇਬ ਤਹਿਸੀਲਦਾਰ ਦਮਨਵੀਰ ਸਿੰਘ, ਰਾਜ ਕੁਮਾਰ, ਬਲਾਕ ਪ੍ਰਧਾਨ ਤਰਸੇਮ ਸਿੰਘ, ਕੋਆਰਡੀਨੇਟਰ ਯੂਥ ਵਿੰਗ ਵੈਭਵ ਸ਼ਰਮਾ, ਸਰਪੰਚ ਜਰਨੈਲ ਸਿੰਘ ਯਾਦਵਿੰਦਰ ਕੁਮਾਰ, ਪੀ.ਏ ਦੀਪਾ ਬਕਾਪੁਰ ਅਤੇ ਹੋਰ ਪਾਰਟੀ ਵਰਕਰ ਹਾਜ਼ਰ ਸਨ।



# ਸਰਕਾਰੀ ਕਾਲਜ ਡੇਰਾ ਬੱਸੀ ਨੇ ਇੰਟਰ ਮੁਕਾਬਲਿਆਂ 'ਚ ਜਿੱਤੀ ਟਰਾਫੀ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**—ਸਰਕਾਰੀ ਕਾਲਜ ਡੇਰਾ ਬੱਸੀ ਦੇ ਵਿਦਿਆਰਥੀਆਂ ਨੇ ਅੰਤਰ-ਕਾਲਜੀ ਫੈਸਟੀਵਲ 'ਹੁਨਰ 2025' ਦੇ ਵੱਖ ਵੱਖ ਮੁਕਾਬਲਿਆਂ ਵਿਚ ਇਨਾਮ ਹਾਸਲ ਕਰਦਿਆਂ 'ਓਵਰਆਲ ਟਰਾਫ਼ੀ' ਜਿੱਤ ਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਖ਼ਾਲਸਾ ਕਾਲਜ (ਅੰਮ੍ਰਿਤਸਰ) ਆਫ਼ ਟੈਕਨੌਲਜੀ ਐਂਡ ਬਿਜ਼ਨੈੱਸ ਸਟੱਡੀਜ਼ ਫੇਜ਼ 3 ਮੋਹਾਲੀ ਵਿਖੇ ਕਰਵਾਏ ਗਏ ਅੰਤਰ-ਕਾਲਜੀ ਫੈਸਟੀਵਲ ਹੁਨਰ 2025 ਵਿਚ ਸਰਕਾਰੀ ਕਾਲਜ ਡੇਰਾ ਬੱਸੀ ਦੇ ਵਿਦਿਆਰਥੀਆਂ ਨੇ ਸਾਹਿਤਕ, ਫਾਈਨ ਆਰਟਸ, ਲੋਕ ਕਲਾ, ਆਈ.ਟੀ. ਤੇ ਮੈਨੇਜਮੈਂਟ ਆਦਿ ਦੇ ਵੱਖ ਵੱਖ ਮੁਕਾਬਲਿਆਂ ਵਿਚ ਭਾਗ ਲਿਆ ਜਿਸ ਵਿਚੋਂ ਮਹਿੰਦੀ, ਮੌਕੇ 'ਤੇ ਚਿੱਤਰਕਾਰੀ, ਐਡ-ਮੈਡ ਸ਼ੋਅ, ਤੇ ਮਿਮਿਕਰੀ ਵਿਚ ਪਹਿਲਾ ਸਥਾਨ ਹਾਸਲ ਕੀਤਾ ਤੇ ਰੰਗੋਲੀ ਤੇ ਵੀਡੀਓ ਮੇਕਿੰਗ ਵਿਚ ਦੂਜਾ ਸਥਾਨ ਹਾਸਲ ਕੀਤਾ। ਸਭ ਤੋਂ ਵੱਧ ਮੁਕਾਬਲਿਆਂ ਵਿਚ ਇਨਾਮ ਹਾਸਲ ਕਰਕੇ ਸਰਕਾਰੀ ਕਾਲਜ ਡੇਰਾ ਬੱਸੀ ਨੇ ਓਵਰਆਲ ਟਰਾਫ਼ੀ ਵੀ ਆਪਣੇ ਨਾਂਅ ਕੀਤੀ।ਪ੍ਰਿੰਸੀਪਲ ਸ੍ਰੀਮਤੀ ਗੀਤਾਂਜਲੀ ਕਾਲੜਾ ਨੇ ਵਿਦਿਆਰਥੀਆਂ ਨੂੰ ਮਿਲ ਕੇ ਉਹਨਾਂ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆ ਭਵਿੱਖ ਲਈ ਵੀ ਸ਼ੁਭ ਕਾਮਨਾਵਾਂ ਦਿੱਤੀਆਂ। ਉਹਨਾਂ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਜਿੱਥੇ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਦੀਆਂ ਹਨ ਉਥੇ ਉਹਨਾਂ ਵਿੱਚ ਆਤਮ-ਵਿਸ਼ਵਾਸ਼ ਵੀ ਪੈਦਾ ਕਰਦੀਆਂ ਹਨ। ਇਸ ਮੌਕੇ ਪ੍ਰੋ. ਆਮੀ ਭੱਲਾ, ਪ੍ਰੋ. ਨਵਜੋਤ ਕੌਰ, ਪ੍ਰੋ. ਰਵਿੰਦਰ ਸਿੰਘ, ਪ੍ਰੋ. ਕਿਰਨਪ੍ਰੀਤ ਕੌਰ, ਪ੍ਰੋ. ਬੋਮਿੰਦਰ ਕੌਰ, ਪ੍ਰੋ. ਸੁਮਿਤਾ ਕਟੋਚ ਤੇ ਪ੍ਰੋ. ਅਵਤਾਰ ਸਿੰਘ ਵੀ ਹਾਜ਼ਰ ਸਨ।



# ਪੰਜਾਬ 'ਚ ਕਿਸਾਨ ਵੱਡੀ ਲਹਿਰ ਖੜ੍ਹੀ ਕਰਨ : ਭੁੱਲਰ

**ਕਾਲਾ ਸੰਘਿਆਂ (ਮਨਜੀਤ ਮਾਨ)**- ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲ੍ਹੇ ਦੀ ਮੀਟਿੰਗ ਭੰਡਾਲ ਬੇਟ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਲਰ ਤੇ ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੰਨਾਮਲ ਨੇ ਕਿਹਾ ਕਿ ਕੇਂਦਰ ਸਰਕਾਰ ਪਿਛਲੇ ਪੰਜ ਸਾਲਾਂ ਤੋਂ ਲਗਾਤਾਰ ਇਹ ਕੋਸ਼ਿਸ਼ ਕਰ ਰਹੀ ਹੈ ਕਿ ਭਾਰਤ ਦਾ ਖੇਤੀ ਸੈਕਟਰ ਤੇ ਪਬਲਿਕ ਸੈਕਟਰ ਕਾਰਪੋਰੇਟ ਦੇ ਹੱਥ ਵਿੱਚ ਦਿੱਤਾ ਜਾਵੇ। ਦੇਸ਼ ਭਰ ਦੇ ਕਿਸਾਨ ਲਗਾਤਾਰ ਇਸ ਦਾ ਵਿਰੋਧ ਕਰਦੇ ਆ ਰਹੇ ਹਨ। ਪੰਜਾਬ ਦੀ ਸੂਬਾ ਸਰਕਾਰ ਕੇਂਦਰ ਦੇ ਨਾਲ ਮਿਲਕੇ ਕਾਰਪੋਰੇਟ ਦੇ ਹੱਕ ਵਿੱਚ ਭੁਗਤ ਰਹੀ ਹੈ। ਇਸ ਕਰਕੇ ਸਾਨੂੰ ਪੰਜਾਬ ਵਿੱਚ ਵੱਡੀ ਕਿਸਾਨ ਲਹਿਰ ਖੜ੍ਹੀ ਕਰਨ ਦੀ ਲੋੜ ਹੈ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਮੀਤ ਪ੍ਰਧਾਨ ਗੁਰਦਿਆਲ ਸਿੰਘ ਬੂਹ,ਜ਼ਿਲ੍ਹਾ ਪ੍ਰੈਸ ਸਕੱਤਰ ਕੁਲਵਿੰਦਰ ਸਿੰਘ ਭੰਡਾਲ ਬੇਟ, ਜ਼ਿਲਾ ਵਿਤ ਸਕੱਤਰ ਬਿਕਰਮ ਜੀਤ ਸਿੰਘ ਭੀਲਾ, ਨਡਾਲਾ ਬਲਾਕ ਪ੍ਰਧਾਨ ਜਗਜੀਤ ਸਿੰਘ ਔਜਲਾ, ਸੁਭਾਨਪੁਰ ਸਰਕਲ ਪ੍ਰਧਾਨ ਗੁਰਬਾਗ ਸਿੰਘ ਤਾਜਪੁਰ, ਮਾ. ਬਲਵੀਰ ਸਿੰਘ, ਬਲਵਿੰਦਰ ਸਿੰਘ, ਕਾਲਾ ਸਿੰਘ ਨੂਰਪੁਰ ਰਾਜਪੂਤਾਂ, ਸੁਰਿੰਦਰ ਸਿੰਘ ਗ਼ਦਰੀ, ਲੁਭਾਇਆ ਸਿੰਘ, ਮਲਕੀਤ ਸਿੰਘ ਧਾਲੀਵਾਲ, ਸੀਤਲ ਸਿੰਘ ਸੰਗੋਜਲਾ, ਭਜਨ ਸਿੰਘ, ਹਰਵਿੰਦਰ ਸਿੰਘ, ਸਾਬੀ ਸੁਰਖਪੁਰ, ਜਸਮੇਲ ਸਿੰਘ, ਕਾਲਾ ਕੋਠੇ ਸਿੰਘ ਵਾਲਾ ਆਦਿ ਹਾਜ਼ਰ ਸਨ।



# ਬਾਬਾ ਸਾਹਿਬ ਨੂੰ ਪੜ੍ਹਨਾ ਜ਼ਰੂਰੀ : ਪ੍ਰੋ. ਅਕਸ਼ੇ ਜਿਲੋਵਾ



**ਬੰਗਾ (ਅਵਤਾਰ ਕਲੇਰ)**

ਡਾ. ਅੰਬੇਡਕਰ ਚੇਤਨਾ ਸੋਸਾਇਟੀ ਬੰਗਾ ਵੱਲੋਂ ਅੰਬੇਡਕਰ ਨਗਰ ਪੂਨੀਆਂ ਦੇ ਖੇਡ ਮੈਦਾਨ 'ਚ ਡਾ. ਅੰਬੇਡਕਰ ਜਾਗਰਤੀ ਮੇਲਾ ਮਨਾਇਆ ਗਿਆ। ਇਸ ਜਾਗਰਤੀ ਮੇਲੇ ਦੀ ਪ੍ਰਧਾਨਗੀ ਪ੍ਰੋਫੈਸਰ ਅਕਸ਼ੇ ਜਿਲੋਵਾ ਜਲੰਧਰ ਵੱਲੋਂ ਕੀਤੀ ਗਈ ਅਤੇ ਪ੍ਰੋਫੈਸਰ ਰਵੀ ਕਾਂਤ ਲਖਨਊ ਯੂਨੀਵਰਸਿਟੀ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪ੍ਰੋਫੈਸਰ ਰਵੀਕਾਂਤ ਨੇ ਕਿਹਾ ਕਿ ਅੱਜ ਦੇਸ਼ ਵਿੱਚ ਦਲਿਤ, ਦੱਬੇ ਕੁੱਚਲੇ, ਮੁਸਲਮਾਨ, ਘੱਟ ਗਿਣਤੀ, ਅਤੇ ਮਸੀਹੀ ਲੋਕਾਂ 'ਤੇ ਹਮਲੇ ਕੀਤੇ ਜਾ ਰਹੇ ਹਨ।ਇਸ ਮੌਕੇ ਵਿਦਿਆਰਥੀਆਂ ਦੇ ਕਰਵਾਏ ਗਏ ਵੱਖ ਵੱਖ ਪ੍ਰਯੋਗੀਤਾਵਾਂ ਦੇ ਨਤੀਜੇ ਐਲਾਨੇ ਗਏ।ਜਿਸ ਅਨੁਸਾਰ ਕੋਰੀਓਗ੍ਰਾਫੀ ਵਿੱਚ ਪਹਿਲਾ ਸਥਾਨ ਸ ਸ ਸ ਸਕੂਲ ਸੂੰਢ, ਦੂਸਰਾ ਇਨਾਮ ਸ ਸ ਸ ਸਕੂਲ ਪੋਸੀ ਅਤੇ ਤੀਸਰਾ ਇਨਾਮ ਸ ਸ ਸ ਸਕੂਲ ਬਾਬਾ ਗੋਲਾ ਨੇ ਜਿੱਤਿਆ ਅਤੇ ਕ੍ਰਮਵਾਰ 3100, 2100 ਅਤੇ 1100 ਰੁਪਏ ਇਨਾਮ ਵਜੋਂ ਜਿੱਤੇ। ਇਸੇ ਤਰ੍ਹਾਂ ਭਾਸ਼ਣ ਮੁਕਾਬਲਿਆਂ ਦੇ ਵਿੱਚ ਨਵਦੀਪ, ਸੁਆਮੀ ਸੰਤ ਦਾਸ ਪਬਲਿਕ ਸਕੂਲ ਫਗਵਾੜਾ ਨੇ ਪਹਿਲਾ, ਜਸਮੀਨ ਸ ਸ ਸ ਸਕੂਲ ਰਾਹੋਂ ਨੇ ਦੂਸਰਾ, ਅਤੇ ਹਰਪ੍ਰੀਤ ਸੀਨੀਅਰ ਸੈਕੈਂਡਰੀ ਸਕੂਲ ਕਰਨਾਣਾ ਅਤੇ ਦੀਮਾਂਸ਼ੂ ਸੇਂਟ ਸੋਲਜਰ ਬੰਗਾ ਨੇ ਸਾਂਝੇ ਤੌਰ ਤੇ ਤੀਸਰਾ ਨਾਮ ਪ੍ਰਾਪਤ ਕੀਤਾ ਅਤੇ ਇਨਾਮ ਜਿੱਤਿਆ।ਭਾਸ਼ਣ ਮੁਕਾਬਲਿਆਂ ਵਿੱਚ ਜੱਜ ਸਾਹਿਬਾਨ ਦੀ ਭੂਮਿਕਾ ਪ੍ਰਿੰਸੀਪਲ ਰਣਜੀਤ ਕੌਰ ਕਰੀਹਾ, ਸਤਨਾਮ ਸਿੰਘ ਸੂੰਨੀ, ਡਾ ਚਰਨਜੀਤ ਖਟਕੜ, ਅਤੇ ਵਿਪਨ ਕੁਮਾਰ ਬੰਗਾ ਨੇ ਕੀਤੀ ਅਤੇ ਕੋਰੀਓਗ੍ਰਾਫੀ ਵਿੱਚ ਜੱਜ ਸਾਹਿਬਾਨ ਦੀ ਭੂਮਿਕਾ ਲੈਕ ਰਾਮ ਲਾਲ ਤੇ ਲੈਕ ਸੁਭਾਸ਼ ਸੱਲਾਂ ਨੇ ਕੀਤੀ। ਇਸੇ ਤਰ੍ਹਾਂ ਪੇਂਟਿੰਗ ਮੁਕਾਬਲਿਆਂ ਦੀ ਜਜਮੈਂਟ ਦੇਸ ਰਾਜ ਨੌਰਦ, ਸੁਰਿੰਦਰ ਮਜਾਰੀ ਅਤੇ ਕੁਲਵਿੰਦਰ ਕਾਹਮਾ ਵੱਲੋਂ ਕੀਤੀ ਗਈ ।ਜਿਸ ਵਿੱਚ ਨਵਜੋਤ ਪਾਲ ਸਿੰਘ ਸੀਨੀਅਰ ਸੈਕੈਂਡਰੀ ਸਕੂਲ ਸੜੋ, ਦਾਮਨ ਕੁਮਾਰ ਸਰਕਾਰੀ ਹਾਈ ਸਕੂਲ ਗੁਣਾਚੌਰ, ਰੁਖਸਾਨਾ ਅਤੇ ਮੋਹਿਤ ਸੀਨੀਅਰ ਸੈਕੈਂਡਰੀ ਸਕੂਲ ਬਾਬਾ ਗੋਲਾ ਨੇ ਸਾਂਝੇ ਤੌਰ 'ਤੇ ਤੀਸਰਾ ਇਨਾਮ ਪ੍ਰਾਪਤ ਕੀਤਾ। ਇਸ ਮੌਕੇ ਡਾ. ਵੇਦ ਪ੍ਰਕਾਸ਼, ਡਾ ਕਸ਼ਮੀਰ ਚੰਦ, ਡਾ ਨਿਰੰਜਨ ਪਾਲ, ਡਾ ਸੁਖਵਿੰਦਰ ਹੀਰਾ, ਡਾ. ਅਮਰੀਕ ਸਿੰਘ, ਡਾ. ਧਰਮਪਾਲ, ਡਾ. ਓਕਾਰ ਸਿੰਘ, ਡਾ. ਮਨੋਹਰ ਲਾਲ, ਪ੍ਰਿੰਸੀਪਲ ਰਣਜੀਤ ਕੌਰ ਕਰੀਹਾ, ਡਾ. ਚਰਨਜੀਤ ਖਟਕੜ, ਲੈਕ ਕੁਲਵਿੰਦਰ ਸਿੰਘ, ਲੈਕ ਬਲਿਹਾਰ ਸਿੰਘ, ਲੈਕ ਸੁਰਜੀਤ ਸੈਂਪਲੇ, ਲੈਕ ਰਾਮ ਕ੍ਰਿਸ਼ਨ, ਡਾਕਟਰ ਜਸਵਿੰਦਰ ਰੱਲ, ਮੁੱਖ ਅਧਿਆਪਕ ਅਮਨਪ੍ਰੀਤ ਸਿੰਘ ਜੌਹਰ, ਰਕੇਸ਼ ਕੁਮਾਰ ਗੰਗੜ, ਬਲਦੀਸ਼ ਲਾਲ, ਸੰਦੀਪ ਬਾਲੀ, ਸੰਦੇਸ਼ ਦੀਵਾਨ, ਅਮਰ ਕਟਾਰੀਆ, ਰਾਜ ਭਟੋਆ, ਹਰਜਿੰਦਰ ਲੱਧੜ, ਲਖਬੀਰ ਬੀਸਲਾ, ਰਾਮਜੀਤ ਮੱਲਾ ਆਦਿ ਹਾਜ਼ਰ ਸਨ।

# ਡਾਕਟਰ ਅੰਬੇਡਕਰ ਦਾ ਜਨਮ ਦਿਵਸ ਬੜੀ ਸ਼ਰਧਾ ਨਾਲ ਮਨਾਇਆ

**ਮਹਿਤਪੁਰ (ਰਾਜਾ)**

ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਜੀ ਦਾ ਜਨਮ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਹਿਤਪੁਰ ਵਿਖੇ ਮਨਾਇਆ ਗਿਆ । ਪ੍ਰਬੰਧਕ ਕਮੇਟੀ ਵੱਲੋ ਦਿੱਤੇ ਗਏ ਸਮੇਂ ਅਨੁਸਾਰ ਸਵੇਰੇ ਪਹਿਲਾ ਚੇਤਨਾ ਮਾਰਚ ਕੱਢਿਆ ਗਿਆ, ਜੋ ਡਾਕਟਰ ਅੰਬੇਡਕਰ ਭਵਨ ਇਸਮਾਈਲਪੁਰ ਰੋਡ ਮਹਿਤਪੁਰ ਤੋਂ ਸ਼ੁਰੂ ਹੋ ਕੇ ਵੱਖ ਵੱਖ ਮੁੱਹਲਿਆਂ ਗਲੀਆਂ ਵਿੱਚੋਂ ਪ੍ਰਕਰਮਾਂ ਕਰਦਾ ਹੋਇਆ ਡਾਕਟਰ ਅੰਬੇਡਕਰ ਚੌਕ ਮਹਿਤਪੁਰ ਵਿਖੇ ਸਮਾਪਤ ਹੋਇਆ । ਬਾਲਯੋਗੀ ਸੰਤ ਪ੍ਰਗਟ ਨਾਥ ਰਹੀਮਪੁਰ,ਸੰਤ ਗੁਰਦਿਤਾ ਗਿਰ , ਸੰਤ ਤੈਲਾਸ਼ ਗਿਰ, ਬਾਬਾ ਸੰਗਤ ਨਾਥ ਵੱਲੋਂ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਚੌਕ ਅਤੇ ਪ੍ਰਤਿਮਾ ਦਾ ਉਦਘਾਟਨ ਕੀਤਾ ਗਿਆ ਅਤੇ ਨਗਰ ਪੰਚਾਇਤ ਦੇ ਪ੍ਰਧਾਨ ਰਮੇਸ਼ ਮਹੇ, ਉਪ ਪ੍ਰਧਾਨ ਮਹਿੰਦਰ ਪਾਲਸਿੰਘ ਟੂਰਨਾ, ਕੌਂਸਲਰ ਕਮਲ ਕਿਸ਼ੋਰ, ਅਸ਼ਵਨੀ ਧਾਰੀਵਾਲ, ਗੁਰਵਿੰਦਰ ਸਿੰਘ, ਡਾਕਟਰ ਅਮਰਜੀਤ ਸਿੰਘ, ਸਾਬਕਾ ਪ੍ਰਧਾਨ ਰਮੇਸ਼ ਵਰਮਾ, ਕੈਪਟਨ ਰਾਜਵਿੰਦਰ ਸ਼ਰਮਾ, ਡਾਕਟਰ ਸੋਮ ਨਾਥ, ਕਮਲ ਹੀਰ, ਸੀਨੀਅਰ ਉਪ ਪ੍ਰਧਾਨ ਸਰਵਣ ਸਹੋਤਾ, ਤਰਲੋਕ ਸਹੋਤਾ ਉਪ ਪ੍ਰਧਾਨ, ਦਿਲਪ੍ਰੀਤ ਸ਼ਾਹਕੋਟ, ਸੱਤਪਾਲ ਸ਼ਾਹਕੋਟ ਅਤੇ ਹੋਰ ਸ਼ਖਸ਼ੀਅਤਾਂ ਨੇ ਬਾਬਾ ਸਾਹਿਬ ਜੀ ਦੀ ਪ੍ਰਤਿਮਾ ਅੱਗੇ ਨਤਸਮਤਕ ਹੋਏ। ਸੰਗਤਾਂ ਨੇ ਜੈ ਭੀਮ ਜੈ ਭਾਰਤ ਜੈ ਸੰਵਿਧਾਨ ਦੇ ਜੈਕਾਰੇ ਲਗਾਏ। ਡਾ. ਅੰਬੇਦਕਰ ਦੇ ਜਨਮ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਐਮ ਪੀ ਸਿੰਘ ਗੁਰਾਇਆ, ਸ਼ਿਵ ਪ੍ਰਕਾਸ਼ ਧੀਮਾਨ, ਕਾਮਰੇਡ ਨਿਰਮਲ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਪ੍ਰਸ਼ੋਤਮ ਸੌਂਧੀ, ਸੁਖਰਾਮ ਚੌਹਾਨ, ਸਰਬਣ ਸਿੰਘ ਸੱਗੂ, ਸਤਪਾਲ ਸਹੋਤਾ, ਸਰਵਨ ਗਿੱਲ ਪੰਜਾਬ ਪ੍ਰਧਾਨ, ਕੌਂਸਲਰ ਕ੍ਰਾਂਤੀਜੀਤ ਸਿੰਘ, ਸੰਤ ਤੈਲਾਸ਼ ਗਿਰ, ਅਵਤਾਰ ਸਿੰਘ ਬੰਟੀ ਆਦਿ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਜੀ ਦੇ ਜੀਵਨ ਉਪਰ ਚਾਨਣਾ ਪਾਇਆ ਅਤੇ ਵਧਾਈਆਂ ਦਿੱਤੀਆਂ । ਇਸ ਮੌਕੇ ਮਾਸਟਰ ਹਰਬੰਸ ਲਾਲ, ਕਸ਼ਮੀਰੀ ਲਾਲ, ਜੌਨੀ ਮਹੇ, ਹਨੀ ਸਰਪੰਚ, ਸੰਜੀਵ ਕੁਮਾਰ ਸੋਨੂੰ, ਸਾਬੀ ਧਾਰੀਵਾਲ, ਮਨਿੰਦਰ ਸਹਿਗਲ, ਨੰਬਰਦਾਰ ਗਗਨ ਮਾਨ, ਦੀਪਾ ਪ੍ਰਧਾਨ, ਹਰਬੰਸ ਲਾਲ, ਪ੍ਰਸ਼ੋਤਮ ਲਾਲ, ਕਰਮਜੀਤ ਸਿੰਘ, ਸੰਨੀ ਸੱਭਰਵਾਲ, ਜੱਸੀ ਸ਼ਾਹਕੋਟ, ਪਵਨ ਪ੍ਰਧਾਨ, ਰਜਿੰਦਰ ਚੌਹਾਨ, ਕਮਲ ਚੌਹਾਨ, ਸੋਨੂੰ ਚੌਹਾਨ, ਗੁਰਦੇਵ ਸਿੰਘ, ਕਮਲਜੀਤ ਸਿੰਘ, ਰਿੰਕੂ ਸ਼ਾਹਕੋਟ, ਅਮਿਤ ਉਪਲ, ਸੰਜੀਵ ਵਰਮਾ, ਓਮ ਪ੍ਰਕਾਸ਼ ਆਦਿ ਹਾਜਰ ਸਨ।



# ਥਾਣੇ 'ਚ ਸਰਬੱਤ ਦੇ ਭਲੇ ਲਈ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



**ਫਿਲੌਰ, (ਨਿਰਮਲ)**- ਬੀਤੇ ਦਿਨੀਂ ਨਜ਼ਦੀਕੀ ਪਿੰਡ ਨੰਗਲ ਵਿਖੇ ਬਾਬਾ ਸਾਹਿਬ ਜੀ ਦੇ ਬੁੱਤ ਤੇ ਕੁੱਝ ਸ਼ਰਾਰਤੀ ਅਨਸਰਾਂ ਵੱਲੋਂ ਅਪਸ਼ਬਦ ਲਿੱਖੇ ਗਏ ਸਨ ਜਿਸ ਕਾਰਨ ਫਿਲੌਰ ਇਲਾਕੇ 'ਚ ਮਾਹੌਲ ਬਹੁਤ ਤਣਾਅ ਪੂਰਨ ਹੋ ਗਿਆ ਸੀ। ਪਰ ਫਿਲੌਰ ਪੁਲਸ ਦੇ ਡੀ ਐਸ ਪੀ ਸਰਵਣ ਸਿੰਘ ਬੱਲ ਅਤੇ ਥਾਣਾ ਮੁਖੀ ਫਿਲੌਰ ਸੰਜੀਵ ਕਪੂਰ ਦੀ ਟੀਮ ਵੱਲੋਂ ਸ਼ਰਾਰਤੀ ਅਨਸਰਾਂ ਖਿਲਾਫ਼ ਕਾਰਵਾਈ ਕਰਦੇ ਹੋਏ ਦੋਸ਼ੀਆਂ ਨੂੰ ਕਾਬੂ ਕਰ ਲਿਆ ਗਿਆ। ਪੁਲਸ ਵੱਲੋਂ ਇਸ ਮਾਮਲੇ ਨੂੰ ਸਫਲਤਾ ਪੂਰਵਕ ਹੱਲ ਕਰਨ ਤੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਦੇ ਹੋਏ ਥਾਣਾ ਫਿਲੌਰ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸਰਵਣ ਸਿੰਘ ਬੱਲ ਅਤੇ ਸੰਜੀਵ ਕਪੂਰ ਨੇ ਕਿਹਾ ਕਿ ਇਸ ਸਫਲਤਾ 'ਚ ਇਲਾਕੇ ਦੇ ਲੋਕਾਂ ਦਾ ਪੂਰਨ ਸਾਥ ਰਿਹਾ ਹੈ। ਉਨ੍ਹਾਂ ਅਪੀਲ ਕੀਤੀ ਕਿ ਇਲਾਕੇ ਦੇ ਲੋਕ ਇਸੇ ਤਰ੍ਹਾਂ ਉਨ੍ਹਾਂ ਦਾ ਸਹਿਯੋਗ ਦੇਣ ਤਾਂ ਅਸੀਂ ਇਲਾਕੇ ਵਿੱਚੋਂ ਨਸ਼ਾ ਅਤੇ ਸ਼ਰਾਰਤੀ ਅਨਸਰਾਂ ਨੂੰ ਦੂਰ ਰੱਖਣ 'ਚ ਕਾਮਯਾਬ ਹੋਵਾਂਗੇ। ਇਸ ਮੌਕੇ ਥਾਣੇਦਾਰ ਪਰਮਜੀਤ ਸਿੰਘ, ਵਿਜੈ ਕੁਮਾਰ, ਕੌਂਸਲਰ ਯਸ਼ਪਾਲ ਖਿੰਡਾ, ਰਾਜ ਕੁਮਾਰ ਸੰਧੂ ਕੌਂਸਲਰ ਅਤੇ ਹੋਰ ਹਾਜ਼ਰ ਸਨ।

# ਆਂਗਣਵਾੜੀ ਵਿਭਾਗ ਨੇ ਪੋਸ਼ਣ ਪੱਖਵਾੜਾ ਮਨਾਇਆ

**ਬੁੱਲ੍ਹੋਵਾਲ, (ਵਿਰਦੀ)** ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰੋਗ੍ਰਾਮ ਅਫਸਰ ਹੁਸ਼ਿਆਰਪੁਰ-1 ਤੇ ਸੀ ਡੀ ਪੀ ਓ ਮੈਡਮ ਸ੍ਰੀਮਤੀ ਰਾਵਿੰਦਰ ਕੌਰ ਦੀ ਅਗਵਾਈ ਹੇਠ ਸਰਕਲ ਸੁਪਰਵਾਈਜਰ ਮੈਡਮ ਸ੍ਰੀਮਤੀ ਸ਼ਰਮੀਲਾ ਰਾਣੀ ਬਲਾਕ ਹੁਸ਼ਿਆਰਪੁਰ-1 ਸਰਕਲ ਲਾਚੋਵਾਲ ਵਿੱਚ ਪੈਂਦੇ ਪਿੰਡ ਗੀਗਨੋਵਾਲ ਵਿਖੇ ਪੋਸ਼ਣ ਪਖਵਾੜਾ ਜੋ 8 ਅਪ੍ਰੈਲ ਤੋਂ 15 ਅਪ੍ਰੈਲ ਤੱਕ ਮਨਾਇਆ ਗਿਆ, ਦੇ ਸਮਾਪਤੀ ਸਮਾਰੋਹ ਵਿੱਚ ਆਂਗਨਵਾੜੀ ਵਰਕਰ ਰਸ਼ਪਾਲ ਕੌਰ ਵੱਲੋਂ ਪਿੰਡ ਤੋਂ ਆਈਆਂ ਹੋਈਆਂ ਔਰਤਾਂ ਦਾ ਸਵਾਗਤ ਕੀਤਾ ਗਿਆ। ਪੋਸ਼ਣ ਪਖਵਾੜਾ ਦੇ ਚਲਦਿਆਂ ਸਰਕਲ ਲਾਚੋਵਾਲ ਦੇ ਆਂਗਨਵਾੜੀ ਵਰਕਰਾਂ ਵਲੋਂ ਵੱਖ ਵੱਖ ਗਤੀਵਿਧੀਆਂ ਕੀਤੀਆਂ ਜਿਨਾਂ ਵਿੱਚ ਉਹਨਾਂ ਨੇ ਕੋਸ਼ਿਸ਼ ਕੀਤੀ ਹੈ ਕਿ ਕੁਪੋਸ਼ਣ ਨੂੰ ਜੜ੍ਹੋਂ ਖਤਮ ਕਰਨਾ ਹੈ ਅਤੇ ਪੋਸ਼ਣ ਨੂੰ ਵਧਾਉਣਾ ਹੈ। ਉਹਨਾਂ ਕਿਹਾ ਕਿ ਔਰਤਾਂ ਬੱਚਿਆਂ ਨੂੰ ਛੇ ਮਹੀਨੇ ਤੱਕ ਆਪਣਾ ਹੀ ਦੁੱਧ ਪਿਲਾਉਣ, ਦੁੱਧ ਤੋਂ ਇਲਾਵਾ ਕੁਝ ਵੀ ਨਾ ਦੇਣ। ਮੈਡਮ ਰਾਣੀ ਨੇ ਕਿਹਾ ਕਿ ਘੱਟ ਲਾਗਤ ਵਿਚ ਬਣਨ ਵਾਲੇ ਪੌਸ਼ਟਿਕ ਭੋਜਨ ਜਿਵੇਂ ਘੀਆ ਦਾ ਹਲਵਾ, ਪੁੰਗਰੀਆਂ ਹੋਈਆਂ ਦਾਲਾਂ ਬਣਾ ਕੇ ਆਪਣੇ ਬੱਚਿਆਂ ਨੂੰ ਖਿਲਾ ਸਕਦੇ ਹਾਂ। ਇਸ ਪੋਸ਼ਣ ਪਖਵਾੜਾ ਦੇ ਸਮਾਪਤੀ ਸਮਾਰੋਹ ਵਿੱਚ ਸਕੂਲ ਅਧਿਆਪਕ ,ਆਸ਼ਾ ਵਰਕਰ ਤੇ ਸਕੂਲ ਦੇ ਬੱਚਿਆਂ ਵੱਲੋਂ ਭਾਗ ਲਿਆ ਗਿਆ।



# ਸ਼ਿਵ ਸ਼ਕਤੀ ਮਾਤਾ ਮੰਦਰ ਕਮੇਟੀ ਨੇ ਗੁਰਦੀਪ ਸਿੰਘ ਕੰਗ ਨੂੰ ਕੀਤਾ ਸਨਮਾਨਤ



**ਫਗਵਾੜਾ (ਡਾ. ਰਮਨ)**

ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਨਵ ਨਿਯੁਕਤ ਸੂਬਾ ਸਕੱਤਰ ਗੁਰਦੀਪ ਸਿੰਘ ਕੰਗ ਨੇ ਸ਼ਿਵ ਸ਼ਕਤੀ ਮਾਤਾ ਮੰਦਿਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ ਨਤਮਸਤਕ ਹੋ ਕੇ ਮਾਤਾ ਰਾਣੀ ਦਾ ਅਸ਼ੀਰਵਾਦ ਲਿਆ ਮੰਦਰ ਪ੍ਰਬੰਧਕ ਕਮੇਟੀ ਮੈਂਬਰਾਂ ਨੇ ਗੁਲਦਸਤਾ ਭੇਂਟ ਕਰਕੇ ਕੰਗ ਦਾ ਸਵਾਗਤ ਕੀਤਾ ਅਤੇ ਕਮੇਟੀ ਪ੍ਰਧਾਨ ਚੰਚਲ ਸੇਠ ਦੀ ਅਗਵਾਈ ਹੇਠ ਸਨਮਾਨ ਵਜੋਂ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਭੇਂਟ ਕੀਤਾ ਗਿਆ। ਕਮੇਟੀ ਪ੍ਰਧਾਨ ਚੰਚਲ ਸੇਠ ਨੇ ਦੱਸਿਆ ਕਿ ਗੁਰਦੀਪ ਸਿੰਘ ਕੰਗ ਪੂਰੀ ਤਰ੍ਹਾਂ ਨਾਲ ਸਮਾਜ ਸੇਵਾ ਨੂੰ ਸਮਰਪਿਤ ਹਨ। ਹਰੇਕ ਮਹੀਨੇ ਉਹ ਮੰਦਿਰ ਵਿਖੇ 20 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਵੀ ਕਰਦੇ ਹਨ। ਕੌਂਸਲ ਦੇ ਫਗਵਾੜਾ ਪ੍ਰਧਾਨ ਵਜੋਂ ਉਹਨਾਂ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਦੇਖਦੇ ਹੋਏ ਕੌਮੀ ਪ੍ਰਧਾਨ ਆਰਤੀ ਰਾਜਪੂਤ ਨੇ ਉਹਨਾਂ ਨੂੰ ਪੰਜਾਬ ਸਕੱਤਰ ਦੀ ਮਹੱਤਵਪੂਰਨ ਜ਼ਿੰਮੇਵਾਰੀ ਦਿੱਤੀ ਹੈ, ਉਸ ਨੂੰ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਕਮੇਟੀ ਸਕੱਤਰ ਕਿੱਟੀ ਬਸਰਾ, ਲਾਇਨਜ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਕੈਸ਼ੀਅਰ ਲਾਇਨ ਅਜੇ ਕੁਮਾਰ ਤੋਂ ਇਲਾਵਾ ਹਿਊਮਨ ਰਾਈਟਸ ਕੌਂਸਲ ਦੇ ਨਵ ਨਿਯੁਕਤ ਫਗਵਾੜਾ ਪ੍ਰਧਾਨ ਸਤਵਿੰਦਰ ਸਿੰਘ ਭੰਮਰਾ ਆਦਿ ਹਾਜਰ ਸਨ।

# ਬਾਬਾ ਸਾਹਿਬ ਦੇ ਜੀਵਨ ਤੋਂ ਸੇਧ ਲੈਣ ਦੀ ਲੋੜ : ਮੋਮੀ

**ਟਾਂਡਾ ਉੜਮੁੜ(ਓਂਕਾਰ ਸਿੰਘ, ਜਸਵਿੰਦਰ ਸੰਧੂ )**

ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਦਕਰ ਜੀ ਨੇ ਜਿੱਥੇ ਆਪਣਾ ਸਾਰਾ ਜੀਵਨ ਦੱਬੇ ਕੁਚਲੇ ਲੋਕਾਂ ਦੇ ਜੀਵਨ ਨੂੰ ਉੱਚਾ ਚੁੱਕਣ ਲਈ ਲਾਇਆ ਉੱਥੇ ਉਹਨਾਂ ਨੇ ਸਭ ਤੋਂ ਵੱਧ ਪੜ੍ਹਾਈ ਕਰਕੇ ਦੇਸ਼ ਦੇ ਪਹਿਲੇ ਕਾਨੂੰਨ ਮੰਤਰੀ ਬਣਨ ਦਾ ਵੀ ਮਾਣ ਪ੍ਰਾਪਤ ਕੀਤਾ। ਇਹਨਾਂ ਗੱਲਾਂ ਦਾ ਪ੍ਰਗਟਾਵਾ ਐਸ ਸੀ ਸਮਾਜ ਦੇ ਸੀਨੀਅਰ ਆਗੂ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਦਲਿਤ ਅਕਾਲੀ ਆਗੂ ਸਰਬਜੀਤ ਸਿੰਘ ਮੋਮੀ ਨੇ ਬਾਬਾ ਸਾਹਿਬ ਜੀ ਦੇ ਜਨਮ ਦਿਨ ਮੌਕੇ ਉਹਨਾਂ ਨੂੰ ਫੁੱਲ ਮਾਲਾਵਾਂ ਭੇਟ ਕਰਨ ਉਪਰੰਤ ਕੀਤਾ। ਉਹਨਾਂ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਨੇ ਦੇਸ਼ ਦੇ ਪਛੜੇ ਵਰਗ ਨੂੰ ਉੱਚਾ ਚੁੱਕਿਆ ਹੈ ਅਤੇ ਬਾਬਾ ਸਾਹਿਬ ਨੇ ਸਾਰੀਆਂ ਨੂੰ ਬਰਾਬਰ ਦੇ ਹੱਕ ਦਿੱਤੇ ਹਨ। ਉਹਨਾਂ ਕਿਹਾ ਕਿ ਇਹ ਬਾਬਾ ਸਾਹਿਬ ਦੀ ਹੀ ਬਦੌਲਤ ਹੈ ਕਿ ਅੱਜ ਹਰ ਕੋਈ ਬਿਨਾਂ ਭੇਦ ਭਾਵ ਦੇ ਕੋਈ ਡਾਕਟਰ ,ਵਕੀਲ, ਜੱਜ ,ਪੁਲਸ ਅਫਸਰ, ਬਣ ਰਹੇ ਹਨ ਅਤੇ ਹਰ ਕੋਈ ਉੱਚ ਸਿੱਖਿਆ ਪ੍ਰਾਪਤ ਕਰ ਸਕਦਾ ਹੈ ਤੇ ਉੱਚਾ ਮੁਕਾਮ ਹਾਸਿਲ ਕਰ ਸਕਦਾ ਹੈ । ਸਾਨੂੰ ਉਨਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ 'ਤੇ ਅਮਰਜੀਤ ਕਲਸੀਆ ਰਲਣ ਐਸਸੀ ਸਮਾਜ ਦੇ ਲੀਡਰ ਡਾਕਟਰ ਜਸਪਾਲ ਸਿੰਘ ਲੋਧੀ ਚੱਕ, ਰਤਨ ਸਿੰਘ ਖੁੱਡਾ ਬਲਾਕ ਸੰਮਤੀ ਮੈਂਬਰ, ਸੁਰਜੀਤ ਲਾਲ ਹੀਰਾ ਸਾਬਕਾ ਸਰਪੰਚ, ਕੁਲਵਿੰਦਰ ਸਿੰਘ ਮੂਨਕ ਕਲਾਂ, ਅਮਰੀਕ ਸਿੰਘ ਸੋਡੀ ਮਹਿਮੀ ,ਕੁਲਜੀਤ ਸਿੰਘ ਲੱਕੀ, ਮਨਜੀਤ ਸਿੰਘ ਬਬਲੂ ,ਹਿੰਮਤ ਸਿੰਘ ਭਾਰਦਵਾਜ ,ਜਸਵੰਤ ਸਿੰਘ ਲਾਡੀ ਗੋਮਰਾ, ਦਵਿੰਦਰ ਸਿੰਘ ਗੋਮਰਾ, ਗੁਰਿੰਦਰ ਸਿੰਘ ਅਨੂ ਗੋਮਰਾ, ਠਾਣੇਦਾਰ ਧਰਮ ਸਿੰਘ, ਹਰਨਾਮ ਸਿੰਘ, ਕੈਪਟਨ ਕਰਮ ਸਿੰਘ, ਮਨਪ੍ਰੀਤ ਸਿੰਘ ਬੁੱਢੀ ਪਿੰਡ, ਤੋਂ ਇਲਾਵਾ ਹੋਰ ਦਲਿਤ ਸਮਾਜ ਦੇ ਕਈ ਆਗੂ ਹਾਜ਼ਰ ਸਨ।



# ਨਾਨੋਵਾਲ ਵਿਖੇ ਮਮਤਾ ਦਿਵਸ ਮਨਾਇਆ



**ਬਲਾਚੌਰ (ਜਸਵਿੰਦਰ ਬੈਂਸ)**—ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਚਾਂਦਪੁਰੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਸੜੋਆ ਡਾਕਟਰ ਨਵਰੀਤ ਕੌਰ ਦੀ ਅਗਵਾਈ ਹੇਠ ਆਂਗਣਵਾੜੀ ਸੈਂਟਰ ਨਾਨੋਵਾਲ ਵਿਖੇ ਮਮਤਾ ਦਿਵਸ ਮਨਾਇਆ ਗਿਆ। ਜਿਸ ਦੌਾਨ ਸਿਹਤ ਵਿਭਾਗ ਦੇ ਕਰਮਚਾਰੀ ਕਰਾਂਤੀ ਪਾਲ ਸਿੰਘ ਰੌੜੀ ਜਸਵਿੰਦਰ ਕੌਰ ਵੱਲੋਂ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਗਿਆ ਅਤੇ ਜਣੇਪਾ ਸਰਕਾਰੀ ਹਸਪਤਾਲ ਵਿਚ ਕਰਾਉਣ ਲਈ ਪ੍ਰੇਰਿਤ ਕੀਤਾ ਅਤੇ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਜਾਗਰੂਕ ਕੀਤਾ ਅਤੇ ਮਲੇਰੀਆ ਡੇਂਗੂ ਸਵਾਇਨ ਫਲੂ ਦੇ ਲੱਛਣਾਂ ਅਤੇ ਬਚਾਓ ਸਬੰਧੀ ਜਾਣਕਾਰੀ ਦਿੱਤੀ ਅਤੇ ਗਰਮੀਆਂ ਦੇ ਮੌਸਮ ਵਿਚ ਲੂਅ ਤੋਂ ਬਚਾਓ ਲਈ ਅਤੇ ਆਭਾ ਹੈਲਥ ਕਾਰਡ ਬਣਾਉਣ ਲਈ ਅਤੇ ਸਰਕਾਰ ਵਲੋਂ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਲਾਭ ਉਠਾਉਣ ਲਈ ਜਾਗਰੂਕ ਕੀਤਾ ਅਤੇ ਸੀ ਐਚ ਓ ਕਵਿਤਾ ਵਲੋਂ ਬਲੱਡ ਪਰੈਸਰ ਅਤੇ ਸੂਗਰ ਦੀਆਂ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸਰਪੰਚ ਬਲਦੇਵ ਰਾਜ ਆਂਗਣਵਾੜੀ ਵਰਕਰ ਪ੍ਰਵੇਸ਼ ਪੂਨਾ ਹੈਲਪਰ ਸੁਨੀਤਾ ਰਾਣੀ ਆਸ਼ਾ ਵਰਕਰ ਰੀਨਾ ਰਾਣੀ ਅਤੇ ਪਿੰਡ ਵਾਸੀ ਹਾਜਰ ਸਨ।

# ਬੇਗਮਪੁਰਾ ਟਾਈਗਰ ਫੋਰਸ ਨੇ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਨਜ਼ਦੀਕੀ ਪਿੰਡ ਸ਼ੇਰਗੜ੍ਹ ਵਿਖੇ ਬੇਗਮਪੁਰਾ ਟਾਈਗਰ ਫੋਰਸ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ ਤੇ ਰਾਜ ਕੁਮਾਰ ਬੱਧਣ ਦੀ ਪ੍ਰਧਾਨਗੀ ਹੇਠ ਭਾਰਤੀ ਸੰਵਿਧਾਨ ਦੇ ਨਿਰਮਾਤਾ, ਉੱਘੇ ਸਿਆਸਤਦਾਨ, ਮਹਾਨ ਸਮਾਜ ਸੁਧਾਰਕ ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਦਕਰ ਜੀ ਦਾ 134ਵੇਂ ਜਨਮ ਦਿਵਸ ਮੌਕੇ ਬੱਚਿਆਂ ਨੂੰ ਕਾਪੀਆਂ ਅਤੇ ਪੈਨ ਦੇ ਕੇ ਮਨਾਇਆ ਗਿਆ। ਇਸ ਸਮਾਗਮ ਵਿੱਚ ਥਾਣਾ ਸਦਰ ਦੇ ਐਸ ਐਚ ਓ ਇੰਸਪੈਕਟਰ ਸੋਮਨਾਥ ਅਤੇ ਪਿੰਡ ਦੇ ਸਰਪੰਚ ਕਾਲਾ ਆਦਿ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਫੋਰਸ ਦੇ ਆਗੂਆਂ ਵਲੋਂ ਡਾ ਭੀਮ ਰਾਓ ਅੰਬੇਦਕਰ ਸਾਹਿਬ ਜੀ ਦੀ ਮੂਰਤੀ 'ਤੇ ਫੁੱਲਾਂ ਦੇ ਹਾਰ ਪਾ ਕੇ ਖੁਸ਼ੀ ਜਾਹਰ ਕੀਤੀ। ਉਹਨਾਂ ਕਿਹਾ ਕਿ ਡਾ ਭੀਮ ਰਾਓ ਅੰਬੇਦਕਰ ਜੀ ਐਸ ਸੀ ਸਮਾਜ ਦੇ ਰਹਿਬਰ ਹਨ ਜਿਨ੍ਹਾਂ ਨੇ ਪਛੜੇ ਅਤੇ ਦੱਬੇ ਕੁਚਲੇ ਲੋਕਾਂ ਨੂੰ ਅੱਗੇ ਵੱਧਣ ਦਾ ਮੌਕਾ ਦਿੱਤਾ। ਉਨ੍ਹਾਂ ਸੰਵਿਧਾਨ ਮੁਤਾਬਕ ਹਰ ਵਰਗ ਤੇ ਹਰ ਸਮਾਜ ਨੂੰ ਬਰਾਬਰਤਾ ਦਾ ਅਧਿਕਾਰ ਲੈ ਕੇ ਦਿੱਤਾ। ਉਹਨਾਂ ਕਿਹਾ ਕਿ ਜੇਕਰ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਪੂਰਾ ਕਰਨਾ ਹੈ ਤਾਂ ਆਪਣੇ ਬੱਚਿਆਂ ਨੂੰ ਵਿਦਿਆ ਤੋਂ ਵੰਚਿਤ ਨਾ ਰਹਿਣ ਦਿਓ। ਉਹਨਾਂ ਐਸ ਸੀ ਸਮਾਜ ਨੂੰ ਅਪੀਲ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਜੀ ਦਾ ਸਟੈਚੂ ਹਰ ਇੱਕ ਪਿੰਡ ਵਿਚ ਲਾਇਆ ਜਾਵੇ ! ਥਾਣਾ ਸਦਰ ਦੇ ਐਸ ਐਚ ਓ ਇੰਸਪੈਕਟਰ ਸੋਮਨਾਥ ਅਤੇ ਪਿੰਡ ਸ਼ੇਰਗੜ੍ਹ ਦੇ ਸਰਪੰਚ ਕਾਲਾਂ ਨੇ ਦੇਸ਼ ਵਾਸੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਹਰ ਇੱਕ ਮਨੁੱਖ ਨੂੰ ਬਾਬਾ ਸਾਹਿਬ ਜੀ ਦੇ ਦਰਸਾਏ ਹੋਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰੀ ਮਾਸਟਰ, ਚੇਲੇ ਡਾਕਟਰ ਸ਼ੇਰਗੜ੍ਹ, ਸਾਜਨ ਸ਼ੇਰਗੜ੍ਹ, ਜਸ ਸ਼ੇਰਗੜ੍ਹ, ਹੈਪੀ ਸ਼ੇਰਗੜ੍ਹ, ਕਰਨ ਸ਼ੇਰਗੜ੍ਹ, ਗੋਰਾ ਸ਼ੇਰਗੜ੍ਹ, ਮੰਗਾ ਸ਼ੇਰਗੜ੍ਹ, ਜਗਦੀਸ਼, ਮਾਸਟਰ ਦਲਵੀਰ ਸ਼ੇਰਗੜ੍ਹ, ਅਵਿਨਾਸ਼ ਸਿੰਘ ਸ਼ੇਰਗੜ੍ਹ, ਮੇਸ਼ੀ ਸ਼ੇਰਗੜ੍ਹ, ਹੀਰਾ ਕਨੇਡਾ ਵਾਲਾ, ਕਿੰਦਾ ਕਨੇਡਾ ਵਾਲਾ ਹਰਭਜਨ ਲਾਲ ਸ਼ੇਰਗੜ੍ਹ ਆਦਿ ਹਾਜ਼ਰ ਸਨ।



# ਪਹਿਲਵਾਨ ਲੜਕੀਆਂ ਨੇ ਸੂਬਾ ਪੱਧਰੀ ਕੁਸ਼ਤੀ ਮੁਕਾਬਲਿਆਂ 'ਚ ਗੋਲਡ ਤੇ ਕਾਂਸੀ ਦੇ ਮੈਡਲ ਜਿੱਤੇ

**ਬੰਗਾ (ਅਵਤਾਰ ਕਲੇਰ)**

ਬੀਤੇ ਦਿਨੀਂ ਹੋਈਆਂ ਵੱਖ ਵੱਖ ਸੂਬਾ ਪੱਧਰੀ ਕੁਸ਼ਤੀ ਚੈਂਪੀਅਨਸ਼ਿੱਪਾਂ ਵਿਚੋਂ ਪਿੰਡ ਬਾਹੜੋਵਾਲ ਵਿਚ ਚੱਲਦੇ ਕੁਸ਼ਤੀ ਅਖਾੜੇ ਸ੍ਰੀ ਗੁਰੂ ਹਰਗੋਬਿੰਦ ਸਪੋਰਟਸ ਕਲੱਬ ਦੇ ਪਹਿਲਵਾਨ ਲੜਕੀ ਪਹਿਲਵਾਨ ਹੇਜ਼ਲ ਕੌਰ ਨੇ ਇੱਕ ਗੋਲਡ ਮੈਡਲ ਅਤੇ ਪਹਿਲਵਾਨ ਮਨਪ੍ਰੀਤ ਕੌਰ ਇੱਕ ਕਾਂਸੀ ਦਾ ਮੈਡਲ ਜਿੱਤ ਕੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਦਾ ਨਾਂਅ ਰੋਸ਼ਨ ਕੀਤਾ ਹੈ। ਇਹਨਾਂ ਜੇਤੂ ਪਹਿਲਵਾਨ ਲੜਕੀਆਂ ਦਾ ਸਨਮਾਨ ਮੁੱਖ ਮਹਿਮਾਨ ਬਲਦੇਵ ਸਿੰਘ ਮਾਨ ਗੁਣਾਚੌਰ ਨੇ ਕੀਤਾ । ਉਹਨਾਂ ਨੇ ਜੇਤੂ ਪਹਿਲਵਾਨ ਲੜਕੀਆਂ ਦੀ ਹੌਂਸਲਾ ਅਫਜਾਈ ਕਰਦੇ ਹੋਏ ਉਹਨਾਂ ਦੇ ਸੁਨਿਹਰੀ ਭਵਿੱਖ ਦੀ ਕਾਮਨਾ ਕੀਤੀ ਅਤੇ ਆਸ ਪ੍ਰਗਟਾਈ ਇਹ ਧੀਆਂ ਹੋਰ ਲੜਕੀਆਂ ਲਈ ਵੀ ਪ੍ਰੇਰਣਾ ਸਰੋਤ ਬਣਨਗੀਆਂ । ਇਸ ਮੌਕੇ ਕਲੱਬ ਦੇ ਚੇਅਰਮੈਨ ਮਲਕੀਅਤ ਸਿੰਘ ਬਾਹੜੋਵਾਲ ਸਾਬਕਾ ਚੇਅਰਮੈਨ ਮਾਰਕਫੈੱਡ ਪੰਜਾਬ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਬੀਤੀ ਦਿਨੀ ਜ਼ਿਲ੍ਹਾ ਬਠਿੰਡਾ ਵਿਖੇ ਹੋਈ ਅੰਡਰ 15 ਸਾਲ ਕੁਸ਼ਤੀ ਚੈਂਪੀਅਨਸ਼ਿੱਪ 50 ਕਿਲੋ ਭਾਰ ਵਰਗ ਵਿਚ ਪਹਿਲਵਾਨ ਹੇਜ਼ਲ ਕੌਰ ਪੁੱਤਰੀ ਮਾਸਟਰ ਗੁਰਨਾਮ ਰਾਮ-ਰਾਜਿੰਦਰ ਕੁਮਾਰੀ ਪਿੰਡ ਭਰੋ ਮਜਾਰਾ ਨੇ ਗੋਲਡ ਮੈਡਲ ਜਿੱਤਿਆ ।ਜਦੋਂ ਕਿ ਅੰਡਰ 20 ਸਾਲ ਤੇ 72 ਕਿਲੋ ਭਾਰ ਵਰਗ ਵਿਚ ਮਨਪ੍ਰੀਤ ਕੌਰ ਪੁੱਤਰੀ ਹਰਜਿੰਦਰ ਸਿੰਘ-ਰਾਜਵਿੰਦਰ ਕੌਰ ਪਿੰਡ ਬਹਿਰਾਮ ਨੇ ਕਾਂਸੀ ਦੇ ਮੈਡਲ ਜਿੱਤ ਕੇ ਆਪਣਾ, ਆਪਣੇ ਮਾਪਿਆਂ ਦਾ, ਆਪਣੇ ਅਖਾੜੇ ਦਾ ਅਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਦਾ ਨਾਂਅ ਰੋਸ਼ਨ ਕੀਤਾ ਹੈ । ਇਸ ਮੌਕੇ ਇਹਨਾਂ ਜੇਤੂ ਪਹਿਲਵਾਨਾਂ ਦਾ ਸਨਮਾਨ ਕੀਤਾ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈਆਂ ਵੀ ਦਿੱਤੀਆਂ। ਇਸ ਮੌਕੇ ਗੁਰਮੁੱਖ ਸਿੰਘ ਗੁਣਾਚੌਰ, ਬਲਬੀਰ ਸੋਂਧੀ ਕੁਸ਼ਤੀ ਕੋਚ, ਮਾਸਟਰ ਗੁਰਨਾਮ ਰਾਮ,ਮਾਸਟਰ ਸੁਖਵਿੰਦਰ ਸਿੰਘ, ਸਰਬਜੀਤ ਸਿੰਘ ਸਾਬਕਾ ਸਰਪੰਚ ਬਾਹੜੋਵਾਲ ਅਤੇ ਹੋਰ ਪਤਵੰਤੇ ਵੀ ਸੱਜਣ ਹਾਜ਼ਰ ਸਨ।



# ਜ਼ਿਲ੍ਹੇ ਦੇ 28 ਸਰਕਾਰੀ ਸਕੂਲਾਂ 'ਚ 2.07 ਕਰੋੜ ਰੁਪਏ ਦੇ ਵਿਕਾਸ ਪ੍ਰਾਜੈਕਟ ਸਮਰਪਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਸਕੂਲ ਸਿੱਖਿਆ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਦੀ ਵਚਨਬੱਧਤਾ ਤਹਿਤ ਪੰਜਾਬ ਸਰਕਾਰ ਵੱਲੋਂ ਆਪਣੀ ਪ੍ਰਮੁੱਖ ਪਹਿਲਦਕਦਮੀ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਮੰਗਲਵਾਰ ਨੂੰ ਜਲੰਧਰ ਜ਼ਿਲ੍ਹੇ ਦੇ 28 ਸਰਕਾਰੀ ਸਕੂਲਾਂ ਵਿੱਚ 2.07 ਕਰੋੜ ਰੁਪਏ ਦੇ ਵਿਕਾਸ ਪ੍ਰਾਜੈਕਟ ਸਮਰਪਿਤ ਕੀਤੇ ਗਏ। ਇਸ ਪਹਿਲਕਦਮੀ ਤਹਿਤ ਜਿਥੇ ਪ੍ਰਾਇਮਰੀ ਸਕੂਲਾਂ ਵਿੱਚ 70,35,672 ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਉਥੇ ਅਪਰ ਪ੍ਰਾਇਮਰੀ ਸਕੂਲਾਂ ਵਿੱਚ 1,37,56,930 ਰੁਪਏ ਦੀ ਲਾਗਤ ਨਾਲ ਤਿਆਰ ਵਿਕਾਸ ਪ੍ਰਾਜੈਕਟ ਸਮਰਪਿਤ ਕੀਤੇ ਗਏ ਹਨ । ਇਨ੍ਹਾਂ ਵਿਕਾਸ ਕਾਰਜਾਂ ਵਿੱਚ ਸਮਾਰਟ ਕਲਾਸ ਰੂਮਜ਼, ਕਾਮਰਸ ਬਲਾਕ, ਖੇਡ ਦੇ ਮੈਦਾਨ, ਚਾਰਦਿਵਾਰੀ ਤੋਂ ਇਲਾਵਾ ਜ਼ਰੂਰੀ ਮੁਰੰਮਤ ਦੇ ਕੰਮ ਸ਼ਾਮਲ ਹਨ । ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਅਤੇ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਆਪੋ-ਆਪਣੇ ਹਲਕੇ ਦੇ ਸਰਕਾਰੀ ਸਕੂਲਾਂ ਵਿੱਚ ਮੁਕੰਮਲ ਹੋਏ ਵਿਕਾਸ ਪ੍ਰਾਜੈਕਟ ਸਮਰਪਿਤ ਕੀਤੇ ਗਏ ਜਦਕਿ ਜ਼ਿਲ੍ਹੇ ਦੇ ਹੋਰਨਾਂ ਸਰਕਾਰੀ ਸਕੂਲਾਂ ਵਿੱਚ ਵੀ ਵਿਕਾਸ ਕਾਰਜ ਲੋਕ ਅਰਪਣ ਕੀਤੇ ਗਏ । ਕਰਤਾਰਪੁਰ ਹਲਕੇ ਵਿੱਚ ਵਿਧਾਇਕ ਬਲਕਾਰ ਸਿੰਘ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਕੋਟਲੀ ਸਜ਼ਾਵਾਰ, ਬੁੱਲੋਵਾਲ ਅਤੇ ਬੁੱਟਰਾਂ ਵਿਖੇ 6.88 ਲੱਖ ਰੁਪਏ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰਾਜੈਕਟ ਸਮਰਪਿਤ ਕੀਤੇ ਗਏ । ਇਸੇ ਤਰ੍ਹਾਂ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੇਰਾਂ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਕੰਗ ਸਾਹਿਬ ਰਾਏ, ਬਿੱਲਾ ਨਵਾਬ, ਤਲਵੰਡੀ ਭਰੋ ਅਤੇ ਹੇਰਾਂ ਵਿਖੇ 21.86 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ । ਸਮਾਗਮਾਂ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕਈ ਪਹਿਲਕਦਮੀਆਂ ਕੀਤੀਆਂ ਹਨ, ਜਿਨ੍ਹਾਂ ਵਿੱਚ ਸਕੂਲ ਆਫ਼ ਐਮੀਨੈਂਸ ਦੀ ਸਥਾਪਨਾ, ਅਧਿਆਪਕਾਂ ਨੂੰ ਟ੍ਰੇਨਿੰਗ ਲਈ ਵਿਦੇਸ਼ ਭੇਜਣਾ, ਕੈਂਪਸ ਮੈਨੇਜਰ ਤੇ ਸੁਰੱਖਿਆ ਗਾਰਡ ਨਿਯੁਕਤ ਕਰਨਾ, ਬੱਸ ਸੇਵਾ ਸ਼ੁਰੂ ਕਰਨਾ, ਡਿਜੀਟਲ ਸਿਖ਼ਲਾਈ ਨੂੰ ਉਤਸ਼ਾਹਿਤ ਕਰਨਾ ਵਰਗੇ ਕਈ ਉਪਰਾਲੇ ਸ਼ਾਮਲ ਹਨ।



# ਬਹੁਜਨ ਸਮਾਜ ਪਾਰਟੀ ਦੀ 'ਪੰਜਾਬ ਸੰਭਾਲੋ ਮੁਹਿੰਮ' ਨੂੰ ਸੂਬੇ 'ਚ ਭਰਵਾਂ ਹੁੰਗਾਰਾ

● ਆਈ ਏ ਐਸ-ਆਈ ਪੀ ਐਸ ਸਮੇਤ ਸੀਨੀਅਰ ਰਿਟਾ. ਅਫ਼ਸਰ ਬਣਾਉਣਗੇ ਪੰਜਾਬ 'ਚ ਬਸਪਾ ਦੀ ਸਰਕਾਰ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਬਹੁਜਨ ਸਮਾਜ ਪਾਰਟੀ ਦੀ 'ਪੰਜਾਬ ਸੰਭਾਲੋ ਮੁਹਿੰਮ' ਨੂੰ ਸੂਬੇ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਮੁਹਿੰਮ ਨਾਲ ਸੂਬੇ ਦੇ ਲੋਕ ਭਾਰੀ ਗਿਣਤੀ ਵਿੱਚ ਜੁੜ ਰਹੇ ਹਨ। ਇਸੇ ਲੜੀ ਤਹਿਤ ਰਿਟਾ. ਆਈ ਏ ਐਸ ਤੇ ਰਿਟਾ. ਆਈ ਪੀ ਐਸ ਸਮੇਤ ਸੀਨੀਅਰ ਰਿਟਾ. ਅਧਿਕਾਰੀਆਂ ਨੇ ਬਸਪਾ ਨੂੰ ਸਮਰਥਨ ਦਿੰਦੇ ਹੋਏ ਪਾਰਟੀ ਨੂੰ 2027 ਵਿੱਚ ਪੰਜਾਬ ਦੀ ਸੱਤਾ ਵਿੱਚ ਪਹੁੰਚਾਉਣ ਦਾ ਐਲਾਨ ਕਰ ਦਿੱਤਾ। ਬਸਪਾ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨਾਲ ਮੁਹਾਲੀ ਵਿੱਚ ਹੋਈ ਮੀਟਿੰਗ ਦੌਰਾਨ ਰਿਟਾ. ਸੀਨੀਅਰ ਅਧਿਕਾਰੀਆਂ ਵੱਲੋਂ ਇਹ ਫੈਸਲਾ ਲਿਆ ਗਿਆ। ਫਾਰਮ ਫਾਰ ਦੇ ਵੀਕਰ ਸੈਕਸ਼ਨ (ਰਜਿ.) ਦੇ ਬੈਨਰ ਹੇਠ ਐਸ ਮੁਹਾਲੀ ਵਿਖੇ ਰਿਟਾ. ਆਈ ਏ ਐਸ ਤੇ ਆਈ ਪੀ ਐਸ ਸਮੇਤ ਸੀਨੀਅਰ ਰਿਟਾ. ਅਧਿਕਾਰੀਆਂ ਨੇ ਬਸਪਾ ਦੇ ਸੂਬਾ ਪ੍ਰਧਾਨ ਤੇ ਸਾਬਕਾ ਸੰਸਦ ਮੈਂਬਰ ਡਾ. ਅਵਤਾਰ ਸਿੰਘ ਨਾਲ ਮੁਲਾਕਾਤ ਕੀਤੀ। ਰਿਟਾ. ਆਈ ਏ ਐਸ ਚੌਧਰੀ ਖੁਸ਼ੀ ਰਾਮ ਤੇ ਰਿਟਾ. ਕਰਨਲ ਪ੍ਰਿਥਵੀ ਰਾਜ ਕੁਮਾਰ ਦੇ ਯਤਨਾਂ ਸਦਕਾ ਰੱਖੀ ਗਈ ਇਸ ਮੀਟਿੰਗ ਦੌਰਾਨ ਬਸਪਾ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਤੇ ਰਿਟਾ. ਸੀਨੀਅਰ ਅਧਿਕਾਰੀਆਂ ਵਿਚਕਾਰ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ ਚਰਚਾ ਹੋਈ। ਚੰਗੀ ਸਿਹਤ-ਸਿੱਖਿਆ ਵਿਵਸਥਾ, ਰੁਜ਼ਗਾਰ ਦੇਣ, ਨਿਆਂਪੂਰਨ ਕਾਨੂੰਨ ਵਿਵਸਥਾ ਦੇ ਨਿਰਮਾਣ, ਕਿਸਾਨਾਂ-ਵਿਰਤੀਆਂ ਤੇ ਮੁਲਾਜ਼ਮਾਂ ਦੀਆਂ ਮੁਸ਼ਕਿਲਾਂ ਦੇ ਹੱਲ ਅਤੇ ਖੇਤੀਬਾੜੀ ਤੇ ਇੰਡਸਟਰੀ ਦੀ ਤਰੱਕੀ ਆਦਿ ਨਾਲ ਸਬੰਧਤ ਲੋਕ ਪੱਖੀ ਪ੍ਰਬੰਧ ਦੇ ਨਿਰਮਾਣ ਨੂੰ ਲੈ ਕੇ ਬਸਪਾ ਵੱਲੋਂ ਚਲਾਈ ਜਾ ਰਹੀ 'ਪੰਜਾਬ ਸੰਭਾਲੋ ਮੁਹਿੰਮ' ਤੋਂ ਪ੍ਰਭਾਵਿਤ ਹੋ ਕੇ ਸੀਨੀਅਰ ਰਿਟਾ. ਅਧਿਕਾਰੀਆਂ ਨੇ ਪਾਰਟੀ ਨੂੰ ਸਮਰਥਨ ਦੇਣ ਦਾ ਐਲਾਨ ਕਰ ਦਿੱਤਾ। ਉਨ੍ਹਾਂ ਕਿਹਾ ਕਿ ਉਹ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਤੇ ਸਾਹਿਬ ਕਾਂਸ਼ੀਰਾਮ ਦੇ ਮਾਰਗ 'ਤੇ ਚੱਲਦੇ ਹੋਏ ਕੁਮਾਰੀ ਮਾਇਆਵਤੀ ਦੀ ਅਗਵਾਈ ਵਿੱਚ 2027 ਵਿੱਚ ਲੋਕਾਂ ਨੂੰ ਚੰਗਾ ਪ੍ਰਬੰਧ ਦੇਣ ਲਈ ਬਸਪਾ ਦੀ ਸਰਕਾਰ ਬਣਾਉਣ ਲਈ ਡਟ ਕੇ ਕੰਮ ਕਰਨਗੇ। ਇਨ੍ਹਾਂ ਰਿਟਾ. ਸੀਨੀਅਰ ਅਧਿਕਾਰੀਆਂ ਨੇ ਕਿਹਾ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰਨਗੇ ਤੇ ਉਨ੍ਹਾਂ ਨੂੰ ਬਸਪਾ ਦੇ ਲੋਕ ਪੱਖੀ ਅੰਦੋਲਨ ਦਾ ਹਿੱਸਾ ਬਣਾਉਣਗੇ।ਇਸ ਮੌਕੇ ਬਸਪਾ ਦੇ ਸੂਬਾ ਪ੍ਰਧਾਨ ਤੇ ਸਾਬਕਾ ਸੰਸਦ ਮੈਂਬਰ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਪਾਰਟੀ ਵੱਲੋਂ ਚਲਾਈ ਜਾ ਰਹੀ 'ਪੰਜਾਬ ਸੰਭਾਲੋ ਮੁਹਿੰਮ' ਨੂੰ ਸੂਬੇ ਦੇ ਸਾਰੇ ਵਰਗਾਂ ਦਾ ਭਾਰੀ ਸਮਰਥਨ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਬਸਪਾ ਦੀ ਲੀਡਰਸ਼ਿਪ ਤੇ ਅਫਸਰ ਮਿਲ ਕੇ ਪੰਜਾਬ ਵਿੱਚ ਵੱਡਾ ਪਰਿਵਰਤਨ ਕਰਨਗੇ ਤੇ ਖੁਸ਼ਹਾਲੀ-ਤਰੱਕੀ ਤੇ ਭਾਈਚਾਰੇ ਵਾਲਾ ਲੋਕ ਪੱਖੀ ਰਾਜ ਪ੍ਰਬੰਧ ਸਥਾਪਿਤ ਕਰਨਗੇ। ਇਸ ਮੀਟਿੰਗ ਵਿੱਚ ਬਸਪਾ ਦੇ ਸੂਬਾ ਇੰਚਾਰਜ ਪ੍ਰਜਾਪਤੀ ਅਜੀਤ ਸਿੰਘ ਭੈਣੀ, ਠੇਕੇਦਾਰ ਭਗਵਾਨ ਦਾਸ ਸਿੱਧੂ ਤੇ ਹਰਭਜਨ ਸਿੰਘ ਬਜਹੇੜੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਦੌਰਾਨ ਫਾਰਮ ਫਾਰ ਦ ਵੀਕਰ ਸੈਕਸ਼ਨ (ਰਜਿ.) ਦੇ ਪੈਟਰਨ ਜੇ.ਆਰ. ਕੌਂਡਲ ਰਿਟਾ. ਆਈ ਏ ਐਸ, ਚੇਅਰਮੈਨ ਟੀ.ਆਰ. ਸਾਰੰਗਲ ਰਿਟਾ. ਆਈ.ਏ.ਐਸ., ਆਰ.ਐਲ. ਕਲਸੀਆ ਰਿਟਾ. ਆਈ ਏ ਐਸ, ਐਡੀਸ਼ਨਲ ਸੈਕਟਰੀ ਗਵਰਨਮੈਂਟ ਆਫ ਇੰਡੀਆ ਆਈ.ਪੀ.ਐਸ. ਪਿਰਥੀ ਚੰਦ ਰਿਟਾ. ਆਈ.ਏ.ਐਸ., ਸੁਖਦੇਵ ਸਿੰਘ, ਕੁਲਵੰਤ ਸਾਰੰਗਲ ਰਿਟਾ. ਆਈ.ਪੀ.ਐਸ. ਸਾਬਕਾ ਡੀ.ਜੀ.ਪੀ. ਮਹਾਰਾਸ਼ਟਰ, ਡੀ.ਆਰ. ਪਾਲ ਰਿਟਾ. ਜਨਰਲ ਮੈਨੇਜਰ, ਓਂਕਾਰ ਨਾਥ ਡਿਪਟੀ ਸੀ.ਏ.ਜੀ. (ਕੈਗ) ਇੰਡੀਆ, ਓ.ਪੀ. ਚੋਪੜਾ ਸੁਪਰਟੈਂਡੈਂਟ ਇੰਜੀਨੀਅਰ, ਐਚ.ਐਲ. ਮਹਿਮੀ ਸੈਕਟਰੀ ਟੂ ਮਨਿਸਟਰ ਰਿਟਾ. ਸਮੇਤ ਵੱਡੀ ਗਿਣਤੀ ਵਿੱਚ ਸੀਨੀਅਰ ਅਧਿਕਾਰੀ ਮੌਜੂਦ ਸਨ।

## ਕਾਰ ਨੂੰ ਅਣਪਛਾਤੇ ਵਾਹਨ ਨੇ ਮਾਰੀ ਟੱਕਰ, ਦੋ ਜ਼ਖ਼ਮੀ



ਬਲਾਚੌਰ (ਜਸਵਿੰਦਰ ਬੈਂਸ)- ਬਲਾਚੌਰ ਨੈਸ਼ਨਲ ਹਾਈਵੇ ਤੇ ਨੇੜੇ ਕਮਾਲਪੁਰ ਕੱਟ ਦੇ ਕੋਲ ਕਾਰ ਨੂੰ ਅਣਪਛਾਤੇ ਵਾਹਨ ਦੀ ਟੱਕਰ ਮਾਰਨ ਦੀ ਸੂਚਨਾ ਪ੍ਰਾਪਤ ਹੋਈ ਹੈ। ਇਸ ਸਬੰਧੀ ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਕੁਲਵੀਰ ਸਿੰਘ ਨੇ ਦੱਸਿਆ ਕਿ ਉਹਨਾਂ ਨੂੰ ਕੰਟ੍ਰੋਲ ਤੋਂ ਸੂਚਨਾ ਮਿਲੀ ਸੀ ਕਿ ਕਮਾਲਪੁਰ ਦੇ ਕੱਟ ਕੋਲ ਐਕਸੀਡੈਂਟ ਹੋ ਗਿਆ ਹੈ।ਉਨ੍ਹਾਂ ਮੌਕੇ 'ਤੇ ਜਾ ਕੇ ਦੇਖਿਆ ਕਿ ਇੱਕ ਕਾਰ ਜਿਸ ਨੂੰ ਜਿਗਨੇਸ਼ ਪਟੇਲ ਪੁੱਤਰ ਸ਼ੰਕਰ ਭਾਈ ਵਾਸੀ ਚੰਡੀਗੜ੍ਹ ਹਾਊਸ ਨੰਬਰ 66 ਏ ਸੈਕਟਰ 51 ਅਤੇ ਇਸ ਦਾ ਦੂਸਰਾ ਸਾਥੀ ਜੋ ਕਾਰ ਵਿੱਚ ਸਵਾਰ ਕਰਨ ਪੁੱਤਰ ਮਹਿਰੂ ਚੰਡੀਗੜ੍ਹ ਹਾਊਸ ਨੰਬਰ 66 ਏ ਸੈਕਟਰ 51 ਬੈਠਾ ਸੀ। ਇਹ ਦੋਵੇਂ ਕਾਰ ਸਵਾਰ ਚੰਡੀਗੜ੍ਹ ਤੋਂ ਜਲੰਧਰ ਜਾ ਰਹੇ ਸੀ। ਜਦੋਂ ਕਮਾਲਪੁਰ ਕੱਟ ਕੋਲ ਪਹੁੰਚੇ ਤਾਂ ਰਾਤ ਹਨੇਰੀ ਕਾਰਨ ਨੈਸ਼ਨਲ ਹਾਈਵੇ 'ਤੇ ਇੱਕ ਦਰੱਖ਼ਤ ਡਿੱਗਿਆ ਪਿਆ, ਜਿਸ ਨੂੰ ਦੇਖ ਕੇ ਕਾਰ ਚਾਲਕ ਨੇ ਬ੍ਰੇਕ ਮਾਰ ਦਿੱਤੀ ਤਾਂ ਇਸ ਕਾਰ ਪਿੱਛੇ ਕੋਈ ਅਣਜਾਣ ਵਾਹਨ ਆ ਰਿਹਾ ਸੀ ਜਿਸ ਨੇ ਕਾਰ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਜਿਸ ਨਾਲ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਤੇ ਕਾਰ ਸਵਾਰ ਦੋਵੇਂ ਜ਼ਖਮੀ ਹੋ ਗਏ ਅਤੇ ਅਣਪਛਾਤਾ ਵਾਹਨ ਟੱਕਰ ਮਾਰ ਕੇ ਮੌਕੇ ਤੋਂ ਫਰਾਰ ਹੋ ਗਿਆ। ਐਸ ਐਸ ਐਫ ਦੀ ਟੀਮ ਨੇ ਦੋਵੇਂ ਜ਼ਖਮੀਆਂ ਨੂੰ ਨੈਸ਼ਨਲ ਹਾਈਵੇ ਅਥਾਰਟੀ ਦੀ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਬਲਾਚੌਰ ਵਿਖੇ ਦਾਖਲ ਕਰਵਾਇਆ ਅਤੇ ਐਸ ਐਸ ਐਫ ਦੀ ਟੀਮ ਵੱਲੋਂ ਦਰਖਤ ਅਤੇ ਕਾਰ ਨੂੰ ਸਾਈਡ ਤੇ ਕਰਵਾ ਕੇ ਆਵਜਾਈ ਨੂੰ ਚਾਲੂ ਕਰਵਾਇਆ ਗਿਆ।

## ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ



ਮਹਿਤਿਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਅਜਨੋਹਾ ਵਿਖੇ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਅਜਨੋਹਾ ਬਲਾਕ ਕੋਟ ਫਤੂਹੀ ਹੁਸ਼ਿਆਰਪੁਰ ਵਿਖੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਰਿਟਾਇਰਡ ਪ੍ਰਿੰਸੀਪਲ ਮਾਸਟਰ ਹਰਭਜਨ ਸਿੰਘ ਅਜਨੋਹਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਐਜ ਦਰਸ਼ਨ ਕੌਰ ਸੀ ਐਚ ਟੀ ਵੱਲੋਂ ਸਕੂਲ ਵਿੱਚ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਜਿਸ ਵਿੱਚ ਐਲ ਕੇ ਜੀ ਤੋਂ ਲੈ ਕੇ ਪੰਜਵੀਂ ਕਲਾਸ ਤੱਕ ਪਹਿਲੇ ਦੂਜੇ ਤੇ ਤੀਜੇ ਸਥਾਨ ਤੇ ਆਏ ਹੋਏ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੈਡਮ ਦਰਸ਼ਨ ਕੌਰ ਨੇ ਦੱਸਿਆ ਕਿ ਇਸ ਇਨਾਮ ਵੰਡ ਸਮਾਰੋਹ ਵਿੱਚ ਰਿਟਾਇਰਡ ਪ੍ਰਿੰਸੀਪਲ ਮਾਸਟਰ ਹਰਭਜਨ ਸਿੰਘ ਅਜਨੋਹਾ ਅਤੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਕੁਲਦੀਪ ਕੌਰ, ਸਾਬਕਾ ਸਰਪੰਚ ਨਿਰੰਕਾਰ ਸਿੰਘ , ਟੀਚਰ ਦਵਿੰਦਰ ਕੁਮਾਰ, ਲੈਕਚਰਾਰ ਜਸਵਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸ਼੍ਰੀਮਤੀ ਦਰਸ਼ਨ ਕੌਰ ਨੇ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ।

# ਅਮਨ ਅਰੋੜਾ ਨੇ ਪ੍ਰਤਾਪ ਬਾਜਵਾ 'ਤੇ ਕੀਤਾ ਪਲਟਵਾਰ



● ਕਿਹਾ, ਮੈਂ ਨਿੱਜੀ ਹਮਲਿਆਂ ਤੋਂ ਨਹੀਂ ਡਰਦਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਹਾਲੀਆ ਵਿਵਾਦਿਤ ਬਿਆਨ, ਜਿਸ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 50 ਬੰਬ ਦਾਖਲ ਹੋ ਚੁੱਕੇ ਹਨ, ਜਿਨ੍ਹਾਂ ਵਿੱਚੋਂ 18 ਪਹਿਲਾਂ ਹੀ ਫੱਟ ਚੁੱਕੇ ਹਨ ਅਤੇ 32 ਅਜੇ ਫਟਣੇ ਬਾਕੀ ਹਨ, ਨੂੰ ਲਾਪਰਵਾਹੀ ਅਤੇ ਰਾਜਨੀਤੀ ਤੋਂ ਪ੍ਰੇਰਿਤ ਦੱਸਿਆ, ਜਿਸ ਦਾ ਉਦੇਸ਼ ਪੰਜਾਬ ਦੇ ਲੋਕਾਂ ਵਿੱਚ ਦਹਿਸ਼ਤ ਪੈਦਾ ਕਰਨਾ ਹੈ। ਅਰੋੜਾ ਨੇ ਬਾਜਵਾ ਦੀ ਪੁਲਸ ਨਾਲ ਸਹਿਯੋਗ ਕਰਨ ਦੀ ਬਜਾਏ ਨਿੱਜੀ ਹਮਲੇ ਕਰਨ ਦੀ ਵੀ ਆਲੋਚਨਾ ਕੀਤੀ।ਬੁੱਧਵਾਰ ਨੂੰ ਇਕ ਪ੍ਰੈੱਸ ਕਾਨਫ਼ਰੰਸ ਦੌਰਾਨ ਮੀਡੀਆ ਨੂੰ ਸੰਬੋਧਨ ਕਰਦਿਆਂ ਅਰੋੜਾ ਨੇ ਕਿਹਾ ਕਿ ਜੇਕਰ ਅਜਿਹੇ ਬਿਆਨ ਭਰੋਸੇਯੋਗ ਜਾਣਕਾਰੀ 'ਤੇ ਆਧਾਰਤ ਹਨ, ਤਾਂ ਉਨ੍ਹਾਂ ਨੂੰ ਪੁਲਸ ਅਤੇ ਖ਼ੁਫ਼ੀਆ ਏਜੰਸੀਆਂ ਨਾਲ ਤੁਰੰਤ ਸਹਿਯੋਗ ਕਰਨਾ ਚਾਹੀਦਾ ਹੈ। ਅਰੋੜਾ ਨੇ ਬਾਜਵਾ ਦੀ ਜਾਣਕਾਰੀ ਦੇ ਸਰੋਤ ਨੂੰ ਪੰਜਾਬ ਪੁਲਸ ਅਤੇ ਖ਼ੁਫ਼ੀਆ ਅਧਿਕਾਰੀਆਂ ਨਾਲ ਸਾਂਝਾ ਨਾ ਕਰਨ ਲਈ ਵੀ ਨਿੰਦਾ ਕੀਤੀ। ਅਰੋੜਾ ਨੇ ਕਿਹਾ, ਜੇਕਰ ਬਾਜਵਾ ਕੋਲ ਰਾਸ਼ਟਰੀ ਸੁਰੱਖਿਆ ਨਾਲ ਸਬੰਧਤ ਗੁਪਤ ਜਾਣਕਾਰੀ ਤੱਕ ਪਹੁੰਚ ਹੈ, ਜਿਸ ਬਾਰੇ ਖ਼ੁਫ਼ੀਆ ਏਜੰਸੀਆਂ ਨੂੰ ਵੀ ਪਤਾ ਨਹੀਂ ਹੈ, ਤਾਂ ਉਨ੍ਹਾਂ ਨੂੰ ਆਪਣੇ ਸਰੋਤ ਦਾ ਖ਼ੁਲਾਸਾ ਕਰਨਾ ਚਾਹੀਦਾ ਹੈ, ਪਰੰਤੂ ਹੁਣ ਉਹ ਬਹਾਨੇ ਬਣਾ ਰਹੇ ਹਨ।ਅਰੋੜਾ ਨੇ ਕਿਹਾ, ਅਜਿਹੇ ਬੇਬੁਨਿਆਦ ਦਾਅਵੇ, ਬਿਨਾਂ ਸਬੂਤਾਂ ਦੇ ਬਹੁਤ ਹੀ ਗੈਰ-ਜ਼ਿੰਮੇਵਾਰਾਨਾ ਹਨ ਅਤੇ ਰਾਜਨੀਤਿਕ ਲੀਡਰਸ਼ਿਪ ਵਿੱਚ ਜਨਤਾ ਦੇ ਵਿਸ਼ਵਾਸ ਨੂੰ ਕਮਜ਼ੋਰ ਕਰਦੇ ਹਨ।ਅਰੋੜਾ ਨੇ ਬਾਜਵਾ ਵੱਲੋਂ ਉਨ੍ਹਾਂ ਵਿਰੁੱਧ ਨਿੱਜੀ ਟਿੱਪਣੀਆਂ ਦੇ ਦੋਸ਼ਾਂ ਨੂੰ ਰੱਦ ਕਰਦਿਆਂ ਕਿਹਾ, ਮੈਂ ਕਦੇ ਵੀ ਨਿੱਜੀ ਹਮਲਿਆਂ ਜਾਂ ਛੋਟੀ ਰਾਜਨੀਤੀ ਵਿੱਚ ਸ਼ਾਮਲ ਨਹੀਂ ਹੋਇਆ। ਮੇਰੇ ਬਿਆਨ ਹਮੇਸ਼ਾ ਪੰਜਾਬ ਦੀ ਸੁਰੱਖਿਆ ਅਤੇ ਭਲਾਈ ਨਾਲ ਜੁੜੇ ਮੁੱਦਿਆਂ 'ਤੇ ਅਧਾਰਿਤ ਰਹੇ ਹਨ। ਪ੍ਰਤਾਪ ਬਾਜਵਾ ਨੇ ਨਿੱਜੀ ਟਿੱਪਣੀਆਂ ਦਾ ਸਹਾਰਾ ਲਿਆ ਹੈ, ਇਸ ਲਈ ਮੈਨੂੰ ਬੋਲਣਾ ਪੈ ਰਿਹਾ ਹੈ।ਅਰੋੜਾ ਨੇ ਮੰਗ ਕੀਤੀ ਕਿ ਜੇਕਰ ਬਾਜਵਾ ਕੋਲ ਸੱਚਮੁੱਚ ਭਰੋਸੇਯੋਗ ਜਾਣਕਾਰੀ ਹੈ ਤਾਂ ਉਨ੍ਹਾਂ ਨੂੰ ਇਹ ਪੰਜਾਬ ਪੁਲਸ ਨੂੰ ਦੇਣੀ ਚਾਹੀਦੀ ਹੈ ਅਤੇ ਜੇਕਰ ਉਨ੍ਹਾਂ ਕੋਲ ਅਜਿਹੀ ਕੋਈ ਜਾਣਕਾਰੀ ਨਹੀਂ ਹੈ, ਤਾਂ ਉਨ੍ਹਾਂ ਨੂੰ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਦਹਿਸ਼ਤ ਪੈਦਾ ਕਰਨ ਦੀ ਬਜਾਏ ਜਨਤਾ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ।

# ਆਪਣੇ ਅੰਦਰੋਂ ਹਉਮੈ ਤਿਆਗ ਕੇ ਸਾਰਿਆਂ ਨੂੰ ਮੁਆਫ਼ ਕਰ ਦੇਣਾ ਚਾਹੀਦੈ : ਬਾਬਾ ਸ਼ੇਰ ਸਿੰਘ



ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)- ਦੁਨੀਆਂ ਦਾ ਹਰ ਇਨਸਾਨ ਅੱਜ ਮਤਲਬ ਪ੍ਰਸਤ ਹੁੰਦਾ ਜਾ ਰਿਹਾ ਹੈ ਅਤੇ ਆਪਣੇ ਸਵਾਰਥ ਨੂੰ ਪੂਰਾ ਕਰਨ ਲਈ ਬਿਨਾਂ ਸੋਚ ਵਿਚਾਰ ਕੀਤੇ ਹਰ ਤਰ੍ਹਾਂ ਦੇ ਹੱਥਕੰਡੇ ਅਪਣਾ ਰਿਹਾ ਹੈ, ਜਿਸ ਕਾਰਨ ਇਨਸਾਨ ਪਰਮ ਪਰਮੇਸ਼ਵਰ ਦਾ ਨਾਮ ਸਿਮਰਨ ਭੁੱਲ ਕੇ ਮਾੜੇ ਕਰਮਾਂ ਦੀ ਗਠੜੀ 'ਚ ਵਾਧਾ ਕਰਦਾ ਜਾ ਰਿਹਾ ਹੈ।ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਸਾਬਿਰ ਪਾਕ ਸੱਚੀ ਦਰਗਾਹ 'ਤੇ ਦੂਸਰੇ ਕਲੀਅਰ ਸ਼ਰੀਫ ਅਹਿਆਪੁਰ ਵਿਖੇ ਜੇਠੇ ਵੀਰਵਾਰ ਨੂੰ ਸਜਾਏ ਗਏ ਦਰਬਾਰ 'ਚ ਹਾਜ਼ਰ ਸੰਗਤ ਨੂੰ ਆਪਣੇ ਪ੍ਰਵਚਨਾਂ ਰਾਹੀਂ ਨਿਹਾਲ ਕਰਦੇ ਹੋਏ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਘੋੜੀਆਂ ਵਾਲਿਆਂ ਨੇ ਕਿਹਾ ਕਿ ਪ੍ਰਭੂ ਦਾ ਨਾਮ ਸਿਮਰਨ ਕਰਨ ਲਈ ਇਨਸਾਨ ਨੂੰ ਆਪਣੇ ਅੰਦਰੋਂ ਹਉਮੈ ਦਾ ਤਿਆਗ ਕਰਕੇ ਹਰੇਕ ਨੂੰ ਮਾਫ਼ ਕਰ ਦੇਣਾ ਚਾਹੀਦਾ ਹੈ, ਕਿਉਂਕਿ ਜਦੋਂ ਅਸੀਂ ਸਤਿਗੁਰੂ ਅੱਗੇ ਅਰਦਾਸ ਕਰਦੇ ਹੋਏ ਆਪਣੇ ਗੁਨਾਹਾਂ ਦੀ ਮਾਫ਼ੀ ਮੰਗਦੇ ਹਾਂ ਤਾਂ ਉਹ ਵੀ ਸਾਨੂੰ ਮਾਫ ਕਰ ਦਿੰਦਾ ਹੈ। ਇਸ ਮੌਕੇ ਤੇ ਬੀਬੀ ਬਲਜੀਤ ਕੌਰ, ਮੀਰ ਕਮਲ ਸਾਬਰੀ, ਡਾ. ਮੀਰਾ ਹਸਨ, ਦੇਵੀਕਾ, ਰਾਜੇਸ਼ ਜਸਰਾ, ਅਵਤਾਰ ਸਿੰਘ, ਰਾਹੁਲ, ਕੁਲਦੀਪ ਸਿੰਘ, ਨਿਰੰਜਨ ਕੌਰ, ਬਲਵਿੰਦਰ ਸਿੰਘ ਅਤੇ ਹੋਰ ਹਾਜ਼ਰ ਸੰਗਤ ਨੇ ਦਰਬਾਰ ਚ ਆਪਣੀ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਸੁਖਬੀਰ ਬਾਦਲ ਦੇ ਮੁੜ ਪ੍ਰਧਾਨ ਬਣਨ ਨਾਲ ਪਾਰਟੀ ਨੂੰ ਮਜ਼ਬੂਤੀ ਮਿਲੇਗੀ : ਰਮਨ ਚੌਧਰੀ



ਬਲਾਚੌਰ (ਜਸਵਿੰਦਰ ਬੈਂਸ)- ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਡੈਲੀਗੇਟ ਇਜਲਾਸ ਵਿਚੋਂ ਸੁਖਬੀਰ ਸਿੰਘ ਬਾਦਲ ਨੂੰ ਸਰਬਸੰਮਤੀ ਨਾਲ ਮੁੜ ਪਾਰਟੀ ਪ੍ਰਧਾਨ ਬਣਾਏ ਜਾਣ 'ਤੇ ਪਾਰਟੀ ਨੂੰ ਬਹੁਤ ਵੱਡੀ ਮਜ਼ਬੂਤੀ ਮਿਲੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਵ. ਚੌਧਰੀ ਨੰਦ ਲਾਲ ਮੁੱਖ ਸੰਸਦੀ ਸਕੱਤਰ ਦੇ ਪੋਤਰੇ ਤੇ ਸਵ. ਬੀਬੀ ਸੁਨੀਤਾ ਚੌਧਰੀ ਦੇ ਸਪੁੱਤਰ ਯੂਥ ਅਕਾਲੀ ਸੀਨੀਅਰ ਆਗੂ ਰਮਨਪ੍ਰੀਤ ਰਮਨ ਚੌਧਰੀ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕੀਤਾ।ਰਮਨ ਚੌਧਰੀ ਨੇ ਕਿਹਾ ਕਿ ਸੁਖਬੀਰ ਬਾਦਲ ਦੇ ਦੁਬਾਰਾ ਪ੍ਰਧਾਨ ਬਣਨ ਨਾਲ ਲੋਕਾਂ ਵਰਕਰਾਂ ਤੇ ਆਗੂਆਂ ਵਿਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਜੋ ਆਗੂ ਵਰਕਰ ਕੁਝ ਨਰਾਜ਼ ਸਨ ਉਨ੍ਹਾਂ ਨੂੰ ਇਕਮੁੱਠ ਕਰ ਕੇ ਮੁੜ ਪਾਰਟੀ 'ਚ ਜਾਨ ਪਾਈ ਜਾ ਰਹੀ ਹੈ। ਇਸ ਸਮੇਂ ਬਹਾਦਰ ਸਿੰਘ ਬਾਬੂ, ਸ਼ੰਮੀ ਜਲਾਲਪੁਰ, ਪਵਨ ਹੈਡੋ ਬੈਟ ਆਦਿ ਆਗੂ ਹਾਜ਼ਰ ਸਨ।

## ਰੂ-ਬ-ਰੂ ਪ੍ਰੋਗਰਾਮ ਤਹਿਤ ਕੁਲਵੰਤ ਸਿੰਘ ਜੰਮੂ ਵੱਲੋਂ ਵਿਦਿਆਰਥਣਾਂ ਨਾਲ ਸੰਵਾਦ



ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)- ਗੁਰੂ ਨਾਨਕ ਮਿਸ਼ਨਰੀ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ ਅਤੇ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਦੇ ਸਰਕਲ ਲੁਹਾਰਾ, ਭੋਗਪੁਰ ਚੇਅਰਮੈਨ ਗਿਆਨੀ ਸਵਰਨ ਸਿੰਘ (ਕੈਨੇਡਾ), ਡਾਇਰੈਕਟਰ ਕੁਲਵੰਤ ਸਿੰਘ ਜੰਮੂ, ਪ੍ਰਧਾਨ ਮਨਦੀਪ ਸਿੰਘ ਖਾਲਸਾ, ਸਕੱਤਰ ਮਨਿੰਦਰ ਸਿੰਘ, ਟਰੱਸਟੀ ਅਮਰਜੀਤ ਸਿੰਘ ਜੰਮੂ, ਟਰੱਸਟੀ ਰਮਨਦੀਪ ਕੌਰ, ਪ੍ਰਿੰਸੀਪਲ, ਡਾ. ਕਮਲਜੀਤ ਕੌਰ ਤੇ ਸਮੂਹ ਸਟਾਫ਼ ਵੱਲੋਂ ਰੂ-ਬ-ਰੂ ਪ੍ਰੋਗਰਾਮ ਤਹਿਤ ਕੁਲਵੰਤ ਸਿੰਘ ਜੰਮੂ (ਡਾਇਰੈਕਟਰ) ਦੁਆਰਾ ਇੰਸਟੀਚਿਊਟ ਵਿਦਿਆਰਥਣਾਂ ਦੇ ਨਾਲ ਸੰਵਾਦ ਰਚਾਇਆ ਗਿਆ, ਜਿਸ ਵਿੱਚ ਉਹਨਾਂ ਨੇ ਚੰਗੇ ਕਥਾ ਵਾਚਕ ਦੇ ਗੁਣਾਂ ਵਾਰੇ ਜਾਣਕਾਰੀ ਪ੍ਰਧਾਨ ਕੀਤੀ। ਮੰਚ ਦੇ ਲਈ ਲੈਕਚਰ ਕਿਵੇਂ ਤਿਆਰ ਕਰਨਾ ਹੈ। ਵਿਦਿਆਰਥੀ ਜੀਵਨ ਵਿੱਚ ਅਨੁਸ਼ਾਸਨ ਦਾ ਮਹੱਤਵ, ਨੈਤਿਕਤਾ ਆਦਿ ਵਿਸ਼ਿਆਂ ਨੂੰ ਛੋਹਿਆ ਗਿਆ।ਅੰਤ ਵਿਦਿਆਰਥਣਾਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।ਇੰਸਟੀਟਿਊਟ ਪ੍ਰਿੰਸੀਪਲ ਤੇ ਸਿੱਖ ਮਿਸ਼ਨਰੀ ਸਰਕਲ ਇੰਚਾਰਜ ਡਾ. ਕਮਲਜੀਤ ਕੌਰ ਨੇ ਡਾਇਰੈਕਟਰ ਕੁਲਵੰਤ ਸਿੰਘ ਜੰਮੂ ਦਾ ਧੰਨਵਾਦ ਕੀਤਾ।

## ਗੁਲਜਾਰ ਸਿੰਘ ਬੌਬੀ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਵਜੋਂ ਅਹੁਦਾ ਸੰਭਾਲਿਆ



ਚੰਡੀਗੜ੍ਹ (ਗੁਰਜੀਤ ਬਿੱਲਾ) ਗੁਲਜਾਰ ਸਿੰਘ ਬੌਬੀ ਨੇ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਦੀ ਮੌਜੂਦਗੀ 'ਚ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਗੁਲਜਾਰ ਸਿੰਘ ਬੌਬੀ ਨੂੰ ਉਨ੍ਹਾਂ ਦੀ ਨਿਯੁਕਤੀ 'ਤੇ ਵਧਾਈ ਦਿੱਤੀ। ਸ੍ਰੀ ਚੀਮਾ ਨੇ 'ਆਪ' ਦੇ ਸੰਗਰੂਰ ਜਿਲ੍ਹਾ ਐਸ ਸੀ ਵਿੰਗ ਦੇ ਪ੍ਰਧਾਨ ਵਜੋਂ ਸਮਾਜ ਦੇ ਦੱਬੇ-ਕੁਚਲੇ ਵਰਗ ਲਈ ਕੰਮ ਕਰਨ ਦੇ ਬੌਬੀ ਦੇ ਪਿਛੋਕੜ ਦਾ ਜਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਅਨੁਭਵ ਇਸ ਨਵੇਂ ਅਹੁਦੇ ਲਈ ਕੀਮਤੀ ਸਾਬਿਤ ਹੋਵੇਗਾ। ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਬੌਬੀ ਦਾ ਕਮਿਸ਼ਨ 'ਚ ਸਵਾਗਤ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਸਮਰਪਣ ਭਾਵਨਾ ਪੰਜਾਬ 'ਚ ਅਨੁਸੂਚਿਤ ਜਾਤੀਆਂ ਦੇ ਹਿੱਤਾਂ ਦੀ ਰੱਖਿਆ ਅਤੇ ਪ੍ਰਚਾਰ ਲਈ ਸੰਗਠਨ ਦੇ ਯਤਨਾਂ ਨੂੰ ਹੋਰ ਮਜਬੂਤ ਕਰੇਗੀ।

## ਡਡਵਿੰਡੀ ਵਿਖੇ ਘਰ 'ਚ ਖੜ੍ਹੀ ਸਕੂਟਰੀ 'ਚ ਧਮਾਕਾ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਹਲਕਾ ਸੁਲਤਾਨਪੁਰ ਲੋਧੀ ਦੇ ਪਿੰਡ ਡਡਵਿੰਡੀ 'ਚ ਘਰ 'ਚ ਖੜ੍ਹੀ ਸਕੂਟਰੀ 'ਚ ਬਲਾਸਟ ਹੋਣ ਦੀ ਖ਼ਬਰ ਸਾਹਮਣੇ ਆਈ ਹੈ । ਇਸ ਘਟਨਾ ਨਾਲ ਹੋਰ ਵਾਹਨਾਂ ਨੂੰ ਵੀ ਨੁਕਸਾਨ ਪਹੁੰਚਿਆ ਹੈ। ਮਿਲੀ ਜਾਣਕਾਰੀ ਮੁਤਾਬਕ ਤੜਕਸਾਰ ਘਰ 'ਚ ਸੁੱਤੇ ਪਰਵਾਰ ਨੇ ਧਮਾਕਾ ਸੁਣਿਆ ਤੇ ਜਦੋਂ ਉੱਠ ਕੇ ਦੇਖਿਆ ਤਾਂ ਦੋ ਸਕੂਟਰੀਆਂ ਨੂੰ ਅੱਗ ਲੱਗੀ ਹੋਈ ਸੀ । ਦੇਖਦਿਆਂ ਦੇਖਦਿਆਂ ਇਸ ਅੱਗ ਦੀ ਲਪੇਟ ਵਿਚ ਇੱਕ ਆਲਟੋ ਕਾਰ ਵੀ ਆ ਗਈ । ਆਸ ਪਾਸ ਦੇ ਲੋਕਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਇਸ ਘਟਨਾ 'ਚ ਦੋ ਸਕੂਟਰੀਆ ਅਤੇ ਇੱਕ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ। ਜਸਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਕੂਟਰੀ ਦੋ ਸਾਲ ਪਹਿਲਾਂ ਖਰੀਦੀ ਸੀ ਅਤੇ ਉਨ੍ਹਾਂ ਦੇ ਬੱਚੇ ਹੀ ਇਸ ਦੀ ਜ਼ਿਆਦਾ ਵਰਤੋਂ ਕਰਦੇ ਸਨ । ਮੁਢਲੇ ਸਰੋਤਾਂ ਅਨੁਸਾਰ ਦੱਸਿਆ ਜਾ ਰਿਹਾ ਹੈ ਕਿ ਧਮਾਕਾ ਬੈਟਰੀ ਵਾਲੀ ਸਕੂਟਰੀ ਦੇ ਫਟਣ ਨਾਲ ਹੋਇਆ ਲਗਦਾ ਹੈ। ਜਸਵਿੰਦਰ ਸਿੰਘ ਮੁਤਾਬਕ ਰਾਹਤ ਵਾਲੀ ਗੱਲ ਹੈ ਕਿ ਘਟਨਾ ਵੇਲੇ ਪਰਵਾਰ ਦਾ ਕੋਈ ਮੈਂਬਰ ਸਕੂਟਰੀ ਦੇ ਨਜ਼ਦੀਕ ਨਹੀਂ ਸੀ । ਜਸਵਿੰਦਰ ਸਿੰਘ ਮੁਤਾਬਕ ਉਨ੍ਹਾਂ ਨੇ ਪਹਿਲਾਂ ਇਸ ਬੈਟਰੀ ਵਾਲੀ ਸਕੂਟਰੀ ਦੀ ਏਜੰਸੀ ਲਈ ਸੀ ਪਰ ਜ਼ਿਆਦਾ ਸ਼ਿਕਾਇਤਾਂ ਹੋਣ ਕਰਕੇ ਉਹਨਾਂ ਕੰਮ ਛੱਡ ਦਿੱਤਾ ਸੀ।

## ਵਾਟਰ ਸਪਲਾਈ ਵਿਭਾਗ ਨੂੰ ਪੰਚਾਇਤਾਂ ਹਵਾਲੇ ਕਰਕੇ ਆਪਣੀ ਜ਼ਿੰਮੇਵਾਰੀ ਤੋਂ ਨਾ ਭੱਜੇ ਸਰਕਾਰ : ਕੌਂਡਲ



ਕਾਲਾ ਸੰਘਿਆਂ (ਮਨਜੀਤ ਮਾਨ) ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਸਕੱਤਰ ਸੰਜੀਵ ਕੌਂਡਲ ਨੇ ਸੁਲਤਾਨਪੁਰ ਲੋਧੀ ਵਿੱਚ ਕੰਮ ਕਰ ਰਹੇ ਵਾਟਰ ਸਪਲਾਈ ਸੈਨੀਟੇਸ਼ਨ ਵਿਭਾਗ ਦੇ ਵਰਕਰਾਂ ਨਾਲ ਮੀਟਿੰਗ ਕੀਤੀ ਕੌਂਡਲ ਨੇ ਦੱਸਿਆ ਕਿ ਵਾਟਰ ਸਪਲਾਈ ਸੈਨੀਟੇਸ਼ਨ ਵਿਭਾਗ ਦੇ ਟੈਂਕੀਆਂ ਤੇ ਕੰਮ ਕਰਦੇ ਮੁਲਾਜ਼ਮਾਂ ਦੀਆਂ ਡਿਊਟੀਆਂ ਡੀ ਸੀ ਐਸ ਸਕੀਮ ਅਧੀਨ ਪਟਵਾਰੀਆਂ ਨਾਲ ਲਗਾ ਦਿੱਤੀਆਂ ਸੀ ਜਿਸ ਦੀ ਜਾਣਕਾਰੀ ਯੂਨੀਅਨ ਦੇ ਸੂਬਾ ਸਕੱਤਰ ਕੌਂਡਲ ਨੂੰ ਮਿਲੀ ਤਾਂ ਫੇਰ ਸੂਬਾ ਸਕੱਤਰ ਨੇ ਸੁਲਤਾਨਪੁਰ ਦੀ ਸਾਰੀ ਟੀਮ ਨਾਲ ਜਾ ਕੇ ਉਹ ਆਰਡਰ ਕੈਂਸਲ ਕਰਵਾਏ ਜਿਸ ਨਾਲ ਵਰਕਰਾਂ ਨੂੰ ਰਾਹਤ ਮਿਲੀ ਸੂਬਾ ਸਕੱਤਰ ਸੰਜੀਵ ਕੌਂਡਲ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਾਟਰ ਸਪਲਾਈ ਸੈਨੀਟੇਸ਼ਨ ਵਿਭਾਗ ਦੀਆਂ ਟੈਂਕੀਆਂ ਨੂੰ ਪੰਚਾਇਤਾਂ ਹਵਾਲੇ ਕਰਨ ਲਈ ਅਫ਼ਸਰਾਂ ਤੇ ਜੋਰ ਪਾਇਆ ਜਾ ਰਿਹਾ ਹੈ ਜਿਸ ਦਾ ਸਿੱਧਾ ਨੁਕਸਾਨ ਟੈਂਕੀਆਂ ਤੇ ਕੰਮ ਕਰਦੇ ਮੁਲਾਜ਼ਮਾਂ ਦਾ ਹੋਵੇਗਾ ਤੇ ਦੂਸਰਾ ਇਹ ਟੈਂਕੀਆਂ ਪੰਚਾਇਤਾਂ ਕੋਲੋਂ ਨਹੀਂ ਚਲਣੀਆਂ ਇਹ ਗੱਲ ਪੱਕੀ ਹੈ ਉਸ ਤੋਂ ਬਾਅਦ ਫੇਰ ਸਾਰੇ ਪੰਜਾਬ ਦੀਆਂ ਟੈਂਕੀਆਂ ਨੂੰ ਕਿਸੇ ਸਰਮਾਏਦਾਰ ਵਿਅਕਤੀ ਨੂੰ ਠੇਕਾ ਦਿੱਤਾ ਜਾਵੇਗਾ ਜਿਹੜਾ ਕਿ ਜੀਉ ਮੋਬਾਈਲ ਕੰਪਨੀ ਵਾਂਗ ਪਹਿਲਾਂ ਕੁਝ ਸਮਾਂ ਫਰੀ ਪਾਣੀ ਦਿਊਗਾ ਤੇ ਫੇਰ ਬਾਅਦ ਵਿੱਚ ਆਪਣੀ ਮਰਜੀ ਨਾਲ 400-500 ਪ੍ਰਤੀ ਮਹੀਨਾ ਪਾਣੀ ਬੇਚਣਗੀਆਂ ਜਿਸ ਦਾ ਹਰਜਾਨਾ ਪੰਜਾਬ ਦੇ ਲੋਕਾਂ ਨੂੰ ਭੁਗਤਨਾ ਪਵੇਗਾ। ਮੀਟਿੰਗ ਵਿੱਚ ਸੂਬਾ ਆਗੂ ਅਨਿਲ ਕੁਮਾਰ ਨਾਹਰ, ਹਰਦੀਪ ਸਿੰਘ, ਪ੍ਰੇਮ ਸਿੰਘ, ਲਵਪ੍ਰੀਤ , ਜਸਵੀਰ ਸਿੰਘ ਆਦਿ ਮੈਂਬਰ ਹਾਜਿਰ ਹੋਏ।

# 41ਵੇਂ ਖ਼ੂਨਦਾਨ ਕੈਂਪ 'ਚ ਸੰਤ ਬਾਬਾ ਸਤਨਾਮ ਸਿੰਘ ਕਾਰ ਸੇਵਾ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੇ ਕੀਤੀ ਸ਼ਿਰਕਤ



ਆਦਮਪੁਰ (ਪਰਮਜੀਤ ਸਿੰਘ)- ਬੀਤੇ ਦਿਨੀਂ ਖਾਲਸਾ ਪੰਥ ਨੂੰ ਸਮਰਪਿਤ ਦਸਵੰਧ ਗਰੀਬਾਂ ਲਈ ਐਨ ਜੀ ਓ ਪੰਜਾਬ ਵੱਲੋਂ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਅਤੇ ਵਿਦੇਸ਼ਾਂ ਵਿੱਚ ਬੈਠ ਅਣਥੱਕ ਮਿਹਨਤ ਕਰ ਆਪਣੇ ਦਸਵੰਧ ਰੂਪੀ ਵੱਡੇ ਖ਼ਜ਼ਾਨੇ ਐਨ ਜੀ ਓ ਨੂੰ ਭੇਜ ਇਹ ਸੱਭੇ ਕਾਰਜ ਕਰਵਾਉਣ ਵਾਲੇ ਸਮੂਹ ਐਨ ਆਰ ਆਈ ਵੀਰਾਂ ਭੈਣਾਂ ਦੇ ਸਹਿਯੋਗ ਨਾਲ 41ਵਾ ਸਵੈਂ ਇੱਛਕ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਬੜੇ ਵੱਡੇ ਉਤਸ਼ਾਹ ਨਾਲ 97 ਵੀਰਾਂ ਭੈਣਾਂ ਦੇ ਆਪਣਾ ਖ਼ੂਨਦਾਨ ਕੀਤਾ। ਇਸ ਬਲੱਡ ਕੈਂਪ 'ਚ ਉਚੇਚੇ ਤੌਰ 'ਤੇ ਮੁੱਖ ਮਹਿਮਾਨ ਵਜੋਂ ਸੰਤ ਮਹਾਂਪੁਰਸ਼ ਬਾਬਾ ਸਤਨਾਮ ਸਿੰਘ ਕਾਰ ਸੇਵਾ ਕਿਲਾਂ ਸ਼੍ਰੀ ਅਨੰਦਪੁਰ ਸਾਹਿਬ ਵਾਲੇ, ਡਾ ਗੁਰਮੀਤ ਲਾਲ, ਪਵਨ ਕੁਮਾਰ ਟੀਨੂੰ, ਸੁਖਵਿੰਦਰ ਸਿੰਘ ਕੋਟਲੀ ਐਮ ਐਲ ਏ ਹਲਕਾ ਆਦਮਪੁਰ ਸਰਪੰਚ ਰਸ਼ਪਾਲ ਸਿੰਘ,ਬੀ ਜੇ ਡੀ ਕਲੱਬ ਆਦਮਪੁਰ ਅਤੇ ਸਾਡੇ ਬਹੁਤ ਹੀ ਅਜ਼ੀਜ਼ ਉਪਕਾਰ ਐਜੂਕੇਸ਼ਨ ਟਰੱਸਟ ਸਰਕਲ ਗੜ੍ਹਸ਼ੰਕਰ ਦੇ ਸਰਪ੍ਰਸਤ ਭੁਪਿੰਦਰ ਸਿੰਘ ਰਾਣਾ, ਸੰਜੀਵ ਬੋੜਾ ਪਿੰਡ ਅਤੇ ਦਸਵੰਧ ਗਰੀਬਾਂ ਲਈ ਐਨ ਜੀ ਓ ਤੋਂ ਸੈਕਟਰੀ ਸਹਿਬਾਨ ਮਨਪ੍ਰੀਤ ਸਿੰਘ ਧੀਰੋਵਾਲ, ਵੀਡੀਓ ਡਾਇਰੈਕਟਰ ਬਾਈ ਸੁੱਖੀ ਦਾਊਦਪੁਰੀਆ, ਹਰਜਿੰਦਰ ਪਾਲ ਸਿੰਘ ਟੋਨੀ ਕੰਦੋਲਾ ਜੀ ਆਦਿਕ ਪਿੰਡ ਨਰੂੜ, ਪਧਿਆਣਾ, ਨਵੀਂ ਡਰੋਲੀ, ਕਾਲਰਾ, ਡਮੁੰਡਾ, ਆਦਮਪੁਰ, ਖੁਰਦਪੁਰ, ਕੰਦੋਲਾ ਮਾਣਕੋ ਘੜਿਆਲ ਆਦਿਕ ਅਤੇ ਪਿੰਡ ਦੇ ਨੌਜਵਾਨ ਵੀਰ ਭੈਣਾਂ ਆਦਿ ਹਾਜ਼ਰ ਸਨ।

## ਬਾਦਲ ਦੇ ਦੁਬਾਰਾ ਪ੍ਰਧਾਨ ਚੁਣੇ ਜਾਣ 'ਤੇ ਅਕਾਲੀ ਲੀਡਰਸ਼ਿਪ 'ਚ ਖ਼ੁਸ਼ੀ ਦੀ ਲਹਿਰ



ਟਾਂਡਾ ਉੜਮੁੜ (ਜਸਵਿੰਦਰ ਸੰਧੂ)- ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਜ਼ਿਲ੍ਹਾਂ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਦੀ ਅਗਵਾਈ ਵਿੱਚ ਅਕਾਲੀ ਆਗੂਆਂ ਤੇ ਵਰਕਰਾਂ ਨੇ ਸੁਖਬੀਰ ਬਾਦਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਬਣਨ 'ਤੇ ਲੱਡੂ ਵੰਡ ਕੇ ਖ਼ੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਲਖਵਿੰਦਰ ਲਖੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ ਦੀ ਤੇ ਪੰਜਾਬ ਦੇ ਇੱਕੋ ਇੱਕ ਖੇਤਰੀ ਪਾਰਟੀ ਹੈ।ਪਾਰਟੀ ਦੀ ਅਗਵਾਈ ਸੁਖਬੀਰ ਸਿੰਘ ਬਾਦਲ ਦੇ ਹੱਥਾਂ ਵਿੱਚ ਹੀ ਮਹਿਫ਼ੂਜ਼ ਹੈ।ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਪੰਜਾਬ ਦੇ ਵਿਕਾਸ ਪੰਜਾਬ ਵੀਅਤ ਦੀ ਸੇਵਾ ਤੇ ਕਿਸਾਨ ਮਜ਼ਦੂਰ ਹਿੱਤਾਂ ਦੀ ਆਵਾਜ਼ ਬਣ ਕੇ ਸਦਾ ਅੱਗੇ ਰਹੇ ਹਨ ਉਹਨਾਂ ਦੀ ਅਗਵਾਈ ਹੇਠ ਅਕਾਲੀ ਦਲ ਦੀ ਪਹਿਚਾਣ ਮੁੜ ਸਦੀਆਂ ਵਾਲੇ ਅੰਦੋਲਨ ਨਾਲ ਜੋੜੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਲੋਕਾਂ ਦੇ ਹੱਕਾਂ ਦੀ ਰਾਖੀ ਕਰੇਗਾ ਤੇ ਖੇਤੀਬਾੜੀ, ਸਿੱਖਿਆ , ਰੋਜ਼ਗਾਰ ਤੇ ਧਾਰਮਿਕ ਮੁੱਲਾਂ ਦੀ ਸੰਭਾਲ ਕਰੇਗਾ।ਇਸ ਮੌਕੇ ਬਲਵਿੰਦਰ ਸਿੰਘ ਬੋਦਲ ,ਗੁਰਮੀਤ ਸਿੰਘ, ਡਾਕਟਰ ਸੱਜਣ ਸਿੰਘ , ਜਥੇਦਾਰ ਮਹਿੰਦਰ ਸਿੰਘ, ਜਸਵਿੰਦਰ ਸਿੰਘ ਕਾਲੜਾ ਆਦਿ ਹਾਜ਼ਰ ਸਨ।

## ਸਿਵਲ ਹਸਪਤਾਲ 'ਚ ਔਰਤ ਰੋਗਾਂ ਤੇ ਹੱਡੀਆਂ ਦੇ ਮਾਹਰ ਡਾਕਟਰ ਨਿਭਾਉਣਗੇ ਸੇਵਾਵਾਂ : ਐਸ ਐਮ ਓ



ਬਲਾਚੌਰ (ਜਸਵਿੰਦਰ ਬੈਂਸ)- ਲੈਫਟੀਨਲ ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਹੱਡੀਆਂ ਦੇ ਮਾਹਰ ਅਤੇ ਔਰਤ ਰੋਗਾਂ ਦੇ ਮਾਹਰ ਡਾਕਟਰ ਆਪਣੀਆਂ ਸੇਵਾਵਾਂ ਨਿਭਾਉਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਦੱਸਿਆ ਕਿ ਹੱਡੀਆਂ ਦੇ ਮਾਹਰ ਡਾਕਟਰ ਸੋਬਿਤ ਬੰਧੋਪਾਧਿਆਏ ਹਫਤੇ ਦੇ ਛੇ ਦਿਨ ਜਦਕਿ ਔਰਤ ਰੋਗਾਂ ਦੇ ਮਾਹਰ ਡਾਕਟਰ ਧਰਮਿੰਦਰ ਸੁੰਡਾ ਹਫਤੇ 'ਚ ਇੱਕ ਦਿਨ ਬੁੱਧਵਾਰ ਨੂੰ ਹਸਪਤਾਲ ਵਿਖੇ ਸੇਵਾਵਾਂ ਨਿਭਾਉਣਗੇ।

# ਸੰਤੋਸ਼ ਕਟਾਰੀਆ ਵੱਲੋਂ ਮੰਢਿਆਣੀ ਨੂੰ ਡਿਸਪੈਂਸਰੀ ਲਈ 5 ਲੱਖ ਦੀ ਦਿੱਤੀ ਗਰਾਂਟ

ਬਲਾਚੌਰ (ਜਸਵਿੰਦਰ ਬੈਂਸ) ਆਮ ਆਦਮੀ ਪਾਰਟੀ ਵੱਲੋਂ ਸਿਹਤ ਸਹੂਲਤਾਂ ਨੂੰ ਦੇਖਦੇ ਹੋਏ ਸਬ ਡਿਵੀਜਨ ਬਲਾਚੌਰ ਦੇ ਪਿੰਡ ਮੰਢਿਆਣੀ ਦੀ ਡਿਸਪੈਂਸਰੀ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਪਤਵੰਤਿਆਂ ਦੀ ਹਾਜ਼ਰੀ ਵਿਧਾਇਕਾ ਸੰਤੋਸ਼ ਕਟਾਰੀਆ ਨੇ ਪਿੰਡ ਦੀ ਸਮੂਹ ਪੰਚਾਇਤ ਮੈਂਬਰਾਂ ਦੀ ਹਾਜ਼ਰੀ 'ਚ ਸਰਪੰਚ ਕਸਮੀਰ ਕੌਰ ਢਿੱਲੋਂ ਅਤੇ ਸਮੂਹ ਪੰਚਾਇਤ ਮੈਂਬਰਾਂ ਨੂੰ ਭੇਟ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ 'ਚ ਸਮੁੱਚੇ ਹਲਕੇ ਦੇ ਪਿੰਡਾਂ ਅੰਦਰ ਸਰਵਪੱਖੀ ਵਿਕਾਸ ਨੂੰ ਤਰਜੀਹ ਦਿੱਤੀ ਜਾਵੇਗੀ। ਸਰਪੰਚ ਕਸ਼ਮੀਰ ਕੌਰ ਅਤੇ ਸਮੁੱਚੇ ਪਿੰਡ ਵਾਸੀਆਂ ਵੱਲੋਂ ਵਿਧਾਇਕਾ ਸੰਤੋਸ਼ ਕਟਾਰੀਆ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਕਸਮੀਰ ਕੌਰ ਸਰਪੰਚ, ਬੂਟਾ ਸਿੰਘ, ਕੁਲਵਿੰਦਰ ਸਿੰਘ, ਚਮਨ ਲਾਲ, ਜਸਵਿੰਦਰ ਕੌਰ, ਕਮਲਜੀਤ ਕੌਰ (ਸਾਰੇ ਪੰਚਾਇਤ ਮੈਂਬਰਾਂ) ਤੋਂ ਇਲਾਵਾ ਸਾਬਕਾ ਸਰਪੰਚ ਭਜਨ ਸਿੰਘ, ਸੁਖਵੀਰ ਸਿੰਘ ਢਿੱਲੋਂ, ਜੋਗਿੰਦਰ ਸਿੰਘ ਠੇਕੇਦਾਰ, ਰੰਮੀ ਢਿੱਲੋਂ, ਬਲਪ੍ਰੀਤ ਸਿੰਘ ਢਿੱਲੋਂ, ਮਨਪ੍ਰੀਤ ਸਿੰਘ, ਮਨਦੀਪ ਸਿੰਘ, ਮੱਖਣ ਸਿੰਘ, ਸਹੋਤਾ ਪ੍ਰਧਾਨ ਜੱਟ ਮਹਾਸਭਾ ਆਲ ਇੰਡੀਆ ਚੰਨਣ ਸਿੰਘ ਅਤੇ ਬਹੁ ਗਿਣਤੀ ਸਖਸੀਅਤਾਂ ਹਾਜ਼ਰ ਸਨ।



# ਸਾਂਝੇ ਅਧਿਆਪਕ ਮੋਰਚੇ ਵੱਲੋਂ 10 ਮਈ ਨੂੰ ਸਿੱਖਿਆ ਮੰਤਰੀ ਦੇ ਹਲਕੇ 'ਚ ਝੰਡਾ ਮਾਰਚ

ਮਹਿਤਪੁਰ (ਪਾਰਸ)- ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਕਨਵੀਨਰਾਂ ਅਤੇ ਕੋ-ਕਨਵੀਨਰਾਂ ਦੀ ਵਰਚੂਅਲ ਮੀਟਿੰਗ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸੁਖਵਿੰਦਰ ਸਿੰਘ ਚਾਹਲ, ਹਰਵਿੰਦਰ ਸਿੰਘ ਬਿਲਗਾ, ਰਵਿੰਦਰਜੀਤ ਸਿੰਘ ਪੰਨੂ, ਸੁਰਿੰਦਰ ਕੰਬੋਜ, ਬਾਜ ਸਿੰਘ ਖਹਿਰਾ, ਬਲਜੀਤ ਸਿੰਘ ਸਲਾਣਾ, ਗੁਰਜੰਟ ਸਿੰਘ ਵਾਲੀਆ, ਹਰਜੀਤ ਸਿੰਘ ਜੁਨੇਜਾ, ਅਮਨਬੀਰ ਸਿੰਘ ਗੁਰਾਇਆ, ਗੁਰਿੰਦਰ ਸਿੰਘ ਸਿੱਧੂ, ਸ਼ਮਸ਼ੇਰ ਸਿੰਘ ਬੰਗਾ, ਨਵਪ੍ਰੀਤ ਸਿੰਘ ਬੱਲੀ, ਗੁਰਬਿੰਦਰ ਸਿੰਘ ਸਸਕੌਰ, ਜਿੰਦਰ ਪਾਇਲਟ ਆਦਿ ਸ਼ਾਮਿਲ ਹੋਏ।ਸੂਬਾ ਕੁਆਰਡੀਨੇਟਰ ਕੁਲਦੀਪ ਸਿੰਘ ਦੌੜਕਾ ਅਤੇ ਐਨ ਡੀ ਤਿਵਾੜੀ ਨੇ ਦੱਸਿਆ ਕਿ ਸਿੱਖਿਆ ਮੰਤਰੀ ਵੱਲੋਂ ਸਾਂਝੇ ਅਧਿਆਪਕ ਮੋਰਚੇ ਨਾਲ ਮੀਟਿੰਗ ਕਰਨ ਦਾ ਸਮਾਂ ਦੇ ਕੇ ਮੀਟਿੰਗ ਕਰਨ ਤੋਂ ਵਾਰ-ਵਾਰ ਟਾਲਾ ਵੱਟਿਆ ਜਾ ਰਿਹਾ ਹੈ। ਸਾਂਝੇ ਅਧਿਆਪਕ ਮੋਰਚੇ ਵੱਲੋਂ 8 ਮਾਰਚ ਨੂੰ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ।ਜਿਸ ਉਪਰੰਤ ਅਧਿਕਾਰੀਆਂ ਵੱਲੋਂ 19 ਮਾਰਚ ਨੂੰ 11:00 ਵਜੇ ਪੰਜਾਬ ਭਵਨ ਚੰਡੀਗੜ੍ਹ ਵਿਖੇ ਸਿੱਖਿਆ ਮੰਤਰੀ ਨਾਲ ਮੀਟਿੰਗ ਕਰਨ ਦਾ ਸਮਾਂ ਦਿੱਤਾ ਗਿਆ ਸੀ ਪਰ 18 ਮਾਰਚ ਨੂੰ ਅਧਿਕਾਰੀਆਂ ਵੱਲੋਂ ਪੱਤਰ ਜਾਰੀ ਕਰਦੇ ਹੋਏ 19 ਮਾਰਚ ਦੀ ਮੀਟਿੰਗ ਮੁਲਤਵੀ ਕਰਨ ਅਤੇ 7 ਅਪ੍ਰੈਲ ਨੂੰ ਮੀਟਿੰਗ ਕਰਨ ਦਾ ਅਗਲਾ ਸਮਾਂ ਦਿੱਤਾ ਗਿਆ ਸੀ। 7 ਅਪ੍ਰੈਲ ਨੂੰ ਹੋਣ ਵਾਲੀ ਮੀਟਿੰਗ ਵੀ ਮੁਲਤਵੀ ਕਰਦੇ ਹੋਏ 16 ਅਪ੍ਰੈਲ ਨੂੰ ਮੀਟਿੰਗ ਕਰਨ ਦਾ ਸਮਾਂ ਦਿੱਤਾ ਗਿਆ।ਪਰ ਹੁਣ ਇਸ ਮੀਟਿੰਗ ਤੋਂ ਇੱਕ ਦਿਨ ਪਹਿਲਾਂ ਅਧਿਕਾਰੀਆਂ ਵੱਲੋਂ ਫੋਨ ਸੰਦੇਸ਼ ਰਾਹੀਂ 16 ਅਪ੍ਰੈਲ ਨੂੰ ਹੋਣ ਵਾਲੀ ਮੀਟਿੰਗ ਮੁਲਤਵੀ ਕਰਦੇ ਹੋਏ ਅਗਲੀ ਮੀਟਿੰਗ ਦਾ ਸਮਾਂ ਦੇਣ ਦੇ ਲਾਰੇ ਲਾਏ ਜਾ ਰਹੇ ਹਨ।ਸਿੱਖਿਆ ਵਿੱਚ ਇਨਕਲਾਬੀ ਸੁਧਾਰ ਕਰਨ ਦੇ ਨਾਂ ਤੇ ਹੋਂਦ ਵਿੱਚ ਆਈ ਆਪ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਸਲੇ ਲਟਕਾਉਣ ਕਾਰਨ ਸਾਂਝਾ ਅਧਿਆਪਕ ਮੋਰਚਾ ਪੰਜਾਬ ਵਲੋਂ 28 ਅਪ੍ਰੈਲ ਤੋਂ 3 ਮਈ ਤੱਕ ਸਿੱਖਿਆ ਮੰਤਰੀ ਦੇ ਜ਼ਿਲ੍ਹਾ ਹੈੱਡ ਕੁਆਰਟਰਾਂ 'ਤੇ ਪੁਤਲੇ ਫੂਕੇ ਜਾਣਗੇ ਅਤੇ 10 ਮਈ ਨੂੰ ਪੰਜਾਬ ਭਰ ਦੇ ਅਧਿਆਪਕਾਂ ਵੱਲੋਂ ਸਿੱਖਿਆ ਮੰਤਰੀ ਦੇ ਹਲਕੇ ਵਿੱਚ ਰੋਹ ਭਰਪੂਰ ਝੰਡਾ ਮਾਰਚ ਕੀਤਾ ਜਾਵੇਗਾ। ਮੋਰਚੇ ਦੇ ਆਗੂਆਂ ਨੇ ਦੱਸਿਆ ਕਿ ਸਰਕਾਰ ਨੇ ਕੋਈ ਵੀ ਅਧਿਆਪਕ ਭਰਤੀ ਪੂਰੀ ਨਹੀਂ ਕੀਤੀ, ਸਕੂਲਾਂ ਦੇ ਵਿਦਿਆਰਥੀਆਂ ਨੂੰ ਹਾਲੇ ਤੱਕ ਪੂਰੀਆਂ ਕਿਤਾਬਾਂ ਨਹੀਂ ਦਿੱਤੀਆਂ, ਢਾਈ ਮਹੀਨਿਆਂ ਤੋਂ ਮੁਲਾਜ਼ਮ ਤਨਖਾਹਾਂ ਤੋਂ ਵਾਂਝੇ ਹਨ ਅਤੇ ਸਰਕਾਰ ਸਿੱਖਿਆ ਕ੍ਰਾਂਤੀ ਦਾ ਡਰਾਮਾ ਕਰਕੇ ਜਨਤਕ ਸਿੱਖਿਆ ਵਿੱਚ ਕੀਤੇ ਜਾ ਰਹੇ ਘਾਣ ਤੇ ਪਰਦਾ ਪਾ ਰਹੀ ਹੈ। ਸਕੂਲਾਂ ਵਿੱਚ ਹਜ਼ਾਰਾਂ ਪੋਸਟਾਂ ਖਾਲੀ ਹਨ। ਨਵੀਂ ਭਰਤੀ ਕਰਨ ਦਾ ਸਰਕਾਰ ਦਾ ਕੋਈ ਇਰਾਦਾ ਨਜ਼ਰ ਨਹੀਂ ਆ ਰਿਹਾ। ਅਧਿਆਪਕਾਂ ਦੀ ਪ੍ਰਮੋਸ਼ਨ ਪ੍ਰਕਿਰਿਆ ਈ.ਟੀ.ਟੀ. ਅਧਿਆਪਕ ਤੋਂ ਹੈੱਡ ਟੀਚਰ, ਹੈੱਡ ਟੀਚਰ ਤੋਂ ਸੈਂਟਰ ਹੈੱਡ ਟੀਚਰ, ਸੈਂਟਰ ਹੈੱਡ ਟੀਚਰ ਤੋਂ ਬੀ.ਪੀ.ਈ.ਓ. ਈ.ਟੀ.ਟੀ.ਟੀਚਰ ਅਤੇ ਹੈੱਡ ਟੀਚਰ ਤੋਂ ਮਾਸਟਰ ਕਾਡਰ, ਮਾਸਟਰ ਤੋਂ ਲੈਕਚਰਾਰ, ਲੈਕਚਰਾਰ ਤੋਂ ਪ੍ਰਿੰਸੀਪਲ, ਮਾਸਟਰ ਕਾਡਰ ਤੋਂ ਹੈੱਡਮਾਸਟਰ ਆਦਿ ਹਰ ਵਰਗ ਦੀਆਂ ਤਰੱਕੀਆਂ 75% ਕੋਟੇ ਅਨੁਸਾਰ ਕਰਨ ਦੀ ਮੰਗ ਕੀਤੀ ਗਈ। ਸਿੱਖਿਆ ਕ੍ਰਾਂਤੀ ਦੇ ਡਰਾਮੇ ਕਰਨ ਵਾਲੀ ਸਰਕਾਰ ਸਕੂਲ ਮੈਨੇਜਮੈਂਟ ਕਮੇਟੀਆਂ ਤੋਂ ਵਰਦੀਆਂ ਦੀ ਖ਼ਰੀਦ ਦਾ ਅਧਿਕਾਰ ਖੋਹਣ ਜਾ ਰਹੀ ਹੈ।ਮੀਟਿੰਗ ਵਿੱਚ ਸਾਂਝੇ ਅਧਿਆਪਕ ਮੋਰਚੇ ਵੱਲੋਂ ਸਿੱਖਿਆ ਕ੍ਰਾਂਤੀ ਦੇ ਸਰਕਾਰੀ ਡਰਾਮੇ ਦਾ ਸਖਤ ਸ਼ਬਦਾਂ ਵਿੱਚ ਵਿਰੋਧ ਕਰਦੇ ਹੋਏ ਸਿੱਖਿਆ ਮੰਤਰੀ ਵੱਲੋਂ ਅਧਿਆਪਕਾਂ ਦੇ ਮਸਲਿਆਂ ਦਾ ਹੱਲ ਕਰਨ ਲਈ ਮੀਟਿੰਗ ਕਰਨ ਤੋਂ ਵਾਰ-ਵਾਰ ਟਾਲਾ ਵੱਟਣ ਦੀ ਨਿਖੇਧੀ ਕੀਤੀ ਗਈ।

# ਲੋਕ ਇਨਸਾਫ ਮੰਚ ਤੇ ਜਮਹੂਰੀ ਕਿਸਾਨ ਸਭਾ ਦੇ ਆਗੂਆਂ ਵੱਲੋਂ ਥਾਣੇ ਦਾ ਘਿਰਾਓ



ਫਿਲੌਰ (ਨਿਰਮਲ)- ਬੀਤੀ ਦੇਰ ਰਾਤ ਫਿਲੌਰ ਥਾਣੇ ਦੇ ਅੱਗੇ ਲੋਕ ਇਨਸਾਫ ਮੰਚ ਅਤੇ ਜਮਹੂਰੀ ਕਿਸਾਨ ਸਭਾ ਦੇ ਆਗੂਆਂ ਵੱਲੋਂ ਥਾਣੇ ਦਾ ਘਿਰਾਓ ਕਰਕੇ ਫਿਲੌਰ ਪੁਲਸ ਅਤੇ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਲੋਕ ਇਨਸਾਫ ਮੰਚ ਦੇ ਆਗੂ ਜਰਨੈਲ ਫਿਲੌਰ ਨੇ ਕਿਹਾ ਕਿ ਪਿਛਲੇ ਦਿਨੀ ਗੰਨਾ ਪਿੰਡ ਦੀ 12 ਸਾਲਾ ਲੜਕੀ ਦੇ ਮਾਮਲੇ ਵਿੱਚ ਪੁਲਸ ਵੱਲੋਂ ਐਫ ਆਈ ਆਰ ਦਰਜ ਕੀਤੀ ਗਈ ਸੀ ਜਿਸ ਦੇ ਚਲਦੇ ਪੰਜਾਬ ਸਰਕਾਰ ਦੇ ਕਿਸੇ ਨੁਮਾਇੰਦੇ ਦੇ ਕਹਿਣ 'ਤੇ ਕਾਰਵਾਈ ਕਰਦੇ ਹੋਏ ਦੋਸ਼ੀਆਂ ਨੂੰ ਕਾਬੂ ਕੀਤਾ ਗਿਆ।ਪਰ ਫੜੇ ਗਏ ਦੋਸ਼ੀਆਂ ਨੂੰ ਪਤਾ ਨਹੀਂ ਕਿਉਂ ਛੱਡ ਦਿੱਤਾ ਗਿਆ।ਉਨ੍ਹਾਂ ਦੋਸ਼ ਲਗਾਇਆ ਕਿ ਸੱਤਾਧਾਰੀ ਪਾਰਟੀ ਦੇ ਕੁਝ ਵਿਅਕਤੀਆਂ ਵੱਲੋਂ ਪੈਸੇ ਲੈ ਕੇ ਉਹਨਾਂ ਨੂੰ ਛੁਡਾਇਆ ਗਿਆ ਹੈ।ਪੱਤਰਕਾਰਾਂ ਨੇ ਜਦੋਂ ਉਹਨਾਂ ਨੂੰ ਸਵਾਲ ਕੀਤਾ ਕਿ ਤੁਹਾਡੇ ਕੋਲੋਂ ਕੀ ਸਬੂਤ ਹੈ ਤਾਂ ਉਨ੍ਹਾਂ ਕਿਹਾ ਕਿ ਸਾਡੇ ਕੋਲ ਵੀਡੀਓ ਮੌਜੂਦ ਹੈ ਤਾਂ ਉਹਨਾਂ ਨੇ ਕਿਹਾ ਕਿ ਸਮਾਂ ਆਉਣ 'ਤੇ ਉਸ ਨੂੰ ਵੀ ਜਨਤਕ ਕੀਤਾ ਜਾਵੇਗਾ। ਉੱਥੇ ਹੀ ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਫਿਲੌਰ ਨੇ ਵੀ ਪੁਲਸ ਪ੍ਰਸ਼ਾਸਨ 'ਤੇ ਸਵਾਲੀਆਂ ਨਿਸ਼ਾਨ ਖੜੇ ਕੀਤੇ। ਉਹਨਾਂ ਕਿਹਾ ਕਿ ਜਦੋਂ ਤੱਕ ਉਹਨਾਂ ਦੀਆਂ ਜਾਇਜ਼ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਅਤੇ ਦੋਸ਼ੀਆਂ ਦੇ ਖਿਲਾਫ ਸਖਤ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਇਹ ਧਰਨਾ ਇਸੇ ਤਰ੍ਹਾਂ ਨਿਰੰਤਰ ਜਾਰੀ ਰਹੇਗਾ।ਪੁਲਸ ਦੇ ਉੱਚ ਅਧਿਕਾਰੀਆਂ ਦੇ ਭਰੋਸੇ ਉਪਰੰਤ ਧਰਨਾਕਾਰੀਆਂ ਵੱਲੋਂ ਧਰਨਾ ਚੁੱਕ ਲਿਆ ਗਿਆ।

## ਭਾਈ ਨੰਦ ਲਾਲ ਪਬਲਿਕ ਸਕੂਲ 'ਚ ਪੰਜ ਰੋਜ਼ਾ ਗੁਰਮਤਿ ਟ੍ਰੇਨਿੰਗ ਸਮਰ ਕੈਂਪ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਨਵੇਂ ਵਿੱਦਿਅਕ ਵਰ੍ਹੇ ਦੀ ਸ਼ੁਰੂਆਤ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਭਾਈ ਨੰਦ ਲਾਲ ਪਬਲਿਕ ਸਕੂਲ ਵਿਖੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰ:ਅਮਰਜੀਤ ਸਿੰਘ ਚਾਵਲਾ ਅਤੇ ਦਲਜੀਤ ਸਿੰਘ ਭਿੰਡਰ (ਦੋਵੇਂ ਮੈਂਬਰ ਸ਼੍ਰੋਮਣੀ ਕਮੇਟੀ) ਦੇ ਸਹਿਯੋਗ ਨਾਲ ਐਮ.ਐਮ.ਏ ਲਾਈਨਜ਼ ਕਲੱਬ ਬਰਮਿੰਘਮ ਵੱਲੋਂ 5 ਰੋਜ਼ਾ ਗੁਰਮਤਿ ਟ੍ਰੇਨਿੰਗ ਸਮਰ ਕੈਂਪ ਅੱਜ ਤੋਂ ਸ਼ੁਰੂ ਹੋ ਰਿਹਾ ਹੈ ਜਿਸ ਦੀ ਸਮਾਪਤੀ 22 ਅਪ੍ਰੈਲ ਨੂੰ ਹੋਵੇਗੀ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਭਾਈ ਨੰਦ ਲਾਲ ਪਬਲਿਕ ਸਕੂਲ ਦੇ ਪ੍ਰਿੰਸੀਪਲ ਸਤਨਾਮ ਸਿੰਘ ਨੇ ਦੱਸਿਆ ਕਿ ਹਰ ਸਾਲ ਸਕੂਲ ਵਿੱਚ ਬਰਮਿੰਘਮ ਦੀ ਸੰਸਥਾ ਵੱਲੋਂ ਬੱਚਿਆਂ ਦੇ ਵਿਸ਼ਾਲ ਕੈਂਪ ਲਗਾਏ ਜਾਂਦੇ ਹਨ ਜਿਨ੍ਹਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ 50 ਸਕੂਲਾਂ ਤੋਂ ਬੱਚੇ ਕੈਂਪ ਵਿੱਚ ਸ਼ਾਮਲ ਹੋਣ ਲਈ ਪੰਹੁਚਦੇ ਹਨ, ਉਨਾਂ ਦੱਸਿਆ ਕਿ ਇਸ ਵਾਰ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਮਨਾਇਆ ਜਾ ਰਿਹਾ ਹੈ, ਜਿਸ ਦੇ ਚੱਲਦਿਆਂ ਕੈਂਪ ਦਾ ਥੀਮ ਵੀ ਸ਼ਹੀਦੀ ਦਿਹਾੜੇ 'ਤੇ ਹੀ ਹੋਵੇਗਾ। ਪ੍ਰਿੰਸੀਪਲ ਸਤਨਾਮ ਸਿੰਘ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਜਿੱਥੇ ਬੱਚਿਆਂ ਦੇ ਮਨੋਰੰਜਨ ਲਈ ਖੇਡਾਂ ਕਰਵਾਈਆਂ ਜਾਂਦੀਆਂ ਹਨ, ਉੱਥੇ ਹੀ ਮਾਰਸ਼ਲ ਆਰਟ ਦੀ ਟ੍ਰੇਨਿੰਗ ਵੀ ਦਿੱਤੀ ਜਾਂਦੀ ਹੈ। ਉਨਾਂ ਕਿਹਾ ਕਿ ਇਸ ਕੈਂਪ ਦੌਰਾਨ ਧਾਰਮਿਕ ਲੈਕਚਰ ਕਰਵਾਏ ਜਾਂਦੇ ਹਨ ਉੱਥੇ ਹੀ ਗੁਰਬਾਣੀ ਕੰਠ ਮੁਕਾਬਲੇ, ਕਵਿਤਾ ਅਤੇ ਕਵੀਸ਼ਰੀ ਦੇ ਮੁਕਾਬਲੇ ਵੀ ਕਰਵਾਏ ਜਾਂਦੇ ਹਨ। ਉਨਾਂ ਕਿਹਾ ਕਿ ਸਕੂਲ ਵਿੱਚ ਬਾਹਰੋਂ ਆਏ ਬੱਚਿਆਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਤਖਤ ਸ੍ਰੀ ਕੇਸਗੜ ਸਾਹਿਬ ਦੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਮੁਕੰਮਲ ਕਰਵਾ ਲਏ ਗਏ ਹਨ।

# ਗੁਰੂ ਨਾਨਕ ਖਾਲਸਾ ਕਾਲਜ ਦਾ ਸਾਲਾਨਾ ਸਮਾਗਮ



ਸੁਲਤਾਨਪੁਰ ਲੋਧੀ (ਹਨੀ)- ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਇੰਜ. ਸਵਰਨ ਸਿੰਘ ਤੇ ਸਕੱਤਰ ਬੀਬੀ ਗੁਰਪ੍ਰੀਤ ਕੌਰ ਰੂਹੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਕਰਵਾਇਆ ਗਿਆ। ਸੀਨੀਅਰ ਐਡਵੋਕੇਟ ਅਤੇ ਮੈਂਬਰ ਕਾਲਜ ਕਮੇਟੀ ਬਲਜੀਤ ਸਿੰਘ ਬਾਜਵਾ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਸਾਬਕਾ ਜ਼ਿਲ੍ਹਾ ਗਵਰਨਰ ਰੋਟਰੀ ਕਲੱਬ ਡਾ. ਸਰਬਜੀਤ ਸਿੰਘ ਈ.ਐਨ.ਟੀ ਸਪੈਸ਼ਲਿਸਟ ਅਤੇ ਔਰਤਾਂ ਦੇ ਰੋਗਾਂ ਦੇ ਮਾਹਿਰ ਡਾ. ਸੁਰਜੀਤ ਕੌਰ ਪ੍ਰਧਾਨ ਇਨਰਵੀਲ੍ਹ ਕਲੱਬ ਇੰਜੀਨੀਅਰ ਹਰਨਿਆਮਤ ਕੌਰ, ਇੰਜੀਨੀਅਰ ਨਿਮਰਤਾ ਕੌਰ, ਨੰਦ ਸਿੰਘ, ਮਹਿੰਦਰ ਸਿੰਘ (ਸਾਰੇ ਮੈਂਬਰ ਕਾਲਜ ਕਮੇਟੀ), ਅਮਰੀਕ ਸਿੰਘ ਨੰਡਾ ਰਿਟਾਇਰਡ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੈੜਾ ਦੋਨਾ ਅਤੇ ਬੀਬੀ ਬਲਬੀਰ ਕੌਰ ਵੀ ਉਚੇਚੇ ਤੌਰ 'ਤੇ ਸਮਾਗਮ ਵਿੱਚ ਸ਼ਾਮਲ ਹੋਏ। ਕਾਲਜ ਦੇ ਪ੍ਰਧਾਨ ਇੰਜੀ. ਸਵਰਨ ਸਿੰਘ ਨੇ ਪਹੁੰਚੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਇਸ ਦੌਰਾਨ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਨੇ ਕਾਲਜ ਦੀਆਂ ਸਲਾਨਾ ਗਤੀਵਿਧੀਆਂ ਅਤੇ ਪ੍ਰਾਪਤੀਆਂ ਬਾਰੇ ਰਿਪੋਰਟ ਪੜ੍ਹੀ ਅਤੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ । ਬਲਜੀਤ ਸਿੰਘ ਬਾਜਵਾ ਨੇ ਵਿਦਿਆਰਥੀਆਂ ਨੂੰ ਉਚੇਰੀਆਂ ਬੁਲੰਦੀਆਂ ਹਾਂਸਲ ਕਰਨ ਲਈ ਪ੍ਰੇਰਿਤ ਕੀਤਾ। ਡਾ. ਸਰਬਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਆਪਣੀ ਸਿਹਤ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਪੜ੍ਹਾਈ ਵਿੱਚ ਉਚੇਰੀਆਂ ਮੱਲਾਂ ਮਾਰਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ 'ਚੋਂ ਮੈਰਿਟ ਵਿੱਚ ਆਉਣ ਵਾਲੇ ਅਤੇ ਅਕਾਦਮਿਕ ਖੇਤਰ ਵਿੱਚ ਪ੍ਰਾਪਤੀਆਂ ਹਾਂਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਖੇਡਾਂ ਅਤੇ ਯੂਥ ਫੈਸਟੀਵਲ ਵਿੱਚ ਚੰਗੀਆਂ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਕਾਲਜ ਦੀ ਵਿਦਿਆਰਥਣ ਅਮਨਪ੍ਰੀਤ ਕੌਰ ਐਮ.ਐਸ.ਈ (ਆਈ.ਟੀ) ਭਾਗ ਦੂਜਾ ਨੂੰ 5100 ਰੁਪਏ ਦੀ ਨਗਦ ਰਾਸ਼ੀ ਸਮੇਤ ਸਰਦਾਰ ਆਤਮਾ ਸਿੰਘ ਐਕਸੀਲੈਂਸ ਅਵਾਰਡ ਨਾਲ ਸਨਮਾਨਤ ਕੀਤਾ ਗਿਆ। ਸਨਮਾਨ ਹਾਸਲ ਕਰਨ ਵਾਲੇ 125 ਵਿਦਿਆਰਥੀਆਂ ਨੂੰ ਬੀਬੀ ਗੁਰਪ੍ਰੀਤ ਕੌਰ ਨੇ ਉਚੇਚੇ ਤੌਰ 'ਤੇ ਵਧਾਈ ਦਿੱਤੀ। ਇਸ ਤੋਂ ਪਹਿਲਾਂ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ । ਮੰਚ ਸੰਚਾਲਨ ਪ੍ਰੋ. ਰਿਸ਼ੂ ਬਾਲਾ ਅਤੇ ਪ੍ਰੋ.ਕੋਮਲਪ੍ਰੀਤ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਰੇਨੂੰ ਅਰੋੜਾ ਪ੍ਰਿੰਸੀਪਲ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਨਿਧੀ ਸੰਗੋਤਰਾ ਪ੍ਰਿੰਸੀਪਲ ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤੋਂ ਇਲਾਵਾ ਡਾ. ਮਨੀ ਛਾਬੜਾ, ਸੁਖਪਾਲ ਸਿੰਘ, ਰਾਜਦੀਪ ਕੌਰ ਜੋਸਨ, ਰਾਜਪ੍ਰੀਤ ਕੌਰ, ਗੁਰਪ੍ਰੀਤ ਕੌਰ, ਜੁਗਰਾਜ ਸਿੰਘ, ਰਾਜ ਕੁਮਾਰੀ, ਅਮਰੀਕ ਸਿੰਘ, ਕਮਲਜੀਤ ਕੌਰ, ਸਰਨਜੀਤ ਕੌਰ, ਰਜਿੰਦਰ ਸਿੰਘ ਆਦਿ ਹਾਜ਼ਰ ਸਨ ।

## ਐੱਸ ਐੱਸ ਐੱਫ ਦੀ ਟੀਮ ਨੇ ਪਟਿਆਲਾ ਤੋਂ ਗੁੰਮ ਹੋਇਆ ਬੱਚਾ ਪਰਵਾਰ ਨੂੰ ਸੌਂਪਿਆ



ਫਿਲੌਰ (ਨਿਰਮਲ) ਐੱਸ ਐੱਸ ਐੱਫ ਗੋਰਾਇਆ ਦੀ ਟੀਮ ਦੇ ਇੰਚਾਰਜ ਜਸਵਿੰਦਰ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਇੱਕ ਬੱਚਾ ਜੋ ਗੁੰਮ ਹੋਇਆ ਹੈ ਜਿਸ ਦੀ ਉਮਰ ਤਕਰੀਬਨ 7-8 ਸਾਲ ਹੈ ਗੋਰਾਇਆ ਵਿਖੇ ਕਿਸੇ ਵਿਅਕਤੀ ਕੋਲ ਬੈਠਾ ਹੈ।ਜਦੋਂ ਐਸ ਐਸ ਐਫ ਟੀਮ ਨੇ ਮੌਕੇ 'ਤੇ ਜਾ ਕੇ ਦੇਖਿਆ ਤਾਂ ਬੱਚਾ ਪਰਮਜੀਤ ਸਿੰਘ ਨਾਂਅ ਦੇ ਵਿਅਕਤੀ ਦੇ ਕੋਲ ਬੈਠਾ ਸੀ ਬੱਚੇ ਨਾਲ ਗੱਲ ਕਰਨ 'ਤੇ ਪਤਾ ਲੱਗਿਆ ਕਿ ਇਹ ਬੱਚਾ ਰਾਜਪੁਰਾ ਜ਼ਿਲ੍ਹਾ ਪਟਿਆਲਾ ਤੋਂ ਗੁੰਮ ਹੋਇਆ ਹੈ।ਜਿਸ ਉਪਰੰਤ ਐਸ ਐਸ ਐਫ ਦੀ ਟੀਮ ਵੱਲੋਂ ਕੰਟਰੋਲ ਰੂਮ ਜਲੰਧਰ ਨਾਲ ਸੰਪਰਕ ਕਰਕੇ ਪਟਿਆਲਾ ਕੰਟਰੋਲ ਦਾ ਨਾਲ ਸੰਪਰਕ ਕੀਤਾ ਗਿਆ, ਜਿਸ ਤੋਂ ਬਾਅਦ ਰਾਜਪੁਰਾ ਥਾਣਾ ਨਾਲ ਸੰਪਰਕ ਕੀਤਾ, ਰਾਜਪੁਰਾ ਵਾਲਿਆਂ ਨੇ ਕਸਤੂਰਵਾ ਚੌਕੀ ਦਾ ਨੰਬਰ ਦਿੱਤਾ ਜਿੱਥੋਂ ਕਿ ਉਹਨਾਂ ਦੇ ਮੁਨਸ਼ੀ ਨਾਲ ਗੱਲਬਾਤ ਕੀਤੀ ਤਾਂ ਇਸ ਬੱਚੇ ਦੀ ਫੋਟੋ ਕਸਤੂਰਵਾ ਚੌਂਕੀ ਭੇਜੀ ਗਈ ਅਤੇ ਉੱਥੋਂ ਦੇ ਮੁਨਸ਼ੀ ਨੇ ਇਹ ਫੋਟੋ ਸਾਰੇ ਗਰੁੱਪਾਂ ਵਿੱਚ ਸ਼ੇਅਰ ਕੀਤੀ ਅਤੇ 15 ਮਿੰਟ ਬਾਅਦ ਕਸਤੂਰਵਾ ਚੌਂਕੀ ਤੋਂ ਫੋਨ ਆ ਗਿਆ ਕਿ ਇਸ ਦੇ ਪਰਵਾਰ ਨਾਲ ਸਾਡਾ ਰਾਬਤਾ ਕਾਇਮ ਹੋ ਗਿਆ ਅਸੀ ਉਨ੍ਹਾਂ ਨੂੰ ਤੁਹਾਡੇ ਕੋਲ ਭੇਜ ਰਹੇ ਹਾਂ ਉਹ ਸਾਡੇ ਕੋਲ ਸ਼ਾਮ ਦੇ ਕਰੀਬ 5:30 ਵਜੇ ਪਹੁੰਚ ਗਏ ਅਤੇ ਬੱਚੇ ਨੂੰ ਮੋਹਤਵਰ ਵਿਅਕਤੀਆਂ ਦੀ ਹਾਜ਼ਰੀ ਵਿੱਚ ਪਰਵਾਰ ਨੂੰ ਸੌਂਪਿਆ ਗਿਆ। ਬੱਚੇ ਦੇ ਪਰਵਾਰ ਵਲੋਂ ਉਨ੍ਹਾਂ ਦਾ ਗੁੰਮ ਹੋਇਆ ਬੱਚਾ ਮਿਲਣ ਤੇ ਐਸ ਐਸ ਐਫ ਦੀ ਟੀਮ ਦਾ ਧੰਨਵਾਦ ਕੀਤਾ ਗਿਆ।

# ਐੱਨ ਬੀ ਏ ਐਕਰੀਡਿਟੇਸ਼ਨ ਨਾਲ ਮੇਹਰ ਚੰਦ ਪੌਲੀਟੈਕਨਿਕ ਕਾਲਜ ਬਣਿਆ ਪੰਜਾਬ ਦਾ ਇਕਲੌਤਾ ਪੌਲੀਟੈਕਨਿਕ

**ਜਲੰਧਰ (ਸ਼ੈਲੀ ਐਲਬਰਟ)** 1954 ਵਿੱਚ ਸਥਾਪਿਤ ਡੀ ਏ ਵੀ ਮੈਨੇਜਮੈਂਟ ਅਧੀਨ ਚਲ ਰਹੇ ਗੌਰਮਿੰਟ ਏਡਿਡ ਪੌਲੀਟੈਕਨਿਕ ਮੇਹਰ ਚੰਦ ਬਹੁਤਕਨੀਕੀ ਕਾਲਜ ਜਲੰਧਰ, ਦੋ ਪ੍ਰੋਗਰਾਮਾਂ ਵਿੱਚ ਐਨ ਬੀ ਏ ਐਕਰੀਡਿਟੇਸ਼ਨ ਹਾਸਲ ਕਰਕੇ ਇਹ ਪ੍ਰਾਪਤੀ ਕਰਨ ਵਾਲਾ ਪੰਜਾਬ ਦਾ ਇਕਲੌਤਾ ਬਹੁਤਕਨੀਕੀ ਕਾਲਜ ਬਣ ਗਿਆ ਹੈ । ਇਲੈਕਟ੍ਰੀਕਲ ਤੇ ਫਾਰਮੇਸੀ ਡਿਪਲੋਮਾ ਪ੍ਰੋਗਾਮਾਂ ਵਿੱਚ ਐਨ ਬੀ ਏ ਐਕਰੀਡਿਟੇਸ਼ਨ ਹਾਸਲ ਕਰਕੇ ਮੇਹਰਚੰਦ ਪੌਲੀਟੈਕਨਿਕ ਕਾਲਜ ਨੇ ਪਲੈਟੀਨਮ ਜੁਬਲੀ ਦੇ ਜਸ਼ਨਾਂ ਨੂੰ ਚਾਰ ਚੰਦ ਲਗਾ ਦਿੱਤਾ ਹੈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਦੋਨਾਂ ਪ੍ਰੋਗਾਮਾ ਨੂੰ 30.06.2027 ਤੱਕ ਐਨ.ਬੀ.ਏ ਐਕਰੀਡਿਟੇਸ਼ਨ ਵਿੱਚ ਵਿਸ਼ੇਸ਼ ਮਾਨਤਾ ਹਾਸਲ ਹੋਈ ਹੈ। ਉਹਨਾ ਇਹ ਵੀ ਕਿਹਾ ਕਿ 22 ਜੂਨ ਨੂੰ ਐਨ ਬੀ ਏ ਐਕਰੀਡਿਟੇਸ਼ਨ ਹਾਸਲ ਕਰਨ ਲਈ ਕਾਲਜ ਦਾ ਵਿਸ਼ੇਸ਼ ਸਨਮਾਨ ਮੁੰਬਈ ਵਿਖੇ ਐਮੀਨੈਂਟ ਰਿਸਰਚ ਟੀਮ ਵੱਲੋਂ ਕੀਤਾ ਜਾ ਰਿਹਾ ਹੈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਮੁੱਖੀ ਵਿਭਾਗ ਫਾਰਮੇਸੀ ਡਾ. ਸੰਜੇ ਬਾਸਲ ਅਤੇ ਮੁੱਖੀ ਵਿਭਾਗ ਇਲੈਕਟ੍ਰੀਕਲ ਕਸ਼ਮੀਰ ਕੁਮਾਰ ਅਤੇ ਫੈਕਲਟੀ ਨੂੰ ਸਨਮਾਨਿਤ ਕੀਤਾ।



# ਸਾਢੇ 4 ਮਹੀਨੇ ਬੀਤਣ ਦੇ ਬਾਵਜੂਦ ਠੁਆਣਾ ਪਿੰਡ ਦੀ ਪੰਚਾਇਤ ਨੂੰ ਨਹੀਂ ਮਿਲਿਆ ਚਾਰਜ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)** ਸਾਢੇ 4 ਮਹੀਨੇ ਬੀਤਣ ਦੇ ਬਾਵਜੂਦ ਠੁਆਣਾ ਪਿੰਡ ਦੀ ਪੰਚਾਇਤ ਨੂੰ ਨਹੀਂ ਮਿਲਿਆ ਚਾਰਜ, ਧੀਮਾਨ ਦੀ ਅਗਵਾਈ ਵਿਚ ਪੰਚਾਇਤ ਨੇ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ ।ਬਲਾਕ ਮਾਹਿਲਪੁਰ ਦੀ ਗ੍ਰਾਮ ਪੰਚਾਇਤ ਠੁਆਣਾ ਨੂੰ ਸਾਢੇ 4 ਮਹੀਨੇ ਬੀਤਣ ਦੇ ਬਾਵਜੂਦ ਵੀ ਪੰਚਾਇਤ ਸਕੱਤਰ ਵਲੋਂ ਜਾਣਬੁਝ ਕੇ ਚਾਰਜ ਨਾ ਦੇਣ ਦਾ ਮਾਮਲੇ ਨੂੰ ਲੈ ਕੇ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਦੀ ਅਗਵਾਈ ਵਿਚ ਵਫਦ ਸਮੇਤ ਸਰਪੰਚ ਸ਼੍ਰੀਮਤੀ ਮੀਨਾ ਰਾਣੀ, ਪੰਚ ਗੁਰਟੇਕ ਸਿੰਘ ਆਦਿ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਮਿਲ ਕੇ ਮੰਗ ਪੱਤਰ ਦਿੱਤਾ ਤੇ ਦੱਸਿਆ ਕਿ ਸਮੇਂ ਸਿਰ ਪੰਚਾਇਤਾਂ ਨੂੰ ਚਾਰਜ ਨਾ ਦੇਣਾ ਸਭ ਤੋਂ ਵੱਡਾਂ ਗੈਰ ਸੰਵਿਧਾਨਕ ਕੰਮ ਹੈ।ਜਦੋਂ ਕਿ ਗ੍ਰਾਮ ਪੰਚਾਇਤ ਵਲੋਂ ਪਹਿਲਾਂ ਵੀ ਬੀ ਡੀ ਪੀ ਓ ਮਾਹਿਲਪੁਰ ਨੂੰ ਵੀ ਲਿਖਤੀ ਮੰਗ ਪੱਤਰ ਦਿੱਤਾ ਜਾ ਚੁੱਕਾ ਹੈ।ਉਨ੍ਹਾਂ ਕਿਹਾ ਕਿ ਪੰਚਾਇਤ ਸਕੱਤਰ ਅਪਣੇ ਆਪ ਨੂੰ ਰੱਬ ਸਮਝ ਲੈਂਦੇ ਹਨ।ਜਦੋਂ ਕਿ ਉਨ੍ਹਾਂ ਦਾ ਕੰਮ ਪਿੰਡ ਵਿਚ ਪੰਚਾਇਤ ਦੀ ਸਹਾਇਤਾ ਕਰਨੀ ਹੁੰਦੀ ਹੈ ਨੇ ਕਿ ਸਰਪੰਚਾਂ ਨੂੰ ਉਲਝਣਾ ਵਿਚ ਪਾਉਣਾ।ਸਮੇਂ ਸਿਰ ਚਾਰਜ ਨਾ ਮਿਲਣ ਕਰਕੇ ਪਿੰਡ ਵਿਚ ਗ੍ਰਾਮ ਪੰਚਾਇਤ ਕੋਈ ਕੰਮ ਨਹੀਂ ਕਰਵਾ ਸਕਦੀ ਤੇ ਨਾ ਹੀ ਕਿਸੇ ਵੀ ਕੰਮ ਲਈ ਕੋਈ ਮਤਾ ਪਾਇਆ ਜਾ ਸਕਦਾ ਹੈ।ਧੀਮਾਨ ਨੇ ਮੰਗ ਕੀਤੀ ਕਿ ਅਗਰ ਠੁਆਣਾ ਪੰਚਾਇਤ ਨੂੰ ਤੁਰੰਤ ਸਕੱਤਰ ਪੰਚਾਇਤ ਨੇ ਪੂਰਾ ਚਾਰਜ ਨਹੀਂ ਦਿੱਤਾ ਤਾਂ ਕਾਨੂੰਨੀ ਪ੍ਰੀਕ੍ਰਿਆ ਅਪਣਾਈ ਜਾਵੇਗੀ।ਇਸ ਮੌਕੇ ਸਤਿੰਦਰ ਸਿੰਘ, ਕਲੁਦੀਪ ਸਿੰਘ, ਗੁਰਜੀਤ ਸਿੰਘ ਅਤੇ ਰਾਮ ਚੰਦ ਆਦਿ ਵੀ ਹਾਜਰ ਸਨ।



# ਸੀਨੀਅਰ ਸਿਹਤ ਅਧਿਕਾਰੀਆਂ ਵੱਲੋਂ ਵੱਖ-ਵੱਖ ਸਰਕਾਰੀ ਹਸਪਤਾਲਾਂ ਦਾ ਨਿਰੀਖਣ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹੇ ਦੇ ਸੀਨੀਅਰ ਸਿਹਤ ਅਧਿਕਾਰੀਆਂ ਨੇ ਅੱਜ ਸਵੇਰੇ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸੰਸਥਾਵਾਂ ਵਿਚ ਜਾ ਕੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ ਅਤੇ ਜ਼ਰੂਰੀ ਹਦਾਇਤਾਂ ਦਿੱਤੀਆਂ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ 16 ਅਪ੍ਰੈਲ ਤੋਂ ਸਰਕਾਰੀ ਸਿਹਤ ਸੰਸਥਾਵਾਂ ਦੇ ਖੁੱਲ੍ਹਣ ਅਤੇ ਬੰਦ ਹੋਣ ਦਾ ਸਮਾਂ ਬਦਲ ਗਿਆ ਹੈ। ਉਨ੍ਹਾਂ ਦੱਸਿਆ ਕਿ ਸਾਰੀਆਂ ਸਿਹਤ ਸੰਸਥਾਵਾਂ ਖ਼ਾਸਕਰ ਆਮ ਆਦਮੀ ਕਲੀਨਿਕਾਂ ਵਿਚ ਮਰੀਜ਼ਾਂ ਦੀਆਂ ਪਰਚੀਆਂ ਬਣਾਉਣ ਦਾ ਕੰਮ ਸਵੇਰੇ 7.30 ਵਜੇ ਸ਼ੁਰੂ ਹੋ ਗਿਆ ਸੀ ਅਤੇ ਸਿਹਤ ਸੰਸਥਾਵਾਂ ਸਵੇਰੇ 8 ਵਜੇ ਖੁੱਲ੍ਹ ਗਈਆਂ ਸਨ। ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਰਜਿਸਟਰੇਸ਼ਨ ਕਾਊਂਟਰ ਅੱਧਾ ਘੰਟਾ ਪਹਿਲਾਂ ਖੋਲ੍ਹੇ ਜਾ ਰਹੇ ਹਨ ਤਾਂ ਕਿ ਪਰਚੀ ਬਣਵਾਉਣ ਲਈ ਮਰੀਜ਼ਾਂ ਦੀਆਂ ਕਤਾਰਾਂ ਨਾ ਲੱਗਣ। ਡਾ. ਜੈਨ ਨੇ ਦੱਸਿਆ ਕਿ ਅਧਿਕਾਰੀਆਂ ਨੇ ਰਜਿਸਟਰੇਸ਼ਨ ਕਾਊਂਟਰਾਂ ਅਤੇ ਓ.ਪੀ.ਡੀ. ਕਮਰਿਆਂ ਵਿਚ ਜਾ ਕੇ ਨਿਰੀਖਣ ਕੀਤਾ। ਸਾਰੀਆਂ ਸਿਹਤ ਸੰਸਥਾਵਾਂ ਵਿਚ ਡਾਕਟਰ ਅਤੇ ਹੋਰ ਸਟਾਫ਼ ਸਮੇਂ ਸਿਰ ਪਹੁੰਚ ਗਿਆ ਸੀ। ਇਸ ਦੇ ਨਾਲ ਹੀ, ਸਿਹਤ ਅਧਿਕਾਰੀਆਂ ਨੇ ਹਸਪਤਾਲਾਂ ਵਿਚ ਜ਼ਰੂਰੀ ਦਵਾਈਆਂ ਦੀ ਉਪਲਬਧਤਾ ਬਾਰੇ ਜਾਣਿਆ ਅਤੇ ਹਦਾਇਤਾਂ ਕੀਤੀਆਂ ਕਿ ਡਾਕਟਰਾਂ ਵਲੋਂ ਮਰੀਜ਼ ਦੀ ਪਰਚੀ ਉਤੇ ਕੋਈ ਵੀ ਦਵਾਈ ਅਜਿਹੀ ਨਾ ਲਿਖੀ ਜਾਵੇ ਜਿਹੜੀ ਪ੍ਰਾਈਵੇਟ ਮੈਡੀਕਲ ਦੁਕਾਨਾਂ 'ਤੇ ਮਿਲਦੀ ਹੋਵੇ। ਸਾਰੀਆਂ ਦਵਾਈਆਂ ਹਸਪਤਾਲ ਦੀ ਫ਼ਾਰਮੇਸੀ ਵਿਚ ਹੀ ਮਿਲਣੀਆਂ ਚਾਹੀਦੀਆਂ ਹਨ। ਡਾ. ਜੈਨ ਨੇ ਆਖਿਆ ਕਿ ਸਰਕਾਰੀ ਸਿਹਤ ਸੰਸਥਾਵਾਂ ਵਿਚ ਆਉਣ ਵਾਲੇ ਮਰੀਜ਼ਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਉਨ੍ਹਾਂ ਦਾ ਪਹਿਲਾ ਫ਼ਰਜ਼ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਿਹਤ ਸਟਾਫ਼ ਦਾ ਪੂਰਾ ਸਹਿਯੋਗ ਕਰਨ।

# ਕੁਲਵੰਤ ਸਿੰਘ ਵੱਲੋਂ ਜੁਝਾਰ ਨਗਰ, ਝਾਮਪੁਰ ਤੇ ਤੜੌਲੀ ਦੇ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ



**ਐੱਸ.ਏ.ਐੱਸ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਪੰਜਾਬ ਦੇ ਸਕੂਲਾਂ ਵਿੱਚ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਪਰਾਲੇ ਵੱਜੋਂ ਐਸ.ਏ.ਐਸ. ਨਗਰ ਜ਼ਿਲ੍ਹੇ ਦੇ ਤਿੰਨ ਸਕੂਲਾਂ ਸਰਕਾਰੀ ਪ੍ਰਾਇਮਰੀ ਸਕੂਲ ਜੁਝਾਰ ਨਗਰ, ਸਰਕਾਰੀ ਪ੍ਰਾਇਮਰੀ ਸਕੂਲ ਝਾਮਪੁਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਤੜੌਲੀ ਵਿਖੇ ਸਥਿਤ ਸਕੂਲਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਮੇਂ ਦੌਰਾਨ ਹੋਏ 40.50 ਲੱਖ ਰੁਪਏ ਦੇ ਵਿਕਾਸ ਦੇ ਕੰਮਾਂ ਦੇ ਉਦਘਾਟਨ ਕੁਲਵੰਤ ਸਿੰਘ, ਹਲਕਾ ਵਿਧਾਇਕ, ਮੋਹਾਲੀ ਦੁਆਰਾ ਕੀਤੇ ਗਏ।ਉਨ੍ਹਾਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਜੁਝਾਰ ਨਗਰ ਦੇ ਸਕੂਲ ਵਿੱਚ 15 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ 2 ਸਮਾਰਟ ਕਲਾਸ ਰੂਮਜ਼ ਦਾ, ਪਿੰਡ ਝਾਮਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ 10.50 ਲੱਖ ਰੁਪਏ ਦੀ ਲਾਗਤ ਨਾਲ ਇੱਕ ਸਮਾਰਟ ਕਲਾਸ ਰੂਮ ਅਤੇ ਚਾਰਦੀਵਾਰੀ ਦੀ ਮੁਰੰਮਤ ਦੇ ਕੀਤੇ ਗਏ ਕੰਮ ਦਾ ਉਦਘਾਟਨ ਕੀਤਾ। ਇਸ ਤੋਂ ਇਲਾਵਾ ਪਿੰਡ ਤੜੌਲੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ 15 ਲੱਖ ਰੁਪਏ ਦੀ ਲਾਗਤ ਨਾਲ ਇੱਕ ਸਮਾਰਟ ਕਲਾਸ ਰੂਮ ਅਤੇ ਚਾਰਦੀਵਾਰੀ ਦੀ ਮੁਰੰਮਤ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਹੈ, ਸਿੱਖਿਆ ਵਿੱਚ ਇਨਕਲਾਬ ਆਇਆ ਹੈ। ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ ਵਿੱਚ ਪਹਿਲਾਂ ਨਾਲੋਂ 10 ਫੀਸਦੀ ਵਾਧਾ ਹੋਇਆ ਹੈ। ਇਸ ਮੌਕੇ ਐਸ.ਡੀ.ਐਮ. ਮੋਹਾਲੀ ਦਮਨਦੀਪ ਕੌਰ, ਸਿੱਖਿਆ ਅਫਸਰ, ਮਾਜਰੀ ਕਮਲਜੀਤ ਸਿੰਘ, ਅਮਨਪ੍ਰੀਤ ਕੌਰ, ਮੁੱਖ ਅਧਿਆਪਕ, ਜੁਝਾਰ ਨਗਰ, ਸਰਬਜੀਤ ਕੌਰ, ਮੁੱਖ ਅਧਿਆਪਕ, ਝਾਮਪੁਰ, ਜਸਵੰਤ ਕੌਰ, ਮੁੱਖ ਅਧਿਆਪਕਾ, ਤੜੌਲੀ, ਇਕਬਾਲ ਸਿੰਘ, ਸਰਪੰਚ, ਜੁਝਾਰ ਨਗਰ, ਬੰਤ ਸਿੰਘ ਸੋਹਾਣਾ, ਹਰਮੀਤ ਸਿੰਘ, ਜਸਪਾਲ ਸਿੰਘ ਐਮ.ਸੀ. ਮਟੌਰ ਮੌਜੂਦ ਸਨ।

# ਨਸ਼ਾ ਮੁਕਤ ਹਰਿਆਣਾ ਦਾ ਸੰਦੇਸ਼ ਦੇ ਕੇ ਸਾਈਕਲੋਥਾਨ ਪਾਣੀਪਤ ਲਈ ਰਵਾਨਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਨਾਉਣ ਦੇ ਟੀਚੇ ਨਾਲ ਸ਼ੁਰੂ ਕੀਤੀ ਗਈ ਸਾਈਕਲੋਥਾਨ-2.0 ਦੋ ਦਿਨਾਂ ਤੋਂ ਸੋਨੀਪਤ ਤੋਂ ਹੁੰਦੀ ਹੋਈ ਅੱਜ ਪਾਣੀਪਤ ਲਈ ਰਵਾਨਾ ਹੋਈ।ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਸਾਈਕਲੋਥਾਨ-2.0 ਜ਼ਿਲ੍ਹਾ ਸੋਨੀਪਤ ਦੇ ਗੰਨੌਰ ਵਿੱਚ ਆਮਜਨ ਨੇ ਨਿੱਘਾ ਸੁਆਗਤ ਕੀਤਾ। ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਨਾਲ ਦਿੱਤਾ ਜਾਗਰੂਕਤਾ ਦਾ ਸੰਦੇਸ਼ ਦਿੱਤਾ। ਸਥਾਨਕ ਅਧਿਕਾਰੀਆਂ ਨੇ ਆਪ ਸਾਈਕਲ ਚਲਾ ਕੇ ਨਾਗਰਿਕਾਂ ਨੂੰ ਨਸ਼ਾ ਮੁਕਤੀ ਦਾ ਸੰਦੇਸ਼ ਦਿੱਤਾ ਅਤੇ ਸਮਾਜ ਨੂੰ ਇਸ ਦਿਸ਼ਾ ਵਿੱਚ ਇਕੱਠੇ ਹੋ ਕੇ ਅੱਗੇ ਵੱਧਣ ਦੀ ਅਪੀਲ ਕੀਤੀ।ਉਨ੍ਹਾਂ ਨੇ ਦੱਸਿਆ ਕਿ ਮੁੱਖ ਮੰਤਰੀ ਸੈਣੀ ਵੱਲੋਂ ਸ਼ੁਰੂ ਕੀਤੀ ਗਈ ਸਾਈਕਲੋਥਾਨ 27 ਅਪ੍ਰੈਲ ਨੂੰ ਸਿਰਸਾ ਜ਼ਿਲ੍ਹੇ ਦੇ ਡਬਵਾਲੀ ਵਿੱਚ ਪੂਰੀ ਹੋਵੇਗੀ ਅਤੇ ਪੂਰੇ ਸੂਬੇ ਵਿੱਚ ਜਾਗਰੂਕਤਾ ਦਾ ਮਾਧਿਅਮ ਬਣੇਗੀ। ਉਨ੍ਹਾਂ ਨੇ ਕਿਹਾ ਕਿ ਨਸ਼ੇ ਨੂੰ ਖਤਮ ਕਰਨ ਲਈ ਸਮਾਜ ਦੇ ਹਰੇਕ ਵਿਅਕਤੀ ਨੂੰ ਅੱਗੇ ਆਉਣਾ ਹੋਵੇਗਾ।

# ਠੇਕਾ ਕਰਮਚਾਰੀਆਂ ਦੀ ਨੌਕਰੀ ਦੀ ਸੁਰੱਖਿਆ ਬਰਕਰਾਰ ਰੱਖਣ ਦਾ ਫੈਸਲਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ 20 ਜੁਲਾਈ ਤੋਂ 3 ਅਗਸਤ, 2024 ਤੱਕ ਹੜਤਾਲ ਵਿੱਚ ਹਿੱਸਾ ਲੈਣ ਵਾਲੇ ਸੂਬਾ ਸਰਕਾਰ ਦੇ ਵੱਖ-ਵੱਖ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਕੰਮ ਕਰ ਰਹੇ ਠੇਕਾ ਕਰਮਚਾਰੀਆਂ ਦੀ ਨੌਕਰੀ ਦੀ ਸੁਰੱਖਿਆ ਬਰਕਰਾਰ ਰੱਖਣ ਦਾ ਫੈਸਲਾ ਕੀਤਾ ਹੈ।ਮਾਨਵ ਸੰਸਾਧਨ ਵਿਭਾਗ ਨੇ ਇੱਕ ਨਿਰਦੇਸ਼ ਜਾਰੀ ਕਰ ਸਪਸ਼ਟ ਕੀਤਾ ਹੈ ਕਿ ਹੜਤਾਲ ਦੇ ਦਿਨਾਂ ਦੇ ਲਈ ਅਜਿਹੇ ਕਰਮਚਾਰੀਆਂ ਦੇ ਕਾਰਜਕਾਲ 'ਤੇ ਕੋਈ ਪ੍ਰਤੀਕੂਲ ਪ੍ਰਭਾਵ ਨਹੀਂ ਪਵੇਗਾ, ਪਰ ਇਨ੍ਹਾਂ ਦਿਨਾਂ ਲਈ ਕੋਈ ਮਿਹਨਤਾਨਾ ਨਹੀਂ ਦਿੱਤਾ ਜਾਵੇਗਾ।

# ਡਾ. ਚੱਬੇਵਾਲ ਨੇ ਫਗਵਾੜਾ ਵਿਖੇ ਕਣਕ ਦੀ ਖਰੀਦ ਸ਼ੁਰੂ ਕਰਵਾਈ



**ਫਗਵਾੜਾ/ਕਪੂਰਥਲਾ (ਡਾ. ਰਮਨ ਜਸਵਿੰਦਰ ਢੱਡਾ)** ਸੰਸਦ ਮੈਂਬਰ ਡਾ.ਰਾਜ ਕੁਮਾਰ ਚੱਬੇਵਾਲ ਨੇ ਕਿਹਾ ਹੈ ਕਿ ਕਿਸਾਨਾਂ ਵਲੋਂ ਮੰਡੀਆਂ ਵਿਚ ਲਿਆਂਦੀ ਗਈ ਕਣਕ ਦਾ ਇਕ-ਇਕ ਦਾਣਾ ਚੁੱਕਿਆ ਜਾਣਾ ਯਕੀਨੀ ਬਣਾਇਆ ਜਾਵੇ ਅਤੇ ਉਨ੍ਹਾਂ ਨੂੰ ਆਪਣੀ ਫਸਲ ਵੇਚਣ ਵਿਚ ਕਿਸੇ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇ।ਅੱਜ ਇੱਥੇ ਦਾਣਾ ਮੰਡੀ ਫਗਵਾੜਾ ਵਿਖੇ ਕਣਕ ਦੀ ਖਰੀਦ ਦਾ ਜਾਇਜ਼ਾ ਲੈਂਦਿਆਂ ਸੰਸਦ ਮੈਂਬਰ ਵਲੋਂ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਵੀ ਗੱਲਬਾਤ ਕੀਤੀ।ਉਨ੍ਹਾਂ ਦੱਸਿਆ ਕਿ ਕਪੂਰਥਲਾ ਜ਼ਿਲ੍ਹੇ ਵਿਚ ਕਣਕ ਦੀ ਖਰੀਦ ਦਾ 3.38 ਲੱਖ ਮੀਟਰਕ ਟਨ ਦਾ ਟੀਚਾ ਹੈ, ਜਿਸ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ 42 ਪੱਕੀਆਂ ਤੇ ਕੁਝ ਆਰਜ਼ੀ ਮੰਡੀਆਂ ਵੀ ਬਣਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਨੂੰ ਮੰਡੀਆਂ ਵਿਚ ਪੁਖਤਾ ਪ੍ਰਬੰਧ ਕੀਤੇ ਸਬੰਧੀ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਖਰੀਦੀ ਗਈ ਕਣਕ ਬਦਲੇ 48 ਘੰਟੇ ਦੇ ਵਿਚ-ਵਿਚ ਅਦਾਇਗੀ ਕਰਨ ਲਈ ਰਿਜ਼ਰਵ ਬੈਂਕ ਆਫ ਇੰਡੀਆ ਵਲੋਂ ਕੈਸ਼ ਕ੍ਰੈਡਿਟ ਲਿਮਟ ਜਾਰੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸੁਚਾਰੂ ਖਰੀਦ ਲਈ ਐਸ.ਡੀ.ਐਮਜ਼ ਨੂੰ ਬਤੌਰ ਨੋਡਲ ਅਫਸਰ ਨਾਮਜ਼ਦ ਕੀਤਾ ਗਿਆ ਹੈ, ਜ ਕਿ ਲਗਾਤਾਰ ਮੰਡੀਆਂ ਦਾ ਦੌਰਾ ਕਰਨਗੇ। ਉਨ੍ਹਾਂ ਕਿਹਾ ਕਿ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ,ਮੰਡੀ ਬੋਰਡ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਵੀ ਲਗਾਤਾਰ ਮੰਡੀਆਂ ਦਾ ਦੌਰਾ ਕਰਨ ਦੇ ਹੁਕਮ ਦਿੱਤੇ ਗਏ ਹਨ।ਇਸ ਆਮ ਆਦਮੀ ਪਾਰਟੀ ਦੇ ਬੁਲਾਰੇ ਹਰਨੂਰ ਸਿੰਘ ਹਰਜੀ ਮਾਨ, ਐਸ.ਡੀ.ਐਮ. ਜਸ਼ਨਜੀਤ ਸਿੰਘ, ਡੀ.ਐਫ.ਐਸ.ਸੀ. ਤੇ ਹੋਰ ਅਧਿਕਾਰੀ ਹਾਜ਼ਰ ਸਨ।

## ਗੁੱਡ ਫਰਾਈਡੇ 'ਤੇ ਵਿਸ਼ੇਸ਼

# ਯਸੂ ਮਸੀਹ ਨੇ ਮਾਨਵਤਾ ਲਈ ਕੁਰਬਾਨੀ ਦਿੱਤੀ

ਪ੍ਰਭੂ ਯਸੂ ਮਸੀਹ ਨੇ 2025 ਸਾਲ ਪਹਿਲਾਂ ਮਨੁੱਖ ਦੇ ਰੂਪ ਵਿਚ ਜਨਮ ਲਿਆ। ਧਰਤੀ ਤੇ ਉਸ ਸੰਬੰਧ ਲਈ ਅਤੇ ਧਰਤੀ ਤੇ ਧਰਮ ਅਤੇ ਨਿਆਂ ਦਾ ਰਾਜ ਸਥਾਪਤ ਕਰਨ ਅਤੇ ਮਨੁੱਖਤਾ ਨੂੰ ਪਾਪਾਂ ਦੀ ਦਲ ਦਲ ਵਿਚੋ ਕੱਢਕੇ ਸਵਰਗ ਦੇ ਰਾਜ ਲਈ ਤਿਆਰ ਕਰਨ ਦੇ ਮੰਤਵ ਨਾਲ ਆਇਆ। ਇਸ ਸੰਬੰਧ ਵਿਚ ਪ੍ਰਭੂ ਯਸੂ ਮਸੀਹ ਦੇ ਧਰਤੀ ਤੇ ਆਉਣ ਤੋਂ ਹਜ਼ਾਰਾਂ ਸਾਲ ਪਹਿਲਾਂ ਹੀ ਨਬੀਆਂ ਨੇ ਭਵਿੱਖ ਬਾਣੀ ਕੀਤੀ ਸੀ, ਇਹ ਭਵਿੱਖਬਾਣੀ ਪਵਿੱਤਰ ਬਾਇਬਲ ਦੀ ਕਿਤਾਬ ਯਿਰਮਿਯਾਹ 23;5 ਵਿਚ ਲਿਖੀ ਹੈ।

ਅਦਭੁਤ ਉਪਦੇਸ਼: ਪ੍ਰਭੂ ਯਸੂ ਮਸੀਹ ਨੇ ਮਨੁੱਖਤਾ ਨੂੰ ਵਿਵਸਥਾ ਦਾ ਅਸਲੀ ਮਤਲਬ ਸਮਝਾਇਆ ਅਤੇ ਇਹ ਉਪਦੇਸ਼ ਦਿੱਤਾ ਕਿ ਇਕ ਦੂਸਰੇ ਨਾਲ ਪਿਆਰ ਕਰੋ। ਆਪਣੇ ਪੜੋਸੀ ਨੂੰ ਆਪਣੇ ਜਿਹਾ ਪਿਆਰ ਕਰੋ, ਆਪਣੇ ਵੈਰੀਆਂ ਨੂੰ ਪਿਆਰ ਕਰੋ, ਜੋ ਕੋਈ ਤੁਹਾਡੀ ਇਕ ਗਲ 'ਤੇ ਚਪੇੜ ਮਾਰੇ ਦੂਜੀ ਵੀ ਉਸ ਵੱਲ ਕਰ ਦਿਓ, ਜੇ ਤੁਹਾਡੇ ਕੋਲ 2 ਕੁੜਤੇ ਹਨ ਤਾਂ ਇਕ ਜ਼ਰੂਰਤਮੰਦ ਨੂੰ ਦੇ ਦਿਓ। ਉਹਨਾ ਕਿਹਾ ਕਿ ਅਪਣੇ ਸਤਾਉਣ ਵਾਲਿਆ ਨੂੰ ਇੱਕ ਵਾਰ ਨਹੀਂ ਸੱਤ ਦੇ ਸੱਤਰ ਗੁਣਾਂ ਮਾਫ ਕਰਕੇ ਉਸ ਵੱਲ ਪਿਆਰ ਦਾ ਹੱਥ ਵਧਾਓ।

ਦਰਦਨਾਕ ਸਲੀਬੀ ਮੌਤ: ਪ੍ਰਭੂ ਯਸੂ ਮਸੀਹ ਨੇ ਅਜਿਹੇ ਪ੍ਰੇਮ ਸਦਭਾਵਨਾ ਦੀ ਸਥਾਪਨਾ ਕਰਨ ਲਈ ਕਈ ਅਜਮਾਇਸ਼ਾਂ ਅਤੇ ਬਹੁਤ ਸਾਰੇ ਦੁੱਖਾਂ ਵਿੱਚੋਂ ਦੀ ਉਹਨਾ ਨੂੰ ਗੁਜ਼ਰਨਾ ਪਿਆ। ਆਪਣਾ ਕੀਮਤੀ ਲਹੂ ਬਹਾਇਆ। ਮਨੁੱਖ ਨੂੰ ਪਾਪਾ ਤੋਂ ਮੁਕਤ ਕਰਨ ਲਈ ਬਹੁਤ ਹੀ ਦਰਦ ਨਾਕ ਸਲੀਬੀ ਮੌਤ ਵੀ ਝਲਣੀ ਪਈ। ਪ੍ਰਭੂ ਯਸੂ ਮਸੀਹ ਨੂੰ 39 ਕੋਰੜੇ ਮਾਰੇ ਗਏ, ਸਿਰ 'ਤੇ ਕੰਡਿਆ ਦਾ ਤਾਜ ਪਾਇਆ ਗਿਆ, ਹੱਥਾ ਪੈਰਾਂ ਵਿਚ ਕਿਲ ਠੋਕੇ ਗਏ। ਪ੍ਰਭੂ ਯਸੂ ਮਸੀਹ ਨੇ ਅਜਿਹਾ ਦਰਦ ਨਾਲ ਪੀੜਾ ਵੀ ਸਮੁੱਚੀ ਮਨੱਖਤਾ ਨੂੰ ਪਾਪਾਂ ਤੋਂ ਮੁਕਤ ਕਰਨ ਲਈ ਸਹੀ, ਪ੍ਰਭੂ ਯਸੂ ਮਸੀਹ ਦਯਾ ਦੇ ਸਾਗਰ ਸਨ।

ਪ੍ਰਭੂ ਯਸੂ ਮਸੀਹ ਪ੍ਰਮੇਸ਼ਵਰ ਦੇ ਪੁੱਤਰ: ਨਿਹਕਲੰਕ ਪ੍ਰਭੂ ਯਸੂ ਮਸੀਹ ਨੂੰ ਦੋਸ਼ੀ ਠਹਿਰਾਉਣ ਲਈ ਵਾਰੀ-ਵਾਰੀ ਤਿੰਨ ਅਦਾਲਤਾ ਵਿਚ ਪੇਸ਼ ਕੀਤਾ ਗਿਆ ਤਾਂ ਜਦੋ ਉਹਨਾਂ ਵਿੱਚ ਕੋਈ ਦੋਸ਼ ਨਹੀ ਮਿਲਿਆ ਤਾਂ ਉਸ ਵੇਲੇ ਦੇ ਧਰਮ ਦੇ ਠੇਕੇਦਾਰਾਂ ਨੇ ਇਹ ਦੋਸ਼ ਲਗਾ ਕੇ ਯਸੂ ਨੂੰ ਸਲੀਬ ਚੜ੍ਹਾ ਦਿੱਤਾ ਕਿ ਉਹ ਆਪਣੇ ਆਪ ਨੂੰ ਪ੍ਰਮੇਸ਼ਵਰ ਦਾ ਪੁੱਤਰ ਆਖਦਾ ਹੈ, ਭਾਵ ਉਹਨਾ ਯਸੂ 'ਤੇ ਈਸ਼ਨਿੰਦਾ ਦਾ ਦੋਸ਼ ਲਗਾਇਆ। ਪ੍ਰਭੂ ਯਸੂ ਮਸੀਹ ਦੇ ਪ੍ਰਮੇਸ਼ਵਰ ਦੇ ਪੁੱਤਰ ਹੋਣ 'ਤੇ ਪਵਿੱਤਰ ਬਾਇਬਲ ਵਿਚ ਕਈ ਪ੍ਰਮਾਣ ਦਰਜ ਹਨ। ਯੂਹੰਨਾ ਨਬੀ ਨੇ ਪਵਿੱਤਰ ਬਾਈਬਲ ਵਿਚ ਦਰਜ ਆਪਣੀ ਪੁਸਤਕ ਵਿਚ ਲਿਖਿਆ ਹੈ, 'ਪ੍ਰਮੇਸ਼ਵਰ ਨੇ ਜਗਤ ਨਾਲ ਅਜਿਹਾ ਪਿਆਰ ਕੀਤਾ ਕਿ ਉਸ ਨੇ ਅਪਣਾ ਇਕਲੌਤਾ ਪੁੱਤਰ ਦੇ ਦਿੱਤਾ, ਤਾਂ ਜੋ ਕੋਈ ਵੀ ਉਸ ਦੇ ਵਿਸ਼ਵਾਸ ਲਿਆਵੇ ਹਲਾਕ ਨਾ ਹੋਵੇ, ਬਲਕਿ ਹਮੇਸ਼ਾ ਦਾ ਜੀਵਨ ਪਾਏ (ਯੂਹੰਨਾ 3:16)। (ਯੂਹੰਨਾ 1:14) ਵਿਚ ਇੰਝ ਲਿਖਿਆ ਹੈ, 'ਤੇ ਸ਼ਬਦ ਦੇਹਧਾਰੀ ਹੋਇਆ ਅਤੇ ਕ੍ਰਿਪਾ ਅਤੇ ਸੱਚਿਆਈ ਨਾਲ ਭਰਪੂਰ ਹੋ ਕਿ ਸਾਡੇ ਵਿਚ ਵਾਸ ਕੀਤਾ ਅਤੇ ਅਸਾਂ ਉਸ ਦਾ ਤੇਜ਼ ਪਿਤਾ ਦੇ ਇਕਲੌਤੇ ਪੁੱਤਰ ਵਰਗਾ ਡਿਠਾ।' ਪ੍ਰਮੇਸ਼ਵਰ ਨੇ ਖੁਦ ਪਭੂ ਯਸੂ ਮਸੀਹ ਨੂੰ ਆਪਣਾ ਪੁੱਤਰ ਹੋਣ ਦਾ ਪ੍ਰਮਾਣ ਦਿੱਤਾ ਹੈ । ਪ੍ਰਭੂ ਯਸੂ ਮਸੀਹ ਦਾ ਮਨੁੱਖ ਦੀ ਰੂਪ ਵਿਚ ਦੁਨੀਆ 'ਤੇ ਆਉਣਾ, ਸਲੀਬ 'ਤੇ ਮਰਨਾ, ਕੀਮਤੀ ਲਹੂ ਡੋਲ੍ਹਣਾ, ਦੁੱਖ ਝਲਣੇ ਅਤੇ ਤੀਸਰੇ ਦਿਨ ਮੁੜ ਜਿਉ ਉਠਣਾ, ਇਹ ਸਭ ਕੁਝ ਪ੍ਰਮੇਸ਼ਵਰ ਦੀ ਯੋਜਨਾ ਸੀ,



ਜੋ ਪ੍ਰਮੇਸ਼ਵਰ ਨੇ ਪ੍ਰਭੂ ਯਸੂ ਮਸੀਹ ਦੇ ਨਾਲ ਵਾਪਰਨ ਵਾਲੀਆਂ ਉਹਨਾਂ ਸਾਰੀਆਂ ਘਟਨਾਵਾਂ ਬਾਰੇ ਅਪਣੇ ਨਬੀਆਂ ਦੇ ਜ਼ਰੀਏ ਸੰਸਾਰ ਨੂੰ ਜਾਗਰੂਕ ਕਰਵਾ ਦਿੱਤਾ ਸੀ, ਜੋ ਪਵਿੱਤਰ ਬਾਈਬਲ ਦੇ ਪੁਰਾਣੇ ਅਹਿਦਨਾਮੇ ਵਿਚ ਦਰਜ ਹਨ।

ਸਾਢੇ 3 ਸਾਲ ਦੀ ਸੇਵਕਾਈ: ਪ੍ਰਭੂ ਯਸੂ ਮਸੀਹ ਨੂੰ ਵੀ ਆਪਣੇ ਜੀਵਨ ਵਿਚ ਵਾਪਰਨ ਵਾਲੀਆ ਘਟਨਾਵਾਂ ਬਾਰੇ ਪਹਿਲਾਂ ਹੀ ਪਤਾ ਸੀ, ਇਥੋਂ ਤੱਕ ਕਿ ਆਪਣੀ ਸਲੀਬੀ ਮੌਤ ਆਪਣੇ ਹੀ 12 ਚੇਲਿਆਂ ਵਿਚੋਂ ਇਕ ਰਾਹੀ 30 ਸਿੱਕਿਆਂ ਦੇ ਲਾਲਚ ਵਿਚ ਫੜਾਉਣ ਬਾਰੇ ਜਾਣੂ ਕਰਵਾ ਦਿੱਤਾ ਸੀ ।

ਪ੍ਰਭੂ ਯਸੂ ਮਸੀਹ ਨੇ ਆਪਣੇ ਸਾਢੇ 33 ਸਾਲ ਦੇ ਜੀਵਨ ਕਾਲ ਦੇ ਆਖਰੀ ਸਾਢੇ 3 ਸਾਲ ਜਿੱਥੇ ਉਨ੍ਹਾ ਮਨੁੱਖਤਾ ਦੀ ਰੂਹਾਨੀ ਸੇਵਾ ਕੀਤੀ, ਉੱਥੇ ਹੀ ਉਨ੍ਹਾ ਲੋਕਾਂ ਨੂੰ ਹਰ ਬਿਮਾਰੀ ਤੋਂ ਮੁਕਤ ਕੀਤਾ, ਜੋ ਲੋਕ ਉਨ੍ਹਾਂ ਕੋਲ ਵਿਸ਼ਵਾਸ ਨਾਲ ਆਉਂਦੇ ਸਨ, ਉਹ ਚੰਗੇ ਹੋ ਕੇ ਜਾਂਦੇ ਸਨ। ਉਨ੍ਹਾਂ ਕੋਲ ਪਾਪ ਮਾਫ ਕਰਨ ਦਾ ਵੀ ਅਧਿਕਾਰ ਸੀ। ਕਈ ਬਿਮਾਰਾਂ ਨੂੰ ਉਹ ਇਹ ਆਖ ਕੇ ਚੰਗਾ ਕਰਦੇ ਸਨ ਕਿ ਜਾ ਤੇਰੇ ਵਿਸ਼ਵਾਸ ਨੇ ਤੈਨੂੰ ਚੰਗਾ ਕੀਤਾ ਤੇ ਕਈ ਬਿਮਾਰਾਂ ਨੂੰ ਇਹ ਆਖ ਕੇ ਚੰਗਾ ਕਰਦੇ ਸਨ ਕਿ ਜਾ ਤੇਰੇ ਗੁਨਾਹ ਮਾਫ਼ ਹੋਏ।

ਵੱਡਮੁੱਲਾ ਬਲੀਦਾਨ: ਪ੍ਰਭੂ ਯਸੂ ਮਸੀਹ ਨੇ ਆਪਣਾ ਵੱਡਮੁੱਲਾ ਬਲੀਦਾਨ ਦੇ ਕੇ ਸਭਨਾਂ ਲਈ ਮੁਕਤੀ ਦਾ ਰਾਹ ਖੋਲ੍ਹ ਦਿੱਤਾ। ਇਹਨਾਂ ਦਿਨਾਂ ਵਿਚ ਮਸੀਹ ਵਿਸ਼ਵਾਸੀ ਦੁਆ ਵਿਚ ਰਹਿੰਦੇ ਹਨ ਅਤੇ ਸਮੂਹ ਚਰਚਾਂ ਵਿਚ ਅਯੋਜਿਤ ਪ੍ਰਾਰਥਨਾਂ ਸਭਾਵਾਂ ਵਿਚ ਯਸੂ ਮਸੀਹ ਨੇ ਜੋ ਮਨੁੱਖਤਾ ਦੇ ਭਲੇ ਲਈ ਸਲੀਬ 'ਤੇ ਦੁੱਖ ਉਠਾਏ ਦਾ ਜ਼ਿਕਰ ਕੀਤਾ ਜਾਂਦਾ ਹੈ। ਸਾਨੂੰ ਸਭ ਨੂੰ ਅੱਜ ਦੇ ਪਵਿੱਤਰ ਦਿਹਾੜੇ ਦੇ ਮੌਕੇ ਪਾਪਾਂ ਤੋਂ ਤੌਬਾ ਕਰਨ ਦਾ ਪ੍ਰਣ ਲੈਣਾ ਚਾਹੀਦਾ ਹੈ ਅਤੇ ਪ੍ਰਭੂ ਯਸੂ ਮਸੀਹ ਦੀ ਬੇਸ਼ਕੀਮਤੀ ਕੁਰਬਾਨੀ ਨੂੰ ਗੰਭੀਰਤਾ ਨਾਲ ਮਹਿਸੂਸ ਕਰਦੇ ਹੋਏ ਆਪਣੇ ਜੀਵਨ ਨੂੰ ਸਫਲ ਕਰਨਾ ਚਾਹੀਦਾ ਹੈ।

**ਸ਼ੈਲੀ ਐਲਬਰਟ**
**# ਸੰਪਰਕ : 84270-66688**

# ਰਾਜਾ ਵੱਲੋਂ ਅਹੀਆਪੁਰ ਟਾਂਡਾ 'ਚ 40 ਲੱਖ ਦੀ ਲਾਗਤ ਨਾਲ ਵਿਕਾਸ ਕਾਰਜਾਂ ਦਾ ਉਦਘਾਟਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਦੀ ਮੌਜੂਦਾ ਸਰਕਾਰ ਸੂਬੇ ਨੂੰ ਵਿਕਾਸ ਲਈ ਕਰੋੜਾਂ ਰੁਪਏ ਖਰਚ ਰਹੀ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾਈ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਅਹੀਆਪੁਰ ਟਾਂਡਾ ਵਿੱਚ 40.41 ਲੱਖ ਦੀ ਲਾਗਤ ਨਾਲ ਨਵੇਂ ਬਣਨ ਜਾ ਰਹੇ ਰਸਤਿਆਂ ਦਾ ਕੰਮ ਉਦਘਾਟਨ ਕਰਨ ਸਮੇਂ ਕੀਤਾ।ਇਸ ਮੌਕੇ ਉਨਾਂ ਨਾਲ ਰਾਜਨ ਸੋਂਧੀ , ਕੌਂਸਲਰ ਹਰੀ ਕਿਸ਼ਨ ਕੁੱਕੂ ਸੈਣੀ, ਪ੍ਰੇਮ ਪਡਵਾਲ, ਸਚਿਨ ਪੁਰੀ, ਮਨੀਸ਼ ਸੋਂਧੀ, ਵਿੱਕੀ ਮਹਿੰਦਰੂ , ਪ੍ਰੇਮ ਜੈਨ, ਵਿੱਕੀ ਮਹਿੰਦਰੂ, ਗੁਰਮੀਤ ਸਿੰਘ ਬਿੱਟੂਵੀ ਮੌਜੂਦ ਸਨ।ਇਸ ਮੌਕੇ ਵਿਧਾਇਕ ਜਸਵੀਰ ਰਾਜਾ ਨੇ ਦੱਸਿਆ ਕਿ ਆਈਆਪੁਰ ਟਾਂਡਾ ਨਿਵਾਸੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਇਹਨਾਂ ਮੁਸ਼ਕਲਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਐਨ.ਪੀ ਸਾਹਿਬ, ਅਸ਼ਵਨੀ ਸ਼ਰਮਾ, ਰਾਜੂ ਜੱਸਰਾ ਬੋਬੀ ਜਸਰਾ, ਮੰਗਲ ਸਿੰਘ, ਸ਼ੀਲਾ, ਮਨਦੀਪ ਸਿੰਘ ,ਬਿੱਟੂ ਕਾਲਾ, ਮਹਿੰਦਰ ਅਹੀਆਪੁਰੀ ਸਨ।

## ਜਨਮ ਦਿਨ ਮੁਬਾਰਕ



ਹਰਸਹਿਜ ਸਿੰਘ
ਪਿਤਾ : ਪਰਵਿੰਦਰ ਸਿੰਘ
ਮਾਤਾ : ਰਵਿੰਦਰ ਕੌਰ



ਮਨਤਾਜ ਕੌਰ ਰੰਧਾਵਾ
ਪਿੰਡ ਲੋਧੀ ਨੰਗਲ, ਗੁਰਦਾਸਪੁਰ



ਗੁਰਪ੍ਰੀਤ ਸਿੰਘ ਚੌਹਾਨ
ਪਿੰਡ ਕੋਟਲਾ, ਸ਼ਾਹਕੋਟ

## ਵਰ੍ਹੇਗੰਢ ਮੁਬਾਰਕ



ਡਾਕਟਰ ਨਿਰਮਲ ਕੁਮਾਰ ਤੇ ਡਾਕਟਰ ਹਰਪ੍ਰੀਤ ਕੌਰ ਗੜ੍ਹਸ਼ੰਕਰ ਨੇ ਵਿਆਹ ਦੀ 24ਵੀਂ ਵਰ੍ਹੇਗੰਢ ਮਨਾਈ।



ਅਨਿਲ ਨਾਹਰ ਤੇ ਸੋਨੀਆ ਨੇ ਆਪਣੇ ਵਿਆਹ ਦੀ 25ਵੀਂ ਵਰ੍ਹੇਗੰਢ ਮਨਾਈ।

# ਨਸ਼ਾ ਸਮੱਗਲਰ ਵੱਲੋਂ ਕੀਤੀ ਨਾਜਾਇਜ ਉਸਾਰੀ 'ਤੇ ਚੱਲਿਆ ਪੀਲਾ ਪੰਜਾ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਸੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਦੇ ਖਾਤਮੇ ਅਤੇ ਨਸ਼ਾ ਤਸਕਰਾਂ ਵੱਲੋਂ ਕੀਤੇ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਲਈ ਸ਼ਹੀਦ ਭਗਤ ਸਿੰਘ ਨਗਰ ਪੁਲਸ ਵੱਲੋਂ ਸਥਾਨਕ ਸਿਵਲ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਔੜ ਵਿਖੇ ਹੋਈ ਅਣ-ਅਧਿਕਾਰਤ ਉਸਾਰੀ ਨੂੰ ਢਹਾਇਆ ਗਿਆ। ਇਹ ਨਾਜਾਇਜ ਉਸਾਰੀ ਦੇਵ ਰਾਜ ਦੇਬੀ ਨਾਂਇ ਦੇ ਵਿਅਕਤੀ ਵੱਲੋਂ ਕੀਤੀ ਗਈ ਸੀ , ਜਿਸ ਨੂੰ ਸਿਵਲ ਪ੍ਰਸਾਸਨ ਦੇ ਆਰਡਰਾਂ 'ਤੇ ਢਾਹਿਆ ਗਿਆ। ਐਸ.ਐਸ.ਪੀ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਸਿਵਲ ਪ੍ਰਸ਼ਾਸਨ ਵੱਲੋਂ ਇਸ ਗੈਰ-ਕਾਨੂੰਨੀ ਉਸਾਰੀ ਨੂੰ ਢਾਹੁਣ ਲਈ ਪੁਲਸ ਸਹਾਇਤਾ ਲਈ ਕਿਹਾ ਗਿਆ ਸੀ, ਜਿਸ 'ਤੇ ਕਰਵਾਈ ਕਰਦਿਆਂ ਇਸ ਨੂੰ ਢਾਹਿਆ ਗਿਆ ਹੈ। ਇਹ ਕਾਰਵਾਈ ਦੇਵ ਰਾਜ ਦੇਬੀ ਨਾਂਅ ਦੇ ਵਿਅਕਤੀ ਵਿਰੁੱਧ ਕੀਤੀ ਗਈ ਹੈ, ਜਿਸ ਖਿਲਾਫ 18 ਪਰਚੇ ਦਰਜ ਹਨ, ਜਿਨ੍ਹਾਂ ਵਿੱਚੋਂ 13 ਪਰਚੇ ਐਨ.ਡੀ.ਪੀ.ਐਸ ਐਕਟ ਤਹਿਤ ਦਰਜ ਹਨ ।ਇਸ ਮੌਕੇ ਐਸ.ਡੀ.ਐਮ ਰਵਿੰਦਰ ਬਾਂਸਲ, ਐਸ.ਪੀ ਇਕਬਾਲ ਸਿੰਘ, ਐਸ.ਪੀ ਸਰਬਜੀਤ ਸਿੰਘ ਬਾਹੀਆ, ਡੀ.ਐਸ.ਪੀ ਰਾਜ ਕੁਮਾਰ ਤੇ ਹੋਰ ਅਧਿਕਾਰੀ ਹਾਜਰ ਸਨ।



# ਰਜਨੀਸ਼ ਦਹੀਆ ਨੇ ਦਾਣਾ ਮੰਡੀ ਮਮਦੋਟ 'ਚ ਕਣਕ ਦੀ ਖਰੀਦ ਸ਼ੁਰੂ ਕਰਵਾਈ



**ਮਮਦੋਟ (ਜਸਬੀਰ ਸਿੰਘ ਕੰਬੋਜ)**- ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਨੇ ਅੱਜ ਦਾਣਾ ਮੰਡੀ ਮਮਦੋਟ ਵਿਖੇ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ। ਇਸ ਮੌਕੇ ਉਨ੍ਹਾਂ ਨਾਲ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਬਿਕਰਮਜੀਤ ਸਿੰਘ ਸੰਧੂ ਸਕੱਤਰ ਮਾਰਕੀਟ ਕਮੇਟੀ ਮਮਦੋਟ, ਦਲਜੀਤ ਸਿੰਘ ਬਾਬਾ ਉਪ ਪ੍ਰਧਾਨ ਨਗਰ ਪੰਚਾਇਤ ਮਮਦੋਟ, ਸਰਪੰਚ ਬਲਵਿੰਦਰ ਸਿੰਘ ਲੱਡੂ ਬਲਾਕ ਮੀਡੀਆ ਇੰਚਾਰਜ, ਯਸ਼ਪਾਲ ਗਾਬਾ ਪ੍ਰਧਾਨ ਆੜ੍ਹੀਆ ਐਸੋਸੀਏਸ਼ਨ, ਉਪ ਪ੍ਰਧਾਨ ਹਰਪ੍ਰੀਤ ਸਿੰਘ ਸੋਢੀ ਵੀ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਜਨੀਸ਼ ਦਹੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੂਰੇ ਸੂਬੇ ਅੰਦਰ ਕਣਕ ਦੀ ਨਿਰਵਿਘਨ ਖ਼ਰੀਦ, ਲਿਫ਼ਟਿੰਗ ਅਤੇ ਸਮੇਂ ਸਿਰ ਅਦਾਇਗੀ ਲਈ ਸਖ਼ਤ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਕਿਸਾਨਾਂ ਆੜ੍ਹਤੀਆਂ, ਲੇਬਰ, ਟਰਾਂਸਪੋਰਟਰਾਂ ਆਦਿ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਅਵਤਾਰ ਸਿੰਘ ਲੋਧਰਾ, ਹੈਪੀ ਨਾਰੰਗ, ਸੋਨੂੰ ਦੂਆ, ਦੇਸ਼ਬੀਰ ਸਿੰਘ ਲਾਹੌਰੀਆ, ਪ੍ਰਦੀਪ ਬਿੰਦਰਾ, ਅਸ਼ੋਕ ਸਹਿਗਲ, ਹਰਭਜਨ ਸਿੰਘ, ਲਖਵਿੰਦਰ ਸਿੰਘ ਜੋਧਪੁਰ, ਤੇਜਾ ਸਿੰਘ ਕਾਲੂ ਅਰਾਈ ਹਿਠਾੜ, ਸੁਖਵਿੰਦਰ ਸਿੰਘ ਸੋਢੀ , ਸੂਬਾ ਸਿੰਘ ਭੁੱਲਰ, ਏਜੰਸੀ ਪਨਸਪ ਦੇ ਜ਼ਿਲ੍ਹਾ ਮੈਨੇਜਰ ਰਮਨ ਕੁਮਾਰ, ਜ਼ਿਲ੍ਹਾ ਮੰਡੀ ਅਫਸਰ ਜਸਮੀਤ ਸਿੰਘ ਬਰਾੜ, ਡੀ.ਐਫ.ਐਸ.ਓ ਦਿਨੇਸ਼ ਸ਼ਰਮਾ, ਮਾਰਕਫੈਡ ਦੇ ਬਰਾਂਚ ਮੈਨੇਜਰ ਵਿਸ਼ਾਲ ਅਰੋੜਾ, ਇੰਸਪੈਕਟਰ ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ ਗਿੱਲ ਦਫਤਰ ਇੰਚਾਰਜ ਫਿਰੋਜ਼ਪੁਰ ਅਤੇ ਮਾਰਕੀਟ ਕਮੇਟੀ ਦੇ ਮੁਲਾਜ਼ਮ ਹਾਜ਼ਰ ਸਨ ।

# ਯੂ ਜੀ ਸੀ ਨੈਟ-ਜੇ ਆਰ ਐਫ ਪ੍ਰੀਖਿਆ ਦੀ ਤਿਆਰੀ ਲਈ 21 ਤੋਂ ਕੋਚਿੰਗ ਪ੍ਰੋਗਰਾਮ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਮਹਾਰਿਸ਼ੀ ਦਇਆਨੰਦ ਯੂਨੀਵਰਸਿਟੀ ਰੋਹਤਕ ਦਾ 'ਯੂਨੀਵਰਸਿਟੀ ਸੈਂਟਰ ਫਾਰ ਕੰਪੀਟੀਟਿਵ ਐਗਜ਼ਾਮੀਨੇਸ਼ਨ' ਅਗਾਮੀ ਜੂਨ ਵਿੱਚ ਪ੍ਰਬੰਧਿਤ ਹੋਣ ਵਾਲੀ ਯੂ ਜੀ ਸੀ ਨੈਟ-ਜੇ ਆਰ ਐਫ ਪ੍ਰੀਖਿਆ ਦੀ ਤਿਆਰੀ ਲਈ 21 ਅਪ੍ਰੈਲ ਤੋਂ ਕੋਚਿੰਗ ਪ੍ਰੋਗਰਾਮ ਸ਼ੁਰੂ ਕਰੇਗਾ।ਯੂਨੀਵਰਸਿਟੀ ਦੇ ਬੁਲਾਰੇ ਨੇ ਦੱਸਿਆ ਕਿ ਯੂਨੀਵਰਸਿਟੀ ਟੀਚਿੰਗ ਡਿਪਾਰਟਮੈਂਟਸ, ਐਫਲੀਏਟ ਕਾਲਜਾਂ ਦੇ ਨਿਯਮਤ, ਡੀ ਡੀ ਈ ਅਤੇ ਸਾਬਕਾ ਵਿਦਿਆਰਥੀ ਇਸ ਕੋਚਿੰਗ ਪ੍ਰੋਗਰਾਮ ਵਿੱਚ ਐਡਮਿਸ਼ਨ ਲੈ ਸਕਦੇ ਹਨ। ਇਛੁੱਕ ਵਿਦਿਆਰਥੀ ਐਡਮਿਸ਼ਨ ਲਈ ਰਜਿਸਟ੍ਰੇਸ਼ਨ 15 ਅਪ੍ਰੈਲ ਤੋਂ 30 ਅਪ੍ਰੈਲ ਤੱਕ ਕਰਵਾ ਸਕਦੇ ਹਨ।ਐਡਮਿਸ਼ਨ ਫਾਰਮ ਸਵਰਾਜ ਸਦਨ ਸਥਿਤ ਯੂ ਸੀ ਸੀ ਈ ਦਫਤਰ ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ।


